16-Feb-PAGE-1.qxd 2/15/2026 9:25 PM Page 1

ਸੋਮਵਾਰ, 16 ਫਰਵਰੀ, 2026
5 ਫੱਗਣ { ਨਾਨਕਸ਼ਾਹੀ 557 / ਬਿਕਰਮੀ 2082 }
ਜਿਲਦ/VOL. : 74
ਅੰਕ/NO. : 257

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • MONDAY, 16 FEBRUARY, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫੇ : 12

## ਮਾਨ ਦੀ ਤਬੀਅਤ ਚਾਣਚੱਕ ਨਾਸਾਜ਼



**ਧੂਰੀ** (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)- ਧੂਰੀ ਹਲਕੇ ਵਿੱਚ ਐਤਵਾਰ ਇੱਕ ਪ੍ਰੋਗਰਾਮ ਦੌਰਾਨ ਅਚਾਨਕ ਬਲੱਡ ਪ੍ਰੈਸ਼ਰ ਵਧਣ ਕਾਰਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਤੁਰੰਤ ਮੁਹਾਲੀ ਦੇ ਫੋਰਟਿਸ ਹਸਪਤਾਲ ਲਿਜਾਇਆ ਗਿਆ। ਸੂਤਰਾਂ ਨੇ ਦੱਸਿਆ ਕਿ ਮਾਨ ਦੁਪਹਿਰ ਕਰੀਬ 3.20 ਵਜੇ ਹਸਪਤਾਲ ਪਹੁੰਚੇ। ਇਸ ਤੋਂ ਪਹਿਲਾਂ ਮਹਾਂ ਸ਼ਿਵਰਾਤਰੀ 'ਤੇ ਮੁੱਖ ਮੰਤਰੀ ਅਤੇ ਹਲਕਾ ਧੂਰੀ ਦੇ ਵਿਧਾਇਕ ਭਗਵੰਤ ਸਿੰਘ ਮਾਨ, ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਸੀਨੀਅਰ ਆਗੂ ਮਨੀਸ਼ ਸਿਸੋਦੀਆ ਪਿੰਡ ਰਣੀਕੇ ਵਿਖੇ ਸਥਿਤ ਇਤਿਹਾਸਕ ਤੇ ਪ੍ਰਾਚੀਨ ਸ਼੍ਰੀ ਰਣਕੇਸ਼ਵਰ ਮਹਾਂਦੇਵ ਮੰਦਰ ਵਿੱਚ ਨਤਮਸਤਕ ਹੋਏ।ਉਨ੍ਹਾ ਭਗਵਾਨ ਸ਼ਿਵ ਦੀ ਪੂਜਾ-ਅਰਚਨਾ ਕੀਤੀ ਅਤੇ ਸ਼ਿਵਲਿੰਗ 'ਤੇ ਜਲ ਅਭਿਸ਼ੇਕ ਕਰਕੇ ਮੱਥਾ ਟੇਕਿਆ।ਉਨ੍ਹਾ ਦੇਸ਼ ਅਤੇ ਸੂਬੇ ਦੀ ਖੁਸ਼ਹਾਲੀ, ਅਮਨ ਅਤੇ ਆਪਸੀ ਭਾਈਚਾਰਕ ਸਾਂਝ ਨੂੰ ਹੋਰ ਮਜ਼ਬੂਤ ਕਰਨ ਲਈ ਭਗਵਾਨ ਮਹਾਂਦੇਵ ਅੱਗੇ ਪ੍ਰਾਰਥਨਾ ਕੀਤੀ। ਮੀਡੀਆ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾ ਨੂੰ ਖੁਸ਼ੀ ਹੈ ਕਿ ਉਹ ਆਪਣੇ ਹਲਕੇ ਦੇ ਇਸ ਪਵਿੱਤਰ ਅਸਥਾਨ 'ਤੇ ਆਸ਼ੀਰਵਾਦ ਲੈਣ ਪਹੁੰਚੇ।ਇਸ ਮੌਕੇ ਉਨ੍ਹਾ ਨਾਲ ਰਾਜ ਸਭਾ ਮੈਂਬਰ ਰਾਜਿੰਦਰ ਗੁਪਤਾ, ਦਲਵੀਰ ਢਿੱਲੋਂ, ਰਾਜਵੰਤ ਘੁੱਲੀ, ਅਨਵਰ ਭਸੌੜ, ਐਡਵੋਕੇਟ ਹੈਪੀ ਗਰਗ, ਉਦਯੋਗਪਤੀ ਮੱਖਣ ਲਾਲ ਗਰਗ, ਰਾਈਸਿਲਾ ਦੇ ਐੱਮ ਡੀ ਪ੍ਰਸ਼ੋਤਮ ਗਰਗ, ਵਿਜੈ ਗੋਇਲ ਅਤੇ ਹੋਰ ਪ੍ਰਮੁੱਖ ਆਗੂ ਵੀ ਮੌਜੂਦ ਸਨ।

# ਰਾਹੁਲ ਦੇ ਮੋਦੀ ਨੂੰ ਪੰਜ ਸਵਾਲ

### ਅਮਰੀਕਾ ਨਾਲ ਵਪਾਰ ਸਮਝੌਤੇ 'ਚ ਕਿਸਾਨਾਂ ਨਾਲ ਵਿਸਾਹਘਾਤ ਦਾ ਦੋਸ਼

**ਨਵੀਂ ਦਿੱਲੀ** : ਰਾਹੁਲ ਗਾਂਧੀ ਨੇ ਐਤਵਾਰ ਭਾਰਤ-ਅਮਰੀਕਾ ਵਪਾਰ ਸਮਝੌਤੇ ਨੂੰ ਲੈ ਕੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਪੰਜ ਸਵਾਲ ਕੀਤੇ। ਉਨ੍ਹਾ ਦੋਸ਼ ਲਾਇਆ ਕਿ ਸਮਝੌਤੇ ਦੇ ਨਾਂਅ 'ਤੇ ਭਾਰਤੀ ਕਿਸਾਨਾਂ ਨਾਲ ਵਿਸਾਹਘਾਤ ਹੋ ਰਿਹਾ ਹੈ। ਇਹ ਮੁੱਦਾ ਦੇਸ਼ ਦੀ ਖੇਤੀ ਦੇ ਭਵਿੱਖ ਨਾਲ ਜੁੜਿਆ ਹੋਇਆ ਹੈ। ਉਨ੍ਹਾ ਮੋਦੀ ਨੂੰ ਸਵਾਲ ਕਰਦਿਆਂ ਲਿਖਿਆ ਕਿ ਕਿਸਾਨਾਂ ਨੂੰ ਜਵਾਬ ਤਾਂ ਮਿਲਣੇ ਹੀ ਚਾਹੀਦੇ ਹਨ। ਇਹ ਸਿਰਫ ਅੱਜ ਦੀ ਗੱਲ ਨਹੀਂ, ਇਹ ਭਵਿੱਖ ਦੀ ਗੱਲ ਹੈ। ਕੀ ਅਸੀਂ ਕਿਸੇ ਦੂਜੇ ਦੇਸ਼ ਨੂੰ ਭਾਰਤ ਦੇ ਖੇਤੀ ਉਦਯੋਗ 'ਤੇ ਲੰਮੇ ਸਮੇਂ ਦੀ ਪਕੜ ਬਣਾਉਣ ਦੇ ਰਹੇ ਹਾਂ? ਰਾਹੁਲ ਨੇ ਐੱਕਸ 'ਤੇ ਜਿਹੜੇ ਪੰਜ ਸਵਾਲ ਪੋਸਟ ਕੀਤੇ ਹਨ, ਉਨ੍ਹਾਂ ਵਿੱਚ ਪਹਿਲਾ ਹੈ : ਡ੍ਰਾਈਡ ਡਿਸਟਿਲਰਜ਼ ਗ੍ਰੇਨਜ਼ (ਡੀ ਡੀ ਜੀ) ਦਰਾਮਦ ਕਰਨ ਦਾ ਕੀ ਮਤਲਬ ਹੈ? ਕੀ ਇਸ ਦਾ ਮਤਲਬ ਇਹ ਹੈ ਕਿ ਭਾਰਤੀ ਜਾਨਵਰਾਂ ਨੂੰ ਜੀ ਐੱਮ ਅਮਰੀਕੀ ਮੱਕੇ ਨਾਲ ਬਣੇ ਡਿਸਟਿਲਰ ਅਨਾਜ (ਚਾਰਾ) ਖੁਆਏ ਜਾਣਗੇ? ਕੀ ਇਸ ਨਾਲ ਸਾਡੇ ਡੇਅਰੀ ਪ੍ਰੋਡਕਟ ਪ੍ਰਭਾਵੀ ਤੌਰ 'ਤੇ ਅਮਰੀਕੀ ਖੇਤੀ ਉਦਯੋਗ 'ਤੇ ਨਿਰਭਰ ਨਹੀਂ ਹੋ ਜਾਣਗੇ? ਦੂਜਾ ਸਵਾਲ, ਜੇ ਅਸੀਂ ਜੀ ਐੱਮ ਸੋਇਆ ਤੇਲ ਦੀ ਦਰਾਮਦ ਦੀ ਆਗਿਆ ਦਿੰਦੇ ਹਾਂ ਤਾਂ ਮੱਧ ਪ੍ਰਦੇਸ਼, ਮਹਾਰਾਸ਼ਟਰ, ਰਾਜਸਥਾਨ ਤੇ ਦੇਸ਼ ਭਰ ਦੇ ਸਾਡੇ ਸੋਇਆ ਕਿਸਾਨਾਂ ਦਾ ਕੀ ਹੋਵੇਗਾ? ਉਹ ਇੱਕ ਹੋਰ ਕੀਮਤਾਂ ਦਾ ਝਟਕਾ ਕਿਵੇਂ ਝੱਲ ਸਕਣਗੇ? ਤੀਜਾ ਸਵਾਲ, ਜਦ ਤੁਸੀਂ ਵਾਧੂ ਉਤਪਾਦ ਕਹਿੰਦੇ ਹੋ ਤਾਂ ਉਸ ਵਿੱਚ ਕੀ-ਕੀ ਸ਼ਾਮਲ ਹੈ? ਕੀ ਇਹ ਸਮੇਂ ਦੇ ਨਾਲ ਦਾਲ ਤੇ ਹੋਰ ਫਸਲਾਂ ਦੀ ਦਰਾਮਦ ਖੋਲ੍ਹਣ ਦੇ ਦਬਾਅ ਦਾ ਸੰਕੇਤ ਹੈ? ਚੌਥਾ ਸਵਾਲ, ਗੈਰ-ਵਪਾਰ ਅੜਿੱਕੇ ਹਟਾਉਣ ਦਾ ਕੀ ਮਤਲਬ ਹੈ? ਕੀ ਭਵਿੱਖ ਵਿੱਚ ਭਾਰਤ 'ਤੇ ਜੀ ਐੱਮ ਫਸਲਾਂ ਬਾਰੇ ਆਪਣੇ ਰੁਖ਼ ਨੂੰ ਢਿੱਲਾ ਕਰਨ, ਖਰੀਦ ਨੂੰ ਕਮਜ਼ੋਰ ਕਰਨ ਜਾਂ ਐੱਮ ਐੱਸ ਪੀ ਤੇ ਬੋਨਸ ਨੂੰ ਘੱਟ ਕਰਨ ਦਾ ਦਬਾਅ ਪਾਇਆ ਜਾਵੇਗਾ? ਪੰਜਵਾਂ ਸਵਾਲ, ਇੱਕ ਵਾਰ ਇਹ ਦਰਵਾਜ਼ਾ ਖੁੱਲ੍ਹ ਗਿਆ ਤਾਂ ਹਰ ਸਾਲ ਇਸ ਨੂੰ ਹੋਰ ਜ਼ਿਆਦਾ ਖੋਲ੍ਹਣ ਤੋਂ ਅਸੀਂ ਕਿਵੇਂ ਰੋਕਾਂਗੇ? ਕੀ ਇਸ ਦੀ ਰੋਕਥਾਮ ਹੋਵੇਗੀ ਜਾਂ ਹਰ ਵਾਰ ਸੌਦੇ ਵਿੱਚ ਹੌਲੀ-ਹੌਲੀ ਹੋਰ ਵੀ ਫਸਲਾਂ ਨੂੰ ਮੇਜ਼ 'ਤੇ ਰੱਖ ਦਿੱਤਾ ਜਾਵੇਗਾ?



## ਸਨਅਤਕਾਰ ਦੀ ਹੱਤਿਆ ਦੇ ਸੰਬੰਧ 'ਚ ਬਿਸ਼ਨੋਈ ਗਰੋਹ ਦੇ ਪੰਜ ਮੈਂਬਰ ਗ੍ਰਿਫਤਾਰ

**ਨਵੀਂ ਦਿੱਲੀ** : ਦਿੱਲੀ ਦੇ ਬਾਹਰਵਾਰ ਬਵਾਨਾ ਉਦਯੋਗਿਕ ਖੇਤਰ ਵਿੱਚ ਹਾਲ ਹੀ ਵਿੱਚ 35 ਸਾਲਾ ਕਾਰੋਬਾਰੀ ਦੇ ਕਤਲ ਦੇ ਸਿਲਸਿਲੇ ਵਿੱਚ ਲਾਰੈਂਸ ਬਿਸ਼ਨੋਈ ਗਰੋਹ ਦੇ ਪੰਜ ਮੈਂਬਰਾਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ। ਗੈਂਗਸਟਰਾਂ ਤੇ ਪੁਲਸ ਵਿਚਾਲੇ ਹੋਈ ਗੋਲੀਬਾਰੀ ਦੌਰਾਨ ਇੱਕ ਮੁਲਜ਼ਮ ਦੀ ਲੱਤ ਵਿੱਚ ਗੋਲੀ ਲੱਗੀ। ਪੁਲਸ ਨੇ ਦੱਸਿਆ ਕਿ ਮੁਕਾਬਲੇ ਦੌਰਾਨ ਤਿੰਨ ਮੁਲਜ਼ਮਾਂ ਨੂੰ ਗ੍ਰਿਫਤਾਰ ਕਰ ਲਿਆ ਗਿਆ, ਜਦਕਿ ਦੋ ਹੋਰਨਾਂ ਨੂੰ ਬਾਅਦ ਵਿੱਚ ਗ੍ਰਿਫਤਾਰ ਕੀਤਾ ਗਿਆ।

ਪਲਾਸਟਿਕ ਦਾਣਾ ਨਿਰਮਾਤਾ ਵੈਭਵ ਗਾਂਧੀ ਦੀ 9 ਫਰਵਰੀ ਨੂੰ ਦੁਪਹਿਰ ਕਰੀਬ 12:50 ਵਜੇ ਡੀ ਐੱਸ ਆਈ ਡੀ ਸੀ ਉਦਯੋਗਿਕ ਖੇਤਰ ਦੇ ਸੈਕਟਰ ਚਾਰ ਵਿੱਚ ਸਥਿਤ ਫੈਕਟਰੀ ਨੇੜੇ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ ਗਈ ਸੀ। ਹਮਲਾਵਰਾਂ ਨੇ ਕਥਿਤ ਤੌਰ 'ਤੇ ਪਹਿਲਾਂ ਪੀੜਤ ਦੀ ਕਾਰ ਦੀਆਂ ਚਾਬੀਆਂ ਖੋਹਣ ਦੀ ਕੋਸ਼ਿਸ਼ ਕੀਤੀ ਅਤੇ ਜਦੋਂ ਉਸ ਨੇ ਵਿਰੋਧ ਕੀਤਾ ਤਾਂ ਉਸ ਦਾ ਲੈਪਟਾਪ ਬੈਗ ਜ਼ਬਰਦਸਤੀ ਖੋਹ ਲਿਆ ਅਤੇ ਫਿਰ ਉਸ ਨੂੰ ਨੇੜਿਓਂ ਗੋਲੀ ਮਾਰ ਦਿੱਤੀ। ਘਟਨਾ ਤੋਂ ਬਾਅਦ ਪੁਲਸ ਨੇ ਗਾਂਧੀ ਦੀ ਕਾਰ ਵਿੱਚੋਂ ਕਰੀਬ ਇੱਕ ਕਰੋੜ ਰੁਪਏ ਵੀ ਬਰਾਮਦ ਕੀਤੇ ਸਨ। ਹੱਤਿਆ ਤੋਂ ਇੱਕ ਦਿਨ ਬਾਅਦ ਲਾਰੈਂਸ ਬਿਸ਼ਨੋਈ ਗਰੋਹ ਦੇ ਨਾਂਅ 'ਤੇ ਸੋਸ਼ਲ ਮੀਡੀਆ ਪੋਸਟ ਵਿੱਚ ਹੱਤਿਆ ਦੀ ਜ਼ਿੰਮੇਵਾਰੀ ਲਈ ਗਈ ਸੀ। ਪੋਸਟ ਵਿੱਚ ਦਾਅਵਾ ਕੀਤਾ ਗਿਆ ਕਿ ਹੱਤਿਆ ਕਾਂਡ 'ਚ ਲਾਰੈਂਸ ਬਿਸ਼ਨੋਈ, ਜਤਿੰਦਰ ਗੋਗੀ ਮਾਨ, ਹਾਸ਼ਿਮ ਬਾਬਾ ਅਤੇ ਕਾਲਾ ਰਾਣਾ ਸਮੇਤ ਕਈ ਗਰੋਹ ਸ਼ਾਮਲ ਸਨ। ਪੁਲਸ ਨੇ ਦੱਸਿਆ ਕਿ ਪੋਸਟ ਵਿੱਚ ਦੋਸ਼ ਲਗਾਇਆ ਗਿਆ ਸੀ ਕਿ ਗਾਂਧੀ ਗਰੋਹ ਦੀਆਂ ਗਤੀਵਿਧੀਆਂ ਵਿੱਚ ਦਖਲ ਦੇ ਰਿਹਾ ਸੀ।

## ਐੱਨ ਜੀ ਓ ਦਾ ਡਾਇਰੈਕਟਰ ਕਤਲ ਕੇਸ 'ਚ ਗ੍ਰਿਫਤਾਰ

**ਨਵੀਂ ਦਿੱਲੀ** : ਪੱਛਮੀ ਦਿੱਲੀ ਵਿੱਚ ਵਿੱਤੀ ਵਿਵਾਦ ਤੋਂ ਬਾਅਦ ਹਰੀਸ਼ ਕੰਡਵਾਲ (46) ਵਾਸੀ ਉੱਤਮ ਨਗਰ ਨੂੰ ਕਥਿਤ ਤੌਰ 'ਤੇ ਚਾਕੂ ਮਾਰ ਕੇ ਮੌਤ ਦੇ ਘਾਟ ਉਤਾਰਨ ਦੇ ਦੋਸ਼ ਵਿੱਚ ਫਰਾਸ਼ ਬਾਜ਼ਾਰ ਦੇ ਆਸਿਮ ਅਲੀ ਨੂੰ ਗ੍ਰਿਫਤਾਰ ਕੀਤਾ ਗਿਆ ਹੈ। ਪੁਲਸ ਨੂੰ ਸ਼ਨੀਵਾਰ ਅੱਧੀ ਰਾਤ ਦੇ ਕਰੀਬ ਇੱਕ ਹਸਪਤਾਲ ਤੋਂ ਸੂਚਨਾ ਮਿਲੀ ਸੀ ਕਿ ਚਾਕੂ ਦੇ ਜ਼ਖਮ ਕਾਰਨ ਦਾਖਲ ਕਰਵਾਏ ਗਏ ਇੱਕ ਵਿਅਕਤੀ ਦੀ ਮੌਤ ਹੋ ਗਈ। ਪੁਲਸ ਮੁਤਾਬਕ ਆਸਿਮ ਅਲੀ 'ਸਾਈ ਸਾਧਨਾ ਸੋਸ਼ਲ ਵੈੱਲਫੇਅਰ ਫਾਊਂਡੇਸ਼ਨ' ਨਾਮਕ ਇੱਕ ਐੱਨ ਜੀ ਓ ਦਾ ਡਾਇਰੈਕਟਰ ਦੱਸਿਆ ਜਾਂਦਾ ਹੈ, ਜੋ ਉਸ ਦੇ ਨਿਵਾਸ ਤੋਂ ਚਲਾਇਆ ਜਾ ਰਿਹਾ ਸੀ। ਕੰਡਵਾਲ ਐੱਨ ਜੀ ਓ ਨਾਲ ਜੁੜਿਆ ਹੋਇਆ ਸੀ। ਹਰੀ ਨਗਰ ਵਿੱਚ ਝਗੜਾ ਸ਼ੁਰੂ ਹੋਣ ਤੋਂ ਪਹਿਲਾਂ ਦੋਵਾਂ ਨੇ ਦਿਨ ਦਾ ਕਾਫੀ ਸਮਾਂ ਇਕੱਠੇ ਬਿਤਾਇਆ ਸੀ।

## ਬੰਗਲਾਦੇਸ਼ ਦੀ ਨਵੀਂ ਸਰਕਾਰ ਦਾ ਸਹੁੰ ਚੁੱਕ ਸਮਾਗਮ 17 ਨੂੰ

**ਢਾਕਾ** : ਬੰਗਲਾਦੇਸ਼ ਵਿਚ ਨਵੀਂ ਸਰਕਾਰ ਦਾ ਸਹੁੰ ਚੁੱਕ ਸਮਾਗਮ 17 ਫਰਵਰੀ ਨੂੰ ਹੋਵੇਗਾ। ਬੰਗਲਾਦੇਸ਼ ਨੈਸ਼ਨਲਿਸਟ ਪਾਰਟੀ (ਬੀ ਐੱਨ ਪੀ) ਦੇ ਮੁਖੀ ਤਾਰਿਕ ਰਹਿਮਾਨ ਬੰਗਲਾਦੇਸ਼ ਦੇ ਪ੍ਰਧਾਨ ਮੰਤਰੀ ਵਜੋਂ ਸਹੁੰ ਚੁੱਕਣਗੇ। ਇਸ ਮੌਕੇ ਅੰਤਰਿਮ ਸਰਕਾਰ ਦੇ ਮੁੱਖ ਸਲਾਹਕਾਰ ਮੁਹੰਮਦ ਯੂਨਿਸ ਨੇ ਭਾਰਤ ਸਮੇਤ 13 ਦੇਸ਼ਾਂ ਦੇ ਆਗੂਆਂ ਨੂੰ ਸੱਦਾ ਪੱਤਰ ਭੇਜੇ ਹਨ, ਜਿਨ੍ਹਾਂ ਵਿਚ ਭਾਰਤ, ਚੀਨ, ਪਾਕਿਸਤਾਨ, ਸਾਊਦੀ ਅਰਬ, ਤੁਰਕੀ, ਸੰਯੁਕਤ ਅਰਬ ਅਮੀਰਾਤ, ਕਤਰ, ਮਲੇਸ਼ੀਆ, ਬਰੂਨੇਈ, ਸ੍ਰੀਲੰਕਾ, ਨੇਪਾਲ, ਮਾਲਦੀਵ ਅਤੇ ਭੂਟਾਨ ਸ਼ਾਮਲ ਹਨ। ਸਹੁੰ ਚੁੱਕ ਸਮਾਗਮ ਸੰਸਦ ਦੇ ਦੱਖਣੀ ਪਲਾਜ਼ਾ ਵਿਚ ਹੋਵੇਗਾ।

## ਪਿਓ ਨੇ ਇਕ ਲੱਖ 'ਚ ਵੇਚ ਦਿੱਤਾ ਢਾਈ ਸਾਲਾ ਪੁੱਤ

**ਬਾਲਾਸੌਰ** : ਓੜੀਸਾ ਦੇ ਬਾਲਾਸੌਰ ਜ਼ਿਲ੍ਹੇ ਵਿਚ ਇੱਕ ਪਿਤਾ ਨੇ ਆਪਣੇ ਢਾਈ ਸਾਲਾ ਪੁੱਤਰ ਨੂੰ ਇੱਕ ਲੱਖ ਰੁਪਏ ਵਿੱਚ ਵੇਚ ਦਿੱਤਾ। ਪੁਲਸ ਨੇ ਬੱਚੇ ਨੂੰ ਬਰਾਮਦ ਕਰ ਲਿਆ ਹੈ ਅਤੇ ਇਸ ਮਾਮਲੇ ਵਿੱਚ ਬੱਚੇ ਨੂੰ ਵੇਚਣ ਵਾਲੇ ਪਿਤਾ ਅਤੇ ਖਰੀਦਦਾਰ ਨੂੰ ਹਿਰਾਸਤ ਵਿੱਚ ਲੈ ਲਿਆ ਹੈ। ਇਹ ਸਾਰਾ ਮਾਮਲਾ ਨੀਲਗਿਰੀ ਇਲਾਕੇ ਦੇ ਬਾਰੀਸਾਹੀ ਪਿੰਡ ਦਾ ਹੈ ਅਤੇ ਇਸ ਦਾ ਖੁਲਾਸਾ ਉਦੋਂ ਹੋਇਆ, ਜਦੋਂ ਸੋਸ਼ਲ ਮੀਡੀਆ 'ਤੇ ਇੱਕ ਵੀਡੀਓ ਵਾਇਰਲ ਹੋਈ, ਜਿਸ ਵਿੱਚ ਪਿਤਾ ਬੱਚੇ ਦੀ ਕੀਮਤ ਨੂੰ ਲੈ ਕੇ ਸੌਦੇਬਾਜ਼ੀ ਕਰਦਾ ਨਜ਼ਰ ਆ ਰਿਹਾ ਸੀ। ਵੀਡੀਓ ਸਾਹਮਣੇ ਆਉਣ ਤੋਂ ਬਾਅਦ ਇੱਕ ਸਥਾਨਕ ਸਮਾਜ ਸੇਵੀ ਨੇ ਪੁਲਸ ਕੋਲ ਸ਼ਿਕਾਇਤ ਦਰਜ ਕਰਵਾਈ, ਜਿਸ ਤੋਂ ਬਾਅਦ ਪੁਲਸ ਨੇ ਚਿਮਨੀਭਾਟੀ ਇਲਾਕੇ ਤੋਂ ਬੱਚੇ ਨੂੰ ਬਰਾਮਦ ਕਰਕੇ ਚਾਈਲਡ ਵੈੱਲਫੇਅਰ ਕਮੇਟੀ ਦੇ ਹਵਾਲੇ ਕਰ ਦਿੱਤਾ। ਪੁਲਸ ਅਧਿਕਾਰੀਆਂ ਅਨੁਸਾਰ ਬੱਚੇ ਦੇ ਪਿਤਾ ਦੀ ਪਛਾਣ ਰਾਕੇਸ਼ ਕੁਮਾਰ ਬੇਹਰਾ ਵਜੋਂ ਹੋਈ ਹੈ, ਜੋ ਕਿ ਪੇਸ਼ੇ ਵਜੋਂ ਮਿਸਤਰੀ ਹੈ। ਰਾਕੇਸ਼ ਨੇ ਪੁਲਸ ਨੂੰ ਦੱਸਿਆ ਕਿ ਉਸ ਦੇ ਚਾਰ ਬੱਚੇ ਹਨ ਅਤੇ ਘਰ ਦੀ ਮਾੜੀ ਆਰਥਿਕ ਹਾਲਤ ਕਾਰਨ ਉਹ ਬੱਚਿਆਂ ਦਾ ਪਾਲਣ-ਪੋਸ਼ਣ ਕਰਨ ਵਿੱਚ ਅਸਮਰੱਥ ਸੀ, ਜਿਸ ਕਾਰਨ ਉਸ ਨੇ ਇਹ ਕਦਮ ਚੁੱਕਿਆ। ਦੱਸਿਆ ਜਾ ਰਿਹਾ ਹੈ ਕਿ ਰਾਕੇਸ਼ ਨੇ ਦੋ ਵਿਆਹ ਕੀਤੇ ਸਨ ਅਤੇ ਜਿਸ ਬੱਚੇ ਨੂੰ ਉਸ ਨੇ ਵੇਚਿਆ, ਉਹ ਉਸ ਦੀ ਦੂਜੀ ਪਤਨੀ ਦਾ ਸੀ, ਜੋ ਉਸ ਤੋਂ ਵੱਖ ਰਹਿ ਰਹੀ ਸੀ।

## ਮਜ਼ਦੂਰਾਂ 'ਤੇ ਗੋਲੀਬਾਰੀ ਕਰਨ ਵਾਲੇ 2 ਗ੍ਰਿਫ਼ਤਾਰ

**ਚੰਡੀਗੜ੍ਹ** : ਮੋਗਾ ਜ਼ਿਲ੍ਹੇ ਵਿੱਚ 10 ਫਰਵਰੀ ਨੂੰ ਪਰਵਾਸੀ ਮਜ਼ਦੂਰਾਂ 'ਤੇ ਗੋਲੀਬਾਰੀ ਕਰਨ ਦੇ ਮਾਮਲੇ ਵਿੱਚ ਪੁਲਸ ਨੂੰ ਐਤਵਾਰ ਨੂੰ ਸਫਲਤਾ ਮਿਲੀ ਹੈ। ਪੁਲਸ ਨੇ ਪਿੰਡ ਘੱਲ ਕਲਾਂ ਨੇੜੇ ਹੋਏ ਮੁਕਾਬਲੇ ਦੌਰਾਨ ਦੋ ਮੁਲਜ਼ਮਾਂ ਜੋਬਨਪ੍ਰੀਤ ਅਤੇ ਅਕਾਸ਼ਦੀਪ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਇਸ ਦੌਰਾਨ ਜੋਬਨਪ੍ਰੀਤ ਦੀ ਲੱਤ ਵਿੱਚ ਗੋਲੀ ਲੱਗੀ ਹੈ, ਉਸ ਨੂੰ ਹਸਪਤਾਲ ਦਾਖਲ ਕਰਵਾਇਆ ਗਿਆ ਹੈ। ਪੁਲਸ ਨੇ ਇਨ੍ਹਾਂ ਦੇ ਕਬਜ਼ੇ ਵਿੱਚੋਂ ਵਾਰਦਾਤ ਵਿੱਚ ਵਰਤਿਆ ਮੋਟਰਸਾਈਕਲ ਅਤੇ ਦੋ ਹਥਿਆਰ ਵੀ ਬਰਾਮਦ ਕੀਤੇ ਹਨ। ਮੋਗਾ ਦੇ ਐੱਸ.ਐੱਸ.ਪੀ. ਅਜੈ ਗਾਂਧੀ ਨੇ ਦੱਸਿਆ ਕਿ ਪੁਲਸ ਨੂੰ ਮੁਲਜ਼ਮਾਂ ਦੀ ਮੌਜੂਦਗੀ ਬਾਰੇ ਗੁਪਤ ਸੂਚਨਾ ਮਿਲੀ ਸੀ। ਜਦੋਂ ਪੁਲਸ ਨੇ ਉਨ੍ਹਾਂ ਨੂੰ ਰੁਕਣ ਦਾ ਇਸ਼ਾਰਾ ਕੀਤਾ ਤਾਂ ਮੁਲਜ਼ਮਾਂ ਨੇ ਪੁਲਸ ਟੀਮ 'ਤੇ 4-5 ਰਾਊਂਡ ਫਾਇਰ ਕੀਤੇ। ਪੁਲਸ ਦੀ ਜਵਾਬੀ ਕਾਰਵਾਈ ਵਿੱਚ ਜੋਬਨਪ੍ਰੀਤ ਜ਼ਖ਼ਮੀ ਹੋ ਗਿਆ, ਜਦ ਕਿ ਉਸ ਦੇ ਸਾਥੀ ਅਕਾਸ਼ਦੀਪ ਨੂੰ ਭੱਜਣ ਦੀ ਕੋਸ਼ਿਸ਼ ਕਰਦਿਆਂ ਕਾਬੂ ਕਰ ਲਿਆ ਗਿਆ। ਪੁਲਸ ਮੁਤਾਬਕ ਮਜ਼ਦੂਰਾਂ 'ਤੇ ਹਮਲਾ ਵਿਦੇਸ਼ ਵਿੱਚ ਬੈਠੇ ਇੱਕ ਹੈਂਡਲਰ ਦੇ ਨਿਰਦੇਸ਼ਾਂ 'ਤੇ ਪੰਜਾਬ ਦੀ ਸ਼ਾਂਤੀ ਭੰਗ ਕਰਨ ਦੇ ਮਕਸਦ ਨਾਲ ਕੀਤਾ ਗਿਆ ਸੀ।

## ਸਪੀਕਰ ਬਿਰਲਾ ਵਿਰੁੱਧ ਬੇਭਰੋਸਗੀ ਮਤੇ ਦੇ ਨੋਟਿਸ 'ਤੇ 9 ਮਾਰਚ ਨੂੰ ਹੋਵੇਗੀ ਵੋਟਿੰਗ

**ਤਵਾਂਗ (ਅਰੁਣਾਚਲ ਪ੍ਰਦੇਸ਼)**

ਕੇਂਦਰੀ ਮੰਤਰੀ ਕਿਰਨ ਰਿਜਿਜੂ ਨੇ ਐਤਵਾਰ ਨੂੰ ਦੱਸਿਆ ਕਿ ਲੋਕ ਸਭਾ ਸਪੀਕਰ ਓਮ ਬਿਰਲਾ ਨੂੰ ਅਹੁਦੇ ਤੋਂ ਹਟਾਉਣ ਲਈ ਵਿਰੋਧੀ ਧਿਰ ਵੱਲੋਂ ਲਿਆਂਦੇ ਗਏ ਬੇਭਰੋਸਗੀ ਮਤੇ ਦੇ ਨੋਟਿਸ 'ਤੇ ਚਰਚਾ ਅਤੇ ਵੋਟਿੰਗ 9 ਮਾਰਚ ਨੂੰ ਹੋਵੇਗੀ। ਰਿਜਿਜੂ ਨੇ ਦੱਸਿਆ ਕਿ ਬਜਟ ਸੈਸ਼ਨ ਦਾ ਦੂਜਾ ਪੜਾਅ 9 ਮਾਰਚ ਤੋਂ ਸ਼ੁਰੂ ਹੋ ਕੇ 2 ਅਪਰੈਲ ਤੱਕ ਚੱਲੇਗਾ। ਨਿਯਮਾਂ ਅਨੁਸਾਰ ਅਜਿਹੇ ਮਤੇ 'ਤੇ ਸਦਨ ਦੀ ਕਾਰਵਾਈ ਮੁੜ ਸ਼ੁਰੂ ਹੋਣ ਦੇ ਪਹਿਲੇ ਦਿਨ ਹੀ ਚਰਚਾ ਕੀਤੀ ਜਾਂਦੀ ਹੈ। ਉਨ੍ਹਾਂ ਚਿਤਾਵਨੀ ਵੀ ਦਿੱਤੀ ਕਿ ਜੇਕਰ ਵਿਰੋਧੀ ਧਿਰ ਪਹਿਲੇ ਪੜਾਅ ਵਾਂਗ ਹੰਗਾਮਾ ਜਾਰੀ ਰੱਖਦੀ ਹੈ ਤਾਂ ਇਹ ਖੁਦ ਉਨ੍ਹਾਂ ਲਈ ਨੁਕਸਾਨਦੇਹ ਹੋਵੇਗਾ, ਕਿਉਂਕਿ ਸਰਕਾਰ ਬਿਨਾਂ ਚਰਚਾ ਦੇ ਹੀ ਅਹਿਮ ਬਿੱਲ ਪਾਸ ਕਰਵਾ ਲਵੇਗੀ। ਰਿਜਿਜੂ ਅਨੁਸਾਰ ਸੈਸ਼ਨ ਦਾ ਦੂਜਾ ਪੜਾਅ ਬਹੁਤ ਦਿਲਚਸਪ ਰਹਿਣ ਵਾਲਾ ਹੈ ਕਿਉਂਕਿ ਸਰਕਾਰ ਕੁਝ ਬਹੁਤ ਹੀ ਮਹੱਤਵਪੂਰਨ ਬਿੱਲ ਪੇਸ਼ ਕਰਨ ਦੀ ਯੋਜਨਾ ਬਣਾ ਰਹੀ ਹੈ, ਜਿਨ੍ਹਾਂ ਵਿੱਚੋਂ ਇੱਕ ਬਿੱਲ ਬੇਹੱਦ ਖਾਸ ਹੈ। ਹਾਲਾਂਕਿ ਉਨ੍ਹਾਂ ਨੇ ਹਾਲੇ ਉਸ ਵਿਸ਼ੇਸ਼ ਬਿੱਲ ਦੇ ਨਾਂਅ ਦਾ ਖੁਲਾਸਾ ਨਹੀਂ ਕੀਤਾ। ਸਰਕਾਰ ਨੇ ਲੋਕ ਸਭਾ ਵਿੱਚ 5 ਮੰਤਰਾਲਿਆਂ ਅਤੇ ਰਾਜ ਸਭਾ ਵਿੱਚ 5 ਹੋਰ ਮੰਤਰਾਲਿਆਂ ਦੇ ਕੰਮਕਾਜ ਅਤੇ ਗ੍ਰਾਂਟਾਂ ਦੀਆਂ ਮੰਗਾਂ 'ਤੇ ਚਰਚਾ ਕਰਨ ਦੀ ਰਣਨੀਤੀ ਬਣਾਈ ਹੈ।

## ਨੇਪਾਲ ਨੂੰ ਹਰਾ ਕੇ ਸੁਪਰ 8 'ਚ ਪੁੱਜਾ ਵੈਸਟਇੰਡੀਜ਼

**ਮੁੰਬਈ** : ਵੈਸਟਇੰਡੀਜ਼ ਨੇ ਐਤਵਾਰ ਨੂੰ ਇੱਥੇ ਖੇਡੇ ਗਏ ਟੀ-20 ਵਿਸ਼ਵ ਕੱਪ ਦੇ ਗਰੁੱਪ-ਸੀ ਮੁਕਾਬਲੇ ਵਿੱਚ ਨੇਪਾਲ ਨੂੰ 9 ਵਿਕਟਾਂ ਨਾਲ ਹਰਾ ਕੇ ਸੁਪਰ-8 ਲਈ ਕੁਆਲੀਫਾਈ ਕਰ ਲਿਆ ਹੈ। ਵੈਸਟਇੰਡੀਜ਼ ਨੇ ਪਹਿਲਾਂ ਗੇਂਦਬਾਜ਼ੀ ਕਰਦੇ ਹੋਏ ਨੇਪਾਲ ਨੂੰ 133 ਦੌੜਾਂ 'ਤੇ ਰੋਕਿਆ ਅਤੇ ਫਿਰ ਸਿਰਫ਼ ਇੱਕ ਵਿਕਟ ਗੁਆ ਕੇ 15.2 ਓਵਰਾਂ ਵਿੱਚ ਹੀ 134 ਦੌੜਾਂ ਬਣਾ ਕੇ ਜੇਤੂ ਟੀਚਾ ਹਾਸਲ ਕਰ ਲਿਆ। ਇਸ ਜਿੱਤ ਨਾਲ ਵੈਸਟਇੰਡੀਜ਼ ਗਰੁੱਪ-ਸੀ ਵਿੱਚ 6 ਅੰਕਾਂ ਨਾਲ ਸਿਖਰ 'ਤੇ ਪਹੁੰਚ ਗਿਆ ਹੈ ਅਤੇ ਸੁਪਰ-8 ਵਿੱਚ ਪਹੁੰਚਣ ਵਾਲੀ ਪਹਿਲੀ ਟੀਮ ਬਣ ਗਈ ਹੈ। ਦੂਜੇ ਪਾਸੇ, ਨੇਪਾਲ ਲਗਾਤਾਰ ਤੀਜੀ ਹਾਰ ਤੋਂ ਬਾਅਦ ਵਿਸ਼ਵ ਕੱਪ ਦੀ ਦੌੜ ਤੋਂ ਬਾਹਰ ਹੋ ਗਿਆ ਹੈ। ਵੈਸਟਇੰਡੀਜ਼ ਵੱਲੋਂ ਜੈਸਨ ਹੋਲਡਰ ਸਭ ਤੋਂ ਸਫਲ ਗੇਂਦਬਾਜ਼ ਰਿਹਾ, ਜਿਸ ਨੇ 27 ਦੌੜਾਂ ਦੇ ਕੇ 4 ਵਿਕਟਾਂ ਹਾਸਲ ਕੀਤੀਆਂ ਅਤੇ ਉਸ ਨੂੰ 'ਪਲੇਅਰ ਆਫ ਦਿ ਮੈਚ' ਚੁਣਿਆ ਗਿਆ।

## ਡੇਰੀ ਮੁਖੀ ਵੀ ਆਈ ਪੀ ਨਾਲ ਫੋਟੋ ਨਹੀਂ ਖਿਚਵਾਉਣਗੇ

**ਬਿਆਸ** : ਡੇਰਾ ਬਿਆਸ ਮੁਖੀ ਬਾਬਾ ਗੁਰਿੰਦਰ ਸਿੰਘ ਢਿੱਲੋਂ ਵੱਲੋਂ ਅੱਗੇ ਤੋਂ ਵੀ ਆਈ ਪੀ ਨਾਲ ਫੋਟੋ ਨਾ ਖਿਚਵਾਉਣ ਦਾ ਸਰਕੂਲਰ ਜਾਰੀ ਕੀਤਾ ਗਿਆ ਹੈ। ਡੇਰੇ ਵਿੱਚ ਪੁੱਜਣ ਵਾਲੀਆਂ ਪ੍ਰਮੁੱਖ ਸ਼ਖਸੀਅਤਾਂ ਨੂੰ ਵੀ ਆਈ ਪੀ ਟਰੀਟਮੈਂਟ ਨਹੀਂ ਮਿਲੇਗਾ। ਡੇਰਾ ਪ੍ਰਬੰਧਕਾਂ ਅਨੁਸਾਰ ਕਿਸੇ ਵੀ ਵੀ ਆਈ ਪੀ ਵੱਲੋਂ ਡੇਰਾ ਬਿਆਸ ਪ੍ਰਮੁੱਖ ਬਾਬਾ ਗੁਰਿੰਦਰ ਸਿੰਘ ਢਿੱਲੋਂ ਨਾਲ ਖਿਚਵਾਈ ਜਾਂਦੀ ਤਸਵੀਰ ਨੂੰ ਕਿਸੇ ਹੋਰ ਨਜ਼ਰੀਏ ਨਾਲ ਦੇਖਿਆ ਜਾਣ ਲੱਗ ਪਿਆ ਸੀ ਅਤੇ ਤਸਵੀਰ ਦੀ ਦੁਰਵਰਤੋਂ ਕੀਤੀ ਜਾਣ ਲੱਗ ਪਈ ਸੀ।

## ਹਿਮਾਚਲ 'ਚ ਜੀਪ ਖੱਡ 'ਚ ਡਿੱਗੀ, 3 ਨੌਜਵਾਨਾਂ ਦੀ ਮੌਤ

**ਮੰਡੀ** : ਹਿਮਾਚਲ ਪ੍ਰਦੇਸ਼ ਦੇ ਮੰਡੀ ਜ਼ਿਲ੍ਹੇ ਵਿੱਚ ਐਤਵਾਰ ਤੜਕੇ ਚਾਰ ਵਜੇ ਮਹਾਸ਼ਿਵਰਾਤਰੀ ਵਾਲੇ ਦਿਨ ਇਕ ਜੀਪ ਖੱਡ ਵਿਚ ਡਿੱਗ ਗਈ, ਜਿਸ ਕਾਰਨ ਤਿੰਨ ਨੌਜਵਾਨਾਂ ਦੀ ਮੌਤ ਹੋ ਗਈ ਤੇ ਇਕ ਗੰਭੀਰ ਜ਼ਖ਼ਮੀ ਹੋ ਗਿਆ। ਲੰਬਾਥਾਚ-ਕਲਹਣੀ ਸੜਕ 'ਤੇ ਇੱਕ ਜੀਪ ਬੇਕਾਬੂ ਹੋ ਕੇ ਡੂੰਘੀ ਖਾਈ ਵਿੱਚ ਜਾ ਡਿੱਗੀ। ਮ੍ਰਿਤਕਾਂ ਦੀ ਪਛਾਣ 19 ਸਾਲਾ ਰਿਤਿਕ ਠਾਕੁਰ, 17 ਸਾਲਾ ਸੁਨੀਲ ਅਤੇ 18 ਸਾਲਾ ਈਸ਼ਾਨ ਵਜੋਂ ਹੋਈ ਹੈ। ਇਹ ਸਾਰੇ ਸਰਾਜ ਖੇਤਰ ਦੇ ਕੇਲੋਧਾਰ ਅਤੇ ਆਲੇ-ਦੁਆਲੇ ਦੇ ਇਲਾਕਿਆਂ ਦੇ ਰਹਿਣ ਵਾਲੇ ਸਨ। ਦੋ ਨੌਜਵਾਨਾਂ ਨੇ ਮੌਕੇ 'ਤੇ ਹੀ ਦਮ ਤੋੜ ਦਿੱਤਾ, ਜਦ ਕਿ ਤੀਜੇ ਦੀ ਹਸਪਤਾਲ ਵਿੱਚ ਇਲਾਜ ਦੌਰਾਨ ਮੌਤ ਹੋ ਗਈ। ਚੌਥੇ ਨੌਜਵਾਨ ਕੁਸ਼ਾਲ (18 ਸਾਲ) ਦੀ ਹਾਲਤ ਨਾਜ਼ੁਕ ਬਣੀ ਹੋਈ ਹੈ।

## ਅਰਵਿੰਦ ਖੰਨਾ ਹੁਣ ਅਕਾਲੀ ਦਲ 'ਚ

**ਸੰਗਰੂਰ** : ਉਦਯੋਗਪਤੀ ਤੋਂ ਸਿਆਸਤਦਾਨ ਬਣੇ ਅਰਵਿੰਦ ਖੰਨਾ ਨੇ ਐਤਵਾਰ ਆਪਣੇ ਘਰ ਭਾਜਪਾ ਨੂੰ ਛੱਡ ਕੇ ਸੁਖਬੀਰ ਸਿੰਘ ਬਾਦਲ ਦੀ ਮੌਜੂਦਗੀ ਵਿੱਚ ਸ਼੍ਰੋਮਣੀ ਅਕਾਲੀ ਦਲ ਦਾ ਪੱਲਾ ਫੜ ਲਿਆ। ਖੰਨਾ ਕੁਝ ਸਮੇਂ ਤੋਂ ਭਾਜਪਾ ਦੀ ਸੂਬਾਈ ਲੀਡਰਸ਼ਿਪ ਦੀ ਕਾਰਜ ਪ੍ਰਣਾਲੀ ਤੋਂ ਨਾਖੁਸ਼ ਚੱਲ ਰਹੇ ਸਨ। ਖੰਨਾ ਸਾਲ 2022 ਵਿੱਚ ਭਾਜਪਾ ਵਿੱਚ ਸ਼ਾਮਲ ਹੋਏ ਸਨ ਅਤੇ ਪਾਰਟੀ ਨੇ ਉਨ੍ਹਾ ਨੂੰ ਪੰਜਾਬ ਇਕਾਈ ਦਾ ਉਪ-ਪ੍ਰਧਾਨ ਵੀ ਨਿਯੁਕਤ ਕੀਤਾ ਸੀ। ਖੰਨਾ ਦੇ ਨਾਲ ਜ਼ਿਲ੍ਹਾ ਪ੍ਰਧਾਨ ਧਰਮਿੰਦਰ ਸਿੰਘ ਦੁੱਲਟ, ਸਾਬਕਾ ਕੌਂਸਲ ਪ੍ਰਧਾਨ ਹਰਬੰਸ ਸਿੰਘ ਗਰਚਾ ਤੇ ਬਲਾਕ ਪ੍ਰਧਾਨ ਸਮੇਤ ਵਰਕਰਾਂ ਨੇ ਵੀ ਅਕਾਲੀ ਦਲ ਦਾ ਪੱਲਾ ਫੜਿਆ। ਉਨ੍ਹਾ ਭਾਜਪਾ ਦੀ ਟਿਕਟ 'ਤੇ 2022 ਦੀਆਂ ਵਿਧਾਨ ਸਭਾ ਚੋਣਾਂ ਅਤੇ 2024 ਦੀਆਂ ਲੋਕ ਸਭਾ ਚੋਣਾਂ ਸੰਗਰੂਰ ਹਲਕੇ ਤੋਂ ਲੜੀਆਂ ਸਨ, ਹਾਲਾਂਕਿ ਦੋਵਾਂ ਚੋਣਾਂ ਵਿੱਚ ਉਨ੍ਹਾ ਨੂੰ ਹਾਰ ਦਾ ਸਾਹਮਣਾ ਕਰਨਾ ਪਿਆ ਸੀ। ਖੰਨਾ ਸਾਬਕਾ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਦੇ ਕਰੀਬੀ ਸਨ। ਉਨ੍ਹਾ ਉਮੀਦ ਫਾਊਂਡੇਸ਼ਨ ਰਾਹੀਂ ਕਈ ਸਾਲਾਂ ਤੱਕ ਸੰਗਰੂਰ ਹਲਕੇ ਦੇ ਲੋਕਾਂ ਦੀ ਸੇਵਾ ਕਰਨ ਲਈ ਨਾਮਣਾ ਖੱਟਿਆ। ਉਹ ਪਹਿਲੀ ਵਾਰ 2002 ਵਿੱਚ ਕਾਂਗਰਸ ਦੀ ਟਿਕਟ 'ਤੇ ਸੰਗਰੂਰ ਵਿਧਾਨ ਸਭਾ ਹਲਕਾ ਜਿੱਤ ਕੇ ਵਿਧਾਇਕ ਬਣੇ ਸਨ। ਉਹ 2004 ਦੀਆਂ ਲੋਕ ਸਭਾ ਚੋਣਾਂ ਵਿੱਚ ਪਾਰਟੀ ਦੇ ਉਮੀਦਵਾਰ ਸਨ, ਪਰ ਸੁਖਦੇਵ ਸਿੰਘ ਢੀਂਡਸਾ ਤੋਂ ਹਾਰ ਗਏ ਸਨ। ਉਨ੍ਹਾ 2012 ਵਿੱਚ ਧੂਰੀ ਹਲਕੇ ਤੋਂ ਭਾਰੀ ਜਿੱਤ ਹਾਸਲ ਕੀਤੀ ਸੀ। ਉਸ ਸਮੇਂ ਕਾਂਗਰਸ ਸਰਕਾਰ ਨਹੀਂ ਬਣ ਸਕੀ, ਤਾਂ ਉਨ੍ਹਾ ਦੋ ਸਾਲ ਬਾਅਦ ਵਿਧਾਨ ਸਭਾ ਤੋਂ ਅਸਤੀਫਾ ਦੇ ਦਿੱਤਾ ਅਤੇ ਰਾਜਨੀਤੀ ਤੋਂ ਸੰਨਿਆਸ ਲੈ ਲਿਆ ਸੀ।



## ਅਕਾਲੀ ਦਲ (ਪੁਨਰ ਸੁਰਜੀਤ) ਹੋਲਾ ਮਹੱਲੇ 'ਤੇ ਕਰੇਗਾ ਕਾਨਫਰੰਸ

**ਰੂਪਨਗਰ** : ਸਾਲ 2018 ਤੋਂ ਚੱਲੀ ਆ ਰਹੀ ਪ੍ਰੰਪਰਾ ਨੂੰ ਤੋੜਦਿਆਂ ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਨੇ ਇਸ ਵਾਰ ਸ੍ਰੀ ਆਨੰਦਪੁਰ ਸਾਹਿਬ ਵਿਖੇ ਹੋਲਾ-ਮਹੱਲਾ ਦੌਰਾਨ ਸਿਆਸੀ ਕਾਨਫਰੰਸ ਕਰਨ ਦਾ ਫੈਸਲਾ ਕੀਤਾ ਹੈ। ਪਾਰਟੀ ਦੇ ਬੁਲਾਰੇ ਪ੍ਰੇਮ ਸਿੰਘ ਚੰਦੂਮਾਜਰਾ ਨੇ ਪੁਸ਼ਟੀ ਕਰਦਿਆਂ ਕਿਹਾ ਕਿ ਆਨੰਦਪੁਰ ਸਾਹਿਬ-ਕੀਰਤਪੁਰ ਸਾਹਿਬ ਮੁੱਖ ਮਾਰਗ 'ਤੇ ਇਸ ਲਈ ਥਾਂ ਦੀ ਚੋਣ ਵੀ ਕਰ ਲਈ ਹੈ। 2018 ਵਿੱਚ ਜਥੇਦਾਰਾਂ ਨੇ ਸਿਆਸੀ ਪਾਰਟੀਆਂ ਨੂੰ ਅਪੀਲ ਕੀਤੀ ਸੀ ਕਿ ਉਹ ਇਸ ਪਵਿੱਤਰ ਦਿਹਾੜੇ ਦੌਰਾਨ ਇੱਕ-ਦੂਜੇ 'ਤੇ ਦੂਸ਼ਣਬਾਜ਼ੀ ਤੋਂ ਗੁਰੇਜ਼ ਕਰਨ। ਉਦੋਂ ਤੋਂ ਪਾਰਟੀਆਂ ਨੇ ਹੋਲਾ ਮਹੱਲਾ 'ਤੇ ਇੱਥੇ ਰੈਲੀਆਂ ਕਰਨੀਆਂ ਬੰਦ ਕਰ ਦਿੱਤੀਆਂ ਸਨ।

## ਦਲਿਤ ਕੁੜੀਆਂ ਨੂੰ ਹਮਲੇ ਦਾ ਨਿਸ਼ਾਨਾ ਬਣਾਉਣਾ ਦੇਸ਼ ਭਗਤਾਂ ਦੀਆਂ ਕੁਰਬਾਨੀਆਂ ਦੀ ਤੌਹੀਨ : ਦੇਸ਼ ਭਗਤ ਯਾਦਗਾਰ ਕਮੇਟੀ

**ਜਲੰਧਰ** : ਸਮਾਜਿਕ ਅਨਿਆਂ, ਜਾਤ ਪਾਤੀ ਵਿਤਕਰੇ, ਨਫ਼ਰਤ ਅਤੇ ਦਾਬੇ ਖ਼ਿਲਾਫ਼ ਸਮਾਜਿਕ ਬਰਾਬਰੀ ਲਈ ਜੂਝਣ ਦੀ ਇਤਿਹਾਸਕ ਵਿਰਾਸਤ ਦੇ ਚਿਰਾਗ਼ ਨੂੰ ਜਗਦਾ ਰੱਖ ਰਹੀ ਦੇਸ਼ ਭਗਤ ਯਾਦਗਾਰ ਕਮੇਟੀ ਨੇ ਕਿਹਾ ਹੈ ਕਿ ਦਿਨ-ਦਿਹਾੜੇ, ਸੁਰੱਖਿਆ ਕਰਮੀਆਂ ਦੀ ਮੌਜੂਦਗੀ 'ਚ ਸਮਾਜ ਦੇ ਲਿਤਾੜੇ ਵਰਗ ਦੀਆਂ ਕੁੜੀਆਂ, ਪੱਤਰਕਾਰ ਨਵੀਨ ਉੱਪਰ ਦਿੱਲੀ ਵਿਖੇ ਜਨਤਕ ਇਕੱਤਰਤਾ ਦੌਰਾਨ ਹਮਲਾ ਕਰਕੇ ਜਾਤੀ ਨਫ਼ਰਤ ਅਤੇ ਹਕੂਮਤੀ ਥਾਪੜੇ ਦੇ ਨਸ਼ੇ ਵਿੱਚ ਪਾਗ਼ਲ ਹੋਏ ਤੱਤਾਂ ਨੇ ਦਰਸਾ ਦਿੱਤਾ ਕਿ ਸਦੀਆਂ ਦੇ ਲਿਤਾੜੇ ਲੋਕਾਂ ਨੂੰ ਆਪਣੇ ਸਵੈਮਾਣ ਲਈ ਖ਼ੁਦ ਹੀ ਘਰਾਂ ਤੋਂ ਬਾਹਰ ਨਿਕਲਣਾ ਪਵੇਗਾ।ਦੇਸ਼ ਭਗਤ ਯਾਦਗਾਰ ਕਮੇਟੀ ਦੇ ਪ੍ਰਧਾਨ ਕੁਲਵੰਤ ਸਿੰਘ ਸੰਧੂ, ਜਨਰਲ ਸਕੱਤਰ ਗੁਰਮੀਤ ਸਿੰਘ ਅਤੇ ਸੱਭਿਆਚਾਰਕ ਵਿੰਗ ਦੇ ਕਨਵੀਨਰ ਅਮੋਲਕ ਸਿੰਘ ਨੇ ਕਿਹਾ ਹੈ ਕਿ 'ਸਵੱਛ ਭਾਰਤ', 'ਵਿਸ਼ਵ ਗੁਰੂ' ਹੋਣ ਦੀਆਂ ਟਾਹਰਾਂ ਮਾਰਨ ਵਾਲਿਆਂ ਦੇ ਮੁਲਕ ਅੰਦਰ ਜੋ ਗੁੰਡਾਗਰਦੀ ਦਾ ਨੰਗਾ ਨਾਚ ਹੋ ਰਿਹਾ ਹੈ, ਉਸ ਦੇ ਪ੍ਰਮਾਣਕ ਸਬੂਤਾਂ ਦੇ ਅਧਾਰ 'ਤੇ ਕਮੇਟੀ ਦਾ ਕਹਿਣਾ ਹੈ ਕਿ ਜਾਗਦੀ ਜ਼ਮੀਰ ਵਾਲਾ ਕੋਈ ਵੀ ਇਨਸਾਨ ਭਲਾ ਖਾਮੋਸ਼ੀ ਦੀ ਚਾਦਰ ਲੈ ਕੇ ਕਿਵੇਂ ਸੌਂ ਸਕਦਾ ਹੈ?

ਉਹਨਾਂ ਦੱਸਿਆ ਕਿ ਦਲਿਤ ਵਰਗ ਦੇ ਲੋਕਾਂ ਲਈ ਪੀਣ ਵਾਲੇ ਸਾਫ ਪਾਣੀ ਦੀ ਗੱਲ ਕਰਦੇ ਅਤੇ ਵਿੱਦਿਅਕ ਅਦਾਰਿਆਂ ਅੰਦਰ ਆਪਣੇ ਹਿੱਤਾਂ ਦੀ ਸੁਰੱਖਿਆ ਯਕੀਨੀ ਬਣਾਉਣ ਦੀ ਮੰਗ ਕਰਦੀਆਂ ਵਿਦਿਆਰਥਣਾਂ/ਵਿਦਿਆਰਥੀਆਂ ਖ਼ਾਸ ਕਰਕੇ ਕੁੜੀਆਂ ਨੂੰ ਬੇਸ਼ਰਮੀ ਨਾਲ ਇਹ ਕਹਿ ਕੇ ਜ਼ਲੀਲ ਕੀਤਾ ਗਿਆ ਕਿ 'ਤੁਹਾਨੂੰ 5 ਹਜ਼ਾਰ ਸਾਲ ਤੋਂ ਪੀਣ ਵਾਲਾ ਪਾਣੀ ਨਹੀਂ ਮਿਲਿਆ, ਹੁਣ ਲੈ ਲਿਆ ਪਾਣੀ?' ਪੱਤਰਕਾਰ ਦੇ ਪਰਦੇ ਓਹਲੇ ਭੜਕਾਊ ਮਾਹੌਲ ਬਣਾਉਣ ਵਾਲੇ ਤੱਤਾਂ ਦੀ ਭੂਮਿਕਾ ਦਾ ਨਵਾਂ ਤਜਰਬਾ ਇਸ ਘਟਨਾ ਮੌਕੇ ਉੱਘੜ ਕੇ ਸਾਹਮਣੇ ਆਇਆ ਹੈ।



ਹਮਲੇ ਦਾ ਸ਼ਿਕਾਰ ਵਿਦਿਆਰਥੀ ਜੱਥੇਬੰਦੀ ਆਇਸਾ ਦੀ ਆਗੂ ਅੰਜਲੀ।

ਜਨਤਕ ਇਕੱਤਰਤਾ ਵਿੱਚ ਪੱਤਰਕਾਰ ਦੇ ਰੂਪ ਵਿੱਚ ਸਾਹਮਣੇ ਆਈ ਇੱਕ ਲੜਕੀ ਭੜਕਾਹਟ ਭਰਿਆ ਬਿਰਤਾਂਤ ਸਿਰਜਣ ਲਈ ਆਪਣੀ ਅਸਲੀ ਭੂਮਿਕਾ ਵਿੱਚ ਸਾਹਮਣੇ ਆਉਂਦੀ ਹੈ ਅਤੇ ਨਾਲ ਹੀ ਇਹ ਆਵਾਜ਼ ਆਉਂਦੀ ਹੈ ਕਿ 'ਦੇਸ਼ ਕੇ ਗਦਾਰੋਂ ਕੋ, ਗੋਲੀ ਮਾਰੋ ਸਾਲੋਂ ਕੋ', 'ਬ੍ਰਾਹਮਣਵਾਦ ਜ਼ਿੰਦਾਬਾਦ' ਵਿਦਿਆਰਥੀ ਆਗੂ ਕੁੜੀ ਅੰਜਲੀ ਉਪਰ ਜਿਸਮਾਨੀ ਹਮਲਾ ਕੀਤਾ ਜਾਂਦਾ ਹੈ। ਦਲਿਤ ਪੱਤਰਕਾਰ ਨਵੀਨ ਉਪਰ ਹਮਲਾ ਕਰਨ ਵਾਲਿਆਂ ਉਪਰ ਕਾਰਵਾਈ ਕਰਨ ਦੀ ਬਜਾਏ, ਪੁਲਸ ਸੁਰੱਖਿਆ ਚੇਨ ਬਣਾ ਕੇ ਉਨ੍ਹਾ ਨੂੰ ਉੱਥੋਂ ਕੱਢਣ ਵਿੱਚ ਸਹਾਇਤਾ ਕਰਦੀ ਹੈ।

ਜਦੋਂ ਵਿਦਿਆਰਥੀ ਆਗੂ ਅੰਜਲੀ ਮਿਊਰਿਸ ਥਾਣਾ ਦਿੱਲੀ ਆਪਣੇ ਉਪਰ ਹੋਏ ਹਮਲੇ ਅਤੇ ਇਸ ਸਾਰੇ ਘਟਨਾਕ੍ਰਮ ਦੀ ਰਿਪੋਰਟ ਦੇਣ ਜਾਂਦੀ ਹੈ ਤਾਂ ਜਨਤਕ ਇਕੱਤਰਤਾ ਉਪਰ ਹਮਲਾ ਕਰਨ ਵਾਲੇ ਥਾਣੇ ਅੰਦਰ ਹੀ ਹੋਰ ਤੱਤਾਂ ਨੂੰ ਵੀ ਬੁਲਾ ਕੇ ਅੰਜਲੀ ਉਪਰ ਹਮਲਾ ਕਰਦੇ ਹਨ। ਉਹ ਥਾਣੇ ਵਿੱਚ ਹੀ ਇੱਕ ਕਮਰੇ ਵਿੱਚ ਜਾਨ ਬਚਾਉਣ ਦੀ ਕੋਸ਼ਿਸ਼ ਕਰਦੀ ਹੈ, ਉਸ ਨੂੰ ਡਰਾਉਣ-ਧਮਕਾਉਣ ਲਈ ਕਿਹਾ ਜਾਂਦਾ ਹੈ, 'ਤੂੰ ਵੱਡੀ ਨੇਤਾ ਬਣਨ ਦੀ ਕੋਸ਼ਿਸ਼ ਕਰ ਰਹੀ ਹੈਂ।' ਵਿਦਿਆਰਥੀ ਜੱਥੇਬੰਦੀ ਆਇਸਾ ਦੀ ਆਗੂ ਅੰਜਲੀ ਦਾ

• ਬਾਕੀ ਸਫਾ 2 'ਤੇ

### .ਗਦਰੀ ਬਾਬਾ ਰੂੜ ਸਿੰਘ ਚੂਹੜ ਚੱਕ ਦੀ 76ਵੀਂ ਬਰਸੀ ਮਨਾਈ

## ਬਾਬਾ ਜੀ ਪੂਰਾ ਜੀਵਨ ਦੱਬੇ-ਕੁਚਲਿਆਂ ਨੂੰ ਹੱਕ ਦਿਵਾਉਣ ਲਈ ਲੜਦੇ ਰਹੇ : ਜਗਰੂਪ

**ਮੋਗਾ (ਇਕਬਾਲ ਸਿੰਘ ਖਹਿਰਾ)**

ਗਦਰੀ ਬਾਬਾ ਰੂੜ ਸਿੰਘ ਚੂਹੜ ਚੱਕ ਦੀ ਬਰਸੀ ਹਰ ਸਾਲ ਵਾਂਗ ਉਨ੍ਹਾ ਦੇ ਪਿੰਡ ਚੂਹੜ ਚੱਕ ਵਿਖੇ ਯਾਦਗਾਰ ਬਾਬਾ ਰੂੜ ਸਿੰਘ ਦੀ ਥਾਂ ਤੇ ਮਨਾਈ ਗਈ। ਇਸ ਸਮੇਂ ਪਿੰਡ ਵਾਸੀਆਂ ਤੋਂ ਇਲਾਵਾ ਇਲਾਕੇ ਦੇ ਲੋਕਾਂ ਅਤੇ ਭਾਰਤੀ ਕਮਿਊਨਿਸਟ ਪਾਰਟੀ ਜ਼ਿਲ੍ਹਾ ਮੋਗਾ ਦੇ ਆਗੂਆਂ ਤੇ ਵਰਕਰਾਂ ਦੀ ਭਾਰੀ ਸ਼ਮੂਲੀਅਤ ਰਹੀ। ਵੱਖ-ਵੱਖ ਬੁਲਾਰਿਆਂ ਨੇ ਵਿਚਾਰ ਸਾਂਝੇ ਕੀਤੇ। ਮੁੱਖ ਬੁਲਾਰੇ ਕਾਮਰੇਡ ਜਗਰੂਪ ਨੇ ਦੱਸਿਆ ਬਾਬਾ ਜੀ ਪੂਰਾ ਜੀਵਨ ਲੋਕਾਈ ਦੇ ਲੇਖੇ ਲਾ ਕੇ ਗਰੀਬਾਂ, ਦੱਬੇ-ਕੁਚਲੇ ਲੋਕਾਂ ਨੂੰ ਉਨ੍ਹਾਂ ਦੇ ਹੱਕ ਦਿਵਾਉਣ ਲਈ ਲੜਦੇ ਰਹੇ। ਉਨ੍ਹਾ ਕਿਹਾ ਅੱਜ ਜਦੋਂ ਸੰਸਾਰ ਇੱਕ ਨਵੀਂ ਉਥਲ-ਪੁਥਲ ਵੇਖ ਰਿਹਾ ਹੈ, ਸਰਮਾਇਆ ਫਾਇਨਾਂਸ ਕੈਪੀਟਲ ਰਾਹੀ ਲੋਕਾਂ ਦੀਆਂ ਜੇਬਾਂ ਖਾਲੀ ਕਰ ਰਿਹਾ ਹੈ, ਉੱਥੇ ਦੂਜੇ ਪਾਸੇ ਏ ਆਈ ਨਵੀਂ ਤਕਨੀਕ ਨਾਲ ਬਣੀਆਂ ਮਸ਼ੀਨਾਂ ਲੋਕਾਂ ਨੂੰ ਕੰਮ ਤੋਂ ਵਿਹਲੇ ਕਰ ਰਹੀਆਂ ਹਨ। ਐਪਸਟੀਨ ਫਾਈਲਾਂ ਰਾਹੀਂ ਸਰਮਾਏਦਾਰੀ ਦਾ ਸਭ ਤੋਂ ਵਹਿਸ਼ੀ ਰੂਪ ਸਾਹਮਣੇ ਆਇਆ ਹੈ। ਕਮਿਊਨਿਸਟਾਂ ਨੂੰ ਸਿਰਫ ਇਕੱਠੇ ਹੋਕੇ ਕੰਮ ਕਰਨ ਦੇ ਨਾਅਰੇ ਹੀ ਨਹੀਂ ਲਾਉਣੇ ਚਾਹੀਦੇ, ਸਗੋਂ ਮਿਲ ਬੈਠ ਕੇ ਵਿਚਾਰ ਕਰਨੀ ਚਾਹੀਦੀ ਹੈ ਕਿ ਸਾਹਮਣੇ ਖੜ੍ਹੀਆਂ ਨਵੀਆਂ ਚੁਣੌਤੀਆਂ ਦਾ ਸਾਹਮਣਾ ਕਰਨਾ ਕਿਵੇਂ ਹੈ, ਲੋਕ ਸੌਖੇ ਕਿਵੇਂ ਹੋ ਸਕਦੇ ਹਨ, ਕਿਵੇਂ ਤੇ ਕਿਹੜਾ ਪ੍ਰੋਗਰਾਮ ਉਨ੍ਹਾਂ ਦੇ ਹੱਕ ਦਾ ਹੈ।



ਹੋਰਨਾਂ ਤੋਂ ਇਲਾਵਾ ਕੁਲਦੀਪ ਭੋਲਾ ਜ਼ਿਲ੍ਹਾ ਸਕੱਤਰ ਸੀ ਪੀ ਆਈ, ਨਰਿੰਦਰ ਕੌਰ ਸੋਹਲ ਸੂਬਾ ਸਕੱਤਰ ਇਸਤਰੀ ਸਭਾ, ਸੂਰਤ ਸਿੰਘ ਧਰਮਕੋਟ ਜ਼ਿਲ੍ਹਾ ਪ੍ਰਧਾਨ ਕੁਲ ਹਿੰਦ ਕਿਸਾਨ ਸਭਾ, ਸਰਬਜੀਤ ਸਿੰਘ ਦੌਧਰ, ਜਗਜੀਤ ਸਿੰਘ ਮੈਂਬਰ ਕੰਟਰੋਲ ਕਮਿਸ਼ਨ ਪੰਜਾਬ,

• ਬਾਕੀ ਸਫਾ 2 'ਤੇ

## ਅੱਜ-ਨਾਮਾ

ਫਸਲ ਬੀਮੇ ਦਾ ਹੋ ਗਿਆ ਕੋਈ ਘਪਲਾ,
ਰਾਜਸਥਾਨ ਤੋਂ ਖਬਰ ਕੁਝ ਆਈ ਬੇਲੀ।
ਮੈਨੇਜਰ ਬੈਂਕ ਦਾ ਕਰ ਗਿਆ ਖੇਡ ਪੂਰੀ,
ਇੰਸ਼ੋਰੈਂਸ ਟੀਮ ਹੈ ਨਾਲ ਮਿਲਾਈ ਬੇਲੀ।
ਮਾਮਲਾ ਲੱਖਾਂ ਦੇ ਤੀਕ ਨਾ ਰਿਹਾ ਸੀਮਤ,
ਕਰੋੜਾਂ ਵਾਲੀ ਇਹ ਕਰੀ ਕਮਾਈ ਬੇਲੀ।
ਉਨ੍ਹਾਂ ਖੇਤਾਂ ਲਈ ਬੀਮਾ ਹੈ ਗਿਆ ਕੀਤਾ,
ਜਿੱਥੇ ਬੀਜੀ ਨਹੀਂ ਫਸਲ ਉਗਾਈ ਬੇਲੀ।
ਕਹਿੰਦੇ ਚੋਰਾਂ ਦਾ ਬਹੁਤ ਦਿਮਾਗ ਚੱਲਦਾ,
ਤਦ ਹੀ ਦਾਅ ਉਹ ਜਾਂਦੇ ਨੇ ਮਾਰ ਬੇਲੀ।
ਲਾ ਕੇ ਦਾਅ ਤੇ ਜਦੋਂ ਫਿਰ ਖਿਸਕ ਜਾਂਦੇ,
ਕਰਦੀ ਜਾਂਚ ਜਿਹੀ ਸ਼ੁਰੂ ਸਰਕਾਰ ਬੇਲੀ।

-ਤੀਸ ਮਾਰ ਖਾਂ

## ਤਰਕਸ਼ੀਲ ਮੇਲੇ 'ਚ ਨਾਟਕ ਨੇ ਉਭਾਰਿਆ ਸਵਾਲ : ਕਿੱਥੇ ਐ ਸਾਡੇ ਹਿੱਸੇ ਦੀ ਜ਼ਮੀਨ?

**ਸ਼ਾਹਕੋਟ. (ਗਿਆਨ ਸੈਦਪੁਰੀ)**

ਤਰਕਸ਼ੀਲ ਸੁਸਾਇਟੀ ਪੰਜਾਬ ਦੀ ਇਕਾਈ ਸ਼ਾਹਕੋਟ ਵੱਲੋਂ ਕਰਵਾਏ ਗਏ ਤਰਕਸ਼ੀਲ ਨਾਟਕ ਮੇਲੇ 'ਚ ਅਦਾਕਾਰ ਮੰਚ ਮੋਹਾਲੀ ਵੱਲੋਂ ਖੇਡਿਆ ਗਿਆ ਨਾਟਕ 'ਲੱਛੂ ਕਬਾੜੀਆ' ਸਦੀਆਂ ਤੋਂ ਲਿਤਾੜੇ ਦਲਿਤ ਵਰਗ ਦੀ ਦੁੱਖਾਂ ਭਰੀ ਕਹਾਣੀ ਬਿਆਨ ਕਰਨ ਵਿੱਚ ਪੂਰੀ ਤਰ੍ਹਾਂ ਸਫਲ ਰਿਹਾ। ਨਾਟਕ ਵੇਖਦਿਆਂ ਜਿੱਥੇ ਦਰਸ਼ਕਾਂ ਦੀਆਂ ਪਲਕਾਂ 'ਚ ਅੱਥਰੂ ਤੈਰਦੇ ਰਹੇ, ਉੱਥੇ ਜ਼ਿੰਦਗੀ ਨੂੰ ਚੰਗੇਰਾ ਬਣਾਉਣ ਲਈ ਉਤਸ਼ਾਹ ਤੇ ਊਰਜਾ ਵੀ ਮਿਲਦੀ ਰਹੀ। ਡਾ. ਸਾਹਿਬ ਸਿੰਘ ਦੀ ਇਹ ਕਲਾਤਮਿਕ ਪੇਸ਼ਕਾਰੀ ਅਨੇਕਾਂ ਸਵਾਲ ਖੜੇ ਕਰਦੀ ਰਹੀ ਅਤੇ ਉਨ੍ਹਾਂ ਦੇ ਹੱਲ ਲਈ ਹੱਲਾਸ਼ੇਰੀ ਵੀ ਦਿੰਦੀ ਰਹੀ।ਨਾਟਕ ਵਿੱਚ ਇੱਕ ਥਾਂ ਪੱਠਿਆਂ ਦੀ ਪੰਡ ਬਦਲੇ ਮਜ਼ਦੂਰ ਔਰਤ ਦੀ ਪੱਤ ਦੇ ਸਵਾਲ 'ਤੇ ਪੇਂਡੂ ਧਨਾਡ ਨਾਲ ਨਾਟਕ ਦਾ ਪਾਤਰ ਖਹਿਬੜਦਾ ਹੈ ਤਾਂ ਉਹ ਅੱਗੋਂ ਕਹਿੰਦਾ ਹੈ, 'ਜੇ ਅਣਖ ਏਨੀ ਆਂ ਹੁਜਾਂ ਮਾਰਦੀ ਹੈਂ ਤਾਂ ਆਪਣੀ ਜ਼ਮੀਨ ਖਰੀਦ ਲੈ' ਉਸ ਵੇਲੇ 'ਲੱਛੂ' ਤੜਪ ਨਾਲ ਭਰ ਜਾਂਦਾ ਹੈ ਤੇ ਜ਼ੋਰ ਨਾਲ ਆਵਾਜ਼ ਉਠਾਉਂਦਾ ਸਵਾਲ ਪੁੱਛਦਾ ਹੈ ਕਿ ਕਿੱਥੇ ਹੈ ਸਾਡੇ ਹਿੱਸੇ ਦੀ ਜ਼ਮੀਨ? ਦਰਅਸਲ ਨਾਟਕ ਦੇ ਪਾਤਰ ਵੱਲੋਂ ਉਠਾਇਆ ਇਹ ਸਵਾਲ ਛੋਟਾ ਨਹੀਂ, ਬਲਕਿ ਬਹੁਤ ਵੱਡਾ ਹੈ। ਇਹ ਸਮੁੱਚੇ ਦਲਿਤ ਵਰਗ ਦੀ ਹੋਣੀ ਨਾਲ ਜੁੜਿਆ ਹੋਇਆ ਹੈ। ਦੁੱਖਾਂ-ਦਰਦਾਂ ਦੀਆਂ ਅਨੇਕਾਂ ਕਹਾਣੀਆਂ ਪਾਉਂਦਾ ਇਹ ਨਾਟਕ ਉਸ ਵੇਲੇ ਸੁਖਾਂਤ ਵੱਲ ਮੋੜਾ ਕੱਟ ਲੈਂਦਾ ਹੈ, ਜਦੋਂ ਪਿੰਡ ਦੀ ਕਿਸਾਨੀ ਧਿਰ ਦਾ ਬਖਤੌਰ ਸਿੰਘ ਲੱਛੂ ਨਾਲ ਕਰੰਗੜੀ ਪਾਉਂਦਾ ਹੈ। ਕਿਸਾਨਾਂ ਤੇ ਮਜ਼ਦੂਰਾਂ ਦਾ ਇਕੱਠੇ ਹੋ ਕੇ ਨਵੇਂ ਰਾਹ ਤਲਾਸ਼ਣ ਦੀ ਪ੍ਰੇਰਨਾ ਦਾ ਬਿਰਤਾਂਤ ਸਿਰਜਦਾ ਨਾਟਕ ਸਮਾਪਤ ਹੁੰਦਾ ਹੈ।



'ਲੱਛੂ ਕਬਾੜੀਆ' ਨਾਟਕ ਦੀ ਪੇਸ਼ਕਾਰੀ ਦੌਰਾਨ ਡਾ. ਸਾਹਿਬ ਸਿੰਘ।

ਤਰਕਸ਼ੀਲ ਮੇਲੇ ਵਿੱਚ ਨਾਟਕ ਤੋਂ ਪਹਿਲਾਂ ਅਵਤਾਰ ਚੜਿੱਕ ਤੇ ਵਰਮਾ ਵੱਲੋਂ ਭੰਡਾਂ ਦੀ ਪੇਸ਼ਕਾਰੀ ਰਾਹੀਂ ਸਿਆਸੀ ਲੋਕਾਂ 'ਤੇ ਖੂਬ ਤਨਜ਼ ਕੱਸੇ। ਫੁਲਵਾੜੀ ਸਕੂਲ ਲੋਹੀਆਂ ਖਾਸ ਦੀਆਂ ਵਿਦਿਆਰਥਣਾਂ ਵੱਲੋਂ ਸ਼ਾਨਦਾਰ ਮਲਵਈ ਗਿੱਧਾ ਪੇਸ਼ ਕੀਤਾ ਗਿਆ। ਇਹ ਗਿੱਧਾ ਦਰਸ਼ਕਾਂ 'ਤੇ ਬਹੁਤ ਵਧੀਆ ਪ੍ਰਭਾਵ ਛੱਡ ਗਿਆ।

ਤਰਕਸ਼ੀਲ ਸੁਸਾਇਟੀ ਪੰਜਾਬ ਦੇ ਸੂਬਾਈ ਆਗੂ ਭੂਰਾ ਸਿੰਘ ਮਹਿਮਾ ਸਰਜਾ ਨੇ ਇਤਿਹਾਸਕ ਹਵਾਲਿਆਂ ਨਾਲ ਅੰਧ-ਵਿਸ਼ਵਾਸ ਨਾਲ ਹੁੰਦੇ ਨੁਕਸਾਨ ਬਾਰੇ ਭਰਪੂਰ ਜਾਣਕਾਰੀ ਦਿੱਤੀ। ਉਨ੍ਹਾਂ ਵਿਗਿਆਨਕ ਵਿਚਾਰਧਾਰਾ ਦੇ ਧਾਰਨੀ ਬਣਨ ਦਾ ਸੁਨੇਹਾ ਦਿੰਦਿਆਂ ਕਿਹਾ ਕਿ ਵਿਗਿਆਨਕ ਹੋਣਾ ਹੋਰ ਗੱਲ ਹੈ, ਪਰ ਵਿਗਿਆਨਕ ਦ੍ਰਿਸ਼ਟੀਕੋਣ ਵਧੇਰੇ ਮਹੱਤਵਪੂਰਨ ਹੈ। ਪ੍ਰਬੰਧਕਾਂ ਨੇ ਰਤਨ ਪਾਲ ਮਹਿਮੀ, ਸੰਤੋਖ ਸਿੰਘ ਮਹਿਮੀ (ਇੰਗਲੈਂਡ) ਅਤੇ ਸੋਹਣ ਸਿੰਘ ਥਿੰਦ (ਯੂ ਐੱਸ ਏ) ਨੂੰ ਸਨਮਾਨਿਤ ਕੀਤਾ। ਪਿਛਲੇ ਸਾਲ ਸੁਸਾਇਟੀ ਵੱਲੋਂ ਲਈ ਗਈ ਚੇਤਨਾ ਪਰਖ ਪ੍ਰੀਖਿਆ ਵਿੱਚ ਚੰਗੀ ਕਾਰਗੁਜ਼ਾਰੀ ਦਿਖਾਉਣ ਵਾਲੇ ਵਿਦਿਆਰਥੀਆਂ ਨੂੰ ਵੀ ਸਨਮਾਨਿਤ ਕੀਤਾ ਗਿਆ। ਤਰਕਸ਼ੀਲ ਮੇਲੇ ਦੇ ਸ਼ੁਰੂ ਵਿੱਚ ਅਮਨ ਬਾਗਪੁਰ ਨੇ ਸਭ ਦਾ ਸਵਾਗਤ ਕੀਤਾ। ਜਿੰਦਰ ਬਾਗਪੁਰ ਨੇ ਸਟੇਜ ਸੰਚਾਲਨ ਕੀਤਾ।ਅੰਤ ਵਿੱਚ ਤਰਕਸ਼ੀਲ ਸੁਸਾਇਟੀ ਦੀ ਇਕਾਈ ਸ਼ਾਹਕੋਟ ਦੇ ਮੁਖੀ ਪ੍ਰਿੰਸੀਪਲ ਮਨਜੀਤ ਸਿੰਘ ਮਲਸੀਆਂ ਨੇ ਸਭ ਦਾ ਧੰਨਵਾਦ ਕੀਤਾ।

## ਮਨੁੱਖੀ ਤਸਕਰੀ ਲਈ ਮੁੰਬਈ ਹਵਾਈ ਅੱਡਾ ਬਣਿਆ ਪਹਿਲੀ ਪਸੰਦ : ਸੀਚੇਵਾਲ

**ਨਵੀਂ ਦਿੱਲੀ** - ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਸੰਸਦ ਦੇ ਬਜਟ ਇਜਲਾਸ ਦੇ ਆਖ਼ਰੀ ਦਿਨ ਮਨੁੱਖੀ ਤਸਕਰੀ ਅਤੇ ਵਿਦੇਸ਼ਾਂ ਵਿਚ ਫਸੇ ਭਾਰਤੀ ਨਾਗਰਿਕਾਂ ਦਾ ਗੰਭੀਰ ਮਸਲਾ ਉਠਾਇਆ। ਉਨ੍ਹਾਂ ਸਦਨ ਦਾ ਧਿਆਨ ਇਸ ਵੱਲ ਦਿਵਾਇਆ ਕਿ ਇਕ ਪਾਸੇ ਖਾੜੀ ਦੇਸ਼ਾਂ ਵਿਚ ਭਾਰਤੀ ਧੀਆਂ ਦਾ ਸ਼ੋਸ਼ਣ ਹੋ ਰਿਹਾ ਹੈ, ਜਦ ਕਿ ਦੂਜੇ ਪਾਸੇ ਰੂਸ-ਯੂਕਰੇਨ ਜੰਗ ਦੇ ਮੈਦਾਨਾਂ ਵਿਚ ਗਰੀਬ ਪਰਿਵਾਰਾਂ ਦੇ ਨੌਜਵਾਨਾਂ ਨੂੰ ਜੰਗ ਵੱਲ ਧੱਕਿਆ ਜਾ ਰਿਹਾ ਹੈ। ਸੰਤ ਸੀਚੇਵਾਲ ਨੇ ਕਿਹਾ ਕਿ ਟਰੈਵਲ ਏਜੰਟਾਂ ਦੇ ਗਿਰੋਹ ਗਰੀਬੀ, ਬੇਰੋਜ਼ਗਾਰੀ ਅਤੇ ਮਜ਼ਬੂਰੀ ਦਾ ਫਾਇਦਾ ਚੁੱਕਦੇ ਹੋਏ ਅਣਵਿਆਹੀਆਂ ਲੜਕੀਆਂ ਅਤੇ ਗਰੀਬ ਔਰਤਾਂ ਨੂੰ ਨਿਸ਼ਾਨਾ ਬਣਾ ਰਹੇ ਹਨ। ਉਨ੍ਹਾਂ ਨੂੰ ਉੱਚੀਆਂ ਤਨਖਾਹਾਂ ਅਤੇ ਘਰੇਲੂ ਨੌਕਰੀਆਂ ਦੇ ਝੂਠੇ ਵਾਅਦੇ ਕਰਕੇ ਖਾੜੀ ਦੇਸ਼ਾਂ ਵਿਚ ਭੇਜਿਆ ਜਾਂਦਾ ਹੈ। ਉੱਥੇ ਪਹੁੰਚਣ ਉਪਰੰਤ ਪੀੜਤਾਂ ਦੇ ਪਾਸਪੋਰਟ ਜ਼ਬਤ ਕਰ ਲਏ ਜਾਂਦੇ ਹਨ, ਅਰਬੀ ਭਾਸ਼ਾ ਵਿਚ ਲਿਖੇ ਇਕਰਾਰਨਾਮਿਆਂ 'ਤੇ ਜ਼ਬਰਦਸਤੀ ਦਸਤਖ਼ਤ ਕਰਵਾਏ ਜਾਂਦੇ ਹਨ ਅਤੇ ਉਨ੍ਹਾਂ ਨਾਲ ਸਰੀਰਕ ਤੇ ਮਾਨਸਿਕ ਸ਼ੋਸ਼ਣ ਕੀਤਾ ਜਾਂਦਾ ਹੈ। ਬਹੁਤੀਆਂ ਨੂੰ ਤਨਖ਼ਾਹ ਨਹੀਂ ਦਿੱਤੀ ਜਾਂਦੀ ਅਤੇ ਪਰਿਵਾਰ ਨਾਲ ਸੰਪਰਕ ਵੀ ਤੋੜ ਦਿੱਤਾ ਜਾਂਦਾ ਹੈ, ਜਿਸ ਕਾਰਨ ਉਹ ਗੁਲਾਮੀ ਵਰਗੀ ਜ਼ਿੰਦਗੀ ਜੀਣ ਲਈ ਮਜਬੂਰ ਹੋ ਜਾਂਦੀਆਂ ਹਨ। ਉਨ੍ਹਾਂ ਕਿਹਾ ਕਿ ਮਨੁੱਖੀ ਤਸਕਰੀ ਲਈ ਮੁੰਬਈ ਹਵਾਈ ਅੱਡਾ ਟਰੈਵਲ ਏਜੰਟਾਂ ਲਈ 'ਪਹਿਲੀ ਪਸੰਦ' ਬਣ ਰਿਹਾ ਹੈ । ਉਨ੍ਹਾਂ ਵਿਦੇਸ਼ ਮੰਤਰਾਲੇ ਅਤੇ ਓਮਾਨ ਵਿੱਚ ਭਾਰਤੀ ਦੂਤਾਵਾਸ ਦੇ ਯਤਨਾਂ ਦੀ ਸ਼ਲਾਘਾ ਕਰਦਿਆਂ ਦੱਸਿਆ ਕਿ ਉਨ੍ਹਾਂ ਦੀ ਕੋਸ਼ਿਸ਼ ਨਾਲ 135 ਭਾਰਤੀ ਲੜਕੀਆਂ ਨੂੰ ਸੁਰੱਖਿਅਤ ਵਾਪਸ ਲਿਆਂਦਾ ਗਿਆ ਹੈ। ਇਸ ਦੇ ਬਾਵਜੂਦ ਉਨ੍ਹਾਂ ਸਵਾਲ ਉਠਾਇਆ ਕਿ ਆਖ਼ਰ ਮਨੁੱਖੀ ਤਸਕਰੀ ਦਾ ਇਹ ਘਿਨੌਣਾ ਧੰਦਾ ਕਦੋਂ ਰੁਕੇਗਾ।

CMYK

16-Feb-PAGE-1.qxd 2/15/2026 9:26 PM Page 2



# ਡਾ. ਬਲਜੀਤ ਕੌਰ ਨੇ ਲਾਇਬ੍ਰੇਰੀ, ਸੜਕਾਂ ਤੇ ਬੈਂਕ ਸ਼ਾਖਾ ਦਾ ਕੀਤਾ ਉਦਘਾਟਨ



**ਮਲੋਟ/ਗਿੱਦੜਬਾਹਾ (ਜਸਵੰਤ ਗਿੱਲ ਛੱਤੇਆਣਾ)**- ਮਲੋਟ ਹਲਕੇ 'ਚ ਉਸ ਸਮੇਂ ਵਿਕਾਸ ਦੀ ਇੱਕ ਨਵੀਂ ਸਵੇਰ ਦਾ ਅਗਾਜ਼ ਹੋਇਆ, ਜਦੋਂ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਵੱਲੋਂ ਸਿੱਖਿਆ, ਸੜਕ ਸੁਵਿਧਾਵਾਂ, ਵਿੱਤੀ ਸੇਵਾਵਾਂ ਤੇ ਖੇਡਾਂ ਨਾਲ ਸਬੰਧਤ ਕਈ ਮਹੱਤਵਪੂਰਨ ਪ੍ਰੋਜੈਕਟਾਂ ਦਾ ਉਦਘਾਟਨ ਕੀਤਾ ਗਿਆ।ਇਸ ਮੌਕੇ ਬੋਲਦਿਆਂ ਮੰਤਰੀ ਬਲਜੀਤ ਕੌਰ ਨੇ ਕਿਹਾ ਕਿ ਇਹ ਉਪਰਾਲੇ ਨਾ ਸਿਰਫ਼ ਖੇਤਰ ਦੀ ਭੌਤਿਕ ਤਰੱਕੀ ਨੂੰ ਮਜ਼ਬੂਤ ਕਰਦੇ ਹਨ, ਸਗੋਂ ਸਮਾਜਿਕ ਤੇ ਆਰਥਿਕ ਪੱਖੋਂ ਵੀ ਨਵੀਂ ਦਿਸ਼ਾ ਦਿੰਦੇ ਹਨ। ਪਿੰਡ ਫਕਰਸਰ ਵਿੱਚ ਨਵੀਂ ਲਾਇਬ੍ਰੇਰੀ ਦਾ ਉਦਘਾਟਨ ਕਰਦਿਆਂ ਡਾ. ਬਲਜੀਤ ਕੌਰ ਨੇ ਕਿਹਾ ਕਿ ਲਾਇਬ੍ਰੇਰੀਆਂ ਗਿਆਨ ਦੀ ਜੋਤ ਹਨ, ਜੋ ਨੌਜਵਾਨ ਮਨਾਂ ਵਿੱਚ ਸੂਝ-ਬੂਝ ਤੇ ਸੁਪਨਿਆਂ ਦੀ ਚਮਕ ਜਗਾਉਂਦੀਆਂ ਹਨ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸਿੱਖਿਆ ਦੇ ਮਿਆਰ ਨੂੰ ਉੱਚਾ ਚੁੱਕਣ ਤੇ ਨੌਜਵਾਨਾਂ ਨੂੰ ਸਮਰੱਥ ਬਣਾਉਣ ਲਈ ਦ੍ਰਿੜ੍ਹ ਸੰਕਲਪ ਹੈ।ਇਸ ਮੌਕੇ ਪਿੰਡ ਵਿੱਚ ਨਵੀਆਂ ਤਿਆਰ ਹੋਈਆਂ ਸੜਕਾਂ ਦਾ ਵੀ ਉਦਘਾਟਨ ਕੀਤਾ ਗਿਆ, ਜਿਸ ਨਾਲ ਆਵਾਜਾਈ ਦੀਆਂ ਸਹੂਲਤਾਂ ਸੁਧਰਨਗੀਆਂ ਤੇ ਲੋਕਾਂ ਦੇ ਰੋਜ਼ਾਨਾ ਜੀਵਨ ਵਿੱਚ ਸੁਗਮਤਾ ਆਵੇਗੀ। ਮਲੋਟ ਸ਼ਹਿਰ 'ਚ ਦਾਨੇਵਾਲਾ ਚੌਂਕ ਤੋਂ ਛਾਪਿਆਂਵਾਲੀ ਰੋਡ, ਸ੍ਰੀ ਗੁਰੂ ਨਾਨਕ ਦੇਵ ਜੀ ਚੌਕ ਤੋਂ ਅਬੋਹਰ ਰੋਡ ਤੇ ਮਲੋਟ ਤੋਂ ਪੰਨੀਵਾਲਾ ਰੋਡ ਵਰਗੀਆਂ ਅਹਿਮ ਸੜਕਾਂ ਦੇ ਉਦਘਾਟਨ ਮੌਕੇ ਉਨ੍ਹਾਂ ਦੱਸਿਆ ਕਿ ਲਗਭਗ 18 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਹੋ ਰਹੀਆਂ ਇਹ ਸੜਕਾਂ ਸ਼ਹਿਰ ਦੀ ਟ੍ਰੈਫਿਕ ਪ੍ਰਣਾਲੀ ਨੂੰ ਸੁਚਾਰੂ ਬਣਾਉਣ ਦੇ ਨਾਲ-ਨਾਲ ਵਪਾਰਕ ਗਤੀਵਿਧੀਆਂ ਨੂੰ ਵੀ ਗਤੀਸ਼ੀਲ ਕਰਨਗੀਆਂ। ਉਨ੍ਹਾਂ ਭਰੋਸਾ ਦਿਵਾਇਆ ਕਿ ਮਲੋਟ ਖੇਤਰ ਦੀਆਂ ਬਾਕੀ ਸੜਕਾਂ ਦੇ ਨਿਰਮਾਣ ਲਈ ਭੇਜੇ ਗਏ ਅਨੁਮਾਨਾਂ ਉੱਤੇ ਤਰਤੀਬਵਾਰ ਕਾਰਵਾਈ ਕਰਦਿਆਂ ਜਲਦ ਹੀ ਕੰਮ ਸ਼ੁਰੂ ਕਰ ਦਿੱਤਾ ਜਾਵੇਗਾ।ਇਸ ਤੋਂ ਇਲਾਵਾ ਪੰਨੀਵਾਲਾ ਤੋਂ ਸ੍ਰੀ ਮੁਕਤਸਰ ਸਾਹਿਬ ਤੱਕ ਸੜਕ ਦੇ ਨਿਰਮਾਣ ਕਾਰਜ ਨੂੰ ਵੀ ਤੁਰੰਤ ਆਰੰਭ ਕਰਨ ਦੀ ਪ੍ਰਕਿਰਿਆ ਜਾਰੀ ਹੈ। ਪਿੰਡ ਤਰਖਾਣਵਾਲਾ ਵਿੱਚ ਬੈਂਕ ਸ਼ਾਖਾ ਦੇ ਉਦਘਾਟਨ ਸਮਾਰੋਹ ਵਿੱਚ ਸ਼ਿਰਕਤ ਕਰਦਿਆਂ ਉਨ੍ਹਾਂ ਨੇ ਕਿਹਾ ਕਿ ਪਿੰਡ ਪੱਧਰ 'ਤੇ ਬੈਂਕਿੰਗ ਸਹੂਲਤਾਂ ਦੀ ਉਪਲਬਧਤਾ ਲੋਕਾਂ ਨੂੰ ਵਿੱਤੀ ਲੈਣ-ਦੇਣ ਵਿੱਚ ਆਸਾਨੀ ਪ੍ਰਦਾਨ ਕਰੇਗੀ ਤੇ ਸਰਕਾਰੀ ਯੋਜਨਾਵਾਂ ਦਾ ਲਾਭ ਪਾਰਦਰਸ਼ੀ ਤੇ ਸਿੱਧੇ ਢੰਗ ਨਾਲ ਲੋਕਾਂ ਤੱਕ ਪਹੁੰਚੇਗਾ।ਇਸ ਦੇ ਨਾਲ ਹੀ ਪਿੰਡ ਮਹਾਂਬੱਧਰ ਵਿਖੇ ਖੇਡ ਟੂਰਨਾਮੈਂਟ 'ਚ ਹਾਜ਼ਰੀ ਲਗਾਉਂਦਿਆਂ ਡਾ. ਬਲਜੀਤ ਕੌਰ ਨੇ ਨੌਜਵਾਨਾਂ ਨੂੰ ਪ੍ਰੇਰਿਤ ਕੀਤਾ ਕਿ ਖੇਡਾਂ ਸਿਹਤਮੰਦ ਤੇ ਅਨੁਸ਼ਾਸਿਤ ਜੀਵਨ ਦੀ ਨੀਂਹ ਹਨ, ਜੋ ਨਸ਼ਿਆਂ ਤੋਂ ਦੂਰ ਰਹਿਣ ਤੇ ਸਕਾਰਾਤਮਕ ਸੋਚ ਨੂੰ ਮਜ਼ਬੂਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ।


# ਹਜ਼ੂਰ ਸਾਹਿਬ-ਜੰਮੂ ਤਵੀ ਐਕਸਪ੍ਰੈੱਸ ਦੇ ਠਹਿਰਾਅ ਸੰਬੰਧੀ ਪਰਮਜੀਤ ਕੈਂਥ ਨੂੰ ਸੌਂਪਿਆ ਪੱਤਰ



**ਨਾਭਾ (ਵਰਿੰਦਰ ਵਰਮਾ)**- ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਵਿਨੋਦ ਕਾਲੜਾ ਤੇ ਜ਼ਿਲ੍ਹਾ ਸਕੱਤਰ ਮੋਹਿਤ ਸੂਦ ਵੱਲੋਂ ਭਾਜਪਾ ਅਨੁਸੂਚਿਤ ਜਾਤੀ ਮੋਰਚਾ ਪੰਜਾਬ ਦੇ ਉਪ ਪ੍ਰਧਾਨ ਸ੍ਰੀ ਪਰਮਜੀਤ ਸਿੰਘ ਕੈਂਥ ਤੇ ਹੋਰ ਸੀਨੀਅਰ ਪਾਰਟੀ ਨੇਤਾਵਾਂ ਨੂੰ ਇੱਕ ਪੱਤਰ ਲਿਖ ਕੇ ਨਾਭਾ ਦੇ ਲੋਕਾਂ ਦੀ ਇੱਕ ਮਹੱਤਵਪੂਰਨ ਜਨ-ਮੰਗ ਉਠਾਈ ਗਈ ਹੈ।ਇਸ ਮੌਕੇ ਵਿਨੋਦ ਕਾਲੜਾ ਤੇ ਮੋਹਿਤ ਸੂਦ ਬੰਟੀ ਨੇ ਆਪਣੇ ਪੱਤਰ ਵਿੱਚ ਮੰਗ ਕੀਤੀ ਹੈ ਕਿ ਕੇਂਦਰ ਰਾਜ ਮੰਤਰੀ ਸ੍ਰੀ ਰਵਨੀਤ ਸਿੰਘ ਬਿੱਟੂ ਨੂੰ ਅਪੀਲ ਕੀਤੀ ਜਾਵੇ ਕਿ ਟ੍ਰੇਨ ਨੰਬਰ 12752/12751 ਹਜ਼ੂਰ ਸਾਹਿਬ-ਜੰਮੂ ਤਵੀ ਐਕਸਪ੍ਰੈੱਸ ਨੂੰ ਨਾਭਾ ਰੇਲਵੇ ਸਟੇਸ਼ਨ 'ਤੇ ਘੱਟੋ-ਘੱਟ 2 ਮਿੰਟ ਦਾ ਠਹਿਰਾਅ ਦਿੱਤਾ ਜਾਵੇ।ਭਾਜਪਾ ਦੇ ਨੇਤਾਵਾਂ ਸ੍ਰੀ ਵਿਨੋਦ ਕਾਲੜਾ ਤੇ ਮੋਹਿਤ ਸੂਦ ਨੇ ਪਰਮਜੀਤ ਸਿੰਘ ਕੈਂਥ ਨੂੰ ਪੱਤਰ ਸੌਂਪਦੇ ਹੋਏ ਕਿਹਾ ਕਿ ਭਾਵੇਂ ਇਹ ਟ੍ਰੇਨ ਨਾਭਾ ਰਾਹੀਂ ਗੁਜ਼ਰਦੀ ਹੈ, ਪਰ ਇਸ ਦਾ ਇੱਥੇ ਕੋਈ ਸਟਾਪ ਨਹੀਂ ਹੈ, ਜਿਸ ਕਾਰਨ ਨਾਭਾ ਤੇ ਆਸ-ਪਾਸ ਦੇ ਇਲਾਕਿਆਂ ਦੇ ਲੋਕਾਂ ਨੂੰ ਕਾਫੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਹੈ।ਉਨ੍ਹਾਂ ਕਿਹਾ ਕਿ ਸਿਰਫ਼ 2 ਮਿੰਟ ਲਈ ਠਹਿਰਾਅ ਮਨਜ਼ੂਰ ਹੋ ਜਾਵੇ ਤਾਂ ਯਾਤਰੀਆਂ, ਸ਼ਰਧਾਲੂਆਂ ਤੇ ਖੇਤਰ ਵੱਲ ਆਉਣ-ਜਾਣ ਵਾਲੇ ਲੋਕਾਂ ਨੂੰ ਵੱਡੀ ਰਾਹਤ ਮਿਲੇਗੀ।ਇਸ ਮੌਕੇ ਪਰਮਜੀਤ ਸਿੰਘ ਕੈਂਥ ਨੇ ਕਿਹਾ ਕਿ ਇਹ ਮੰਗ ਪੂਰੀ ਤਰ੍ਹਾਂ ਜਨਹਿੱਤ ਨਾਲ ਜੁੜੀ ਹੋਈ ਹੈ ਤੇ ਇਸ ਨਾਲ ਹਜ਼ਾਰਾਂ ਲੋਕਾਂ ਨੂੰ ਆਵਾਜਾਈ ਵਿੱਚ ਸੁਵਿਧਾ ਮਿਲੇਗੀ। ਇਸ ਸਬੰਧੀ ਰੇਲਵੇ ਰਾਜ ਮੰਤਰੀ ਸਰਦਾਰ ਰਵਨੀਤ ਸਿੰਘ ਬਿੱਟੂ ਨੂੰ ਨਿੱਜੀ ਤੌਰ 'ਤੇ ਮਿਲ ਕੇ ਇਸ ਗੰਭੀਰ ਮਾਮਲੇ ਵਿੱਚ ਤੁਰੰਤ ਦਖ਼ਲ ਦੇਣ ਦੀ ਅਪੀਲ ਕੀਤੀ ਜਾਵੇਗੀ ਤਾਂ ਜੋ ਨਾਭਾ ਵਾਸੀਆਂ ਨੂੰ ਆ ਰਹੀ ਪ੍ਰੇਸ਼ਾਨੀ ਤੋਂ ਰਾਹਤ ਮਿਲ ਸਕੇ।

## ਮਾਨ ਦੀ ਨਿਯੁਕਤੀ 'ਤੇ ਹਲਕਾ ਰਾਮਪੁਰਾ ਫੂਲ 'ਚ ਖੁਸ਼ੀ ਦੀ ਲਹਿਰ

**ਭਗਤਾ ਭਾਈ ਕਾ (ਰਾਜੀਵ ਗੋਇਲ)** ਸਥਾਨਕ ਸ਼ਹਿਰ ਨਾਲ ਸੰਬੰਧਤ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਤੇ ਪੰਜਾਬ ਖਾਦੀ ਤੇ ਗ੍ਰਾਮ ਉਦਯੋਗ ਬੋਰਡ ਦੇ ਸਾਬਕਾ ਚੇਅਰਮੈਨ ਇੰਦਰਜੀਤ ਸਿੰਘ ਮਾਨ ਵੱਲੋਂ ਮਾਰਕਫੈੱਡ ਦੇ ਬਤੌਰ ਚੇਅਰਮੈਨ ਵਜੋਂ ਅਹੁਦਾ ਸੰਭਾਲਣ 'ਤੇ ਹਲਕਾ ਰਾਮਪੁਰਾ ਫੂਲ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ ਹੈ।



ਬੀਤੇ ਦਿਨੀਂ ਮਾਰਕਫੈੱਡ ਦੇ ਚੰਡੀਗੜ੍ਹ ਸਥਿਤ ਦਫਤਰ ਵਿਖੇ ਇੰਦਰਜੀਤ ਸਿੰਘ ਮਾਨ ਦੀ ਤਾਜਪੋਸ਼ੀ ਸਮਾਗਮ ਮੌਕੇ ਭਾਰੀ ਗਿਣਤੀ ਵਿੱਚ ਸਮਰਥਕਾਂ ਨੇ ਹਿੱਸਾ ਲਿਆ।ਗੱਲਬਾਤ ਕਰਦਿਆਂ ਨਵ-ਨਿਯੁਕਤ ਚੇਅਰਮੈਨ ਮਾਨ ਵੱਲੋਂ ਜਿੱਥੇ ਸਮਾਗਮ ਵਿੱਚ ਸ਼ਿਰਕਤ ਕਰਨ ਵਾਲੇ ਸਮਰਥਕਾਂ ਦਾ ਧੰਨਵਾਦ ਕੀਤਾ ਗਿਆ ਹੈ, ਉੱਥੇ ਹੀ ਉਨ੍ਹਾਂ ਵੱਲੋਂ ਬਤੌਰ ਚੇਅਰਮੈਨ ਨਿਯੁਕਤ ਕੀਤੇ ਜਾਣ 'ਤੇ ਪਾਰਟੀ ਸੁਪਰੀਮੋ ਅਰਵਿੰਦ ਕੇਜਰੀਵਾਲ, ਮਨੀਸ਼ ਸਿਸੋਦੀਆ, ਸੂਬੇ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਸਮੇਤ ਸਮੂਹ ਪਾਰਟੀ ਹਾਈਕਮਾਨ ਦਾ ਵੀ ਧੰਨਵਾਦ ਕੀਤਾ ਗਿਆ ਹੈ।

## ਚੁਨਾਗਰਾ ਦੇ ਲੋਕ ਪੀਣ ਵਾਲੇ ਪਾਣੀ ਨੂੰ ਤਰਸੇ, ਚਾਰ ਸਾਲਾਂ ਤੋਂ ਬੰਦ ਵਾਟਰ ਵਰਕਸ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)** ਸਬ ਡਵੀਜ਼ਨ ਪਾਤੜਾਂ ਅਧੀਨ ਆਉਂਦੇ ਸ਼ਹਿਰ ਦੇ ਨਾਲ ਲੱਗਦੇ ਪਿੰਡ ਚੁਨਾਗਰਾ ਦਾ ਵਾਟਰ ਵਰਕਸ ਪਿਛਲੇ ਚਾਰ ਸਾਲਾਂ ਤੋਂ ਬੰਦ ਪਿਆ ਹੈ।ਵਾਟਰ ਵਰਕਸ ਬੰਦ ਹੋਣ ਕਾਰਨ ਪੀਣ ਵਾਲੇ ਪਾਣੀ ਦੀ ਸਪਲਾਈ ਪਿੰਡ ਵਿੱਚ ਨਹੀਂ ਹੋ ਰਹੀ, ਜਿਸ ਕਾਰਨ ਪਿੰਡ ਦੇ ਲੋਕ ਪੀਣ ਵਾਲੇ ਸਾਫ ਸੁਥਰੇ ਪਾਣੀ ਨੂੰ ਤਰਸ ਰਹੇ ਹਨ।ਪਿੰਡ ਦੇ ਲੋਕ ਵੱਖ-ਵੱਖ ਚੱਲਣ ਦੀ ਉਡੀਕ ਕਰ ਰਹੇ ਹਨ। ਪਾਣੀ ਦੀ ਸਪਲਾਈ ਨਾ ਮਿਲਣ ਤੋਂ ਔਖੇ ਲੋਕਾਂ ਵੱਲੋਂ ਪਿੰਡ ਪਿੰਡ ਜਾ ਕੇ ਲੋਕਾਂ ਦੀਆਂ ਸਮੱਸਿਆਵਾਂ ਸੁਣ ਰਹੇ ਵਿਧਾਨ ਸਭਾ ਹਲਕਾ ਸ਼ੁਤਰਾਣਾ ਦੇ ਸਰਗਰਮ ਲੋਕ ਆਗੂ ਡਾਕਟਰ ਜਤਿੰਦਰ ਸਿੰਘ ਮੱਟੂ ਮੰਗ ਪੱਤਰ ਦੇ ਕੇ ਆਵਾਜ਼ ਉਠਾਏ ਜਾਣ ਦੀ ਮੰਗ ਕੀਤੀ ਹੈ। ਚੁਨਾਗਰਾ ਵਾਸੀ ਪੰਚਾਇਤ ਮੈਂਬਰ ਜਸਵਿੰਦਰ ਸਿੰਘ, ਕਰਮ ਸਿੰਘ, ਜਸਵਿੰਦਰ ਨਾਥ ਜੱਸੀ, ਜਸਵੀਰ ਖਾਨ, ਸਾਬਕਾ ਮੈਂਬਰ ਮੱਖਣ ਸਿੰਘ, ਕਾਕਾ ਸਿੰਘ, ਕ੍ਰਿਸ਼ਨ ਸਿੰਘ, ਪ੍ਰਿਤਪਾਲ ਸਿੰਘ, ਜੱਗਾ ਸਿੰਘ, ਜੀਵਨ ਸਿੰਘ, ਗਿਆਨੀ ਸਿੰਘ, ਧੀਰਾ ਸਿੰਘ, ਮੱਘਰ ਸਿੰਘ ਆਦਿ ਨੇ ਦੱਸਿਆ ਕਿ ਪਿੰਡ ਦਾ ਵਾਟਰਵਰਕਸ ਬੰਦ ਹੋਣ ਕਾਰਨ ਲੋਕਾਂ ਨੂੰ ਭਾਰੀ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ, ਪਰ ਸਰਕਾਰ ਵੱਲੋਂ ਵੱਡੇ ਵੱਡੇ ਦਾਅਵਿਆਂ ਦੇ ਬਾਵਜੂਦ ਬੁਨਿਆਦੀ ਸਹੂਲਤ ਦੇ ਤੌਰ 'ਤੇ ਪੀਣ ਵਾਲਾ ਪਾਣੀ ਮੁਹੱਈਆ ਕਰਵਾਉਣ ਦਾ ਪ੍ਰਬੰਧ ਨਹੀਂ ਕੀਤਾ ਜਾ ਰਿਹਾ।ਪਿੰਡ ਵਾਸੀਆਂ ਨੇ ਦੱਸਿਆ ਕਿ ਪਿੰਡ ਦੀ ਧਰਮਸ਼ਾਲਾ ਵਿੱਚ ਕੋਈ ਸ਼ੈੱਡ ਨਹੀਂ ਬਣਿਆ, ਜਿਸ ਕਰਕੇ ਲੋਕ ਦੁੱਖ ਸੁੱਖ ਦੇ ਸਮਾਗਮ ਕਰਨ ਲਈ ਮੀਂਹ ਕਣੀ ਵਿੱਚ ਭਾਰੀ ਦਿੱਕਤਾਂ ਦਾ ਸਾਹਮਣਾ ਕਰਦੇ ਹਨ।ਚਾਰ ਸਾਲਾਂ ਵਿੱਚ ਲੋਕਾਂ ਦੀਆਂ ਅਜਿਹੀਆਂ ਦੁੱਖ ਤਕਲੀਫਾਂ ਸੁਣਨ ਨਾ ਹੀ ਹਲਕੇ ਦਾ ਵਿਧਾਇਕ ਕਦੇ ਬਹੁੜਿਆ ਤੇ ਨਾ ਹੀ ਸਰਕਾਰ ਦਾ ਕੋਈ ਪ੍ਰਸ਼ਾਸਨਕ ਅਧਿਕਾਰੀ ਲੋਕਾਂ ਦੀਆਂ ਮੁਸ਼ਕਲਾਂ ਦਾ ਹੱਲ ਕਰਨ ਲਈ ਪਿੰਡ ਆਇਆ ਹੈ।

# ਇਤਿਹਾਸਕਾਰ ਹਬੀਬ 'ਤੇ ਹਮਲਾ ਤੇ ਫ਼ਿਲਮਸਾਜ਼ ਨਸੀਰੂਦੀਨ ਸ਼ਾਹ ਦਾ ਸਮਾਗਮ ਰੱਦ ਕਰਨ ਦੀ ਨਿੰਦਾ

**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**- ਇਤਿਹਾਸਕਾਰ ਐੱਸ. ਇਰਫਾਨ ਹਬੀਬ 'ਤੇ ਹਮਲਾ ਕੈਂਪਸਾਂ ਵਿੱਚ ਵਧ ਰਹੀ ਅਸਹਿਣਸ਼ੀਲਤਾ ਨੂੰ ਉਜਾਗਰ ਕਰਦਾ ਹੈ। ਦਿੱਲੀ ਯੂਨੀਵਰਸਿਟੀ ਵਿੱਚ ਇਤਿਹਾਸਕਾਰ 'ਤੇ ਸੁੱਟੀ ਗਈ ਪਾਣੀ ਦੀ ਬਾਲਟੀ ਭਾਰਤੀ ਯੂਨੀਵਰਸਿਟੀਆਂ ਵਿੱਚ ਰੱਦ ਕੀਤੇ ਗਏ ਲੈਕਚਰਾਂ ਅਤੇ ਵਿਘਨ ਪਾਉਣ ਵਾਲੇ ਅਕਾਦਮਿਕ ਸਮਾਗਮਾਂ ਦੀ ਲੜੀ ਵਿੱਚ ਇੱਕ ਹੋਰ ਘਟਨਾ ਹੈ। ਇਸ ਤੋਂ ਪਹਿਲਾਂ ਫਿਲਮੀ ਕਲਾਕਾਰ ਨਸੀਰੂਦੀਨ ਸ਼ਾਹ ਦਾ ਐਨ ਵਕਤ ਮੁੰਬਈ ਯੂਨੀਵਰਸਿਟੀ ਦਾ ਲੈਕਚਰ ਮੁਲਤਵੀ ਕੀਤਾ ਸੀ। ਪ੍ਰੀਤ ਨਗਰ ਸਿਰਲੇਖ ਵਾਲਾ ਕਵਿਤਾ ਤੇ ਕਹਾਣੀ ਪੜ੍ਹਨ ਦਾ ਸੈਸ਼ਨ 1 ਫਰਵਰੀ ਨੂੰ ਮੁੰਬਈ ਦੇ ਕਾਲੀਨਾ ਸਥਿਤ ਯੂਨੀਵਰਸਿਟੀ ਕੈਂਪਸ ਵਿੱਚ ਉਰਦੂ ਭਾਸ਼ਾ ਦੇ ਜਸ਼ਨ ਦੇ ਹਿੱਸੇ ਵਜੋਂ ਆਯੋਜਿਤ ਕੀਤਾ ਜਾਣਾ ਸੀ। ਇਸ ਸਮਾਗਮ ਵਿੱਚ ਸਾਹਿਰ ਲੁਧਿਆਣਵੀ ਤੇ ਫੈਜ਼ ਅਹਿਮਦ ਫੈਜ਼ ਵਰਗੇ ਕਵੀਆਂ ਦੀਆਂ ਰਚਨਾਵਾਂ ਨੂੰ ਪ੍ਰਦਰਸ਼ਤ ਕੀਤਾ ਜਾਣਾ ਸੀ। ਇਨਕਲਾਬੀ ਕੇਂਦਰ ਪੰਜਾਬ ਦੇ ਪ੍ਰਧਾਨ ਨਰਾਇਣ ਦੱਤ ਤੇ ਜਨਰਲ ਸਕੱਤਰ ਕੰਵਲਜੀਤ ਖੰਨਾ ਨੇ ਦੋਵੇਂ ਨਾਮਵਰ ਹਸਤੀਆਂ ਦੀ ਜ਼ੁਬਾਨਬੰਦੀ ਲਈ ਭਾਜਪਾ ਹਕੂਮਤ ਦੀ ਸ਼ਹਿ 'ਤੇ ਭਗਵਾਂਧਾਰੀ ਟੋਲਿਆਂ ਵੱਲੋਂ ਫ਼ਿਰਕੂ ਫਾਸ਼ੀ ਹੱਲੇ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ। ਆਗੂਆਂ ਮੁਖਤਿਆਰ ਪੂਹਲਾ, ਜਗਜੀਤ ਲਹਿਰਾ ਮੁਹੱਬਤ ਤੇ ਜਸਵੰਤ ਜੀਰਖ ਨੇ ਕਿਹਾ ਕਿ ਮੋਦੀ ਹਕੂਮਤ ਦੀ ਸ਼ਹਿ 'ਤੇ ਇਹ ਹਮਲਾ ਦੋ ਵਿਅਕਤੀਆਂ 'ਤੇ ਨਹੀਂ ਸਗੋਂ ਵਿਚਾਰਾਂ ਦੇ ਪ੍ਰਗਟਾਵੇ ਦੀ ਅਜ਼ਾਦੀ ਉੱਪਰ ਹਮਲਾ ਹੈ। ਇਨਕਲਾਬੀ ਕੇਂਦਰ ਪੰਜਾਬ ਨੇ ਮੁਲਕ ਦੀਆਂ ਇਨਕਲਾਬੀ ਜਮਹੂਰੀ ਇਨਸਾਫ਼ ਪਸੰਦ ਜਮਹੂਰੀ ਸ਼ਕਤੀਆਂ ਨੂੰ ਇੱਕ-ਜੁੱਟ ਹੋ ਕੇ ਆਵਾਜ਼ ਬੁਲੰਦ ਕਰਨ ਦਾ ਸੱਦਾ ਦਿੱਤਾ ਹੈ।

# ਭਾਰਤੀ ਕਿਸਾਨ ਯੂਨੀਅਨ ਪੰਜਾਬ ਵੱਲੋਂ ਫਿਰੋਜ਼ਪੁਰ ਤੇ ਮੋਗਾ ਜ਼ਿਲ੍ਹੇ ਦੀ ਚੋਣ

**ਮੱਖੂ (ਰਛਪਾਲ ਸਿੰਘ ਸੰਧੂ)** ਭਾਰਤੀ ਕਿਸਾਨ ਯੂਨੀਅਨ ਪੰਜਾਬ ਵੱਲੋਂ ਗੁਰਦੁਆਰਾ ਬਾਬਾ ਬਾਠਾਂ ਵਾਲਾ ਮਖੂ ਵਿਖੇ ਸੂਬਾ ਪ੍ਰਧਾਨ ਫੁਰਮਾਨ ਸਿੰਘ ਸੰਧੂ, ਭੁਪਿੰਦਰ ਸਿੰਘ ਔਲਖ ਸੂਬਾ ਜਨਰਲ ਸਕੱਤਰ ਤੇ ਸਮੂਹ ਪੰਜਾਬ ਕਮੇਟੀ ਵੱਲੋਂ ਫਿਰੋਜ਼ਪੁਰ ਤੇ ਮੋਗਾ ਜ਼ਿਲ੍ਹਿਆਂ ਦੀ ਚੋਣ ਛੇ ਮੈਂਬਰੀ ਕਮੇਟੀ ਬਣਾ ਕੇ ਕਰਵਾਈ ਗਈ।ਇਨ੍ਹਾਂ ਵਿੱਚ ਬਾਪੂ ਗੁਰਦੇਵ ਸਿੰਘ ਸਰਪ੍ਰਸਤ, ਗੁਰਚਰਨ ਸਿੰਘ ਪੀਰ ਮੁਹੰਮਦ, ਜੋਗਿੰਦਰ ਸਿੰਘ ਸਭਰਾਂ, ਫਤਿਹ ਸਿੰਘ ਭਿੰਡਰ, ਦਵਿੰਦਰ ਸਿੰਘ ਸਰਾਂ, ਗੈਰੀ ਸਿੰਘ ਬੰਡਾਲਾ, ਸਮੇਤ ਭੁਪਿੰਦਰ ਸਿੰਘ ਔਲਖ ਸੂਬਾ ਜਨਰਲ ਸਕੱਤਰ ਵੱਲੋਂ ਨਵੀਂ ਬਣੀ ਕਮੇਟੀ ਦਾ ਐਲਾਨ ਕੀਤਾ ਗਿਆ, ਜਿਸ ਨੂੰ ਦੋਵਾਂ ਜ਼ਿਲ੍ਹਿਆਂ ਦੇ ਕਿਸਾਨ ਆਗੂਆਂ ਵੱਲੋਂ ਸੰਪੂਰਨ ਸਮਰਥਨ ਦਿੱਤਾ ਗਿਆ।ਇਸ ਵਿੱਚ ਜ਼ਿਲ੍ਹਾ ਫਿਰੋਜ਼ਪੁਰ ਦੀ ਚੋਣ ਕਰਦਿਆਂ ਹਰਦੀਪ ਸਿੰਘ ਕਰਮੂਵਾਲਾ ਪ੍ਰਧਾਨ ਜ਼ਿਲ੍ਹਾ ਫਿਰੋਜ਼ਪੁਰ, ਸੁਖਵੰਤ ਸਿੰਘ ਖੋਸਾ ਜਰਨਲ ਸਕੱਤਰ, ਦਵਿੰਦਰ ਸਿੰਘ ਸੰਘਾ ਜ਼ਿਲ੍ਹਾ ਖਜ਼ਾਨਚੀ, ਜਰਨੈਲ ਸਿੰਘ ਸਭਰਾਂ ਮੀਤ ਪ੍ਰਧਾਨ, ਸੁਰਿੰਦਰ ਸਿੰਘ ਪੀਰ ਮੁਹੰਮਦ ਮੀਤ ਪ੍ਰਧਾਨ ਤੇ ਕੋਰ ਕਮੇਟੀ ਟੀਮ ਵਿੱਚ ਜ਼ਿਲ੍ਹਾ ਫਿਰੋਜ਼ਪੁਰ ਦੀ ਗੁਰਵਿੰਦਰ ਸਿੰਘ ਮੋਕਮ ਵਾਲਾ, ਗੁਰਪਾਲ ਸਿੰਘ ਸਭਰਾ, ਰਣਜੀਤ ਸਿੰਘ ਬੰਡਾਲਾ, ਮਲਕੀਤ ਸਿੰਘ ਰੋਡੇਵਾਲਾ, ਸੁਖਵਿੰਦਰ ਸਿੰਘ ਭੜਾਣਾ ਦੀ ਚੋਣ ਕੀਤੀ ਗਈ।ਇਸ ਦੇ ਨਾਲ ਹੀ ਜ਼ਿਲ੍ਹਾ ਮੋਗਾ ਦੇ ਪ੍ਰਧਾਨ ਸੁੱਖਾ ਸਿੰਘ ਵਿਰਕ ਵਿਦੇਸ਼ ਜਾਣ ਕਾਰਨ ਤਿੰਨ




ਮਹੀਨੇ ਲਈ ਜਰਨਲ ਸਕੱਤਰ ਹਰਬੰਸ ਸਿੰਘ ਬ੍ਰਹਮਕੇ ਨੂੰ ਜ਼ਿਲ੍ਹਾ ਮੋਗਾ ਦੀ ਜ਼ਿੰਮੇਵਾਰੀ ਸੌਂਪੀ ਗਈ ਅਤੇ ਰਾਜਵੀਰ ਸਿੰਘ ਰਾਜਾ ਰੌਂਤਾ ਨੂੰ ਜ਼ਿਲ੍ਹਾ ਜਨਰਲ ਸਕੱਤਰ, ਸੁਰਜੀਤ ਸਿੰਘ ਰੰਧਾਵਾ ਨੂੰ ਜ਼ਿਲ੍ਹਾ ਪ੍ਰਚਾਰਕ ਸਕੱਤਰ ਦਾ ਅਹੁਦਾ ਦੇ ਕੇ ਨਿਵਾਜਿਆ ਗਿਆ।ਸਾਰੇ ਨਵੇਂ ਚੁਣੇ ਪ੍ਰਧਾਨ ਸਹਿਬਾਨਾਂ ਵੱਲੋਂ ਮਿਲੀ ਜ਼ਿੰਮੇਵਾਰੀ ਨੂੰ ਮੁੱਖ ਰੱਖਦਿਆਂ ਦਿਨ-ਰਾਤ ਜਥੇਬੰਦੀ ਲਈ ਮਿਹਨਤ ਕਰਨ ਦਾ ਵਿਸ਼ਵਾਸ ਦਿਵਾਇਆ ਅਤੇ ਜਥੇਬੰਦੀ ਦੀ ਮਾਣ ਮਰਿਆਦਾ ਨੂੰ ਵਧਾਉਣ ਲਈ ਮਿਹਨਤ ਕਰਨ ਦਾ ਤਹੱਈਆ ਕੀਤਾ।ਇਸ ਮੌਕੇ ਪ੍ਰਗਟ ਸਿੰਘ ਲਹਿਰਾ ਕੋਰ ਕਮੇਟੀ ਮੈਂਬਰ ਪੰਜਾਬ, ਰਾਜਬੀਰ ਸਿੰਘ ਗਿੱਲ ਸੰਧਵਾਂ ਜ਼ਿਲ੍ਹਾ ਪ੍ਰਧਾਨ ਫਰੀਦਕੋਟ, ਸੁਖਚੈਨ ਸਿੰਘ ਬੰਡਾਲਾ ਬਲਾਕ ਪ੍ਰਧਾਨ ਜ਼ੀਰਾ, ਨਿਸ਼ਾਨ ਸਿੰਘ ਮਖੂ ਪ੍ਰਧਾਨ ਬਲਾਕ ਪ੍ਰਧਾਨ ਮਖੂ ਆਦਿ ਹਾਜ਼ਰ ਸਨ।

# ਭਾਕਿਯੂ ਕਾਦੀਆਂ ਵੱਲੋਂ ਭਲਕੇ ਨਾਨੋਕੀ 'ਚ ਕਿਸਾਨ ਮਹਾਂਪੰਚਾਇਤ

**ਨਾਭਾ (ਵਰਿੰਦਰ ਵਰਮਾ)** ਭਾਰਤੀ ਕਿਸਾਨ ਯੂਨੀਅਨ ਕਾਦੀਆਂ ਜ਼ਿਲ੍ਹਾ ਪਟਿਆਲਾ ਦੀ ਉੱਚ ਪੱਧਰੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਅਬਜਿੰਦਰ ਸਿੰਘ ਜੋਗੀ ਗਰੇਵਾਲ ਨਾਨੋਕੀ ਦੀ ਪ੍ਰਧਾਨਗੀ ਹੇਠ ਹੋਈ।ਇਸ ਦੌਰਾਨ 17 ਫਰਵਰੀ ਨੂੰ ਗੈਰੀ ਫਾਰਮਜ਼ ਨਾਨੋਕੀ ਵਿਖੇ ਹੋਣ ਵਾਲੀ 'ਕਿਸਾਨ ਮਹਾ ਪੰਚਾਇਤ' ਸਬੰਧੀ ਵਿਸਥਾਰ ਨਾਲ ਵਿਚਾਰ ਵਿਟਾਂਦਰਾ ਕੀਤਾ ਗਿਆ।ਜ਼ਿਲ੍ਹਾ ਪ੍ਰਧਾਨ ਜੋਗੀ ਨਾਨੋਕੀ ਨੇ ਦੱਸਿਆ ਕਿ ਇਸ ਮਹਾ ਪੰਚਾਇਤ ਵਿੱਚ ਸੂਬਾ ਪ੍ਰਧਾਨ ਹਰਮੀਤ ਸਿੰਘ ਕਾਦੀਆਂ ਆਪਣੀ ਸਮੁੱਚੀ ਟੀਮ ਸਮੇਤ ਸ਼ਾਮਲ ਹੋਣਗੇ।ਮੀਟਿੰਗ ਦੌਰਾਨ ਉਗਰਾਹਾਂ ਜਥੇਬੰਦੀ 'ਤੇ ਸਰਕਾਰ ਵੱਲੋਂ ਕੀਤੇ ਗਏ ਲਾਠੀਚਾਰਜ ਦੀ ਸਖਤ ਨਿਖੇਧੀ ਕੀਤੀ ਗਈ।ਜਾਣਕਾਰੀ ਦਿੰਦਿਆਂ ਪ੍ਰਧਾਨ ਜੋਗੀ ਨਾਨੋਕੀ ਨੇ ਕਿਹਾ ਕਿ ਬਿਜਲੀ ਸੋਧ ਬਿਲ ਲਾਗੂ ਨਾ ਕਰਨ, ਸਮਾਰਟ ਮੀਟਰਾਂ ਦਾ ਵਿਰੋਧ, ਕੋਆਪ੍ਰੇਟਿਵ ਸੋਸਾਇਟੀਆਂ ਦੇ ਕਰਜ਼ੇ ਮੁਆਫ ਕਰਵਾਉਣ, ਨਕਲੀ ਦੁੱਧ ਦੀ ਵਿਕਰੀ ਬੰਦ ਕਰਨ, ਸੀਡ ਬਿਲ ਦਾ ਵਿਰੋਧ ਤੇ ਮਨਰੇਗਾ ਮਜ਼ਦੂਰਾਂ ਦੇ ਹੱਕਾਂ ਲਈ ਇਹ ਆਵਾਜ਼ ਬੁਲੰਦ ਕੀਤੀ ਜਾਵੇਗੀ।ਇਸ ਮੌਕੇ ਬਿਜਲੀ ਕਾਮਿਆਂ, ਡਾਇਰੀ ਸੰਚਾਲਕਾਂ ਤੇ ਮਨਰੇਗਾ ਮਜ਼ਦੂਰਾਂ ਨੂੰ ਭਾਰੀ ਗਿਣਤੀ 'ਚ ਸ਼ਾਮਲ ਹੋਣ ਦਾ ਸੱਦਾ ਦਿੱਤਾ ਗਿਆ ਹੈ।ਕਿਸਾਨ ਆਗੂਆਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਸਰਕਾਰ ਨੇ ਇਨ੍ਹਾਂ ਮੰਗਾਂ ਦਾ ਹੱਲ ਨਾ ਕੀਤਾ ਤਾਂ ਯੂਨੀਅਨ ਵੱਲੋਂ ਸੰਘਰਸ਼ ਤੇਜ਼ ਕੀਤਾ ਜਾਵੇਗਾ।ਇਸ ਮੌਕੇ ਪ੍ਰਧਾਨ ਦਰਸ਼ਨ ਸਿੰਘ ਧਾਰਨੀ, ਬਿੱਲੂ ਭਲਵਾਨ ਚਾਸਵਾਲ, ਹਰਦੀਪ ਸਿੰਘ ਘੁੱਲਾ, ਜੋਗੀ ਅੜਕ ਖਿਜਰਪੁਰ, ਗੁਰਧਿਆਨ ਸਿੰਘ ਸਕਰਾਲੀ, ਅਮਰਜੀਤ ਸਿੰਘ ਲੱਖੀ ਆਦਿ ਸਮੇਤ ਵੱਡੀ ਗਿਣਤੀ 'ਚ ਕਿਸਾਨ ਹਾਜ਼ਰ ਸਨ।

## ਉੱਘੇ ਕਹਾਣੀਕਾਰ ਲਾਲ ਸਿੰਘ ਦਸੂਹਾ ਦੇ ਦੇਹਾਂਤ 'ਤੇ ਦੁੱਖ ਦਾ ਪ੍ਰਗਟਾਵਾ

**ਜ਼ੀਰਾ (ਨਰਿੰਦਰ ਅਨੇਜਾ)**- ਸਾਹਿਤ ਸਭਾ ਜ਼ੀਰਾ ਦੀ ਮੀਟਿੰਗ ਦਲਜੀਤ ਰਾਏ ਕਾਲੀਆ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਪੰਜਾਬੀ ਦੇ ਸਮਰੱਥ ਕਹਾਣੀਕਾਰ ਲਾਲ ਸਿੰਘ ਦਸੂਹਾ ਦੇ ਅਕਾਲ ਚਲਾਣੇ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ ਤੇ ਵਿੱਛੜੀ ਰੂਹ ਨੂੰ ਸਭਾ ਦੇ ਮੈਂਬਰਾਂ ਵੱਲੋਂ ਦੋ ਮਿੰਟ ਦਾ ਮੌਨ ਧਾਰਨ ਕਰਕੇ ਸ਼ਰਧਾਂਜਲੀ ਦਿੱਤੀ ਗਈ।ਸਭਾ ਦੇ ਪ੍ਰਧਾਨ ਦਲਜੀਤ ਰਾਏ



ਕਾਲੀਆਂ ਨੇ ਲਾਲ ਸਿੰਘ ਦੇ ਸਾਹਿਤਕ ਸਫਰ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਉਨ੍ਹਾਂ ਨੇ ਮਾਰਖੋਰੇ, ਬਲੌਰਾ, ਧੁੱਪ ਛਾਂ, ਕਾਲੀ ਮਿੱਟੀ, ਅੱਧੇ ਅਧੂਰੇ, ਗੜ੍ਹੀ ਬਖਸ਼ਾ ਸਿੰਘ, ਸੰਸਾਰ, ਕਹਾਣੀ ਸੰਗ੍ਰਹਿ ਪੰਜਾਬੀ ਸਾਹਿਤ ਦੀ ਝੋਲੀ ਪਾਏ।ਉਨ੍ਹਾਂ ਦਾ ਕਹਾਣੀ ਸੰਗ੍ਰਹਿ ਮਹਾਂਮਾਰੀ ਛਪਾਈ ਅਧੀਨ ਹੈ।ਲਾਲ ਸਿੰਘ ਲੋਕ ਹਿਤੂ, ਮਨੁੱਖ ਹਿਤੈਸ਼ੀ, ਅਗਾਂਹਵਧੂ ਸੋਚ ਦਾ ਧਾਰਨੀ, ਦੱਬੇ ਕੁਚਲੇ ਲੋਕਾਂ ਦਾ ਲੇਖਕ ਸੀ।ਉੱਘੇ ਚਿੰਤਕ ਤੇ ਸਾਹਿਤਕਾਰ ਗੁਰਚਰਨ ਸਿੰਘ ਨੂਰਪੁਰ ਨੇ ਅਕੀਦਤ ਦੇ ਫੁੱਲ ਭੇਟ ਕਰਦਿਆਂ ਦੱਸਿਆ ਕਿ ਲਾਲ ਸਿੰਘ ਨੇ ਛੇ ਦਹਾਕੇ ਪੰਜਾਬੀ ਸਾਹਿਤ ਸਿਰਜਣਾ ਦੇ ਲੇਖੇ ਲਾਏ।ਸਾਹਿਤਕਾਰ ਨਰਿੰਦਰ ਸਿੰਘ ਥਿੰਦ ਲੈਕਚਰਾਰ ਨੇ ਕਹਾਣੀਕਾਰ ਲਾਲ ਸਿੰਘ ਨਾਲ ਜੁੜੀਆਂ ਯਾਦਾਂ ਸਾਂਝੀਆਂ ਕਰਦਿਆਂ ਦੱਸਿਆ ਕਿ ਜਿੱਥੇ ਉਹ ਇਕ ਉੱਘੇ ਸਾਹਿਤਕਾਰ ਸਨ, ਉੱਥੇ ਉਹ ਬਹੁਤ ਹੀ ਮਿਲਨਸਾਰ ਤੇ ਨੇਕ ਦਿਲ ਇਨਸਾਨ ਵੀ ਸਨ।ਸ਼ੋਕ ਮੀਟਿੰਗ ਵਿੱਚ ਸਾਹਿਤਕਾਰ ਜਰਨੈਲ ਸਿੰਘ ਭੁੱਲਰ, ਅਮਰਜੀਤ ਸਨ੍ਹੇਰਵੀ, ਸੁਖਰਾਜ ਸਿੰਘ ਜ਼ੀਰਾ, ਪ੍ਰਤਾਪ ਸਿੰਘ ਹੀਰਾ, ਹਰਚਰਨ ਚੋਹਲਾ, ਕਾਲਾ ਬੇਰੀ ਵਾਲਾ, ਦੀਪ ਜੀਰਵੀ, ਹਰੀ ਦਾਸ ਚੌਹਾਨ, ਹਰਪ੍ਰੀਤ ਸਿੰਘ ਰੱਬੀ ਸ਼ਾਇਰ, ਬਲਦੇਵ ਸਿੰਘ ਜ਼ੀਰਾ, ਮੇਜਰ ਸਿੰਘ ਸੰਧੂ, ਮੁਖਤਿਆਰ ਸਿੰਘ ਬਰਾੜ, ਬਲਜੀਤ ਬਾਦਸ਼ਾਹ ਤੇ ਦਲਜੀਤ ਸਿੰਘ ਨੂਰਪੁਰ ਹਾਜ਼ਰ ਸਨ।

# ਇਲੈਕਟ੍ਰੋਹੋਮਿਉਪੈਥੀ ਸੰਬੰਧੀ 2 ਰੋਜ਼ਾ ਤੀਸਰਾ ਸੈਮੀਨਾਰ ਸੰਪੰਨ

**ਮੋਗਾ (ਇਕਬਾਲ ਸਿੰਘ ਖਹਿਰਾ)**- ਇਲੈਕਟ੍ਰੋਹੋਮਿਉਪੈਥੀ ਸਬੰਧੀ 2 ਰੋਜ਼ਾ ਤੀਸਰਾ ਮੈਗਾ ਸੈਮੀਨਾਰ ਸਿਟੀ ਨਾਗਪੁਰ (ਮਹਾਰਾਸ਼ਟਰ) ਵਿਖੇ ਹੋਟਲ ਓਰੀਐਂਟ ਤਿਆਬਾ ਵਿਖੇ ਡਾ. ਨਾਨਾ ਸਿਲੋਕਰ ਜੀ ਦੇ ਦਿਸ਼ਾ ਨਿਰਦੇਸ਼ ਅਨੁਸਾਰ ਹੋਇਆ,



ਜਿਸ ਵਿੱਚ ਮੁੱਖ ਮਹਿਮਾਨ ਦੇ ਤੌਰ 'ਤੇ ਰੈਬੀਸਨ ਇੰਡੀਆ ਇਲੈਕਟ੍ਰੋਹੋਮਿਓ ਫਾਰਮਾ ਦੇ ਚੇਅਰਪਰਸਨ ਡਾ. ਸੰਜੀਵ ਸ਼ਰਮਾ ਹਿਮਾਚਲ ਪ੍ਰਦੇਸ਼ (ਚੰਬਾ) ਤੇ ਉਨ੍ਹਾ ਦੇ ਸਪੁੱਤਰ ਡਾ. ਸਨਮ ਸ਼ਰਮਾ ਅਤੇ ਈ ਡੀ ਐੱਮ ਏ ਪੰਜਾਬ ਟੀਮ ਚੇਅਰਮੈਨ ਡਾ. ਜਗਤਾਰ ਸਿੰਘ ਸੇਖੋਂ, ਡਾ. ਕਮਲਜੀਤ ਕੌਰ ਸੇਖੋਂ, ਕੋਰ ਕਮੇਟੀ ਮੈਂਬਰ ਡਾ. ਜਸਵਿੰਦਰ ਸਿੰਘ ਸਮਾਧ ਭਾਈ, ਡਾ. ਮਨਪ੍ਰੀਤ ਸਿੰਘ ਨਿਹਾਲ ਸਿੰਘ ਵਾਲਾ, ਪ੍ਰਧਾਨ ਡਾ. ਜਗਮੋਹਣ ਸਿੰਘ ਧੂੜਕੋਟ, ਜਰਨਲ ਸਕੱਤਰ ਪਰਮਿੰਦਰ ਪਾਠਕ ਰਾਏਕੋਟ, ਅੰਮ੍ਰਿਤ ਫਾਰਮਾ ਦੇ ਮੁੱਖ ਡਾ. ਜਗਜੀਤ ਸਿੰਘ ਗਿੱਲ ਜੀ ਪਹੁੰਚੇ।ਸਟੇਜ ਸੈਕਟਰੀ ਦੀ ਸੇਵਾ ਡਾ. ਤਨਿਸ਼ਕਾ ਚਾਨੇ ਨੇ ਨਿਭਾਈ। ਇਸ ਦੋ ਦਿਨ ਦੇ ਸੈਮੀਨਾਰ ਵਿੱਚ ਟੈਂਪਰਾਮੈਂਟ ਬਾਰੇ, ਨਾੜੀ ਜਾਂਚ ਬਾਰੇ, ਇਲੈਕਟ੍ਰੋਹੋਮਿਉਪੈਥਿਕ ਪੌਦਿਆਂ ਬਾਰੇ, ਜਰਨਲ ਪ੍ਰੈਕਟਿਸ ਬਾਰੇ, ਇਲੈਕਟ੍ਰੋਹੋਮਿਉਪੈਥਿਕ ਦਵਾਈਆਂ ਬਾਰੇ ਜਾਣਕਾਰੀ ਸਾਂਝਾ ਕੀਤੀ ਗਈ।ਇਸ ਸਮੇਂ ਡਾ. ਸੰਜੀਵ ਸ਼ਰਮਾ ਨੇ ਦੱਸਿਆ ਕਿ ਇਹ ਦਵਾਈਆਂ ਕੁਦਰਤੀ ਪੌਦਿਆਂ ਦੇ ਅਰਕ ਤੋਂ ਤਿਆਰ ਹੁੰਦੀਆਂ ਹਨ। ਇਨ੍ਹਾਂ ਦਾ ਕੋਈ ਸਾਈਡ ਇਫੈਕਟ ਨਹੀਂ ਹੁੰਦਾ।ਇਸ ਸੈਮੀਨਾਰ ਵਿੱਚ ਕਰੀਬ 100 ਦੇ ਕਰੀਬ ਇਲੈਕਟ੍ਰੋਹੋਮਿਉਪੈਥਿਕ ਡਾਕਟਰਾਂ ਨੇ ਭਾਗ ਲਿਆ। ਇਸ ਸੈਮੀਨਾਰ ਵਿੱਚ ਵੱਖ ਵੱਖ ਡਾ. ਸਾਹਿਬਾਨ ਨੇ ਗੁਰਦੇ ਫੇਲ੍ਹ, ਲਿਵਰ ਫੇਲ੍ਹ, ਬਾਂਝਪਨ, ਮਸਕੂਲਰ ਡਿਸਟਰੌਫੀ, ਸ਼ੂਗਰ ਬਾਰੇ ਆਪਣੇ ਕਲੀਨੀਕਲ ਤਜਰਬੇ ਸਾਂਝੇ।ਇਸ ਸਮੇਂ ਡਾ. ਆਰ ਸੀ ਪਰਜਾਪਤੀ, ਡਾ. ਅਰਪਿਤਾ ਚਾਨੇ, ਡਾ. ਲਤਾ ਖੋਕਲੇ, ਡਾ. ਸੁਮਿਤਾ ਮੰਡੇਰ, ਡਾ. ਕਾਇਲਸ ਰੋਡੇ, ਡਾ. ਪ੍ਰਸ਼ਾਤ ਮੰਗਟੇ, ਡਾ. ਨੰਨਦਾ ਸਲੋਕਰ, ਡਾ. ਅਰਚਨਾ ਜੈਨ, ਡਾ. ਰਤਨਾ ਮੌਤਗਾਰੇ, ਡਾ. ਜੋਗਿੰਦਰ ਵਰਕਾਢੇ, ਡਾ. ਜੱਸ ਸਲੋਕਰ, ਡਾ. ਸ਼ੁਭਮ ਰੋਡੇ ਆਦਿ ਮੌਜੂਦ ਸਨ।

# ਵਿਦਿਆਰਥੀਆਂ ਨੂੰ ਦਿੱਤੀ ਵਿਦਾਇਗੀ ਪਾਰਟੀ

**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)**- ਇਲਾਕੇ ਦੀ ਨਾਮਵਾਰ ਸੰਸਥਾ ਮੀਰੀ-ਪੀਰੀ ਸਕੂਲ ਕੁੱਸਾ ਵਿੱਚ ਬਾਰਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਵਿਦਾਇਗੀ ਪਾਰਟੀ ਦਿੱਤੀ ਗਈ, ਜਿਸ ਦੌਰਾਨ ਸਕੂਲ ਦੇ ਗਿਆਰਵੀਂ



ਜਮਾਤ ਦੇ ਵਿਦਿਆਰਥੀਆਂ ਵੱਲੋਂ ਸਕੂਲ ਤੋਂ ਵਿਦਾਇਗੀ ਲੈ ਰਹੇ ਬਾਰਵੀਂ ਜਮਾਤ ਦੇ ਵਿਦਿਆਰਥੀਆਂ ਲਈ ਇੱਕ ਪ੍ਰੋਗਰਾਮ ਤਮੰਨਾ-ਏ-ਸਫਰ ਆਯੋਜਿਤ ਕੀਤਾ ਗਿਆ।ਇਸ ਸਮੇਂ ਜਿੱਥੇ ਬੱਚਿਆਂ ਵੱਲੋਂ ਇੱਕ ਦੂਸਰੇ ਨੂੰ ਤੋਹਫ਼ੇ ਦਿੱਤੇ ਗਏ, ਉੱਥੇ ਇਨ੍ਹਾਂ ਪਲਾਂ ਨੂੰ ਹੋਰ ਯਾਦਗਰ ਬਣਾਉਣ ਲਈ ਖੂਬਸੂਰਤ ਤਸਵੀਰਾਂ ਵਿੱਚ ਕੈਦ ਵੀ ਕੀਤਾ ਗਿਆ।ਇਸ ਸਮਾਗਮ ਦੌਰਾਨ ਬਾਰਵੀਂ ਜਮਾਤ ਦੇ ਵਿਦਿਆਰਥੀਆਂ ਨੇ ਵੀ ਆਪਣੀ ਪੜ੍ਹਾਈ ਤੇ ਸਕੂਲੀ ਸਫ਼ਰ ਦਾ ਜ਼ਿਕਰ ਕਰਨ ਦੇ ਨਾਲ-ਨਾਲ ਪੜ੍ਹਾਈ ਸਬੰਧੀ ਨਿੱਜੀ ਤਜਰਬਿਆਂ ਦੀ ਸਾਂਝ ਪਾਈ।ਇਸ ਸਮੇਂ ਜਿੱਥੇ ਸੰਸਥਾ ਦੇ ਮੁਖੀ ਚੇਅਰਮੈਨ ਜਗਜੀਤ ਸਿੰਘ (ਯੂ ਐੱਸ ਏ) ਤੇ ਚੇਅਰ ਪਰਸਨ ਮੈਡਮ ਸੁਖਦੀਪ ਕੌਰ (ਯੂ ਐੱਸ ਏ) ਵੱਲੋਂ ਵੀ ਬੱਚਿਆਂ ਦੇ ਸੁਨਹਿਰੀ ਭਵਿੱਖ ਲਈ ਆਸ਼ੀਰਵਾਦ ਭੇਜਿਆ ਗਿਆ, ਉੱਥੇ ਚੇਅਰਮੈਨ ਜਗਜੀਤ ਸਿੰਘ ਦੇ ਮਾਤਾ ਸ੍ਰੀਮਤੀ ਕੁਲਵੰਤ ਕੌਰ ਤੇ ਉਨ੍ਹਾਂ ਦੇ ਨਾਲ ਬੇਟੀ ਗੁਰਤੇਜ ਕੌਰ ਵੀ ਹਾਜ਼ਰ ਰਹੇ।ਇਸ ਸਮੇਂ ਸੰਸਥਾ ਦੇ ਗੁਰਬਾਣੀ ਵਿਭਾਗ ਦੇ ਮੁਖੀ ਨਿਰਮਲ ਸਿੰਘ ਖਾਲਸਾ, ਵਾਇਸ ਪ੍ਰਿੰਸੀਪਲ ਹਰਦੀਪ ਸਿੰਘ, ਪ੍ਰਿੰਸੀਪਲ ਪਰਮਜੀਤ ਕੌਰ ਤੇ ਸੰਸਥਾ ਦੇ ਐੱਮ ਡੀ ਕਸ਼ਮੀਰ ਸਿੰਘ ਨੇ ਬੱਚਿਆਂ ਨੂੰ ਸਕੂਲੀ ਸਫ਼ਰ ਪੂਰਾ ਕਰਨ ਤੇ ਨਵੀਂ ਜ਼ਿੰਦਗੀ ਦੀ ਸ਼ੁਰੂਆਤ ਲਈ ਸ਼ੁੱਭ ਇੱਛਾਵਾਂ ਦਿੱਤੀਆਂ।

## ਕੋਲੇ ਦੀਆਂ ਕੀਮਤਾਂ ਵਧਣ ਕਾਰਨ ਭੱਠਾ ਮਾਲਕਾਂ ਦਾ ਹੋ ਰਿਹੈ ਵੱਡਾ ਨੁਕਸਾਨ : ਸੰਜੂ

**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**- ਉੱਘੇ ਸਮਾਜ ਸੇਵੀ ਤੇ ਭੱਠਾ ਮਾਲਕ ਸੰਜੀਵ ਸੰਜੂ ਭੱਠੇ ਵਾਲੇ ਨੇ ਕਿਹਾ ਕਿ ਕੋਲੇ ਦੀਆਂ ਵਧੀਆਂ ਕੀਮਤਾਂ ਦੇ ਨਾਲ ਜਿੱਥੇ ਭੱਠਾ ਮਾਲਕਾਂ ਨੂੰ ਕਾਫੀ ਨੁਕਸਾਨ ਹੋ ਰਿਹਾ, ਉੱਥੇ ਹੀ ਇੱਟਾਂ ਦਾ ਰੇਟ ਵਧ ਕੇ 8 ਤੋਂ 9 ਹਜ਼ਾਰ ਪ੍ਰਤੀ ਹਜ਼ਾਰ ਇੱਟ ਹੋ ਜਾਵੇਗਾ, ਜਿਸ ਨਾਲ ਲੋਕਾਂ ਦਾ ਵੀ ਕਾਫੀ ਨੁਕਸਾਨ ਹੋਵੇਗਾ ਅਤੇ ਜਿਸ ਦਾ ਸਿੱਧੇ ਤੌਰ 'ਤੇ ਅਸਰ ਜਨਤਾ ਦੀ



ਜੇਬ 'ਤੇ ਪਵੇਗਾ। ਉਨ੍ਹਾਂ ਕਿਹਾ ਕਿ ਸਰਕਾਰ ਨੂੰ ਕੋਲਾ ਮਾਫੀਆ 'ਤੇ ਨੱਥ ਪਾਉਣੀ ਚਾਹੀਦੀ ਹੈ, ਜਿਸ ਨਾਲ ਕੋਲੇ ਦੇ ਰੇਟ ਵਿੱਚ ਵਾਧਾ ਨਹੀਂ ਹੋਵੇਗਾ ਤੇ ਪਹਿਲਾਂ ਵਾਂਗ ਹੀ ਕੋਲਾ ਮਿਲੇਗਾ। ਉਨ੍ਹਾਂ ਕਿਹਾ ਕਿ ਜੇਕਰ ਕੋਲਾ ਮਾਫੀਆ 'ਤੇ ਨਕੇਲ ਨਾ ਕੱਸੀ ਗਈ ਤਾਂ ਇਸ ਦੇ ਨਾਲ ਭੱਠਾ ਉਦਯੋਗ ਬਰਬਾਦ ਹੋ ਜਾਵੇਗਾ ਅਤੇ ਇਸ ਦਾ ਸਿੱਧੇ ਤੌਰ 'ਤੇ ਅਸਰ ਮਜ਼ਦੂਰ ਵਰਗ ਤੇ ਆਮ ਜਨਤਾ 'ਤੇ ਵੀ ਪਵੇਗਾ। ਸੰਜੂ ਭੱਠੇ ਵਾਲਿਆਂ ਨੇ ਕਿਹਾ ਕਿ ਸਰਕਾਰ ਨੂੰ ਪਹਿਲ ਦੇ ਅਧਾਰ 'ਤੇ ਕੋਲਾ ਮਾਫੀਆ 'ਤੇ ਨੱਥ ਪਾਉਣੀ ਚਾਹੀਦੀ ਹੈ।

## ਪ੍ਰਚੀਨ ਪੰਚ ਮੁਖੀ ਸ਼ਿਵ ਮੰਦਰ ਵਿਖੇ ਸ਼ਿਵਰਾਤਰੀ ਮਨਾਈ

**ਸਮਾਣਾ (ਗੁਰਪਿਆਰ ਸਿੰਘ ਬੱਲ)**- ਸਥਾਨਕ ਸ਼ਹਿਰ ਦੇ ਪ੍ਰਸਿੱਧ ਪ੍ਰਾਚੀਨ ਪੰਚ ਮੁਖੀ ਮੰਦਰ 'ਚ ਸ਼ਿਵਰਾਤਰੀ ਦਾ ਤਿਉਹਾਰ ਧੂਮਧਾਮ ਨਾਲ ਮਨਇਆ।ਇਸ ਮੌਕੇ ਮੰਦਰ ਪ੍ਰਬੰਧਕ ਕਮੇਟੀ ਵੱਲੋਂ ਸੁਚੱਜੇ ਪ੍ਰਬੰਧ ਕੀਤੇ ਗਏ ਸਨ।ਸੁਰੱਖਿਆ ਤੇ ਕਤਾਰਬੰਦੀ ਲਈ ਵਿਸ਼ੇਸ਼ ਇੰਤਜ਼ਾਮ ਕੀਤੇ ਗਏ ਤਾਂ ਜੋ ਦਰਸ਼ਨ ਲਈ ਆਏ ਸ਼ਰਧਾਲੂਆਂ ਨੂੰ ਕਿਸੇ ਤਰ੍ਹਾਂ ਦੀ ਆਸੁਵਿਧਾ ਦਾ ਸਾਹਮਣਾ ਨਾ ਕਰਨਾ ਪਵੇ।



ਸ਼ਿਵਰਾਤਰੀ ਦੇ ਇਸ ਪਾਵਨ ਅਵਸਰ 'ਤੇ ਸਮਾਣਾ ਸ਼ਹਿਰ ਦਾ ਮਾਹੌਲ ਪੂਰੀ ਤਰ੍ਹਾਂ ਧਾਰਮਿਕ ਰੰਗ ਵਿੱਚ ਰੰਗਿਆ ਹੋਇਆ ਦਿਖਾਈ ਦਿੱਤਾ ਅਤੇ ਹਰ ਪਾਸੇ ਭਗਤੀ ਤੇ ਆਸਥਾ ਦੀ ਝਲਕ ਨਜ਼ਰ ਆਈ।

## ਹੋਲੀ ਹਾਰਟ ਸਕੂਲ 'ਚ ਪੁਲਵਾਮਾ ਹਮਲੇ ਦੀ ਯਾਦ 'ਚ ਵਿਸ਼ੇਸ਼ ਪ੍ਰੋਗਰਾਮ

**ਅਜੀਤਵਾਲ (ਨਛੱਤਰ ਸੰਧੂ)**- ਇਲਾਕੇ ਦੀ ਪ੍ਰਸਿੱਧ ਵਿੱਦਿਅਕ ਹੋਲੀ ਹਾਰਟ ਸਕੂਲ ਅਜੀਤਵਾਲ ਵਿੱਚ ਪੁਲਵਾਮਾ ਹਮਲੇ ਬਾਰੇ ਬੱਚਿਆਂ ਨੂੰ ਜਾਣਕਾਰੀ ਦੇਣ ਲਈ ਇੱਕ ਵਿਸ਼ੇਸ਼ ਜਾਗਰੂਕਤਾ ਪ੍ਰੋਗਰਾਮ ਕਰਵਾਇਆ ਗਿਆ।ਇਸ ਮੌਕੇ ਸਕੂਲ ਦੇ ਅਧਿਆਪਕਾਂ ਵੱਲੋਂ ਵਿਦਿਆਰਥੀਆਂ ਨੂੰ ਪੁਲਵਾਮਾ ਹਮਲੇ ਦੀ ਘਟਨਾ ਬਾਰੇ ਵਿਸਥਾਰ ਨਾਲ ਦੱਸਿਆ ਗਿਆ ਤੇ ਦੇਸ਼



ਲਈ ਸ਼ਹੀਦ ਹੋਏ ਜਵਾਨਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ।ਸਕੂਲ ਚੇਅਰਮੈਨ ਸੁਭਾਸ਼ ਪਲਤਾ, ਡਾਇਰੈਕਟਰ ਅਮਿਤ ਪਲਤਾ, ਸ੍ਰੈਆ ਪਲਤਾ ਤੇ ਸਕੂਲ ਪ੍ਰਿੰਸੀਪਲ ਸ਼ਾਕਸ਼ੀ ਗੁਲੇਰੀਆ ਨੇ ਬੱਚਿਆਂ ਨੂੰ ਸਮਝਾਇਆ ਕਿ 14 ਫਰਵਰੀ 2019 ਨੂੰ ਜੰਮੂ-ਕਸ਼ਮੀਰ ਦੇ ਪੁਲਵਾਮਾ ਜ਼ਿਲ੍ਹੇ ਵਿੱਚ ਦੇਸ਼ ਦੇ ਸੁਰੱਖਿਆ ਬਲਾਂ ਉੱਤੇ ਇੱਕ ਭਿਆਨਕ ਅੱਤਵਾਦੀ ਹਮਲਾ ਹੋਇਆ ਸੀ, ਜਿਸ ਵਿੱਚ ਕਈ ਸਾਡੇ ਬਹਾਦਰ ਜਵਾਨ ਸ਼ਹੀਦ ਹੋ ਗਏ ਸਨ।ਇਸ ਹਮਲੇ ਨੇ ਪੂਰੇ ਦੇਸ਼ ਨੂੰ ਦੁੱਖ ਤੇ ਗ਼ਮ ਵਿੱਚ ਡੁਬੋ ਦਿੱਤਾ ਸੀ।ਇਸ ਪ੍ਰੋਗਰਾਮ ਦੌਰਾਨ ਵਿਦਿਆਰਥੀਆਂ ਨੂੰ ਦੇਸ਼ ਭਗਤੀ, ਏਕਤਾ ਤੇ ਸੁਰੱਖਿਆ ਬਲਾਂ ਦੇ ਸਤਿਕਾਰ ਦੀ ਮਹੱਤਤਾ ਬਾਰੇ ਵੀ ਪ੍ਰੇਰਿਤ ਕੀਤਾ ਗਿਆ।ਬੱਚਿਆਂ ਨੇ ਸ਼ਹੀਦਾਂ ਦੀ ਕੁਰਬਾਨੀ ਨੂੰ ਯਾਦ ਕਰਦੇ ਹੋਏ ਮੌਨ ਧਾਰਨ ਕਰਕੇ ਉਨ੍ਹਾਂ ਨੂੰ ਨਮਨ ਕੀਤਾ।

# ਪਾਵਰਕਾਮ ਤੇ ਟਰਾਂਸਕੋ ਪੈਨਸ਼ਨਰਜ਼ ਯੂਨੀਅਨ ਵੱਲੋਂ ਨਿਗਮ ਦੀ ਜ਼ਮੀਨ ਵੇਚਣ ਦਾ ਵਿਰੋਧ

**ਪਟਿਆਲ਼ਾ (ਰਾਜਿੰਦਰ ਸਿੰਘ ਥਿੰਦ)**- ਪਾਵਰਕਾਮ ਤੇ ਟਰਾਂਸਕੋ ਪੈਨਸ਼ਨਰਜ਼ ਯੂਨੀਅਨ ਪੰਜਾਬ, ਹੈੱਡ ਆਫਿਸ ਯੂਨਿਟ ਪਟਿਆਲਾ ਦੀ ਮਹੀਨਾਵਾਰ ਮੀਟਿੰਗ ਅਣਖੀ ਭਵਨ ਫੈਕਟਰੀ ਏਰੀਆ ਪਟਿਆਲਾ ਵਿਖੇ ਸ੍ਰ: ਭਿੰਦਰ ਸਿੰਘ ਚਹਿਲ ਪ੍ਰਧਾਨ ਦੀ ਪ੍ਰਧਾਨਗੀ ਹੇਠ ਹੋਈ।ਸਾਲ 2026 ਸਬੰਧੀ ਜਥੇਬੰਦੀ ਦਾ ਕੈਲੰਡਰ ਤੇ ਡਾਇਰੀ ਮੈਂਬਰਾਂ ਵਿੱਚ ਤਕਸੀਮ ਕੀਤੇ ਗਏ।ਇੰਜ. ਹਰਕੇਸ਼ ਸਿੰਘ ਤੇ ਬੀਬੀ ਹਰਸ਼ਰਨਜੀਤ ਕੌਰ ਨੇ ਸੰਬੋਧਨ ਕਰਦਿਆਂ ਪੰਜਾਬ ਸਰਕਾਰ ਵੱਲੋਂ ਚੜ੍ਹਾਏ ਜਾ ਰਹੇ ਕਰਜ਼ਿਆਂ ਤੇ ਪਾਵਰਕਾਮ ਦੀ



ਸ਼ਕਤੀ ਵਿਹਾਰ (ਬਡੂੰਗਰ) ਵਿਖੇ 50 ਏਕੜ ਜ਼ਮੀਨ ਵੇਚਣ ਦੀ ਮਨਜ਼ੂਰੀ ਦੀ ਨਿਖੇਧੀ ਕੀਤੀ।ਪਿਛਲੇ ਸਾਲਾਂ ਦੀ ਤਰ੍ਹਾਂ ਅਪ੍ਰੈਲ ਮਹੀਨੇ ਸੀਨੀਅਰ ਪੈਨਸ਼ਨਰਾਂ ਨੂੰ ਸਨਮਾਨਤ ਕਰਨ ਲਈ ਸਮਾਰੋਹ ਸਬੰਧੀ ਮੀਟਿੰਗ ਵਿੱਚ ਵਿਚਾਰ ਤੇ ਸੁਝਾਅ ਲਏ ਗਏ, ਜੋ ਵਰਕਿੰਗ ਕਮੇਟੀ ਦੁਆਰਾ ਵਿਚਾਰ ਕਰਕੇ ਯੋਗ ਫੈਸਲਾ ਲਿਆ ਜਾਵੇਗਾ।ਸ੍ਰ: ਭਿੰਦਰ ਸਿੰਘ ਚਹਿਲ ਪ੍ਰਧਾਨ ਨੇ ਜਾਣਕਾਰੀ ਦਿੱਤੀ ਕਿ ਇਸ ਮਹੀਨੇ ਸਟੇਟ ਪੱਧਰ ਦੇ ਵਫ਼ਦ ਦੁਆਰਾ ਪਾਵਰਕਾਮ ਮੈਨੇਜਮੈਂਟ ਨੂੰ ਪਿਛਲੇ ਏਜੰਡੇ 'ਤੇ ਅਧੂਰੀ ਮੀਟਿੰਗ ਤੇ ਨਵੇਂ ਕੰਮ ਲਿਖ ਕੇ ਦਿੱਤੇ ਜਾਣਗੇ।ਵਿਧਾਨ ਸਭਾ ਦੇ ਬਜਟ ਅਜਲਾਸ ਸਮੇਂ 4 ਦਿਨ ਵੱਖ-ਵੱਖ ਜਥੇਬੰਦੀਆਂ ਰੋਸ ਪ੍ਰਦਰਸ਼ਨ ਕਰਨਗੀਆਂ ਤੇ ਪਾਵਰਕਾਮ ਤੇ ਟਰਾਂਸਕੋ ਯੂਨੀਅਨ ਪੰਜਾਬ (ਏਟਕ) ਪ੍ਰੋਗਰਾਮ ਅਨੁਸਾਰ ਬੱਜਟ ਅਜਲਾਸ ਦੇ ਚੌਥੇ ਦਿਨ ਪ੍ਰਦਰਸ਼ਨ ਕਰੇਗੀ, ਜਿਸ ਵਿੱਚ ਪਟਿਆਲਾ ਯੂਨਿਟ ਦਾ ਵਫ਼ਦ ਸ਼ਮੂਲੀਅਤ ਕਰੇਗਾ।ਮਾਰਚ ਦੇ ਅਖੀਰ ਜਾਂ ਅਪ੍ਰੈਲ ਦੇ ਸ਼ੁਰੂ ਵਿੱਚ ਸੁੱਤੀ ਪਈ ਪਾਵਰਕਾਮ ਦੇ ਹੈੱਡ ਆਫਿਸ ਸਾਹਮਣੇ ਵੱਡਾ ਤੇ ਵਿਸ਼ਾਲ ਧਰਨਾ ਦਿੱਤਾ ਜਾਵੇਗਾ।ਭਿੰਦਰ ਸਿੰਘ ਚਹਿਲ ਨੇ ਪੰਜਾਬ ਸਰਕਾਰ ਤੇ ਪਾਵਰਕਾਮ ਮੈਨੇਜਮੈਂਟ ਨੂੰ ਅਪੀਲ ਕਰਦਿਆਂ ਆਖਿਆ ਕਿ ਪੈਨਸ਼ਨਰਾਂ ਦੀਆਂ ਮੰਗਾਂ ਜਿਵੇਂ 1.1.2016 ਤੋਂ ਪਹਿਲਾਂ ਰਿਟਾਇਰ ਪੈਨਸ਼ਨਰਾਂ ਨੂੰ 2.59 ਪੈਨਸ਼ਨ ਸੁਧਾਈ ਫੈਕਟਰ, ਡੀ ਏ ਦੇ ਬਕਾਏ 'ਤੇ ਰਹਿੰਦੀਆਂ ਕਿਸ਼ਤਾਂ, ਜਜ਼ੀਆ ਟੈਕਸ ਦੀ ਕਟੌਤੀ ਬੰਦ ਕਰਨਾ, ਕੈਸ਼ਲੈੱਸ ਮੈਡੀਕਲ ਸਹੂਲਤ ਤੇ ਮੰਗ ਚਾਰਟਰ ਅਨੁਸਾਰ ਮੰਗਾਂ ਦਾ ਤੁਰੰਤ ਨਿਪਟਾਰਾ ਕੀਤਾ ਜਾਵੇ।ਮੀਟਿੰਗ ਵਿੱਚ ਇੰਜ. ਸੰਤੋਖ ਸਿੰਘ ਬੋਪਾਰਾਏ, ਅਮਰਜੀਤ ਸਿੰਘ ਖਜ਼ਾਨਚੀ, ਭੁਪਿੰਦਰ ਸਿੰਘ ਵਧੀਕ ਸਕੱਤਰ, ਹਰਬੰਸ ਸਿੰਘ ਟਿਵਾਣਾ, ਇੰਜ. ਅਮਰਜੀਤ ਸਿੰਘ ਸਾਬਕਾ ਮੁੱਖ ਇੰਜ:, ਸਰੂਪਇੰਦਰ ਸਿੰਘ, ਇੰਜ. ਕਰਤਾਰ ਸਿੰਘ, ਇੰਜ. ਸਤਪਾਲ ਸ਼ਰਮਾ, ਮਲਕੀਅਤ ਸਿੰਘ ਸਰਪ੍ਰਸਤ, ਜੱਗਾ ਸਿੰਘ, ਗੌਰੀ ਸ਼ੰਕਰ ਤੇ ਬਹੁਤਾਤ ਗਿਣਤੀ ਮੈਂਬਰ ਹਾਜ਼ਰ ਸਨ।

# ਮਾਤਾ ਗੁਜਰੀ ਕਾਲਜ ਦੇ ਪੱਤਰਕਾਰੀ ਵਿਭਾਗ ਨੇ ਮਨਾਇਆ ਵਿਸ਼ਵ ਰੇਡੀਓ ਦਿਵਸ

**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**- ਮਾਤਾ ਗੁਜਰੀ ਕਾਲਜ ਦੇ ਪੱਤਰਕਾਰੀ ਤੇ ਜਨ-ਸੰਚਾਰ ਵਿਭਾਗ ਵੱਲੋਂ 'ਵਿਸ਼ਵ ਰੇਡੀਓ ਦਿਵਸ' ਬੜੇ ਉਤਸ਼ਾਹ ਤੇ



ਜੋਸ਼ ਨਾਲ ਮਨਾਇਆ ਗਿਆ। ਇਸ ਮੌਕੇ ਵਿਭਾਗ ਵੱਲੋਂ ਵੱਖ-ਵੱਖ ਰਚਨਾਤਮਕ ਗਤੀਵਿਧੀਆਂ ਦਾ ਆਯੋਜਨ ਕੀਤਾ ਗਿਆ, ਜਿਨ੍ਹਾਂ ਵਿੱਚ ਵਿਦਿਆਰਥੀਆਂ ਨੇ ਵੱਧ-ਚੜ੍ਹ ਕੇ ਭਾਗ ਲਿਆ ਤੇ ਆਪਣੀ ਕਾਬਲੀਅਤ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਕਾਲਜ ਦੇ ਡਾਇਰੈਕਟਰ ਪ੍ਰਿੰਸੀਪਲ ਡਾ. ਕਸ਼ਮੀਰ ਸਿੰਘ ਨੇ ਵਿਸ਼ਵ ਰੇਡੀਓ ਦਿਵਸ ਦੀ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਰੇਡੀਓ ਅੱਜ ਵੀ ਸੰਚਾਰ ਦਾ ਮਹੱਤਵਪੂਰਨ ਜਨ ਮਾਧਿਅਮ ਹੈ ਤੇ ਭਾਵੇਂ ਅੱਜ ਤਕਨਾਲੋਜੀ ਕਾਫ਼ੀ ਅੱਗੇ ਲੰਘ ਚੁੱਕੀ ਹੈ, ਪਰ ਫਿਰ ਵੀ ਰੇਡੀਓ ਦੀ ਲੋਕਪ੍ਰਿਅਤਾ ਤੇ ਭਰੋਸੇਯੋਗਤਾ ਵਿੱਚ ਕੋਈ ਕਮੀ ਨਹੀਂ ਆਈ।ਪੱਤਰਕਾਰੀ ਵਿਭਾਗ ਦੇ ਮੁਖੀ ਡਾ. ਹਰਗੁਣਪ੍ਰੀਤ ਸਿੰਘ ਨੇ ਵਿਦਿਆਰਥੀਆਂ ਨੂੰ ਡਿਜੀਟਲ ਯੁਗ ਵਿੱਚ ਰੇਡੀਓ ਦੀ ਮਹੱਤਤਾ ਬਾਰੇ ਦੱਸਦਿਆਂ ਰੇਡੀਓ ਦੀਆਂ ਵੱਖ-ਵੱਖ ਵਿਧਾਵਾਂ ਤੋਂ ਜਾਣੂ ਕਰਵਾਇਆ ਤੇ ਰੇਡੀਓ ਵਿੱਚ ਰੁਜ਼ਗਾਰ ਦੇ ਮੌਕਿਆਂ ਸਬੰਧੀ ਮਹੱਤਵਪੂਰਨ ਜਾਣਕਾਰੀ ਦਿੱਤੀ। ਪੱਤਰਕਾਰੀ ਵਿਭਾਗ ਦੇ ਪ੍ਰੋ. ਭਗਵੰਤ ਸਿੰਘ, ਪ੍ਰੋ. ਲਵਨੀਤ ਵਸ਼ਿਸ਼ਠ, ਪ੍ਰੋ. ਨਾਦਿਸ਼, ਪ੍ਰੋ. ਅਮਨਦੀਪ ਕੌਰ. ਪ੍ਰੋ. ਰੰਜਿਤਾ ਸ਼ਰਮਾ ਤੇ ਰਾਜਨੀਤੀ ਵਿਗਿਆਨ ਵਿਭਾਗ ਦੇ ਪ੍ਰੋ. ਗਗਨਦੀਪ ਕੌਰ ਨੇ ਰੇਡੀਓ ਦੇ ਮਹੱਤਵ ਸਬੰਧੀ ਆਪਣੇ ਵਡਮੁੱਲੇ ਵਿਚਾਰ ਪੇਸ਼ ਕੀਤੇ।ਇਸ ਮੌਕੇ ਆਯੋਜਿਤ ਵੱਖ-ਵੱਖ ਮੁਕਾਬਲਿਆਂ ਜਿਵੇਂ ਰੇਡੀਓ ਜਿੰਗਲ ਵਿੱਚ ਬੀ.ਏ.ਜੇ.ਐੱਮ.ਸੀ. ਭਾਗ ਪਹਿਲਾ ਦੇ ਕ੍ਰਿਸ਼ਨਾ, ਰੇਡੀਓ ਨਿਊਜ਼ ਬੁਲੇਟਿਨ ਵਿੱਚ ਬੀ.ਏ.ਜੇ.ਐੱਮ.ਸੀ. ਭਾਗ ਪਹਿਲਾ ਦੀ ਜਸਲੀਨ ਕੌਰ, ਰੇਡੀਓ ਇੰਟਰਵਿਊ ਵਿੱਚ ਐੱਮ.ਏ.ਜੇ.ਐੱਮ.ਸੀ ਭਾਗ ਪਹਿਲਾ ਦੀ ਰੱਜੀ ਗੁਪਤਾ ਤੇ ਰੇਡੀਓ ਡਾਕੂਮੈਂਟਰੀ ਵਿੱਚ ਬੀ.ਏ.ਜੇ.ਐੱਮ.ਸੀ. ਭਾਗ ਪਹਿਲਾ ਦੀ ਵੈਦੇਹੀ ਨੇ ਕ੍ਰਮਵਾਰ ਪਹਿਲਾ ਸਥਾਨ ਪ੍ਰਾਪਤ ਕੀਤਾ।ਇਸ ਤੋਂ ਇਲਾਵਾ ਬੀ.ਏ.ਜੇ.ਐੱਮ.ਸੀ. ਭਾਗ ਤੀਸਰਾ ਦੀਆਂ ਵਿਦਿਆਰਥਣਾਂ ਨਵੀਨ ਤੇ ਅੰਬਿਕਾ ਠਾਕੁਰ ਵੱਲੋਂ ਵਿਭਾਗ ਦੇ ਯੂਟਿਊਬ ਚੈਨਲ ਲਈ ਵਿਸ਼ੇਸ਼ ਪ੍ਰੋਗਰਾਮ ਤਿਆਰ ਕੀਤਾ ਗਿਆ।

## ਆਯੁਰਵੈਦਿਕ ਤੇ ਹੋਮਿਓਪੈਥਿਕ ਕੈਂਪ ਅੱਜ

**ਕੋਟ ਈਸੇ ਖਾਂ (ਅਰੋੜਾ)**- ਪੰਜਾਬ ਸਰਕਾਰ ਅਤੇ ਆਯੂਸ਼ ਵਿਭਾਗ ਪੰਜਾਬ ਤੇ ਡਾਇਰੈਕਟਰ ਆਯੁਰਵੇਦਾ ਪੰਜਾਬ ਡਾਕਟਰ ਰਮਨ ਖੰਨਾ ਤੇ ਹੋਮਿਓਪੈਥੀ ਵਿਭਾਗ ਦੇ ਡਾਇਰੈਕਟਰ ਡਾਕਟਰ ਹਰਿੰਦਰ ਪਾਲ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਅਤੇ ਜ਼ਿਲ੍ਹਾ ਆਯੁਰਵੈਦਿਕ ਅਫਸਰ ਡਾਕਟਰ ਪਲਵਿੰਦਰ ਸਿੰਘ ਤੇ ਜ਼ਿਲ੍ਹਾ ਹੋਮਿਓਪੈਥੀਕ ਅਫਸਰ ਡਾਕਟਰ ਗੁਰਦਰਸ਼ਨ ਕੌਰ ਦੀ ਯੋਗ ਅਗਵਾਈ ਤਹਿਤ 16 ਫਰਵਰੀ ਨੂੰ ਸਰਕਾਰੀ ਹਸਪਤਾਲ ਕੋਟ ਈਸੇ ਖਾਂ ਵਿਖੇ ਫਰੀ ਆਯੁਰਵੈਦਿਕ ਤੇ ਹੋਮਿਓਪੈਥਿਕ ਕੈਂਪ ਲਗਾਇਆ ਜਾ ਰਿਹਾ ਹੈ। ਕੈਂਪ ਦੌਰਾਨ ਮਰੀਜ਼ਾਂ ਦਾ ਮਾਹਰ ਡਾਕਟਰਾਂ ਵੱਲੋਂ ਚੈੱਕਅਪ ਕੀਤਾ ਜਾਵੇਗਾ ਤੇ ਫ਼ਰੀ ਦਵਾਈਆਂ ਵੰਡੀਆਂ ਜਾਣਗੀਆਂ। ਡਾਕਟਰ ਰਣਜੀਤ ਸਿੰਘ ਥਿੰਦ ਐੱਸਐੱਮਓ, ਡਾਕਟਰ ਸਿਮਰਜੀਤ ਕੌਰ ਏ ਐੱਮ ਓ ਵੱਲੋਂ ਇਸ ਸਬੰਧੀ ਜਾਣਕਾਰੀ ਸਾਂਝੀ ਕੀਤੀ ਗਈ।

## ...ਸਫ਼ਾ 1 ਦੇ ਬਾਕੀ

### ਬਾਬਾ ਜੀ ਪੂਰਾ ਜੀਵਨ...

ਸ਼ੇਰ ਸਿੰਘ ਦੌਲਤਪੁਰਾ ਨੇ ਵੀ ਸੰਬੋਧਨ ਕੀਤਾ। ਇਪਟਾ ਮੋਗਾ ਦੀ ਟੀਮ ਨੇ ਨਾਟਕ, ਗੀਤ, ਕੋਰੀਓਗ੍ਰਾਫੀਆਂ ਆਦਿ ਪੇਸ਼ ਕੀਤੀਆਂ । ਬਲਜੀਤ ਤਖਾਣਵੱਧ ਤੇ ਹਰਭਜਨ ਬਿਲਾਸਪੁਰ ਨੇ ਆਪਣੇ ਸੱਭਿਆਚਾਰਕ ਗੀਤ ਪੇਸ਼ ਕੀਤੇ। ਸਟੇਜ ਚਲਾਉਣ ਦੀ ਕਾਰਵਾਈ ਸਬਰਾਜ ਢੁੱਡੀਕੇ ਬਲਾਕ ਸਕੱਤਰ ਮੋਗਾ-1 ਨੇ ਕੀਤੀ। ਇਸ ਤੋਂ ਇਲਾਵਾ ਇਕਬਾਲ ਤਖਾਣਵੱਧ, ਜਸਪ੍ਰੀਤ ਬੱਧਨੀ, ਹਰਪ੍ਰੀਤ ਬਾਵਾ, ਬੋਹੜ ਬੁੱਟਰ, ਪੋਹਲਾ ਸਿੰਘ, ਵਿਦਿਆਰਥੀ ਆਗੂ ਸਵਰਾਜ ਖੋਸਾ, ਮਾਸਟਰ ਭੁਪਿੰਦਰ ਸਿੰਘ, ਗੁਰਮੀਤ ਸਿੰਘ ਚੂਹੜ ਚੱਕ, ਦਵਿੰਦਰ ਸਿੰਘ, ਸਵਰਨ ਖੋਸਾ, ਮਨਮੋਹਨ ਸਿੰਘ ਰਾਜੂ, ਜੀਤਾ ਚੂਹੜ ਚੱਕ, ਸਿਕੰਦਰ ਸਿੰਘ ਮਧੇਕੇ ਤੇ ਜਸਵਿੰਦਰ ਡਾਲਾ ਆਦਿ ਹਾਜ਼ਰ ਸਨ।

### ਦਲਿਤ ਕੁੜੀਆਂ ਨੂੰ ਹਮਲੇ ...

ਕਹਿਣਾ ਹੈ ਉਸ ਦੇ ਕੱਪੜੇ ਤੱਕ ਪਾੜ ਕੇ ਉਸ ਨੂੰ ਨੰਗਾ ਕਰਨ ਦੀ ਬੇਸ਼ਰਮੀ ਭਰੀ ਹਰਕਤ ਕੀਤੀ ਗਈ।ਦੇਸ਼ ਭਗਤ ਯਾਦਗਾਰ ਕਮੇਟੀ ਦਾ ਕਹਿਣਾ ਹੈ ਕਿ ਦਿੱਲੀ ਅਤੇ ਮੁੰਬਈ ਯੂਨੀਵਰਸਿਟੀ ਵਿੱਚ ਐੱਸ ਇਰਫ਼ਾਨ ਹਬੀਬ ਅਤੇ ਨਸੀਰੂਦੀਨ ਸ਼ਾਹ ਦੀ ਜ਼ੁਬਾਨਬੰਦੀ ਕਰਨ ਦੀਆਂ ਖ਼ਬਰਾਂ ਦੀ ਸਿਆਹੀ ਵੀ ਨਹੀਂ ਸੁੱਕੀ ਕਿ ਅੱਜ ਦਿੱਲੀ ਯੂਨੀਵਰਸਿਟੀ ਦੀਆਂ ਦਲਿਤ ਸਮਾਜ ਦੀਆਂ ਕੁੜੀਆਂ ਖਾਸ ਕਰਕੇ ਉਹਨਾਂ ਦੀ ਬੁਲੰਦ ਆਵਾਜ਼ ਅੰਜਲੀ ਨੂੰ ਚੋਣਵਾਂ ਨਿਸ਼ਾਨਾ ਬਣਾਉਣ ਵਰਗੇ ਵਧ ਰਹੇ ਖ਼ਤਰਨਾਕ ਰੁਝਾਨ ਮੁਲਕ ਦੀਆਂ ਦੇਸ਼ ਭਗਤਾਂ ਦੀਆਂ ਵਾਰਸ ਸਭਨਾਂ ਤਾਕਤਾਂ ਨੂੰ ਹੱਕ, ਸੱਚ ਇਨਸਾਫ ਲਈ ਜੋਟੀ ਪਾ ਕੇ ਅੱਗੇ ਆਉਣ ਲਈ ਆਵਾਜ਼ ਦੇ ਰਹੇ ਹਨ।

# ਆਗਾਮੀ ਚੋਣਾਂ 'ਚ ਆਮ ਆਦਮੀ ਪਾਰਟੀ ਇਤਿਹਾਸਕ ਜਿੱਤ ਪ੍ਰਾਪਤ ਕਰੇਗੀ : ਭੋਲਾ ਸਿੰਘ

## ਪੰਜਾਬ 'ਚ ਰਿਕਾਰਡ ਤੋੜ ਹੋਇਆ ਵਿਕਾਸ, ਵਿਰੋਧੀ ਮੁੱਦਾਹੀਣ

**ਧੂਰੀ (ਮਨੋਹਰ ਸਿੰਘ ਸੱਗੂ)**

ਆਮ ਆਦਮੀ ਪਾਰਟੀ ਜ਼ਿਲ੍ਹਾ ਸੰਗਰੂਰ ਦੇ ਸੀਨੀਅਰ ਆਗੂ ਭੋਲਾ ਸਿੰਘ ਧੂਰੀ ਨੇ ਆਪਣੇ ਬਿਆਨ ਰਾਹੀਂ ਦਾਅਵਾ ਕੀਤਾ ਕਿ ਆਪ ਸਰਕਾਰ ਨੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਚਾਰ ਸਾਲਾਂ ਦੇ ਕਾਰਜਕਾਲ 'ਚ ਪੰਜਾਬ ਅੰਦਰ ਰਿਕਾਰਡ ਤੋੜ ਵਿਕਾਸ ਕਾਰਜ ਕਰਵਾਏ।ਭੋਲਾ ਸਿੰਘ ਧੂਰੀ ਨੇ ਕਿਹਾ ਕਿ ਜਿੱਥੇ ਭਗਵੰਤ ਮਾਨ ਸਰਕਾਰ ਦੀ ਅਗਵਾਈ ਹੇਠ ਸੂਬੇ ਅੰਦਰ ਸੜਕਾਂ ਬਣ ਰਹੀਆਂ ਹਨ, ਉਥੇ ਫਸਲਾਂ ਦੀ ਸਿੰਚਾਈ ਲਈ ਨਹਿਰੀ ਪਾਣੀ ਦੀਆਂ ਪਾਈਪਾਂ ਪੈ ਰਹੀਆਂ ਹਨ ਅਤੇ ਕੈਂਪ ਲਗਾ ਕੇ 10 ਲੱਖ ਰੁਪਏ ਦੇ ਸਿਹਤ ਬੀਮਾ ਯੋਜਨਾ



ਕਾਰਡ ਬਣਾਏ ਜਾ ਰਹੇ ਹਨ।ਲੋਕਾਂ ਨੂੰ 600 ਯੂਨਿਟ ਬਿਜਲੀ ਮੁਫ਼ਤ ਦੇਣ ਤੋਂ ਇਲਾਵਾ ਕਿਸਾਨਾਂ ਦੀਆਂ ਮੋਟਰਾਂ ਨੂੰ ਦਿਨ 'ਚ 12 ਘੰਟੇ ਨਿਰਵਿਘਨ ਬਿਜਲੀ ਸਪਲਾਈ ਦਿੱਤੀ ਜਾ ਰਹੀ ਹੈ ਅਤੇ ਲੋਕਾਂ ਦੀਆਂ ਜੇਬਾਂ 'ਤੇ ਡਾਕੇ ਮਾਰਨ ਵਾਲੇ ਟੋਲ ਪਲਾਜ਼ੇ ਬੰਦ ਕੀਤੇ ਗਏ।ਭੋਲਾ ਸਿੰਘ ਨੇ ਦਾਅਵਾ ਕੀਤਾ ਕਿ ਭਗਵੰਤ ਮਾਨ ਸਰਕਾਰ ਵੱਲੋਂ ਲੋਕ ਭਲਾਈ ਦੇ ਕੀਤੇ ਜਾ ਰਹੇ ਕਾਰਜਾਂ ਦੀ ਬਦੌਲਤ ਵਿਰੋਧੀਆਂ ਕੋਲ ਆਪ ਸਰਕਾਰ ਨੂੰ ਘੇਰਨ ਲਈ ਕੋਈ ਮੁੱਦਾ ਨਹੀਂ ਬਚਿਆ ਤੇ 2027 ਦੀਆਂ ਚੋਣਾਂ 'ਚ ਆਮ ਆਦਮੀ ਪਾਰਟੀ ਇਤਿਹਾਸਕ ਜਿੱਤ ਪ੍ਰਾਪਤ ਕਰਕੇ ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ 'ਚ ਮੁੜ ਸਰਕਾਰ ਬਣਾਏਗੀ।

# ਨੇਚਰ ਫੈਸਟ-2026 : ਭਲਕੇ ਗੁਰਦਾਸ ਮਾਨ ਸਿੰਗਰ ਨਾਈਟ ਰਹੇਗੀ ਮੁੱਖ ਖਿੱਚ ਦਾ ਕੇਂਦਰ

**ਹੁਸ਼ਿਆਰਪੁਰ, (ਓ ਪੀ ਰਾਣਾ )**

ਹੁਸ਼ਿਆਰਪੁਰ ਵਿੱਚ ਆਯੋਜਿਤ ਨੇਚਰ ਫੈਸਟ-2026 ਸੈਲਾਨੀਆਂ ਅਤੇ ਸਥਾਨਕ ਲੋਕਾਂ ਲਈ ਕੁਦਰਤ, ਰੋਮਾਂਚ ਅਤੇ ਸੱਭਿਆਚਾਰ ਦਾ ਸ਼ਾਨਦਾਰ ਸੰਗਮ ਬਣ ਕੇ ਉੱਭਰ ਰਿਹਾ ਹੈ। ਦੋ ਦਿਨਾਂ ਦੌਰਾਨ ਵੱਖ-ਵੱਖ ਗਤੀਵਿਧੀਆਂ ਵਿੱਚ ਲੋਕਾਂ ਨੇ ਉਤਸ਼ਾਹ ਨਾਲ ਭਾਗ ਲਿਆ ਅਤੇ ਕੁਦਰਤ ਦੀ ਗੋਦ ਵਿੱਚ ਸਮਾਂ ਬਿਤਾਇਆ।ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਕਿਹਾ ਕਿ 16 ਫਰਵਰੀ ਨੂੰ ਸੈਲਾਨੀਆਂ ਨੂੰ ਉੱਨਤੀ, ਫੈਪਰੋ ਤੇ ਸਿਟਰਸ ਯੂਨਿਟਾਂ ਦਾ ਉਦਯੋਗਿਕ ਦੌਰਾ ਕਰਵਾਇਆ ਜਾਵੇਗਾ।ਮੀਆਵਾਕੀ ਸਾਈਟ ਵਿਜ਼ਟ, ਵਨ ਚੇਤਨਾ ਪਾਰਕ ਵਿਚ ਕਿਡਸ ਕਾਰਨੀਵਾਲ, ਲਾਜਵੰਤੀ ਸਟੇਡੀਅਮ ਵਿਖੇ ਸੱਭਿਆਚਾਰਕ ਗਤੀਵਿਧੀਆਂ ਦਾ ਆਯੋਜਨ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਵੱਖ-ਵੱਖ ਪੇਸ਼ਕਾਰੀਆਂ ਅਤੇ ਮੁਕਾਬਲਿਆਂ



ਦੇ ਨਤੀਜੇ 17 ਫਰਵਰੀ ਨੂੰ ਘੋਸ਼ਿਤ ਕੀਤੇ ਜਾਣਗੇ। ਇਸ ਤੋਂ ਇਲਾਵਾ ਮਸ਼ਹੂਰ ਪੰਜਾਬੀ ਗਾਇਕ ਗੁਰਦਾਸ ਮਾਨ ਦੀ ਸਿੰਗਰ ਨਾਈਟ ਖਿੱਚ ਦਾ ਕੇਂਦਰ ਰਹੇਗੀ। ਉਨ੍ਹਾਂ ਦੱਸਿਆ ਕਿ 17 ਤਰੀਕ ਨੂੰ ਹੀ ਬੰਬੂਘਾਟ-2 ਦੀ ਸਟਾਰ ਕਾਸਟ ਵੀ ਵਿਸ਼ੇਸ਼ ਤੌਰ 'ਤੇ ਪਹੁੰਚ ਰਹੀ ਹੈ, ਜਿਸ ਵਿੱਚ ਸਿੰਮੀ ਚਾਹਲ, ਐਮੀ ਵਿਰਕ, ਕਰਮਜੀਤ ਅਨਮੋਲ ਦਰਸ਼ਕਾਂ ਨਾਲ ਰੂ-ਬ-ਰੂ ਹੋਣਗੇ।

ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134
Printed and Published by Printer, Publisher and Editor : Chand Singh @ Chand Fatehpuri for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

16-Feb-PAGE-3.qxd 2/15/2026 9:59 PM Page 1



# ਲੁੱਟ-ਖੋਹ ਦੌਰਾਨ ਪ੍ਰਾਈਵੇਟ ਕੰਪਨੀ ਦਾ ਕਰਿੰਦਾ ਜ਼ਖ਼ਮੀ



**ਖਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)**

ਪਿੰਡ ਡਿੱਬੀਪੁਰਾ ਨਜ਼ਦੀਕ ਪ੍ਰਾਈਵੇਟ ਕੰਪਨੀ ਦੇ ਕਰਿੰਦੇ ਨੂੰ ਲੁਟੇਰਿਆਂ ਨੇ ਤੇਜ਼ਧਾਰ ਹਥਿਆਰਾਂ ਨਾਲ ਜ਼ਖ਼ਮੀ ਕਰ ਦਿੱਤਾ।ਇਸ ਦੌਰਾਨ ਨੌਜਵਾਨ ਦੇ ਸਿਰ ਵਿੱਚ ਡੂੰਘੀ ਸੱਟ ਲੱਗ ਗਈ।ਜ਼ਖ਼ਮੀ ਹਾਲਤ ਵਿੱਚ ਨੌਜਵਾਨ ਨੂੰ ਮੁੱਢਲੀ ਸਹਾਇਤਾ ਮਗਰੋਂ ਸਿਵਲ ਹਸਪਤਾਲ ਸੁਰਸਿੰਘ ਦਾਖਲ ਕਰਵਾਇਆ ਗਿਆ।ਪੀੜਤ ਪ੍ਰਿਥਪ੍ਰੀਤ ਪਰਿਜਾ ਪੁੱਤਰ ਅਮਰਦੀਪ ਪਰਿਜਾ ਨੇ ਪੱਤਰਕਾਰਾਂ ਨੂੰ ਦੱਸਿਆ ਕਿ ਉਹ ਪ੍ਰਾਈਵੇਟ ਕੰਪਨੀ ਵਿੱਚ ਮਾਰਕੀਟਿੰਗ ਦਾ ਕੰਮ ਕਰਦਾ ਹੈ।ਤਿੰਨ ਦਿਨ ਪਹਿਲਾਂ ਉਹ ਆਪਣੇ ਮੋਟਰਸਾਈਕਲ 'ਤੇ ਸਵਾਰ ਹੋ ਕੇ ਮਾਰਕੀਟਿੰਗ ਕਰਨ ਲਈ ਪਿੰਡ ਘੋਹ ਸਿੰਘ ਵਾਲਾ ਤੋਂ ਡਿੱਬੀਪੁਰ ਵਾਲੇ ਪਾਸੇ ਨੂੰ ਜਾ ਰਿਹਾ ਸੀ।ਜਦੋਂ ਉਹ ਡਿੱਬੀਪੁਰਾ ਪਹੁੰਚਿਆ ਤਾਂ ਪਿੱਛੋਂ ਆ ਰਹੀ ਚਿੱਟੀ ਐਕਟਿਵਾ 'ਤੇ ਸਵਾਰ ਦੋ ਵਿਅਕਤੀਆਂ ਨੇ ਪੈਸੇ ਖੋਹਣ ਦੀ ਨੀਅਤ ਨਾਲ ਉਸ ਦੇ ਸਿਰ 'ਤੇ ਦਾਤਰ ਮਾਰ ਦਿੱਤਾ।ਸੰਤੁਲਨ ਵਿਗੜਨ ਕਾਰਨ ਉਹ ਸੜਕ 'ਤੇ ਡਿੱਗ ਗਿਆ।ਹਮਲੇ ਵਿੱਚ ਉਸ ਦੇ ਸਿਰ ਤੇ ਮੋਢੇ 'ਤੇ ਸੱਟ ਲੱਗ ਗਈ।ਪੀੜਤ ਦਾ ਕਹਿਣਾ ਸੀ ਕਿ ਰੌਲਾ ਪਾਉਣ 'ਤੇ ਆਸ-ਪਾਸ ਮੌਜੂਦ ਲੋਕਾਂ ਨੇ ਲੁਟੇਰਿਆਂ ਨੂੰ ਐਕਟਿਵਾ ਸਣੇ ਕਾਬੂ ਕਰ ਲਿਆ ਤੇ ਸੰਬੰਧਿਤ ਪੁਲਸ ਨੂੰ ਬੁਲਾ ਕੇ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰਵਾ ਦਿੱਤਾ।ਪੀੜਤ ਨੇ ਦੱਸਿਆ ਕਿ ਥਾਣਾ ਮੁਖੀ ਵਲਟੋਹਾ ਵੱਲੋਂ ਉਸ ਦੇ ਬਿਆਨ ਤਾਂ ਦਰਜ ਕੀਤੇ ਗਏ ਹਨ ਪਰ ਤਿੰਨ ਦਿਨ ਬੀਤ ਜਾਣ ਦੇ ਬਾਵਜੂਦ ਦੋਸ਼ੀਆਂ ਖ਼ਿਲਾਫ਼ ਕਿਸੇ ਵੀ ਤਰ੍ਹਾਂ ਦੀ ਕਾਰਵਾਈ ਨਹੀਂ ਕੀਤੀ ਗਈ ਹੈ।ਪੀੜਤ ਦਾ ਕਹਿਣਾ ਸੀ ਕਿ ਉਲਟਾ ਉਸ 'ਤੇ ਰਾਜ਼ੀਨਾਮਾ ਕਰਨ ਲਈ ਦਬਾਅ ਬਣਾਇਆ ਜਾ ਰਿਹਾ ਹੈ।ਪੀੜਤ ਨੇ ਜ਼ਿਲ੍ਹੇ ਦੇ ਐੱਸਐੱਸਪੀ ਨੂੰ ਦੋਸ਼ੀਆਂ ਖ਼ਿਲਾਫ਼ ਕਾਰਵਾਈ ਕਰਨ ਦੀ ਅਪੀਲ ਕੀਤੀ ਹੈ।ਇਸ ਸੰਬੰਧੀ ਜਦੋਂ ਐੱਸਐੱਚਓ ਵਲਟੋਹਾ ਨਾਲ ਸੰਪਰਕ ਕਰਨ ਦੀ ਕੋਸ਼ਿਸ਼ ਕੀਤੀ ਗਈ ਤਾਂ ਉਨ੍ਹਾਂ ਫ਼ੋਨ ਨਹੀਂ ਚੁੱਕਿਆ।ਇਸ ਸੰਬੰਧੀ ਸਵਾਲ ਪੁੱਛੇ ਜਾਣ ਤੇ ਐੱਸਐੱਸਪੀ ਸੁਰੇਂਦਰ ਲਾਂਬਾ ਦਾ ਕਹਿਣਾ ਸੀ ਕਿ ਪੀੜਤ ਦੇ ਬਿਆਨਾਂ ਦੇ ਆਧਾਰ 'ਤੇ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।ਉਨ੍ਹਾਂ ਨੇ ਇਹ ਵੀ ਕਿਹਾ ਕਿ ਫੜੇ ਗਏ ਲੁਟੇਰਿਆਂ ਖ਼ਿਲਾਫ਼ ਕੀਤੀ ਕਾਰਵਾਈ ਸੰਬੰਧੀ ਥਾਣਾ ਮੁਖੀ ਵਲਟੋਹਾ ਪਾਸੋਂ ਰਿਪੋਰਟ ਮੰਗੀ ਜਾਵੇਗੀ।

# ਹੁਨਰਮੰਦ ਸਿਖਿਆਰਥੀਆਂ ਨੂੰ ਸਰਟੀਫਿਕੇਟ ਵੰਡੇ

**ਛੇਹਰਟਾ, (ਮਨੋਜ ਕੁਮਾਰ)**

ਸ੍ਰੀ ਗੁਰੂ ਅਰਜਨ ਦੇਵ ਜੀ ਗਰੁੱਪ ਆਫ ਇੰਸਟੀਚਿਊਟ, ਝਬਾਲ ਰੋਡ, ਅੰਮ੍ਰਿਤਸਰ ਵਿਚ ਹੁਨਰ ਵਿਕਾਸ ਸਿਖਲਾਈ ਪ੍ਰਾਪਤ ਕਰਨ ਵਾਲੇ 500 ਸਿਖਿਆਰਥੀਆਂ ਲਈ ਸਰਟੀਫਿਕੇਟ ਵੰਡ ਸਮਾਰੋਹ ਕੀਤਾ ਗਿਆ।ਡੀ. ਏ. ਵੀ. ਸੀਨੀਅਰ ਸੈਕੰਡਰੀ ਸਕੂਲ ਦੇ ਪ੍ਰਿੰਸੀਪਲ ਵਿਕਾਸ ਪ੍ਰਸ਼ਰ ਤੇ ਹਿੰਦੂ ਸਭਾ ਸੀਨੀਅਰ ਸੈਕੰਡਰੀ ਸਕੂਲ ਦੇ ਪ੍ਰਿੰਸੀਪਲ ਵਰਿੰਦਰ ਪਾਲ ਵਿਸ਼ੇਸ਼ ਤੌਰ 'ਤੇ ਸਮਾਰੋਹ ਵਿਚ ਮੁੱਖ ਮਹਿਮਾਨ ਵਜੋਂ ਮੌਜੂਦ ਸਨ।ਇਸ ਪ੍ਰੋਗਰਾਮ ਵਿਚ ਸ੍ਰੀ ਗੁਰੂ ਅਰਜਨ ਦੇਵ ਜੀ ਗਰੁੱਪ ਆਫ ਇੰਸਟੀਚਿਊਟ ਦੀ ਡਾਇਰੈਕਟਰ ਰਾਧਿਕਾ ਚੁੱਘ ਵੀ ਮੌਜੂਦ ਰਹੇ, ਜਿਨ੍ਹਾਂ ਨੇ ਸਿਖਿਆਰਥੀਆਂ ਨੂੰ ਉੱਜਵਲ ਭਵਿੱਖ ਲਈ ਪ੍ਰੇਰਿਤ ਕੀਤਾ।ਵਿਕਾਸ ਪਰਾਸ਼ਰ ਨੇ ਕਿਹਾ ਕਿ ਅੱਜ ਦੇ ਮੁਕਾਬਲੇ ਵਾਲੇ ਯੁੱਗ ਵਿਚ ਸਿਰਫ਼ ਰਵਾਇਤੀ ਸਿੱਖਿਆ ਹੀ ਕਾਫ਼ੀ ਨਹੀਂ ਹੈ, ਸਗੋਂ ਹੁਨਰ-ਅਧਾਰਤ ਸਿਖਲਾਈ ਨੌਜਵਾਨਾਂ ਨੂੰ ਸਵੈ-ਨਿਰਭਰ ਤੇ ਸਮਰੱਥ ਬਣਾਉਂਦੀ ਹੈ।ਉਨ੍ਹਾਂ ਕਿਹਾ ਕਿ ਅਜਿਹੇ ਸਿਖਲਾਈ ਪ੍ਰੋਗਰਾਮ ਨੌਜਵਾਨਾਂ ਨੂੰ ਰੁਜ਼ਗਾਰ ਪ੍ਰਾਪਤ ਕਰਨ ਤੇ ਵਿਹਾਰਕ ਗਿਆਨ ਪ੍ਰਦਾਨ ਕਰਨ ਵਿਚ ਮਦਦ ਕਰਦੇ ਹਨ। ਤਾਂ ਜੋ ਉਹ ਦੇਸ਼ ਦੇ ਵਿਕਾਸ ਵਿੱਚ ਆਪਣੀ ਪ੍ਰਭਾਵਸ਼ਾਲੀ ਭੂਮਿਕਾ ਨਿਭਾ ਸਕਣ।ਵਰਿੰਦਰ ਪਾਲ ਨੇ ਆਪਣੇ ਸੰਬੋਧਨ ਵਿਚ ਕਿਹਾ ਕਿ ਹੁਨਰ ਵਿਕਾਸ ਪ੍ਰੋਗਰਾਮ ਨੌਜਵਾਨਾਂ ਲਈ ਨਵੀਆਂ ਸੰਭਾਵਨਾਵਾਂ ਦੇ ਦਰਵਾਜ਼ੇ ਖੋਲ੍ਹ ਰਹੇ ਹਨ।ਉਨ੍ਹਾਂ ਕਿਹਾ ਕਿ ਸਿਖਲਾਈ ਰਾਹੀਂ ਨੌਜਵਾਨ ਨਾ ਸਿਰਫ਼ ਰੁਜ਼ਗਾਰ ਦੇ ਮੌਕੇ ਪ੍ਰਾਪਤ ਕਰਦੇ ਹਨ, ਸਗੋਂ ਆਪਣੇ ਭਵਿੱਖ ਨੂੰ ਆਤਮਵਿਸ਼ਵਾਸ ਨਾਲ ਹੋਰ ਮਜ਼ਬੂਤ ਵੀ ਬਣਾਉਂਦੇ ਹਨ।



ਉਨ੍ਹਾਂ ਨੇ ਨੌਜਵਾਨਾਂ ਦੇ ਸਰਬਪੱਖੀ ਵਿਕਾਸ ਲਈ ਸੰਸਥਾ ਦੇ ਯਤਨਾਂ ਦੀ ਸ਼ਲਾਘਾ ਕੀਤੀ।ਰਾਧਿਕਾ ਚੁੱਘ ਨੇ ਸਫ਼ਲਤਾਪੂਰਵਕ ਸਿਖਲਾਈ ਪੂਰੀ ਕਰਨ ਵਾਲੇ ਸਾਰੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਤੇ ਉਨ੍ਹਾਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ।ਸੰਸਥਾ ਦੇ ਸਟਾਫ ਮੈਂਬਰ ਮੋਨਿਕਾ ਤਲਵਾਰ, ਰਾਜਦੀਪ, ਆਸਥਾ, ਆਂਚਲ, ਸੁਨੈਣਾ, ਗੁਰਵਿੰਦਰ, ਰੋਬਿਲ, ਕਾਰਤਿਕ, ਇੰਦਰ ਤੇ ਉਬੈਦ ਵੀ ਮੌਜੂਦ ਸਨ। ਸਮਾਰੋਹ ਦੇ ਅੰਤ ਵਿਚ ਸਿਖਿਆਰਥੀਆਂ ਨੂੰ ਸਰਟੀਫਿਕੇਟ ਵੰਡੇ ਗਏ।

# ਕਟਾਰੂਚੱਕ ਨੇ ਨਵਾਂਪਿੰਡ ਤੇ ਡਿਬਕੂ ਵਿਖੇ ਨਵੀਆਂ ਸੜਕਾਂ ਦਾ ਕੰਮ ਸ਼ੁਰੂ ਕਰਵਾਇਆ

**ਪਠਾਨਕੋਟ (ਦਵਿੰਦਰ ਸਿੰਘ)**

ਲਾਲ ਚੰਦ ਕਟਾਰੂਚੱਕ ਕੈਬਨਿਟ ਮੰਤਰੀ ਪੰਜਾਬ ਨੇ ਨਵਾਂਪਿੰਡ ਅਤੇ ਡਿਬਕੂ ਵਿਖੇ ਨਵੀਆਂ ਸੜਕਾਂ ਦਾ ਕੰਮ ਸ਼ੁਰੂ ਕਰਵਾਇਆ। ਇਸ ਮੌਕੇ ਉਨ੍ਹਾਂ ਤੋਂ ਇਲਾਵਾ ਨਰੇਸ਼ ਸੈਣੀ ਸਟੇਟ ਸਕੱਤਰ ਮਾਝਾ ਜ਼ੋਨ ਪੰਜਾਬ, ਪਵਨ ਕੁਮਾਰ ਫੌਜੀ ਸੰਗਠਨ ਇੰਚਾਰਜ, ਜ਼ਿਲ੍ਹਾ ਪਰੀਸ਼ਦ ਮੈਂਬਰ ਨਿਤਨ ਕੁਮਾਰ, ਸਰਪੰਚ ਫਰੀਦਾ ਨਗਰ ਬਲਜੀਤ ਕੌਰ, ਮੈਂਬਰ ਪੰਚਾਇਤ ਜੋਗਿੰਦਰ ਸਿੰਘ, ਸਰਪੰਚ ਨਵਾਂਪਿੰਡ ਹਰਚਰਨ ਸਿੰਘ, ਸਾਬਕਾ ਸਰਪੰਚ ਰਵੀ ਕੁਮਾਰ, ਪਰਸ਼ੋਤਮ ਲਾਲ, ਬਚਨ ਲਾਲ, ਰਾਜ ਕੁਮਾਰ, ਮੈਂਬਰ ਪੰਚਾਇਤ ਵੀਨਾ ਦੇਵੀ, ਮੈਂਬਰ ਪੰਚਾਇਤ ਜੋਤੀ ਸ਼ਰਮਾ, ਮੈਂਬਰ ਪੰਚਾਇਤ ਵੀਨਾ, ਸਰਪੰਚ ਡਿਬਕੂ ਰਵਿੰਦਰ ਕੁਮਾਰ, ਮੋਹਣ ਲਾਲ, ਜੋਗਾ ਸਿੰਘ, ਸੰਜਣ ਸਿੰਘ, ਜਸਵਿੰਦਰ ਸਿੰਘ, ਸਤਨਾਮ ਸਿੰਘ, ਸਰਪੰਚ ਡਾਖੋਨਾਹੜੀ ਰੇਖਾ ਸੈਣੀ, ਸ਼ਮਸ਼ੇਰ ਸਿੰਘ ਸੁਭਾਸ਼ ਸੈਣੀ, ਮਨਕ ਬਸੰਤਪੁਰੀ, ਗੰਜਨ ਸਿੰਘ, ਬਲਜੀਤ ਸਿੰਘ ਅਤੇ ਹੋਰ ਆਮ ਆਦਮੀ ਪਾਰਟੀ ਦੇ ਕਾਰਜਕਰਤਾ ਅਤੇ ਅਹੁਦੇਦਾਰ ਹਾਜ਼ਰ ਸਨ।ਇਸ ਮੌਕੇ ਲਾਲ ਚੰਦ ਕਟਾਰੂਚੱਕ ਨੇ ਕਿਹਾ ਕਿ ਮੈਂ ਵਿਧਾਨ ਸਭਾ ਹਲਕਾ ਭੋਆ ਦੇ ਪਿੰਡ ਨਵਾਂਪਿੰਡ ਜੋ ਕਿ ਪਿੰਡ ਫਰੀਦਾ ਨਗਰ ਦੇ ਨਜ਼ਦੀਕ ਹੈ ਅਤੇ ਨਵਾਂ ਪਿੰਡ ਦੇ ਲੋਕਾਂ ਦੀ ਸਭ ਤੋਂ ਵੱਡੀ ਸਮੱਸਿਆ ਸੀ ਕਿ ਆਬਾਦੀ ਤੋਂ ਬਾਅਦ ਇਸ ਰਸਤੇ ਨੂੰ ਕਦੇ ਬਣਾਇਆ ਹੀ ਨਹੀਂ ਗਿਆ ਅਤੇ ਲੋਕਾਂ ਨੂੰ ਭਾਰੀ ਪਰੇਸ਼ਾਨੀ ਦਾ ਸਾਮ੍ਹਣਾ ਕਰਨਾ ਪੈ ਰਿਹਾ ਸੀ।ਉਨ੍ਹਾਂ ਕਿਹਾ ਕਿ ਅਸੀਂ ਧੰਨਵਾਦ ਕਰਦੇ ਹਾਂ ਮੁੱਖ ਮੰਤਰੀ ਭਗਵੰਤ



ਸਿੰਘ ਮਾਨ ਦਾ ਜਿਨ੍ਹਾਂ ਨੇ ਵਿਧਾਨ ਸਭਾ ਹਲਕਾ ਭੋਆ ਨੂੰ ਹੋਰ 19 ਸੜਕਾਂ ਦੇ ਨਿਰਮਾਣ ਲਈ ਵੱਡੇ ਫੰਡ ਜਾਰੀ ਕੀਤੇ ਹਨ।ਉਨ੍ਹਾਂ ਕਿਹਾ ਕਿ ਅੱਜ ਵੀ ਦੋ ਨਵੀਂਆਂ ਸੜਕਾਂ ਦੇ ਨਿਰਮਾਣ ਕਾਰਜ ਆਰੰਭ ਕਰਵਾਏ ਗਏ ਹਨ ਜੋ ਕਰੀਬ 2.5 ਕਿਲੋਮੀਟਰ ਲੰਬੀਆਂ ਹਨ। ਉਨ੍ਹਾਂ ਦੱਸਿਆ ਕਿ ਇਨ੍ਹਾਂ ਸੜਕਾਂ ਦੇ ਨਿਰਮਾਣ 'ਤੇ 1 ਕਰੋੜ 2 ਲੱਖ ਰੁਪਏ ਖਰਚ ਕੀਤੇ ਜਾਣੇ ਹਨ। ਉਨ੍ਹਾਂ ਕਿਹਾ ਕਿ ਜਲਦੀ ਹੀ ਇਨ੍ਹਾਂ ਸੜਕਾਂ ਦਾ ਨਿਰਮਾਣ ਕਰਕੇ ਲੋਕਾਂ ਨੂੰ ਸਮਰਪਿਤ ਕੀਤੀਆਂ ਜਾਣਗੀਆਂ।

# ਬੀ ਸੀ ਵਿੰਗ ਦੀ ਪਲੇਠੀ ਮੀਟਿੰਗ



**ਬਿਆਸ (ਪਰਮਜੀਤ ਸਿੰਘ ਰੱਖੜਾ)**-ਬੱਚਤ ਭਵਨ ਅੰਮ੍ਰਿਤਸਰ ਵਿੱਚ ਬੀ ਸੀ ਵਿੰਗ ਦੀ ਪਲੇਠੀ ਮੀਟਿੰਗ ਸੁਖਜੀਤ ਸਿੰਘ ਢਿੱਲਵਾਂ ਪ੍ਰਧਾਨ ਪੰਜਾਬ ਸਟੇਟ ਬੀ ਸੀ ਵਿੰਗ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਲੋਕਾਂ ਨੂੰ ਦਰਪੇਸ਼ ਆ ਰਹੀਆਂ ਕਈ ਤਰ੍ਹਾਂ ਦੀਆਂ ਸਮੱਸਿਆਵਾਂ ਤੋਂ ਜਾਣੂ ਕਰਾਇਆ ਗਿਆ।ਬੀ ਸੀ ਵਿੰਗ ਨੂੰ ਹੋਰ ਮਜ਼ਬੂਤ ਕਰਨ ਲਈ ਕਈ ਵਿਚਾਰ ਕੀਤੇ ਗਏ ਅਤੇ ਬੀ ਸੀ ਵਿੰਗ ਦੇ ਪੰਜਾਬ ਸਟੇਟ ਪ੍ਰਧਾਨ ਅਤੇ ਵਾਈਸ ਸਟੇਟ ਪ੍ਰਧਾਨ ਹੇਮਰਾਜ ਸਾਹਨੇਵਾਲ ਅਤੇ ਹੋਰ ਆਈਆਂ ਮੁੱਖ ਸ਼ਖ਼ਸੀਅਤਾਂ ਦਾ ਅੰਮ੍ਰਿਤਸਰ ਪੁੱਜਣ ਤੇ ਸਟੇਟ ਬੀ ਸੀ ਵਿੰਗ ਦੇ ਸੈਕਟਰੀ ਸੰਦੀਪ ਸਿੰਘ ਵਿਰਦੀ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ।ਇਸ ਮੌਕੇ ਵਰਿੰਦਰ ਸਿੰਘ ਧਾਮੀ ਸਟੇਟ ਜਨਰਲ ਸੈਕਟਰੀ ਪੰਜਾਬ, ਜ਼ਿਲ੍ਹਾ ਪ੍ਰਧਾਨ ਸ਼ਹਿਰੀ ਹਰੀਸ਼ ਬੱਬਰ, ਹਰਪਾਲ ਸਿੰਘ ਚੌਹਾਨ ਜ਼ਿਲ੍ਹਾ ਪ੍ਰਧਾਨ ਅੰਮ੍ਰਿਤਸਰ ਦਿਹਾਤੀ, ਅਮਰਦੀਪ ਸਿੰਘ ਬੱਬਰ ਕੁਆਰਡੀਨੇਟਰ ਹਲਕਾ ਸਾਊਥ ਅਤੇ ਸਾਰੇ ਹੀ ਹਲਕਿਆਂ ਦੇ ਬਲਾਕ ਪ੍ਰਧਾਨ ਵੀ ਹਾਜ਼ਰ ਸਨ।

# ਮਾਸਟਰ ਜਸਬੀਰ ਸਿੰਘ ਨਿਜ਼ਾਮਪੁਰ ਨੂੰ ਵੱਖ-ਵੱਖ ਆਗੂਆਂ ਵੱਲੋਂ ਸ਼ਰਧਾਂਜਲੀਆਂ ਭੇਟ

**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**

ਕਾਮਰੇਡ ਲਖਬੀਰ ਸਿੰਘ ਸੂਬਾ ਜਨਰਲ ਸਕੱਤਰ ਕੁੱਲ ਹਿੰਦ ਕਿਸਾਨ ਸਭਾ, ਅਵਤਾਰ ਸਿੰਘ ਤੇ ਚਰਨਜੀਤ ਕੌਰ ਦੇ ਵੱਡੇ ਭਰਾ, ਬੀਬੀ ਗੁਰਮੀਤ ਕੌਰ ਦੇ ਪਤੀ ਅਤੇ ਬੀਬਾ ਸੰਦੀਪ ਕੌਰ ਦੇ ਪਿਤਾ ਤੇ ਸਵ: ਕਾਮਰੇਡ ਪੂਰਨ ਸਿੰਘ ਦੇ ਹੋਣਹਾਰ ਸਪੁੱਤਰ ਮਾਸਟਰ ਜਸਬੀਰ ਸਿੰਘ ਨਿਜ਼ਾਮਪੁਰ ਨਮਿਤ ਸ੍ਰੀ ਅਖੰਡ ਪਾਠ ਸਾਹਿਬ ਦਾ ਭੋਗ ਉਨ੍ਹਾਂ ਦੇ ਗ੍ਰਿਹਿ ਪਿੰਡ ਨਿਜ਼ਾਮਪੁਰ ਵਿਖੇ ਪਿਆ।ਉਪਰੰਤ ਸ਼ਰਧਾਂਜਲੀ ਸਮਾਰੋਹ ਹੋਇਆ ਜਿਸ 'ਚ ਕੀਰਤਨੀ ਜਥੇ ਵੱਲੋਂ ਉਨ੍ਹਾਂ ਦੀ ਆਤਮਿਕ ਸ਼ਾਂਤੀ ਲਈ ਵੈਰਾਗਮਈ ਕੀਰਤਨ ਤੇ ਅਰਦਾਸੀਏ ਸਿੰਘ ਵਲੋਂ ਉਨ੍ਹਾਂ ਦੀ ਅੰਤਿਮ ਅਰਦਾਸ ਕੀਤੀ ਗਈ।ਇਸ ਮੌਕੇ ਕਿਸਾਨ ਆਗੂ ਸਤਨਾਮ ਸਿੰਘ ਅਜਨਾਲਾ, ਸੁੱਚਾ ਸਿੰਘ ਪ੍ਰਧਾਨ ਅਧਿਆਪਕ ਜਥੇਬੰਦੀ, ਕਸ਼ਮੀਰ ਸਿੰਘ ਜ਼ਿਲ੍ਹਾ ਸਕੱਤਰ ਭਾਰਤੀ ਕਮਿਊਨਿਸ਼ਟ ਪਾਰਟੀ ਫਿਰੋਜ਼ਪੁਰ, ਮਹਾਬੀਰ ਸਿੰਘ ਗਿੱਲ ਕਾਰਜਕਾਰੀ ਪ੍ਰਧਾਨ ਕੁੱਲ ਹਿੰਦ ਕਿਸਾਨ ਸਭਾ ਵਲੋਂ ਸਵ: ਮਾ: ਜਸਬੀਰ ਸਿੰਘ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ।ਕਾਮਰੇਡ ਲਖਬੀਰ ਸਿੰਘ ਨੇ ਹਾਜ਼ਰ ਸਭ ਲੋਕਾਂ ਦਾ ਧੰਨਵਾਦ ਕੀਤਾ। ਸਟੇਜ ਸੰਚਾਲਨ ਪ੍ਰਿੰ. ਕੁਲਵੰਤ ਸਿੰਘ ਅਣਖੀ ਵੱਲੋਂ ਕੀਤਾ ਗਿਆ।

ਇਸ ਮੌਕੇ ਸਾਬਕਾ ਵਿਧਾਇਕ ਸੁੱਖਵਿੰਦਰ ਸਿੰਘ ਡੈਨੀ ਬੰਡਾਲਾ, ਚਰਨਜੀਤ ਸਿੰਘ ਬਤਰਾ ਪ੍ਰਧਾਨ ਸਬਜ਼ੀ ਮੰਡੀ ਵੱਲ੍ਹਾ, ਸੀਨੀਅਰ ਮੀਤ ਪ੍ਰਧਾਨ ਹਰਪ੍ਰੀਤ ਸਿੰਘ ਹੈਪੀ ਤੇ



ਮੀਡੀਆ ਇੰਚਾਰਜ ਬਿੱਲਾ, ਕੁੱਕੂ ਆੜ੍ਹਤੀ, ਜਥੇਦਾਰ ਜਸਬੀਰ ਸਿੰਘ, ਅਮਰਜੀਤ ਸਿੰਘ ਫੌਜ਼ੀ ਤੇ ਡਾ. ਰਾਣਾ ਨਿਜ਼ਾਮਪੁਰ, ਇੰਜ. ਬਲਜੀਤ ਸਿੰਘ ਜੰਮੂ ਆਨਰ ਐੱਮਬੀਐੱਸ ਰਿਜ਼ੋਰਟ ਛਾਪਾ ਰਾਮ ਸਿੰਘ, ਜਥੇਦਾਰ ਭੁਪਿੰਦਰ ਸਿੰਘ ਪ੍ਰਧਾਨ ਸਬਜ਼ੀ ਉਤਪਾਦਕ ਕਿਸਾਨ ਜਥੇਬੰਦੀ ਤੇ ਕਾਰਜਕਾਰੀ ਪ੍ਰਧਾਨ ਗੁਰਮੇਜ ਸਿੰਘ ਮੱਖਣਵਿੰਡੀ, ਸਕੱਤਰ ਤਰਸੇਮ ਸਿੰਘ ਨੰਗਲ, ਰਾਜਬੀਰ ਸਿੰਘ ਫ਼ਤਹਿਪੁਰ, ਚਰਨਜੀਤ ਸਿੰਘ ਤੇ ਮਹਿੰਦਰ ਸਿੰਘ ਮੱਖਣਵਿੰਡੀ, ਮਹਿਲ ਸਿੰਘ ਤੇ ਪ੍ਰਤਾਪ ਸਿੰਘ ਛਾਪਾ, ਧਰਮਿੰਦਰ ਸਿੰਘ ਕਿਲਾ, ਅਵਤਾਰ ਸਿੰਘ ਵਡਾਲਾ ਜੌਹਲ, ਕਰਨੈਲ ਸਿੰਘ ਸੈਕਟਰੀ ਨਵਾਂ ਪਿੰਡ, ਧਰਮਿੰਦਰ ਸਿੰਘ ਕਿਲਾ ਨਾਨਕ ਸਿੰਘ ਕੇਸਰ ਜਨਰੇਟਰ ਨਵਾਂ ਪਿੰਡ, ਚੇਅਰਮੈਨ ਬਲਦੇਵ ਸਿੰਘ ਨਵਾਂ ਪਿੰਡ, ਡਾ. ਰਾਣਾ ਨਿਜ਼ਾਮਪੁਰ, ਗੁਰਮੀਤ ਸਿੰਘ ਜੰਮੂ ਫ਼ਤਹਿਪੁਰ, ਅਤੇ ਵੱਡੀ ਗਿਣਤੀ ਇਲਾਕੇ ਦੇ ਮੋਹਤਬਾਰ ਤੇ ਸਾਕ ਸੰਬੰਧੀ ਹਾਜ਼ਰ ਸਨ।

# ਪ੍ਰੇਮ ਨਗਰ ਬੋਹੜਾਂਵਾਲ 'ਚ ਗਲੀਆਂ ਦੇ ਨਿਰਮਾਣ ਕਾਰਜ ਸ਼ੁਰੂ

**ਬਟਾਲਾ, (ਤਰਲੋਕ ਬੱਗਾ)**

ਬਟਾਲੇ ਹਲਕੇ ਦਾ ਸਰਬਪੱਖੀ ਵਿਕਾਸ ਅਤੇ ਲੋਕਾਂ ਨੂੰ ਸਹੂਲਤਾਂ ਮੁਹੱਈਆ ਕਰਵਾਉਣਾ ਮੇਰੀ ਪ੍ਰਮੁੱਖ ਤਰਜੀਹ ਹੈ, ਜਿਸ ਲਈ ਉਹ ਪਿਛਲੇ ਚਾਰ ਸਾਲਾਂ ਤੋਂ ਲੋਕਸੇਵਾ ਵਿੱਚ ਲੱਗੇ ਹੋਏ ਹਨ।ਇਹ ਪ੍ਰਗਟਾਵਾ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਨੇ ਵਾਰਡ ਨੰਬਰ 18 ਪ੍ਰੇਮ ਨਗਰ ਬੋਹੜਾਂਵਾਲ 'ਚ ਗਲੀਆਂ ਬਣਾਉਣ ਲਈ ਨੀਂਹ ਪੱਥਰ ਰੱਖਣ ਉਪਰੰਤ ਵਾਰਡ ਵਾਸੀਆਂ ਨਾਲ ਗੱਲਬਾਤ ਕਰਦਿਆਂ ਕੀਤਾ।ਉਨ੍ਹਾਂ ਵਾਰਡ ਵਾਸੀਆਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਸ਼ਹਿਰ ਵਾਸੀਆਂ ਦੀਆਂ ਮੁੱਢਲੀਆਂ ਜ਼ਰੂਰਤਾਂ ਪੂਰੀਆਂ ਕੀਤੀਆਂ ਜਾ ਰਹੀਆਂ ਹਨ ਅਤੇ ਦਹਾਕਿਆਂ ਤੋਂ ਗਲੀਆਂ ਤੋਂ ਸੱਖਣੇ ਲੋਕਾਂ ਦੀ ਸਹੂਲਤ ਲਈ ਗਲੀਆਂ ਬਣਾਈਆਂ ਜਾ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਵੱਖ-ਵੱਖ ਵਾਰਡਾਂ ਵਿੱਚ ਲੋਕਾਂ ਦੀ ਸਹੂਲਤ ਲਈ ਵਿਕਾਸ ਕਾਰਜ ਜਾਰੀ ਹਨ।ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਦੀ ਅਣਗਹਿਲੀ ਕਰਕੇ ਬਟਾਲਾ ਸ਼ਹਿਰ ਦੀਆਂ ਵੱਖ-ਵੱਖ ਸਮੱਸਿਆਵਾਂ ਹੱਲ ਨਹੀਂ ਕੀਤੀਆਂ ਗਈਆਂ, ਜਿਸ ਨਾਲ ਲੋਕਾਂ ਨੂੰ ਬਹੁਤ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈ



ਰਿਹਾ ਹੈ ਪਰ ਹੁਣ ਉਨ੍ਹਾਂ ਲੋਕਾਂ ਦੀ ਬਾਂਹ ਫੜ੍ਹੀ ਹੈ ਤੇ ਲੋਕਾਂ ਦੀਆਂ ਚਿਰੋਕਣੀਆਂ ਮੰਗਾਂ ਪੂਰੀਆਂ ਕੀਤੀਆਂ ਜਾ ਰਹੀਆਂ ਹਨ।ਇਸ ਮੌਕੇ ਵਾਰਡ ਵਾਸੀਆਂ ਨੇ ਵਿਧਾਇਕ ਸ਼ੈਰੀ ਕਲਸੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਗਲੀਆਂ ਨਾ ਬਣਨ ਕਰਕੇ ਉਨ੍ਹਾਂ ਨੂੰ ਵੱਡੀਆਂ ਮੁਸ਼ਕਿਲਾਂ ਦਾ ਸਾਹਮਣਾ ਕਰ ਰਹੇ ਹਨ ਪਰ ਹੁਣ ਉਨ੍ਹਾਂ ਦੀ ਸਾਰ ਲਈ ਗਈ ਹੈ, ਜਿਸ ਨਾਲ ਇਥੋਂ ਦੇ ਵਾਸੀਆਂ ਨੂੰ ਵੱਡੀ ਰਾਹਤ ਮਿਲੀ ਹੈ।

# ਸਿੱਖਿਆ ਵਿਭਾਗ ਵੱਲੋਂ ਬੋਰਡ ਦੀਆਂ ਪ੍ਰੀਖਿਆਵਾਂ ਲਈ ਤਿਆਰੀਆਂ ਮੁਕੰਮਲ : ਜ਼ਿਲ੍ਹਾ ਸਿੱਖਿਆ ਅਫਸਰ

**ਅਜਨਾਲਾ (ਸੁਖਤਿੰਦਰ ਸਿੰਘ ਰਾਜੂ)**-ਸਿੱਖਿਆ ਵਿਭਾਗ ਪੰਜਾਬ ਦੀਆਂ ਹਿਦਾਇਤਾਂ ਤਹਿਤ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਅੱਠਵੀਂ, ਦਸਵੀਂ, ਬਾਰ੍ਹਵੀਂ ਜਮਾਤਾਂ ਦੀਆਂ ਸਾਲਾਨਾ ਪ੍ਰੀਖਿਆਵਾਂ 17 ਫਰਵਰੀ ਤੋਂ ਸ਼ੁਰੂ ਹੋ ਰਹੀਆਂ ਹਨ ਜਿਨ੍ਹਾਂ ਨੂੰ ਸੁਚੱਜੇ, ਨਿਰਪੱਖ ਅਤੇ ਨਕਲ ਰਹਿਤ ਕਰਵਾਉਣ ਲਈ ਜ਼ਿਲ੍ਹਾ ਪ੍ਰਸ਼ਾਸਨ ਅਤੇ ਸਿੱਖਿਆ ਵਿਭਾਗ ਵੱਲੋਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ। ਇਸ ਸਬੰਧੀ ਜ਼ਿਲ੍ਹਾ ਸਿੱਖਿਆ ਅਫਸਰ ਸੈਕੰਡਰੀ ਰਜੇਸ਼ ਕੁਮਾਰ ਸ਼ਰਮਾ ਅਤੇ ਉਪ ਜ਼ਿਲ੍ਹਾ ਸਿੱਖਿਆ ਅਫਸਰ ਸੈਕੰਡਰੀ ਰਜੇਸ਼ ਖੰਨਾ ਵੱਲੋਂ ਜਾਣਕਾਰੀ ਦਿੱਤੀ ਗਈ ਹੈ ਕਿ ਜ਼ਿਲ੍ਹੇ ਵਿੱਚ ਕੁੱਲ 220 ਕੇਂਦਰ ਸਥਾਪਿਤ ਕੀਤੇ ਗਏ ਹਨ। 204 ਸੈਲਫ ਸੈਂਟਰ ਹਨ ਜਿਨ੍ਹਾਂ ਵਿੱਚ ਡੀਏ ਕੋਡ ਦੇ ਵਿਦਿਆਰਥੀ ਪ੍ਰੀਖਿਆ ਦੇਣਗੇ। ਜ਼ਿਲਾ ਅੰਮ੍ਰਿਤਸਰ ਵਿੱਚ ਕੁੱਲ 83077 ਵਿਦਿਆਰਥੀ ਪ੍ਰੀਖਿਆ ਦੇ ਰਹੇ ਹਨ ਜਿਨ੍ਹਾਂ ਵਿੱਚ ਅੱਠਵੀਂ ਦੇ 28232, ਦਸਵੀਂ ਦੇ 27518 ਵਿਦਿਆਰਥੀ ਅਤੇ ਬਾਰ੍ਹਵੀਂ ਜਮਾਤ ਦੇ 27327 ਵਿਦਿਆਰਥੀ ਪ੍ਰੀਖਿਆ ਵਿੱਚ ਬੈਠਣਗੇ। ਪ੍ਰੀਖਿਆਵਾਂ ਸਬੰਧੀ ਜ਼ਿਲ੍ਹਾ ਸਿੱਖਿਆ ਦਫਤਰ ਸੈਕੰਡਰੀ ਅੰਮ੍ਰਿਤਸਰ ਵਿਖੇ ਕੰਟਰੋਲ ਰੂਮ ਸਥਾਪਿਤ ਕੀਤਾ ਗਿਆ ਜਿਸ ਵਿੱਚ ਰਾਜਦੀਪ ਸਿੰਘ ਸਟੈਨੋ, ਸੁਖਪਾਲ ਸਿੰਘ ਲੈਕਚਰਾਰ, ਗੁਰਬੀਰ ਸਿੰਘ ਕੰਪਿਊਟਰ ਫੈਕਲਟੀ, ਅਮਰਜੀਤ ਸਿੰਘ ਕੰਪਿਊਟਰ ਫੈਕਲਟੀ, ਗੌਰਵ ਅਰੋੜਾ ਕੰਪਿਊਟਰ ਫੈਕਲਟੀ ਤੈਨਾਤ ਕੀਤੇ ਗਏ ਹਨ।ਇਹ ਪ੍ਰੀਖਿਆ ਕੇਂਦਰਾਂ ਵਿੱਚ



ਕੰਟਰੋਲਰਾਂ ਅਤੇ ਪ੍ਰੀਖਿਆ ਅਮਲੇ ਨੂੰ ਆਉਣ ਵਾਲੀਆਂ ਦਿੱਕਤਾਂ ਬਾਰੇ ਹੱਲ ਕਰਨਗੇ।ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪੱਧਰ 'ਤੇ ਉਡਨ ਦਸਤੇ ਤਿਆਰ ਕੀਤੇ ਗਏ ਹਨ ਜਿਸ ਵਿਚ ਜ਼ਿਲਾ ਸਿੱਖਿਆ ਅਫਸਰ (ਸੈ. ਸ), ਜ਼ਿਲ੍ਹਾ ਸਿੱਖਿਆ ਅਫ਼ਸਰ (ਐਲੀ.), ਉਪ ਜ਼ਿਲ੍ਹਾ ਸਿੱਖਿਆ ਅਫਸਰ (ਸੈ. ਸ.) ਅਤੇ ਡਾਇਟ ਪ੍ਰਿੰ. ਸ਼ਾਮਿਲ ਹਨ।ਜ਼ਿਲ੍ਹਾ ਅੰਮ੍ਰਿਤਸਰ ਦੇ ਸੀਨੀਅਰ ਪ੍ਰਿੰਸੀਪਲਾਂ ਨੂੰ ਬਲਾਕਾਂ ਦੀ ਜ਼ੁੰਮੇਵਾਰੀ ਦਿੱਤੀ ਗਈ ਹੈ।ਜ਼ਿਲ੍ਹਾ ਸਿੱਖਿਆ ਅਫਸਰ ਰਾਜੇਸ਼ ਕੁਮਾਰ ਸ਼ਰਮਾ ਨੇ ਦੱਸਿਆ ਕਿ ਸਾਰੇ ਕੇਂਦਰ ਕੰਟਰੋਲਾਂ ਨੂੰ ਬੋਰਡ ਦੀਆਂ ਹਦਾਇਤਾਂ ਅਨੁਸਾਰ ਬੈਠਕ ਪ੍ਰਬੰਧ, ਪ੍ਰਸ਼ਨ ਪੱਤਰਾਂ ਦੀ ਸੁਰੱਖਿਆ ਸੀ. ਸੀ. ਟੀ. ਵੀ. ਨਿਗਰਾਨੀ ਹੇਠ ਬਣਾਉਣ ਲਈ ਦਿਸ਼ਾ ਨਿਰਦੇਸ਼ ਜਾਰੀ ਕੀਤੇ ਗਏ ਹਨ।ਪ੍ਰੀਖਿਆ ਕੇਂਦਰਾਂ 'ਚ ਪੀਣ ਵਾਲੇ ਪਾਣੀ, ਸਫਾਈ ਅਤੇ ਬਿਜਲੀ ਦੇ ਪ੍ਰਬੰਧ ਵੀ ਯਕੀਨੀ ਬਣਾਏ ਗਏ ਹਨ।ਸਕੂਲ ਮੁਖੀਆਂ ਨੂੰ ਹਦਾਇਤ ਜਾਰੀ ਕੀਤੀ ਗਈ ਹੈ ਕਿ ਸੁਪਰਡੈਂਟ ਅਤੇ ਡਿਪਟੀ ਸੁਪਰਡੈਂਟ ਦਾ ਪ੍ਰੀਖਿਆ ਕੇਂਦਰ ਵਿੱਚ ਡਿਊਟੀ 'ਤੇ ਹਾਜ਼ਰ ਹੋਣਾ ਯਕੀਨੀ ਬਣਾਇਆ ਜਾਵੇ।

# ਅਭੁੱਲ ਯਾਦਾਂ ਛੱਡ ਗਿਆ ਪ੍ਰੀ-ਪ੍ਰਾਇਮਰੀ ਵਿੰਗ ਦਾ ਸਾਲਾਨਾ ਖੇਡ ਦਿਹਾੜਾ



**ਝਬਾਲ (ਹਰਜਿੰਦਰ ਸਿੰਘ ਸੋਨੀ)**

ਸ੍ਰੀ ਗੁਰੂ ਹਰਿਕ੍ਰਿਸ਼ਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ, ਝਬਾਲ ਵਿਖੇ ਪ੍ਰੀ -ਪ੍ਰਾਇਮਰੀ ਵਿੰਗ ਦਾ ਸਾਲਾਨਾ ਖੇਡ ਦਿਵਸ ਕਰਵਾਇਆ ਗਿਆ।ਪ੍ਰੋਗਰਾਮ ਦਾ ਆਰੰਭ ਸਕੂਲ ਸ਼ਬਦ ਰਾਹੀਂ ਕੀਤਾ ਗਿਆ। ਉਪਰੰਤ ਆਏ ਹੋਏ ਮਹਿਮਾਨਾਂ ਦਾ ਵੈਲਕਮ ਸੌਂਗ ਰਾਹੀਂ ਸਵਾਗਤ ਕੀਤਾ ਗਿਆ।ਪ੍ਰਿੰ. ਅਨੁਰੀਤ ਬਾਵਾ ਨੇ ਆਏ ਹੋਏ ਮਾਪਿਆਂ ਨੂੰ ਜੀ ਆਇਆ ਆਖਦਿਆਂ ਉਨ੍ਹਾਂ ਨਾਲ ਆਪਣੇ ਮਨ ਦੇ ਵਿਚਾਰ ਸਾਂਝੇ ਕੀਤੇ।ਐੱਨਸੀਸੀ ਕੈਡਿਟਾਂ ਦੁਆਰਾ ਮਾਰਚ ਪਾਸ ਕੀਤਾ ਗਿਆ ਅਤੇ ਗਤਕਾ ਟੀਮ ਵੱਲੋਂ ਗਤਕੇ ਦੇ ਜੌਹਰ ਵਿਖਾਏ ਗਏ।ਬੱਚਿਆਂ ਨੇ ਸਾਈਕਲ ਰੇਸ, ਫਰੌਗ ਰੇਸ, ਬਨਾਨਾ ਰੇਸ, ਬੈਲੂਨ ਰੇਸ, ਰੱਸਾ-ਕੱਸੀ, ਬੱਕਟ ਬਾਲ ਆਦਿ ਖੇਡਾਂ ਵਿੱਚ ਭਾਗ ਲਿਆ।ਵਿਦਿਆਰਥੀਆਂ ਦੁਆਰਾ ਆਏ ਹੋਏ ਮਹਿਮਾਨਾਂ ਦੇ ਮਨੋਰੰਜਨ ਲਈ ਰੰਗਾ-ਰੰਗ ਪ੍ਰੋਗਰਾਮ ਪੇਸ਼ ਕੀਤਾ ਗਿਆ।ਮਿਊਜ਼ੀਕਲ ਚੇਅਰ ਖੇਡ ਵਿੱਚ ਭਾਗ ਲੈ ਕੇ ਆਏ ਹੋਏ ਮਾਪਿਆਂ ਨੇ ਖ਼ੂਬ ਮਨੋਰੰਜਨ ਕੀਤਾ।ਪ੍ਰੋਗਰਾਮ ਦੇ ਅੰਤ ਵਿੱਚ ਸਕੂਲ ਦੇ ਮੈਂਬਰ ਇੰਚਾਰਜ ਮਨਜੀਤ ਸਿੰਘ ਢਿੱਲੋਂ, ਆਦਰਸ਼ਪਿੰਦਰ ਸਿੰਘ ਮਾਨ, ਅਜੀਤਪਾਲ ਸਿੰਘ ਅਨੇਜਾ ਅਤੇ ਸਕੂਲ ਦੇ ਪ੍ਰਿੰਸੀਪਲ ਅਨੂਰੀਤ ਬਾਵਾ ਦੁਆਰਾ ਵੱਖ-ਵੱਖ ਖੇਡਾਂ ਵਿੱਚ ਵਧੀਆ ਕਾਰਗੁਜ਼ਾਰੀ ਦਿਖਾਉਣ ਵਾਲੇ ਵਿਦਿਆਰਥੀਆਂ ਨੂੰ ਮੈਡਲ ਦੇ ਕੇ ਉਨ੍ਹਾਂ ਦੀ ਹੌਂਸਲਾ ਅਫ਼ਜ਼ਾਈ ਕੀਤੀ ਗਈ ਅਤੇ ਉਨ੍ਹਾਂ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਹੋਇਆਂ ਕਿਹਾ ਕਿ ਪੜ੍ਹਾਈ ਦੇ ਨਾਲ-ਨਾਲ ਖੇਡਾਂ ਵੀ ਬਹੁਤ ਜ਼ਰੂਰੀ ਹਨ।ਸਾਨੂੰ ਵੱਧ ਤੋਂ ਵੱਧ ਖੇਡਾਂ ਵਿੱਚ ਹਿੱਸਾ ਲੈਣਾ ਚਾਹੀਦਾ ਹੈ।ਇਸ ਨਾਲ ਸਾਡਾ ਸਰੀਰ ਤੰਦਰੁਸਤ ਰਹਿੰਦਾ ਹੈ ਅਤੇ ਖੇਡਾਂ ਰਾਹੀਂ ਅਸੀਂ ਜੀਵਨ ਦੀਆਂ ਉੱਚ ਬੁਲੰਦੀਆਂ ਵੀ ਪ੍ਰਾਪਤ ਕਰਦੇ ਹਾਂ।ਇਹ ਸਾਲਾਨਾ ਖੇਡ ਦਿਵਸ ਵਿਦਿਆਰਥੀਆਂ, ਮਾਪਿਆਂ ਅਤੇ ਅਧਿਆਪਕਾਂ ਲਈ ਆਪਣੀਆਂ ਅਭੁੱਲ ਯਾਦਾਂ ਛੱਡ ਗਿਆ।ਇਸ ਸਮੇਂ ਸਕੂਲ ਦਾ ਸਮੂਹ ਸਟਾਫ਼ ਹਾਜ਼ਰ ਸੀ।

# ਸਿੱਖ ਨੈਸ਼ਨਲ ਕਾਲਜੀਏਟ ਸਕੂਲ 'ਚ ਵਿਦਾਇਗੀ ਸਮਾਰੋਹ ਆਯੋਜਿਤ

**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**

ਸਿੱਖ ਨੈਸ਼ਨਲ ਕਾਲਜੀਏਟ ਸੀਨੀਅਰ ਸੈਕੰਡਰੀ ਸਕੂਲ ਕਾਦੀਆਂ ਵਿਖੇ ਗਿਆਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਵੱਲੋਂ ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਦੇ ਸਨਮਾਨ ਵਜੋਂ ਵਿਦਾਇਗੀ ਸਮਾਰੋਹ ਪ੍ਰਿੰਸੀਪਲ ਰਮਨਜੀਤ ਕੌਰ ਦੀ ਅਗਵਾਈ ਹੇਠ ਆਯੋਜਿਤ ਕੀਤਾ ਗਿਆ।ਇਸ ਸਮਾਗਮ ਵਿੱਚ ਵਿਸ਼ੇਸ਼ ਤੌਰ ਤੇ ਵਿਦਿਆਰਥੀਆਂ ਨੂੰ ਅਸ਼ੀਰਵਾਦ ਦੇਣ ਵਾਸਤੇ ਕਾਲਜ ਦੇ ਪ੍ਰਿੰਸੀਪਲ ਡਾ. ਹਰਪ੍ਰੀਤ ਸਿੰਘ ਹੁੰਦਲ ਸ਼ਾਮਿਲ ਹੋਏ।ਵਿਦਿਆਰਥੀਆਂ ਵੱਲੋਂ ਇਸ ਮੌਕੇ ਰੰਗਾ-ਰੰਗ ਸੱਭਿਆਚਾਰਕ ਪ੍ਰੋਗਰਾਮ ਆਯੋਜਿਤ ਕੀਤਾ ਗਿਆ।ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਸਨਮਾਨ ਵਜੋਂ ਗਿਆਰ੍ਹਵੀਂ ਜਮਾਤ ਵਿਦਿਆਰਥੀਆਂ ਨੇ ਤੋਹਫ਼ੇ ਵੀ ਭੇਟ ਕੀਤੇ।ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ ਕਾਲਜ ਪ੍ਰਿੰਸੀਪਲ ਡਾ. ਹਰਪ੍ਰੀਤ ਸਿੰਘ ਹੁੰਦਲ ਨੇ ਸਮੂਹ ਵਿਦਿਆਰਥੀਆਂ ਨੂੰ ਅਸ਼ੀਰਵਾਦ ਦਿੰਦਿਆਂ ਕਿਹਾ ਕਿ ਉਹ ਆਪਣੇ ਬੋਰਡ ਇਮਤਿਹਾਨਾਂ ਵਿੱਚ ਪੂਰੀ ਮਿਹਨਤ ਅਤੇ ਲਗਨ ਨਾਲ ਬਿਨਾਂ ਨਕਲ ਕੀਤਿਆਂ ਜਿੱਥੇ ਇਮਤਿਹਾਨ ਦੇਣ, ਉੱਥੇ ਆਉਣ ਵਾਲੇ ਸਮੇਂ ਵਿੱਚ ਉਚੇਰੀ ਸਿੱਖਿਆ ਲਈ ਵੀ ਯਤਨਸ਼ੀਲ ਰਹਿਣ।ਆਪਣੇ ਚੰਗੇ ਭਵਿੱਖ ਲਈ ਹੋਰ ਮਿਹਨਤ ਕਰਨ ਤਾਂ ਜੋ ਉਨ੍ਹਾਂ ਦੇ ਸਕੂਲ ਅਤੇ ਅਧਿਆਪਕਾਂ, ਮਾਤਾ-ਪਿਤਾ ਦਾ ਮਾਣ ਵਧੇ।ਸਕੂਲ ਪ੍ਰਿੰਸੀਪਲ ਰਮਨਜੀਤ ਕੌਰ ਨੇ ਸਾਰੇ ਵਿਦਿਆਰਥੀਆਂ ਨੂੰ ਇਮਤਿਹਾਨਾਂ ਵਿੱਚੋਂ ਚੰਗੇ ਨੰਬਰ ਲੈਣ ਲਈ ਪ੍ਰੇਰਿਤ ਕੀਤਾ।ਇਸ ਮੌਕੇ ਬਾਰ੍ਹਵੀਂ ਜਮਾਤ ਜਮਾਤ ਵਿੱਚੋਂ ਵੱਖ-ਵੱਖ ਵਿਦਿਆਰਥੀਆਂ ਦੀ ਚੋਣ ਕਰਕੇ ਉਨ੍ਹਾਂ ਨੂੰ ਵਿਸ਼ੇਸ਼ ਸਨਮਾਨ ਵੀ ਦਿੱਤੇ ਗਏ।ਵਿਦਾਇਗੀ ਸਮਾਰੋਹ ਵਿੱਚੋਂ ਮਿਸਟਰ ਫੇਅਰਵੈੱਲ ਦਾ ਖ਼ਿਤਾਬ ਮਨਕੀਰਤ ਸਿੰਘ ਜਦ ਕਿ ਮਿਸ ਫੇਅਰਵੈੱਲ ਵਜੋਂ ਕੋਮਲਪ੍ਰੀਤ ਕੌਰ



ਦੀ ਚੋਣ ਕੀਤੀ ਗਈ। ਮਿਸਟਰ ਹੈਂਡਸਮ ਸੁਖਮਨ ਜੋਤ ਸਿੰਘ ਨੂੰ ਚੁਣਿਆ ਗਿਆ।ਮਿਸ ਬਿਊਟੀਫੁੱਲ ਪਵਨੀਤ ਕੌਰ ਨੂੰ ਚੁਣਿਆ ਗਿਆ। ਮਿਸਟਰ ਇੰਟੈਲੀਜੈਂਟ ਅਨੰਤਵੀਰ ਸਿੰਘ ਅਤੇ ਮਿਸ ਇੰਟੈਲੀਜੈਂਟ ਰਿਤਿਕਾ ਨੂੰ ਚੁਣਿਆ ਗਿਆ। ਵਿਦਾਇਗੀ ਸਮਾਰੋਹ ਵਿੱਚ ਸਕੂਲ ਸਟਾਫ਼ ਮੈਂਬਰਾਂ ਵਿੱਚ ਲੈਕਚਰਾਰ ਦਲਜੀਤ ਕੌਰ, ਅਨਾਮਿਕਾ, ਅਮਤੁਲ ਮਤੀਨ, ਸਨਾਵਰ ਮੁਨੀਰ, ਮਿਤਾਲੀ ਅਮਨਦੀਪ ਕੌਰ, ਕੁਲਦੀਪ ਕੌਰ, ਜਸਕਿਰਨ ਕੌਰ, ਬਲਵੀਰ ਕੌਰ ਅਤੇ ਨਵਤੇਸ਼ਪਾਲ ਸਿੰਘ ਹਾਜ਼ਰ ਸਨ।

# ਕੇਵਲ ਧਾਲੀਵਾਲ 'ਵਿਜਯਾ ਦੇਵੀ ਸ਼ਰਮਾ ਰਾਸ਼ਟਰੀ ਰੰਗਮੰਚ ਸਨਮਾਨ' ਨਾਲ ਸਨਮਾਨਿਤ



**ਅੰਮ੍ਰਿਤਸਰ, (ਜਸਬੀਰ ਸਿੰਘ ਪੱਟੀ)**

ਮਹਾਂਕਵੀ ਕਾਲੀਦਾਸ ਦੀ ਧਰਤੀ ਉਜੈਨ (ਮੱਧ ਪ੍ਰਦੇਸ਼) ਵਿਖੇ ਅਭਿਨਵ ਰੰਗਮੰਡਲ ਵੱਲੋਂ ਕਰਵਾਏ ਗਏ 40ਵੇਂ ਰਾਸ਼ਟਰੀ ਰੰਗਮੰਚ ਉਤਸਵ ਦੌਰਾਨ ਭਾਰਤੀ ਰੰਗਮੰਚ ਦੀ ਦੁਨੀਆ ਦੀ ਜਾਣੀ-ਪਹਿਚਾਣੀ ਸ਼ਖ਼ਸੀਅਤ ਸ਼੍ਰੋਮਣੀ ਨਾਟਕਕਾਰ ਕੇਵਲ ਧਾਲੀਵਾਲ ਨੂੰ ਸਨਮਾਨਿਤ ਕੀਤਾ ਗਿਆ। ਸਮਾਗਮ ਦੌਰਾਨ ਉਨ੍ਹਾਂ ਨੂੰ ਵਕਾਰੀ ਪੁਰਸਕਾਰ 'ਸ਼੍ਰੀਮਤੀ ਵਿਜਯਾ ਦੇਵੀ ਸ਼ਰਮਾ ਰਾਸ਼ਟਰੀ ਰੰਗਮੰਚ ਸਨਮਾਨ' ਪ੍ਰਦਾਨ ਕੀਤਾ ਗਿਆ। ਇਹ ਸਨਮਾਨ ਸੀਨੀਅਰ ਰੰਗਕਰਮੀ ਸ਼ਰਦ ਸ਼ਰਮਾ ਵੱਲੋਂ ਆਪਣੀ ਮਾਤਾ ਦੀ ਯਾਦ 'ਚ ਸਥਾਪਿਤ ਕੀਤਾ ਗਿਆ ਹੈ। ਸਨਮਾਨ ਵਜੋਂ ਧਾਲੀਵਾਲ ਨੂੰ 51 ਹਜ਼ਾਰ ਰੁਪਏ ਦੀ ਨਕਦ ਰਾਸ਼ੀ, ਸ਼ਾਲ, ਸ੍ਰੀਫਲ ਅਤੇ ਸਨਮਾਨ ਪੱਤਰ ਭੇਟ ਕਰਕੇ ਉਨ੍ਹਾਂ ਦਾ ਸਵਾਗਤ ਕੀਤਾ ਗਿਆ। ਇਸ ਸਨਮਾਨ ਸਮਾਗਮ 'ਚ ਮੁੱਖ ਮਹਿਮਾਨ ਦੇ ਰੂਪ 'ਚ ਰਮੇਸ਼ ਬਾਬੂ, ਡਾ: ਗੋਪਾਲ ਸ਼ਰਮਾ ਅਤੇ ਗਿਰੀਜੇਸ਼ ਵਿਯਾਸ ਹਾਜ਼ਰ ਸਨ। ਮਹਿਮਾਨਾਂ ਵੱਲੋਂ ਰੰਗਮੰਚ ਦੇ ਖੇਤਰ 'ਚ ਕੇਵਲ ਧਾਲੀਵਾਲ ਦੇ ਯੋਗਦਾਨ ਦੀ ਸ਼ਲਾਘਾ ਕੀਤੀ ਗਈ ਅਤੇ ਕਿਹਾ ਗਿਆ ਕਿ ਕੇਵਲ ਧਾਲੀਵਾਲ ਭਾਰਤੀ ਰੰਗਮੰਚ ਦਾ ਇਕ ਵਿਸ਼ੇਸ਼ ਨਾਂਅ ਹੈ। ਕੇਵਲ ਧਾਲੀਵਾਲ ਪਿਛਲੇ 50 ਸਾਲ ਤੋਂ ਪੰਜਾਬੀ ਰੰਗਮੰਚ ਦਾ ਦੇਸ਼ਾਂ ਵਿਦੇਸ਼ਾਂ ਵਿਚ ਝੰਡਾ ਬੁਲੰਦ ਕਰ ਰਹੇ ਹਨ। ਕੇਵਲ ਧਾਲੀਵਾਲ ਨੇ 60 ਤੋਂ ਵੱਧ ਨਾਟ-ਪੁਸਤਕਾਂ ਦੀ ਰਚਨਾ ਕੀਤੀ ਹੈ ਤੇ 250 ਤੋਂ ਵੱਧ ਨਾਟਕਾਂ ਦੀ ਨਿਰਦੇਸ਼ਨਾ ਕਰਕੇ 7000 ਦੇ ਕਰੀਬ ਪਿੰਡਾਂ ਤੇ ਸ਼ਹਿਰਾਂ ਵਿਚ ਨਾਟ-ਪ੍ਰਦਰਸ਼ਨੀਆਂ ਕੀਤੀਆਂ ਹਨ। ਕੇਵਲ ਧਾਲੀਵਾਲ ਵੱਲੋਂ ਪੰਜਾਬੀ ਰੰਗਮੰਚ ਲਈ ਪਾਏ ਵਿਸ਼ੇਸ਼ ਯੋਗਦਾਨ ਲਈ ਉਨ੍ਹਾਂ ਨੂੰ ਭਾਰਤ ਸਰਕਾਰ ਵੱਲੋਂ ਰੰਗਮੰਚ ਦੇ ਖੇਤਰ ਦਾ ਸਭ ਤੋਂ ਉਚਤਮ ਰਾਸ਼ਟਰੀ ਸੰਗੀਤ ਨਾਟਕ ਅਕਾਦਮੀ ਐਵਾਰਡ ਵੀ ਭਾਰਤ ਦੇ ਮਾਣਯੋਗ ਰਾਸ਼ਟਰਪਤੀ ਵੱਲੋਂ ਦਿੱਤਾ ਗਿਆ।

# ਪ੍ਰਤਾਪ ਵਰਲਡ ਸਕੂਲ ਪਠਾਨਕੋਟ ਦੇ ਵਿਦਿਆਰਥੀਆਂ ਵੱਲੋਂ ਆਈ ਆਈ ਟੀ ਜੰਮੂ ਦਾ ਦੌਰਾ

**ਪਠਾਨਕੋਟ (ਦਵਿੰਦਰ ਸਿੰਘ)**

ਪ੍ਰਤਾਪ ਵਰਲਡ ਸਕੂਲ ਪਠਾਨਕੋਟ ਦੇ 100 ਵਿਦਿਆਰਥੀਆਂ ਨੇ ਆਈ ਆਈ ਟੀ ਜੰਮੂ ਦਾ ਦੌਰਾ ਕੀਤਾ।ਦੌਰੇ ਦੌਰਾਨ ਵਿਦਿਆਰਥੀਆਂ ਨੇ ਮੈਂਬਰਾਂ ਅਤੇ ਆਈਆਈਟੀ ਦੇ ਖੋਜ ਵਿਦਿਆਰਥੀਆਂ ਨਾਲ ਗੱਲਬਾਤ ਕੀਤੀ, ਜਿਨ੍ਹਾਂ ਨੇ ਉਚ ਸਿੱਖਿਆ, ਖੋਜ ਦੇ ਮੌਕੇ, ਨਵਚਾਰ ਅਤੇ ਵਿਗਿਆਨ ਅਤੇ ਤਕਨਾਲੋਜੀ ਵਿੱਚ ਕਰੀਅਰ ਸੰਭਾਵਨਾਵਾਂ ਬਾਰੇ ਮਹੱਤਵਪੂਰਨ ਜਾਣਕਾਰੀ ਸਾਂਝੀ ਕੀਤੀ।ਵਿਦਿਆਰਥੀਆਂ ਨੇ ਕੈਂਪਸ ਵਿੱਚ ਆਯੋਜਿਤ ਇੱਕ ਵਿਸ਼ਾਲ ਵਿਗਿਆਨ ਮੇਲੇ ਵਿੱਚ ਵੀ ਭਾਗ ਲਿਆ, ਜਿੱਥੇ ਉਨ੍ਹਾਂ ਨੇ ਨਵੀਂ ਸੋਚ ਵਾਲੀਆਂ ਪ੍ਰੋਜੈਕਟਾਂ, ਖੋਜ ਮਾਡਲਾਂ ਅਤੇ ਤਕਨੀਕੀ ਪ੍ਰਦਰਸ਼ਨਾਂ ਨੂੰ ਦੇਖਿਆ।ਇਸ ਪ੍ਰਦਰਸ਼ਨੀ ਨੇ ਨੌਜਵਾਨ ਵਿਦਿਆਰਥੀਆਂ ਵਿੱਚ ਜਿਗਿਆਸਾ ਅਤੇ ਉਤਸ਼ਾਹ ਪੈਦਾ ਕੀਤਾ ਅਤੇ ਉਨ੍ਹਾਂ ਨੂੰ ਰਚਨਾਤਮਕ ਸੋਚ ਅਤੇ ਵਿਗਿਆਨਕ ਖੋਜ ਵੱਲ ਅੱਗੇ ਵੱਧਣ ਲਈ ਪ੍ਰੇਰਿਤ ਕੀਤਾ।ਇਹ ਦੌਰਾ ਵਿਦਿਆਰਥੀਆਂ ਲਈ ਬਹੁਤ ਹੀ ਗਿਆਨਵਰਧਕ ਅਤੇ ਪ੍ਰੇਰਨਾਦਾਇਕ ਸਾਬਤ ਹੋਇਆ। ਨਿਰਦੇਸ਼ਕ ਸੰਨੀ ਮਹਾਜਨ ਨੇ ਕਿਹਾ ਕਿ ਆਈਆਈਟੀ ਜੰਮੂ ਵਰਗੇ ਸੰਸਥਾਨਾਂ ਦਾ ਅਨੁਭਵ ਸਾਡੇ ਵਿਦਿਆਰਥੀਆਂ ਨੂੰ ਸਪਸ਼ਟ ਦ੍ਰਿਸ਼ਟੀਕੋਣ



ਅਤੇ ਵੱਡੇ ਸੁਪਨੇ ਦੇਖਣ ਦਾ ਆਤਮਵਿਸ਼ਵਾਸ ਪੈਦਾ ਕਰਦਾ ਹੈ।ਪ੍ਰਿੰਸੀਪਲ ਸ਼ੁਭਰਾ ਰਾਣੀ ਨੇ ਕਿਹਾ ਕਿ ਅਸੀਂ ਸਿੱਖਣ ਦੇ ਮੌਕੇ ਪ੍ਰਦਾਨ ਕਰਨ ਵਿੱਚ ਵਿਸ਼ਵਾਸ ਰੱਖਦੇ ਹਾਂ। ਇਸ ਦੌਰੇ ਨੇ ਨਾ ਕੇਵਲ ਵਿਦਿਆਰਥੀਆਂ ਦੀ ਵਿਗਿਆਨਕ ਸੋਚ ਨੂੰ ਮਜ਼ਬੂਤ ਕੀਤਾ, ਸਗੋਂ ਸ਼ਖ਼ਸੀਅਤੀ ਵਿਕਾਸ ਨੂੰ ਵੱਧ ਤੋਂ ਵੱਧ ਹਾਸਲ ਕਰਨ ਦੀ ਲਾਲਸਾ ਵੀ ਵਧਾਈ।

# ਲੇਕਸਲੇਜਿਸ ਇੰਡੀਆ ਏਆਈ ਇੰਪੈਕਟ ਸਮਿੱਟ-2026 'ਚ ਲਵੇਗੀ ਹਿੱਸਾ

**ਅੰਮ੍ਰਿਤਸਰ** : ਲੇਕਸਲੇਜਿਸ ਭਾਰਤ ਦਾ ਉਭਰਦਾ ਏਆਈ ਅਧਾਰਿਤ ਲੀਗਲ ਇੰਟੈਲੀਜੈਂਸ ਪਲੇਟਫਾਰਮ, 16 ਤੋਂ 20 ਫ਼ਰਵਰੀ ਤੱਕ ਭਾਰਤ ਮੰਡਪਮ, ਨਵੀਂ ਦਿੱਲੀ ਵਿੱਚ ਹੋਣ ਵਾਲੇ ਇੰਡੀਆ ਏਆਈ ਇੰਪੈਕਟ ਸਮਿਟ 2026 ਵਿੱਚ ਹਿੱਸਾ ਲਵੇਗਾ।ਇਹ ਸਮਿੱਟ ਦੁਨੀਆ ਦੇ ਸਭ ਤੋਂ ਮਹੱਤਵਪੂਰਨ ਏਆਈ ਪ੍ਰੋਗਰਾਮਾਂ ਵਿੱਚੋਂ ਇੱਕ ਮੰਨਿਆ ਜਾ ਰਿਹਾ ਹੈ ਅਤੇ ਗਲੋਬਲ ਸਾਊਥ ਵਿੱਚ ਹੋਣ ਵਾਲਾ ਪਹਿਲਾ ਵੱਡਾ ਏਆਈ ਸੰਮੇਲਨ ਹੈ।ਇਹ ਸਿਰਫ਼ ਸਿਧਾਂਤਕ ਗੱਲਾਂ ਤੱਕ ਸੀਮਿਤ ਨਹੀਂ ਰਹਿੰਦਾ, ਸਗੋਂ ਸਿਹਤ, ਖੇਤੀਬਾੜੀ, ਸਿੱਖਿਆ, ਜਲਵਾਯੂ, ਸ਼ਾਸਨ ਅਤੇ ਸਮਾਵੇਸ਼ੀ ਆਰਥਿਕ ਵਿਕਾਸ ਵਰਗੇ ਖੇਤਰਾਂ ਵਿੱਚ ਏਆਈ ਦੇ ਅਸਲੀ ਅਤੇ ਮਾਪੇ ਜਾ ਸਕਣ ਵਾਲੇ ਪ੍ਰਭਾਵ 'ਤੇ ਧਿਆਨ ਕੇਂਦਰਿਤ ਕਰਦਾ ਹੈ।ਸਮਿੱਟ ਵਿੱਚ ਪੰਜ ਖ਼ਾਸ ਸਟਾਲਾਂ ਨਾਲ, ਲੇਕਸਲੇਜਿਸ ਇਹ ਦਿਖਾਏਗਾ ਕਿ ਏਆਈ ਭਾਰਤ ਵਿੱਚ ਕਾਨੂੰਨੀ ਰਿਸਰਚ, ਅਦਾਲਤੀ ਵਿਸ਼ਲੇਸ਼ਣ, ਕਾਮਪਲਾਇੰਸ ਅਤੇ ਟੈਕਸ ਇੰਟੈਲੀਜੈਂਸ ਨੂੰ ਕਿਵੇਂ ਬਦਲ ਸਕਦਾ ਹੈ।ਇਸ ਨਾਲ ਦੇਸ਼ ਦੀ ਪਚੀਦਾ ਕਾਨੂੰਨੀ ਪ੍ਰਣਾਲੀ ਵਿੱਚ ਤੇਜ਼ੀ, ਪਾਰਦਰਸ਼ਤਾ ਅਤੇ ਆਸਾਨ ਪਹੁੰਚ ਯਕੀਨੀ ਬਣ ਸਕੇਗੀ।ਇਸ ਮੌਕੇ ਲੇਕਸਲੇਜਿਸ ਦੇ ਸੰਸਥਾਪਕ ਸਾਕਰ ਯਾਦਵ ਨੇ ਕਿਹਾ ਕਿ ਦੁਨੀਆ ਭਰ ਵਿੱਚ ਏਆਈ ਬਾਰੇ ਗੱਲਬਾਤ ਹੁਣ ਸਿਰਫ਼ ਸੰਭਾਵਨਾਵਾਂ ਤੱਕ ਸੀਮਿਤ ਨਹੀਂ ਰਹੀ, ਸਗੋਂ ਜ਼ਿੰਮੇਵਾਰੀ ਵੱਲ ਵੱਧ ਰਹੀ ਹੈ।

# ਕਿਰਨਦੀਪ ਕੌਰ ਦਾ ਸਨਮਾਨ





**ਫਤਹਿਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)**-ਦਾ ਮਹਾਰਾਜਾ ਭੁਪਿੰਦਰ ਸਿੰਘ ਪੰਜਾਬ ਸਪੋਰਟਸ ਯੂਨੀਵਰਸਿਟੀ, ਪਟਿਆਲਾ ਦੇ ਸੰਵਿਧਾਨਿਕ ਕਾਲਜ ਗੁਰੂ ਨਾਨਕ ਸਰਕਾਰੀ ਕਾਲਜ, ਕਾਲਾ ਅਫ਼ਗਾਨਾ (ਗੁਰਦਾਸਪੁਰ) ਦੇ ਪ੍ਰਿੰਸੀਪਲ/ਇੰਚਾਰਜ ਡਾ. ਅਮਨਦੀਪ ਕੌਰ ਦੀ ਅਗਵਾਈ ਹੇਠ ਕਾਲਜ ਦੀ ਬੀ.ਪੀ.ਈ.ਐਸ. ਦੀ ਵਿਦਿਆਰਥਣ ਕਿਰਨਦੀਪ ਕੌਰ ਨੂੰ ਬਿਹਾਰ ਵਿਖੇ ਹੋਈ 13ਵੀਂ ਰਾਸ਼ਟਰੀ ਜੂਨੀਅਰ ਕੁਸ਼ਤੀ ਚੈਂਪੀਅਨਸ਼ਿਪ ਵਿੱਚ ਦੂਸਰਾ ਸਥਾਨ ਪ੍ਰਾਪਤ ਕਰਨ ਉਤੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਪ੍ਰਿੰਸੀਪਲ ਮੈਡਮ ਅਤੇ ਸਮੂਹ ਕਾਲਜ ਸਟਾਫ਼ ਨੇ ਕਿਰਨਦੀਪ ਕੌਰ ਨੂੰ ਮੁਬਾਰਕਾਂ ਦਿੱਤੀਆਂ।ਇਸ ਦੌਰਾਨ ਪ੍ਰਿੰਸੀਪਲ ਮੈਡਮ ਨੇ ਸਮੂਹ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਸ਼ਖ਼ਸੀਅਤ ਦੇ ਬਹੁਪੱਖੀ ਵਿਕਾਸ ਲਈ ਖੇਡਾਂ ਅਤੇ ਹੋਰ ਸੱਭਿਆਚਾਰਕ ਗਤੀਵਿਧੀਆਂ ਵਿੱਚ ਭਾਗ ਲੈਣ ਲਈ ਵੀ ਉਤਸ਼ਾਹਿਤ ਕੀਤਾ।

# ਨਾਟਕ 'ਸੱਚ ਦੇ ਪਾਂਧੀ' ਦਾ ਹੋਇਆ ਸਫਲ ਮੰਚਨ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**

ਯੂ. ਐੱਨ. ਐਂਟਰਟੇਨਮੈਂਟ ਸੁਸਾਇਟੀ ਵੱਲੋਂ ਪ੍ਰਿੰ. ਜੇ. ਐੱਸ. ਬਾਵਾ ਦਾ ਲਿਖਿਆ ਅਤੇ ਹਰਿੰਦਰ ਸੋਹਲ ਦਾ ਨਿਰਦੇਸ਼ਤ ਕੀਤਾ ਪੀਰ ਬੁੱਧੂ ਸ਼ਾਹ ਦੇ ਜੀਵਨ 'ਤੇ ਅਧਾਰਿਤ ਧਾਰਮਿਕ ਨਾਟਕ 'ਸੱਚ ਦੇ ਪਾਂਧੀ' ਵਿਰਸਾ ਵਿਹਾਰ ਦੇ ਸ੍ਰ. ਕਰਤਾਰ ਸਿੰਘ ਦੁੱਗਲ ਆਡੀਟੋਰੀਅਮ 'ਚ ਮੰਚਨ ਕੀਤਾ ਗਿਆ।ਇਹ ਨਾਟਕ ਪੀਰ ਬੁੱਧੂ ਸ਼ਾਹ ਦੀ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਲਈ ਸੱਚੀ ਸ਼ਰਧਾ ਨੂੰ ਸਮਰਪਿਤ ਹੈ।ਇਸ ਨਾਟਕ ਵਿੱਚ ਹਰਿੰਦਰ ਸੋਹਲ, ਗੁਰਦਿਤਪਾਲ ਸਿੰਘ, ਵਿਪਨ ਧਵਨ, ਸਤਨਾਮ ਬਿਜਲੀਵਾਲ, ਰਕੇਸ਼ ਕੁਮਾਰ, ਜਗਦੀਸ਼ ਜੱਬਲ, ਬਿਕਰਮਜੀਤ ਬਿੰਨੀ, ਸਾਵਨ ਵੇਰਕਾ, ਜਸਕਰਨ ਸੋਹਲ, ਸਰਬ ਮਜੀਠਾ, ਮਨਪ੍ਰੀਤ ਸੋਹਲ ਅਤੇ ਨਵਪ੍ਰੀਤ ਹੁੰਦਲ ਨੇ ਦਮਦਾਰ ਅਦਾਕਾਰੀ ਪੇਸ਼ ਕੀਤੀ।ਨਾਟਕ ਦਾ ਗੀਤ ਤੇ ਸੰਗੀਤ ਹਰਿੰਦਰ ਸੋਹਲ ਵੱਲੋਂ ਤਿਆਰ ਕੀਤਾ ਗਿਆ।ਨਾਟਕ ਵਿੱਚ ਕਲਾਕਾਰਾਂ ਦਾ ਮੇਕਅਪ ਅਮਰੀਕ ਰੰਧਾਵਾ ਵੱਲੋਂ ਕੀਤਾ ਗਿਆ।ਇਸ ਮੌਕੇ ਸ਼੍ਰੋਮਣੀ ਬਾਲ ਸਾਹਿਤ ਪੁਰਸਕਾਰ ਵਿਜੇਤਾ ਕੁਲਬੀਰ ਸੂਰੀ, ਪਰਮਜੀਤ ਸਿੰਘ ਗੰਡੀਵਿੰਡ, ਗੁਰਦੇਵ ਸਿੰਘ ਮਹਿਲਾਂਵਾਲਾ, ਗੁਰਪ੍ਰੀਤ ਸਿੰਘ, ਪ੍ਰਿੰ. ਹਰਪ੍ਰੀਤ ਕੌਰ, ਨਰਿੰਦਰ ਸਿੰਘ (ਰੋਜ਼ ਬਰਡ ਸਕੂਲ) ਤੇ ਵਿਦਿਆਰਥੀ ਹਾਜ਼ਰ ਸਨ।

# ਸ਼੍ਰੀ ਬਾਲ ਜੋਗੀ ਪਰਗਟ ਨਾਥ ਨੇ ਚੇਅਰਮੈਨ ਦਾ ਅਹੁਦਾ ਸੰਭਾਲਿਆ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**-ਪੰਜਾਬ ਸਰਕਾਰ ਵੱਲੋਂ ਭਗਵਾਨ ਵਾਲਮੀਕਿ ਜੀ ਤੀਰਥ ਸਥਲ (ਰਾਮ ਤੀਰਥ) ਸ਼ਰਾਈਨ ਬੋਰਡ ਦੇ ਐਡਵਾਈਜ਼ਰੀ ਬੋਰਡ ਦੇ ਨਿਯੁਕਤ ਕੀਤੇ ਗਏ ਚੇਅਰਮੈਨ ਸ਼੍ਰੀ ਬਾਲ ਜੋਗੀ ਪਰਗਟ ਨਾਥ ਨੇ ਅਹੁਦਾ ਸੰਭਾਲ ਲਿਆ ਹੈ। ਅਹੁਦਾ ਸੰਭਾਲਣ ਤੋਂ ਪਹਿਲਾਂ ਸ਼੍ਰੀ ਬਾਲ ਜੋਗੀ ਪ੍ਰਗਟ ਨਾਥ ਨੇ ਭਗਵਾਨ ਵਾਲਮੀਕਿ ਜੀ ਤੀਰਥ ਸਥਲ ਉਪਰ ਮੱਥਾ ਟੇਕ ਕੇ ਭਗਵਾਨ ਵਾਲਮੀਕਿ ਜੀ ਦਾ ਅਸ਼ੀਰਵਾਦ ਲਿਆ ਅਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ।ਇਸ ਮੌਕੇ ਉਨ੍ਹਾਂ ਨਾਲ ਸੂਬੇ ਦੇ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈਟੀਓ., ਵਿਸ਼ੇਸ਼ ਤੌਰ 'ਤੇ ਦਿੱਲੀ ਤੋਂ ਪਹੁੰਚੇ ਆਮ ਆਦਮੀ ਪਾਰਟੀ ਦੇ ਵਿਧਾਇਕ ਅਜੇ ਦੱਤ, ਵਿਧਾਇਕ ਕੁਲਦੀਪ ਸਿੰਘ ਧਾਲੀਵਾਲ, ਵਿਧਾਇਕ ਡਾ. ਜਸਬੀਰ ਸਿੰਘ ਸੰਧੂ, ਵਿਧਾਇਕਾ ਜੀਵਨ ਜੋਤ ਕੌਰ, ਵਿਧਾਇਕ ਦਲਬੀਰ ਸਿੰਘ ਟੌਂਗ, ਵਿਧਾਇਕ ਬਲਕਾਰ ਸਿੰਘ, ਵਿਧਾਇਕਾ ਇੰਦਰਜੀਤ ਕੌਰ ਮਾਨ, ਨਸ਼ਾ ਮੁਕਤੀ ਮੋਰਚਾ ਦੀ ਮਾਝਾ ਜ਼ੋਨ ਦੀ ਕੋਆਰਡੀਨੇਟਰ ਸੋਨੀਆ ਮਾਨ, ਪੰਜਾਬ ਰਾਜ ਸਫ਼ਾਈ ਕਰਮਚਾਰੀ ਕਮਿਸ਼ਨ ਦੇ ਚੇਅਰਮੈਨ ਚੰਦਨ ਗਰੇਵਾਲ, ਡਿਪਟੀ ਕਮਿਸ਼ਨਰ ਅੰਮ੍ਰਿਤਸਰ ਦਲਵਿੰਦਰਜੀਤ ਸਿੰਘ, ਪੁਲਸ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ, ਐੱਸਐੱਸਪੀ ਅੰਮ੍ਰਿਤਸਰ (ਦਿਹਾਤੀ) ਸੋਹੇਲ ਮੀਰ ਕਾਸਿਮ, ਐੱਸਡੀਐੱਮ. ਲੋਪੋਕੇ ਖੁਸ਼ਪ੍ਰੀਤ ਸਿੰਘ ਤੋਂ ਇਲਾਵਾ ਹੋਰ ਅਧਿਕਾਰੀ ਅਤੇ ਆਗੂ ਹਾਜ਼ਰ ਸਨ।ਭਗਵਾਨ ਵਾਲਮੀਕਿ ਜੀ ਤੀਰਥ ਸਥਲ (ਰਾਮ ਤੀਰਥ) ਸ਼ਰਾਈਨ ਬੋਰਡ ਦੇ ਦਫ਼ਤਰ ਵਿੱਚ ਆਪਣਾ ਅਹੁਦਾ ਸੰਭਾਲਣ ਉਪਰੰਤ ਚੇਅਰਮੈਨ ਸ਼੍ਰੀ ਬਾਲ ਜੋਗੀ ਪਰਗਟ ਨਾਥ ਨੇ ਭਗਵਾਨ ਵਾਲਮੀਕਿ ਜੀ ਦਾ ਸ਼ੁਕਰਾਨਾਂ ਕਰਨ ਦੇ ਨਾਲ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਸਮੁੱਚੀ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ।ਉਨ੍ਹਾਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਉਨ੍ਹਾਂ ਨੂੰ ਜੋ ਜ਼ਿੰਮੇਵਾਰੀ ਦਿੱਤੀ ਹੈ ਉਹ ਉਸ ਨੂੰ ਪੂਰੀ ਸੇਵਾ-ਭਾਵਨਾ, ਸਮਰਪਣ



ਅਤੇ ਇਮਾਨਦਾਰੀ ਨਾਲ ਨਿਭਾਉਣਗੇ।ਉਨ੍ਹਾਂ ਕਿਹਾ ਕਿ ਭਗਵਾਨ ਵਾਲਮੀਕਿ ਜੀ ਤੀਰਥ ਸਥਲ ਪੂਰੀ ਦੁਨੀਆ ਵਿੱਚ ਆਪਣੀ ਰੂਹਾਨੀ ਸ਼ਕਤੀ ਕਰਕੇ ਜਾਣਿਆ ਜਾਂਦਾ ਹੈ ਅਤੇ ਉਹ ਪੂਰੀ ਕੋਸ਼ਿਸ਼ ਕਰਨਗੇ ਕਿ ਇੱਥੇ ਆਉਣ ਵਾਲੇ ਸ਼ਰਧਾਲੂਆਂ ਦੀ ਟਹਿਲ-ਸੇਵਾ ਵਿੱਚ ਕੋਈ ਕਸਰ ਬਾਕੀ ਨਾ ਰਹੇ। ਉਨ੍ਹਾਂ ਕਿਹਾ ਕਿ ਭਗਵਾਨ ਵਾਲਮੀਕਿ ਜੀ ਤੀਰਥ ਸਥਲ ਦੇ ਸੁੰਦਰੀਕਰਨ ਵੱਲ ਹੋਰ ਵੀ ਧਿਆਨ ਦਿੱਤਾ ਜਾਵੇਗਾ।ਉਨ੍ਹਾਂ ਸਾਰਿਆਂ ਨੂੰ ਸੱਦਾ ਦਿੱਤਾ ਕਿ ਆਓ ਸਾਰੇ ਮਿਲ ਕੇ ਭਗਵਾਨ ਵਾਲਮੀਕਿ ਜੀ ਤੀਰਥ ਸਥਲ ਦੀ ਸੇਵਾ-ਸੰਭਾਲ ਵਿੱਚ ਮਿਲ ਕੇ ਆਪਣਾ ਯੋਗਦਾਨ ਪਾਈਏ।ਇਸ ਮੌਕੇ ਕੈਬਨਿਟ ਮੰਤਰੀ ਈਟੀਓ ਅਤੇ ਵਿਧਾਇਕਾਂ ਵੱਲੋਂ ਭਗਵਾਨ ਸ਼੍ਰੀ ਬਾਲ ਜੋਗੀ ਪਰਗਟ ਨਾਥ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਵੀ ਕੀਤਾ ਗਿਆ।ਸ਼੍ਰੀ ਬਾਲ ਜੋਗੀ ਪਰਗਟ ਨਾਥ ਨੂੰ ਅਹੁਦਾ ਸੰਭਾਲਣ ਦੀ ਵਧਾਈ ਦਿੰਦਿਆਂ ਕੈਬਨਿਟ ਮੰਤਰੀ ਈਟੀਓ ਨੇ ਕਿਹਾ ਕਿ ਉਨ੍ਹਾਂ ਦੀ ਅਗਵਾਈ ਹੇਠ ਇਸ ਤੀਰਥ ਸਥਲ ਦੀ ਸੇਵਾ-ਸੰਭਾਲ ਹੋਰ ਵੀ ਬਿਹਤਰ ਢੰਗ ਨਾਲ ਹੋ ਸਕੇਗੀ।ਇਸ ਮੌਕੇ ਨਸ਼ਾ ਮੁਕਤੀ ਮੋਰਚਾ ਦੀ ਮਾਝਾ ਜ਼ੋਨ ਦੀ ਕੋਆਰਡੀਨੇਟਰ ਸੋਨੀਆ ਮਾਨ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਭਗਵਾਨ ਵਾਲਮੀਕਿ ਜੀ ਤੀਰਥ ਸਥਲ (ਰਾਮ ਤੀਰਥ) ਸ਼ਰਾਈਨ ਬੋਰਡ ਦੇ ਐਡਵਾਈਜ਼ਰੀ ਬੋਰਡ ਦਾ ਚੇਅਰਮੈਨ ਸ਼੍ਰੀ ਬਾਲ ਜੋਗੀ ਪਰਗਟ ਨਾਥ ਜੀ ਨੂੰ ਨਿਯੁਕਤ ਕਰਨਾ ਬਹੁਤ ਵਧੀਆ ਉਪਰਾਲਾ ਹੈ ਅਤੇ ਸਰਕਾਰ ਦੇ ਇਸ ਫੈਸਲੇ ਨਾਲ ਸਮੁੱਚੀ ਸੰਗਤ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ ਹੈ।ਇਸ ਮੌਕੇ ਹੋਰ ਵਿਧਾਇਕਾਂ ਵੱਲੋਂ ਵੀ ਨਵ-ਨਿਯੁਕਤ ਚੇਅਰਮੈਨ ਨੂੰ ਵਧਾਈ ਦਿੱਤੀ ਗਈ।ਇਸ ਮੌਕੇ ਕੈਬਨਿਟ ਮੰਤਰੀ ਈਟੀਓ ਦੇ ਧਰਮ ਪਤਨੀ ਸੁਹਿੰਦਰ ਕੌਰ, ਮੈਡਮ ਸੁਨੈਨਾ ਰੰਧਾਵਾ, ਭਗਵਾਨ ਵਾਲਮੀਕਿ ਜੀ ਤੀਰਥ ਸਥਲ (ਰਾਮ ਤੀਰਥ) ਸ਼ਰਾਈਨ ਬੋਰਡ ਦੇ ਜਨਰਲ ਮੈਨੇਜਰ ਸੁਖਮਨ ਸਿੰਘ, ਮਾਝਾ ਜ਼ੋਨ ਦੇ ਸਕੱਤਰ ਰਵਿੰਦਰ ਹੰਸ, ਜ਼ਿਲ੍ਹਾ ਪ੍ਰਧਾਨ ਐੱਸਸੀ ਵਿੰਗ ਡਾ. ਇੰਦਰਪਾਲ, ਨਗਰ ਪੰਚਾਇਤ ਰਾਜਾਸਾਂਸੀ ਦੇ ਪ੍ਰਧਾਨ ਕੁਲਵਿੰਦਰ ਸਿੰਘ ਔਲਖ, ਡੀਐੱਸਪੀ ਰਾਜਾਸਾਂਸੀ ਨੀਰਜ ਕੁਮਾਰ ਤੋਂ ਇਲਾਵਾ ਹੋਰ ਵੀ ਧਾਰਮਿਕ, ਸਮਾਜਿਕ ਅਤੇ ਰਾਜਨੀਤਕ ਹਸਤੀਆਂ ਹਾਜ਼ਰ ਸਨ।

# ਸਮਾਜ ਸੇਵਕ ਸੁਨੀਲ ਨਾਇਰ ਨੂੰ ਕੀਤਾ ਸਨਮਾਨਿਤ



**ਛੇਹਰਟਾ, (ਮਨੋਜ ਕੁਮਾਰ)**-ਸ਼੍ਰੀ ਰਾਮ ਸਹਾਏ ਮੱਲ ਬਗੀਚੀ ਠਾਕੁਰ ਵੱਲੋਂ ਖੇਮਕਾ ਰਾਮ ਤਲਾਈ ਮੰਦਰ, ਜੀ. ਟੀ. ਰੋਡ ਵਿਖੇ ਸਮਾਜ ਸੇਵਕ ਸੁਨੀਲ ਨਾਇਰ, ਰਾਜੇਸ਼ ਕੁਮਾਰ ਗਾਂਧੀ ਤੇ ਯਸ਼ਪਾਲ ਨੂੰ ਸਨਮਾਨਿਤ ਕੀਤਾ ਗਿਆ।ਅਨੁਜ ਖੇਮਕਾ ਨੇ ਦੱਸਿਆ ਕਿ ਮਹਾਸ਼ਿਵਰਾਤਰੀ ਦੇ ਸਬੰਧ ਵਿਚ ਸਮਾਜ ਸੇਵਕ ਸੁਨੀਲ ਨਾਇਰ ਤੇ ਨਰਿੰਦਰ ਸਿੰਘ ਰਤਨ ਨੇ ਮੰਦਰ ਵਿਚ ਸਜਾਵਟ ਤੇ ਰੌਸ਼ਨੀ ਕਰਵਾਈ ਹੈ। ਸੁਨੀਲ ਨਾਇਰ ਨੇ ਕਿਹਾ ਕਿ ਮੰਦਰ ਵਿਚ ਜੋ ਵੀ ਕਮੀਆਂ ਹਨ, ਉਨ੍ਹਾਂ ਨੂੰ ਪੂਰਾ ਕੀਤਾ ਜਾਵੇਗਾ ਤੇ ਆਉਣ ਵਾਲੇ ਦਿਨਾਂ ਵਿਚ ਕੀਰਤਨ ਵੀ ਕਰਵਾਇਆ ਜਾਵੇਗਾ।ਮੰਦਰ ਦੇ ਸੇਵਕ ਅਨੁਜ ਖੇਮਕਾ ਵੱਲੋਂ ਸੁਨੀਲ ਨਾਇਰ ਨੂੰ ਮਾਤਾ ਦੀ ਚੁੰਨੀ ਦੇ ਕੇ ਸਨਮਾਨਿਤ ਕੀਤਾ ਗਿਆ।ਅਨੁਜ ਖੇਮਕਾ ਨੇ ਕਿਹਾ ਕਿ ਇਹ ਸਾਡਾ ਪਰਿਵਾਰਕ ਮੰਦਰ ਹੈ।ਇਸ ਮੌਕੇ ਮੰਦਰ ਦੇ ਪੁਜਾਰੀ ਕੇਸ਼ਵ, ਓਮ ਪ੍ਰਕਾਸ਼ ਖੇਮਕਾ, ਰਾਜਿੰਦਰ ਪ੍ਰਸਾਦ ਖੇਮਕਾ, ਸੋਹਨ ਲਾਲ ਖੇਮਕਾ, ਆਸ਼ੀਸ਼ ਖੇਮਕਾ, ਸਮਾਜ ਸੇਵਕ ਅਸ਼ਵਨੀ ਜੋਸ਼ੀ, ਵਿਕਰਮ ਜੋਸ਼ੀ, ਸੁਮਨ, ਸਰਿਤਾ ਤੇ ਅਨੁਜ ਖੇਮਕਾ ਨੇ ਕਿਹਾ ਕਿ ਹੁਣ ਮੰਦਰ ਵਿਚ ਲਗਾਤਾਰ ਪ੍ਰੋਗਰਾਮ ਚੱਲਦੇ ਰਹਿਣਗੇ।

ਨਵਾਂ ਜ਼ਮਾਨਾ
ਸੋਮਵਾਰ, 16 ਫਰਵਰੀ 2026

# ਜੀ-ਹਜ਼ੂਰੀ

ਯੂਨੀਵਰਸਿਟੀ ਗਰਾਂਟਸ ਕਮਿਸ਼ਨ (ਯੂ ਜੀ ਸੀ) ਆਰ ਐੱਸ ਐੱਸ ਦੀ ਜੀ-ਹਜ਼ੂਰੀ ਕਰਨ ਵਿੱਚ ਲਗਾਤਾਰ ਹੱਦਾਂ ਟੱਪਦਾ ਜਾ ਰਿਹਾ ਹੈ। ਹੁਣ ਇਸ ਨੇ ਉੱਚ ਵਿਦਿਅਕ ਅਦਾਰਿਆਂ ਨੂੰ 7-8 ਮਾਰਚ ਨੂੰ ਨਵੀਂ ਦਿੱਲੀ ਦੇ ਵਿਗਿਆਨ ਭਵਨ ਵਿੱਚ 'ਭਾਰਤੀ ਨਾਰੀ ਸੇ ਨਾਰਾਇਣੀ' ਨਾਂਅ ਦੇ ਕੌਮੀ ਸੰਮੇਲਨ ਵਿੱਚ ਸ਼ਾਮਲ ਹੋਣ ਲਈ ਸਰਕੂਲਰ ਜਾਰੀ ਕੀਤਾ ਹੈ। ਸਰਕੂਲਰ ਮੁਤਾਬਕ ਇਹ ਸੰਮੇਲਨ ਭਾਰਤੀ ਵਿਦਵਤ ਪ੍ਰੀਸ਼ਦ (ਬੀ ਵੀ ਪੀ) ਤੇ ਰਾਸ਼ਟਰ ਸੇਵਿਕਾ ਸਮਿਤੀ ਵੱਲੋਂ ਜਥੇਬੰਦ ਕੀਤਾ ਜਾ ਰਿਹਾ ਹੈ। ਸਰਕੂਲਰ ਵਿੱਚ ਇਸ ਨੂੰ ਮਹਿਲਾ ਵਿਚਾਰ ਨੇਤਾਵਾਂ ਲਈ ਇੱਕ 'ਸਹਿਯੋਗਾਤਮਕ ਰਾਸ਼ਟਰੀ ਮੰਚ' ਦੱਸਿਆ ਗਿਆ ਹੈ, ਜਿੱਥੇ ਆਤਮ ਨਿਰਭਰਤਾ, ਸਮਾਵੇਸ਼ੀ ਲੀਡਰਸ਼ਿਪ ਤੇ ਸਮੱਗਰ ਰਾਸ਼ਟਰੀ ਵਿਕਾਸ ਵਰਗੇ ਵਿਸ਼ਿਆਂ 'ਤੇ ਵਿਚਾਰ-ਵਟਾਂਦਰਾ ਕੀਤਾ ਜਾਵੇਗਾ। ਇਸ ਵਿੱਚ ਮਹਿਲਾਵਾਂ ਦੀਆਂ ਉਪਲੱਬਧੀਆਂ ਦਾ ਜਸ਼ਨ ਮਨਾਉਣ ਤੇ ਭਾਰਤ ਦੇ ਭਵਿੱਖ ਲਈ ਭਾਈਵਾਲੀ ਵਿਕਸਤ ਕਰਨ ਦੀ ਗੱਲ ਵੀ ਕਹੀ ਗਈ ਹੈ।

ਯੂ ਜੀ ਸੀ ਨੇ ਯੂਨੀਵਰਸਿਟੀਆਂ ਤੇ ਉੱਚ ਵਿਦਿਅਕ ਅਦਾਰਿਆਂ ਨੂੰ ਇਸ ਸੰਮੇਲਨ ਤੋਂ ਪਹਿਲਾਂ ਵਿਦਿਅਕ ਸਰਗਰਮੀਆਂ ਆਯੋਜਿਤ ਕਰਨ ਲਈ ਕਿਹਾ ਹੈ, ਜਿਸ ਵਿੱਚ ਪੈਨਲ ਚਰਚਾ, ਪੋਸਟਰ ਪ੍ਰਸਤੁਤੀ ਤੇ ਆਡੀਓ-ਵਿਜ਼ੁਅਲ ਪ੍ਰਸਤੁਤੀ ਵਰਗੀਆਂ ਸਰਗਰਮੀਆਂ ਸ਼ਾਮਲ ਹਨ, ਜਿਹੜੀਆਂ ਅੱਠ ਵਿਸ਼ਿਆਂ ਦੇ ਇਰਦ-ਗਿਰਦ ਆਯੋਜਿਤ ਕੀਤੀਆਂ ਜਾਣੀਆਂ ਹਨ। ਅਦਾਰਿਆਂ ਨੂੰ ਸਰਗਰਮੀਆਂ ਦੇ ਸਿੱਟੇ ਤੇ ਸਿਫਾਰਸ਼ਾਂ ਇਕੱਠੀਆਂ ਕਰਕੇ ਯੂ ਜੀ ਸੀ ਨੂੰ ਰਿਪੋਰਟ ਭੇਜਣ ਲਈ ਕਿਹਾ ਗਿਆ ਹੈ। ਇਸ ਦੀ ਇੱਕ ਕਾਪੀ ਬੀ ਵੀ ਪੀ ਦੀ ਸਕੱਤਰ ਪ੍ਰੋਫੈਸਰ ਸ਼ਿਵਾਨੀ ਨੂੰ ਵੀ ਭੇਜਣ ਦਾ ਨਿਰਦੇਸ਼ ਦਿੱਤਾ ਗਿਆ ਹੈ, ਤਾਂ ਕਿ ਸੰਮੇਲਨ ਦੌਰਾਨ 'ਰਾਸ਼ਟਰੀ ਸਿਫਾਰਸ਼ ਦਸਤਾਵੇਜ਼' ਵਿੱਚ ਦੇਸ਼ ਦੀ ਸਮੂਹਕ ਵਿਦਿਅਕ ਆਵਾਜ਼ ਨੂੰ ਸ਼ਾਮਲ ਕੀਤਾ ਜਾ ਸਕੇ। ਸਰਕੂਲਰ ਵਿੱਚ ਸਾਰੀਆਂ ਮਹਿਲਾ ਵਾਈਸ ਚਾਂਸਲਰਾਂ ਤੇ ਸੀਨੀਅਰ ਮਹਿਲਾ ਪ੍ਰਸ਼ਾਸਕਾਂ ਨੂੰ ਵਿਸ਼ੇਸ਼ 'ਮਹਿਲਾ ਵਾਈਸ ਚਾਂਸਲਰ ਸੰਮੇਲਨ' ਵਿੱਚ ਹਿੱਸਾ ਲੈਣ ਲਈ ਸੱਦਾ ਦਿੱਤਾ ਗਿਆ ਹੈ, ਜਿੱਥੇ ਉੱਚ ਸਿੱਖਿਆ ਵਿੱਚ ਲੀਡਰਸ਼ਿਪ, ਪ੍ਰਸ਼ਾਸਨ ਤੇ ਲੈਂਗਿਕ ਸੰਵੇਦਨਸ਼ੀਲ ਨੀਤੀਆਂ 'ਤੇ ਚਰਚਾ ਕੀਤੀ ਜਾਵੇਗੀ।

ਜਿਹੜੀਆਂ ਜਥੇਬੰਦੀਆਂ ਇਹ ਸੰਮੇਲਨ ਕਰਵਾ ਰਹੀਆਂ ਹਨ, ਉਹ ਕਿਸੇ ਨਾ ਕਿਸੇ ਰੂਪ ਵਿੱਚ ਆਰ ਐੱਸ ਐੱਸ ਨਾਲ ਜੁੜੀਆਂ ਹੋਈਆਂ ਹਨ। ਭਾਜਪਾ ਦੀ ਅਗਵਾਈ ਵਿੱਚ ਕੇਂਦਰ 'ਚ ਚੱਲ ਰਹੀ ਸਰਕਾਰ ਤਹਿਤ ਯੂ ਜੀ ਸੀ ਦਾ ਧਿਆਨ ਵਿਦਿਅਕ ਮਿਆਰ ਉੱਚਾ ਚੁੱਕਣ ਵੱਲ ਘੱਟ ਤੇ ਆਰ ਐੱਸ ਐੱਸ ਨਾਲ ਜੁੜੇ ਸੰਗਠਨਾਂ ਦਾ ਸਰਗਰਮ ਪ੍ਰਚਾਰ ਤੇ ਪ੍ਰਸਾਰ ਕਰਨ ਵੱਲ ਜ਼ਿਆਦਾ ਹੈ। ਅਗਾਊਂ ਹੀ ਅੰਦਾਜ਼ਾ ਲਾਇਆ ਜਾ ਸਕਦਾ ਹੈ ਕਿ ਸੰਮੇਲਨ ਵਿੱਚ ਕਿਸ ਤਰ੍ਹਾਂ ਦਾ ਵਿਚਾਰ-ਵਟਾਂਦਰਾ ਹੋਵੇਗਾ ਤੇ ਕਿਸ ਤਰ੍ਹਾਂ ਦੇ ਸਿੱਟੇ ਨਿਕਲਣਗੇ। ਅਫਸੋਸ ਇਸ ਗੱਲ ਦਾ ਵੀ ਹੈ ਕਿ ਕਈ ਵਾਈਸ ਚਾਂਸਲਰ ਵੀ ਅਦਾਰਿਆਂ ਦੀ ਖ਼ੁਦਮੁਖਤਾਰੀ ਤੇ ਸੈਕੂਲਰ ਚਰਿਤਰ ਦੀ ਰਾਖੀ ਕਰਨ ਦੀ ਥਾਂ ਆਪਣੇ ਅਹੁਦੇ ਬਚਾਉਣ ਲਈ ਯੂ ਜੀ ਸੀ ਦੇ ਹੁਕਮਾਂ 'ਤੇ ਫੁੱਲ ਚੜ੍ਹਾਉਣ ਲੱਗੇ ਹੋਏ ਹਨ।

## ਪ੍ਰਦੂਸ਼ਣ ਵਧਿਆ, ਪਰ ਬਜਟ ਘਟਿਆ

ਅੱਜ ਦੇ ਸਮੇਂ ਵਿੱਚ ਪ੍ਰਦੂਸ਼ਣ ਸਿਰਫ਼ ਇੱਕ ਵਾਤਾਵਰਣੀ ਸਮੱਸਿਆ ਨਹੀਂ ਰਹੀ, ਇਹ ਸਿਹਤ, ਅਰਥ ਵਿਵਸਥਾ ਅਤੇ ਭਵਿੱਖ ਨਾਲ ਜੁੜਿਆ ਗੰਭੀਰ ਸੰਕਟ ਬਣ ਚੁੱਕਾ ਹੈ। ਹਵਾ ਵਿੱਚ ਜ਼ਹਿਰੀਲੇ ਕਣ, ਪਾਣੀ ਵਿੱਚ ਰਸਾਇਣਕ ਗੰਦਗੀ ਅਤੇ ਮਿੱਟੀ ਵਿੱਚ ਪਲਾਸਟਿਕ ਤੇ ਉਦਯੋਗਿਕ ਬੁਰਾਦ, ਇਹ ਸਭ ਮਿਲ ਕੇ ਜੀਵਨ ਦੀ ਗੁਣਵੱਤਾ ਨੂੰ ਘਟਾ ਰਹੇ ਹਨ, ਪਰ ਦੁੱਖ ਦੀ ਗੱਲ ਇਹ ਹੈ ਕਿ ਜਦੋਂ ਪ੍ਰਦੂਸ਼ਣ ਦੇ ਪੱਧਰ ਵਧ ਰਹੇ ਹਨ, ਤਾਂ ਇਸ ਨੂੰ ਰੋਕਣ ਲਈ ਨਿਰਧਾਰਤ ਬਜਟ ਘਟਦਾ ਨਜ਼ਰ ਆ ਰਿਹਾ ਹੈ ।ਸ਼ਹਿਰਾਂ ਵਿੱਚ ਵਾਹਨਾਂ ਦੀ ਗਿਣਤੀ ਤੇਜ਼ੀ ਨਾਲ ਵਧ ਰਹੀ ਹੈ । ਫੈਕਟਰੀਆਂ ਦਾ ਧੂੰਆਂ, ਨਿਰਮਾਣ ਕਾਰਜਾਂ ਦੀ ਧੂੜ ਅਤੇ ਖੁੱਲ੍ਹੇ ਵਿੱਚ ਕੂੜਾ ਸਾੜਨ ਦੀ ਪ੍ਰਥਾ ਹਵਾ ਨੂੰ ਜ਼ਹਿਰੀਲਾ ਬਣਾ ਰਹੀ ਹੈ। ਪਿੰਡਾਂ ਵਿੱਚ ਵੀ ਕੀਟਨਾਸ਼ਕਾਂ ਅਤੇ ਰਸਾਇਣਕ ਖਾਦਾਂ ਦੇ ਅਤਿ-ਉਪਯੋਗ ਨਾਲ ਪਾਣੀ ਅਤੇ ਮਿੱਟੀ ਪ੍ਰਦੂਸ਼ਤ ਹੋ ਰਹੀ ਹੈ। ਇਸ ਹਾਲਤ ਵਿੱਚ ਸਰਕਾਰਾਂ ਤੋਂ ਉਮੀਦ ਕੀਤੀ ਜਾਂਦੀ ਹੈ ਕਿ ਉਹ ਵਾਤਾਵਰਣ ਸਾਫ ਰੱਖਣ ਲਈ ਵੱਧ ਧਿਆਨ ਅਤੇ ਵੱਡਾ ਬਜਟ ਰੱਖਣ,ਪਰ ਜੇ ਵਾਤਾਵਰਣ ਵਿਭਾਗਾਂ ਦੇ ਫੰਡ ਘਟਾ ਦਿੱਤੇ ਜਾਣ, ਤਾਂ ਨਿਗਰਾਨੀ ਪ੍ਰਣਾਲੀਆਂ ਕਮਜ਼ੋਰ ਹੋ ਜਾਂਦੀਆਂ ਹਨ। ਪ੍ਰਦੂਸ਼ਣ ਮਾਪਣ ਵਾਲੇ ਸਟੇਸ਼ਨਾਂ ਦੀ ਗਿਣਤੀ ਘੱਟ ਰਹਿ ਜਾਂਦੀ ਹੈ, ਸਫਾਈ ਮੁਹਿੰਮਾਂ ਅਧੂਰੀ ਰਹਿ ਜਾਂਦੀਆਂ ਹਨ ਅਤੇ ਜਾਗਰੂਕਤਾ ਪ੍ਰੋਗਰਾਮਾਂ ਨੂੰ ਲੋੜੀਂਦਾ ਸਹਿਯੋਗ ਨਹੀਂ ਮਿਲਦਾ। ਨਤੀਜਾ ਇਹ ਹੁੰਦਾ ਹੈ ਕਿ ਕਾਨੂੰਨ ਮੌਜੂਦ ਹੋਣ ਦੇ ਬਾਵਜੂਦ ਉਨ੍ਹਾਂ ਦੀ ਪਾਲਣਾ ਠੀਕ ਤਰੀਕੇ ਨਾਲ ਨਹੀਂ ਹੋ ਸਕਦੀ।

ਪ੍ਰਦੂਸ਼ਣ ਸਿਰਫ਼ ਪ੍ਰਕਿਰਤੀ ਨੂੰ ਹੀ ਨਹੀਂ, ਸਗੋਂ ਮਨੁੱਖੀ ਸਿਹਤ ਨੂੰ ਵੀ ਬੁਰੀ ਤਰ੍ਹਾਂ ਪ੍ਰਭਾਵਿਤ ਕਰਦਾ ਹੈ। ਸਾਹ ਦੀਆਂ ਬਿਮਾਰੀਆਂ, ਦਿਲ ਦੇ ਰੋਗ ਅਤੇ ਚਮੜੀ ਦੀਆਂ ਸਮੱਸਿਆਵਾਂ ਵਧ ਰਹੀਆਂ ਹਨ। ਇਲਾਜ 'ਤੇ ਖਰਚ ਵਧਦਾ ਹੈ, ਜਿਸ ਨਾਲ ਆਰਥਿਕ ਬੋਝ ਵੀ ਵਧਦਾ ਹੈ। ਜੇ ਵਾਤਾਵਰਣ ਸੰਭਾਲ ਲਈ ਬਜਟ ਘਟਾਇਆ ਜਾਂਦਾ ਹੈ, ਤਾਂ ਲੰਮੇ ਸਮੇਂ ਵਿੱਚ ਸਿਹਤ ਖੇਤਰ 'ਤੇ ਹੋਣ ਵਾਲਾ ਖਰਚ ਕਈ ਗੁਣਾ ਵਧ ਸਕਦਾ ਹੈ ।ਇਸ ਸਮੱਸਿਆ ਦਾ ਹੱਲ ਕੇਵਲ ਸਰਕਾਰੀ ਬਜਟ ਨਾਲ ਹੀ ਨਹੀਂ, ਸਗੋਂ ਸਾਂਝੀ ਜ਼ਿੰਮੇਵਾਰੀ ਨਾਲ ਵੀ ਸੰਭਵ ਹੈ। ਸਰਕਾਰ ਨੂੰ ਚਾਹੀਦਾ ਹੈ ਕਿ ਵਾਤਾਵਰਣ ਸੰਭਾਲ ਲਈ ਯੋਗ ਫੰਡ ਮੁਹੱਈਆ ਕਰੇ, ਸਖ਼ਤ ਨਿਗਰਾਨੀ ਕਰੇ ਅਤੇ ਹਰੀ ਤਕਨਾਲੋਜੀ ਨੂੰ ਪ੍ਰੋਤਸਾਹਨ ਦੇਵੇ। ਨਾਲ ਹੀ, ਨਾਗਰਿਕਾਂ ਨੂੰ ਵੀ ਆਪਣੀ ਜ਼ਿੰਮੇਵਾਰੀ ਨਿਭਾਉਣੀ ਚਾਹੀਦੀ ਹੈ, ਜਿਵੇਂ ਕਿ ਪਲਾਸਟਿਕ ਦੀ ਵਰਤੋਂ ਘਟਾਉਣਾ, ਪੌਦੇ ਲਗਾਉਣਾ ਅਤੇ ਜਨ-ਆਵਾਜਾਈ ਦੀ ਵਰਤੋਂ ਕਰਨਾ।ਅੰਤ ਵਿੱਚ, ਪ੍ਰਦੂਸ਼ਣ ਵਧਿਆ, ਪਰ ਬਜਟ ਘਟਿਆ ਇੱਕ ਚਿੰਤਾਜਨਕ ਹਕੀਕਤ ਹੈ। ਜੇ ਅਸੀਂ ਅੱਜ ਵਾਤਾਵਰਣ ਵਿੱਚ ਨਿਵੇਸ਼ ਨਹੀਂ ਕਰਾਂਗੇ, ਤਾਂ ਭਵਿੱਖ ਵਿੱਚ ਇਸ ਦੀ ਕੀਮਤ ਕਈ ਗੁਣਾ ਵੱਧ ਦੇਣੀ ਪਵੇਗੀ। ਸਾਫ਼ ਹਵਾ, ਸ਼ੁੱਧ ਪਾਣੀ ਅਤੇ ਸਿਹਤਮੰਦ ਧਰਤੀ ਸਾਡਾ ਅਧਿਕਾਰ ਹੀ ਨਹੀਂ, ਸਾਡੀ ਜ਼ਿੰਮੇਵਾਰੀ ਵੀ ਹੈ।

**-ਵਿਜੈ ਗਰਗ**

# ਬੋਰਡ ਆਫ ਪੀਸ : ਸੰਯੁਕਤ ਰਾਸ਼ਟਰ ਨੂੰ ਕਮਜ਼ੋਰ ਕਰਨ ਲਈ ਇੱਕ ਸਮਾਂਤਰ ਪ੍ਰਬੰਧ

**ਮੂਲ : ਪੱਲਬ ਸੇਨਗੁਪਤਾ**
**ਅਨੁਵਾਦ : ਐੱਮ ਐੱਸ ਭਾਟੀਆ**

ਬੋਰਡ ਆਫ ਪੀਸ ਦੀ ਘੋਸ਼ਣਾ ਅਤੇ ਇਸ ਦਾ ਪ੍ਰਚਾਰ, ਜਿਸ ਨੂੰ ਚੋਣਵੇਂ ਅਤੇ ਮੌਕਾਪਰਸਤ ਢੰਗ ਨਾਲ ਸੰਯੁਕਤ ਰਾਸ਼ਟਰ ਸੁਰੱਖਿਆ ਕੌਂਸਲ ਦੇ ਮਤੇ 2803 ਰਾਹੀਂ ਮਾਨਤਾ ਪ੍ਰਾਪਤ ਦੱਸਿਆ ਜਾ ਰਿਹਾ ਹੈ, ਨੂੰ ਉਸੇ ਸੰਦਰਭ ਵਿੱਚ ਬੇਨਕਾਬ ਕਰਨ ਦੀ ਲੋੜ ਹੈ, ਜਿੱਥੇ ਸਾਮਰਾਜਵਾਦੀ ਤਾਕਤਾਂ ਵੱਲੋਂ ਜਾਣ-ਬੁੱਝ ਕੇ ਯੂ ਐੱਨ ਦੀ ਬਹੁਪੱਖੀ ਪ੍ਰਣਾਲੀ ਨੂੰ ਗਹਿਰੇ ਸੰਕਟ ਵੱਲ ਧੱਕਿਆ ਜਾ ਰਿਹਾ ਹੈ। ਸੰਯੁਕਤ ਰਾਸ਼ਟਰ ਨੂੰ ਮਜ਼ਬੂਤ ਕਰਨ ਦੀ ਥਾਂ ਇਹ ਪਹਿਲ ਇੱਕ ਸੋਚੀ-ਸਮਝੀ ਸਾਜ਼ਿਸ਼ ਹੈ, ਜਿਸ ਦਾ ਮਕਸਦ ਸੰਯੁਕਤ ਰਾਸ਼ਟਰ ਦੇ ਫਤਵੇ ਨੂੰ ਤੋੜ-ਮਰੋੜ ਕੇ ਇੱਕ ਐਸਾ ਬਦਲ ਅਤੇ ਰਾਜਨੀਤਕ ਤੌਰ 'ਤੇ ਨਿਯੰਤਰਿਤ ਪ੍ਰਬੰਧ ਖੜ੍ਹਾ ਕਰਨਾ ਹੈ, ਜੋ ਸਾਂਝੇ ਫੈਸਲਾ ਕਰਨ ਦੇ ਢਾਂਚੇ ਨੂੰ ਦਰਕਿਨਾਰ ਕਰਦਾ ਹੈ ਅਤੇ ਯੂ ਐਨ ਪ੍ਰਣਾਲੀ ਦੀ ਅਥਾਰਟੀ ਨੂੰ ਕਮਜ਼ੋਰ ਕਰਦਾ ਹੈ। ਸ਼ਾਂਤੀ-ਨਿਰਮਾਣ ਦੇ ਮੰਚ ਵਜੋਂ ਪੇਸ਼ ਕੀਤਾ ਜਾ ਰਿਹਾ ਬੋਰਡ ਆਫ਼ ਪੀਸ ਹਕੀਕਤ ਵਿੱਚ ਸੰਯੁਕਤ ਰਾਸ਼ਟਰ ਦੀ ਕੇਂਦਰੀ ਭੂਮਿਕਾ ਨੂੰ ਹੀ ਘਟਾਉਂਦਾ ਹੈ, ਜੋ ਕਿ ਅੰਤਰਰਾਸ਼ਟਰੀ ਸ਼ਾਂਤੀ, ਕਾਨੂੰਨ ਅਤੇ ਰਾਸ਼ਟਰਾਂ ਦੀ ਪ੍ਰਭੂਸੱਤਾ ਸਮਾਨਤਾ ਦੀ ਰੱਖਿਆ ਲਈ ਇਕੱਲਾ ਸਰਬ ਪ੍ਰਵਾਨਤ ਮੰਚ ਹੈ ਅਤੇ ਇਸ ਦੀ ਥਾਂ ਇਨਸਾਫ਼ ਦੀ ਬਜਾਇ ਤਾਕਤ ਦੀ ਰਾਜਨੀਤੀ ਨਾਲ ਚੱਲਣ ਵਾਲਾ ਸਾਧਨ ਲਿਆਉਂਦਾ ਹੈ।

ਆਪਣੀਆਂ ਸੀਮਾਵਾਂ ਅਤੇ ਤਾਕਤਵਰ ਦੇਸ਼ਾਂ ਵੱਲੋਂ ਥੋਪੀਆਂ ਗਈਆਂ ਕੁਰੀਤੀਆਂ ਦੇ ਬਾਵਜੂਦ, ਸੰਯੁਕਤ ਰਾਸ਼ਟਰ ਅਜੇ ਵੀ ਬਹੁਪੱਖੀ ਕੂਟਨੀਤੀ ਦਾ ਕੇਂਦਰੀ ਮੰਚ ਹੈ । ਇਸ ਦੀ ਅਥਾਰਟੀ ਅੰਤਰਰਾਸ਼ਟਰੀ ਸਹਿਮਤੀ,ਅੰਤਰਰਾਸ਼ਟਰੀ ਕਾਨੂੰਨ ਨਾਲ ਬੱਝੇ ਸਿਧਾਂਤਾਂ ਅਤੇ ਦਹਾਕਿਆਂ ਤੋਂ ਪਾਸ ਕੀਤੇ ਜਾ ਰਹੇ ਉਹਨਾਂ ਪ੍ਰਸਤਾਵਾਂ ਤੋਂ ਆਉਂਦੀ ਹੈ, ਜੋ ਵਿਸ਼ਵ ਭਾਈਚਾਰੇ ਦੀ ਸਾਂਝੀ ਇੱਛਾ ਨੂੰ ਦਰਸਾਉਂਦੀਆਂ ਹਨ। ਇਸ ਲਈ ਸੰਯੁਕਤ ਰਾਸ਼ਟਰ ਦੇ ਢਾਂਚੇ ਤੋਂ ਬਾਹਰਲੇ ਸਮਾਂਤਰ ਪ੍ਰਬੰਧ ਬਣਾਉਣ ਦੀ ਹਰ ਕੋਸ਼ਿਸ਼—ਖਾਸ ਕਰਕੇ ਉਸ ਤਾਕਤ ਦੀ ਅਗਵਾਈ ਹੇਠ, ਜਿਸ ਨੇ ਲਗਾਤਾਰ ਅੰਤਰਰਾਸ਼ਟਰੀ ਕਾਨੂੰਨ ਦੀ ਉਲੰਘਣਾ ਕੀਤੀ ਹੈ, ਨੂੰ ਡੂੰਘੇ ਸ਼ੱਕ ਨਾਲ ਦੇਖਿਆ ਜਾਣਾ ਚਾਹੀਦਾ ਹੈ।

ਟਰੰਪ ਪ੍ਰਸ਼ਾਸਨ ਦਾ ਸੰਯੁਕਤ ਰਾਸ਼ਟਰ ਪ੍ਰਤੀ ਰਵੱਈਆ ਬੋਰਡ ਆਫ਼ ਪੀਸ ਦੇ ਲੁਕਵੇਂ ਇਰਾਦਿਆਂ ਨੂੰ ਬੇਨਕਾਬ ਕਰਦਾ ਹੈ। ਆਪਣੇ ਕਾਰਜਕਾਲ ਦੌਰਾਨ ਸੰਯੁਕਤ ਰਾਜ ਅਮਰੀਕਾ ਕਈ ਯੂ ਐੱਨ ਏਜੰਸੀਆਂ ਅਤੇ ਬਹੁਪੱਖੀ ਸਮਝੌਤਿਆਂ ਤੋਂ ਪਿੱਛੇ ਹਟਿਆ ਹੈ ਜਾਂ ਉਨ੍ਹਾਂ ਨੂੰ ਕਮਜ਼ੋਰ ਕੀਤਾ ਹੈ । ਇਨ੍ਹਾਂ ਵਿੱਚ ਯੂਨੈਸਕੋ, ਸੰਯੁਕਤ ਰਾਸ਼ਟਰ ਮਨੁੱਖੀ ਅਧਿਕਾਰ ਕੌਂਸਲ, ਵਿਸ਼ਵ ਸਿਹਤ ਸੰਸਥਾ ਅਤੇ ਪੈਰਿਸ ਜਲਵਾਯੂ ਸਮਝੌਤਾ ਸ਼ਾਮਿਲ ਹਨ । ਅਮਰੀਕਾ ਨੇ ਉਹਨਾਂ ਯੂ ਐੱਨ ਸੰਸਥਾਵਾਂ ਦੀ ਮਾਲੀ ਸਹਾਇਤਾ ਵੀ ਬੰਦ ਕਰ ਦਿੱਤੀ, ਜਿਨ੍ਹਾਂ ਇਜ਼ਰਾਈਲੀ ਕਬਜ਼ੇ ਅਤੇ ਮਨੁੱਖੀ ਅਧਿਕਾਰ ਉਲੰਘਣਾਵਾਂ ਦੀ ਆਲੋਚਨਾ ਕੀਤੀ । ਇਹ ਕਦਮ ਇੱਕ ਐਸੀ ਪ੍ਰਣਾਲੀਬੱਧ ਕੋਸ਼ਿਸ਼ ਨੂੰ ਦਰਸਾਉਂਦੇ ਹਨ, ਜਿਸ ਦਾ ਮਕਸਦ ਅੰਤਰਰਾਸ਼ਟਰੀ ਸੰਸਥਾਵਾਂ ਨੂੰ ਉਸ ਵੇਲੇ ਕਮਜ਼ੋਰ ਕਰਨਾ ਸੀ, ਜਦੋਂ ਉਹ ਸੰਕੀਰਨ ਅਮਰੀਕੀ ਰਣਨੀਤਕ ਅਤੇ ਕਾਰਪੋਰੇਟ ਹਿਤਾਂ ਦੀ ਸੇਵਾ ਕਰਨ ਵਿੱਚ ਅਸਫਲ ਰਹੀਆਂ। ਇਸ ਪਿਛੋਕੜ ਵਿੱਚ ਬੋਰਡ ਆਫ਼ ਪੀਸ ਕਿਸੇ ਇਮਾਨਦਾਰ ਸ਼ਾਂਤੀ ਪਹਿਲ ਦੀ ਬਜਾਇ ਇਕਪਾਸੜ ਅਤੇ ਚੋਣਵੇਂ ਹਥਿਆਰ ਵਜੋਂ ਨਜ਼ਰ ਆਉਂਦਾ ਹੈ, ਜੋ ਅੰਤਰਰਾਸ਼ਟਰੀ ਕਾਨੂੰਨ ਦੀ ਥਾਂ ਤਾਕਤ ਦੀ ਰਾਜਨੀਤੀ ਲਾਗੂ ਕਰਨ ਲਈ ਬਣਾਇਆ ਗਿਆ ਹੈ।

ਇਸ ਖਤਰੇ ਦੀ ਸਭ ਤੋਂ ਵੱਡੀ ਝਲਕ ਫਲਸਤੀਨ ਮਸਲੇ ਵਿੱਚ ਨਜ਼ਰ ਆਉਂਦੀ ਹੈ। ਦਹਾਕਿਆਂ ਤੋਂ ਸੰਯੁਕਤ ਰਾਸ਼ਟਰ ਨੇ ਇਕ ਨਿਆਂਸੰਗਤ ਹੱਲ ਦੇ ਮਾਪਦੰਡ ਸਾਫ਼-ਸਾਫ਼ ਰੱਖੇ ਹਨ : 1967 ਵਿੱਚ ਕਬਜ਼ੇ ਕੀਤੀਆਂ ਜ਼ਮੀਨਾਂ ਤੋਂ ਇਜ਼ਰਾਈਲ ਦੀ ਵਾਪਸੀ, ਪੂਰਬੀ ਯੇਰੂਸ਼ਲਮ ਨੂੰ ਰਾਜਧਾਨੀ ਬਣਾ ਕੇ ਇੱਕ ਸੁਤੰਤਰ ਅਤੇ ਪ੍ਰਭੂਸੱਤਾ ਸੰਪੰਨ ਫਲਸਤੀਨ ਰਾਜ ਦੀ ਸਥਾਪਨਾ ਅਤੇ ਸੰਯੁਕਤ ਰਾਸ਼ਟਰ ਜਨਰਲ ਅਸੈਂਬਲੀ ਦੇ ਪ੍ਰਸਤਾਵ 194 ਦੇ ਅਨੁਸਾਰ ਸ਼ਰਨਾਰਥੀਆਂ ਦੇ ਮਸਲੇ ਦਾ ਨਿਆਂਸੰਗਤ ਹੱਲ। ਇਹ ਸਿਧਾਂਤ ਯੂ ਐੱਨ ਸੁਰੱਖਿਆ ਕੌਂਸਲ ਦੇ ਕਈ ਪ੍ਰਸਤਾਵਾਂ—ਜਿਵੇਂ 242 ਅਤੇ 338—ਵਿੱਚ ਦੁਹਰਾਏ ਗਏ ਹਨ ਅਤੇ ਇਹਨਾਂ ਨੂੰ ਦੁਨੀਆ ਭਰ ਵਿੱਚ ਵੱਡੇ ਪੱਧਰ 'ਤੇ ਸਮਰਥਨ ਹਾਸਲ ਹੈ।

ਟਰੰਪ ਪ੍ਰਸ਼ਾਸਨ ਨੇ ਖੁੱਲ੍ਹੇ ਤੌਰ 'ਤੇ ਇਸ ਅੰਤਰਰਾਸ਼ਟਰੀ ਤੌਰ 'ਤੇ ਮੰਨੇ ਹੋਏ ਢਾਂਚੇ ਨੂੰ ਤਿਆਗ ਦਿੱਤਾ ਹੈ । ਉਸ ਨੇ ਇਕਪਾਸੜ ਤੌਰ 'ਤੇ ਯੇਰੂਸ਼ਲਮ ਨੂੰ ਇਜ਼ਰਾਈਲ ਦੀ ਰਾਜਧਾਨੀ ਵਜੋਂ ਮਾਨਤਾ ਦਿੱਤੀ, ਗੈਰਕਾਨੂੰਨੀ ਇਜ਼ਰਾਈਲੀ ਬਸਤੀਵਾਦ ਨੂੰ ਜਾਇਜ਼ ਠਹਿਰਾਇਆ, ਜ਼ਮੀਨਾਂ ਨੂੰ ਹੜੱਪਣ ਵਾਲੀਆਂ ਨੀਤੀਆਂ ਦਾ ਸਮਰਥਨ ਕੀਤਾ ਅਤੇ ਕਥਿਤ ਸ਼ਾਂਤੀ ਯੋਜਨਾਵਾਂ ਨੂੰ ਅੱਗੇ ਵਧਾਇਆ, ਜਿਨ੍ਹਾਂ ਫਲਸਤੀਨੀਆਂ ਨੂੰ ਸੰਪ੍ਰਭੂਤਾ, ਭੂਗੋਲਕ ਲਗਾਤਾਰਤਾ ਅਤੇ ਬੁਨਿਆਦੀ ਕੌਮੀ ਅਧਿਕਾਰਾਂ ਤੋਂ ਵਾਂਝੇ ਕੀਤਾ । ਇਸ ਦਾ ਨਤੀਜਾ ਸ਼ਾਂਤੀ ਨਹੀਂ ਸੀ, ਸਗੋਂ ਗਾਜ਼ਾ ਅਤੇ ਕਬਜ਼ਾ ਕੀਤੇ ਹੋਏ ਫਲਸਤੀਨੀ ਇਲਾਕਿਆਂ ਵਿੱਚ ਹੋਰ ਵਧੇ ਹੋਏ ਤਣਾਅ, ਦਬਾਅ ਅਤੇ ਨਸਲਕੁਸ਼ੀ ਵਰਗਾ ਤਬਾਹਕਾਰੀ ਵਿਨਾਸ਼ ਸੀ । ਐਸੇ ਰਾਜਨੀਤਕ ਰੁਖ ਤੋਂ ਨਿਕਲਣ ਵਾਲਾ ਕੋਈ ਵੀ ਮੰਚ ਭਰੋਸੇਯੋਗ ਢੰਗ ਨਾਲ ਸ਼ਾਂਤੀ ਨੂੰ ਪ੍ਰੋਤਸਾਹਿਤ ਕਰਨ ਦਾ ਦਾਅਵਾ ਨਹੀਂ ਕਰ ਸਕਦਾ।

ਇਸ ਤਰ੍ਹਾਂ ਬੋਰਡ ਆਫ਼ ਪੀਸ ਕਬਜ਼ੇ ਨੂੰ ਆਮ ਬਣਾਉਣ, ਹਮਲੇ ਨੂੰ ਜਾਇਜ਼ ਠਹਿਰਾਉਣ ਅਤੇ ਤਾਕਤਵਰ ਦੇਸ਼ਾਂ ਵੱਲੋਂ ਥੋਪੇ ਗਏ ਹੱਲ ਲਾਗੂ ਕਰਨ ਦਾ ਇੱਕ ਔਜ਼ਾਰ ਬਣਨ ਦਾ ਖ਼ਤਰਾ ਰੱਖਦਾ ਹੈ, ਜਦਕਿ ਦਬੇ-ਕੁਚਲੇ ਲੋਕਾਂ ਦੀਆਂ ਆਵਾਜ਼ਾਂ ਨੂੰ ਹਾਸ਼ੀਏ 'ਤੇ ਧੱਕ ਦਿੱਤਾ ਜਾਂਦਾ ਹੈ। ਸੰਯੁਕਤ ਰਾਸ਼ਟਰ ਦੇ ਪ੍ਰਸਤਾਵਾਂ ਦੀ ਪਾਲਣਾ ਕਰਨ ਦੀ ਥਾਂ, ਇਹ ਉਨ੍ਹਾਂ ਨੂੰ ਤੁਰੰਤ ਬਣੇ ਹੋਏ ਹਾਲਾਤ ਅਧੀਨ ਕੀਤੇ ਬੰਦੋਬਸਤਾਂ ਨਾਲ ਬਦਲਣਾ ਚਾਹੁੰਦਾ ਹੈ, ਜੋ ਇਨਸਾਫ਼ ਦੀ ਜਗ੍ਹਾ ਤਾਕਤ ਦੀ ਸਰਦਾਰੀ ਨੂੰ ਦਰਸਾਉਂਦੇ ਹਨ ।

ਸੀ ਪੀ ਆਈ ਦੇ ਨਜ਼ਰੀਏ ਤੋਂ ਸ਼ਾਂਤੀ ਨਾ ਤਾਂ ਸਾਮਰਾਜਵਾਦੀ ਤਾਕਤਾਂ ਦੇ ਕਬਜ਼ੇ ਹੇਠ ਚੱਲਣ ਵਾਲੀਆਂ ਖਾਸ ਕਲੱਬਾਂ ਰਾਹੀਂ ਹਾਸਲ ਕੀਤੀ ਜਾ ਸਕਦੀ ਹੈ ਅਤੇ ਨਾ ਹੀ ਉਹਨਾਂ ਮੰਚਾਂ ਰਾਹੀਂ, ਜੋ ਸੰਪ੍ਰਭੂਤਾ, ਆਤਮ-ਨਿਰਣੇ ਅਤੇ ਰਾਸ਼ਟਰਾਂ ਵਿਚਕਾਰ ਬਰਾਬਰੀ ਦੇ ਬੁਨਿਆਦੀ ਸਿਧਾਂਤਾਂ ਨੂੰ ਨਕਾਰਦੇ ਹਨ। ਇਤਿਹਾਸ ਵਾਰ-ਵਾਰ ਸਾਬਤ ਕਰ ਚੁੱਕਾ ਹੈ ਕਿ ਜਬਰ ਜਾਂ ਦਬਾਅ ਨਾਲ ਥੋਪੀ ਗਈ ਸ਼ਾਂਤੀ ਨਾ ਟਿਕਾਊ ਹੁੰਦੀ ਹੈ ਅਤੇ ਨਾ ਹੀ ਨਿਆਂਸੰਗਤ । ਅਸਲ ਸ਼ਾਂਤੀ ਲਈ ਅੰਤਰਰਾਸ਼ਟਰੀ ਕਾਨੂੰਨ 'ਤੇ ਆਧਾਰਤ ਸੰਵਾਦ, ਕੌਮੀ ਅਧਿਕਾਰਾਂ ਦਾ ਸਤਿਕਾਰ ਅਤੇ ਕਬਜ਼ੇ ਤੇ ਹਮਲੇ ਦਾ ਵਿਰੋਧ ਕਰ ਰਹੇ ਲੋਕਾਂ ਨਾਲ ਇਕਜੁਟਤਾ ਲਾਜ਼ਮੀ ਹੈ।

ਇਸ ਸੰਦਰਭ ਵਿੱਚ ਭਾਰਤ ਦੀ ਭੂਮਿਕਾ ਖਾਸ ਮਹੱਤਵ ਰੱਖਦੀ ਹੈ। ਭਾਰਤ ਨੇ ਇਤਿਹਾਸਕ ਤੌਰ 'ਤੇ ਗੁਟ ਨਿਰਲੇਪ, ਰਣਨੀਤਕ ਸਵੈਤੰਤਰਤਾ ਅਤੇ ਬਹੁਪੱਖੀਵਾਦ ਦੇ ਸਿਧਾਂਤਾਂ ਦੀ ਪਾਲਣਾ ਕੀਤੀ ਹੈ । ਉਸ ਨੇ ਬਸਤੀਵਾਦ ਵਿਰੋਧੀ ਸੰਘਰਸ਼ਾਂ ਵਿੱਚ ਅਗਵਾਨੂ ਭੂਮਿਕਾ ਨਿਭਾਈ, ਫਲਸਤੀਨੀ ਮਾਮਲੇ ਦਾ ਲਗਾਤਾਰ ਸਮਰਥਨ ਕੀਤਾ ਅਤੇ ਸੰਯੁਕਤ ਰਾਸ਼ਟਰ ਚਾਰਟਰ 'ਤੇ ਆਧਾਰਿਤ ਨਿਯਮ-ਅਧਾਰਤ ਅੰਤਰਰਾਸ਼ਟਰੀ ਪ੍ਰਣਾਲੀ ਦੀ ਵਕਾਲਤ ਕੀਤੀ। ਬੋਰਡ ਆਫ਼ ਪੀਸ ਵਰਗੇ ਮੰਚਾਂ ਨਾਲ ਕਿਸੇ ਵੀ ਕਿਸਮ ਦੀ ਭਾਈਵਾਲੀ ਇਨ੍ਹਾਂ ਸਿਧਾਂਤਾਂ ਤੋਂ ਗੰਭੀਰ ਰੂਪ ਵਿੱਚ ਪਿਛੇ ਹਟਣਾ ਹੋਵੇਗਾ।

ਇਸ ਤਰ੍ਹਾਂ ਦੀ ਪਹਿਲ ਨਾਲ ਜੁੜਨਾ ਸੰਯੁਕਤ ਰਾਸ਼ਟਰ ਦੇ ਪ੍ਰਸਤਾਵਾਂ 'ਤੇ ਆਧਾਰਤ ਦੋ-ਦੇਸ਼ ਹੱਲ ਲਈ ਭਾਰਤ ਦੇ ਲੰਮੇ ਸਮੇਂ ਤੋਂ ਚਲਦੇ ਸਮਰਥਨ ਅਤੇ ਅੰਤਰਰਾਸ਼ਟਰੀ ਕਾਨੂੰਨ ਪ੍ਰਤੀ ਉਸ ਦੀ ਘੋਸ਼ਿਤ ਵਚਨਬੱਧਤਾ ਦੇ ਉਲਟ ਹੋਵੇਗਾ। ਇਸ ਨਾਲ ਵਿਕਾਸਸ਼ੀਲ ਦੇਸ਼ਾਂ ਅਤੇ ਗਲੋਬਲ ਸਾਊਥ ਵਿੱਚ ਭਾਰਤ ਦੀ ਭਰੋਸੇਯੋਗਤਾ ਵੀ ਕਮਜ਼ੋਰ ਪਵੇਗੀ, ਜੋ ਭਾਰਤ ਵੱਲ ਸਾਮਰਾਜਵਾਦੀ ਦਬਦਬੇ ਦੇ ਵਿਰੁੱਧ ਇੱਕ ਸੁਤੰਤਰ ਆਵਾਜ਼ ਵਜੋਂ ਦੇਖਦੇ ਹਨ। ਅਮਰੀਕਾ ਵੱਲੋਂ ਚਲਾਏ ਜਾ ਰਹੇ ਸਮਾਂਤਰ ਪ੍ਰਬੰਧਾਂ ਨਾਲ ਜੁੜਨਾ ਭਾਰਤ ਦੀ ਵਿਦੇਸ਼ ਨੀਤੀ ਦੀ ਸਵੈਤੰਤਰਤਾ ਨੂੰ ਘਟਾ ਸਕਦਾ ਹੈ ਅਤੇ ਸਾਨੂੰ ਉਹਨਾਂ ਭੂ-ਰਾਜਨੀਤਕ ਰਣਨੀਤੀਆਂ ਵਿੱਚ ਫਸਾ ਸਕਦਾ ਹੈ, ਜੋ ਨਾ ਸ਼ਾਂਤੀ ਦੀ ਸੇਵਾ ਕਰਦੀਆਂ ਹਨ ਅਤੇ ਨਾ ਹੀ ਇਨਸਾਫ਼ ਦੀ।

ਸੀ ਪੀ ਆਈ ਦਾ ਪੱਕਾ ਮੰਨਣਾ ਹੈ ਕਿ ਭਾਰਤ ਨੂੰ ਇਸ ਦੀ ਥਾਂ ਸੰਯੁਕਤ ਰਾਸ਼ਟਰ ਨੂੰ ਮਜ਼ਬੂਤ ਕਰਨ ਲਈ ਸਰਗਰਮ ਤੌਰ 'ਤੇ ਕੰਮ ਕਰਨਾ ਚਾਹੀਦਾ ਹੈ, ਉਸ ਦੀ ਲੋਕਤੰਤਰਿਕ ਪ੍ਰਣਾਲੀ ਲਈ ਅਵਾਜ਼ ਉਠਾਉਣੀ ਚਾਹੀਦੀ ਹੈ ਅਤੇ ਉਸ ਦੀ ਹੈਸੀਅਤ ਨੂੰ ਕਮਜ਼ੋਰ ਕਰਨ ਵਾਲੀਆਂ ਕੋਸ਼ਿਸ਼ਾਂ ਦਾ ਡਟ ਕੇ ਵਿਰੋਧ ਕਰਨਾ ਚਾਹੀਦਾ ਹੈ। ਬੋਰਡ ਆਫ਼ ਪੀਸ ਸ਼ਾਂਤੀ ਵੱਲ ਜਾਣ ਦਾ ਰਾਹ ਨਹੀਂ, ਸਗੋਂ ਇੱਕ ਐਸੀ ਰਾਜਨੀਤਕ ਸਾਜ਼ਿਸ਼ ਹੈ, ਜਿਸ ਦਾ ਮਕਸਦ ਸਾਮਰਾਜਵਾਦੀ ਹਿਤਾਂ ਦੇ ਹੱਕ ਵਿੱਚ ਵਿਸ਼ਵ ਸ਼ਾਸਨ ਦੇ ਢਾਂਚੇ ਨੂੰ ਦੁਬਾਰਾ ਗਠਿਤ ਕਰਨਾ ਹੈ। ਇਹ ਸੰਯੁਕਤ ਰਾਸ਼ਟਰ ਨੂੰ ਕਮਜ਼ੋਰ ਕਰਦਾ ਹੈ, ਅੰਤਰਰਾਸ਼ਟਰੀ ਕਾਨੂੰਨ ਦੀ ਤਾਕਤ ਘਟਾਉਂਦਾ ਹੈ ਅਤੇ ਫਲਸਤੀਨੀ ਲੋਕਾਂ ਦੇ ਨਿਆਂਸੰਗਤ ਸੰਘਰਸ਼ ਨੂੰ ਪਟੜੀ ਤੋਂ ਉਤਾਰਨ ਦਾ ਖ਼ਤਰਾ ਪੈਦਾ ਕਰਦਾ ਹੈ।

ਇਸ ਲਈ ਸੀ ਪੀ ਆਈ ਇਸ ਤਰ੍ਹਾਂ ਦੇ ਮੰਚਾਂ ਵਿੱਚ ਭਾਰਤ ਦੀ ਭਾਈਵਾਲੀ ਦਾ ਵਿਰੋਧ ਕਰਦੀ ਹੈ ਅਤੇ ਭਾਰਤ ਸਰਕਾਰ ਨੂੰ ਅਪੀਲ ਕਰਦੀ ਹੈ ਕਿ ਉਹ ਬਹੁਪੱਖੀਵਾਦ, ਅੰਤਰਰਾਸ਼ਟਰੀ ਕਾਨੂੰਨ ਅਤੇ ਦਬੇ-ਕੁਚਲੇ ਲੋਕਾਂ ਨਾਲ ਇਕਜੁਟਤਾ ਪ੍ਰਤੀ ਆਪਣੀ ਵਚਨਬੱਧਤਾ ਨੂੰ ਦੁਬਾਰਾ ਦ੍ਰਿੜ੍ਹਤਾ ਨਾਲ ਦੋਹਰਾਏ। ਟਿਕਾਊ ਸ਼ਾਂਤੀ ਸਿਰਫ਼ ਮਜ਼ਬੂਤ ਕੀਤੀਆਂ ਅੰਤਰਰਾਸ਼ਟਰੀ ਸੰਸਥਾਵਾਂ, ਸੰਪ੍ਰਭੂਤਾ ਦੇ ਸਤਿਕਾਰ ਅਤੇ ਇਨਸਾਫ਼ ਲਈ ਅਟੱਲ ਸਮਰਥਨ ਰਾਹੀਂ ਹੀ ਬਣ ਸਕਦੀ ਹੈ, ਨਾ ਕਿ ਉਹਨਾਂ ਇਕਪਾਸੜ ਕੋਸ਼ਿਸ਼ਾਂ ਰਾਹੀਂ, ਜੋ ਕੁਝ ਤਾਕਤਵਰ ਰਾਜਾਂ ਦੇ ਹਿੱਤਾਂ ਦੀ ਸੇਵਾ ਲਈ ਤਿਆਰ ਕੀਤੀਆਂ ਗਈਆਂ ਹੋਣ।

**# ਸੰਪਰਕ : 99884-91002**

# ਪੰਛੀਆਂ ਦੀ ਬੇਘਰੀ, ਸਾਡੀ ਨਕਲੀ ਹਮਦਰਦੀ

**ਪ੍ਰੋ. ਪਵਨ ਖਿੱਚੀ**

ਅਜੋਕੇ ਸਮੇਂ ਵਿੱਚ ਅਸੀਂ ਇੱਕ ਅਜਿਹੇ ਦੌਰ ਵਿੱਚ ਜੀਅ ਰਹੇ ਹਾਂ, ਜਿੱਥੇ ਇਨਸਾਨ ਨੇ ਆਪਣੇ ਲਈ ਤਾਂ ਅਕਾਸ਼-ਛੂੰਹਦੀਆਂ ਇਮਾਰਤਾਂ ਖੜ੍ਹੀਆਂ ਕਰ ਲਈਆਂ ਹਨ, ਉਨ੍ਹਾਂ ਨੂੰ ਬਣਾਉਣ ਦੀ ਚਾਹਤ ਵਿੱਚ ਪੰਛੀਆਂ ਦੇ ਸਦੀਆਂ ਪੁਰਾਣੇ ਰੈਣ-ਬਸੇਰੇ (ਰੁੱਖ) ਜੜ੍ਹੋਂ ਪੁੱਟ ਦਿੱਤੇ ਹਨ। ਜਦੋਂ ਵਾਤਾਵਰਣ ਦਾ ਸੰਤੁਲਨ ਵਿਗੜਦਾ ਹੈ ਅਤੇ ਪੰਛੀਆਂ ਦੀਆਂ ਡਾਰਾਂ ਘਟਦੀਆਂ ਨਜ਼ਰ ਆਉਂਦੀਆਂ ਹਨ, ਤਾਂ ਅਸੀਂ ਆਪਣੀ ਮਾਨਸਿਕ ਤਸੱਲੀ ਲਈ ਰੁੱਖਾਂ ਨਾਲ ਲੱਕੜ ਦੇ ਡੱਬੇ ਜਾਂ ਪਲਾਸਟਿਕ ਦੀਆਂ ਬੋਤਲਾਂ ਟੰਗ ਕੇ ਇਹ ਸਮਝ ਲੈਂਦੇ ਹਾਂ ਕਿ ਅਸੀਂ ਪੰਛੀਆਂ 'ਤੇ ਬਹੁਤ ਵੱਡਾ ਅਹਿਸਾਨ ਕਰ ਦਿੱਤਾ ਹੈ। ਸੱਚ ਤਾਂ ਇਹ ਹੈ ਕਿ ਨਕਲੀ ਆਲ੍ਹਣਾ ਕਦੇ ਵੀ ਰੁੱਖ ਦੀ ਥਾਂ ਨਹੀਂ ਲੈ ਸਕਦਾ।

**ਮਨੁੱਖੀ ਉਦਾਹਰਣ ਨਾਲ ਸਮਝੋ**: ਜ਼ਰਾ ਕਲਪਨਾ ਕਰੋ, ਜੇਕਰ ਕੋਈ ਤੁਹਾਡਾ ਜੱਦੀ-ਪੁਸ਼ਤੀ ਘਰ ਢਾਹ ਦੇਵੇ, ਤੁਹਾਡੇ ਵਿਹੜੇ ਦੇ ਰੁੱਖ ਵੱਢ ਦੇਵੇ, ਤੁਹਾਡੇ ਪੀਣ ਵਾਲੇ ਪਾਣੀ ਦੇ ਸੋਮੇ ਸੁਕਾ ਦੇਵੇ ਅਤੇ ਫਿਰ ਤੁਹਾਨੂੰ ਰਹਿਣ ਲਈ ਇੱਕ ਪਲਾਸਟਿਕ ਦਾ ਛੋਟਾ ਜਿਹਾ ਖੋਖਲਾ ਡੱਬਾ ਦੇ ਦੇਵੇ, ਕੀ ਤੁਸੀਂ ਉਸ ਨੂੰ ਆਪਣਾ ਘਰ ਕਹੋਗੇ ? ਕੀ ਤੁਸੀਂ ਉਸ ਵਿੱਚ ਸਕੂਨ ਨਾਲ ਰਹਿ ਸਕੋਗੇ ? ਬਿਲਕੁਲ ਨਹੀਂ! ਉਹ ਤੁਹਾਡੇ ਲਈ ਇੱਕ ਪਨਾਹ ਹੋ ਸਕਦੀ ਹੈ, ਘਰ ਨਹੀਂ। ਇਹੀ ਹਾਲ ਅਸੀਂ ਪੰਛੀਆਂ ਦਾ ਕੀਤਾ ਹੈ। ਅਸੀਂ ਉਨ੍ਹਾਂ ਦੇ ਹਰੇ-ਭਰੇ ਜੰਗਲ ਅਤੇ ਰੁੱਖ ਖੋਹ ਕੇ ਉਨ੍ਹਾਂ ਨੂੰ ਪਲਾਸਟਿਕ ਦੇ ਟੁਕੜਿਆਂ ਵਿੱਚ ਰਹਿਣ ਲਈ ਮਜਬੂਰ ਕਰ ਰਹੇ ਹਾਂ।

**ਰੁੱਖ ਮਾਂ ਹੈ, ਆਲ੍ਹਣਾ ਇੱਕ ਬਿਸਤਰਾ**: ਇੱਕ ਮਾਂ ਅਤੇ ਬੱਚੇ ਦਾ ਰਿਸ਼ਤਾ ਜਿਵੇਂ ਨਿੱਘ ਅਤੇ ਸੁਰੱਖਿਆ ਨਾਲ ਭਰਿਆ ਹੁੰਦਾ ਹੈ, ਰੁੱਖ ਅਤੇ ਪੰਛੀ ਦਾ ਰਿਸ਼ਤਾ ਵੀ ਬਿਲਕੁਲ ਉਹੀ ਹੈ। ਰੁੱਖ ਇੱਕ ਛੱਤ ਨਹੀਂ ਦਿੰਦਾ, ਉਹ ਪੰਛੀ ਨੂੰ ਭੋਜਨ ਦਿੰਦਾ ਹੈ, ਤੇਜ਼ ਹਵਾਵਾਂ ਤੋਂ ਬਚਾਉਂਦਾ ਹੈ, ਦੁਪਹਿਰ ਦੀ ਤਪਸ਼ ਵਿੱਚ ਏਅਰ-ਕੰਡੀਸ਼ਨਰ ਵਰਗੀ ਠੰਢਕ ਦਿੰਦਾ ਹੈ ਅਤੇ ਦੁਸ਼ਮਣਾਂ ਤੋਂ ਲੁਕਣ ਲਈ ਓਟ ਦਿੰਦਾ ਹੈ। ਨਕਲੀ ਆਲ੍ਹਣਾ ਇੱਕ ਲੋਹੇ ਦੇ ਬਿਸਤਰੇ ਵਾਂਗ ਹੈ, ਜਦੋਂ ਕਿ ਰੁੱਖ ਮਾਂ ਦੀ ਗੋਦ ਵਰਗਾ ਹੈ। ਪੰਛੀ ਆਪਣੀ ਚੁੰਝ ਨਾਲ ਜਿਹੜਾ ਆਲ੍ਹਣਾ ਤਿਆਰ ਕਰਦਾ ਹੈ, ਉਸ ਵਿੱਚ ਉਹ ਆਪਣੀ ਜਾਨ ਪਾਉਂਦਾ ਹੈ। ਸਾਡੇ ਦਿੱਤੇ ਨਕਲੀ ਢਾਂਚੇ ਉਸ ਲਈ ਇੱਕ ਮਜਬੂਰੀ ਹਨ।

**ਵਾਤਾਵਰਣ ਦਾ ਸੰਕਟ**: ਅਸੀਂ ਕੀ ਗੁਆ ਰਹੇ ਹਾਂ ?: ਪੰਛੀਆਂ ਦਾ ਮੁੱਕਣਾ ਇੱਕ ਜੀਵ ਦਾ ਮੁੱਕਣਾ ਨਹੀਂ, ਇਹ ਸਾਡੇ ਵਿਨਾਸ਼ ਦੀ ਸ਼ੁਰੂਆਤ ਹੈ। ਇੱਕ ਰੁੱਖ ਹਜ਼ਾਰਾਂ ਕੀੜੇ-ਮਕੌੜਿਆਂ ਦਾ ਘਰ ਹੁੰਦਾ ਹੈ, ਜਿਨ੍ਹਾਂ ਨੂੰ ਪੰਛੀ ਖਾਂਦੇ ਹਨ । ਜਦੋਂ ਰੁੱਖ ਨਹੀਂ ਰਹਿਣਗੇ, ਪੰਛੀ ਨਹੀਂ ਆਉਣਗੇ, ਅਤੇ ਕੀੜੇ-ਮਕੌੜੇ ਸਾਡੀਆਂ ਫ਼ਸਲਾਂ ਨੂੰ ਤਬਾਹ ਕਰ ਦੇਣਗੇ । ਫਿਰ ਅਸੀਂ ਜ਼ਹਿਰੀਲੀਆਂ ਦਵਾਈਆਂ ਛਿੜਕਾਂਗੇ, ਜੋ ਅੰਤ ਵਿੱਚ ਸਾਡੇ ਸਰੀਰ ਵਿੱਚ ਲਾ-ਇਲਾਜ ਬਿਮਾਰੀਆਂ ਬਣ ਕੇ ਦਾਖ਼ਲ ਹੋਣਗੀਆਂ।

**ਆਕਸੀਜਨ ਦੀ ਫੈਕਟਰੀ**: ਅਸੀਂ ਪੰਛੀਆਂ ਲਈ ਆਲ੍ਹਣੇ ਤਾਂ ਟੰਗ ਰਹੇ ਹਾਂ, ਇਹ ਭੁੱਲ ਰਹੇ ਹਾਂ ਕਿ ਉਹ ਨਕਲੀ ਆਲ੍ਹਣਾ ਸਾਨੂੰ ਆਕਸੀਜਨ ਨਹੀਂ ਦੇਵੇਗਾ। ਰੁੱਖ ਲਗਾਵਾਂਗੇ ਤਾਂ ਹੀ ਸਾਨੂੰ ਸਾਹ ਮਿਲੇਗਾ ਅਤੇ ਪੰਛੀਆਂ ਨੂੰ ਘਰ।ਕੰਕਰੀਟ ਦੀਆਂ ਸੜਕਾਂ ਅਤੇ ਨਕਲੀ ਆਲ੍ਹਣੇ ਧਰਤੀ ਨੂੰ ਠੰਢਾ ਨਹੀਂ ਕਰ ਸਕਦੇ। ਵਧਦੀ ਗਰਮੀ ਤੋਂ ਬਚਣ ਦਾ ਇੱਕੋ-ਇੱਕ ਰਸਤਾ ਹੈ 'ਰੁੱਖ'।

**ਸਾਡੀ ਅਸਲੀ ਜ਼ਿੰਮੇਵਾਰੀ**: ਸਾਨੂੰ ਇਹ ਸਮਝਣਾ ਪਵੇਗਾ ਕਿ ਪੰਛੀਆਂ ਨੂੰ ਸਾਡੀ ਦਇਆ ਦੀ ਲੋੜ ਨਹੀਂ, ਸਾਡੇ ਵੱਲੋਂ ਕੀਤੀ ਗਈ ਦਖਲਅੰਦਾਜ਼ੀ ਦੇ ਬੰਦ ਹੋਣ ਦੀ ਲੋੜ ਹੈ।ਸ਼ੋਅ-ਪੀਸ ਵਾਲੇ ਪੌਦੇ ਨਹੀਂ, ਦੇਸੀ ਰੁੱਖ ਜਿਵੇਂ ਨਿੰਮ, ਬੋਹੜ, ਪਿੱਪਲ, ਧਰੇਕ ਅਤੇ ਟਾਹਲੀ ਲਗਾਓ। ਖੇਤਾਂ ਅਤੇ ਘਰਾਂ ਦੀਆਂ ਕੰਧਾਂ ਤੇ ਕੰਕਰੀਟ ਦੀ ਜਗ੍ਹਾ ਕੁਦਰਤੀ ਵਾੜਾਂ ਲਗਾਓ, ਜਿੱਥੇ ਪੰਛੀ ਆਪਣੀ ਮਰਜ਼ੀ ਨਾਲ ਘਰ ਬਣਾ ਸਕਣ।

**ਪਾਣੀ ਦੇ ਸਰੋਤ**: ਆਪਣੇ ਘਰਾਂ ਦੇ ਆਲੇ-ਦੁਆਲੇ ਛੋਟੇ-ਛੋਟੇ ਮਿੱਟੀ ਦੇ ਬਰਤਨਾਂ ਵਿੱਚ ਪਾਣੀ ਰੱਖੋ, ਸਭ ਤੋਂ ਜ਼ਰੂਰੀ ਹੈ ਕਿ ਉਨ੍ਹਾਂ ਦੇ ਕੁਦਰਤੀ ਸਰੋਤਾਂ (ਟੋਭਿਆਂ) ਨੂੰ ਗੰਦਾ ਨਾ ਕਰੋ।

ਜੇਕਰ ਅਸੀਂ ਸੱਚਮੁੱਚ ਚਾਹੁੰਦੇ ਹਾਂ ਕਿ ਆਉਣ ਵਾਲੀਆਂ ਨਸਲਾਂ ਪੰਛੀਆਂ ਨੂੰ ਸਿਰਫ਼ ਕਿਤਾਬਾਂ ਵਿੱਚ ਨਾ ਦੇਖਣ, ਤਾਂ ਸਾਨੂੰ ਰੁੱਖਾਂ ਨੂੰ ਕੱਟਣਾ ਬੰਦ ਕਰਨਾ ਪਵੇਗਾ। ਨਕਲੀ ਆਲ੍ਹਣਾ ਲਗਾ ਕੇ ਅਸੀਂ ਆਪਣੇ ਗੁਨਾਹਾਂ ਦਾ ਪਛਤਾਵਾ ਤਾਂ ਕਰ ਸਕਦੇ ਹਾਂ, ਪਰ ਕੁਦਰਤ ਨੂੰ ਮੁੜ ਸੁਰਜੀਤ ਨਹੀਂ ਕਰ ਸਕਦੇ। ਰੁੱਖ ਰਹੇਗਾ ਤਾਂ ਪੰਛੀ ਰਹੇਗਾ, ਪੰਛੀ ਰਹੇਗਾ ਤਾਂ ਕੁਦਰਤ ਰਹੇਗੀ ਅਤੇ ਜੇ ਕੁਦਰਤ ਰਹੇਗੀ ਤਾਂ ਹੀ ਮਨੁੱਖ ਦਾ ਵਜੂਦ ਰਹੇਗਾ ।

**# ਸੰਪਰਕ : 94781-60786**

# ਵਿਸ਼ੇਸ਼ ਤੌਰ 'ਤੇ ਪੰਜਾਬੀ ਲਿਖਾਰੀਆਂ ਲਈ

ਮਾਂ ਦੀ ਗੋਦ ਵਿੱਚ ਬੈਠ ਕੇ ਸਿੱਖੀ ਬੋਲੀ ਮਾਂ ਬੋਲੀ ਕਹਾਉਂਦੀ ਹੈ । ਇਹ ਮਾਂ ਹੀ ਹੁੰਦੀ ਹੈ, ਜਿਹੜੀ ਸਾਡੀ ਤੋਤਲੀ ਬੋਲੀ ਨੂੰ ਸਮਝਣ, ਸਮਝਾਉਣ ਲਈ ਸਾਡੇ ਸੰਗ ਆਪ ਤੋਤਲੀ ਬੋਲਦੀ ਹੈ। ਪਸ਼ੂ-ਪੰਛੀਆਂ ਸਮੇਤ ਸਾਰੇ ਜਾਨਦਾਰ ਆਪੋ ਆਪਣੀ ਬੋਲੀ ਵਿੱਚ ਇੱਕ-ਦੂਜੇ ਨਾਲ ਗੁਫ਼ਤਗੂ ਕਰਦੇ ਹਨ ਅਤੇ ਆਪਣੀ ਮਾਂ ਬੋਲੀ ਨੂੰ ਪਿਆਰਦੇ ਹਨ। ਕਿਹਾ ਜਾਂਦਾ ਹੈ ਕਿ ਹਰ ਬਾਰਾਂ ਕੋਹਾਂ ਬਾਅਦ ਬੋਲੀ ਬਦਲ ਜਾਂਦੀ ਹੈ, ਇਸੇ ਲਈ ਦੇਸ਼ਾਂ, ਕੌਮਾਂ ਦੀਆਂ ਆਪੋ-ਆਪਣੀਆਂ ਬੋਲੀਆਂ ਹਨ। ਕਈ ਬੋਲੀਆਂ, ਜਿਨ੍ਹਾਂ ਵਿੱਚ ਅੰਗਰੇਜ਼ੀ ਦਾ ਨਾਂਅ ਜ਼ਿਕਰਯੋਗ ਹੈ, ਨੂੰ ਪੜ੍ਹੇ-ਲਿਖੇ ਲੋਕ ਸੰਪਰਕ ਬੋਲੀ ਦੇ ਤੌਰ 'ਤੇ ਵਰਤਦੇ ਹਨ। ਦੁਨੀਆਂ ਉੱਤੇ ਲੱਗਭੱਗ 7000 ਬੋਲੀਆਂ ਬੋਲੀਆਂ ਜਾਂਦੀਆਂ ਹਨ, ਜਿਨ੍ਹਾਂ ਵਿੱਚੋਂ ਪੰਜਾਬੀ 154-155 ਮਿਲੀਅਨ ਲੋਕਾਂ ਦੁਆਰਾ ਬੋਲੀ ਜਾਂਦੀ ਹੈ।

ਸਾਰੀਆਂ ਹੀ ਬੋਲੀਆਂ ਬੋਲਣ ਵਾਲੇ ਆਪੋ ਆਪਣੀ ਬੋਲੀ ਦੀ ਤਰੱਕੀ ਵਾਸਤੇ ਯਤਨਸ਼ੀਲ ਰਹਿੰਦੇ ਹਨ। ਪੰਜਾਬੀ ਪਿਆਰੇ ਵੀ ਪੰਜਾਬੀ ਦੇ ਵਿਕਾਸ ਲਈ ਆਪਣਾ ਬਣਦਾ ਯੋਗਦਾਨ ਪਾਉਂਦੇ ਰਹਿੰਦੇ ਹਨ। ਕਈ ਅਦਾਰੇ, ਜਿਨ੍ਹਾਂ ਵਿੱਚੋਂ ਪੰਜਾਬੀ ਯੂਨੀਵਰਸਿਟੀ ਦਾ ਨਾਂਅ ਜ਼ਿਕਰਯੋਗ ਹੈ, ਦੀ ਸਥਾਪਨਾ ਹੀ ਪੰਜਾਬੀ ਦੀ ਉੱਨਤੀ ਅਤੇ ਵਿਕਾਸ ਦੇ ਮਕਸਦ ਨਾਲ ਕੀਤੀ ਗਈ ਸੀ। ਪੰਜਾਬੀ ਨੂੰ ਪੰਜਾਬ ਸਰਕਾਰ ਦੀ ਰਾਜ ਭਾਸ਼ਾ ਬਣਾਉਣ ਲਈ ਰਾਜ ਭਾਸ਼ਾ ਐਕਟ 1967 ਵੀ 29 ਦਸੰਬਰ 1967 ਤੋਂ ਲਾਗੂ ਹੈ ।

ਸੂਚਨਾ ਟੈਕਨਾਲੋਜੀ ਦੀ ਉੱਨਤੀ ਦੇ ਨਾਲ ਕਿਤਾਬਾਂ ਪੜ੍ਹਨ ਦਾ ਰੁਝਾਨ ਘਟਦਾ ਜਾ ਰਿਹਾ ਹੈ। ਜੇਕਰ ਇਸੇ ਤਰ੍ਹਾਂ ਹੀ ਚਲਦਾ ਰਿਹਾ, ਪੰਜਾਬੀ ਪਿਆਰੇ ਮਹਿਸੂਸ ਕਰਦੇ ਹਨ ਕਿ ਪੰਜਾਬੀਆਂ ਦੀ ਲਿਖਣ ਦੀ ਰੁਚੀ ਵੀ ਖਤਮ ਹੋ ਜਾਵੇਗੀ। ਇਸ ਚਿੰਤਾ ਵਿੱਚੋਂ ਉਪਜੀ ਹੈ, ਪੰਜਾਬੀ ਦੇ ਲਿਖਾਰੀਆਂ ਨੂੰ ਲਿਖਣ ਪ੍ਰਤੀ ਉਤਸ਼ਾਹਤ ਕਰਨ ਲਈ, ਮਾਣ-ਸਨਮਾਨ ਦੇਣ ਦੀ ਸੋਚ।

ਸਭ ਤੋਂ ਪਹਿਲਾਂ ਗੱਲ ਕਰਨੀ ਬਣਦੀ ਹੈ ਵੱਕਾਰੀ ਪੁਰਸਕਾਰ ਢਾਹਾਂ ਪੁਰਸਕਾਰ ਦੀ। ਇਨਾਮੀ ਵਰ੍ਹੇ ਤੋਂ ਪਹਿਲੇ ਕੈਲੰਡਰ ਸਾਲ ਵਿੱਚ ਛਪੀਆਂ ਨਾਵਲਾਂ ਦੀਆਂ ਕਿਤਾਬਾਂ ਪੁਰਸਕਾਰ ਲਈ ਵਿਚਾਰੀਆਂ ਜਾਂਦੀਆਂ ਹਨ। ਇੱਕ ਜਨਵਰੀ 25 ਤੋਂ 31 ਦਸੰਬਰ 25 ਦਰਮਿਆਨ ਛਪੀਆਂ ਪੁਸਤਕਾਂ 2026 ਵਿੱਚ ਦਿੱਤੇ ਜਾਣ ਵਾਲੇ ਪੁਰਸਕਾਰ ਲਈ ਨਾਮਜ਼ਦ ਕੀਤੀਆਂ ਜਾ ਸਕਣਗੀਆਂ । ਕੈਨੇਡਾ ਸਥਿਤ ਇੱਕ ਗੈਰ ਸਰਕਾਰੀ ਅਦਾਰਾ, 'ਕੈਨੇਡਾ-ਇੰਡੀਆ ਐਜੂਕੇਸ਼ਨ ਸੋਸਾਇਟੀ' ਢਾਹਾਂ ਪੁਰਸਕਾਰ ਮੁਕਾਬਲੇ ਦਾ ਆਯੋਜਨ ਕਰਦਾ ਹੈ । ਗੁਰਮੁਖੀ ਅਤੇ ਸ਼ਾਹਮੁਖੀ ਲਿਪੀ ਵਿੱਚ ਲਿਖੇ ਨਾਵਲ/ ਕਹਾਣੀਆਂ ਲਿਖਣ ਨੂੰ ਪ੍ਰੋਤਸਾਹਿਤ ਕਰਨ ਲਈ ਦਿੱਤੇ ਜਾਣ ਵਾਲੇ ਇਸ ਇਨਾਮ ਦੀ ਕੁੱਲ ਰਾਸ਼ੀ 51000 ਕੈਨੇਡੀਅਨ ਡਾਲਰ ਰੱਖੀ ਗਈ ਹੈ । ਪਹਿਲੇ ਨੰਬਰ 'ਤੇ ਆਉਣ ਵਾਲੇ ਸਾਹਿਤਕਾਰ ਨੂੰ 25000 ਡਾਲਰ ਅਤੇ ਦੋ ਹੋਰ ਫਾਈਨਲਿਸਟਾਂ ਨੂੰ 10000-10000 ਡਾਲਰ ਦਿੱਤੇ ਜਾਣਗੇ । ਨਾਮਜ਼ਦਗੀ ਭਰਨ ਲਈ ਆਖਰੀ ਤਰੀਕ ਆਮ ਤੌਰ 'ਤੇ 31 ਜਨਵਰੀ ਰੱਖੀ ਜਾਂਦੀ ਹੈ । ਪੰਜਾਬੀ ਸਾਹਿਤ ਲਈ ਦੁਨੀਆਂ ਦਾ ਸਭ ਤੋਂ ਮਿਆਰੀ ਇਨਾਮ ਹੈ ਢਾਹਾਂ ਪੁਰਸਕਾਰ।


ਜਗਦੇਵ ਸ਼ਰਮਾ ਬੁਗਰਾ

ਪੁਰਸਕਾਰ ਲਈ ਸਾਹਿਤ ਦੇ ਮੁਲਾਂਕਣ ਲਈ ਇੱਕ ਜਿਊਰੀ ਦਾ ਗਠਨ ਕੀਤਾ ਜਾਂਦਾ ਹੈ, ਜਿਸ ਦੀ ਚੋਣ ਢਾਹਾਂ ਇਨਾਮ ਦੇਣ ਵਾਲੀ ਪ੍ਰਬੰਧਨ ਟੀਮ ਕਰਦੀ ਹੈ, ਜ਼ਿਆਦਾ ਜਾਣਕਾਰੀ ਲਈ ਅਦਾਰੇ ਦੀ ਵੈੱਬਸਾਈਟ ਦੇਖੀ ਜਾ ਸਕਦੀ ਹੈ।

ਲੇਖਕਾਂ ਨੂੰ ਉਹਨਾਂ ਦੇ ਸਾਹਿਤ ਪ੍ਰਤੀ ਯੋਗਦਾਨ ਨੂੰ ਸਨਮਾਨ ਦੇਣ ਵਾਲੀ ਦੂਸਰੀ ਸੰਸਥਾ ਹੈ, ਭਾਸ਼ਾ ਵਿਭਾਗ ,ਪੰਜਾਬ -ਪਟਿਆਲਾ । ਪੁਰਸਕਾਰ ਦਾ ਨਾਂਅ ਹੈ , ਸਰਵੋਤਮ ਪੁਸਤਕ ਪੁਰਸਕਾਰ । ਭਾਸ਼ਾ ਵਿਭਾਗ ਪੰਜਾਬ, ਜਿਸ ਦਾ ਹੈੱਡ ਆਫਿਸ ਪਟਿਆਲਾ ਵਿਖੇ ਸਥਿਤ ਹੈ, ਦੁਆਰਾ ਜੀਵਨੀ /ਸਵੈ-ਜੀਵਨੀ, ਨਾਵਲ, ਕਹਾਣੀ/ ਮਿੰਨੀ ਕਹਾਣੀ ਸੰਗ੍ਰਹਿ, ਨਿਬੰਧ / ਸਫ਼ਰਨਾਮਾ / ਵਿਅੰਗ, ਕਵਿਤਾ, ਨਾਟਕ ਇਕਾਂਗੀ, ਅਨੁਵਾਦ , ਗਿਆਨ ਸਾਹਿਤ / ਸੰਪਾਦਨ ,ਬਾਲ ਸਾਹਿਤ, ਆਲੋਚਨਾ/ਖੋਜ ਅਤੇ ਵਿਆਕਰਨਿਕ ਖੋਜ ਲਈ ਵੱਖ-ਵੱਖ ਸੁਪ੍ਰਸਿੱਧ ਸਾਹਿਤਕ ਸ਼ਖਸੀਅਤਾਂ ਦੇ ਨਾਂਅ 'ਤੇ 11 ਪੁਰਸਕਾਰ ਦਿੱਤੇ ਜਾਂਦੇ ਹਨ । ਪੰਜਾਬੀ ਤੋਂ ਇਲਾਵਾ ਹਿੰਦੀ , ਉਰਦੂ ਅਤੇ ਸੰਸਕ੍ਰਿਤ ਭਾਸ਼ਾਵਾਂ ਦੀਆਂ ਪੁਸਤਕਾਂ ਲਈ ਵੀ ਵੱਖਰੇ ਸਨਮਾਨ ਹਨ । ਇੱਕ ਪੁਰਸਕਾਰ ਸੁਰਜੀਤ ਪਾਤਰ ਵਿਦਿਆਰਥੀ ਪੁਰਸਕਾਰ ਵੀ ਦਿੱਤਾ ਜਾਂਦਾ ਹੈ । ਵਿਭਾਗ ਦੀ ਵੈੱਬਸਾਈਟ ਤੋਂ ਡਾਊਨਲੋਡ ਕੀਤੀ ਜਾਣ ਵਾਲੀ ਅਰਜ਼ੀ ਨਾਲ ਕਿਤਾਬ ਦੀਆਂ ਚਾਰ ਕਾਪੀਆਂ 31 ਮਾਰਚ 26 ਤੱਕ ਵਿਭਾਗ ਦੇ ਦਫ਼ਤਰ ਵਿਖੇ ਦਸਤੀ ਜਾਂ ਡਾਕ ਰਾਹੀਂ ਭੇਜੀਆਂ ਜਾ ਸਕਦੀਆਂ ਹਨ ।

ਉਪਰੋਕਤ ਵਰਗਾ ਹੀ ਇੱਕ ਹੋਰ ਅਦਾਰਾ ਸਾਹਿਤ ਅਕਾਡਮੀ ਭਾਰਤ ਪੰਜਾਬੀ ਸਮੇਤ 23 ਭਾਰਤੀ ਭਾਸ਼ਾਵਾਂ ਦੇ ਲਿਖਾਰੀਆਂ ਨੂੰ ਸਨਮਾਨਤ ਕਰਦਾ ਹੈ । ਇਨਾਮੀ ਵਰ੍ਹੇ ਤੋਂ ਤੁਰੰਤ ਪਹਿਲਾ ਸਾਲ ਛੱਡ ਕੇ ਉਸ ਤੋਂ ਪਿਛਲੇ ਪੰਜ ਸਾਲ ਵਿੱਚ ਛਪਿਆ ਸਾਹਿਤ ਇਸ ਇਨਾਮ ਲਈ ਯੋਗ ਹੁੰਦਾ ਹੈ, ਯਾਨੀਕਿ 2026 ਸਾਲ ਵਾਸਤੇ 2020 ਤੋਂ 2024 ਦੌਰਾਨ ਛਪੀ ਸਾਹਿਤਿਕ ਕਿਰਤ ਨੂੰ ਹੀ ਵਿਚਾਰਿਆ ਜਾਵੇਗਾ । ਆਮ ਤੌਰ 'ਤੇ 28 ਫਰਵਰੀ ਤੱਕ ਅਦਾਰੇ ਵੱਲੋਂ ਵਿਕਸਤ ਪ੍ਰੋਫਾਰਮੇ 'ਤੇ ਅਰਜ਼ੀ ਦੇਣੀ ਹੁੰਦੀ ਹੈ । ਸਾਹਿਤ ਨਾਲ ਸੰਬੰਧਤ ਮਹਿਰਾਂ ਵੱਲੋਂ ਸਿਫਾਰਸ਼ ਯੁਕਤ ਸਾਹਿਤ ਵਿਚਾਰਨ ਯੋਗ ਹੁੰਦਾ ਹੈ ।ਲੇਖਕ ਜਾਂ ਪਬਲਿਸ਼ਰ ਨਿੱਜੀ ਤੌਰ 'ਤੇ ਵੀ ਆਪਣੀ ਐਂਟਰੀ ਭੇਜ ਸਕਦੇ ਹਨ ।

ਪੰਜਾਬ ਸਰਕਾਰ ਦੁਆਰਾ ਦਿੱਤਾ ਜਾਣ ਵਾਲਾ ਇੱਕ ਹੋਰ ਐਵਾਰਡ ਹੈ , 'ਸ਼੍ਰੋਮਣੀ ਸਾਹਿਤਕਾਰ ਐਵਾਰਡ' । ਪੰਜਾਬੀ ਸਾਹਿਤ ਦੇ ਖੇਤਰ ਵਿੱਚ ਵਰਨਣਯੋਗ ਯੋਗਦਾਨ ਪਾਉਣ ਵਾਲੇ ਕਿਸੇ ਸਾਹਿਤਕਾਰ, ਜਿਸ ਦੀ ਸਿਫਾਰਸ਼ ਪੰਜਾਬ ਸਰਕਾਰ ਦਾ ਬਣਾਇਆ ਸਟੇਟ ਅਡਵਾਈਜਰ ਬੋਰਡ ਕਰਦਾ ਹੈ ਅਤੇ ਇੱਕ ਸਕਰੀਨਿੰਗ ਕਮੇਟੀ ਫਾਈਨਲ ਕਰਦੀ ਹੈ , ਨੂੰ ਇਹ ਇਨਾਮ 50,0000 ਰੁਪਏ ਨਕਦੀ ਦੇ ਰੂਪ ਵਿੱਚ ਦਿੱਤਾ ਜਾਂਦਾ, ਕਿਉਂਕਿ ਚੋਣ ਦੀ ਵਿਧੀ ਜ਼ਿਆਦਾਤਰ ਪਿੱਕ ਐਂਡ ਚੂਜ਼ 'ਤੇ ਨਿਰਭਰ ਹੈ ਅਤੇ ਪਾਰਦਰਸ਼ਤਾ ਦੀ ਘਾਟ ਹੈ , ਇਸ ਲਈ ਇਸ ਐਵਾਰਡ ਉੱਤੇ ਬਹੁਤ ਸਾਰੀਆਂ ਉਂਗਲਾਂ ਉੱਠਦੀਆਂ ਰਹੀਆਂ ਹਨ । ਕੁਝ ਕੁ ਗਿਣਵੇਂ ਚੁਣਵੇਂ ਲੋਕ, ਜ਼ਿਆਦਾਤਰ ਸਾਹਿਤ ਸਭਾਵਾਂ ਨਾਲ ਜੁੜੇ ਉੱਚ ਅਹੁਦੇਦਾਰ ਕਲਮ ਦੇ ਜ਼ੋਰ ਨਹੀਂ ਸਗੋਂ ਜੁਗਾੜ ਨਾਲ ਇਨਾਮਾਂ ਨੂੰ ਹੱਥ ਮਾਰ ਜਾਂਦੇ ਹਨ, ਜਦਕਿ ਵਧੀਆ ਸਾਹਿਤ ਰਚੇਤਾ ਆਮ ਲੇਖਕ ਇਨਾਮਾਂ ਤੋਂ ਵਾਂਝੇ ਰਹਿ ਜਾਂਦੇ ਹਨ । ਮੇਰਾ ਨਿੱਜੀ ਵਿਚਾਰ ਹੈ ਕਿ ਇਨਾਮ ਕੋਈ ਵੀ ਹੋਵੇ, ਲਿਖਤ ਨੂੰ ਦਿੱਤਾ ਜਾਣਾ ਚਾਹੀਦਾ ਹੈ, ਨਾ ਕਿ ਲਿਖਾਰੀ ਨੂੰ ।

ਦੇਸ਼ ਦੇ ਸੰਵਿਧਾਨ ਦੇ ਅੱਠਵੇਂ ਸ਼ਡਿਊਲ ਵਿੱਚ ਪੰਜਾਬੀ ਸਮੇਤ ਦਰਜ 23 ਭਾਸ਼ਾਵਾਂ ਦੇ ਸਿਰਕੱਢ ਸਾਹਿਤਕਾਰਾਂ ਨੂੰ ਦਿੱਤਾ ਜਾਣ ਵਾਲਾ ਭਾਰਤ ਦਾ ਸਰਵ ਉੱਚ ਸਾਲਾਨਾ ਐਵਾਰਡ ਹੈ ਜਨਪੀਠ ਐਵਾਰਡ । ਇਸ ਐਵਾਰਡ ਲਈ ਸਾਹਿਤਕਾਰ ਮਾਹਰਾਂ, ਆਲੋਚਕਾਂ, ਅਧਿਆਪਕਾਂ, ਯੂਨੀਵਰਸਿਟੀਆਂ, ਭਾਸ਼ਾ ਸੰਸਥਾਵਾਂ ਕੋਲੋਂ ਨਾਮਜ਼ਦਗੀਆਂ ਮੰਗੀਆਂ ਜਾਂਦੀਆਂ ਹਨ । ਵਿਅਕਤੀਗਤ ਤੌਰ 'ਤੇ ਅਰਜ਼ੀ ਨਹੀਂ ਦਿੱਤੀ ਜਾ ਸਕਦੀ । ਭਾਰਤੀ ਜਨ ਪੀਠ ਟਰੱਸਟ ਦੁਆਰਾ ਆਯੋਜਿਤ ਕੀਤੇ ਜਾਂਦੇ ਇਸ ਇਨਾਮ ਵਿੱਚ ਮਾਂ ਸਰਸਵਤੀ ਦੀ ਤਾਂਬੇ ਦੀ ਮੂਰਤੀ ਤੋਂ ਇਲਾਵਾ 11 ਲੱਖ ਰੁਪਏ ਨਕਦ ਅਤੇ ਇੱਕ ਸਨਦ ਦਿੱਤੀ ਜਾਂਦੀ ਹੈ । ਸਿਲੈਕਸ਼ਨ ਦਾ ਤਰੀਕਾ ਓਹੀ, ਸਲਾਹਕਾਰ ਬੋਰਡ, ਸਕਰੀਨਿੰਗ ਕਮੇਟੀ ਵਾਲਾ ਹੀ ਹੈ ।

ਕੇ ਕੇ ਬਿਰਲਾ ਫਾਊਂਡੇਸ਼ਨ ਨਾਂਅ ਦੀ ਸੰਸਥਾ ਵੀ 22 ਭਾਰਤੀ ਭਾਸ਼ਾਵਾਂ ( ਪੰਜਾਬੀ ਸਮੇਤ) ਦੇ ਉਹਨਾ ਉੱਘੇ ਸਾਹਿਤਕਾਰਾਂ ਨੂੰ ਸਰਸਵਤੀ ਸਨਮਾਨ ਦੇ ਕੇ ਸਨਮਾਨਤ ਕਰਦੀ ਹੈ, ਜਿਨ੍ਹਾਂ ਨੇ ਪਿਛਲੇ 10 ਸਾਲਾਂ ਵਿੱਚ ਛਪੀ ਕਿਸੇ ਵੀ ਵਿਧਾ ਵਿੱਚ ਆਪਣੀ ਕਿਰਤ ਰਾਹੀਂ ਸਾਹਿਤ ਵਿੱਚ ਵਿਸ਼ੇਸ਼ ਯੋਗਦਾਨ ਪਾਇਆ ਹੋਵੇ । ਪੰਦਰਾਂ ਲੱਖ ਦੇ ਕੈਸ਼ ਪੁਰਸਕਾਰ ਨਾਲ ਇੱਕ ਯਾਦਗਾਰੀ ਚਿੰਨ ਦਿੱਤਾ ਜਾਂਦਾ ਹੈ। ਇਸ ਸਾਲਾਨਾ ਐਵਾਰਡ ਦਾ ਚੋਣ ਢੰਗ ਬੜਾ ਪੇਚੀਦਾ, ਪ੍ਰੰਤੂ ਪਾਰਦਰਸ਼ੀ ਹੈ। ਨਾਮਜ਼ਦਗੀਆਂ ਜਨ ਪੀਠ ਐਵਾਰਡ ਦੀ ਤਰ੍ਹਾਂ ਹੀ ਮੰਗੀਆਂ ਜਾਂਦੀਆਂ ਹਨ ।

ਕਲਾ, ਸਾਹਿਤ, ਵਿਗਿਆਨ, ਟੈਕਨਾਲੋਜੀ ਅਤੇ ਸੱਭਿਆਚਾਰ ਵਿੱਚ ਵਿਸ਼ੇਸ਼ ਯੋਗਦਾਨ ਪਾਉਣ ਵਾਲਿਆਂ ਲਈ ਪੰਜਾਬ ਸਰਕਾਰ ਵੱਲੋਂ ਪੰਜਾਬ ਰਤਨ ਐਵਾਰਡ ਵੀ ਪ੍ਰਦਾਨ ਕੀਤਾ ਜਾਂਦਾ ਹੈ, ਜਿਸ ਵਿੱਚ ਚਾਂਦੀ ਦੀ ਇੱਕ ਪਲੇਟ , ਇੱਕ ਸਨਦ ਨਾਲ ਕੁਝ ਰਕਮ ਵੀ ਦਿੱਤੀ ਜਾਂਦੀ ਹੈ । ਇਹ ਪੁਰਸਕਾਰ ਵੀ ਸਲਾਹਕਾਰ ਬੋਰਡ ਦੀ ਸਿਫਾਰਸ਼ ਅਧਾਰਤ ਹੀ ਹੁੰਦਾ ਹੈ ।

ਪੰਜਾਬੀ ਪੱਤਰਕਾਰੀ ਵਿੱਚ ਨਾਮਵਰ ਸ਼ਖਸੀਅਤਾਂ ਨੂੰ ਸਨਮਾਨਤ ਕਰਨ ਲਈ ਪੰਜਾਬ ਸਰਕਾਰ ਦਾ ਅਦਾਰਾ, ਸ਼੍ਰੋਮਣੀ ਪੰਜਾਬੀ ਸਾਹਿਤਕ ਪੱਤਰਕਾਰ ਐਵਾਰਡ, ਹਰਿਆਣਾ ਪੰਜਾਬੀ ਗੌਰਵ ਐਵਾਰਡ ( ਹਰਿਆਣਾ ਸਾਹਿਤ ਅਕੈਡਮੀ),ਪੰਜਾਬੀ ਅਕੈਡਮੀ ਦਿੱਲੀ, ਪੰਜਾਬ ਪਰਾਈਡ ਐਵਾਰਡ, ਗਲੋਬਲ ਪੰਜਾਬੀ ਸੋਸਾਇਟੀ ਅਚੀਵਰ ਐਵਾਰਡ ਆਦਿ ਦਾ ਯੋਗਦਾਨ ਵਰਨਣਯੋਗ ਹੈ । ਬਹੁਤ ਥੋੜ੍ਹੇ ਪੰਜਾਬੀ ਅਖ਼ਬਾਰ ਵੀ ਲੇਖਕਾਂ ਨੂੰ ਮਿਹਨਤਾਨਾ ਦਿੰਦੇ ਹਨ ।

ਭਾਸ਼ਾ ਵਿਭਾਗ ਪੰਜਾਬ ਵੱਲੋਂ ਸਾਲ 2025 ਵਿੱਚ ਛਪੀਆਂ ਪੁਸਤਕਾਂ ਨੂੰ ਐਵਾਰਡਾਂ ਲਈ ਵਿਚਾਰਨ ਵਾਸਤੇ 31 ਮਾਰਚ 26 ਤੱਕ ਨਾਮਜ਼ਦਗੀਆਂ ਮੰਗ ਲਈਆਂ ਗਈਆਂ ਹਨ, ਪ੍ਰੰਤੂ ਪੁਸਤਕ ਚੋਣ ਦਾ ਤਰੀਕਾ ਉਹੀ ਪ੍ਰੰਪਰਾਵਾਦੀ ਰੱਖਿਆ ਗਿਆ ਹੈ । ਆਧੁਨਿਕਤਾ ਦੇ ਦੌਰ ਵਿੱਚ ਕਮੇਟੀਆਂ ਰਾਹੀਂ ਚੋਣ ਸਾਨੂੰ ਸਦੀਆਂ ਪਿੱਛੇ ਲੈ ਜਾਂਦੀ ਹੈ ।ਕੰਪਿਊਟਰ ਯੁੱਗ ਵਿੱਚ ਸਭ ਕੁਝ ਮਸ਼ੀਨੀ ਹੋ ਜਾਣ ਨਾਲ ਜਿੱਥੇ ਸੁਖਾਲਾ , ਸਮੇਂ ਦੀ ਬੱਚਤ ਵਾਲਾ ਹੋ ਗਿਆ ਹੈ, ਉਥੇ ਹੀ ਪਾਰਦਰਸ਼ੀ ਹੋਣ ਕਾਰਨ ਨਿਰਵਿਵਾਦਤ ਵੀ ਹੋ ਗਿਆ ਹੈ। ਲੇਖਕਾਂ ਦੀਆਂ ਕਿਰਤਾਂ ਦਾ ਕੰਪਿਊਟਰ ਜ਼ਰੀਏ ਮੁਲਾਂਕਣ ਕਰਨ ਲਈ ਮੈਂ ਕੁਝ ਸੁਝਾਅ ਭੇਜੇ ਸਨ ਅਤੇ ਕੰਪਿਊਟਰ ਸਿਸਟਮ ਵਿੱਚ ਵਰਤੀ ਜਾਣ ਵਾਲੀ ਪ੍ਰਸ਼ਨਾਵਲੀ ਵੀ ਤਿਆਰ ਕਰਕੇ ਭੇਜੀ ਸੀ, ਪ੍ਰੰਤੂ ਪਤਾ ਨਹੀਂ ਕਿਉਂ ਵਿਭਾਗ ਨੇ ਗੌਰ ਨਹੀਂ ਫ਼ਰਮਾਇਆ ।

ਮੇਰੇ ਸੁਝਾਏ ਮਡਿਊਲ ਨਾਲ ਸਿਰਫ ਪਾਰਦਰਸ਼ਤਾ ਹੀ ਨਹੀਂ ਵਧੇਗੀ, ਸਗੋਂ ਲੇਖਕ ਅਤੇ ਪੁਸਤਕ ਦੀ ਪਹਿਚਾਣ ਗੁਪਤ ਰੱਖਣ ਨਾਲ ਜੁਗਾੜ ਤੰਤਰ ਤੇ ਰੋਕ ਲੱਗੇਗੀ ,ਬੇਲੋੜੇ ਮੁਕੱਦਮਿਆਂ ਨੂੰ ਠੱਲ੍ਹ ਪਏਗੀ ਅਤੇ ਵਿਭਾਗ ਵੱਲ ਉਂਗਲਾਂ ਵੀ ਘੱਟ ਉੱਠਣਗੀਆਂ । ਪੜਾਅਵਾਰ ਅਜਮਾ ਲੈਣ ਵਿੱਚ ਹਰਜ ਵੀ ਕੀ ਹੈ ?

**# ਸੰਪਰਕ : 98727-87243**

16 Feb Page 5.qxd 2/15/2026 9:37 PM Page 1



## 'ਬਨੇਗਾ' ਨੂੰ ਸੰਸਦ 'ਚ ਬਣਾਉਣ ਲਈ ਇੱਕਜੁੱਟ ਹੋਣ ਦੀ ਲੋੜ : ਢਾਬਾਂ, ਛਾਂਗਾ ਰਾਏ

● 26 ਨੂੰ ਏ ਐੱਲ ਸੀ ਦਫਤਰ ਸਾਹਮਣੇ ਦਿੱਤਾ ਜਾਵੇਗਾ ਧਰਨਾ : ਯੂਨੀਅਨਾਂ, ਪਾਲੀਵਾਲਾ

**ਜਲਾਲਾਬਾਦ (ਰਣਬੀਰ ਕੌਰ, ਬਲਵਿੰਦਰ ਸਿੰਘ, ਜੀਤ ਕੁਮਾਰ)**- ਵਿਦਿਆਰਥੀਆਂ, ਨੌਜਵਾਨਾਂ ਤੇ ਉਸਾਰੀ ਕਿਰਤੀ ਲਾਭਪਾਤਰੀਆਂ ਨੂੰ ਉਨ੍ਹਾਂ ਦੇ ਬਣਦੇ ਹੱਕ ਦਿਵਾਉਣ ਲਈ ਕੈਂਪ ਦਾ ਆਯੋਜਨ ਕੀਤਾ ਗਿਆ।ਇਹ ਕੈਂਪ ਉਸਾਰੀ ਕਿਰਤੀਆਂ ਨੂੰ ਬੀ.ਓ.ਸੀ.ਡਬਲਯੂ. ਐਕਟ 1996 ਦੀ ਰੋਸ਼ਨੀ 'ਚ ਮਿਲ ਰਹੇ ਲਾਭ ਤੇ ਨਵੇਂ ਕਾਨੂੰਨ ਸਮਾਜਿਕ ਸੁਰੱਖਿਆ ਕਾਨੂੰਨ 2020 ਤਹਿਤ ਉਨ੍ਹਾਂ ਦੇ ਹੱਕਾਂ ਦੀ ਪ੍ਰਾਪਤੀ ਲਈ ਅਤੇ ਸਭ ਲਈ ਰੁਜ਼ਗਾਰ ਦੀ ਗਾਰੰਟੀ ਕਰਦੇ ਕਾਨੂੰਨ 'ਬਨੇਗਾ' ਨੂੰ ਦੇਸ਼ ਦੀ ਪਾਰਲੀਮੈਂਟ ਵਿੱਚ ਪਾਸ ਕਰਵਾਉਣ ਲਈ ਲਗਾਇਆ ਗਿਆ।ਇਸ ਕੈਂਪ ਦੌਰਾਨ ਹਾਜ਼ਰੀਨ ਨੂੰ ਸੰਬੋਧਨ ਕਰਦਿਆਂ ਐਡਵੋਕੇਟ ਪਰਮਜੀਤ ਢਾਬਾਂ ਡਿਪਟੀ ਜਨਰਲ ਸਕੱਤਰ ਕੰਸਟਰਕਸ਼ਨ ਵਰਕਰਜ਼ ਐਂਡ ਲੇਬਰ ਯੂਨੀਅਨ (ਰਜਿ:) ਏਟਕ, ਪੰਜਾਬ ਤੇ ਸਰਬ ਭਾਰਤ ਨੌਜਵਾਨ ਸਭਾ ਦੇ ਸੂਬਾ ਸਕੱਤਰ ਸਾਥੀ ਚਰਨਜੀਤ ਛਾਂਗਾ ਰਾਏ ਨੇ ਕਿਹਾ ਕਿ ਲੋਕ ਪੱਖੀ ਸੰਸਦ ਮੈਂਬਰਾਂ ਵੱਲੋਂ ਕਿਰਤੀਆਂ ਲਈ ਬਣਾਏ ਕਾਨੂੰਨਾਂ ਨੂੰ ਬਚਾਉਣ ਤੇ ਉਨ੍ਹਾਂ ਰਾਹੀਂ ਮਿਲ ਰਹੇ ਹੱਕਾਂ ਦੀ ਪ੍ਰਾਪਤੀ ਲਈ ਲਗਾਤਾਰ ਵਿਦਿਆਰਥੀਆਂ, ਨੌਜਵਾਨਾਂ ਤੇ ਕਿਰਤੀਆਂ ਨੂੰ ਜਾਗ੍ਰਿਤ ਕੀਤਾ ਜਾ ਰਿਹਾ ਹੈ।ਸਾਥੀ ਢਾਬਾਂ ਤੇ ਸਾਥੀ ਛਾਂਗਾ ਰਾਏ ਨੇ ਕਿਹਾ ਕਿ ਸਾਨੂੰ ਸਿਧਾਂਤਕ ਤੌਰ 'ਤੇ ਤਿਆਰ ਹੋ ਕੇ ਦੇਸ਼ ਪੱਖੀ ਕਾਨੂੰਨਾਂ ਦੀ ਰਾਖੀ ਲਈ ਤੇ ਸਭ ਲਈ ਰੁਜ਼ਗਾਰ ਦੀ ਗਾਰੰਟੀ ਕਰਦੇ ਕਾਨੂੰਨ ਨੂੰ ਦੇਸ਼ ਦੀ ਸੰਸਦ 'ਚ ਬਣਾਉਣ ਲਈ ਇੱਕਜੁੱਟ ਹੋਣ ਦੀ ਲੋੜ ਹੈ। ਆਗੂਆਂ ਨੇ ਕਿਹਾ ਕਿ 'ਭਗਤ ਸਿੰਘ ਕੌਮੀ ਰੁਜ਼ਗਾਰ ਗਾਰੰਟੀ ਕਾਨੂੰਨ' (ਬਨੇਗਾ) ਅੱਜ ਸਮੇਂ ਦੀ ਮੁੱਖ ਲੋੜ ਹੈ ਤੇ ਇਸ ਤੋਂ ਬਿਨਾਂ ਖੁਸ਼ਹਾਲ ਸਮਾਜ ਦੀ ਕਲਪਨਾ ਵੀ ਨਹੀਂ ਕੀਤੀ ਜਾ ਸਕਦੀ, ਕਿਉਂਕਿ ਅਰਟੀਫੀਸ਼ੀਅਲ ਇੰਟੈਲੀਜੈਂਸੀ (ਏ ਆਈ) 'ਤੇ ਕਾਬਜ਼ ਧਿਰਾਂ ਨੇ ਭਵਿੱਖ ਵਿੱਚ ਕਿਰਤ ਤੋਂ ਬਿਨਾਂ ਪੈਦਾਵਾਰ ਦਾ ਐਲਾਨ ਕਰ ਦਿੱਤਾ ਹੈ, ਜਿਸ ਨਾਲ ਰੁਜ਼ਗਾਰ ਲਗਭਗ ਖ਼ਤਮ ਹੋ ਜਾਵੇਗਾ।ਉਨ੍ਹਾਂ ਕਿਹਾ ਕਿ ਸਰਮਾਏਦਾਰੀ ਪ੍ਰਬੰਧ ਸਾਡੇ ਤੋਂ ਰੁਜ਼ਗਾਰ ਖੋਹ ਕੇ ਮਨੁੱਖਤਾ ਨੂੰ ਕੀੜੇ-ਮਕੌੜਿਆਂ ਦੀ ਤਰ੍ਹਾਂ ਰੀਂਗ ਰੀਂਗ ਕੇ ਮਰਨ ਲਈ ਛੱਡਣ ਦੀਆਂ ਨੀਤੀਆਂ ਲਾਗੂ ਕਰ ਰਿਹਾ ਹੈ।ਇਸ ਲਈ ਇੱਕੋ ਇੱਕ 'ਬਨੇਗਾ' ਹੀ ਹੈ, ਜੋ ਹਰ ਇੱਕ ਲਈ ਜਿਉਣ ਦੇ ਹੱਕ ਰੁਜ਼ਗਾਰ ਦੀ ਗਾਰੰਟੀ ਕਰਦਾ ਹੈ।ਇਸ ਕਾਨੂੰਨ ਬਾਰੇ ਜਾਣਕਾਰੀ ਦਿੰਦਿਆਂ ਉਨ੍ਹਾਂ ਦੱਸਿਆ ਕਿ ਹਰ ਇੱਕ ਲਈ (ਜੋ ਚਾਹੁੰਦਾ ਹੈ) ਨੂੰ ਉਸ ਦੀ ਯੋਗਤਾ ਅਨੁਸਾਰ ਕੰਮ ਭਾਵ ਅਣਸਿੱਖਿਅਤ ਨੂੰ 35,000/-, ਅਰਧ ਸਿੱਖਿਅਤ ਨੂੰ 40,000/-, ਸਿੱਖਿਅਤ ਨੂੰ 45,000/- ਤੇ ਉੱਚ ਸਿੱਖਿਅਤ ਨੂੰ 60,000/- ਰੁਪਏ ਪ੍ਰਤੀ ਮਹੀਨਾ ਤਨਖਾਹ ਦੀ ਗਾਰੰਟੀ ਅਤੇ ਜੇਕਰ ਸਰਕਾਰ ਕੰਮ ਦੇਣ ਵਿੱਚ ਅਸਫਲ ਹੈ, ਤਾਂ ਉਕਤ ਤਨਖਾਹ ਦਾ ਅੱਧ ਬੇਰੁਜ਼ਗਾਰੀ ਭੱਤੇ ਵਜੋਂ ਦੇਣ ਦੀ ਵਿਵਸਥਾ ਹੋਵੇ, ਜੋ ਜਵਾਨੀ ਦੀਆਂ ਸਾਰੀਆਂ ਮੁਸ਼ਕਲਾਂ ਦਾ ਮੁਕੰਮਲ ਹੱਲ ਕਰਦਾ ਹੈ। ਕੈਂਪ ਵਿੱਚ ਉਸਾਰੀ ਕਿਰਤੀ ਲਾਭਪਾਤਰੀਆਂ ਨੂੰ ਆਪਣੇ ਹੱਕ ਪ੍ਰਾਪਤ ਕਰਨ ਲਈ ਆ ਰਹੀਆਂ ਮੁਸ਼ਕਲਾਂ ਬਾਰੇ ਵਿਚਾਰ ਚਰਚਾ ਕੀਤੀ ਗਈ ਤੇ ਉਨ੍ਹਾਂ ਦੇ ਹੱਲ ਲਈ ਜੱਥੇਬੰਦਕ ਤੌਰ 'ਤੇ ਸੰਘਰਸ਼ ਕਰਨ ਦੇ ਪ੍ਰੋਗਰਾਮ ਉਲੀਕੇ ਗਏ।ਇਸ ਮੌਕੇ ਕੰਸਟਰਕਸ਼ਨ ਵਰਕਰ ਐਂਡ ਲੇਬਰ ਯੂਨੀਅਨ (ਰਜਿ:) ਏਟਕ ਦੇ ਜ਼ਿਲ੍ਹਾ ਸਕੱਤਰ ਸਾਥੀ ਸੋਨਾ ਧੁੰਨਕੀਆਂ ਤੇ ਬਲਾਕ ਜਲਾਲਾਬਾਦ ਦੇ ਪ੍ਰਧਾਨ ਹਰਚਰਨ ਪਾਲੀ ਵਾਲਾ ਉਸਾਰੀ ਕਿਰਤੀਆਂ ਦੇ ਹੱਕਾਂ ਦੀ ਪ੍ਰਾਪਤੀ ਲਈ 26 ਫਰਵਰੀ ਨੂੰ ਫਾਜ਼ਿਲਕਾ ਦੇ ਅਸਿਸਟੈਂਟ ਲੇਬਰ ਕਮਿਸ਼ਨਰ ਦਫਤਰ ਸਾਹਮਣੇ ਧਰਨਾ ਦੇਣ ਲਈ ਲਾਮਬੰਦੀ ਦਾ ਸੱਦਾ ਦਿੱਤਾ ਗਿਆ।ਸਾਥੀ ਧੁੰਨਕੀਆਂ ਤੇ ਪਾਲੀ ਵਾਲਾ ਨੇ ਦੋਸ਼ ਲਾਉਂਦਿਆਂ ਕਿਹਾ ਕਿ ਅੱਜ ਵੀ ਉਸਾਰੀ ਕਿਰਤੀ ਲਾਭਪਾਤਰੀਆਂ ਦੀ ਸੇਵਾ ਕੇਂਦਰਾਂ ਤੇ ਕਿਰਤ ਦਫਤਰਾਂ ਵਿੱਚ ਭਾਰੀ ਖੱਜਲ ਖੁਆਰੀ ਤੇ ਲੁੱਟ ਹੋ ਰਹੀ ਹੈ, ਜਿਸ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਨੌਜਵਾਨ ਸਭਾ ਦੇ ਬਲਾਕ ਮੀਤ ਪ੍ਰਧਾਨ ਧਰਮਿੰਦਰ ਮੁਕਰਬਾਲਾ ਤੇ ਵਿਦਿਆਰਥੀ ਆਗੂ ਸੁਨੀਲ ਢਾਣੀ ਬਚਨ ਸਿੰਘ, ਯੂਨੀਅਨ ਆਗੂ ਕੁਲਦੀਪ ਸਿੰਘ ਸ਼ਾਹਪੁਰ ਤੇ ਸੁਖਦੇਵ ਢਾਬਾਂ ਨੇ ਸੰਬੋਧਨ ਕੀਤਾ।



## ਦਰਜਾ-4 ਕਰਮਚਾਰੀਆਂ ਦੀਆਂ ਹੱਕੀ ਮੰਗਾਂ ਦੇ ਨਿਪਟਾਰੇ ਲਈ ਮੀਟਿੰਗ 23 ਨੂੰ : ਚਿੰਡਾਲੀਆ



**ਮੋਗਾ (ਇਕਬਾਲ ਸਿੰਘ ਖਹਿਰਾ) :** ਮਿੰਡ-ਡੇ-ਮੀਲ ਕੁੱਕ ਯੂਨੀਅਨ ਤੇ ਦਰਜਾ-4 ਕਰਮਚਾਰੀ ਬੀ ਐੱਮ ਐੱਸ. ਦੀ ਮੀਟਿੰਗ ਨੇਚਰ ਪਾਰਕ ਮੋਗਾ ਵਿਖੇ ਕਮਲਜੀਤ ਕੌਰ ਸੈਕਟਰੀ ਪੰਜਾਬ ਦੀ ਪ੍ਰਧਾਨਗੀ ਹੇਠ ਹੋਈ।ਇਸ ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਸੂਬਾ ਪ੍ਰਧਾਨ ਕਰਮਚੰਦ ਚਿੰਡਾਲੀਆ ਤੇ ਮਾਲਵੇ ਦੇ ਸੀਨੀਅਰ ਮਜ਼ਦੂਰ ਆਗੂ ਵਿਜੇ ਧੀਰ ਐਡਵੋਕੇਟ ਨੇ ਵੱਲੋਂ ਵੀ ਸ਼ਿਰਕਤ ਕੀਤੀ ਗਈ।ਸੂਬਾ ਪ੍ਰਧਾਨ ਕਰਮਚੰਦ ਚਿੰਡਾਲੀਆ ਨੇ ਵਿਸਥਾਰ ਨਾਲ ਦੱਸਿਆ ਕਿ 12 ਫਰਵਰੀ 2026 ਨੂੰ ਜੋ ਪੰਜਾਬ ਵਿੱਚ ਮਿੰਡ-ਡੇ-ਮੀਲ ਦਰਜਾ-4 ਕਰਮਚਾਰੀਆਂ ਵੱਲੋਂ ਬਹੁਤ ਭਾਰੀ ਇਕੱਠ ਕਰਕੇ ਕੇਂਦਰ ਸਰਕਾਰ ਤੇ ਪੰਜਾਬ ਸਰਕਾਰ ਨੂੰ ਡਿਪਟੀ ਕਮਿਸ਼ਨਰ ਰਾਹੀਂ ਮੰਗ ਪੱਤਰ ਦਿੱਤੇ ਗਏ ਸੀ, ਉਨ੍ਹਾਂ ਦੇ ਜੁਆਬ ਵਿੱਚ 23 ਫਰਵਰੀ 2026 ਨੂੰ ਸਮਾਂ 1:00 ਵਜੇ ਮਿੰਨੀ ਸੈਕਟਰੀਏਟ ਕਮਰਾ ਨੰ: 326 ਵਿੱਚ ਰੱਖਿਆ ਗਿਆ ਹੈ।ਇਹ ਇਸ ਜਥੇਬੰਦੀ ਦੀ ਬਹੁਤ ਵੱਡੀ ਜਿੱਤ ਹੈ।ਚਿੰਡਾਲੀਆ ਨੇ ਦੱਸਿਆ ਕਿ ਜਿਸ ਯੂਨੀਅਨ ਨੂੰ ਸੱਦਾ-ਪੱਤਰ ਦੇ ਕੇ ਬੁਲਾਇਆ ਜਾਂਦਾ ਹੈ, ਉਸ ਜਥੇਬੰਦੀ ਦਾ ਅੰਦਾਜ਼ਾ ਹੀ ਸਰਕਾਰ ਦੇ ਅੰਗੜੇ ਵਿੱਚ ਪਾਇਆ ਜਾਂਦਾ ਹੈ। ਬਹੁਤ ਸਾਰੀਆਂ ਯੂਨੀਅਨਾਂ ਦੇ ਆਗੂ ਜਦੋਂ ਆਪਣੀ ਮਰਜ਼ੀ ਨਾਲ ਕਿਸੇ ਵੀ ਅਫ਼ਸਰ ਨੂੰ ਜਾਂ ਕਿਸੇ ਅਧਿਕਾਰੀ ਨੂੰ ਮਿਲਦੇ ਹਨ ਤਾਂ ਉਸ ਦਾ ਕੋਈ ਮੁੱਲ ਨਹੀਂ ਪੈਂਦਾ। ਉਨ੍ਹਾਂ ਦੱਸਿਆ ਕਿ ਵਿਭਾਗ ਸੰਬੰਧ ਚੌਥੀ ਦਰਜਾ ਦੀਆਂ ਹੱਕੀ ਮੰਗਾਂ ਸੰਬੰਧੀ ਇੱਕ 11 ਮੰਗਾਂ ਦਾ ਮੰਗ ਪੱਤਰ 19 ਜਨਵਰੀ 2026 ਨੂੰ ਰਜਿਸਟਰੀਆਂ ਰਾਹੀਂ ਤੇ ਈ-ਮੇਲਾਂ ਰਾਹੀਂ ਸੰਬੰਧਤ ਮੰਤਰੀ ਤੇ ਮਹਿਕਮੇ ਦੇ ਸੰਬੰਧਤ ਅਧਿਕਾਰੀਆਂ ਨੂੰ ਦਿੱਤੇ ਗਏ ਹਨ।ਇਸ ਮੌਕੇ ਇੰਦਰਜੀਤ ਕੌਰ ਡਗਰੂ, ਸਿਮਰਨਜੀਤ ਕੌਰ ਬਾਘਾ ਪੁਰਾਣਾ, ਮਨਪ੍ਰੀਤ ਕੌਰ ਜਦਰਕੋਟ ਆਦਿ ਹਾਜ਼ਰ ਸਨ।

## ਦੋ ਵਿਅਕਤੀਆਂ ਨੂੰ ਸਾਢੇ ਛੇ ਕਿੱਲੋ ਅਫੀਮ ਸਮੇਤ ਦਬੋਚਿਆ

**ਬਠਿੰਡਾ (ਪਰਵਿੰਦਰ ਜੀਤ ਸਿੰਘ)**- ਬਠਿੰਡਾ ਪੁਲਸ ਨੇ 'ਯੁੱਧ ਨਸ਼ਿਆਂ ਵਿਰੁੱਧ' ਚਲਾਈ ਗਈ ਮੁਹਿੰਮ ਤਹਿਤ 2 ਵਿਅਕਤੀਆਂ ਨੂੰ ਗ੍ਰਿਫਤਾਰ ਕਰਕੇ ਉਨ੍ਹਾਂ ਦੇ ਕਬਜ਼ੇ ਵਿੱਚੋਂ 6.5 ਕਿੱਲੋ ਅਫੀਮ ਤੇ ਇੱਕ ਕਾਰ ਬਰਾਮਦ ਕਰਕੇ ਵੱਡੀ ਸਫਲਤਾ ਹਾਸਲ ਕੀਤੀ। ਪੁਲਸ ਵੱਲੋਂ ਮਿਲੀ ਜਾਣਕਾਰੀ ਅਨੁਸਾਰ ਡਾ. ਜਯੋਤੀ ਯਾਦਵ ਸੀਨੀਅਰ ਕਪਤਾਨ ਪੁਲਸ ਬਠਿੰਡਾ ਦੀ ਰਹਿਨੁਮਾਈ ਹੇਠ ਸ. ਨਰਿੰਦਰ ਸਿੰਘ ਐੱਸ ਪੀ (ਸਿਟੀ) ਬਠਿੰਡਾ ਅਤੇ ਸ. ਅੰਮ੍ਰਿਤਪਾਲ ਸਿੰਘ ਭਾਟੀ, ਪੀ.ਪੀ.ਐੱਸ ਡੀ.ਐੱਸ.ਪੀ (ਸਿਟੀ-1) ਬਠਿੰਡਾ ਦੀ ਅਗਵਾਈ ਵਿੱਚ ਮੁਕੱਦਮਾ ਨੰ: 39 ਮਿਤੀ: 14.ਫਰਵਰੀ ਅ/ਧ- 18 ਬੀ,29,25/61/85 ਐੱਨ.ਡੀ.ਪੀ.ਐੱਸ ਐਕਟ ਥਾਣਾ ਕੈਨਾਲ ਕਲੋਨੀ ਬਠਿੰਡਾ ਵਿਖੇ ਮੁੱਕਦਮਾ ਦਰਜ ਕੀਤਾ ਗਿਆ ਸੀ। ਬੀਤੀ 14 ਫਰਵਰੀ ਨੂੰ ਇੰਚਾਰਜ ਚੌਕੀ ਵਰਧਮਾਨ ਥਾਣਾ ਕੈਨਾਲ ਕਲੋਨੀ ਦੀ ਪੁਲਸ ਪਾਰਟੀ ਵੱਲੋਂ ਸ਼ੱਕੀ ਪੁਰਸ਼ਾਂ ਤੇ ਸ਼ੱਕੀ ਵਹੀਕਲਾਂ ਦੀ ਚੈਕਿੰਗ ਸਬੰਧੀ ਮਹਾਰਾਜਾ ਰਣਜੀਤ ਸਿੰਘ ਟੈਕਨੀਕਲ ਯੂਨੀਵਰਸਿਟੀ ਦੇ ਨਜ਼ਦੀਕ ਨਾਕਾਬੰਦੀ ਕੀਤੀ ਹੋਈ ਸੀ।ਇਸ ਦੌਰਾਨ ਬਠਿੰਡਾ-ਡੱਬਵਾਲੀ ਰੋਡ ਪਾਸਿਓਂ ਇੱਕ ਸਵਿੱਫਟ ਡਿਜ਼ਾਇਰ ਗੱਡੀ ਨੰਬਰੀ ਪੀ ਬੀ 29 ਏ ਜੀ 3454 ਆਈ, ਜਿਸ ਵਿੱਚ ਦੋ ਨੌਜਵਾਨ ਮੌਜੂਦ ਸੀ, ਨੂੰ ਰੋਕਿਆ ਤੇ ਚੈੱਕ ਕੀਤਾ ਤਾਂ ਉਸ ਵਿੱਚੋਂ ਅਫੀਮ ਜਿਸਦੀ ਮਾਤਰਾ 4 ਕਿੱਲੋ ਸੀ ਬਰਾਮਦ ਕੀਤੀ।ਇਨ੍ਹਾਂ ਵਿਅਕਤੀਆਂ ਦੀ ਤਲਾਸ਼ੀ ਅੰਮ੍ਰਿਤਪਾਲ ਸਿੰਘ ਡੀ.ਐੱਸ.ਪੀ ਸਿਟੀ-1 ਬਠਿੰਡਾ ਦੀ ਨਿਗਰਾਨੀ ਹੇਠ ਕੀਤੀ ਗਈ। ਇਨ੍ਹਾਂ ਵਿਅਕਤੀਆਂ ਦੀ ਪਛਾਣ ਜਗਸੀਰ ਸਿੰਘ ਉਰਫ ਸੀਰਾ ਪੁੱਤਰ ਛੋਟਾ ਸਿੰਘ ਵਾਸੀ ਘੁੰਮਣ ਕਲਾਂ ਹਾਲ ਅਬਾਦ ਵਾਰਡ ਨੰਬਰ 6 ਭਗਤਾ ਨਗਰ ਸਿਟੀ-2 ਮਾਨਸਾ, ਮਹਿੰਦਰ ਸਿੰਘ ਪੁੱਤਰ ਬਲਦੇਵ ਸਿੰਘ ਵਾਸੀ ਪਿੰਡ ਗਿੱਲ ਕਲਾਂ ਹਾਲ ਅਬਾਦ ਜੱਸੀ ਪੌ ਵਾਲੀ ਬਠਿੰਡਾ ਵਜੋਂ ਹੋਈ, ਜਿਨ੍ਹਾਂ ਨੂੰ ਗ੍ਰਿਫਤਾਰ ਕਰਕੇ ਉਕਤ ਮੁਕੱਦਮਾ ਦਰਜ ਕੀਤਾ ਗਿਆ। ਪੁੱਛਗਿੱਛ ਦੌਰਾਨ ਜਗਸੀਰ ਸਿੰਘ ਉਰਫ ਸੀਰਾ ਪੁੱਤਰ ਛੋਟਾ ਸਿੰਘ ਵਾਸੀ ਘੁੰਮਣ ਕਲਾਂ ਦੀ ਨਿਸ਼ਾਨਦੇਹੀ 'ਤੇ 2.5 ਕਿੱਲੋ ਹੋਰ ਅਫੀਮ ਬਰਾਮਦ ਕਰਵਾਈ ਗਈ, ਕੁੱਲ 6.5 ਕਿੱਲੋ ਗਰਾਮ ਅਫੀਮ ਬਰਾਮਦ ਹੋ ਚੁੱਕੀ ਹੈ। ਦੋਸ਼ੀਆਨ ਨੇ ਇਹ ਅਫੀਮ ਰਾਜਸਥਾਨ ਤੋਂ ਲਿਆਂਦੀ ਸੀ ਤੇ ਅੱਗੇ ਪੰਜਾਬ ਦੇ ਵੱਖ-ਵੱਖ ਇਲਾਕਿਆਂ ਵਿੱਚ ਸਪਲਾਈ ਕੀਤੀ ਜਾਣੀ ਸੀ।



## ਚਲੰਤ ਮਾਮਲਿਆਂ ਤੇ ਮੰਗਾਂ ਨੂੰ ਲੈ ਕੇ ਕਿਸਾਨਾਂ ਵੱਲੋਂ ਜ਼ੋਰਦਾਰ ਪ੍ਰਦਰਸ਼ਨ

**ਫਰੀਦਕੋਟ/ਸਾਦਿਕ (ਅਲਿਜ਼ਾਂਡਰ ਡਿਸੂਜ਼ਾ) :** ਚਲੰਤ ਮਾਮਲਿਆਂ ਤੇ ਕਿਸਾਨੀ ਮੰਗਾਂ ਨੂੰ ਲੈ ਕੇ ਵੱਖ-ਵੱਖ ਪਿੰਡਾਂ ਦੇ ਕਿਸਾਨਾਂ ਵੱਲੋਂ ਇੱਕ ਅਹਿਮ ਇਕੱਠ ਕੀਤਾ ਗਿਆ।ਇਸ ਦੌਰਾਨ ਕਿਸਾਨ ਆਗੂਆਂ ਨੇ ਸਰਕਾਰਾਂ ਦੀਆਂ ਮਾਰੂ ਨੀਤੀਆਂ ਵਿਰੁੱਧ ਜੰਮ ਕੇ ਭੜਾਸ ਕੱਢੀ ਤੇ ਰੋਸ ਪ੍ਰਦਰਸ਼ਨ ਕਰਦਿਆਂ ਪੁਤਲੇ ਫੂਕੇ।ਇਸ ਕਾਰਵਾਈ ਦੀ ਅਗਵਾਈ ਸੀਨੀਅਰ ਮੀਤ ਪ੍ਰਧਾਨ ਲਵਪ੍ਰੀਤ ਸਿੰਘ ਚੱਕ ਸਾਹੂ, ਮੀਤ ਪ੍ਰਧਾਨ ਸਰਤਾਜ ਸਿੰਘ ਜੰਡਵਾਲਾ ਤੇ ਬਲਾਕ ਖ਼ਜ਼ਾਨਚੀ ਸਵਰਨ ਸਿੰਘ ਡੋਡ ਨੇ ਸਾਂਝੇ ਤੌਰ 'ਤੇ ਕੀਤੀ।ਇਸ ਮੌਕੇ ਬੋਲਦਿਆਂ ਆਗੂਆਂ ਨੇ ਕਿਹਾ ਕਿ ਕਿਸਾਨ ਆਪਣੇ ਹੱਕਾਂ ਲਈ ਹਮੇਸ਼ਾ ਤਤਪਰ ਹਨ ਤੇ ਜਦੋਂ ਤੱਕ ਮੰਗਾਂ ਨਹੀਂ ਮੰਨੀਆਂ ਜਾਂਦੀਆਂ, ਸੰਘਰਸ਼ ਜਾਰੀ ਰਹੇਗਾ। ਪ੍ਰੋਗਰਾਮ ਦੌਰਾਨ ਪ੍ਰਚਾਰ ਸਕੱਤਰ ਜਗਤਾਰ ਸਿੰਘ ਸ਼ੇਰ ਸਿੰਘ ਵਾਲਾ, ਮਹਿੰਦਰ ਸਿੰਘ ਸ਼ੇਰ ਸਿੰਘ ਵਾਲਾ, ਸਾਦਿਕ ਇਕਾਈ ਦੇ ਪ੍ਰਧਾਨ ਗੁਰਪ੍ਰੀਤ ਸਿੰਘ ਤੇ ਮੁਮਾਰਾ ਇਕਾਈ ਦੇ ਪ੍ਰਧਾਨ ਮਨਪ੍ਰੀਤ ਸਿੰਘ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਇਸ ਤੋਂ ਇਲਾਵਾ ਜਸਵੰਤ ਸਿੰਘ ਪਿੰਡੀ ਬਲੋਚਾਂ, ਗਮਦੂਰ ਸਿੰਘ ਅਹਿਲ ਤੇ ਗੁੱਜਰ ਸਿੰਘ ਕਾਉਣੀ, ਰਾਜਵਿੰਦਰ ਸਿੰਘ (ਸਾਬਕਾ ਸਰਪੰਚ, ਕਾਉਣੀ), ਹਰਨੇਕ ਸਿੰਘ ਮਿੱਡੂਮਾਨ, ਸੁਖਦੇਵ ਸਿੰਘ ਮਚਾਕੀ ਕਲਾਂ, ਬੰਟੀ ਰਮਾਣਾ ਚੇਤ ਸਿੰਘ ਵਾਲਾ ਤੇ ਲਖਬੀਰ ਸਿੰਘ ਬੀਲੋਵਾਲਾ ਸਮੇਤ ਵੱਡੀ ਗਿਣਤੀ ਵਿੱਚ ਕਿਸਾਨਾਂ ਨੇ ਆਪਣੀਆਂ ਸੇਵਾਵਾਂ ਨਿਭਾਈਆਂ। ਇਸ ਮੌਕੇ ਹਾਜ਼ਰ ਆਗੂਆਂ ਨੇ ਚਲੰਤ ਮਾਮਲਿਆਂ ਉੱਪਰ ਬਹੁਤ ਹੀ ਪ੍ਰਭਾਵਸ਼ਾਲੀ ਤਕਰੀਰਾਂ ਕੀਤੀਆਂ ਤੇ ਕਿਸਾਨਾਂ ਨੂੰ ਲਾਮਬੰਦ ਹੋਣ ਦਾ ਸੱਦਾ ਦਿੱਤਾ।ਇਸ ਮੌਕੇ ਸਾਰੇ ਪਿੰਡਾਂ ਦੇ ਇਕਾਈ ਪ੍ਰਧਾਨ ਤੇ ਮੋਹਤਵਰ ਸੱਜਣ ਵੀ ਮੌਜੂਦ ਸਨ।ਅੰਤ ਵਿੱਚ ਸਰਕਾਰਾਂ ਵਿਰੁੱਧ ਰੋਸ ਵਜੋਂ ਪੁਤਲੇ ਸਾੜ ਕੇ ਇਸ ਲੜੀਵਾਰ ਕਾਰਵਾਈ ਨੂੰ ਸਿਰੇ ਚੜ੍ਹਾਇਆ ਗਿਆ।



## ਧੂਰੀ ਦੇ ਮੰਦਰਾਂ 'ਚ ਧੂਮ-ਧਾਮ ਤੇ ਸ਼ਰਧਾ ਨਾਲ ਮਨਾਈ ਸ਼ਿਵਰਾਤਰੀ

**ਧੂਰੀ, (ਮੋਹਿਤ ਗਰਗ, ਮਨੋਹਰ ਸੰਧੂ, ਬਿੱਨੀ ਗਰਗ)**- ਧੂਰੀ ਸ਼ਹਿਰ ਤੇ ਆਲੇ-ਦੁਆਲੇ ਦੇ ਇਲਾਕਿਆਂ 'ਚ ਮਹਾਂਸ਼ਿਵਰਾਤਰੀ ਦਾ ਤਿਉਹਾਰ ਬੜੀ ਸ਼ਰਧਾ, ਉਤਸ਼ਾਹ ਤੇ ਧੂਮ-ਧਾਮ ਨਾਲ ਮਨਾਇਆ ਗਿਆ।ਸਵੇਰ ਤੋਂ ਹੀ ਸ਼ਹਿਰ ਦੇ ਸਮੂਹ ਸ਼ਿਵ ਮੰਦਿਰਾਂ ਵਿੱਚ ਭਗਤਾਂ ਦੀਆਂ ਲੰਮੀਆਂ ਕਤਾਰਾਂ ਦੇਖਣ ਨੂੰ ਮਿਲੀਆਂ।ਚਾਰੇ ਪਾਸੇ 'ਬਮ-ਬਮ ਭੋਲੇ' ਤੇ 'ਹਰ-ਹਰ ਮਹਾਂਦੇਵ' ਦੇ ਜੈਕਾਰਿਆਂ ਨਾਲ ਆਕਾਸ਼ ਗੂੰਜ ਉੱਠਿਆ।ਮੰਦਰ ਕਮੇਟੀਆਂ ਵੱਲੋਂ ਇਸ ਮੌਕੇ ਵਿਸ਼ੇਸ਼ ਪ੍ਰਬੰਧ ਕੀਤੇ ਗਏ ਸਨ ਤੇ ਪੂਰੇ ਸ਼ਹਿਰ ਵਿੱਚ ਭਗਤੀ ਦਾ ਮਾਹੌਲ ਬਣਿਆ ਰਿਹਾ। ਸ਼ਹਿਰ ਦੇ ਵੱਖ-ਵੱਖ ਕਾਂਵੜ ਸੰਘਾਂ ਦੀ ਅਗਵਾਈ ਹੇਠ ਸੈਂਕੜੇ ਸ਼ਿਵ ਭਗਤ ਸ੍ਰੀ ਹਰਿਦੁਆਰ ਤੋਂ ਪਵਿੱਤਰ ਗੰਗਾ ਜਲ ਲੈ ਕੇ ਧੂਰੀ ਪਹੁੰਚੇ।ਜਿਵੇਂ ਹੀ ਕਾਂਵੜੀਏ ਸ਼ਹਿਰ ਦੀ ਹੱਦ ਅੰਦਰ ਦਾਖ਼ਲ ਹੋਏ, ਸ਼ਹਿਰ ਨਿਵਾਸੀਆਂ ਵੱਲੋਂ ਉਨ੍ਹਾਂ ਦਾ ਫੁੱਲਾਂ ਦੀ ਵਰਖਾ ਕਰਕੇ ਨਿੱਘਾ ਸਵਾਗਤ ਕੀਤਾ ਗਿਆ।ਭਗਤਾਂ ਨੇ ਨੱਚਦਿਆਂ-ਗਾਉਂਦਿਆਂ ਪਵਿੱਤਰ ਗੰਗਾ ਜਲ ਨੂੰ ਸ਼ਹਿਰ ਦੇ ਪ੍ਰਾਚੀਨ ਤੇ ਪ੍ਰਮੁੱਖ ਮੰਦਿਰਾਂ ਵਿੱਚ ਸਥਿਤ ਸ਼ਿਵਲਿੰਗਾਂ 'ਤੇ ਅਰਪਿਤ ਕੀਤਾ।ਇਸ ਦੌਰਾਨ ਭਗਤਾਂ ਨੇ ਭੋਲੇ ਨਾਥ ਅੱਗੇ ਨਤਮਸਤਕ ਹੋ ਕੇ ਸਰਬੱਤ ਦੇ ਭਲੇ ਤੇ ਖ਼ੁਸ਼ਹਾਲੀ ਦੀ ਅਰਦਾਸ ਕੀਤੀ।ਮਹਾਂਸ਼ਿਵਰਾਤਰੀ ਦੇ ਮੱਦੇਨਜ਼ਰ ਮੰਦਿਰ ਕਮੇਟੀਆਂ ਵੱਲੋਂ ਮੰਦਰਾਂ ਨੂੰ ਬਹੁਤ ਹੀ ਸੁੰਦਰ ਤਰੀਕੇ ਨਾਲ ਫੁੱਲਾਂ ਤੇ ਲਾਈਟਾਂ ਨਾਲ ਸਜਾਇਆ ਗਿਆ ਸੀ।ਇਸ ਪਵਿੱਤਰ ਦਿਹਾੜੇ 'ਤੇ ਵੱਖ-ਵੱਖ ਥਾਵਾਂ 'ਤੇ ਓਗਲੇ ਦੇ ਪਕੌੜੇ, ਫਲ ਤੇ ਖ਼ੀਰ ਦਾ ਪ੍ਰਸਾਦ ਅਤੁੱਟ ਵਰਤਾਇਆ ਗਿਆ।



## ਰੁਜ਼ਗਾਰ ਗਰੰਟੀ ਕਾਨੂੰਨ ਹੀ ਹਰ ਮਸਲੇ ਦਾ ਇੱਕ-ਮਾਤਰ ਹੱਲ : ਸੀ ਪੀ ਆਈ

● ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਮਹਿਜ਼ ਸਿਆਸੀ ਡਰਾਮਾ-ਚੌਹਾਨ

**ਮਾਨਸਾ (ਆਤਮਾ ਸਿੰਘ ਪਮਾਰ)**- ਭੁੱਖਮਰੀ, ਬੇਰੁਜ਼ਗਾਰੀ ਤੇ ਭ੍ਰਿਸ਼ਟਾਚਾਰ ਬੇਸ਼ੱਕ ਸੂਬੇ ਦੇ ਵਿਕਾਸ ਤੇ ਖੁਸ਼ਹਾਲੀ ਲਈ ਵੱਡੇ ਮੁੱਦੇ ਬਣੇ ਹੋਏ ਹਨ, ਪ੍ਰੰਤੂ ਨਸ਼ਿਆਂ ਦੇ ਅੱਤਵਾਦ ਨੇ ਪੰਜਾਬ ਦੀ ਜਵਾਨੀ ਤੇ ਭਵਿੱਖ ਨੂੰ ਤਬਾਹ ਕਰਕੇ ਰੱਖ ਦਿੱਤਾ ਹੈ।ਹਰ ਦਿਨ ਨਸ਼ਿਆਂ ਕਾਰਨ ਵਧ ਰਹੀਆਂ ਘਟਨਾਵਾਂ ਕਤਲੇਆਮ, ਲੁੱਟਾਂ-ਖੋਹਾਂ ਤੇ ਗੈਂਗਸਟਰਵਾਦ ਨੌਜਵਾਨ ਵਰਗ ਲਈ ਘਾਤਕ ਸਿੱਧ ਹੋ ਰਿਹਾ ਹੈ ਤੇ ਸੂਬੇ ਦਾ ਭਵਿੱਖ ਧੁੰਦਲਾ ਹੋ ਰਿਹਾ ਹੈ।ਸਰਕਾਰ ਲੋਕ ਰੋਹ ਤੋਂ ਧਿਆਨ ਹਟਾਉਣ ਲਈ ਜਾਰੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਕੇਵਲ ਸਿਆਸੀ ਡਰਾਮਾ ਤੇ ਲੋਕਾਂ ਨੂੰ ਗੁੰਮਰਾਹ ਕਰਨਾ ਹੈ।ਉਕਤ ਸ਼ਬਦਾਂ ਦਾ ਪ੍ਰਗਟਾਵਾ ਸੀ ਪੀ ਆਈ ਦੇ ਜ਼ਿਲ੍ਹਾ ਸਕੱਤਰ ਸਾਥੀ ਕ੍ਰਿਸ਼ਨ ਚੌਹਾਨ ਨੇ ਪ੍ਰੈੱਸ ਬਿਆਨ ਰਾਹੀਂ ਜਾਣਕਾਰੀ ਦਿੰਦਿਆਂ ਦੱਸਿਆ। ਉਨ੍ਹਾਂ ਅਫ਼ਸੋਸ ਜ਼ਾਹਰ ਕਰਦਿਆਂ ਕਿਹਾ ਕਿ ਪੰਜਾਬ ਪੁਲਸ ਦੀ ਕਾਰਗੁਜ਼ਾਰੀ 'ਤੇ ਵੱਡਾ ਸਵਾਲ ਗਿਆ ਹੈ ਕਿ ਬੀਤੀ ਕੱਲ੍ਹ ਇੱਕ ਦੁਖੀ ਪੁਲਸ ਕਰਮਚਾਰੀ ਨੂੰ ਆਪਣੇ ਨੌਜਵਾਨ ਪੁੱਤਰ ਦੀ ਮੌਤ ਮੌਕੇ ਸੂਬੇ ਵਿੱਚ ਖੁੱਲ੍ਹੇਆਮ ਵਿਕ ਰਹੇ ਨਸ਼ਿਆਂ ਬਾਰੇ ਜਨਤਕ ਤੌਰ 'ਤੇ ਕਹਿਣਾ ਪਿਆ, ਜੋ ਕਿ ਮੁਹਿੰਮ ਦੇ ਅਸਲ ਤੱਥਾਂ ਦੀ ਸੱਚਾਈ ਬਿਆਨ ਕਰਦੀ ਹੈ।ਸੀ ਪੀ ਆਈ ਵੱਲੋਂ ਸੂਬੇ ਦੇ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਤੋਂ ਮੰਗ ਕੀਤੀ ਕਿ ਬੇਰੁਜ਼ਗਾਰੀ, ਭੁੱਖਮਰੀ, ਗੈਂਗਸਟਰਵਾਦ, ਲੁੱਟਾਂ-ਖੋਹਾਂ ਤੇ ਕਤਲੇਆਮ ਨੂੰ ਰੋਕਣ ਲਈ ਰੁਜ਼ਗਾਰ ਗਰੰਟੀ ਕਾਨੂੰਨ ਬਣਾਏ ਤੇ ਯੋਗਤਾ ਅਨੁਸਾਰ ਨੌਜਵਾਨਾਂ ਰੁਜ਼ਗਾਰ ਮੁੱਹਈਆ ਕਰਵਾਵੇ, ਤਾਂ ਕਿ ਗੈਰ-ਸਮਾਜੀ ਕਾਰਨਾਮੇ ਤੇ ਘਟਨਾਵਾਂ ਨੂੰ ਰੋਕਿਆ ਜਾ ਸਕੇ।



## ਪ੍ਰਿੰ. ਸਰਵਣ ਸਿੰਘ ਔਜਲਾ ਦੀ ਯਾਦ 'ਚ ਵਿਦਿਆਰਥੀਆਂ ਦਾ ਸਨਮਾਨ

**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**- ਇਲਾਕੇ ਦੀ ਉੱਘੀ ਸ਼ਖ਼ਸੀਅਤ, ਪ੍ਰਸਿੱਧ ਸਿੱਖਿਆ ਸ਼ਾਸਤਰੀ ਤੇ ਇਤਿਹਾਸਕਾਰ ਮਰਹੂਮ ਪ੍ਰਿੰਸੀਪਲ ਸਰਵਣ ਸਿੰਘ ਔਜਲਾ ਦੀ ਮਿੱਠੀ ਯਾਦ ਨੂੰ ਸਮਰਪਤ, ਉਨ੍ਹਾਂ ਦੇ ਪਰਵਾਰ ਵੱਲੋਂ ਵਿੱਦਿਅਕ ਖੇਤਰ ਵਿੱਚ ਮੱਲਾਂ ਮਾਰਨ ਵਾਲੇ ਹੋਣਹਾਰ ਵਿਦਿਆਰਥੀਆਂ ਨੂੰ ਉਤਸ਼ਾਹਤ ਕਰਨ ਲਈ ਲਗਾਤਾਰ ਤੀਸਰੇ ਸਾਲ ਸਨਮਾਨਤ ਕੀਤਾ ਗਿਆ।ਸ਼ਹੀਦ ਬੀਬੀ ਕਿਰਨਜੀਤ ਕੌਰ ਮੈਮੋਰੀਅਲ ਸੀਨੀਅਰ ਸੈਕੰਡਰੀ ਸਕੂਲ ਮਹਿਲ ਕਲਾਂ ਵਿਖੇ ਇੱਕ ਇਨਾਮ ਵੰਡ ਸਮਾਰੋਹ ਦੌਰਾਨ ਔਜਲਾ ਪਰਵਾਰ ਵੱਲੋਂ ਵੱਖ-ਵੱਖ ਜਮਾਤਾਂ ਵਿੱਚੋਂ ਪਹਿਲੀਆਂ ਪੁਜ਼ੀਸ਼ਨਾਂ ਪ੍ਰਾਪਤ ਕਰਨ ਵਾਲੇ 42 ਵਿਦਿਆਰਥੀਆਂ ਨੂੰ ਵਿਸ਼ੇਸ਼ ਤੌਰ 'ਤੇ ਨਕਦ ਰਾਸ਼ੀ ਦੇ ਕੇ ਸਨਮਾਨਤ ਕੀਤਾ ਗਿਆ, ਤਾਂ ਜੋ ਉਨ੍ਹਾਂ ਅੰਦਰ ਅੱਗੇ ਵਧਣ ਦਾ ਜਜ਼ਬਾ ਹੋਰ ਪ੍ਰਬਲ ਹੋ ਸਕੇ।ਇਸ ਦੇ ਨਾਲ ਹੀ, ਪਰਵਾਰ ਨੇ ਸਕੂਲ ਦੇ 12ਵੀਂ ਜਮਾਤ ਤੱਕ ਦੇ ਬਾਕੀ ਸਮੂਹ ਵਿਦਿਆਰਥੀਆਂ ਨੂੰ ਕਾਪੀਆਂ ਤੇ ਸਟੇਸ਼ਨਰੀ ਦੇ ਸੈੱਟ ਭੇਟ ਕੀਤੇ ਅਤੇ ਖੇਡਾਂ 'ਚ ਸਕੂਲ ਦਾ ਨਾਂ ਰੌਸ਼ਨ ਕਰਨ ਵਾਲੇ ਖਿਡਾਰੀਆਂ ਨੂੰ ਵੀ ਵਿਸ਼ੇਸ਼ ਇਨਾਮਾਂ ਨਾਲ ਨਿਵਾਜਿਆ ਗਿਆ।



ਇਸ ਮੌਕੇ ਮੁੱਖ ਮਹਿਮਾਨ ਵਜੋਂ ਪਹੁੰਚੇ ਜ਼ਿਲ੍ਹਾ ਸਿੱਖਿਆ ਅਫ਼ਸਰ (ਸ) ਸੁਨੀਤਇੰਦਰ ਸਿੰਘ ਤੇ ਹੈੱਡ ਮਾਸਟਰ ਰਾਜੇਸ਼ ਗੋਇਲ ਨੇ ਔਜਲਾ ਪਰਵਾਰ ਵੱਲੋਂ ਨਿਭਾਈ ਜਾ ਰਹੀ ਇਸ ਸਮਾਜਿਕ ਜ਼ਿੰਮੇਵਾਰੀ ਦੀ ਪੁਰਜ਼ੋਰ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਉਪਰਾਲੇ ਸਰਕਾਰੀ ਤੇ ਨਿੱਜੀ ਸਕੂਲਾਂ ਦੇ ਬੱਚਿਆਂ ਵਿੱਚ ਮੁਕਾਬਲੇ ਦੀ ਭਾਵਨਾ ਪੈਦਾ ਕਰਦੇ ਹਨ।ਸਮਾਰੋਹ ਨੂੰ ਭਾਵੁਕ ਲਹਿਜੇ ਵਿੱਚ ਸੰਬੋਧਨ ਕਰਦਿਆਂ ਮਰਹੂਮ ਪ੍ਰਿੰਸੀਪਲ ਸਰਵਣ ਸਿੰਘ ਔਜਲਾ ਦੀ ਬੇਟੀ ਦਿਵਜੋਤ ਕੌਰ (ਪਤਨੀ ਡਾ. ਗੁਰਿੰਦਰ ਸਿੰਘ ਸ਼ਿਕਾਗੋ) ਨੇ ਕਿਹਾ ਕਿ ਉਨ੍ਹਾਂ ਦੇ ਪਿਤਾ ਨੇ ਆਪਣਾ ਪੂਰਾ ਜੀਵਨ ਅਧਿਆਪਨ ਦੇ ਕਿੱਤੇ ਤੇ ਇਤਿਹਾਸਕਾਰ ਵਜੋਂ ਸਮਰਪਤ ਕੀਤਾ ਤੇ ਅੱਜ ਉਨ੍ਹਾਂ ਦੀ ਗੈਰ-ਮੌਜੂਦਗੀ ਵਿੱਚ ਵੀ ਇਲਾਕੇ ਦੇ ਲੋਕਾਂ ਤੇ ਵਿਦਿਆਰਥੀਆਂ ਵੱਲੋਂ ਮਿਲ ਰਿਹਾ ਮਾਣ-ਸਤਿਕਾਰ ਪਰਿਵਾਰ ਲਈ ਵੱਡੀ ਪੂੰਜੀ ਹੈ।ਉਨ੍ਹਾਂ ਐਲਾਨ ਕੀਤਾ ਕਿ ਔਜਲਾ ਪਰਵਾਰ ਭਵਿੱਖ ਵਿੱਚ ਵੀ ਸਕੂਲ ਦੇ ਸਰਵਪੱਖੀ ਵਿਕਾਸ ਤੇ ਲੋੜਵੰਦ ਵਿਦਿਆਰਥੀਆਂ ਦੀ ਹਰ ਸੰਭਵ ਮਦਦ ਲਈ ਵਚਨਬੱਧ ਰਹੇਗਾ। ਇਸ ਦੌਰਾਨ ਪ੍ਰਿੰਸੀਪਲ ਰਜਿੰਦਰ ਪਾਲ ਸਿੰਘ ਤੇ ਸਾਬਕਾ ਚੇਅਰਮੈਨ ਜਗਸੀਰ ਸਿੰਘ ਖ਼ਾਲਸਾ ਨੇ ਔਜਲਾ ਪਰਵਾਰ ਦਾ ਧੰਨਵਾਦ ਕਰਦਿਆਂ ਦੂਸਰੇ ਪ੍ਰਵਾਸੀ ਭਾਰਤੀਆਂ ਤੇ ਦਾਨੀ ਸੱਜਣਾਂ ਨੂੰ ਵੀ ਅਪੀਲ ਕੀਤੀ ਕਿ ਉਹ ਪਿੰਡਾਂ ਦੇ ਸਕੂਲਾਂ ਦੀ ਨੁਹਾਰ ਬਦਲਣ ਲਈ ਅੱਗੇ ਆਉਣ।ਇਸ ਮੌਕੇ ਹੋਰਨਾਂ ਤੋਂ ਇਲਾਵਾ ਨਵਜੋਤ ਸਿੰਘ ਔਜਲਾ, ਕਮਲਜੀਤ ਕੌਰ ਔਜਲਾ, ਨਸੀਬ ਕੌਰ ਕੈਲੇਫ਼ੋਰਨੀਆ, ਯੂਥ ਆਗੂ ਅਰੁਣ ਕੁਮਾਰ ਬਾਂਸਲ, ਸਰਪੰਚ ਸਰਬਜੀਤ ਸਿੰਘ ਸ਼ੰਭੂ, ਚੇਅਰਮੈਨ ਅਮਨਦੀਪ ਸਿੰਘ, ਮੁੱਖ ਅਧਿਆਪਕ ਕੁਲਦੀਪ ਸਿੰਘ ਕਮਲ, ਗੁਰਪ੍ਰੀਤ ਸਿੰਘ ਅਣਖੀ, ਲੈਕਚਰਾਰ ਤੇਜਿੰਦਰ ਸਿੰਘ, ਸੌਰਭ ਕੁਮਾਰ ਸਮੇਤ ਸਮੂਹ ਸਕੂਲ ਪ੍ਰਬੰਧਕ ਕਮੇਟੀ, ਸਟਾਫ਼ ਮੈਂਬਰਾਨ ਨੇ ਬੱਚਿਆਂ ਦੇ ਰੌਸ਼ਨ ਭਵਿੱਖ ਦੀ ਕਾਮਨਾ ਕੀਤੀ।

## 'ਆਪ' ਵੱਲੋਂ ਪ੍ਰਤਾਪ ਸਿੰਘ ਬਾਜਵਾ ਖਿਲਾਫ਼ ਰੋਸ ਪ੍ਰਦਰਸ਼ਨ

**ਮਾਨਸਾ (ਆਤਮਾ ਸਿੰਘ ਪਮਾਰ)**- ਕਾਂਗਰਸ ਆਗੂ ਪ੍ਰਤਾਪ ਸਿੰਘ ਬਾਜਵਾ ਵੱਲੋਂ ਕਿਰਤੀ ਤੇ ਦਲਿਤ ਵਰਗ ਬਾਰੇ ਕੀਤੀ ਗਈ ਇਤਰਾਜ਼ਯੋਗ ਟਿੱਪਣੀ ਦੇ ਰੋਸ ਵਜੋਂ ਮਾਨਸਾ ਦੇ ਠੀਕਰੀਵਾਲਾ ਚੌਕ 'ਚ ਆਪ ਦੇ ਆਗੂਆਂ ਤੇ ਵਰਕਰਾਂ ਨੇ ਜ਼ੋਰਦਾਰ ਪ੍ਰਦਰਸ਼ਨ ਕੀਤਾ।ਰੋਸ ਪ੍ਰਦਰਸ਼ਨ ਦੀ ਅਗਵਾਈ ਕਰਦਿਆਂ ਚੇਅਰਮੈਨ ਜ਼ਿਲ੍ਹਾ ਯੋਜਨਾ ਕਮੇਟੀ ਗੁਰਪ੍ਰੀਤ ਸਿੰਘ ਭੁੱਚਰ ਨੇ ਕਿਹਾ ਕਿ ਕਾਂਗਰਸ ਪਾਰਟੀ ਦੀ ਕਿਰਤੀ ਤੇ ਦਲਿਤ ਵਿਰੋਧੀ ਸੋਚ ਅਤੇ ਦਲਿਤਾਂ ਤੇ ਮਿਹਨਤਕਸ਼ਾਂ ਦਾ ਮਜ਼ਾਕ ਉਡਾਉਣ 'ਤੇ ਕਾਂਗਰਸ ਪਾਰਟੀ ਦੇ ਆਗੂ ਪ੍ਰਤਾਪ ਸਿੰਘ ਬਾਜਵਾ ਤੁਰੰਤ ਮਾਫੀ ਮੰਗਣ।ਉਨ੍ਹਾਂ ਕਿਹਾ ਕਿ ਪ੍ਰਤਾਪ ਬਾਜਵਾ ਦੀ ਸੋਚ ਅੱਜ ਵੀ ਰਾਜੇ-ਮਹਾਰਾਜਿਆਂ ਵਾਲੀ ਹੈ।ਉਹ ਆਮ ਗਰੀਬ ਤੇ ਮਿਹਨਤਕਸ਼ ਲੋਕਾਂ ਨੂੰ ਇਨਸਾਨ ਨਹੀਂ ਸਗੋਂ 'ਮਟੀਰੀਅਲ' ਸਮਝਦੇ ਹਨ।ਉਨ੍ਹਾਂ ਕਿਹਾ ਕਿ ਕਦੇ ਇਹ ਕਿਰਤੀਆਂ ਨੂੰ 'ਬੈਂਡ-ਵਾਜੇ ਵਾਲੇ' ਕਹਿੰਦੇ ਹਨ ਤੇ ਕਦੇ ਨੀਵਾਂ ਦਿਖਾਉਣ ਦੀ ਕੋਸ਼ਿਸ਼ ਕਰਦੇ ਹਨ, ਜੋ ਕਿ ਬਹੁਤ ਸ਼ਰਮਨਾਕ ਹੈ। ਆਗੂਆਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਪ੍ਰਤਾਪ ਸਿੰਘ ਬਾਜਵਾ ਨੇ ਆਪਣੇ ਸ਼ਬਦ ਵਾਪਸ ਲੈਂਦੇ ਹੋਏ ਪੰਜਾਬ ਦੇ ਕਿਰਤੀ ਵਰਗ ਤੋਂ ਤੁਰੰਤ ਮੁਆਫੀ ਨਾ ਮੰਗੀ, ਤਾਂ ਆਉਣ ਵਾਲੇ ਦਿਨਾਂ ਵਿੱਚ ਕਾਂਗਰਸ ਖਿਲਾਫ ਸੰਘਰਸ਼ ਹੋਰ ਤਿੱਖਾ ਕੀਤਾ ਜਾਵੇਗਾ ਤੇ ਉਨ੍ਹਾਂ ਦਾ ਘਿਰਾਓ ਕੀਤਾ ਜਾਵੇਗਾ। ਇਸ ਮੌਕੇ ਚਰਨਜੀਤ ਸਿੰਘ ਅੱਕਾਂਵਾਲੀ, ਸਤੀਸ਼ ਸਿੰਗਲਾ, ਵਰਿੰਦਰ ਸੋਨੀ, ਰਮਨ ਗੁੜੱਦੀ, ਕਿਰਤਪਾਲ ਸਿੰਘ ਕੀਰਤੀ, ਕ੍ਰਿਸ਼ਨ ਸਿੰਘ ਐੱਮ. ਸੀ., ਰਮੇਸ਼ ਖਿਆਲਾ, ਟੀਟੂ ਚਾਹਲ, ਕੁਲਵੰਤ ਸਿੰਘ ਸ਼ੇਰਖਾਂ, ਹਰਦੇਵ ਉੱਲਕ, ਗੁਰਪ੍ਰੀਤ ਗੁਰੀ, ਸ਼ਰਨਜੀਤ ਕੌਰ, ਵੀਨਾ ਅਗਰਵਾਲ, ਪਰਮਜੀਤ ਕੌਰ ਮਾਨਸਾ, ਰਾਜਵਿੰਦਰ ਕੌਰ ਤੋਂ ਇਲਾਵਾ ਹੋਰ ਆਗੂ ਤੇ ਵਰਕਰ ਹਾਜ਼ਰ ਸਨ।




## ਸੁਖਬੀਰ 18 ਮਾਰਚ ਨੂੰ ਜਗਰਾਓਂ ਰੈਲੀ ਨੂੰ ਸੰਬੋਧਨ ਕਰਨਗੇ : ਕਲੇਰ

**ਜਗਰਾਓਂ (ਨਛੱਤਰ ਸੰਧੂ)**- ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਹਲਕਾ ਪੱਧਰ 'ਤੇ ਰੈਲੀਆਂ ਦੀ ਸ਼ੁਰੂਆਤ ਪੰਜਾਬ ਅੰਦਰ ਸ਼੍ਰੋਮਣੀ ਅਕਾਲੀ ਦਲ ਦੀ ਨੁਮਾਇੰਦਗੀ ਦੀ ਮੋੜ੍ਹੀ ਗੱਡੇਗੀ। ਇਹ ਪ੍ਰਤੀਕਿਰਿਆ ਪਾਰਟੀ ਦੇ ਕੋਰ ਕਮੇਟੀ ਮੈਂਬਰ ਤੇ ਹਲਕਾ ਇੰਚਾਰਜ ਐੱਸ. ਆਰ. ਕਲੇਰ ਨੇ ਜਾਰੀ ਪ੍ਰੈੱਸ ਬਿਆਨ ਵਿੱਚ ਕੀਤੀ।ਸ੍ਰੀ ਕਲੇਰ ਨੇ ਆਖਿਆ ਕਿ ਸੂਬਾ ਪੱਧਰੀ ਰੈਲੀਆਂ ਤਹਿਤ ਸੁਖਬੀਰ ਸਿੰਘ ਬਾਦਲ 18 ਮਾਰਚ ਨੂੰ ਜਗਰਾਓਂ ਵਿੱਚ ਵਿਸ਼ਾਲ ਰੈਲੀ ਨੂੰ ਸੰਬੋਧਨ ਕਰਨਗੇ ਤੇ ਇਸ ਰੈਲੀ ਨੂੰ ਸਫਲ ਬਣਾਉਣ ਲਈ ਪਾਰਟੀ ਦੇ ਅਹੁਦੇਦਾਰਾਂ ਦੀ 23 ਫਰਵਰੀ ਨੂੰ ਸਵੇਰੇ 10 ਵਜੇ ਮੀਟਿੰਗ ਸੱਦੀ ਹੈ।ਸ੍ਰੀ ਕਲੇਰ ਨੇ ਆਖਿਆ ਕਿ ਸੂਬਾ ਸਰਕਾਰ ਹਰ ਪੱਖ ਤੋਂ ਨਾਕਾਮ ਹੋ ਚੁੱਕੀ ਹੈ ਤੇ ਪੰਜਾਬ ਦੇ ਲੋਕ ਪੰਜਾਬ ਦੀ ਵਾਗਡੋਰ ਸ਼੍ਰੋਮਣੀ ਅਕਾਲੀ ਦਲ ਦੇ ਹੱਥ ਸੌਂਪਣਾ ਚਾਹੁੰਦੇ ਹਨ।ਉਨ੍ਹਾਂ ਆਖਿਆ ਕਿ ਜਿੱਥੇ ਸੂਬੇ ਅੰਦਰ ਮੁੜ ਤੋਂ ਸ਼੍ਰੋਮਣੀ ਅਕਾਲੀ ਦਲ ਦੀ ਅਵਾਜ਼ ਸੁਣਨ ਨੂੰ ਮਿਲ ਰਹੀ ਹੈ, ਉੱਥੇ ਹੀ ਅਵਾਮ ਨੂੰ ਅਕਾਲੀ ਦਲ ਦੀ ਸਰਕਾਰ ਸਮੇਂ ਕੀਤੇ ਕੰਮਾਂ ਪ੍ਰਤੀ ਚੇਤੰਨ ਵੀ ਕਰੇਗਾ।ਕਲੇਰ ਨੇ ਦਾਅਵਾ ਕੀਤਾ ਕਿ ਇਹ ਵਿਸ਼ਾਲ ਰੈਲੀ ਇਤਿਹਾਸਕ ਹੋਵੇਗੀ।

## ਸੂਫ਼ੀ ਫੈਸਟੀਵਲ ਦੀ ਦੂਜੀ ਸ਼ਾਮ ਕੰਵਰ ਗਰੇਵਾਲ ਨੇ ਬੰਨ੍ਹਿਆ ਰੰਗ

ਸਾਫ਼-ਸੁਥਰੀ ਗਾਇਕੀ ਸਾਨੂੰ ਸਾਡੀ ਸੱਭਿਆਚਾਰਕ ਵਿਰਾਸਤ ਨਾਲ ਜੋੜਦੀ : ਸੌਂਦ

**ਮਾਲੇਰਕੋਟਲਾ (ਅਸਗਰ ਪਰਿਹਾਰ)**- ਸੂਫ਼ੀ ਫੈਸਟੀਵਲ ਤੇ ਪੰਜਾਬ ਸਖੀ ਸ਼ਕਤੀ ਮੇਲਾ ਦੀ ਦੂਜੀ ਸ਼ਾਮ ਸੂਫ਼ੀ ਰੰਗਾਂ ਨਾਲ ਰੰਗੀ ਰਹੀ।ਸਥਾਨਕ ਸਰਕਾਰੀ ਕਾਲਜ ਦੇ ਵਿਹੜੇ ਵਿੱਚ ਪ੍ਰਸਿੱਧ ਸੂਫ਼ੀ ਗਾਇਕ ਕੰਵਰ ਗਰੇਵਾਲ ਨੇ ਆਪਣੀ ਰੂਹਾਨੀ ਆਵਾਜ਼ ਨਾਲ ਦਰਸ਼ਕਾਂ ਨੂੰ ਮੋਹ ਲਿਆ ਤੇ ਸਮਾਗਮ ਨੂੰ ਸਿਖਰਾਂ 'ਤੇ ਪਹੁੰਚਾ ਦਿੱਤਾ।ਉਨ੍ਹਾਂ ਮਸਤ ਕਲੰਦਰ, ਅੱਲਾਹੂ ਤੇ ਹੋਰ ਰੂਹਾਨੀ ਕਲਾਮਾਂ ਰਾਹੀਂ ਸਰੋਤਿਆਂ ਨਾਲ ਸਿੱਧਾ ਰੂਹਾਨੀ ਸੰਵਾਦ ਕੀਤਾ।ਇਸ ਤੋਂ ਇਲਾਵਾ ਸੂਫ਼ੀ ਗਾਇਕ ਅਰਸ਼ ਸੁਹੇਲ ਤੇ ਮਾਣਕ ਅਲੀ ਨੇ ਵੀ ਆਪਣੀ ਦਿਲਕਸ਼ ਗਾਇਕੀ ਨਾਲ ਸਮਾਂ ਬੰਨ੍ਹਿਆ ਤੇ ਦਰਸ਼ਕਾਂ ਨੂੰ ਝੂਮਣ ਲਈ ਮਜਬੂਰ ਕਰ ਦਿੱਤਾ। ਸਮਾਰੋਹ ਵਿੱਚ ਸੈਰ ਸਪਾਟਾ ਤੇ ਸੱਭਿਆਚਾਰਕ ਅਤੇ ਪੇਂਡੂ ਵਿਕਾਸ ਅਤੇ ਪੰਚਾਇਤ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ, ਵਿਧਾਇਕ ਮਾਲੇਰਕੋਟਲਾ ਡਾ. ਜਮੀਲ ਉਰ ਰਹਿਮਾਨ, ਵਿਧਾਇਕ ਅਮਰਗੜ੍ਹ ਪ੍ਰੋ. ਜਸਵੰਤ ਸਿੰਘ ਗੱਜਣਮਾਜਰਾ ਸਮੇਤ ਕਈ ਪ੍ਰਮੁੱਖ ਸ਼ਖ਼ਸੀਅਤਾਂ ਨੇ ਹਾਜ਼ਰੀ ਭਰੀ। ਇਸ ਮੌਕੇ ਚੇਅਰਮੈਨ ਜ਼ਿਲ੍ਹਾ ਯੋਜਨਾ ਕਮੇਟੀ ਸਾਕਿਬ ਅਲੀ ਰਾਜਾ, ਪ੍ਰਧਾਨ ਨਗਰ ਕੌਂਸਲ ਮਾਲੇਰਕੋਟਲਾ ਨਸਰੀਨ ਅਸ਼ਰਫ ਚੇਅਰਮੈਨ ਮਾਰਕੀਟ ਕਮੇਟੀ ਮੋਹਾਲੀ ਗੋਬਿੰਦ ਮਿੱਤਲ, ਚੇਅਰਮੈਨ ਮਾਰਕੀਟ ਕਮੇਟੀ ਸੰਦੌੜ ਕਰਮਜੀਤ ਸਿੰਘ, ਕੇਵਲ ਸਿੰਘ ਜਾਗੋਵਾਲ ਵਿਧਾਇਕ ਮਾਲੇਰਕੋਟਲਾ ਦੀ ਸਰੀਕ-ਏ-ਹਯਾਤ ਫਰਿਆਲ ਰਹਿਮਾਨ, ਕੋਆਰਡੀਨੇਟਰ ਯੂਥ ਵਿੰਗ ਹਲਕਾ ਮਾਲੇਰਕੋਟਲਾ ਏ.ਕੇ.ਵਾਈ. ਮੂਨਿਸ ਰਹਿਮਾਨ ਸਮੇਤ ਕਈ ਅਹਿਮ ਸ਼ਖ਼ਸੀਅਤਾਂ ਨੇ ਸੂਫ਼ੀ ਗਾਇਕੀ ਦੀ ਇਸ ਖ਼ੂਬਸੂਰਤ ਸ਼ਾਮ ਦਾ ਆਨੰਦ ਮਾਣਿਆ।




## ਪ੍ਰਵਾਸੀ ਮਜ਼ਦੂਰਾਂ 'ਤੇ ਗੋਲੀਆਂ ਚਲਾਉਣ ਵਾਲੇ ਮੋਗਾ ਪੁਲਸ ਵੱਲੋਂ ਕਾਬੂ

**ਮੋਗਾ (ਇਕਬਾਲ ਸਿੰਘ ਖਹਿਰਾ)**- ਗੈਂਗਸਟਰਾਂ ਖਿਲਾਫ ਚਲਾਈ ਮੁਹਿੰਮ ਤਹਿਤ ਨਿਲਾਂਬਰੀ ਜਗਦਲੇ ਵਿਜੇ ਇੰਸਪੈਕਟਰ ਜਨਰਲ ਪੁਲਸ ਫਰੀਦਕੋਟ ਰੇਂਜ, ਐੱਸ ਐੱਸ ਪੀ ਮੋਗਾ ਅਜੈ ਗਾਂਧੀ ਦੇ ਦਿਸ਼ਾ ਨਿਰਦੇਸ਼ਾਂ ਹੇਠ ਬਾਲ ਕ੍ਰਿਸ਼ਨ ਸਿੰਗਲਾ, ਐੱਸ.ਪੀ.ਆਈ. ਮੋਗਾ, ਡੀ.ਐੱਸ.ਪੀ. ਸਿਟੀ ਗੁਰਪ੍ਰੀਤ ਸਿੰਘ ਦੀ ਸੁਪਰਵੀਜ਼ਨ ਹੇਠ ਮੋਗਾ ਪੁਲਸ ਨੂੰ ਉਸ ਸਮੇਂ ਵੱਡੀ ਸਫਲਤਾ ਮਿਲੀ, ਜਦ ਥਾਣਾ ਸਦਰ ਮੋਗਾ ਦੀ ਪੁਲਸ ਪਾਰਟੀ ਵੱਲੋਂ 2 ਦੋਸ਼ੀਆਨ ਨੂੰ ਕਾਬੂ ਕਰਕੇ ਉਨ੍ਹਾਂ ਪਾਸੋਂ ਦੋ ਪਿਸਟਲ ਦੇਸੀ 30 ਬੋਰ ਤੇ ਇੱਕ ਮੋਟਰਸਾਈਕਲ ਮਾਰਕਾ ਹੌਂਡਾ ਨੰਬਰ ਪੀ ਬੀ-05-ਏ ਕੇ-8990 ਬਰਾਮਦ ਕੀਤਾ।ਐੱਸ ਆਈ ਸਮਰਾਜ ਸਿੰਘ ਮੋਗਾ ਸਮੇਤ ਸਾਥੀ ਕਰਮਚਾਰੀਆਂ ਮੁੱਕਦਮਾ ਨੰਬਰ 28 ਮਿਤੀ 10.02. 2026 ਅ/ਧ 109,3(5) ਬੀ.ਐੱਨ.ਐੱਸ. 25-27-54-59 ਅਸਲਾ ਐਕਟ ਥਾਣਾ ਸਦਰ ਮੋਗਾ ਦੀ ਤਫਤੀਸ਼ ਦੇ ਸਬੰਧ ਵਿੱਚ ਪੁਲਸ ਪਾਰਟੀ ਗਸ਼ਤ ਕਰਦੀ ਹੋਈ ਘੱਲ ਕਲਾਂ ਤੋਂ ਲਿੰਕ ਰੋਡ ਸਾਫੂਵਾਲਾ ਮੌਜੂਦ ਸੀ ਤਾਂ ਮੁਖਬਰ ਖਾਸ ਨੇ ਇਤਲਾਹ ਦਿੱਤੀ ਕਿ ਮੁੱਕਦਮਾ ਨੰਬਰ 28 ਮਿਤੀ 10.02.2026 ਅ/ਧ 109,3 (5) ਬੀ.ਐੱਨ.ਐੱਸ. 25-27- 54-59 ਅਸਲਾ ਐਕਟ ਦੇ ਦੋਸ਼ੀਆਨ ਜੋਬਨਪ੍ਰੀਤ ਸਿੰਘ ਉਰਫ ਜੋਬਨ ਪੁੱਤਰ ਦਰਸ਼ਨ ਸਿੰਘ ਵਾਸੀ ਭੰਗਾਲੀ (ਨਰਾਣਿਨਗੜ੍ਹ) ਤੇ ਅਕਾਸ਼ਦੀਪ ਸਿੰਘ ਪੁੱਤਰ ਗੁਰਪ੍ਰੀਤ ਸਿੰਘ ਵਾਸੀ ਥੰਮਨਵਾਲਾ ਆਪਣੇ ਮੋਟਰਸਾਇਕਲ ਨੰਬਰ ਪੀ ਬੀ-05-ਏ ਕੇ-8990 'ਤੇ ਸਵਾਰ ਹੋ ਕੇ ਡਰੋਲੀ ਸਾਇਡ ਤੋਂ ਪੁਲ ਸੂਆ ਵਾਲੀ ਪਟੜੀ ਘੱਲਕਲਾਂ ਨੂੰ ਆ ਰਹੇ ਹਨ, ਜੇਕਰ ਹੁਣੇ ਹੀ ਨਾਕਾਬੰਦੀ ਕੀਤੀ ਜਾਵੇ ਤਾਂ ਕਾਬੂ ਆ ਸਕਦੇ ਹਨ। ਜਿਸ 'ਤੇ ਐੱਸ ਆਈ ਸਮਰਾਜ ਸਿੰਘ ਵੱਲੋਂ ਸਾਥੀ ਕਰਮਚਾਰੀਆਂ ਦੀ ਮਦਦ ਨਾਲ ਮੁਖਬਰ ਖਾਸ ਵੱਲੋਂ ਦੱਸੀ ਜਗ੍ਹਾ ਪੁੱਜਿਆ ਤਾਂ ਸਾਹਮਣੇ ਤੋਂ ਦੋ ਮੋਨੇ ਨੌਜਵਾਨ ਮੋਟਰਸਾਇਕਲ 'ਤੇ ਸਵਾਰ ਹੋ ਕੇ ਪੁਲ ਸੂਆ ਵਾਲੀ ਪਟੜੀ ਘੱਲਕਲਾਂ ਨੂੰ ਆ ਰਹੇ ਸੀ ਤਾਂ ਐੱਸ.ਆਈ ਸਮਰਾਜ ਸਿੰਘ ਵੱਲੋਂ ਗੱਡੀ ਰੋਕ ਕੇ ਦੋਨਾਂ ਨੂੰ ਰੁਕਣ ਦਾ ਇਸ਼ਾਰਾ ਕੀਤਾ ਤਾਂ ਦੋਨੇ ਨੌਜਵਾਨਾਂ ਨੇ ਆਪਣੇ-ਆਪਣੇ ਹੱਥਾਂ ਵਿੱਚ ਫੜੇ ਹਥਿਆਰਾਂ ਨਾਲ ਪੁਲਸ ਪਾਰਟੀ 'ਤੇ ਫਾਇਰਿੰਗ ਸ਼ੁਰੂ ਕਰ ਦਿੱਤੀ, ਜਿਸ 'ਤੇ ਜਵਾਬੀ ਕਾਰਵਾਈ ਦੌਰਾਨ ਜੋਬਨਪ੍ਰੀਤ ਸਿੰਘ ਦੀ ਖੱਬੀ ਲੱਤ 'ਤੇ ਗੋਲੀ ਲੱਗੀ, ਜਿਸ ਨਾਲ ਜੋਬਨਪ੍ਰੀਤ ਸਿੰਘ ਕੱਚੇ ਰਸਤੇ ਉੱਪਰ ਡਿੱਗ ਪਿਆ। ਫਿਰ ਐੱਸ ਆਈ ਸਮਰਾਜ ਸਿੰਘ ਵੱਲੋਂ ਸਾਥੀ ਕਰਮਚਾਰੀਆਂ ਦੀ ਮਦਦ ਨਾਲ ਜ਼ਖਮੀ ਜੋਬਨਪ੍ਰੀਤ ਸਿੰਘ ਨੂੰ ਕਾਬੂ ਕੀਤਾ ਅਤੇ ਉਸ ਦਾ ਸਾਥੀ ਅਕਾਸ਼ਦੀਪ ਸਿੰਘ ਉਕਤ ਨੇ ਮੌਕੇ ਤੋਂ ਭੱਜਣ ਦੀ ਕੋਸ਼ਿਸ਼ ਕੀਤੀ, ਜਿਸ ਨੇ ਸੂਆ ਦੀ ਪਟੜੀ ਤੋਂ ਛਾਲ ਮਾਰੀ, ਜਿਸ ਦੇ ਮੌਕੇ 'ਤੇ ਲੱਤ 'ਤੇ ਸੱਟ ਲੱਗ ਗਈ।ਜੋਬਨਪ੍ਰੀਤ ਸਿੰਘ ਉਰਫ ਜੋਬਨ ਪੁੱਤਰ ਦਰਸ਼ਨ ਸਿੰਘ ਵਾਸੀ ਭੰਗਾਲੀ ਖੁਰਦ ਨਰਾਇਣਗੜ੍ਹ ਅਤੇ ਅਕਾਸ਼ਦੀਪ ਸਿੰਘ ਪੁੱਤਰ ਗੁਰਪ੍ਰੀਤ ਸਿੰਘ ਵਾਸੀ ਥੰਮਣਵਾਲਾ ਦੇ ਰਜਿਸਟਰ ਕੀਤਾ ਦਰਜ ਗਿਆ।



## ਚਕਰ ਵਿਖੇ ਸ਼ਿਵ ਭਗਤਾਂ ਨੇ ਮਨਾਈ ਸ਼ਿਵਰਾਤਰੀ

**ਹਠੂਰ (ਨਛੱਤਰ ਸੰਧੂ)** ਮਹਾ ਸ਼ਿਵਰਾਤਰੀ ਦੇ ਪਾਵਨ ਤਿਉਹਾਰ ਮੌਕੇ ਕ੍ਰਿਸ਼ਨਾ ਮੰਦਰ ਚਕਰ ਵਿਖੇ ਸ਼ਿਵ ਭਗਤਾ ਵੱਲੋਂ ਭਗਵਾਨ ਭੋਲੇ ਸ਼ੰਕਰ ਦਾ ਸਮਾਗਮ ਬੜੇ ਧੂਮਧਾਮ ਨਾਲ ਕਰਵਾਇਆ ਗਿਆ।ਇਸ ਮੌਕੇ ਸ਼ੋਭਾ ਯਾਤਰਾ ਦੌਰਾਨ ਭਗਵਾਨ ਸ਼ਿਵ, ਮਾਤਾ ਪਾਰਵਤੀ ਤੇ ਸ੍ਰੀ ਗਨਪਤੀ ਬੱਪਾ ਦੀਆਂ ਮਨਮੋਹਿਕ ਝਾਕੀਆਂ ਸ਼ਿਵ ਭਗਤਾਂ ਲਈ ਖਾਸ ਆਕਰਸ਼ਨ ਦਾ ਕੇਂਦਰ ਬਣੀਆ ਰਹੀਆਂ ਅਤੇ ਜੈ ਸ਼ਿਵ ਭੋਲੇ ਨਾਥ ਦੇ ਜੈਕਾਰੇ ਗੂੰਜਦੇ ਰਹੇ।ਇਸ ਸਮੇਂ ਮੰਦਰ ਦੇ ਮੁੱਖ ਪੁਜਾਰੀ ਪੰਡਿਤ ਗੋਵਿੰਦ ਰਾਮ ਸ਼ਰਮਾ ਨੇ ਮੰਦਰ ਅੰਦਰ ਵਿਧੀਵਤ, ਪੂਜਾ, ਅਰਚਨਾ ਕੀਤੀ ਗਈ, ਜਿਸ ਵਿਚ ਵੱਡੀ ਗਿਣਤੀ ਵਿੱਚ ਸ਼ਰਧਾਲੂਆਂ ਨੇ ਭਾਗ ਲਿਆ।ਇਸ ਮੌਕੇ ਬੋਲਦਿਆਂ ਮਾਸਟਰ ਰਾਮ ਕੁਮਾਰ ਭਗਰੀਆ ਤੇ ਨੰਬਰਦਾਰ ਜਵਾਹਰ ਸਿੰਘ ਕਿੰਗਰਾ ਨੇ ਕਿਹਾ ਕਿ ਜਿਵੇਂ ਭਗਵਾਨ ਸ਼ਿਵ ਨੇ ਸਮੁੰਦਰ ਮੰਥਨ ਦੌਰਾਨ ਵਿਸ਼ ਪੀ ਕੇ ਸਮੁੱਚੀ ਸ੍ਰਿਸ਼ਟੀ ਦੀ ਰੱਖਿਆ ਕੀਤੀ, ਉਸੇ ਤਰ੍ਹਾਂ ਅਸੀਂ ਵੀ ਆਪਣੇ ਜੀਵਨ ਵਿੱਚੋਂ ਨਫ਼ਰਤ ਤੇ ਫੁੱਟ ਵੰਡ ਨੂੰ ਦੂਰ ਕਰਕੇ ਆਪਸੀ ਪਿਆਰ ਤੇ ਭਾਈਚਾਰੇ ਨੂੰ ਮਜ਼ਬੂਤ ਬਣਾਈਏ।ਇਸ ਮੌਕੇ ਪ੍ਰਬੰਧਕਾਂ ਵਿੱਚ ਲਛਮਣ ਕੁਮਾਰ ਭਗਰੀਆ, ਮਨਮੋਹਨ ਕਾਲਾ, ਡਾਕਟਰ ਅਨਿਲ ਖੁਰਾਣਾ ਭਗਰੀਆ ਚੰਡੀਗੜ੍ਹ, ਰਾਣਾ ਭਗਰੀਆ, ਸਾਬਕਾ ਸਰਪੰਚ ਪਿਆਰਾ ਸਿੰਘ, ਬਲਵੀਰ ਸਿੰਘ ਕਿੰਗਰਾ, ਬਾਬੂ ਸਿੰਘ ਸਿੱਧੂ ਆਦਿ ਹਾਜ਼ਰ ਸਨ।



## 'ਸਰਕਾਰ ਆਲੂਆਂ ਦਾ ਐੱਮ ਐੱਸ ਪੀ ਫੌਰੀ ਤਹਿ ਕਰਕੇ ਖਰੀਦ ਦੀ ਗਰੰਟੀ ਕਰੇ'

**ਮੋਗਾ (ਇਕਬਾਲ ਸਿੰਘ ਖਹਿਰਾ)**- ਕਿਰਤੀ ਕਿਸਾਨ ਯੂਨੀਅਨ ਨੇ ਆਲੂਆਂ ਦਾ ਘੱਟੋਂ ਘੱਟ ਸਮਰਥਨ ਮੁੱਲ 20 ਰੁਪਏ ਕਿੱਲੋ ਤਹਿ ਕਰਕੇ ਸਰਕਾਰੀ ਖਰੀਦ ਦੀ ਗਰੰਟੀ ਕਰਨ ਦੀ ਮੰਗ ਕੀਤੀ ਹੈ। ਆਗੂਆਂ ਕਿਹਾ ਕਿ ਪੰਜਾਬ ਵਿੱਚ ਕਰੀਬ 3 ਲੱਖ ਏਕੜ ਜ਼ਮੀਨ ਆਲੂਆਂ ਦੀ ਫਸਲ ਹੇਠ ਹੈ।ਆਲੂ ਪੰਜਾਬ ਦੀਆਂ ਪ੍ਰਮੁੱਖ ਫਸਲਾਂ 'ਚੋਂ ਇੱਕ ਹੈ।ਮੁਲਕ ਦਾ 60% ਕਰੀਬ ਆਲੂ ਬੀਜ ਦੇ ਰੂਪ 'ਚ ਪੰਜਾਬ 'ਚੋਂ ਵਰਤਿਆ ਜਾਂਦਾ ਹੈ। ਇਸ ਅਹਿਮ ਫਸਲ ਨੂੰ ਰੁਲਣ ਤੋਂ ਬਚਾਉਣ ਲਈ ਪੰਜਾਬ ਸਰਕਾਰ ਨੂੰ ਅੱਗੇ ਆਉਣਾ ਚਾਹੀਦਾ। ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਮੋਗਾ ਦੇ ਪ੍ਰਧਾਨ ਪ੍ਰਗਟ ਸਿੰਘ ਸਾਫੂਵਾਲਾ, ਜਰਨਲ ਸਕੱਤਰ ਚਮਕੌਰ ਸਿੰਘ ਰੋਡੇ, ਪ੍ਰੈੱਸ ਸਕੱਤਰ ਜਸਮੇਲ ਸਿੰਘ ਰਾਜੇਆਣਾ ਨੇ ਕਿਹਾ ਕੇ ਇਸ ਸਾਲ ਗੰਨਾ, ਕਣਕ ਤੇ ਝੋਨੇ ਦਾ ਝਾੜ ਬਹੁਤ ਘੱਟ ਰਿਹਾ, ਉੱਪਰੋਂ ਹੜ੍ਹਾਂ ਦੀ ਮਾਰ ਪਈ, ਜਿਸ ਕਰਕੇ ਕਿਸਾਨੀ ਬਹੁਤ ਬੁਰੇ ਆਰਥਿਕ ਸੰਕਟ 'ਚ ਫਸ ਚੁੱਕੀ ਹੈ।ਹੁਣ ਆਲੂ 3 ਤੋਂ 5 ਰੁਪਏ ਦੇ ਦਰਮਿਆਨ ਵਿਕ ਰਿਹਾ, ਕਈ ਥਾਈਂ ਰੇਟ ਘੱਟ ਕਰਕੇ ਕਿਸਾਨਾਂ ਲਈ ਆਲੂ ਪੁੱਟਣ ਲਈ ਲੇਬਰ ਦੇ ਖਰਚੇ ਵੀ ਪੂਰੇ ਨਹੀਂ ਹੋਣੇ।ਕਿਸਾਨ ਆਗੂਆਂ ਨੇ ਕਿਹਾ ਕੇ ਦੋ ਦਿਨ ਪਹਿਲਾਂ ਫਿਰੋਜ਼ਪੁਰ 'ਚ ਕਿਸਾਨ ਨੇ ਆਲੂਆਂ ਦੀ ਫਸਲ 'ਚ ਘਾਟੇ ਕਰਕੇ ਪਰਿਵਾਰ ਸਮੇਤ ਖੁਦਕੁਸ਼ੀ ਕਰਨ ਦੀ ਕੋਸ਼ਿਸ਼ ਕੀਤੀ ਹੈ, ਜੋ ਕਿ ਬਹੁਤ ਮੰਦਭਾਗਾ ਹੈ।ਆਗੂਆਂ ਨੇ ਕਿਹਾ ਕਿ ਕੰਪਨੀਆਂ ਦੀ ਪਾਣੀ ਦੀ ਬੋਤਲ 20 ਰੁਪਏ ਲੀਟਰ ਵਿਕ ਰਹੀ ਹੈ ਤੇ ਆਲੂ 3-4 ਰੁਪਏ, ਕਿਸਾਨਾਂ ਦੇ ਆਲੂ ਤੋਂ ਰੇਤਾ ਵੀ ਮਹਿੰਗਾ ਵਿਕ ਰਿਹਾ। ਆਗੂਆਂ ਨੇ ਕਿਹਾ ਕਿ ਸਰਕਾਰ ਦੀਆਂ ਗਲਤ ਨੀਤੀਆਂ ਕਰਕੇ ਕਿਸਾਨਾਂ ਲਈ ਖੇਤੀ ਘਾਟੇ ਦਾ ਤੇ ਕਾਰਪੋਰੇਟ ਲਈ ਮੁਨਾਫ਼ੇ ਦਾ ਸਾਧਨ ਬਣ ਚੁੱਕਾ, ਇਸੇ ਲਈ ਖੇਤੀ ਖੇਤਰ ਕਾਰਪੋਰੇਟ ਹਵਾਲੇ ਕੀਤਾ ਜਾ ਰਿਹਾ ਤੇ ਕਿਸਾਨਾਂ ਨੂੰ ਬੇਸਹਾਰਾ ਛੱਡਿਆ ਜਾ ਰਿਹਾ।ਆਗੂਆਂ ਨੇ ਕਿਹਾ ਕਿ ਖੇਤੀ ਸੂਬਿਆਂ ਦਾ ਅਧਿਕਾਰ ਖੇਤਰ ਹੈ।ਪੰਜਾਬ ਸਰਕਾਰ ਘੱਟੋ ਘੱਟ ਸਮਰਥਨ ਮੁੱਲ ਦਾ ਵਾਅਦਾ ਕਰਕੇ ਸੱਤਾ 'ਚ ਆਈ ਸੀ, ਪਰ ਵਾਅਦਾ ਵਫ਼ਾ ਨਹੀਂ ਕੀਤਾ।ਪੰਜਾਬ ਸਰਕਾਰ ਘੱਟੋ ਘੱਟ ਆਲੂ, ਮਟਰ, ਗੋਭੀ, ਬਾਸਮਤੀ ਤੇ ਮੂੰਗੀ ਦਾ ਸਮਰਥਨ ਮੁੱਲ ਤਹਿ ਕਰਕੇ ਖਰੀਦ ਦੀ ਗਰੰਟੀ ਕਰੇ, ਆਲੂਆਂ ਰੁਲਦਿਆਂ ਨੂੰ ਵੇਖ ਕੇ ਅੱਖਾਂ ਮੀਟਣ ਵਾਲੀ ਸਰਕਾਰ ਕਿਸਾਨ ਦੋਖੀ ਹੋਵੇਗੀ।ਕਿਰਤੀ ਕਿਸਾਨ ਯੂਨੀਅਨ ਨੇ ਆਲੂਆਂ ਦੇ ਸਮਰਥਨ ਮੁੱਲ ਲਈ ਸੰਘਰਸ਼ ਕਰਨ ਦੀ ਵੀ ਚਿਤਾਵਨੀ ਦਿੱਤੀ ਹੈ।



## ਮੋਦੀ ਨੇ ਟਰੰਪ ਨੂੰ ਵੇਚਿਆ ਆਪਣਾ ਦੇਸ਼, ਹੁਣ ਸੜਕਾਂ 'ਤੇ ਉਤਰਨਾ ਹੀ ਪੈਣਾ : ਬੱਸੂਵਾਲ


ਸਿੱਧਵਾਂ ਬੇਟ ਬਲਾਕ ਦੇ ਪਿੰਡਾਂ 'ਚੇ ਮੋਦੀ, ਟਰੰਪ ਦੀਆਂ ਅਰਥੀਆਂ ਸਾੜੀਆਂ

**ਜਗਰਾਉਂ (ਨਛੱਤਰ ਸੰਧੂ)**- ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੇ ਸੱਦੇ 'ਤੇ ਸਿੱਧਵਾਂ ਬੇਟ ਬਲਾਕ ਦੇ ਪਿੰਡਾਂ ਸਲੇਮਪੁਰ ਟਿੱਬਾ ਤੇ ਭਮਾਲ ਵਿਖੇ ਮੋਦੀ, ਟਰੰਪ ਦੀਆਂ ਅਰਥੀਆਂ ਸਾੜੀਆਂ ਗਈਆਂ।ਜ਼ਿਲ੍ਹਾ ਆਗੂ ਤਰਸੇਮ ਸਿੰਘ ਬੱਸੂਵਾਲ ਤੇ ਬਲਾਕ ਆਗੂ ਜਸਵਿੰਦਰ ਸਿੰਘ ਭਮਾਲ ਨੇ ਦੋਵਾਂ ਥਾਵਾਂ ਤੇ ਇੱਕਤਰ ਕਿਸਾਨਾਂ ਮਜ਼ਦੂਰਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਮੋਦੀ ਹਕੂਮਤ ਨੇ ਅਮਰੀਕਾ ਦੀ ਸਰਕਾਰ ਨਾਲ ਗੁਲਾਮੀ ਭਰਿਆ ਵਪਾਰਕ ਸਮਝੌਤਾ ਕਰਕੇ ਦੇਸ ਦੀ ਖੇਤੀ ਦੀ ਬਰਬਾਦੀ, ਤਬਾਹੀ ਲਈ ਰਾਹ ਪੱਧਰਾ ਕਰ ਦਿੱਤਾ ਹੈ।ਉਨ੍ਹਾਂ ਕਿਹਾ ਕਿ ਦਿੱਲੀ ਅੰਦੋਲਨ ਵਾਂਗ ਹੁਣ ਫਿਰ ਲੜਨ-ਮਰਨ ਦਾ, ਖੇਤੀ ਤੇ ਰੁਜ਼ਗਾਰ ਨੂੰ ਬਚਾਉਣ ਲਈ ਕੁਰਬਾਨੀਆਂ ਕਰਨ ਦਾ ਸਮਾਂ ਆ ਗਿਆ ਹੈ।ਲੱਖਾਂ ਡਾਲਰਾਂ ਦੀ ਸਬਸਿਡੀ ਹਾਸਲ ਕਰਦੇ ਅਮਰੀਕਾ ਦੇ ਕਿਸਾਨਾਂ ਦੀ ਪੈਦਾਵਾਰ ਸਾਡੀ ਮੰਡੀ 'ਚ ਆਉਣ ਸਮੇਂ ਸਾਰੀਆਂ ਟੈਕਸ ਰੋਕਾਂ ਖਤਮ ਕਰ ਦਿੱਤੀਆਂ ਗਈਆਂ ਹਨ।ਪੰਜ ਸੌ ਲੱਖ ਕਰੋੜ ਡਾਲਰ ਦਾ ਸਾਮਾਨ ਜਹਾਜ਼ਾਂ ਰਾਹੀਂ ਬਿਨਾਂ ਰੋਕ ਟੋਕ ਸਾਡੀ ਮੰਡੀ 'ਚ ਉੱਤਰੇਗਾ, ਸਸਤਾ ਵਿਕੇਗਾ ਤੇ ਸਾਨੂੰ ਮੰਡੀ 'ਚੋਂ ਬਾਹਰ ਕਰ ਦਿੱਤਾ ਜਾਵੇਗਾ।ਉਨ੍ਹਾਂ ਕਿਹਾ ਕਿ ਇਸ ਕਿਸਾਨ ਤੇ ਦੇਸ਼ ਵਿਰੋਧੀ ਸਮਝੌਤੇ ਖਿਲਾਫ 22 ਫਰਵਰੀ ਨੂੰ ਸੂਬੇ ਭਰ 'ਚ ਭਾਜਪਾ ਤੇ ਆਪ ਦੇ ਲੀਡਰਾਂ ਦੇ ਘਰਾਂ ਮੂਹਰੇ ਧਰਨੇ ਦਿੱਤੇ ਜਾਣਗੇ।12 ਫਰਵਰੀ ਨੂੰ ਦੇਸ਼ ਪੱਧਰੀ ਮਜ਼ਦੂਰ ਹੜਤਾਲ ਦੇ ਹੱਕ 'ਚ ਬੱਸ ਸਟੈਂਡ ਜਗਰਾਓਂ ਵਿਖੇ ਸਵੇਰੇ 11 ਵਜੇ ਕੀਤੇ ਜਾ ਰਹੇ ਰੋਸ ਪ੍ਰਦਰਸ਼ਨ 'ਚ ਭਾਗ ਲਿਆ ਜਾਵੇਗਾ। ਇਸ ਸਮੇਂ ਇਕੱਤਰ ਲੋਕਾਂ ਨੇ ਛੇ ਫਰਵਰੀ ਨੂੰ ਬਠਿੰਡਾ ਧਰਨੇ 'ਤੇ ਜਾ ਰਹੇ ਉਗਰਾਹਾਂ ਕਿਸਾਨ ਜਥੇਬੰਦੀ ਦੇ ਵਰਕਰਾਂ ਤੇ ਢਾਹੇ ਜਬਰ, ਗ੍ਰਿਫ਼ਤਾਰੀਆਂ ਦੀ ਸਖ਼ਤ ਨਿੰਦਾ ਕਰਦਿਆਂ ਕਿਹਾ ਕਿ ਭਗਵੰਤ ਮਾਨ ਸਰਕਾਰ ਦਾ ਅੰਤ ਵੀ ਨੇੜੇ ਆ ਚੁੱਕਾ ਹੈ।ਉਨ੍ਹਾਂ ਚੌਕੇ ਪਿੰਡ ਦੇ ਜੇਲ੍ਹ 'ਚ ਬੰਦ ਦੋ ਕਿਸਾਨਾਂ ਨੂੰ ਬਿਨਾਂ ਸ਼ਰਤ ਰਿਹਾਅ ਕਰਨ ਦੀ ਮੰਗ ਕੀਤੀ।ਉਪਰੰਤ ਦੋਹਾਂ ਥਾਵਾਂ 'ਤੇ ਟਰੰਪ ਤੇ ਮੋਦੀ ਦੇ ਪੁਤਲੇ ਫੂਕ ਕੇ ਰੋਸ ਪ੍ਰਦਰਸ਼ਨ ਕੀਤਾ ਗਿਆ।ਇਸ ਸਮੇਂ ਹਰਜਿੰਦਰ ਸਿੰਘ ਭਮਾਲ, ਮਨਜਿੰਦਰ ਸਿੰਘ ਸਲੇਮਪੁਰਾ, ਕਰਮ ਸਿੰਘ ਭਮਾਲ ਆਦਿ ਆਗੂ ਹਾਜ਼ਰ ਸਨ।



## ਭਾਜਪਾ ਆਗੂ ਗੁਰਬਿੰਦਰ ਭਗਤਾ ਨੇ ਹਲਕਾ ਰਾਮਪੁਰਾ ਫੂਲ ਤੋਂ ਦਾਅਵੇਦਾਰੀ ਠੋਕੀ

**ਬਠਿੰਡਾ (ਰਾਜੀਵ ਗੋਇਲ) :** ਜਿਉਂ-ਜਿਉਂ ਵਿਧਾਨ ਸਭਾ ਚੋਣਾਂ ਦਾ ਸਮਾਂ ਨੇੜੇ ਆ ਰਿਹਾ ਹੈ, ਤਿਉਂ-ਤਿਉਂ ਆਮ ਲੋਕਾਂ ਦੇ ਨਾਲ-ਨਾਲ ਸਿਆਸੀ ਨੇਤਾਵਾਂ ਦਾ ਜੋਸ਼ ਵੀ ਵਧਦਾ ਨਜ਼ਰ ਆ ਰਿਹਾ ਹੈ ਅਤੇ ਸਿਆਸੀ ਲੀਡਰ ਇਨ੍ਹਾਂ ਵਿਧਾਨ ਸਭਾ ਚੋਣਾਂ ਵਿੱਚ ਆਪਣੀ ਕਿਸਮਤ ਅਜਮਾਉਣ ਲਈ ਤਿਆਰ ਬੈਠੇ ਹਨ ਅਤੇ ਇਸੇ ਹੀ ਲੜੀ ਤਹਿਤ ਹਲਕਾ ਰਾਮਪੁਰਾ ਫੂਲ ਤੋਂ ਵਿਧਾਨ ਸਭਾ ਚੋਣਾਂ ਲਈ ਭਾਜਪਾ ਆਗੂ ਗੁਰਬਿੰਦਰ ਭਗਤਾ ਵੱਲੋਂ ਦਾਅਵੇਦਾਰੀ ਠੋਕੀ ਗਈ ਹੈ। ਭਾਵੇਂ ਹੀ ਇਸ ਵਕਤ ਜ਼ਿਲ੍ਹਾ ਪ੍ਰਧਾਨ ਦੀ ਕੁਰਸੀ 'ਤੇ ਸਾਬਕਾ ਮੰਤਰੀ ਸਿਕੰਦਰ ਸਿੰਘ ਮਲੂਕਾ ਦੇ ਬੇਟੇ ਗੁਰਪ੍ਰੀਤ ਸਿੰਘ ਮਲੂਕਾ ਕਾਬਜ਼ ਹਨ, ਪਰ ਜੇਕਰ ਗੱਲ ਗੁਰਬਿੰਦਰ ਭਗਤਾ ਦੀ ਕੀਤੀ ਜਾਵੇ ਤਾਂ ਉਹ ਵੀ ਦੋ ਵਾਰ ਜ਼ਿਲ੍ਹਾ ਪ੍ਰਧਾਨ, ਸਟੇਟ ਦੇ ਜਨਰਲ ਸਕੱਤਰ ਸਮੇਤ ਕਿਸਾਨ ਮੋਰਚੇ ਦੇ ਵੱਖ-ਵੱਖ ਅਹੁਦਿਆਂ 'ਤੇ ਸੇਵਾ ਨਿਭਾਅ ਚੁੱਕੇ ਹਨ, ਭਾਵ ਜਵਾਨੀ ਤੋਂ ਲੈ ਕੇ ਹੁਣ ਤੱਕ ਉਹ ਭਾਜਪਾ ਲਈ ਦਿਨ-ਰਾਤ ਇੱਕ ਕਰਕੇ ਮਿਹਨਤ ਕਰਦੇ ਆ ਰਹੇ ਹਨ। ਭਾਵੇਂ ਹੀ ਟਿਕਟਾਂ ਦਾ ਫੈਸਲਾ ਪਾਰਟੀ ਹਾਈਕਮਾਨ ਵੱਲੋਂ ਕੀਤਾ ਜਾਣਾ ਹੈ, ਪਰ ਇੱਕ ਵਾਰ ਭਗਤਾ ਵੱਲੋਂ ਆਪਣੀ ਦਾਅਵੇਦਾਰੀ ਪੇਸ਼ ਕਰਕੇ ਹਲਕਾ ਰਾਮਪੁਰਾ ਫੂਲ ਵਿੱਚ ਨਵੀਂ ਸਿਆਸੀ ਹਲਚਲ ਪੈਦਾ ਜ਼ਰੂਰ ਕਰ ਦਿੱਤੀ ਹੈ।



# ਭਾਜਪਾ ਡੈਮੋਕਰੇਸੀ ਦੀ ਥਾਂ ਖਰੀਦੋ-ਫਰੋਖਤ 'ਚ ਰੱਖਦੀ ਹੈ ਵਿਸ਼ਵਾਸ : ਚੀਮਾ

**ਲਹਿਰਾਗਾਗਾ (ਗੀਤਵਾਲ)**- ਭਾਰਤੀ ਜਨਤਾ ਪਾਰਟੀ ਡੈਮੋਕਰੇਸੀ ਦੀ ਥਾਂ ਖਰੀਦ ਫਰੋਖਤ ਵਿੱਚ ਵਿਸ਼ਵਾਸ ਰੱਖਦੀ ਹੈ। ਇਹ ਵਿਚਾਰ ਪੰਜਾਬ ਦੇ ਖਜ਼ਾਨਾ ਮੰਤਰੀ ਹਰਪਾਲ ਸਿੰਘ ਚੀਮਾ ਨੇ ਇੱਥੇ ਡੀਏਵੀ ਖੇਖਰ ਸਕੂਲ ਦੇ ਨਿੱਜੀ ਸਮਾਗਮ ਪ੍ਰੋਗਰਾਮ 'ਸਬਕਾ' ਵਿੱਚ



ਸ਼ਿਰਕਤ ਕਰਨ ਉਪਰੰਤ ਪ੍ਰੈੱਸ ਕਾਨਫਰੰਸ ਰਾਹੀਂ ਗੱਲਬਾਤ ਕਰਦਿਆਂ ਪ੍ਰਗਟ ਕੀਤੇ।ਉਨ੍ਹਾਂ ਕਿਹਾ ਕਿ ਇਹੀ ਯਤਨ ਲੋਟਸ ਦੌਰਾਨ ਭਾਜਪਾ ਨੇ ਮਹਾਰਾਸ਼ਟਰ, ਕਰਨਾਟਕਾ, ਗੁਜਰਾਤ, ਹਿਮਾਚਲ ਵਿਖੇ ਕੀਤਾ ਸੀ, ਪ੍ਰੰਤੂ ਹੱਥ ਪੱਲੇ ਕੁਝ ਨਹੀਂ ਆਇਆ।ਜਦੋਂ ਹਰਪਾਲ ਸਿੰਘ ਚੀਮਾ ਨੂੰ ਪੁੱਛਿਆ ਗਿਆ ਕਿ ਹਰਿਆਣਾ ਦੇ ਮੁੱਖ ਮੰਤਰੀ ਨੈਬ ਸਿੰਘ ਸੈਣੀ ਨੇ ਸਾਫ਼ ਸ਼ਬਦਾਂ ਵਿੱਚ ਬਿਆਨ ਦਿੱਤਾ ਹੈ ਕਿ ਮੈਂ ਨਰਿੰਦਰ ਕੌਰ ਭਰਾਜ ਨੂੰ ਨਹੀਂ ਜਾਣਦਾ, ਤਾਂ ਉਨ੍ਹਾਂ ਕਿਹਾ ਕਿ ਦੋਸ਼ੀ ਵੀ ਕਦੇ ਮੰਨਦਾ ਹੁੰਦਾ ਹੈ ਕਿ ਮੈਂ ਇਹ ਕੰਮ ਨਹੀਂ ਕੀਤਾ।ਉਨ੍ਹਾਂ ਕਿਹਾ ਕਿ ਨੈਬ ਸਿੰਘ ਸੈਣੀ ਬੇਸ਼ੱਕ ਪੰਜਾਬ ਵਿੱਚ ਰਹਿਣ ਲੱਗ ਪੈਣ ਜਾਂ ਕਿੰਨੇ ਵੀ ਪੰਜਾਬ ਦੇ ਦੌਰੇ ਕਰਨ, ਉਨ੍ਹਾਂ ਦੇ ਦੌਰਿਆਂ ਨੂੰ ਕਦੇ ਵੀ ਬੂਰ ਨਹੀਂ ਪਵੇਗਾ। ਯੁੱਧ ਨਸ਼ਿਆਂ ਵਿਰੁੱਧ ਬਾਰੇ ਬੋਲਦਿਆਂ ਮੰਤਰੀ ਚੀਮਾ ਨੇ ਕਿਹਾ ਕਿ ਪੰਜਾਬ ਦੇ ਗਵਰਨਰ ਨੇ ਵੀ ਪੰਜਾਬ ਸਰਕਾਰ ਦੇ ਮੋਢੇ ਨਾਲ ਮੋਢਾ ਲਾਈ ਕਿ ਨਸ਼ਿਆਂ ਦਾ ਖਾਤਮਾ ਕਰਨ ਵਿੱਚ ਪੰਜਾਬ ਸਰਕਾਰ ਸਫਲ ਹੋਈ ਹੈ।ਉਨ੍ਹਾਂ ਕਿਹਾ ਕਿ ਪੰਜਾਬ ਵਿਕਾਸ ਦੀਆਂ ਬੁਲੰਦੀਆਂ ਨੂੰ ਛੂਹ ਰਿਹਾ ਹੈ ਤੇ ਰੰਗਲੇ ਪੰਜਾਬ ਬਣਨ ਵੱਲ ਨਿਰੰਤਰ ਵਧ ਰਿਹਾ ਹੈ।ਇਸ ਸਮੇਂ ਨਗਰ ਕੌਂਸਲ ਦੇ ਪ੍ਰਧਾਨ ਮੈਡਮ ਕਾਂਤਾ ਗੋਇਲ, ਡੀਐੱਸਪੀ ਲਹਿਰਾ ਰਣਬੀਰ ਸਿੰਘ, ਮਾਰਕੀਟ ਕਮੇਟੀ ਦੇ ਚੇਅਰਮੈਨ ਸ਼ੀਸ਼ ਪਾਲ ਆਨੰਦ, ਆਪ ਆਗੂ ਅਜੇ ਕੁਮਾਰ ਠੋਲੀ, ਪਾਵਰਕਾਮ ਦੇ ਸੂਬਾਈ ਆਗੂ ਰਾਮਚੰਦਰ ਸਿੰਘ ਖਾਈ, ਦਿਲਜੀਤ ਸਿੰਘ ਜੇਜੀ, ਸੂਬਾਈ ਆਗੂ ਪੂਰਨ ਸਿੰਘ ਖਾਈ, ਡੀਏਵੀ ਸਕੂਲ ਦੇ ਐੱਮ ਡੀ ਪ੍ਰਵੀਨ ਖੇਖਰ, ਪ੍ਰਧਾਨ ਲੱਕੀ ਖੇਖਰ, ਅਨਿਰੁਧ ਕੌਸ਼ਲ ਤੇ ਹੋਰ ਵੀ ਬਹੁਤ ਸਾਰੇ ਆਗੂ ਤੇ ਵਰਕਰ ਮੌਜੂਦ ਸਨ।

# ਕੇਂਦਰ ਨੇ ਡੋਨਾਲਡ ਟਰੰਪ ਨੂੰ ਥਾਣੇਦਾਰ ਮੰਨ ਕੇ ਕੀਤਾ ਭਾਰਤ-ਅਮਰੀਕਾ ਸਮਝੌਤਾ : ਰਾਜੇਵਾਲ

**ਨਾਭਾ (ਵਰਿੰਦਰ ਵਰਮਾ)**- ਸ਼ਹਾਨਣ ਗੁਰਦੁਆਰਾ ਸਾਹਿਬ ਭਗਤ ਧੰਨਾ ਜੀ ਅਨਾਜ ਮੰਡੀ ਵਿਖੇ ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਵੱਲੋਂ ਸਾਲਾਨਾ ਧਾਰਮਿਕ



ਸਮਾਗਮ ਕਰਵਾਇਆ ਗਿਆ, ਜਿਸ ਵਿੱਚ ਇਲਾਕੇ ਦੀਆਂ ਸੰਗਤਾਂ ਤੇ ਵੱਖ ਵੱਖ ਧਾਰਮਿਕ, ਰਾਜਨੀਤਕ, ਸਮਾਜਿਕ ਜਥੇਬੰਦੀਆਂ ਤੋਂ ਇਲਾਵਾ ਵਿਸ਼ੇਸ਼ ਤੌਰ 'ਤੇ ਕਿਸਾਨ ਆਗੂ ਬਲਵੀਰ ਸਿੰਘ ਰਾਜੇਵਾਲ ਨੇ ਸਮਾਗਮ ਵਿੱਚ ਸ਼ਿਰਕਤ ਕੀਤੀ। ਉਨ੍ਹਾਂ ਸੰਗਤਾਂ ਨੂੰ ਸੰਬੋਧਨ ਕਰਦਿਆਂ ਕੇਂਦਰ ਸਰਕਾਰ ਦੀਆਂ ਗਲਤ ਨੀਤੀਆਂ ਖਿਲਾਫ ਆਵਾਜ਼ ਉਠਾਉਣ ਲਈ ਜਾਗਰੂਕ ਕੀਤਾ, ਉੱਥੇ ਹੀ ਉਨ੍ਹਾਂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਭਾਰਤ ਅਮਰੀਕਾ ਸਮਝੌਤਾ ਟਰੰਪ ਦੇ ਦਬਾਅ ਹੇਠ ਕੀਤਾ ਗਿਆ ਹੈ, ਇਸ ਸਮਝੌਤੇ ਨਾਲ ਭਾਰਤ ਖਾਸ ਕਰਕੇ ਪੰਜਾਬ ਨੂੰ ਵੱਡਾ ਨੁਕਸਾਨ ਹੋਵੇਗਾ।ਉਨ੍ਹਾਂ ਕਿਹਾ ਕਿ ਸਰਕਾਰ ਕੁਝ ਛੁਪਾ ਰਹੀ ਹੈ, ਸਰਕਾਰ ਨੂੰ ਲੋਕ ਸਭਾ ਵਿੱਚ ਲੋਕਾਂ ਸਾਹਮਣੇ ਸਾਰਾ ਕੁਝ ਸਪੱਸ਼ਟ ਕਰਨਾ ਚਾਹੀਦਾ ਹੈ। ਜਦੋਂ ਸੀਚੇਵਾਲ ਵੱਲੋਂ ਲੋਕ ਸਭਾ ਵਿੱਚ ਪੁੱਛੇ ਸਵਾਲ ਸਬੰਧੀ ਉਨ੍ਹਾਂ ਨੂੰ ਪੁੱਛਿਆ ਤਾਂ ਰਾਜੇਵਾਲ ਨੇ ਕਿਹਾ ਕਿ ਪੰਜਾਬ ਦਾ ਪਾਣੀ ਬੇਹੱਦ ਪ੍ਰਦੂਸ਼ਤ ਹੋ ਚੁੱਕਿਆ ਹੈ, ਪਾਣੀ ਵਿੱਚ ਯੂਰੇਨੀਅਮ, ਫਲੋਰਾਈਡ, ਵਰਗੇ ਹੋਰ ਹੈਵੀ ਮੈਟਲਜ਼ ਵਧੇਰੇ ਮਾਤਰਾ ਵਿੱਚ ਹਨ, ਜੋ ਕਿ ਬਿਮਾਰੀਆਂ ਦਾ ਘਰ ਹੈ। ਉਨ੍ਹਾਂ ਕਿਹਾ ਕਿ ਜਿਵੇਂ ਸਰਕਾਰ ਵੱਲੋਂ ਚੰਡੀਗੜ੍ਹ, ਮੁਹਾਲੀ ਆਦਿ ਨੂੰ ਸਾਫ ਪਾਣੀ ਮੁਹੱਈਆ ਕਰਵਾਇਆ ਜਾਂਦਾ ਹੈ, ਉਸੇ ਤਰ੍ਹਾਂ ਸਾਰੇ ਪੰਜਾਬ ਵਿੱਚ ਹਰ ਘਰ ਨੂੰ ਸਾਫ ਪਾਣੀ ਮੁਹੱਈਆ ਕਰਵਾਇਆ ਜਾਣਾ ਚਾਹੀਦਾ ਹੈ।ਇਸ ਮੌਕੇ ਓਂਕਾਰ ਸਿੰਘ ਅਗੌਲ ਜਨਰਲ ਸਕੱਤਰ ਪੰਜਾਬ, ਘੁੰਮਣ ਸਿੰਘ ਰਾਜਗੜ੍ਹ ਸਕੱਤਰ ਪੰਜਾਬ, ਨੇਕ ਸਿੰਘ ਖੋਖ ਸੀਨੀਅਰ ਮੀਤ ਪ੍ਰਧਾਨ ਪੰਜਾਬ ਦੇ ਅੱਛਰਾ ਸਿੰਘ ਭੋਜੋ ਮਾਜਰੀ ਬਲਾਕ ਪ੍ਰਧਾਨ ਨਾਭਾ, ਅਵਤਾਰ ਸਿੰਘ ਕੈਦੂਪੁਰ, ਕਰਮਜੀਤ ਸਿੰਘ ਪ੍ਰਧਾਨ ਆੜ੍ਹਤੀਆ ਐਸੋਸੀਏਸ਼ਨ ਅਨਾਜ ਮੰਡੀ ਨਾਭਾ ਅਤੇ ਵੱਡੀ ਗਿਣਤੀ ਵਿੱਚ ਕਿਸਾਨ ਆਗੂ ਤੇ ਸੰਗਤਾਂ ਹਾਜ਼ਰ ਸਨ।

# ਘੋੜ ਸਵਾਰੀ 'ਚ ਤਮਗੇ ਜਿੱਤਣ ਵਾਲੀ ਲਵਪ੍ਰੀਤ ਕੌਰ ਦਾ ਭਰਵਾਂ ਸਵਾਗਤ

**ਲਹਿਰਾਗਾਗਾ (ਗੀਤਵਾਲ)**- ਐੱਨ ਸੀ ਸੀ ਲੁਧਿਆਣਾ ਗਰੁਪ ਦੇ ਕੈਡਿਟਾਂ ਨੇ ਦਿੱਲੀ ਵਿਖੇ ਗਣਤੰਤਰ ਦਿਵਸ ਕੈਂਪ ਘੋੜ ਸਵਾਰੀ ਮੁਕਾਬਲਿਆਂ ਵਿੱਚ ਸ਼ਾਨਦਾਰ



ਉੱਤਮਤਾ ਦਾ ਪ੍ਰਦਰਸ਼ਨ ਕੀਤਾ, ਜਿਸ ਵਿੱਚ ਹਲਕਾ ਲਹਿਰਾ ਦੇ ਪਿੰਡ ਰਾਮਪੁਰਾ ਗੁੱਜਰਾਂ ਦੀ ਜੰਮਪਲ ਸਾਰਜੈਂਟ ਲਵਪ੍ਰੀਤ ਕੌਰ ਨੇ ਡ੍ਰੈਸੇਜ ਤੇ ਸ਼ੋ-ਜੰਪਿੰਗ ਟਾਪ ਸਕੋਰ ਵਿੱਚ ਚਾਂਦੀ ਦੇ ਤਮਗੇ, ਸ਼ੋ-ਜੰਪਿੰਗ ਫਾਲਟ-ਐਨ-ਆਊਟ ਵਿੱਚ ਕਾਂਸੀ ਦਾ ਤਮਗਾ, ਵੱਕਾਰੀ ਬੈਸਟ ਸ਼ੋ-ਜੰਪਿੰਗ ਸਿਕਸ ਬਾਰ 'ਚ ਟਰਾਫੀ ਜਿੱਤ ਕੇ ਸ਼ਾਨਦਾਰ ਪ੍ਰਦਰਸ਼ਨ ਕੀਤਾ ਅਤੇ ਉਸ ਨੂੰ ਬੈਸਟ ਹਾਰਸ ਰਾਈਡਰ (ਲੜਕੀਆਂ) ਘੋਸ਼ਿਤ ਕੀਤਾ ਗਿਆ।ਲਵਪ੍ਰੀਤ ਕੌਰ ਦਾ ਪਿੰਡ ਪਹੁੰਚਣ ਤੋਂ ਪਹਿਲਾਂ ਮੂਨਕ ਵਿਖੇ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਗਗਨਦੀਪ ਸਿੰਘ ਖੰਡੇਬਾਦ, ਥਾਣਾ ਮੂਨਕ ਦੇ ਐੱਸ ਐੱਚ ਓ ਗੁਰਮੀਤ ਸਿੰਘ ਤੇ ਵੱਡੀ ਗਿਣਤੀ ਪਿੰਡ ਵਾਸੀਆਂ ਵੱਲੋਂ ਹਾਰ ਪਾ ਕੇ ਸ਼ਾਨਦਾਰ ਸਵਾਗਤ ਕਰਦਿਆਂ ਮੂੰਹ ਮਿੱਠਾ ਕਰਵਾਇਆ ਗਿਆ।ਲਵਪ੍ਰੀਤ ਕੌਰ ਨੂੰ ਮੂਨਕ ਤੋਂ ਫੁੱਲਾਂ ਦੇ ਹਾਰ ਪਾ ਕੇ ਪੂਰੇ ਢੋਲ ਢਮੱਕੇ ਨਾਲ ਓਪਨ ਜੀਪ 'ਚ ਸਵਾਰ ਕਰਕੇ ਘਰ ਲਿਆਂਦਾ ਗਿਆ।ਇਸ ਮੌਕੇ ਗੱਲਬਾਤ ਕਰਦਿਆਂ ਲਵਪ੍ਰੀਤ ਕੌਰ ਨੇ ਕਿਤੇ ਨਾ ਕਿਤੇ ਪੰਜਾਬ ਸਰਕਾਰ ਨਾਲ ਗਿਲਾ ਜ਼ਾਹਰ ਕਰਦਿਆਂ ਕਿਹਾ ਕਿ ਜਿੱਥੇ ਦੂਜੇ ਰਾਜਾਂ ਵਿੱਚ ਮੈਡਲ ਜਿੱਤਣ ਵਾਲੇ ਖਿਡਾਰੀਆਂ ਨੂੰ ਨਗਦ ਇਨਾਮ ਤੇ ਨੌਕਰੀਆਂ ਨਾਲ ਸਨਮਾਨਤ ਕੀਤਾ ਜਾਂਦਾ ਹੈ, ਪਰ ਪੰਜਾਬ 'ਚ ਸਿਰਫ ਹੌਸਲਾ ਅਫਜ਼ਾਈ ਕਰਕੇ ਹੀ ਸਾਰ ਦਿੱਤਾ ਜਾਂਦਾ ਹੈ। ਉਨ੍ਹਾਂ ਵੀ ਉਮੀਦ ਜਤਾਈ ਕਿ ਪੰਜਾਬ ਸਰਕਾਰ ਵੀ ਨੌਜਵਾਨਾਂ ਨੂੰ ਖੇਡਾਂ ਵੱਲ ਉਤਸ਼ਾਹਤ ਕਰਨ ਲਈ ਯੋਗ ਕਦਮ ਚੁੱਕੇਗੀ ਤੇ ਮੈਡਲ ਜਿੱਤਣ ਵਾਲਿਆਂ ਨੂੰ ਨਗਦ ਰਾਸ਼ੀ ਤੇ ਨੌਕਰੀਆਂ ਦੇ ਕੇ ਬਣਦਾ ਮਾਣ ਸਨਮਾਨ ਦੇਵੇਗੀ। ਇਸ ਮੌਕੇ ਗੋਲਡੀ ਚੀਮਾ ਸਾਬਕਾ ਚੇਅਰਮੈਨ ਮਾਰਕੀਟ ਕਮੇਟੀ, ਸਰਕਲ ਪ੍ਰਧਾਨ ਜਗਰਾਜ ਸਿੰਘ ਬਾਗੜੀ, ਲਵਪ੍ਰੀਤ ਕੌਰ ਦੇ ਦਾਦਾ ਗੁਰਦੇਵ ਸਿੰਘ, ਪਿਤਾ ਜਸਵਿੰਦਰ ਸਿੰਘ, ਮਾਤਾ ਕਰਮਜੀਤ ਕੌਰ ਤੋਂ ਇਲਾਵਾ ਸਰਪੰਚ ਬਬਲੀ ਸਿੰਘ, ਕਿਸਾਨ ਆਗੂ ਅਵਤਾਰ ਸਿੰਘ ਚੀਮਾ, ਬਖਸ਼ੀਸ਼ ਸਿੰਘ, ਦਲਜੀਤ ਕੌਰ, ਸਾਹਿਬ ਸਿੰਘ, ਕਰਨੈਲ ਸਿੰਘ ਨੰਬਰਦਾਰ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

# ਅੱਜ ਹੋਵੇਗੀ ਨਾਟਕ '1675' ਦੀ ਪੇਸ਼ਕਾਰੀ-ਨਮਨ ਮਾਰਕੰਨ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)** ਪਟਿਆਲਾ ਹੈਰੀਟੇਜ ਫੈਸਟੀਵਲ-2026 ਦੀ ਪੰਜਵੀਂ ਸ਼ਾਮ 16 ਫਰਵਰੀ ਨੂੰ ਸ਼ਾਮ 6 ਵਜੇ ਹਰਪਾਲ ਟਿਵਾਣਾ ਕਲਾ ਕੇਂਦਰ ਵਿਖੇ ਸ਼੍ਰੋਮਣੀ ਰੰਗਕਰਮੀ ਕੇਵਲ ਧਾਲੀਵਾਲ ਦੀ ਨਿਰਦੇਸ਼ਨਾ ਹੇਠ ਡਾ. ਅਮਰਜੀਤ ਗਰੇਵਾਲ ਵੱਲੋਂ ਲਿਖੇ ਪੰਜਾਬੀ ਨਾਟਕ 1675 ਦੀ ਪੇਸ਼ਕਾਰੀ ਕੀਤੀ ਜਾਵੇਗੀ।ਇਸ ਮੰਚਨ ਲਈ ਕੀਤੀਆਂ ਜਾ ਰਹੀਆਂ ਤਿਆਰੀਆਂ ਦਾ ਜਾਇਜ਼ਾ ਲੈਂਦਿਆਂ ਨੋਡਲ ਅਫ਼ਸਰ ਤੇ ਐੱਸ.ਡੀ.ਐੱਮ. ਰਾਜਪੁਰਾ ਨਮਨ ਮਾਰਕੰਨ ਨੇ ਰੰਗ-ਮੰਚ ਪ੍ਰੇਮੀਆਂ ਨੂੰ ਇਹ ਨਾਟਕ ਦੇਖਣ ਦਾ ਸੱਦਾ ਦਿੰਦਿਆਂ ਕਿਹਾ ਕਿ ਇਸ ਨਾਟਕ ਲਈ ਕੋਈ ਟਿਕਟ ਨਹੀਂ, ਪ੍ਰੰਤੂ ਜਿਹੜੇ ਦਰਸ਼ਕ ਪਹਿਲਾਂ ਆਉਣਗੇ ਉਹ ਪਹਿਲਾਂ ਸੀਟ ਲੈ ਸਕਣਗੇ।ਨਮਨ ਮਾਰਕੰਨ ਨੇ ਕਿਹਾ ਕਿ ਦਰਸ਼ਕ ਸ਼ਾਮ 5.30 ਵਜੇ ਤੱਕ ਆਪਣੀਆਂ ਸੀਟਾਂ ਲੈ ਲੈਣ ਤਾਂ ਕਿ ਸਹੀ ਸਮੇਂ 'ਤੇ ਇਸ ਨਾਟਕ ਦੀ ਪੇਸ਼ਕਾਰੀ ਨੂੰ ਸ਼ੁਰੂ ਕੀਤਾ ਜਾ ਸਕੇ। ਉਨ੍ਹਾਂ ਦੱਸਿਆ ਕਿ ਇਸ ਦੌਰਾਨ ਵਿਧਾਇਕ ਰਾਜਪੁਰਾ ਸ੍ਰੀਮਤੀ ਨੀਨਾ ਮਿੱਤਲ, ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਤੇ ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਸਮੇਤ ਹੋਰ ਸ਼ਖ਼ਸੀਅਤਾਂ ਵੀ ਸ਼ਿਰਕਤ ਕਰਨਗੀਆਂ।

# ਆਸਟਰੇਲੀਅਨ ਐਜੂਕੇਸ਼ਨ ਪ੍ਰਦਾਨ ਕਰਨ ਵਾਲਾ ਮੋਗੇ ਜ਼ਿਲ੍ਹੇ ਦਾ ਪਹਿਲਾ ਅਦਾਰਾ ਬਣਿਆ

**ਕੋਟ ਈਸੇ ਖਾਂ (ਅਰੋੜਾ)**- ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਨੂੰ ਧਿਆਨ ਵਿੱਚ ਰੱਖਦਿਆਂ ਕੈਂਬ੍ਰਿਜ ਕਾਨਵੈਂਟ ਸਕੂਲ ਕੋਟ ਈਸੇ ਖਾਂ ਵੱਲੋਂ ਸਿੱਖਿਆ ਨੂੰ ਸਿਰਫ਼ ਅਕਾਦਮਿਕ ਪ੍ਰਾਪਤੀਆਂ ਤੱਕ ਸੀਮਤ ਨਾ ਰੱਖ ਕੇ ਵਿਕਾਸ, ਖੋਜ ਤੇ ਨਵੀਆਂ



ਸੰਭਾਵਨਾਵਾਂ ਦੀ ਯਾਤਰਾ ਵਜੋਂ ਅੱਗੇ ਵਧਾਇਆ ਜਾ ਰਿਹਾ ਹੈ।ਸਕੂਲ ਪ੍ਰਬੰਧਕਾਂ ਅਨੁਸਾਰ ਉਨ੍ਹਾਂ ਦਾ ਮੁੱਖ ਉਦੇਸ਼ ਅਜਿਹਾ ਸਿਖਲਾਈ ਮਾਹੌਲ ਤਿਆਰ ਕਰਨਾ ਹੈ, ਜਿੱਥੇ ਹਰ ਬੱਚਾ ਅਕਾਦਮਿਕ, ਭਾਵਨਾਤਮਕ ਤੇ ਸਮਾਜਿਕ ਤੌਰ 'ਤੇ ਖਿੜ ਸਕੇ।ਸਕੂਲ ਦਾ ਵਿਸ਼ਵਾਸ ਹੈ ਕਿ ਸਿੱਖਿਆ ਮਨੁੱਖੀ ਸਮਰੱਥਾ ਨੂੰ ਉਜਾਗਰ ਕਰਦੀ ਹੈ, ਇਸ ਲਈ ਵਿਦਿਆਰਥੀਆਂ ਵਿੱਚ ਜਗਿਆਸਾ, ਰਚਨਾਤਮਕਤਾ ਤੇ ਸਿੱਖਣ ਨਾਲ ਜੀਵਨ ਭਰ ਦਾ ਪਿਆਰ ਪੈਦਾ ਕਰਨ 'ਤੇ ਖਾਸ ਧਿਆਨ ਦਿੱਤਾ ਜਾਂਦਾ ਹੈ।ਸਕੂਲ ਵੱਲੋਂ ਮਾਪਿਆਂ ਨਾਲ ਮਿਲ ਕੇ ਹਰ ਵਿਦਿਆਰਥੀ ਨੂੰ ਸਹੀ ਦਿਸ਼ਾ, ਸਹਿਯੋਗ ਤੇ ਪ੍ਰੇਰਨਾ ਦੇਣ 'ਤੇ ਜ਼ੋਰ ਦਿੱਤਾ ਜਾਂਦਾ ਹੈ, ਤਾਂ ਜੋ ਬੱਚੇ ਆਤਮਵਿਸ਼ਵਾਸੀ ਬਣ ਸਕਣ ਤੇ ਆਪਣੇ ਟੀਚਿਆਂ ਨੂੰ ਹਾਸਲ ਕਰਨ ਲਈ ਤਿਆਰ ਹੋਣ।ਸਕੂਲ ਦਾ ਸਹਾਇਕ ਤੇ ਪ੍ਰੇਰਨਾਦਾਇਕ ਮਾਹੌਲ ਵਿਦਿਆਰਥੀਆਂ ਨੂੰ ਅੱਗੇ ਵਧਣ ਲਈ ਉਤਸ਼ਾਹਤ ਕਰਦਾ ਹੈ। ਸਕੂਲ ਦੀ ਖਾਸ ਵਿਸ਼ੇਸ਼ਤਾ ਇਹ ਹੈ ਕਿ ਇੱਥੇ ਰਾਸ਼ਟਰੀ ਤੇ ਅੰਤਰਰਾਸ਼ਟਰੀ ਦੋਵੇਂ ਤਰ੍ਹਾਂ ਦੇ ਮੌਕੇ ਪ੍ਰਦਾਨ ਕੀਤੇ ਜਾਂਦੇ ਹਨ।ਸੀ ਬੀ ਐੱਸ ਈ ਦੇ ਪਾਠਕ੍ਰਮ ਦੇ ਨਾਲ ਨਾਲ ਵੈਸਟਰਨ ਅਸਟ੍ਰੇਲੀਅਨ ਸਰਕੂਲਮ ਨੂੰ ਵੀ ਸ਼ਾਮਲ ਕੀਤਾ ਗਿਆ ਹੈ, ਜਿਸ ਨਾਲ ਵਿਦਿਆਰਥੀਆਂ ਨੂੰ ਵਿਸ਼ਵ ਪੱਧਰੀ ਸਿੱਖਿਆ ਪ੍ਰਾਪਤ ਹੁੰਦੀ ਹੈ ਅਤੇ ਭਵਿੱਖ ਦੀਆਂ ਚੁਣੌਤੀਆਂ ਲਈ ਤਿਆਰ ਕੀਤਾ ਜਾਂਦਾ ਹੈ।ਕੈਂਬ੍ਰਿਜ ਕਾਨਵੈਂਟ ਸਕੂਲ ਦਾ ਮਕਸਦ ਸਿਰਫ਼ ਪੜ੍ਹਾਈ ਕਰਵਾਉਣਾ ਨਹੀਂ, ਸਗੋਂ ਵਿਦਿਆਰਥੀਆਂ ਦਾ ਭਵਿੱਖ ਸੰਵਾਰਨਾ ਹੈ, ਤਾਂ ਜੋ ਹਰ ਬੱਚਾ ਆਪਣੀ ਯੋਗਤਾ ਨੂੰ ਪਛਾਣ ਕੇ ਵਿਕਸਿਤ ਹੋ ਸਕੇ ਤੇ ਜੀਵਨ ਦੇ ਹਰ ਖੇਤਰ ਵਿੱਚ ਕਾਮਯਾਬੀ ਹਾਸਲ ਕਰ ਸਕੇ।

# ਬਾਬਾ ਵਿਸ਼ਵਕਰਮਾ ਜੀ ਮਿਸਤਰੀ ਮਜ਼ਦੂਰ ਯੂਨੀਅਨ ਦਾ ਸਰਬਸੰਮਤੀ ਨਾਲ ਗਠਨ

**ਧਰਮਕੋਟ (ਗੁਰਦੀਪ ਸਿੰਘ ਭੁੱਲਰ)**- ਬਾਬਾ ਵਿਸ਼ਵਕਰਮਾ ਜੀ ਮਿਸਤਰੀ ਮਜ਼ਦੂਰ ਯੂਨੀਅਨ ਧਰਮਕੋਟ ਦਾ ਬੀਤੇ ਦਿਨ ਭਾਰੀ ਗਿਣਤੀ ਵਿੱਚ ਮਜ਼ਦੂਰਾਂ ਤੇ ਮਿਸਤਰੀ ਵਰਗ ਦੀ ਹਾਜ਼ਰੀ ਵਿੱਚ ਸਰਬਸੰਮਤੀ ਨਾਲ ਗਠਨ ਕੀਤਾ ਗਿਆ।ਇਸ ਮੌਕੇ ਯੂਨੀਅਨ ਦੀ ਨਵੀਂ ਕਾਰਜਕਾਰਨੀ ਕਮੇਟੀ ਦੀ ਚੋਣ ਵੀ ਕੀਤੀ ਗਈ, ਜਿਸ ਵਿੱਚ ਮਿਸਤਰੀ ਤੇ ਮਜ਼ਦੂਰ ਭਰਾਵਾਂ ਨੇ ਇਕਮਤ ਨਾਲ ਅਹੁਦੇਦਾਰ ਚੁਣੇ। ਯੂਨੀਅਨ ਦੇ ਪ੍ਰਧਾਨ ਪਦ ਲਈ ਗੁਰਨਾਮ ਸਿੰਘ ਨੂੰ ਸਰਬਸੰਮਤੀ ਨਾਲ ਚੁਣਿਆ ਗਿਆ, ਜਦਕਿ



ਛਿੰਦਾ ਸਿੰਘ ਨੂੰ ਮੀਤ ਪ੍ਰਧਾਨ ਦੀ ਜ਼ਿੰਮੇਵਾਰੀ ਸੌਂਪੀ ਗਈ।ਜਸਵਿੰਦਰ ਸਿੰਘ ਨੂੰ ਜਨਰਲ ਸਕੱਤਰ ਤੇ ਨਿਰਮਲ ਸਿੰਘ ਨੂੰ ਖਜ਼ਾਨਚੀ ਨਿਯੁਕਤ ਕੀਤਾ ਗਿਆ।ਇਸ ਤੋਂ ਇਲਾਵਾ ਬੋਹੜ ਸਿੰਘ ਨੂੰ ਯੂਨੀਅਨ ਦਾ ਸਲਾਹਕਾਰ ਨਿਯੁਕਤ ਕੀਤਾ ਗਿਆ।ਯੂਨੀਅਨ ਦੇ ਮੈਂਬਰਾਂ ਵਜੋਂ ਜੋਗਿੰਦਰ ਸਿੰਘ, ਕੁਲਵਿੰਦਰ ਸਿੰਘ, ਬਲਜੀਤ ਸਿੰਘ, ਸ਼ਮਸ਼ੇਰ ਸਿੰਘ ਤੇ ਰੇਸ਼ਮ ਸਿੰਘ ਨੂੰ ਸਰਬਸੰਮਤੀ ਨਾਲ ਚੁਣਿਆ ਗਿਆ।ਇਸ ਮੌਕੇ ਨਵੇਂ ਚੁਣੇ ਗਏ ਪ੍ਰਧਾਨ ਗੁਰਨਾਮ ਸਿੰਘ ਨੇ ਮਿਸਤਰੀ ਤੇ ਮਜ਼ਦੂਰ ਭਰਾਵਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਯੂਨੀਅਨ ਦਾ ਮੁੱਖ ਉਦੇਸ਼ ਮਜ਼ਦੂਰ ਵਰਗ ਦੇ ਹੱਕਾਂ ਦੀ ਰੱਖਿਆ ਕਰਨਾ, ਉਨ੍ਹਾਂ ਨੂੰ ਉਚਿਤ ਮਜ਼ਦੂਰੀ ਦਿਵਾਉਣਾ ਤੇ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਸਰਕਾਰ ਤੇ ਸੰਬੰਧਤ ਵਿਭਾਗਾਂ ਤੱਕ ਪਹੁੰਚਾਉਣਾ ਹੈ।ਉਨ੍ਹਾਂ ਕਿਹਾ ਕਿ ਮਿਸਤਰੀ ਤੇ ਮਜ਼ਦੂਰ ਸਮਾਜ ਦਾ ਅਹਿਮ ਹਿੱਸਾ ਹਨ ਤੇ ਉਨ੍ਹਾਂ ਦੇ ਬਿਨਾਂ ਕਿਸੇ ਵੀ ਵਿਕਾਸ ਦੀ ਕਲਪਨਾ ਨਹੀਂ ਕੀਤੀ ਜਾ ਸਕਦੀ।ਮੀਤ ਪ੍ਰਧਾਨ ਛਿੰਦਾ ਸਿੰਘ ਤੇ ਜਨਰਲ ਸਕੱਤਰ ਜਸਵਿੰਦਰ ਸਿੰਘ ਨੇ ਵੀ ਮਜ਼ਦੂਰਾਂ ਨੂੰ ਇਕੱਠੇ ਹੋ ਕੇ ਯੂਨੀਅਨ ਨੂੰ ਮਜ਼ਬੂਤ ਬਣਾਉਣ ਦੀ ਅਪੀਲ ਕੀਤੀ।ਅੰਤ ਵਿੱਚ ਸਭ ਅਹੁਦੇਦਾਰਾਂ ਤੇ ਮੈਂਬਰਾਂ ਨੂੰ ਮਿਠਾਈ ਵੰਡ ਕੇ ਵਧਾਈ ਦਿੱਤੀ ਗਈ ਤੇ ਯੂਨੀਅਨ ਨੂੰ ਮਜ਼ਬੂਤ ਬਣਾਉਣ ਦਾ ਸੰਕਲਪ ਲਿਆ ਗਿਆ।

# ਸੜਕ ਹਾਦਸੇ 'ਚ ਛੀਨੀਵਾਲ ਤੇ ਰਾਏਸਰ ਦੇ ਦੋ ਨੌਜਵਾਨਾਂ ਦੀ ਮੌਤ

**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**- ਪਿੰਡ ਛੀਨੀਵਾਲ ਕਲਾਂ ਤੇ ਰਾਏਸਰ (ਬਰਨਾਲਾ) ਨਾਲ ਸੰਬੰਧਤ ਦੋ ਨੌਜਵਾਨਾਂ ਦੀ ਉੱਤਰ ਪ੍ਰਦੇਸ਼ 'ਚ ਵਾਪਰੇ ਭਿਆਨਕ ਸੜਕ ਹਾਦਸੇ 'ਚ ਮੌਤ ਹੋਣ ਦੀ ਦੁਖਦਾਈ ਖਬਰ ਮਿਲੀ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਹਰਪਾਲ ਸਿੰਘ ਪੁੱਤਰ ਮੇਜਰ ਸਿੰਘ ਵਾਸੀ ਛੀਨੀਵਾਲ ਕਲਾਂ ਆਪਣੇ ਸਾਥੀਆਂ ਲਖਵਿੰਦਰ ਸਿੰਘ ਵਾਸੀ ਗੁਰਮ, ਅਨੁਜ ਵਾਸੀ ਸ੍ਰੀ ਅੰਮ੍ਰਿਤਸਰ ਸਾਹਿਬ ਨਾਲ ਬੀਤੀ 11 ਫਰਵਰੀ ਦੀ ਸ਼ਾਮ ਡਿਜ਼ਾਇਰ ਕਾਰ ਕਿਰਾਏ 'ਤੇ ਲੈ ਕੇ ਫਤਿਹਪੁਰ (ਉੱਤਰ ਪ੍ਰਦੇਸ਼) 'ਚ ਸੀਮੈਂਟ ਸਪ੍ਰੇਡਰ ਮਸ਼ੀਨਾਂ ਦੀ ਮੁਰੰਮਤ ਦਾ ਕੰਮ ਕਰਨ ਲਈ ਗਏ ਸਨ।ਕਾਰ ਨੂੰ ਡਰਾਇਵਰ ਹਰਦੀਪ ਕੁਮਾਰ ਪੁੱਤਰ



ਵਿਜੇ ਕੁਮਾਰ ਵਾਸੀ ਰਾਏਸਰ ਚਲਾ ਰਿਹਾ ਸੀ।ਲੰਘੀ 12 ਫਰਵਰੀ ਸਵੇਰੇ ਕਰੀਬ 5 ਵਜੇ ਆਗਰਾ-ਲਖਨਊ ਐਕਸਪ੍ਰੈੱਸ-ਵੇ 'ਤੇ ਪਹੁੰਚਣ ਤੇ ਫਿਰੋਜ਼ਾਬਾਦ ਨੇੜੇ ਉਨ੍ਹਾਂ ਦੀ ਕਾਰ ਅਚਾਨਕ ਬੇਕਾਬੂ ਹੋ ਕੇ ਡਿਵਾਈਡਰ ਨਾਲ ਟਕਰਾਉਣ ਕਾਰਨ ਹਾਦਸਾਗ੍ਰਸਤ ਹੋ ਗਈ।ਇਸ ਭਿਆਨਕ ਹਾਦਸੇ 'ਚ ਹਰਪਾਲ ਸਿੰਘ ਛੀਨੀਵਾਲ ਕਲਾਂ (39) ਦੀ ਮੌਕੇ 'ਤੇ ਹੀ ਮੌਤ ਹੋ ਗਈ, ਜਦਕਿ ਬਾਕੀ ਤਿੰਨਾਂ ਨੂੰ ਗੰਭੀਰ ਜ਼ਖਮੀ ਹਾਲਤ ਵਿੱਚ ਨੇੜੇ ਦੇ ਸਿਵਲ ਹਸਪਤਾਲ ਦਾਖਲ ਕਰਵਾਇਆ ਗਿਆ, ਜਿੱਥੇ ਜ਼ਖਮਾਂ ਦੀ ਤਾਬ ਨਾ ਝੱਲਦਾ ਹੋਇਆ ਟੈਕਸੀ ਡਰਾਈਵਰ ਹਰਦੀਪ ਕੁਮਾਰ (38) ਪੁੱਤਰ ਵਿਜੇ ਕੁਮਾਰ ਵਾਸੀ ਰਾਏਸਰ ਵੀ ਦਮ ਤੋੜ ਗਿਆ।ਜ਼ਖਮੀ ਅਨੁਜ ਕੁਮਾਰ ਦੀ ਹਾਲਤ ਗੰਭੀਰ ਬਣੀ ਹੋਈ ਹੈ, ਲਖਵਿੰਦਰ ਸਿੰਘ ਗੁਰਮਾਂ ਦੀ ਹਾਲਤ ਖਤਰੇ ਤੋਂ ਬਾਹਰ ਦੱਸੀ ਜਾ ਰਹੀ ਹੈ।ਇਨ੍ਹਾਂ ਦੁਖਦਾਈ ਮੌਤਾਂ 'ਤੇ ਹਲਕੇ ਦੇ ਵੱਖ-ਵੱਖ ਰਾਜਸੀ, ਧਾਰਮਿਕ ਤੇ ਸਮਾਜਿਕ ਆਗੂਆਂ ਨੇ ਪੀੜਤ ਪਰਵਾਰਾਂ ਨਾਲ ਹਮਦਰਦੀ ਪ੍ਰਗਟ ਕੀਤੀ ਹੈ।

# ਸਮਾਜ ਸੇਵੀ ਨਿਰਮਲ ਸਿੰਘ ਡੱਲਾ ਨੂੰ ਕੀਤਾ ਸਨਮਾਨਤ

**ਬੱਧਨੀ ਕਲਾਂ (ਲਵਲੀ ਮਾਛੀਕੇ)**- ਪਿੰਡ ਡੱਲਾ ਦੇ ਸਾਬਕਾ ਸਰਪੰਚ ਸਵ: ਸੁਖਦੇਵ ਸਿੰਘ ਡੱਲਾ ਦੇ ਪਰਵਾਰ ਵੱਲੋਂ ਉੱਘੇ ਸਮਾਜ ਸੇਵਕ ਪ੍ਰਧਾਨ ਨਿਰਮਲ ਸਿੰਘ ਡੱਲਾ ਨੂੰ ਸਨਮਾਨਤ ਕੀਤਾ ਗਿਆ।ਇਸ ਮੌਕੇ ਬੀਬੀ ਗੁਰਮੇਲ ਕੌਰ ਤੇ ਯੂਥ ਆਗੂ ਰਣਜੀਤ ਸਿੰਘ ਨੇ ਕਿਹਾ ਕਿ ਪ੍ਰਧਾਨ ਨਿਰਮਲ ਸਿੰਘ ਡੱਲਾ ਆਪਣੇ ਪਿਤਾ ਸਵ: ਜਥੇਦਾਰ ਤਰਲੋਕ ਸਿੰਘ ਡੱਲਾ ਦੇ ਨਕਸ਼ੇ ਕਦਮਾ ਤੇ ਚੱਲਦਿਆਂ ਪਿੰਡ ਦੇ ਹਰ ਸਾਝੇ ਕੰਮ ਵਿੱਚ ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਵੱਧ ਚੜ੍ਹ ਕੇ ਸੇਵਾ



ਕਰਦੇ ਹਨ ਤੇ ਮੌਜੂਦਾ ਸਮੇਂ ਸਰਕਾਰੀ ਪ੍ਰਾਇਮਰੀ ਸਕੂਲ ਡੱਲਾ ਦੇ ਵਿਦਿਆਰਥੀਆਂ ਲਈ ਪਿੰਡ ਵਾਸੀਆ ਵੱਲੋਂ ਫਰੀ ਚਲਾਈ ਗਈ ਬੱਸ ਸੇਵਾ ਵਿੱਚ ਡਰਾਇਵਰ ਦੀ ਡਿਊਟੀ 'ਤੇ ਤਨਦੇਹੀ ਨਾਲ ਫਰੀ ਸੇਵਾ ਕਰਦੇ ਹਨ।ਉਨ੍ਹਾ ਦੱਸਿਆ ਕਿ ਇਲਾਕੇ ਦੀਆਂ ਵੱਖ-ਵੱਖ ਸੜਕਾਂ 'ਤੇ ਹੋਏ ਹਾਦਸਿਆਂ ਦੌਰਾਨ ਦੋ ਦਰਜਨ ਤੋਂ ਵੱਧ ਲੋਕਾਂ ਨੂੰ ਜਗਰਾਉਂ ਦੇ ਹਸਪਤਾਲਾਂ ਵਿੱਚ ਪਹੁੰਚਾ ਕੇ ਜਾਨ ਬਚਾ ਚੁੱਕੇ ਹਨ।ਉਨ੍ਹਾ ਕਿਹਾ ਕਿ ਸਾਨੂੰ ਅਜਿਹੇ ਵਿਅਕਤੀਆਂ ਤੋਂ ਸੇਧ ਲੈਣੀ ਚਾਹੀਦੀ ਹੈ।ਇਸ ਮੌਕੇ ਪ੍ਰਧਾਨ ਨਿਰਮਲ ਸਿੰਘ ਡੱਲਾ ਨੇ ਸਾਬਕਾ ਸਰਪੰਚ ਸਵ: ਸੁਖਦੇਵ ਸਿੰਘ ਦੇ ਪਰਵਾਰ ਦਾ ਧੰਨਵਾਦ ਕੀਤਾ।ਇਸ ਮੌਕੇ ਸਰਪੰਚ ਪਾਲੀ ਡੱਲਾ, ਨੰਬੜਦਾਰ ਸਿਮਰਨਜੀਤ ਸਿੰਘ, ਪ੍ਰਧਾਨ ਧੀਰਾ ਸਿੰਘ ਡੱਲਾ,ਪ੍ਰਧਾਨ ਜੋਰਾ ਸਿੰਘ ਕੈਨੇਡਾ, ਪ੍ਰਧਾਨ ਤੇਲੂ ਸਿੰਘ, ਪਰਮਜੀਤ ਸਿੰਘ, ਨਿਰਮਲਜੀਤ ਕੌਰ, ਬੀਬੀ ਹਰਬੰਸ ਕੌਰ, ਸੂਬੇਦਾਰ ਦੇਵੀ ਚੰਦ ਸ਼ਰਮਾ, ਮਾ: ਕਰਮ ਸਿੰਘ, ਗੁਰਚਰਨ ਸਿੰਘ ਸਰਾਂ ਕੈਨੇਡਾ, ਪਾਠੀ ਸਿੰਘ ਹੰਸ ਰਾਜ, ਗੁਰਚਰਨ ਸਿੰਘ, ਰੁਪਿੰਦਰਪਾਲ ਸਿੰਘ, ਨਰੇਸ਼ ਕੁਮਾਰ ਡੱਲਾ, ਹਰੀ ਸਿੰਘ, ਕਰਮਨ ਸਿੰਘ, ਜਸਮਨ ਸਿੰਘ, ਏਕਵੀਰ ਸਿੰਘ ਤੇ ਸਕੂਲ ਦੇ ਵਿਦਿਆਰਥੀ ਹਾਜ਼ਰ ਸਨ।

# ਮਾਤਾ ਗੁਜਰੀ ਕਾਲਜ ਦੀਆਂ ਵਿਦਿਆਰਥਣਾਂ ਨੇ ਧਾਰਮਿਕ ਪ੍ਰੀਖਿਆ 'ਚ ਹਾਸਲ ਕੀਤਾ ਵਜ਼ੀਫਾ

**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**- ਧਰਮ ਪ੍ਰਚਾਰ ਕਮੇਟੀ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਵੱਲੋਂ ਰਾਸ਼ਟਰੀ ਪੱਧਰ



ਦੀ ਸਾਲਾਨਾ ਧਾਰਮਿਕ ਪ੍ਰੀਖਿਆ ਲਈ ਜਾਂਦੀ ਹੈ ਜਿਸ ਦਾ ਮੁੱਖ ਮੰਤਵ ਸਕੂਲਾਂ ਤੇ ਕਾਲਜਾਂ ਦੇ ਵਿਦਿਆਰਥੀਆਂ ਨੂੰ ਗੁਰਬਾਣੀ ਤੇ ਸਿੱਖ ਇਤਿਹਾਸ ਨਾਲ ਜੋੜਨਾ ਹੈ।ਮਾਤਾ ਗੁਜਰੀ ਕਾਲਜ ਦੀਆਂ ਤਿੰਨ ਵਿਦਿਆਰਥਣਾਂ ਨੇ ਫਰਵਰੀ 2025 ਦੀ ਧਾਰਮਿਕ ਪ੍ਰੀਖਿਆ ਵਿੱਚ ਮੈਰਿਟ 'ਚ ਆ ਕੇ 9300 ਰੁਪਏ ਦੀ ਸਕਾਲਰਸ਼ਿਪ ਹਾਸਲ ਕੀਤੀ ਹੈ। ਵਰਣਨਯੋਗ ਹੈ ਕਿ ਬੀ.ਐੱਸ.ਸੀ. ਮੈਡੀਕਲ ਭਾਗ ਦੂਸਰਾ ਦੀ ਵਿਦਿਆਰਥਣ ਮਨਵੀਰ ਕੌਰ ਨੇ 200 ਵਿੱਚੋਂ 159 ਅੰਕ, ਬੀ.ਏ. ਆਨਰਜ਼ ਇਕਨਾਮਿਕਸ ਭਾਗ ਤੀਸਰਾ ਦੀ ਵਿਦਿਆਰਥਣ ਜਸ਼ਨਪ੍ਰੀਤ ਕੌਰ ਨੇ 152 ਅੰਕ ਤੇ ਬੀ.ਏ. ਆਨਰਜ਼ ਸੋਸ਼ਲ ਸਾਇੰਸਜ਼ ਭਾਗ ਤੀਸਰਾ ਦੀ ਵਿਦਿਆਰਥਣ ਗੁਰਪ੍ਰਤਾਪ ਕੌਰ ਨੇ 142 ਅੰਕ ਪ੍ਰਾਪਤ ਕਰ ਕੇ ਸਕਾਲਰਸ਼ਿਪ ਹਾਸਲ ਕੀਤੀ ਹੈ। ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਜੂਨੀਅਰ ਮੀਤ ਪ੍ਰਧਾਨ ਤੇ ਕਾਲਜ ਗਵਰਨਿੰਗ ਬਾਡੀ ਦੇ ਮੈਂਬਰ ਸ੍ਰ. ਅਵਤਾਰ ਸਿੰਘ ਰਿਆ ਨੇ ਵਜ਼ੀਫਾ ਪ੍ਰਾਪਤ ਕਰਨ ਵਾਲੀਆਂ ਵਿਦਿਆਰਥਣਾਂ ਨੂੰ ਮੁਬਾਰਕਬਾਦ ਦਿੰਦਿਆਂ ਉਨ੍ਹਾਂ ਨੂੰ ਭਵਿੱਖ ਵਿੱਚ ਵੀ ਧਾਰਮਿਕ ਤੇ ਅਕਾਦਮਿਕ ਗਤੀਵਿਧੀਆਂ ਵਿੱਚ ਹੋਰ ਵਧੀਆ ਕਾਰਗੁਜ਼ਾਰੀ ਦਿਖਾਉਣ ਲਈ ਪ੍ਰੇਰਿਤ ਕੀਤਾ।ਕਾਲਜ ਦੇ ਡਾਇਰੈਕਟਰ ਪ੍ਰਿੰਸੀਪਲ ਡਾ. ਕਸ਼ਮੀਰ ਸਿੰਘ, ਵਾਈਸ ਪ੍ਰਿੰਸੀਪਲ ਡਾ. ਬਿਕਰਮਜੀਤ ਸਿੰਘ ਨੇ ਵਿਦਿਆਰਥਣਾਂ ਦੀ ਧਾਰਮਿਕ ਖੇਤਰ 'ਚ ਕੀਤੀ ਗਈ ਸ਼ਾਨਦਾਰ ਪ੍ਰਾਪਤੀ ਦੀ ਭਰਪੂਰ ਸ਼ਲਾਘਾ ਕਰਦਿਆਂ ਉਨ੍ਹਾਂ ਦੇ ਉੱਜਲੇ ਭਵਿੱਖ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ।ਇਸ ਮੌਕੇ ਕਾਲਜ ਦੇ ਧਰਮ ਅਧਿਐਨ ਵਿਭਾਗ ਦੇ ਮੁਖੀ ਡਾ. ਗੁਰਬਾਜ ਸਿੰਘ, ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਤੋਂ ਧਰਮ ਪ੍ਰਚਾਰਕ ਸ੍ਰ. ਅਵਤਾਰ ਸਿੰਘ, ਸ੍ਰ. ਗੁਰਿੰਦਰਜੀਤ ਸਿੰਘ ਤੇ ਸ੍ਰ. ਗੁਰਦੀਪ ਸਿੰਘ ਨੌਲੱਖਾ ਹਾਜ਼ਰ ਸਨ।

# ਗੁਰੂ ਰਵਿਦਾਸ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਤ 14ਵਾਂ ਸਾਲਾਨਾ ਧਾਰਮਿਕ ਸਮਾਗਮ

**ਨਾਭਾ (ਵਰਿੰਦਰ ਵਰਮਾ)**- ਯੂਥ ਕਲਚਰ ਐਂਡ ਵੈੱਲਫੇਅਰ ਕਲੱਬ ਨਾਭਾ ਵੱਲੋਂ ਆਜ਼ਾਦ ਵੈੱਲਫੇਅਰ ਐਂਡ ਸਪੋਰਟਸ ਕਲੱਬ (ਨਾਭਾ ਕਬੱਡੀ ਕੱਪ) ਅਤੇ ਲੋਕਲ ਗੁਰਦੁਆਰਾ ਪ੍ਰਬੰਧਕ ਕਮੇਟੀ ਤੇ ਸੰਗਤਾਂ ਦੇ ਸਹਿਯੋਗ ਨਾਲ ਇੰਪਰੂਵਮੈਂਟ ਟਰੱਸਟ ਦੇ



ਚੇਅਰਮੈਨ ਜੱਸੀ ਸੋਹੀਆਂ ਵਾਲਾ ਦੀ ਅਗਵਾਈ ਹੇਠ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 649ਵੇਂ ਪ੍ਰਕਾਸ਼ ਦਿਹਾੜੇ ਨੂੰ ਸਮਰਪਤ ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਨਗਰ, ਨਾਭਾ ਵਿਖੇ 14ਵਾਂ ਸਾਲਾਨਾ ਧਾਰਮਿਕ ਸਮਾਗਮ ਕਰਵਾਇਆ ਗਿਆ।ਇਸ ਮੌਕੇ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਉਪਰੰਤ ਸੰਤ ਬਾਬਾ ਦਲਬਾਰਾ ਸਿੰਘ ਰੋਹੀਸਰ ਸਾਹਿਬ ਮਾਲੋਵਾਲ ਵਾਲਿਆਂ ਨੇ ਕਥਾ ਕੀਰਤਨ ਜ਼ਰੀਏ ਸੰਗਤਾਂ ਨੂੰ ਗੁਰਬਾਣੀ ਨਾਲ ਜੋੜਿਆ ਤੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਜੀਵਨ ਬਾਰੇ ਚਾਨਣਾ ਪਾਇਆ।ਇਸ ਮੌਕੇ ਗੁਰਦੁਆਰਾ ਸਾਹਿਬ ਦੇ ਹੈੱਡ ਗ੍ਰੰਥੀ ਬਾਬਾ ਬਲਜਿੰਦਰ ਸਿੰਘ ਨੇ ਵੀ ਕਥਾ ਕੀਰਤਨ ਰਾਹੀਂ ਆਪਣੀ ਹਾਜ਼ਰੀ ਭਰੀ। ਇੰਪਰੂਵਮੈਂਟ ਟਰੱਸਟ ਦੇ ਚੇਅਰਮੈਨ ਜੱਸੀ ਸੋਹੀਆਂ ਵਾਲਾ ਨੇ ਆਈਆਂ ਸੰਗਤਾਂ ਦਾ ਧੰਨਵਾਦ ਕੀਤਾ ਤੇ ਸਮੁੱਚੇ ਪ੍ਰਬੰਧਕਾਂ ਵੱਲੋਂ ਆਈਆਂ ਸ਼ਖ਼ਸੀਅਤਾਂ ਦਾ ਸਨਮਾਨ ਕੀਤਾ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਚਰਨ ਸਿੰਘ ਐੱਮ ਡੀ ਮਲਕੀਤ ਕੰਬਾਈਨ ਐਗਰੋਟੈਕ ਇੰਡਸਟਰੀ, ਜਥੇਦਾਰ ਲਾਲ ਸਿੰਘ ਰਣਜੀਤਗੜ੍ਹ, ਸੰਤ ਬਾਬਾ ਦਾਰਾ ਸਿੰਘ ਮੂਲਾਬੱਧਾ ਵਾਲੇ, ਬਾਬਾ ਜਗਜੀਤ ਸਿੰਘ ਕਕਰਾਲਾ, ਭਾਈ ਨਿਰਮਲ ਸਿੰਘ ਉੱਧਾ, ਮਾ. ਅਮਰ ਸਿੰਘ ਟੋਡਰਵਾਲ, ਰਾਮ ਸਿੰਘ ਮਹਿਮੀ, ਗੋਪੀ ਫੈਜ਼ਗੜ੍ਹ, ਕੇਵਲ ਸਿੰਘ ਰਣਜੀਤਗੜ੍ਹ ਮੈਂਬਰ ਬਲਾਕ ਸੰਮਤੀ, ਲਾਡੀ ਸੋਹੀ ਸਰਪੰਚ ਰਣਜੀਤਗੜ੍ਹ, ਲਾਲੀ ਫਤਿਹਪੁਰ, ਗੁਰਮੁੱਖ ਸਿੰਘ ਮੋਹਲਗੁਆਰਾ ਸਰਪੰਚ, ਸੁਖਜੀਤ ਸਿੰਘ ਹਾਂਸ, ਦਵਿੰਦਰ ਸਿੰਘ ਬੂਹੀ, ਹਨੀ ਪਹਾੜਪੁਰ, ਹੈਪੀ ਬੁੱਗਾ, ਸੁੱਖੀ ਢੀਂਡਸਾ ਬਿਸ਼ਨਗੜ੍ਹ ਸਰਪੰਚ, ਕੁਲਵੰਤ ਸਿੰਘ ਅਟਵਾਲ ਸਰਪੰਚ, ਕੁਲਜੀਤ ਸਿੰਘ ਸਰਪੰਚ ਲੁਹਾਰ ਮਾਜਰਾ, ਗੁਰਚਰਨ ਸਿੰਘ ਲੁਹਾਰ ਮਾਜਰਾ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਹਲਕੇ ਦੀਆਂ ਸੰਗਤਾਂ ਤੇ ਪਿੰਡਾਂ ਦੇ ਪੰਚ-ਸਰਪੰਚ ਅਤੇ ਹੋਰ ਮੋਹਤਬਰ ਸ਼ਖ਼ਸੀਅਤਾਂ ਮੌਜੂਦ ਸਨ।

# ਸਟੀਫਨ ਇੰਟਰਨੈਸ਼ਨਲ ਸਕੂਲ 'ਚ ਸ਼ਾਨਦਾਰ ਵਿਦਾਇਗੀ ਸਮਾਰੋਹ

**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)** : ਸਟੀਫਨ ਇੰਟਰਨੈਸ਼ਨਲ ਸਕੂਲ ਵੱਲੋਂ ਕਲਾਸ 12 ਦੇ ਵਿਦਿਆਰਥੀਆਂ (ਬੈਚ 2025-26) ਦੇ ਸਨਮਾਨ ਵਿੱਚ ਇੱਕ ਭਾਵੁਕ ਤੇ ਸ਼ਾਨਦਾਰ ਵਿਦਾਇਗੀ ਸਮਾਰੋਹ ਕਰਵਾਇਆ ਗਿਆ।ਇਹ ਸਮਾਰੋਹ ਵਿਦਿਆਰਥੀਆਂ ਦੀ ਮਿਹਨਤ, ਉਪਲਬਧੀਆਂ ਤੇ ਸਕੂਲ ਨਾਲ ਜੁੜੀਆਂ ਯਾਦਾਂ ਨੂੰ ਸਮਰਪਤ ਰਿਹਾ।ਸਕੂਲ ਕੈਂਪਸ ਨੂੰ ਸੁੰਦਰ ਢੰਗ ਨਾਲ ਸਜਾਇਆ



ਗਿਆ, ਜਿਸ ਨਾਲ ਪੂਰਾ ਮਾਹੌਲ ਖੁਸ਼ੀ ਅਤੇ ਉਤਸ਼ਾਹ ਨਾਲ ਭਰ ਗਿਆ। ਜੂਨੀਅਰ ਵਿਦਿਆਰਥੀਆਂ ਨੇ ਗੀਤ, ਨ੍ਰਿਤਯ ਤੇ ਸੱਭਿਆਚਾਰਕ ਪ੍ਰਸਤੁਤੀਆਂ ਰਾਹੀਂ ਸਿਨੀਅਰਾਂ ਨੂੰ ਸ਼ੁੱਭ-ਕਾਮਨਾਵਾਂ ਦਿੱਤੀਆਂ।ਇਸ ਮੌਕੇ ਵੱਖ-ਵੱਖ ਖ਼ਿਤਾਬ ਤੇ ਸਨਮਾਨ ਵੀ ਪ੍ਰਦਾਨ ਕੀਤੇ ਗਏ, ਜਿਸ ਨਾਲ ਸਮਾਰੋਹ ਹੋਰ ਵੀ ਯਾਦਗਾਰ ਬਣ ਗਿਆ। ਇਸ ਮੌਕੇ ਪ੍ਰਿੰਸਿਪਲ-ਡਾਇਰੈਕਟਰ ਮੈਡਮ ਮੋਨਿਕਾ ਸ਼ਰਮਾ ਤੇ ਚੇਅਰਮੈਨ ਸ੍ਰੀ ਦੀਪਕ ਕੁਮਾਰ ਨੇ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਰੌਸ਼ਨ ਭਵਿੱਖ ਲਈ ਸ਼ੁੱਭ-ਕਾਮਨਾਵਾਂ ਦਿੰਦਿਆਂ ਉਨ੍ਹਾਂ ਨੂੰ ਆਤਮਵਿਸ਼ਵਾਸ, ਅਨੁਸ਼ਾਸਨ ਤੇ ਚੰਗੇ ਮੁੱਲਾਂ ਨਾਲ ਅੱਗੇ ਵਧਣ ਲਈ ਪ੍ਰੇਰਿਤ ਕੀਤਾ।ਵਿਦਾਇਗੀ ਸਮਾਰੋਹ ਭਾਵੁਕ ਭਾਸ਼ਣਾਂ, ਕੇਕ ਕਟਿੰਗ ਤੇ ਯਾਦਗਾਰ ਪਲਾਂ ਨਾਲ ਸੰਪੰਨ ਹੋਇਆ।

# ਸਰਕਾਰ ਪੈਨਸ਼ਨਰਾਂ ਦਾ ਜਾਮ ਕੀਤਾ 16 ਫੀਸਦੀ ਡੀ ਏ ਜਾਰੀ ਕਰੇ : ਸੁਖਮੰਦਰ ਸਿੰਘ

**ਮੋਗਾ (ਇਕਬਾਲ ਸਿੰਘ ਖਹਿਰਾ)**- ਪੰਜਾਬ ਗੌਰਮਿੰਟ ਪੈਨਸ਼ਨਰਜ਼ ਐਸੋਸੀਏਸ਼ਨ ਜ਼ਿਲ੍ਹਾ ਇਕਾਈ ਮੋਗਾ ਦੇ ਪ੍ਰਧਾਨ ਲੈਕ: ਸੁਖਮੰਦਰ ਸਿੰਘ ਨੇ ਜਥੇਬੰਦੀ ਦੀ ਮਹੀਨਾ ਵਾਰ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਪੰਜਾਬ ਸਰਕਾਰ ਦੇ ਮੁਲਾਜ਼ਮਾਂ, ਪੈਨਸ਼ਨਰਾਂ ਨੂੰ ਕੇਂਦਰ ਤੇ ਗਵਾਂਢੀ ਰਾਜਾਂ ਵਾਂਗ ਡੀ ਏ 58% ਕਰਕੇ ਜਾਮ ਕੀਤੇ ਡੀ ਏ ਦਾ 158 ਮਹੀਨੇ ਦਾ ਬਕਾਇਆ ਜਾਰੀ ਕਰੇ, ਛੇਵੇਂ ਪੈਕਮਿਸ਼ਨ ਦੀ ਸਿਫ਼ਾਰਸ਼ ਮੁਤਾਬਕ 1-1-2016 ਤੋਂ ਪਹਿਲਾਂ ਸੇਵਾ ਮੁਕਤ ਪੈਨਸ਼ਨਰਾਂ ਦੀਆਂ ਪੈਨਸ਼ਨਾਂ 2.59 ਦੇ ਗੁਣਾਂਕ ਤੇ ਨੈਸ਼ਨਲ ਸੋਧ ਵਿਧੀ ਰਾਹੀਂ ਸੋਧੀਆਂ ਜਾਣ, ਮੈਡੀਕਲ ਭੱਤਾ ਘੱਟੋ ਘੱਟ 2000 ਰੁਪਏ ਕੀਤਾ ਜਾਵੇ, ਸੱਤਵਾਂ ਪੈਕਮਿਸ਼ਨ ਗਠਤ ਕਰਕੇ 1 ਜਨਵਰੀ 2026 ਤੋਂ ਬਣਦੇ ਪੈਨਸ਼ਨਰੀ ਲਾਭ ਦਿੱਤੇ ਜਾਣ।80 ਸਾਲ ਦੀ ਉਮਰ ਤੋਂ ਉੱਪਰ ਬੁਢਾਪੇ ਦੀ ਉਮਰ ਵਿੱਚ ਆਪਣੀ ਕਿਰਿਆ ਸੋਧਣ ਤੋਂ ਅਸਮਰਥ ਪੈਨਸ਼ਨਰਾਂ ਨੂੰ ਸਹਾਇਕ ਰੱਖਣ ਲਈ ਘੱਟੋ ਘੱਟ ਦਸ ਹਜ਼ਾਰ ਰੁਪਏ ਸਪੈਸ਼ਲ ਭੱਤਾ ਦਿੱਤਾ ਜਾਵੇ। ਪੰਜਾਬ ਸਰਕਾਰ ਵੱਲੋਂ 10 ਲੱਖ ਤੱਕ ਇਲਾਜ ਕਰਵਾਉਣ ਲਈ ਪੈਨਸ਼ਨਰਾਂ ਲਈ ਅਲੱਗ ਨੋਟੀਫਿਕੇਸ਼ਨ ਜਾਰੀ ਕਰਕੇ ਇਲਾਜ ਕਰਵਾਉਣ 'ਤੇ ਹੋਏ ਖਰਚੇ ਦੀ ਪੂਰਤੀ ਲਈ ਸਪੱਸ਼ਟ ਹਦਾਇਤਾਂ ਜਾਰੀ ਕੀਤੀਆਂ ਜਾਣ।ਮੀਟਿੰਗ ਵਿੱਚ ਸੂਬਾ ਪ੍ਰਧਾਨ ਭਜਨ ਸਿੰਘ



ਗਿੱਲ, ਸੂਬਾ ਜਨਰਲ ਸਕੱਤਰ ਸੁਰਿੰਦਰ ਰਾਮ ਕੁੱਸਾ ਸੀਤ ਪ੍ਰਧਾਨ ਚਮਕੌਰ ਸਿੰਘ ਸਰਾਂ, ਵਿੱਤ ਸਕੱਤਰ ਪ੍ਰੇਮ ਕੁਮਾਰ ਜ਼ਿਲ੍ਹਾ ਸਕੱਤਰ ਸਰਬਜੀਤ ਦੌਧਰ ਨੇ ਦੱਸਿਆ ਕਿ ਜੇਕਰ ਪੰਜਾਬ ਸਰਕਾਰ ਨੇ ਉਪਰੋਕਤ ਮੰਗਾਂ ਮੰਨਣ ਲਈ ਪੈਨਸ਼ਨਰ ਆਗੂਆਂ ਨਾਲ ਮੀਟਿੰਗ ਨਾ ਕੀਤੀ ਤਾਂ ਬੱਜਟ ਸੈਸ਼ਨ ਤੋਂ ਪਹਿਲਾਂ ਮਾਰਚ ਦੇ ਸ਼ੁਰੂ ਵਿੱਚ ਮੁੱਖ ਮੰਤਰੀ ਤੇ ਵਿੱਤ ਮੰਤਰੀ ਦੇ ਸ਼ਹਿਰ ਸੰਗਰੂਰ ਵਿੱਚ ਪੈਨਸ਼ਨਰ ਜੁਆਇੰਟ ਫਰੰਟ ਵੱਲੋਂ ਵਿਸ਼ਾਨ ਇਕੱਠ ਕਰਕੇ ਰੋਹ ਭਰਪੂਰ ਰੈਲੀ ਕੀਤੀ ਜਾਵੇਗੀ। ਜੇਕਰ ਮੰਗਾਂ ਦਾ ਨਿਪਟਾਰਾ ਨਾ ਕੀਤਾ ਤਾਂ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਵੱਲੋਂ ਉਲੀਕੇ ਪ੍ਰੋਗਰਾਮ ਅਨੁਸਾਰ ਬੱਜਟ ਸੈਸ਼ਨ ਦੌਰਾਨ ਚੰਡੀਗੜ੍ਹ ਵਿਖੇ ਚਾਰ ਦਿਨ ਲਗਾਤਾਰ ਲਗਾਏ ਜਾਣ ਵਾਲੇ ਧਰਨੇ ਵਿੱਚ ਜਥੇਬੰਦੀ ਵੱਲੋਂ ਭਰਵੀਂ ਸ਼ਮੂਲੀਅਤ ਕੀਤੀ ਜਾਵੇਗੀ।ਪ੍ਰੈੱਸ ਸਕੱਤਰ ਗਿਆਨ ਸਿੰਘ ਸਾਬਕਾ ਡੀ ਪੀ ਆਰ ਓ ਨੇ ਦੱਸਿਆ ਕਿ ਜਥੇਬੰਦੀ ਦੀ ਬਲਾਕ/ਸਬ ਡਵੀਜ਼ਨ ਤੇ ਜ਼ਿਲ੍ਹੇ ਦੀ ਚੋਣ ਮਾਰਚ ਵਿੱਚ ਕੀਤੀ ਜਾਵੇਗੀ, ਸੋ ਸਮੂਹ ਸਬ-ਡਵੀਜ਼ਨ ਕਮੇਟੀਆਂ ਆਪਣੀ ਆਪਣੀ ਮੈਂਬਰਸ਼ਿੱਪ ਇਸ ਮਹੀਨੇ ਵਿੱਚ ਪੂਰੀ ਕਰਕੇ ਜ਼ਿਲ੍ਹਾ ਕਮੇਟੀ ਦਾ ਬਣਦਾ ਹਿੱਸਾ ਮਾਰਚ ਵਿੱਚ ਜਮ੍ਹਾਂ ਕਰਵਾਉਣ ਦੀ ਖੇਚਲ ਕਰਨ।ਬਿੱਕਰ ਸਿੰਘ ਮਾਛੀਕੇ, ਕਿਹਰ ਸਿੰਘ ਕ੍ਰਿਸ਼ਨਪੁਰਾ, ਦਰਸ਼ਨ ਸਿੰਘ ਮੱਲੀ ਬਲਬੀਰ ਸਿੰਘ ਮੋਗਾ, ਗੁਰਜੰਟ ਸਿੰਘ ਸੰਘਾ, ਨਾਇਬ ਸਿੰਘ, ਬਲੌਰ ਸਿੰਘ, ਸ਼ਮਸ਼ੇਰ ਸਿੰਘ, ਇੰਦਰ ਜੀਤ ਸਿੰਘ, ਪ੍ਰੀਤਮ ਸਿੰਘ ਕੈਂਥ, ਅਮਰ ਸਿੰਘ ਰਣੀਆ ਨੇ ਪੈਨਸ਼ਨਰਾਂ ਨੂੰ ਈ ਕੇ ਵਾਈ ਸੀ ਕਰਵਾਉਣ ਸਬੰਧੀ ਸਿਰਫ ਖਜ਼ਾਨਾ ਦਫ਼ਤਰ ਜਾਂ ਸਬੰਧਤ ਬੈਂਕ ਬਰਾਂਚ ਨਾਲ ਸੰਪਰਕ ਕਰਨ ਲਈ ਕਿਹਾ ਤੇ ਕਿਸੇ ਅਣਜਾਣ ਮੈਸਿਜ਼ ਜਾਂ ਫੋਨ ਕਾਲ 'ਤੇ ਵਿਸ਼ਵਾਸ ਨਾ ਕਰਨ ਦਾ ਸੁਝਾਅ ਦਿੱਤਾ।ਇਸ ਸਮੇਂ ਪਿਛਲੇ ਸਮੇਂ ਵਿਛੋੜਾ ਦੇ ਗਏ ਸਾਬਕਾ ਜ਼ਿਲ੍ਹਾ ਪ੍ਰਧਾਨ ਜੁਗਿੰਦਰ ਸਿੰਘ ਸੰਧੂ, ਸੁਰਿੰਦਰ ਪਾਲ ਸਿੰਘ ਭਲੂਰ, ਮਹਿੰਦਰ ਸਿੰਘ ਸੈਦੋਕੇ, ਸਵਰਨ ਸਿੰਘ ਲੰਗੇਆਣਾ, ਗੁਰਮੇਲ ਸਿੰਘ ਮਾਣੂਕੇ, ਲਛਮਣ ਸਿੰਘ ਫਤਿਹਗੜ੍ਹ ਕੋਰੋਟਾਣਾ, ਗਗਨ ਦੀਪ ਭੱਜਾ ਬਾਘਾ ਪੁਰਾਣਾ, ਸੁਖਮੰਦਰ ਸਿੰਘ ਮਾਣੂਕੇ, ਸੂਰਜ ਪ੍ਰਕਾਸ਼ ਮੋਗਾ, ਨੱਥਾ ਸਿੰਘ ਉੱਗੋਕੇ, ਹਰਦੀਪ ਸਿੰਘ ਪੀ. ਐੱਸ. ਬੀ. ਮੋਗਾ ਤੇ ਸੁਰਿੰਦਰ ਕੌਰ ਮੋਗਾ ਨੂੰ ਸ਼ਰਧਾਂਜਲੀ ਭੇਟ ਕੀਤੀ। ਮੀਟਿੰਗ ਵਿੱਚ ਬਹੁਤ ਸਾਰੇ ਸਰਗਰਮ ਵਰਕਰ ਤੇ ਆਗੂ ਸ਼ਾਮਲ ਹੋਏ।

# ਕੇਂਦਰੀ ਬਜਟ 'ਚੋਂ ਪੰਜਾਬ ਨੂੰ ਦਰਕਿਨਾਰ ਕੀਤਾ ਜਾਣਾ ਸਰਾਸਰ ਧੱਕਾ : ਪ੍ਰੋ. ਬਡੂੰਗਰ

**ਪਟਿਆਲਾ (ਰਾਜਿੰਦਰ ਥਿੰਦ)**- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਕੇਂਦਰ ਬਜਟ ਵਿੱਚੋਂ ਪੰਜਾਬ ਨੂੰ ਬਾਹਰ ਕੀਤੇ ਜਾਣ ਦੀ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਇਕ ਪਾਸੇ ਪੰਜਾਬ ਤੇ ਕਿਸਾਨੀ ਦਰਪੇਸ਼ ਮਸਲਿਆਂ ਵਿੱਚ ਜੂਝ ਰਹੇ ਹਨ, ਅਜਿਹੇ ਵਿੱਚ ਕੇਂਦਰੀ ਬਜਟ 'ਚੋਂ ਪੰਜਾਬ ਨੂੰ ਬਿਲਕੁਲ ਦਰਕਿਨਾਰ ਕੀਤਾ ਜਾਣਾ ਸਰਾਸਰ ਪੰਜਾਬ ਨਾਲ ਵੱਡਾ ਧੱਕਾ ਹੈ। ਪ੍ਰੋ. ਬਡੂੰਗਰ ਨੇ ਕਿਹਾ ਕਿ ਪੰਜਾਬ ਖੇਤੀ ਪ੍ਰਧਾਨ ਸੂਬਾ ਹੈ ਤੇ ਬਜਟ ਵਿੱਚ ਕਿਸਾਨਾਂ ਨੂੰ ਕੋਈ ਵੱਡੀ ਰਾਹਤ ਨਹੀਂ ਦਿੱਤੀ ਗਈ।ਉਨ੍ਹਾਂ ਕਿਹਾ ਕਿ ਕੇਂਦਰ ਵਿਚ ਸੱਤਾ ਹੰਢਾ ਰਹੀ ਸਰਕਾਰ ਇਕ ਪਾਸੇ ਤਾਂ ਪੰਜਾਬ ਵਿੱਚ ਸੱਤਾ ਹੰਢਾਉਣ ਲਈ ਕੋਸ਼ਿਸ਼ਾਂ ਕਰ ਰਹੀ ਹੈ, ਪ੍ਰੰਤੂ ਪੰਜਾਬ ਨੂੰ ਹੀ ਕੋਈ ਰਾਹਤ ਨਾ ਦੇਣ ਤੋਂ ਸਪੱਸ਼ਟ ਹੁੰਦਾ ਹੈ ਕਿ ਕੇਂਦਰ ਵਿਚਲੀ ਸਰਕਾਰ ਕੇਵਲ ਜੁਮਲੇਬਾਜ਼ੀ ਵਿੱਚ ਲੱਗੀ ਹੋਈ ਹੈ।ਸਾਬਕਾ ਪ੍ਰਧਾਨ ਨੇ ਕਿਹਾ ਕਿ ਪੰਜਾਬ ਨੂੰ ਪੈਰਾਂ ਸਿਰ ਕਰਨ ਲਈ ਇਸ ਸਮੇਂ ਵੱਡੇ ਰਾਹਤ ਪੈਕੇਜ ਦੀ ਲੋੜ ਹੈ ਤੇ ਪੰਜਾਬ ਨੂੰ ਕਰਜ਼ਾ ਮੁਕਤ ਕਰਨ ਲਈ ਕੋਈ ਵੀ ਵਿਸ਼ੇਸ਼ ਪੈਕੇਜ ਨਹੀਂ ਰੱਖਿਆ ਗਿਆ।ਪ੍ਰੋ. ਬਡੂੰਗਰ ਨੇ ਕਿਹਾ ਕਿ ਕਿਸਾਨ ਤੇ ਕਿਸਾਨੀ ਇਸ ਸਮੇਂ ਸੰਘਰਸ਼ 'ਤੇ ਨਿਕਲੇ ਹੋਏ ਹਨ ਤੇ ਕਿਸਾਨਾਂ ਨੂੰ ਵੀ ਬਜਟ ਵਿੱਚ ਕੋਈ ਰਾਹਤ ਨਹੀਂ ਦਿੱਤੀ ਗਈ।ਦੂਜੇ ਪਾਸੇ ਅਮਰੀਕਾ ਵਰਗੇ ਦੇਸ਼ ਨਾਲ ਅਜਿਹੀਆਂ ਡੀਲਜ਼ ਕੀਤੀਆਂ ਜਾ ਰਹੀਆਂ, ਜਿਸ ਨਾਲ ਇਕ ਵਾਰ ਫਿਰ ਕਿਸਾਨ ਸੰਘਰਸ਼ ਦੀਆਂ ਬਰੂਹਾਂ 'ਤੇ ਵਿਖਾਈ ਦੇ ਰਹੇ ਹਨ।ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਯੋਗ ਐੱਮ ਐੱਸ ਪੀ ਵੀ ਨਾ ਦੇਣਾ ਦਰਸਾਉਂਦਾ ਹੈ ਕਿ ਕੇਂਦਰ ਵਿਚਲੀ ਸਰਕਾਰ ਬਹੁਤ ਸਾਰੇ ਫੈਸਲਿਆਂ ਨੂੰ ਥੋਪਮ 'ਤੇ ਲੱਗੀ ਹੋਈ ਹੈ, ਜਦਕਿ ਪੰਜਾਬ ਤੇ ਕਿਸਾਨੀ ਲਈ ਕੋਈ ਰਾਹਤ ਕੇਂਦਰ ਬਜਟ ਵਿੱਚ ਨਹੀਂ ਰੱਖੀ ਗਈ, ਜਿਸ ਤੋਂ ਸਪੱਸ਼ਟ ਨਜ਼ਰ ਆਉਂਦਾ ਹੈ ਕਿ ਕੇਂਦਰ ਵਿਚਲੀ ਸਰਕਾਰ ਦਾ ਪੰਜਾਬ ਪ੍ਰਤੀ ਕੋਈ ਮੋਹ ਨਹੀਂ ਹੈ।

# ਗਲੋਬਲ ਸਕੂਲ ਦੀਆਂ ਵਿਦਿਆਰਥਣਾਂ ਦਾ ਖੇਡਾਂ 'ਚ ਸ਼ਾਨਦਾਰ ਪ੍ਰਦਰਸ਼ਨ

**ਰਾਮਪੁਰਾ ਫੂਲ (ਦਰਸ਼ਨ ਜਿੰਦਲ)**- ਸੀ.ਬੀ.ਐੱਸ.ਈ. ਵੱਲੋਂ ਮਾਨਤਾ ਪ੍ਰਾਪਤ ਸਰਾਫ਼ ਐਜੂਕਿਨ ਗਲੋਬਲ ਡਿਸਕਵਰੀ ਸਕੂਲ ਰਾਮਪੁਰਾ ਫੂਲ ਦੀਆਂ ਵਿਦਿਆਰਥਣਾਂ ਨੇ ਖੇਲੋ ਇੰਡੀਆ ਮਹਿਲਾ 2025-26 ਅਧੀਨ ਆਯੋਜਿਤ ਅਸ਼ਮਿਤਾ ਸਪੈਕਟਰਾ ਸਿਟੀ ਲੀਗ ਮੁਕਾਬਲੇ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸਕੂਲ ਦਾ ਨਾਮ ਰੌਸ਼ਨ ਕੀਤਾ।ਜ਼ਿਲ੍ਹਾ ਪੱਧਰੀ ਇਨ੍ਹਾਂ ਖੇਡ ਮੁਕਾਬਲਿਆਂ ਵਿੱਚ ਸੀਨੀਅਰ ਗਰਲਜ਼ ਟੀਮ ਨੇ ਬਿਹਤਰੀਨ ਖੇਡ ਕੁਸ਼ਲਤਾ, ਅਨੁਸ਼ਾਸਨ ਤੇ ਟੀਮ ਭਾਵਨਾ ਦਾ ਪ੍ਰਦਰਸ਼ਨ ਕਰਦਿਆਂ ਤੀਜਾ ਸਥਾਨ ਹਾਸਲ ਕੀਤਾ।ਇਸ ਦੇ ਨਾਲ ਹੀ ਸਬ-ਜੂਨੀਅਰ ਗਰਲਜ਼ ਟੀਮ ਨੇ ਵੀ ਕੜੀ ਮਿਹਨਤ ਤੇ ਆਤਮ-ਵਿਸ਼ਵਾਸ ਦੇ ਬਲਬੂਤੇ ਤੀਜਾ ਸਥਾਨ ਪ੍ਰਾਪਤ ਕਰਕੇ ਸਕੂਲ ਦੀਆਂ ਉਪਲਬਧੀਆਂ ਵਿੱਚ ਇੱਕ ਹੋਰ ਸੁਨਹਿਰਾ ਅਧਿਆਇ ਜੋੜ



ਦਿੱਤਾ। ਇਸ ਮੌਕੇ ਸਕੂਲ ਦੇ ਉੱਪ-ਚੇਅਰਮੈਨ ਅਮਿਤ ਸਰਾਫ਼ ਨੇ ਖਿਡਾਰਨਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਸਾਡੀਆਂ ਧੀਆਂ ਅੱਜ ਹਰ ਖੇਤਰ ਵਿੱਚ ਆਪਣੀ ਪ੍ਰਤਿਭਾ ਨਾਲ ਨਵੀਆਂ ਉੱਚਾਈਆਂ ਛੂਹ ਰਹੀਆਂ ਹਨ। ਖੇਡਾਂ ਨਾ ਸਿਰਫ਼ ਸਰੀਰਕ ਵਿਕਾਸ ਦਾ ਸਾਧਨ ਹਨ, ਸਗੋਂ ਇਹ ਆਤਮ-ਵਿਸ਼ਵਾਸ ਤੇ ਅਨੁਸ਼ਾਸਨ ਵੀ ਸਿਖਾਉਂਦੀਆਂ ਹਨ।ਸਾਨੂੰ ਉਮੀਦ ਹੈ ਕਿ ਉਹ ਭਵਿੱਖ ਵਿੱਚ ਰਾਸ਼ਟਰੀ ਤੇ ਅੰਤਰਰਾਸ਼ਟਰੀ ਪੱਧਰ 'ਤੇ ਵੀ ਸਕੂਲ ਤੇ ਦੇਸ਼ ਦਾ ਨਾਮ ਰੌਸ਼ਨ ਕਰਨਗੀਆਂ।

# 'ਕਰ ਭਲਾ ਹੋ ਭਲਾ' ਸੰਸਥਾ ਦੀ ਪ੍ਰੇਰਣਾ ਸਦਕਾ ਪਰਵਾਰ ਵੱਲੋਂ ਰਾਜ ਕੁਮਾਰ ਦੀਆਂ ਮਰਨ ਉਪਰੰਤ ਅੱਖਾਂ ਦਾਨ

**ਜਗਰਾਉਂ (ਅਮਿਤ ਖੰਨਾ)** ਕਰ ਭਲਾ ਹੋ ਭਲਾ ਸੰਸਥਾ ਦੇ ਸਾਬਕਾ ਪ੍ਰਧਾਨ ਤੇ ਅੱਖਾਂ ਦੇ ਦਾਨੀ ਸਵਰਗੀ ਅਮਿਤ ਅਰੋੜਾ ਤੋਂ ਪ੍ਰੇਰਿਤ ਹੋ ਕੇ ਸ਼ਨੀਵਾਰ ਨੂੰ ਜਗਰਾਉਂ ਦੇ ਫਿਲੀ ਗੇਟ ਦੇ





ਵਸਨੀਕ ਬਜ਼ੁਰਗ ਰਾਜ ਕੁਮਾਰ ਕਪੂਰ ਦੀ ਮੌਤ ਤੋਂ ਬਾਅਦ ਉਨ੍ਹਾਂ ਦੇ ਪਰਿਵਾਰ ਨੇ ਵੀ ਕਰ ਭਲਾ ਹੋ ਭਲਾ ਸੰਸਥਾ ਦੀ ਅਗਵਾਈ ਹੇਠ ਉਨ੍ਹਾਂ ਦੀਆਂ ਅੱਖਾਂ ਦਾਨ ਕੀਤੀਆਂ।ਸੰਸਥਾ ਦੇ ਮੈਂਬਰਾਂ ਦੀ ਬੇਨਤੀ 'ਤੇ ਸ਼ੰਕਰ ਆਈ ਹਸਪਤਾਲ ਦੀ ਟੀਮ ਜਗਰਾਉਂ-ਲੁਧਿਆਣਾ ਜੀ ਟੀ ਰੋਡ ਤੋਂ ਸਿੱਧਾ ਰਾਜ ਕੁਮਾਰ ਕਪੂਰ ਦੇ ਘਰ ਗਈ, ਜਿੱਥੇ ਸਾਰੀ ਪ੍ਰਕਿਰਿਆ ਪੂਰੀ ਕੀਤੀ ਗਈ ਅਤੇ ਉਨ੍ਹਾਂ ਦੀਆਂ ਅੱਖਾਂ ਦਾਨ ਕੀਤੀਆਂ ਗਈਆਂ।ਇਸ ਨੇਕ ਕਾਰਜ ਨੇ ਦੂਜੇ ਵਿਅਕਤੀ ਨੂੰ ਦੁਨੀਆ ਨੂੰ ਦੁਬਾਰਾ ਦੇਖਣ ਦਾ ਅਨਮੋਲ ਮੌਕਾ ਦਿੱਤਾ। ਇਸ ਮੌਕੇ ਕਰ ਭਲਾ ਹੋ ਭਲਾ ਸੰਸਥਾ ਦੇ ਪ੍ਰਧਾਨ ਰੋਹਿਤ ਅਰੋੜਾ ਤੇ ਹੋਰ ਮੈਂਬਰਾਂ ਨੇ ਕਿਹਾ ਕਿ ਮੌਤ ਤੋਂ ਬਾਅਦ ਅੱਖਾਂ ਦਾਨ ਕਰਨ ਤੋਂ ਵੱਡਾ ਕੋਈ ਦਾਨ ਨਹੀਂ ਹੈ।ਆਪਣੀਆਂ ਅੱਖਾਂ ਨੂੰ ਜਲਣ ਦੇਣ ਦੀ ਬਜਾਏ, ਉਨ੍ਹਾਂ ਨੂੰ ਕਿਸੇ ਲੋੜਵੰਦ ਲਈ ਉਪਯੋਗੀ ਹੋਣ ਦੇਣਾ ਅਤੇ ਕਿਸੇ ਹੋਰ ਲਈ ਉਨ੍ਹਾਂ ਅੱਖਾਂ ਰਾਹੀਂ ਇਸ ਰੰਗੀਨ ਦੁਨੀਆ ਨੂੰ ਦੇਖਣਾ ਬਿਹਤਰ ਹੈ।ਰੋਹਿਤ ਅਰੋੜਾ ਨੇ ਕਿਹਾ ਕਿ ਜੇਕਰ ਕੋਈ ਹੋਰ ਆਪਣੀਆਂ ਅੱਖਾਂ ਦਾਨ ਕਰਨਾ ਚਾਹੁੰਦਾ ਹੈ, ਤਾਂ ਉਹ ਕਰ ਭਲਾ ਹੋ ਭਲਾ ਕਮੇਟੀ ਨਾਲ ਸੰਪਰਕ ਕਰ ਸਕਦਾ ਹੈ ਅਤੇ ਅੱਖਾਂ ਦਾਨ ਫਾਰਮ ਭਰ ਸਕਦਾ ਹੈ।ਉਨ੍ਹਾਂ ਕਿਹਾ ਕਿ ਜੇਕਰ ਵੱਧ ਤੋਂ ਵੱਧ ਲੋਕ ਆਪਣੀਆਂ ਅੱਖਾਂ ਦਾਨ ਕਰਨ ਦਾ ਪ੍ਰਣ ਲੈਣ ਤਾਂ ਬਹੁਤ ਸਾਰੀਆਂ ਹਨੇਰੀਆਂ ਜ਼ਿੰਦਗੀਆਂ ਵਿੱਚ ਰੌਸ਼ਨੀ ਵਾਪਸ ਆ ਸਕਦੀ ਹੈ।

# ਡੀ ਟੀ ਐੱਫ ਦੀ ਵਜ਼ੀਫ਼ਾ ਪ੍ਰੀਖਿਆ ਦਾ ਸਨਮਾਨ ਸਮਾਰੋਹ ਸਫਲਤਾਪੂਰਵਕ ਸੰਪੰਨ

**ਲੌਂਗੋਵਾਲ (ਪ੍ਰਦੀਪ ਸੱਪਲ)**- ਡੈਮੋਕ੍ਰੇਟਿਕ ਟੀਚਰਜ਼ ਫਰੰਟ ਪੰਜਾਬ ਜ਼ਿਲ੍ਹਾ ਸੰਗਰੂਰ ਵੱਲੋਂ ਬੀਤੇ ਦਸੰਬਰ ਮਹੀਨੇ ਵਿੱਚ ਮਹਾਨ ਸੁਤੰਤਰਤਾ ਸੰਗਰਾਮਣ ਗ਼ਦਰੀ ਗੁਲਾਬ ਕੌਰ ਦੀ ਸ਼ਹਾਦਤ ਸ਼ਤਾਬਦੀ ਨੂੰ ਸਮਰਪਤ ਕਰਵਾਈ ਗਈ 36ਵੀਂ ਵਜ਼ੀਫ਼ਾ ਪ੍ਰੀਖਿਆ ਦਾ ਸਨਮਾਨ ਸਮਾਰੋਹ ਸਥਾਨਕ ਮਹੇਸ਼ ਬਿਰਧ ਆਸ਼ਰਮ ਦੇ ਹਾਲ ਵਿੱਚ ਕਰਵਾਇਆ ਗਿਆ।ਇਸ ਮੌਕੇ ਜਥੇਬੰਦੀ ਦੇ ਜਨਰਲ ਸਕੱਤਰ ਹਰਭਗਵਾਨ ਗੁਰਨੇ ਤੇ ਸੁਖਪਾਲ ਧੂਰੀ ਨੇ ਸਟੇਜ ਸਕੱਤਰ ਦੇ ਤੌਰ 'ਤੇ ਸਮਾਗਮ ਵਿੱਚ ਪੁੱਜੇ ਵਿਦਿਆਰਥੀਆਂ, ਮਾਪਿਆਂ, ਅਧਿਆਪਕਾਂ, ਆਗੂਆਂ ਤੇ ਵਜ਼ੀਫ਼ਾ ਪ੍ਰੀਖਿਆ ਨਾਲ ਜੁੜੀਆਂ ਸ਼ਖ਼ਸੀਅਤਾਂ ਦਾ ਸਵਾਗਤ ਕੀਤਾ।ਇਸ ਉਪਰੰਤ ਸੀਨੀਅਰ ਆਗੂ ਨਾਇਬ ਸਿੰਘ ਰਟੋਲਾਂ ਤੇ ਤਰਸੇਮ ਧੂਰੀ ਨੇ ਵਜ਼ੀਫ਼ਾ ਪ੍ਰੀਖਿਆ ਦੇ ਇਤਿਹਾਸ ਤੇ ਇਸ ਦੇ ਅਗਾਂਹਵਧੂ ਉਦੇਸ਼ਾਂ 'ਤੇ ਚਾਨਣਾ ਪਾਇਆ ਅਤੇ ਅਜੋਕੇ ਦੌਰ ਵਿੱਚ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਇਨਕਲਾਬੀ



## 163 ਵਿਦਿਆਰਥੀਆਂ ਨੂੰ ਕੀਤਾ ਸਨਮਾਨਤ

ਵਿਰਸੇ ਨਾਲ ਜੋੜਨ ਵਾਲੀ, ਨਕਲ ਨੂੰ ਨਿਰਉਤਸ਼ਾਹਤ ਕਰਕੇ ਸਿਹਤਮੰਦ ਮੁਕਾਬਲੇ ਦੀ ਭਾਵਨਾ ਪੈਦਾ ਕਰਨ ਵਾਲੀ ਇਸ ਪ੍ਰੀਖਿਆ ਨੂੰ ਪਿਛਲੇ 36 ਸਾਲਾਂ ਤੋਂ ਲਗਾਤਾਰ ਸਫਲਤਾਪੂਰਵਕ ਆਯੋਜਿਤ ਕਰਨ ਲਈ ਜਥੇਬੰਦੀ ਦੀ ਸ਼ਲਾਘਾ ਕੀਤੀ ਤੇ ਅਜੋਕੇ ਦੌਰ ਵਿੱਚ ਸਿੱਖਿਆ ਦੇ ਖੇਤਰ ਵਿੱਚ ਅਜਿਹੇ ਕ੍ਰਾਂਤੀਕਾਰੀ ਉੱਦਮ ਦੀ ਮਹੱਤਤਾ ਬਾਰੇ ਦੱਸਿਆ। ਇਸ ਮੌਕੇ ਸੀਨੀਅਰ ਆਗੂ ਬਲਬੀਰ ਲੌਂਗੋਵਾਲ ਨੇ ਗ਼ਦਰੀ ਗੁਲਾਬ ਕੌਰ ਦੇ ਜੀਵਨ ਤੋਂ ਸਰੋਤਿਆਂ ਨੂੰ ਜਾਣੂੰ ਕਰਵਾਇਆ।ਇਸ ਮੌਕੇ ਰਾਜ ਸਿੰਘ ਲੈਕਚਰਾਰ ਬੇਨੜਾ ਦੀ ਸੇਵਾ ਮੁਕਤੀ ਮੌਕੇ ਜਥੇਬੰਦੀ ਵੱਲੋਂ ਉਨ੍ਹਾਂ ਨੂੰ ਸੇਵਾਵਾਂ ਬਦਲੇ ਸਨਮਾਨਤ ਕੀਤਾ ਗਿਆ।ਇਸ ਮੌਕੇ ਸਕੂਲੀ ਵਿਦਿਆਰਥੀਆਂ ਨੇ ਸਕਾਰਾਤਮਕ ਵਿਸ਼ਿਆਂ ਨਾਲ ਸਬੰਧਤ ਗੀਤ, ਕਵਿਤਾਵਾਂ ਤੇ ਕਵੀਸ਼ਰੀ ਪੇਸ਼ ਕੀਤੀ।ਸਰਕਾਰੀ ਪ੍ਰਾਇਮਰੀ ਸਕੂਲ ਘੋੜੇਨਬ ਦੇ ਵਿਦਿਆਰਥੀਆਂ ਵੱਲੋਂ ਨਾਟਕ 'ਕਾਂ ਤੇ ਚਿੜੀ' ਦਾ ਮੰਚਨ ਕੀਤਾ ਗਿਆ।ਅਸ਼ੀਰਵਾਦ ਡੇਅ ਬੋਰਡਿੰਗ ਸਕੂਲ ਝਾੜੋਂ ਦੇ ਵਿਦਿਆਰਥੀਆਂ ਨੇ 'ਕਿਸਾਨੀ ਜੀਵਨ' ਵਿਸ਼ੇ 'ਤੇ ਕੋਰੀਓਗਰਾਫੀ ਪੇਸ਼ ਕੀਤੀ। ਅਦਾਕਾਰ ਜੁਝਾਰ ਨਮੋਲ ਨੇ ਇੱਕ ਪਾਤਰੀ ਨਾਟਕ 'ਬਾਗ਼ੀ ਸਰਾਭਾ' ਦਾ ਭਾਵਪੂਰਤ ਮੰਚਨ ਕਰਕੇ ਮਹਾਨ ਸ਼ਹੀਦ ਦੇ ਜੀਵਨ 'ਤੇ ਚਾਨਣਾ ਪਾਇਆ।ਇਸ ਉਪਰੰਤ ਪੰਜਵੀਂ, ਅੱਠਵੀਂ, ਦਸਵੀਂ ਤੇ ਬਾਰਵੀਂ ਦੇ ਸਰਕਾਰੀ ਤੇ ਪ੍ਰਾਈਵੇਟ ਸਕੂਲ ਕੈਟਾਗਰੀ ਦੇ ਪਹਿਲੇ 13 ਵਿਦਿਆਰਥੀਆਂ ਨੂੰ ਕਿਤਾਬਾਂ ਦਾ ਸੈੱਟ, ਡਾਇਰੀ, ਮੋਮੈਂਟੋ, ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ।ਹਰੇਕ ਕੈਟਾਗਰੀ ਵਿੱਚ ਪਹਿਲੇ ਤਿੰਨ ਸਥਾਨਾਂ 'ਤੇ ਆਉਣ ਵਾਲੇ ਵਿਦਿਆਰਥੀਆਂ ਨੂੰ ਇੱਕ ਵਾਰ ਵਜ਼ੀਫ਼ੇ ਦੇ ਰੂਪ ਵਿੱਚ ਨਕਦ ਰਾਸ਼ੀ ਵੀ ਦਿੱਤੀ ਗਈ।ਕੁੱਲ ਮਿਲਾ ਕੇ 163 ਵਿਦਿਆਰਥੀਆਂ ਨੂੰ ਸਨਮਾਨਤ ਕੀਤਾ ਗਿਆ।ਅੰਤ 'ਤੇ ਜ਼ਿਲ੍ਹਾ ਪ੍ਰਧਾਨ ਦਾਤਾ ਸਿੰਘ ਨਮੋਲ ਨੇ ਸਮਾਰੋਹ ਵਿੱਚ ਸ਼ਾਮਲ ਹੋਣ ਵਾਲਿਆਂ ਦਾ ਧੰਨਵਾਦ ਕੀਤਾ।

# ਸਰਕਾਰ ਮੁਲਾਜ਼ਮਾਂ ਦੀਆਂ ਮੰਨੀਆਂ ਮੰਗਾਂ ਜਲਦ ਲਾਗੂ ਕਰੇ : ਬੋਦੀ ਵਾਲਾ

**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**- ਇੰਪਲਾਈਜ਼ ਫੈਡਰੇਸ਼ਨ ਚਾਹਲ ਗੁਰੂ ਹਰਗੋਬਿੰਦ ਥਰਮਲ ਪਲਾਂਟ ਲਹਿਰਾ ਮੁਹੱਬਤ ਦੇ ਪ੍ਰਧਾਨ ਬਲਜੀਤ ਸਿੰਘ ਬਰਾੜ ਬੋਦੀ ਵਾਲਾ



(ਸੂਬਾ ਸੀਨੀਅਰ ਮੀਤ ਪ੍ਰਧਾਨ) ਨੇ ਪ੍ਰੈੱਸ ਬਿਆਨ ਜਾਰੀ ਕਰਦਿਆਂ ਕਿਹਾ ਕਿ ਪੰਜਾਬ ਵਿੱਚ ਮੌਜੂਦਾ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਪੰਜਾਬ ਦੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਮਹਿੰਗਾਈ ਭੱਤੇ ਦੀਆਂ ਕਿਸ਼ਤਾਂ ਰੋਕ ਰੱਖੀਆਂ ਹਨ, ਜਦਕਿ ਆਮ ਆਦਮੀ ਪਾਰਟੀ ਦੇ ਇੱਕ ਰਾਜ ਸਭਾ ਮੈਂਬਰ ਨੇ ਸੰਸਦ ਵਿੱਚ ਮਹਿੰਗਾਈ ਨਾਲ ਜੁੜਿਆ ਤਨਖਾਹ ਸੋਧ ਕਨੂੰਨ ਬਣਾਉਣ ਦੀ ਮੰਗ ਕੀਤੀ ਹੈ, ਪ੍ਰੰਤੂ ਉਨ੍ਹਾਂ ਦੀ ਆਪਣੀ ਪਾਰਟੀ ਦੀ ਸਰਕਾਰ ਪੰਜਾਬ ਦੇ ਕਰਮਚਾਰੀਆਂ ਤੇ ਪੈਨਸ਼ਨਰਾਂ ਦਾ 16% ਮਹਿੰਗਾਈ ਭੱਤਾ ਤੇ 158 ਮਹੀਨਿਆਂ ਦਾ ਮਹਿੰਗਾਈ ਭੱਤੇ ਦਾ ਬਕਾਇਆ ਦੱਬੀ ਬੈਠੀ ਹੈ। ਮਹਿੰਗਾਈ ਭੱਤੇ ਦੀਆਂ ਕਿਸ਼ਤਾਂ ਲੈਣ ਲਈ ਪੰਜਾਬ ਦੇ ਮੁਲਾਜ਼ਮ ਤੇ ਪੈਨਸ਼ਨਰ ਲਗਾਤਾਰ ਸੰਘਰਸ਼ ਕਰ ਰਹੇ ਹਨ, ਪ੍ਰੰਤੂ ਸਰਕਾਰ ਦੇ ਕੰਨਾਂ 'ਤੇ ਜੂੰ ਨਹੀਂ ਸਰਕ ਰਹੀ। ਉਨ੍ਹਾਂ ਮੰਗ ਕੀਤੀ ਕਿ ਮਹਿੰਗਾਈ ਭੱਤੇ ਦੀਆਂ ਕਿਸ਼ਤਾਂ ਜਾਰੀ ਕੀਤੀਆਂ ਜਾਣ, ਕੱਚੇ ਮੁਲਾਜ਼ਮਾਂ ਨੂੰ ਪੱਕਾ ਕੀਤਾ ਜਾਵੇ ਤੇ ਪੰਜਾਬ ਸਰਕਾਰ ਵੱਲੋਂ ਮੰਨੀਆਂ ਹੋਈਆਂ ਮੰਗਾਂ ਨੂੰ ਲਾਗੂ ਕੀਤਾ ਜਾਵੇ।

## ਸੀਵਰੇਜ ਦੇ ਚੱਲ ਰਹੇ ਕੰਮ 'ਚ ਐੱਨ ਆਰ ਆਈ ਵੀਰਾਂ ਨੇ ਪਾਇਆ 3 ਲੱਖ ਰੁਪਏ ਦਾ ਸਹਿਯੋਗ



**ਫਗਵਾੜਾ, (ਡਾ. ਰਮਨ)**-ਪਿੰਡ ਲੱਖਪੁਰ ਵਿਖੇ ਸੀਵਰੇਜ ਪਾਈਪ ਲਾਈਨ ਵਿਛਾਉਣ ਦੇ ਚੱਲ ਰਹੇ ਵਿਕਾਸ ਕੰਮਾਂ ਵਿੱਚ ਐੱਨ ਆਰ ਆਈ ਵੀਰਾਂ ਵੱਲੋਂ ਵੱਡਮੁੱਲਾ ਯੋਗਦਾਨ ਪਾਇਆ ਗਿਆ। ਉਨ੍ਹਾਂ ਵੱਲੋਂ 3 ਲੱਖ ਰੁਪਏ ਦੀ ਰਕਮ ਸਰਪੰਚ ਗੁਰਮੀਤ ਸਿੰਘ ਗੋਗੀ ਨੂੰ ਭੇਟ ਕੀਤੀ ਗਈ। ਇਸ ਮੌਕੇ ਬਿਕਰ ਸਿੰਘ ਦੀ ਰਹਾਇਸ਼ ਤੋਂ ਵਾਟਰ ਟਰੀਟਮੈਂਟ ਪਲਾਂਟ ਤੱਕ ਪਾਈਪ ਲਾਈਨ ਪਾਉਣ ਦੇ ਕੰਮ ਦੀ ਸ਼ੁਰੂਆਤ ਐੱਨ ਆਰ ਆਈ ਰਘਬੀਰ ਸਿੰਘ ਪੁੱਤਰ ਆਤਮਾ ਸਿੰਘ ਵੱਲੋਂ ਰਸਮੀ ਰਿਬਨ ਕੱਟ ਕੇ ਆਪਣੇ ਕਰ ਕਮਲਾਂ ਨਾਲ ਕਰਵਾਈ ਗਈ। ਐੱਨ ਆਰ ਆਈ ਵੀਰਾਂ ਨੇ ਪੰਚਾਇਤ ਅਤੇ ਵਿਕਾਸ ਕਮੇਟੀ ਵੱਲੋਂ ਪਿੰਡ ਵਿੱਚ ਕਰਵਾਏ ਜਾ ਰਹੇ ਸਾਰੇ ਪੱਖੀ ਵਿਕਾਸ ਕਾਰਜਾਂ ਦੀ ਪ੍ਰਸ਼ੰਸਾ ਕੀਤੀ ਅਤੇ ਭਵਿੱਖ ਵਿੱਚ ਵੀ ਹਰ ਸੰਭਵ ਸਹਿਯੋਗ ਦੇਣ ਦਾ ਭਰੋਸਾ ਦਿੱਤਾ। ਸਰਪੰਚ ਗੁਰਮੀਤ ਸਿੰਘ ਗੋਗੀ ਨੇ ਦੱਸਿਆ ਕਿ ਪਿੰਡ ਦੇ ਜਿਨ੍ਹਾਂ ਇਲਾਕਿਆਂ ਵਿੱਚ ਸੀਵਰੇਜ ਦੀ ਸੁਵਿਧਾ ਉਪਲਬਧ ਨਹੀਂ ਹੈ ਜਾਂ ਨਿਕਾਸੀ ਦਾ ਢੁਕਵਾਂ ਪ੍ਰਬੰਧ ਨਹੀਂ, ਉੱਥੇ ਪਹਿਲ ਦੇ ਆਧਾਰ 'ਤੇ ਇਹ ਸੁਵਿਧਾ ਮੁਹੱਈਆ ਕਰਵਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਪਿੰਡ ਦਾ ਵਿਕਾਸ ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਕਰਵਾਇਆ ਜਾ ਰਿਹਾ ਹੈ। ਰਿਟਾਇਰਡ ਪ੍ਰਿੰਸੀਪਲ ਜਸਵਿੰਦਰ ਸਿੰਘ ਬੰਗੜ ਨੇ ਐੱਨ ਆਰ ਆਈ ਰਘਬੀਰ ਸਿੰਘ ਵੱਲੋਂ 1 ਲੱਖ ਰੁਪਏ, ਡਾ. ਸਤਨਾਮ ਸਿੰਘ ਬੰਗੜ ਅਤੇ ਮੋਹਨ ਲਾਲ ਬੰਗੜ ਵੱਲੋਂ 50-50 ਹਜ਼ਾਰ ਰੁਪਏ ਤੇ ਪਿਆਰਾ ਸਿੰਘ ਢੱਡਵਾਲ (ਸਾਬਕਾ ਸਰਪੰਚ) ਵੱਲੋਂ 1 ਲੱਖ ਰੁਪਏ ਦੇ ਯੋਗਦਾਨ ਦੀ ਭਰਪੂਰ ਸ਼ਲਾਘਾ ਕੀਤੀ। ਇਸ ਮੌਕੇ ਭਾਈ ਅੰਮ੍ਰਿਤਪਾਲ ਸਿੰਘ, ਦਵਿੰਦਰ ਸਿੰਘ ਪੰਚ, ਕੁਲਦੀਪ ਸਿੰਘ ਪੰਚ, ਮਹਿੰਦਰ ਸਿੰਘ ਢੱਡਵਾਲ (ਸਾਬਕਾ ਸਰਪੰਚ), ਰੇਸ਼ਮ ਸਿੰਘ ਲੱਖਪੁਰ, ਤਰਲੋਚਨ ਸਿੰਘ ਲੱਖਪੁਰ, ਸੁਰਿੰਦਰ ਸਿੰਘ, ਸਤਪਾਲ ਚਿੜੀ, ਪਰਮਜੀਤ, ਕ੍ਰਿਸ਼ਨ ਸਿੰਘ, ਗੋਗੀ ਦੁਬਈ ਵਾਲਾ, ਸਰਬਜੀਤ ਸਿੰਘ ਢੱਡਵਾਲ, ਸਵਰਨਾ ਰਾਮ, ਓਕਾਰ ਸਿੰਘ, ਬਲਜਿੰਦਰ ਸਿੰਘ ਤੋਂ ਇਲਾਵਾ ਪਿੰਡ ਦੇ ਪਤਵੰਤੇ ਵੀ ਹਾਜ਼ਰ ਸਨ।

## ਪ੍ਰਾਚੀਨ ਸ਼ਿਵ ਮੰਦਰ 'ਚ ਸ਼ਿਵਰਾਤਰੀ 'ਤੇ ਲੱਗੀਆਂ ਰੌਣਕਾਂ



**ਲੋਹੀਆਂ ਖਾਸ, (ਯੋਗੇਸ਼ਵਰ, ਰੀਨਾ ਸ਼ਰਮਾ)**-ਬ੍ਰਹਮਲੀਨ ਮਹੰਤ ਸ੍ਰੀ ਸ੍ਰੀ ਸ਼ੇਰ ਗਿਰੀ ਜੀ ਮਹਾਰਾਜ, ਬ੍ਰਹਮਲੀਨ ਮਹੰਤ ਸ੍ਰੀ ਪ੍ਰਮੋਗਿਰੀ ਜੀ ਮਹਾਰਾਜ, ਬ੍ਰਹਮਲੀਨ ਮਹੰਤ ਸ੍ਰੀ ਗਣਪਤੀ ਗਿਰੀ ਜੀ ਮਹਾਰਾਜ, ਬ੍ਰਹਮਲੀਨ ਮਹੰਤ ਸ੍ਰੀ ਪ੍ਰਯਾਗਾਨੰਦ ਗਿਰੀ ਜੀ ਮਹਾਰਾਜ, ਬ੍ਰਹਮਲੀਨ ਮਹੰਤ ਸ੍ਰੀ ਸ਼ਾਂਤੀ ਗਿਰੀ ਜੀ ਤੇ ਬ੍ਰਹਮਲੀਨ ਮਹੰਤ ਸ੍ਰੀ ਰਵਿੰਦਰਾ ਗਿਰੀ ਜੀ ਦੀ ਅਪਾਰ ਕਿਰਪਾ ਸਦਕਾ ਨਾਲ ਪ੍ਰਾਚੀਨ ਸ਼ਿਵ ਮੰਦਿਰ ਲੋਹੀਆਂ ਖਾਸ ਦੇ ਗੱਦੀਨਸ਼ੀਨ ਸ੍ਰੀ ਸ੍ਰੀ 1008 ਮਹਾਂ ਮੰਡਲੇਸ਼ਵਰ ਮਹੰਤ ਸ੍ਰੀ ਸ਼ਿਪਰਾ ਗਿਰੀ ਜੀ ਦੇ ਅਸ਼ੀਰਵਾਦ ਨਾਲ ਤੇ ਮਹੰਤ ਸ੍ਰੀ ਜੈ ਰਾਮ ਗਿਰੀ ਮਹਾਰਾਜ ਜੀ ਦੀ ਅਗਵਾਈ ਹੇਠ ਸ਼ਿਵਰਾਤਰੀ ਦੇ ਸ਼ੁਭ ਦਿਹਾੜੇ 'ਤੇ ਭੰਡੇ ਦੀ ਰਸਮ ਅਦਾ ਕੀਤੀ ਗਈ। ਇਸ ਮੌਕੇ ਸ਼ਿਵਰਾਤਰੀ ਦੇ ਵਰਤ ਵਾਲਿਆਂ ਲਈ ਫਲ ਫਰੂਟ ਤੇ ਦੁੱਧ ਦਾ ਲੰਗਰ ਵਰਤਾਇਆ ਗਿਆ ਤੇ ਬਾਕੀ ਭਗਤਾਂ ਲਈ ਪ੍ਰਸਾਦ ਦਾ ਲੰਗਰ ਲਗਾਇਆ ਗਿਆ। ਸ਼ਿਵਰਾਤਰੀ ਮੌਕੇ ਪ੍ਰਾਚੀਨ ਸ਼ਿਵ ਮੰਦਰ ਵਿੱਚ ਸ਼ਿਵ ਭਗਤਾਂ ਦੀਆਂ ਸਵੇਰ ਤੋਂ ਹੀ ਮੱਥਾ ਟੇਕਣ ਲਈ ਲਾਇਨਾਂ ਲਗੀਆ ਹੋਇਆ ਸਨ। ਸ੍ਰੀ ਪ੍ਰਯਾਗਾਨੰਦ ਗਿਰੀ ਜੀ ਭਜਨ ਮੰਡਲੀ ਲੋਹੀਆਂ ਖਾਸ ਵੱਲੋਂ ਸ਼ਿਵਰਾਤਰੀ ਮੌਕੇ ਕੀਰਤਨ ਕੀਤਾ ਗਿਆ।

## ਵਿਆਹਤਾ ਔਰਤ ਨੇ ਸਹੁਰਾ ਪਰਵਾਰ 'ਤੇ ਕੁੱਟਮਾਰ ਦਾ ਲਾਇਆ ਦੋਸ਼



**ਨੰਗਲ (ਸੁਰਜੀਤ ਸਿੰਘ)**- ਨਜ਼ਦੀਕੀ ਪਿੰਡ ਤਲਵਾੜਾ ਵਿਖੇ ਇੱਕ ਵਿਆਹਤਾ ਔਰਤ ਨੇ ਆਪਣੇ ਸਹੁਰੇ ਪਰਿਵਾਰ ਤੇ ਮਾਰਕੁੱਟ ਦਾ ਦੋਸ਼ ਲਗਾਇਆ ਹੈ। ਸਥਾਨਕ ਸਿਵਲ ਹਸਪਤਾਲ ਵਿੱਚ ਇਲਾਜ ਅਧੀਨ ਦਾਖ਼ਲ ਵੰਦਨਾ ਕੁਮਾਰੀ 46 ਨੇ ਦੱਸਿਆ ਕਿ ਉਸਦਾ ਵਿਆਹ 19 ਸਾਲ ਪਹਿਲਾਂ ਬ੍ਰਿਜ ਮੋਹਨ ਵਾਸੀ ਤਲਵਾੜਾ ਨਾਲ ਧਾਰਮਿਕ ਰੀਤੀ ਰਿਵਾਜ਼ਾਂ ਨਾਲ ਹੋਇਆ ਸੀ। ਇਸ ਵਿਆਹ ਤੋਂ ਉਸ ਦੇ ਬੱਚਿਆਂ ਨੇ ਜਨਮ ਲਿਆ ਪਰ ਕੁਝ ਸਮੇਂ ਬਾਅਦ ਉਸ ਨੂੰ ਸਹੁਰਾ ਪਰਵਾਰ ਨੇ ਤੰਗ ਪਰੇਸ਼ਾਨ ਕਰਨਾ ਸ਼ੁਰੂ ਕਰ ਦਿੱਤਾ ਜਿਸ ਕਾਰਨ ਖਾਨਗੀ ਪੰਚਾਇਤਾਂ ਤੋਂ ਬਾਅਦ ਉਸ ਨੇ ਮਾਨਯੋਗ ਕੋਰਟ ਵਿੱਚ ਵੀ ਸਹੁਰੇ ਪਰਿਵਾਰ ਖਿਲਾਫ ਕੇਸ ਦਰਜ ਕਰਵਾ ਦਿੱਤਾ। ਪਰ ਹੁਣ ਮਾਨਯੋਗ ਕੋਰਟ ਨੇ ਉਸ ਨੂੰ ਕਿਹਾ ਕਿ ਉਹ ਆਪਣੇ ਸਹੁਰਾ ਪਰਿਵਾਰ 'ਚ ਆਪਣੇ ਘਰ ਰਹਿ ਸਕਦੀ ਹੈ।ਇਸ ਤੋਂ ਇਲਾਵਾ ਉਸੇ ਦੇ ਸਹੁਰਾ ਪਰਿਵਾਰ ਨੇ ਵੀ ਗੱਲਬਾਤ ਵੀ ਤੈਅ ਕਰਨ ਲਈ ਉਸ ਨੂੰ ਕਿਹਾ।ਉਹ ਆ ਕੇ ਗੱਲਬਾਤ ਕਰ ਸਕਦੀ ਹੈ। ਇਸ ਵਿਸ਼ਵਾਸ ਤੇ ਜਦੋਂ ਉਹ ਆਪਣੇ ਸਹੁਰਾ ਪਰਵਾਰ ਗਈ ਤਾਂ ਉਸ ਦੀ ਕੁੱਟਮਾਰ ਕੀਤੀ ਗਈ। ਜਦੋਂ ਉਸ ਦਾ ਪਤੀ ਦੇਰ ਰਾਤ ਘਰ ਆਇਆ ਤਾਂ ਉਸ ਨੇ ਕੁੱਟ ਮਾਰ ਕਰਕੇ ਉਸ ਨੂੰ ਘਰੋਂ ਕੱਢ ਦਿੱਤਾ। ਪੀੜਤ ਔਰਤ ਨੇ ਦੱਸਿਆ ਕਿ ਉਸ ਨੇ ਆਪਣੀ ਜਾਨ ਬਚਾਉਣ ਲਈ ਰਿਸ਼ਤੇਦਾਰਾਂ ਨੂੰ ਫ਼ੋਨ ਕੀਤੇ।ਕਿਸੇ ਜਾਣ ਪਹਿਚਾਣ ਵਾਲੇ ਵਿਅਕਤੀ ਨੇ ਉਸ ਨੂੰ ਸਿਵਲ ਹਸਪਤਾਲ ਵਿੱਚ ਦਾਖਲ ਕਰਵਾ ਦਿੱਤਾ।ਪੀੜਤ ਔਰਤ ਨੇ ਦੱਸਿਆ ਕਿ ਉਸ ਨੂੰ ਭਾਰੀ ਤੰਗ ਪਰੇਸ਼ਾਨ ਕੀਤਾ ਜਾ ਰਿਹਾ। ਇਸ ਸਬੰਧੀ ਜਦੋਂ ਪੱਤਰਕਾਰ ਨੇ ਪਿੰਡ ਦੇ ਸਰਪੰਚ ਅਜਰੀਕ ਸਿੰਘ ਨਾਲ ਵੀ ਗੱਲਬਾਤ ਕੀਤੀ ਤਾਂ ਉਸ ਨੇ ਕਿਹਾ ਕਿ ਵੰਦਨਾ ਆਪਣੇ ਸਹੁਰਾ ਪਰਵਾਰ ਵਿੱਚ ਨਹੀਂ ਰਹਿਣਾ ਚਾਹੁੰਦੀ ਅਤੇ ਉਸ ਨੇ ਆਪਣੇ ਪੁੱਤਰ ਬ੍ਰਿਜ ਮੋਹਨ ਨੂੰ ਬੇਦਖਲ ਕੀਤਾ ਹੋਇਆ ਹੈ ਜਿਸ ਦੇ ਕਾਰਨ ਪਰਵਾਰਕ ਮੈਂਬਰਾਂ ਨੇ ਉਸ ਨੂੰ ਅੰਦਰ ਦਾਖਲ ਨਹੀਂ ਹੋਣ ਦਿੱਤਾ। ਇਸ ਪੀੜਤ ਔਰਤ ਨੇ ਇਨਸਾਫ ਦੀ ਮੰਗ ਕੀਤੀ ਤੇ ਇਹ ਵੀ ਕਿਹਾ ਕਿ ਸਥਾਨਕ ਪੁਲਸ ਦੀ ਉਸ ਦੀ ਗੱਲਬਾਤ ਨੂੰ ਸਹੀ ਢੰਗ ਨਾਲ ਨਹੀਂ ਸੁਣ ਰਹੀ ਹੈ।

## ਬੋਡੀ ਬਿਲਡਿੰਗ ਮੁਕਾਬਲੇ 'ਚ ਸ਼ਮਸ਼ੇਰ ਸਿੰਘ ਨੇ 13ਵਾਂ ਸਥਾਨ ਹਾਸਲ ਕੀਤਾ



**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**-ਅਨੰਦਪੁਰ ਸਾਹਿਬ ਦੇ ਨੇੜਲੇ ਪਿੰਡ ਮੰਡਵਾਂ ਦੇ ਰਹਿਣ ਵਾਲੇ ਸ਼ਮਸ਼ੇਰ ਸਿੰਘ ਨੇ ਜਲੰਧਰ ਵਿੱਚ ਕਰਵਾਏ ਗਏ ਅਜੀਤ ਕਲਾਸਿਕ ਬੋਡੀ ਬਿਲਡਿੰਗ ਕੰਪੀਟੀਸ਼ਨ ਵਿੱਚ 48 ਸਾਲ ਏਜ ਕੈਟੀਗਰੀ ਵਿੱਚ 13ਵਾਂ ਸਥਾਨ ਹਾਸਲ ਕਰਕੇ ਇਲਾਕੇ ਦਾ ਨਾਮ ਰੋਸ਼ਨ ਕੀਤਾ ਹੈ। ਇਹ ਮੁਕਾਬਲਾ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਵਿੱਚ ਆਯੋਜਿਤ ਕੀਤਾ ਗਿਆ, ਜਿਸ ਵਿੱਚ ਵੱਖ-ਵੱਖ ਸਥਾਨਾਂ ਤੋਂ ਖਿਡਾਰੀਆਂ ਨੇ ਭਾਗ ਲਿਆ।48 ਸਾਲ ਦੀ ਉਮਰ ਵਿੱਚ ਮੁਕਾਬਲੇ ਵਿੱਚ ਭਾਗ ਲੈਣਾ ਅਤੇ ਕਠਿਨ ਟੱਕਰ ਦੇ ਬਾਵਜੂਦ ਸ਼ਾਨਦਾਰ ਪ੍ਰਦਰਸ਼ਨ ਕਰਨਾ ਸ਼ਮਸ਼ੇਰ ਸਿੰਘ ਦੀ ਲਗਨ, ਅਨੁਸ਼ਾਸਨ ਅਤੇ ਮਿਹਨਤ ਦਾ ਪ੍ਰਤੀਕ ਹੈ। ਉਹ ਡੀ ਜ਼ੋਨ ਜਿਮ ਦੇ ਸਟੂਡੈਂਟ ਹਨ ਤੇ ਨਿਯਮਿਤ ਅਭਿਆਸ ਨਾਲ ਆਪਣੀ ਫਿੱਟਨੈੱਸ ਨੂੰ ਮਜ਼ਬੂਤ ਬਣਾਉਂਦੇ ਆ ਰਹੇ ਹਨ।ਜਿਮ ਕੋਚ ਜਗਜੀਤ ਸਿੰਘ ਨੇ ਇਸ ਪ੍ਰਾਪਤੀ 'ਤੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਸ਼ਮਸ਼ੇਰ ਸਿੰਘ ਦੀ ਕਾਮਯਾਬੀ ਸਾਰੇ ਇਲਾਕੇ ਲਈ ਪ੍ਰੇਰਣਾ ਹੈ।

## ਕੈਬਨਿਟ ਮੰਤਰੀ ਨੇ ਪੰਚਾਇਤਾਂ ਨੂੰ ਵਿਕਾਸ ਕਾਰਜਾਂ ਲਈ 5-5 ਲੱਖ ਰੁਪਏ ਦੇ ਚੈੱਕ ਵੰਡੇ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਨੇ ਹੁਸ਼ਿਆਰਪੁਰ-1 ਸਥਿਤ ਬੀ ਡੀ ਪੀ ਓ ਦਫ਼ਤਰ ਵਿਖੇ ਸ਼ਾਮ ਚੌਰਾਸੀ ਵਿਧਾਨ ਸਭਾ ਹਲਕੇ ਦੀਆਂ 59 ਗ੍ਰਾਮ ਪੰਚਾਇਤਾਂ ਨੂੰ ਵਿਕਾਸ ਕਾਰਜਾਂ ਲਈ 5-5 ਲੱਖ ਰੁਪਏ ਦੇ ਚੈੱਕ ਵੰਡੇ। ਉਨ੍ਹਾਂ ਕਿਹਾ ਕਿ ਇਹ ਰਕਮ ਉਨ੍ਹਾਂ ਪੰਚਾਇਤਾਂ ਨੂੰ ਪ੍ਰਦਾਨ ਕੀਤੀ ਗਈ ਹੈ ਜਿੱਥੇ ਹਾਲ ਹੀ ਵਿੱਚ ਹੋਈਆਂ ਗ੍ਰਾਮ ਪੰਚਾਇਤ ਚੋਣਾਂ ਵਿੱਚ ਪੰਚਾਇਤਾਂ ਸਰਬਸੰਮਤੀ ਨਾਲ ਚੁਣੀਆਂ ਗਈਆਂ ਸਨ।ਡਾ. ਰਵਜੋਤ ਸਿੰਘ ਨੇ ਦੱਸਿਆ ਕਿ ਸ਼ਾਮਚੌਰਾਸੀ ਵਿਧਾਨ ਸਭਾ ਹਲਕੇ ਵਿੱਚ ਕੁੱਲ 267 ਗ੍ਰਾਮ ਪੰਚਾਇਤਾਂ ਹਨ, ਜਿਨ੍ਹਾਂ ਵਿੱਚੋਂ 59 ਪੰਚਾਇਤਾਂ ਵਿੱਚ ਸਰਬਸੰਮਤੀ ਨਾਲ ਪ੍ਰਤੀਨਿਧੀ ਚੁਣੇ ਗਏ ਹਨ। ਇਨ੍ਹਾਂ ਵਿੱਚੋਂ 15 ਪੰਚਾਇਤਾਂ ਬਲਾਕ ਭੂੰਗਾ ਅਤੇ 44 ਪੰਚਾਇਤਾਂ ਹੁਸ਼ਿਆਰਪੁਰ ਬਲਾਕ-1 ਨਾਲ ਸਬੰਧਤ ਹਨ। ਹਰੇਕ ਪੰਚਾਇਤ ਨੂੰ 5-5 ਲੱਖ ਰੁਪਏ ਦੀ ਰਾਸ਼ੀ ਜਾਰੀ ਕੀਤੀ ਗਈ ਹੈ। ਇਸ ਤਰ੍ਹਾਂ ਸ਼ਾਮਚੌਰਾਸੀ ਵਿਧਾਨ ਸਭਾ ਹਲਕੇ ਦੇ ਵਿਕਾਸ ਲਈ ਕੁੱਲ 2 ਕਰੋੜ 95 ਲੱਖ ਰੁਪਏ ਦੀ ਰਾਸ਼ੀ ਮੁਹੱਈਆ ਕਰਵਾਈ ਗਈ ਹੈ। ਉਨ੍ਹਾਂ ਕਿਹਾ ਕਿ ਇਹ ਸਨਮਾਨ ਰਾਸ਼ੀ ਪਿੰਡ ਦੇ ਬੁਨਿਆਦੀ ਢਾਂਚੇ, ਸਫਾਈ, ਪੀਣ ਵਾਲੇ ਪਾਣੀ, ਗਲੀਆਂ-ਨਾਲੀਆਂ ਦੀ ਉਸਾਰੀ, ਭਾਈਚਾਰਕ ਸਹੂਲਤਾਂ ਅਤੇ ਹੋਰ ਜਨਤਕ ਭਲਾਈ ਕਾਰਜਾਂ ਵਿੱਚ ਸੁਧਾਰ ਕਰਨ 'ਤੇ ਖਰਚ ਕੀਤੀ ਜਾਵੇਗੀ।

## ਅੰਤਿਮ ਅਰਦਾਸ ਅੱਜ



**ਜਲੰਧਰ (ਰਾਜੇਸ਼ ਥਾਪਾ)**-ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਸਹਾਇਕ ਪ੍ਰੈੱਸ ਗਣੇਸ਼ ਭਗਤ ਨੇ ਪ੍ਰੈੱਸ ਨੋਟ ਰਾਹੀਂ ਦੱਸਿਆ ਜ਼ਿਲ੍ਹਾ ਜਲੰਧਰ ਦੇ ਆਗੂ ਬਲਬੀਰ ਭਗਤ ਦੇ ਭਰਾ ਅਜੇ ਕੁਮਾਰ ਜੋ 7 ਫਰਵਰੀ ਨੂੰ ਆਪਣੀ ਸੰਸਾਰਕ ਯਾਤਰਾ ਪੂਰੀ ਕਰਕੇ ਅਕਾਲ ਪੁਰਖ ਦੇ ਚਰਨਾਂ ਵਿੱਚ ਜਾ ਬਿਰਾਜੇ ਸਨ। ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਜ਼ਿਲ੍ਹਾ ਜਲੰਧਰ ਅਤੇ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਪੰਜਾਬ ਜ਼ਿਲ੍ਹਾ ਦੇ ਸਮੂਹ ਆਗੂਆਂ ਵੱਲੋਂ ਪਰਵਾਰ ਨਾਲ ਇਸ ਦੁੱਖ ਦੀ ਕੜੀ ਵਿੱਚ ਬਲਵੀਰ ਭਗਤ ਦੇ ਭਰਾ ਦੀ ਬੇ ਵਕਤੀ ਮੌਤ ਦਾ ਅਫ਼ਸੋਸ ਜ਼ਾਹਿਰ ਕੀਤਾ। ਉਨ੍ਹਾਂ ਦੀ ਅੰਤਿਮ ਅਰਦਾਸ 16 ਫਰਵਰੀ ਨੂੰ ਦਿਨ ਸੋਮਵਾਰ 1 ਤੋਂ 2 ਸਤਿਗੁਰੂ ਕਬੀਰ ਮੁੱਖ ਮੰਦਰ ਭਾਰਗੋ ਨਗਰ ਹੋਵੇਗੀ।

## ਵਿਦਿਆਰਥੀਆਂ 'ਚ ਵਿਦੇਸ਼ ਜਾਣ ਦਾ ਰੁਝਾਨ ਘਟਿਆ



**ਮਾਨਸਾ (ਰੀਤਵਾਲ)**-ਵਿਦੇਸ਼ਾਂ 'ਚ ਸਰਕਾਰਾਂ ਵੱਲੋਂ ਲਗਾਤਾਰ ਜਾਰੀ ਕੀਤੇ ਜਾ ਰਹੇ ਸਖ਼ਤ ਨਿਯਮਾਂ ਕਾਰਨ ਵਿਦਿਆਰਥੀਆਂ ਦਾ ਵਿਦੇਸ਼ ਜਾਣ ਤੇ ਜਹਾਜ਼ ਦੀ ਤਾਕੀ ਨੂੰ ਹੱਥ ਪਾਉਣ ਦਾ ਰੁਝਾਨ ਘੱਟ ਹੋਣ ਲੱਗਾ ਹੈ।ਇਸ ਵਜ੍ਹਾ ਨਾਲ ਵਿਦੇਸ਼ ਜਾਣ ਵਾਲੇ ਵਿਦਿਆਰਥੀਆਂ ਦੀ ਗਿਣਤੀ 'ਚ ਵੱਡੀ ਗਿਰਾਵਟ ਆਈ ਹੈ।ਇੰਮੀਗ੍ਰੇਸ਼ਨ ਮਾਹਿਰਾਂ ਗੁਰੀ ਸਿੰਘ ਤੇ ਅਮ੍ਰਿਤਪਾਲ ਸਿੰਘ ਨੇ ਦੱਸਿਆ ਕਿ ਕੈਨੇਡਾ-ਭਾਰਤ 'ਚ ਆਈ ਦਰਾਰ ਦੇ ਚਲਦੇ ਵਿਦਿਆਰਥੀ ਕੈਨੇਡਾ ਜਾਣ ਤੋਂ ਝਿਜਕਦੇ ਨਜ਼ਰ ਆਏ ਹਨ।ਇਸ ਦੇ ਚਲਦੇ ਵੱਡੀ ਮਾਤਰਾ 'ਚ ਵਿਦਿਆਰਥੀਆਂ ਨੇ ਸਥਾਨਕ ਕਾਲਜ 'ਚ ਦਾਖਲਾ ਲੈਣ ਦਾ ਰੁਖ ਕੀਤਾ ਹੈ।ਉੱਥੇ ਹੀ ਪੰਜਾਬ ਸਰਕਾਰ ਵੱਲੋਂ ਬੱਚਿਆਂ ਨੂੰ ਨੌਕਰੀ ਦੇਣ ਸਬੰਧੀ ਆਖਿਆ ਕਿ ਨੌਜਵਾਨ ਸਾਡੀ ਪਛਾਣ ਹਨ। ਜੇਕਰ ਨੌਜਵਾਨਾਂ ਵੱਲ ਧਿਆਨ ਦਿੱਤਾ ਜਾਵੇ ਤਾਂ ਪੰਜਾਬ 'ਚ ਬਦਲਾਅ ਲਿਆਂਦਾ ਜਾ ਸਕਦਾ ਹੈ। ਵਿਦੇਸ਼ਾਂ 'ਚ ਲਗਾਤਾਰ ਨਿਯਮਾਂ 'ਚ ਬਦਲਾਅ ਹੋਣ ਦੇ ਚਲਦੇ ਵਿਦਿਆਰਥੀ ਆਪਣੇ ਦੇਸ਼ਾਂ 'ਚ ਰਹਿਣਾ ਪਸੰਦ ਕਰਨਗੇ।ਉਨ੍ਹਾਂ ਆਖਿਆ ਕਿ ਵਿਦੇਸ਼ 'ਚ ਮਾਤਾ-ਪਿਤਾ ਦੇ ਆਉਣ 'ਤੇ ਰੋਕ ਲਾਈ ਗਈ ਹੈ। ਵਿਦੇਸ਼ਾਂ ਦੇ ਹਾਲਾਤ ਕੁਝ ਠੀਕ ਨਹੀਂ ਇਹ ਵੀ ਇੱਕ ਕਾਰਨ ਹੈ ਕਿ ਵਿਦਿਆਰਥੀ ਵਿਦੇਸ਼ ਨਹੀਂ ਜਾਣਾ ਚਾਹੁੰਦੇ।ਦੱਸਣਯੋਗ ਹੈ ਕਿ ਵੱਡੇ ਸ਼ਹਿਰਾਂ ਤੋਂ ਲੈ ਕੇ ਛੋਟੇ ਸ਼ਹਿਰਾਂ ਵਿੱਚ ਖੁੰਬਾਂ ਵਾਂਗ ਖੁੱਲ੍ਹੇ ਆਈਲਟਸ ਸੈਂਟਰਾਂ ਨੂੰ ਹੁਣ ਤਾਲੇ ਲੱਗੇ ਦਿਖਾਈ ਦਿੰਦੇ ਹਨ।

## ਵਪਾਰ ਮੰਡਲ ਦਾ ਵਫਦ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੂੰ ਮਿਲਿਆ



**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**-ਵੇਰਕਾ ਚੌਂਕ ਤੋਂ ਤਖਤ ਸ੍ਰੀ ਕੇਸਗੜ ਸਾਹਿਬ ਤੱਕ ਬਣ ਰਹੇ ਵਿਰਾਸਤੀ ਮਾਰਗ ਦੇ ਕੰਮ ਨੂੰ ਜਲਦ ਮੁੜ ਸ਼ੁਰੂ ਕਰਵਾ ਕੇ ਮੁਕੰਮਲ ਕਰਨ ਦੀ ਮੰਗ ਨੂੰ ਲੈ ਕੇ ਵਪਾਰ ਮੰਡਲ ਸ੍ਰੀ ਅਨੰਦਪੁਰ ਸਾਹਿਬ ਦਾ ਇੱਕ ਵਫਦ ਪ੍ਰਧਾਨ ਪ੍ਰਿਤਪਾਲ ਸਿੰਘ ਗੰਡਾ ਦੀ ਅਗਵਾਈ ਹੇਠ ਤਖਤ ਸ੍ਰੀ ਕੇਸਗੜ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੂੰ ਮਿਲਿਆ। ਵਫਦ ਵੱਲੋਂ ਜਥੇਦਾਰ ਸਾਹਿਬ ਨੂੰ ਮੰਗ ਪੱਤਰ ਸੌਂਪਦਿਆਂ ਬੇਨਤੀ ਕੀਤੀ ਗਈ ਕਿ ਗੁਰੂ ਨਗਰੀ ਦੇ ਹਿੱਤ ਵਿੱਚ ਇਸ ਪ੍ਰੋਜੈਕਟ ਲਈ ਜਲਦ ਤੋਂ ਜਲਦ ਇਜਾਜ਼ਤ ਦਿੱਤੀ ਜਾਵੇ।ਪ੍ਰਧਾਨ ਪ੍ਰਿਤਪਾਲ ਸਿੰਘ ਗੰਡਾ ਨੇ ਕਿਹਾ ਕਿ ਬਰਸਾਤਾਂ ਦੌਰਾਨ ਪਾਣੀ ਦੀ ਨਿਕਾਸੀ ਨਾ ਹੋਣ ਕਾਰਨ ਬਾਜ਼ਾਰਾਂ ਅਤੇ ਮੁੱਖ ਮਾਰਗਾਂ 'ਤੇ ਪਾਣੀ ਖੜ੍ਹਾ ਹੋ ਜਾਂਦਾ ਹੈ, ਜਿਸ ਨਾਲ ਵਪਾਰੀਆਂ ਅਤੇ ਸੰਗਤਾਂ ਨੂੰ ਦਿੱਕਤਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਟ੍ਰੈਫਿਕ ਜਾਮ ਤੇ ਗੰਦਗੀ ਵਰਗੀਆਂ ਸਮੱਸਿਆਵਾਂ ਵੀ ਆਮ ਹਨ। ਵਿਰਾਸਤੀ ਮਾਰਗ ਬਣਨ ਨਾਲ ਇਹ ਸਮੱਸਿਆਵਾਂ ਕਾਫੀ ਹੱਦ ਤੱਕ ਦੂਰ ਹੋ ਸਕਦੀਆਂ ਹਨ।ਵਫਦ ਨੇ ਜਥੇਦਾਰ ਸਾਹਿਬ ਨੂੰ ਭਰੋਸਾ ਦਿਵਾਇਆ ਕਿ ਜੇਕਰ ਨਕਸ਼ੇ ਜਾਂ ਡਿਜ਼ਾਇਨ ਵਿੱਚ ਕਿਸੇ ਤਬਦੀਲੀ ਦੀ ਲੋੜ ਹੋਵੇ ਤਾਂ ਉਹ ਪੰਥ ਦੀ ਸਲਾਹ ਨਾਲ ਕੀਤੀ ਜਾ ਸਕਦੀ ਹੈ। ਇਸ ਮੌਕੇ ਸਿੱਖ ਮਿਸ਼ਨਰੀ ਕਾਲਜ ਦੇ ਪ੍ਰਿੰਸੀਪਲ ਭਾਈ ਚਰਨਜੀਤ ਸਿੰਘ, ਨੌਜਵਾਨ ਆਗੂ ਗੁਰਸ਼ੇਰ ਸਿੰਘ, ਭਾਈ ਅਪਾਰ ਸਿੰਘ, ਗੁਰਪ੍ਰੀਤ ਸਿੰਘ, ਜਸਵਿੰਦਰ ਸਿੰਘ ਬਿੱਲਾ, ਅਭੀਜੀਤ ਸਿੰਘ ਅਲੈਕਸੀ ਸਮੇਤ ਹੋਰ ਮੈਂਬਰ ਵੀ ਹਾਜ਼ਰ ਸਨ।

## ਖੇਡਾਂ ਨੂੰ ਉਤਸ਼ਾਹਿਤ ਕਰਨ ਲਈ ਕੀਤੇ ਜਾ ਰਹੇ ਵੱਡੇ ਉਪਰਾਲੇ: ਚੇਅਰਮੈਨ



**ਬਲਾਚੌਰ (ਜਸਵਿੰਦਰ ਬੈਂਸ)**-ਬ੍ਰਹਮਚਾਰੀ ਸਪੋਰਟਸ ਐਂਡ ਵੈਲਫੇਅਰ ਯੂਥ ਕਲੱਬ ਵੱਲੋਂ ਬੀ ਏ ਵੀ ਗਰਾਊਂਡ ਬਲਾਚੌਰ ਵਿਖੇ ਕਰਵਾਏ ਜਾ ਰਹੇ ਫੁੱਟਬਾਲ ਟੂਰਨਾਮੈਂਟ ਦੇ ਫਾਈਨਲ ਮੈਚ ਬਲਾਚੌਰ ਸ਼ਹਿਰ ਤੇ ਪਿੰਡ ਗੜ੍ਹੀ ਕਾਨੂੰਗੋ ਦੀਆਂ ਟੀਮਾਂ ਦੌਰਾਨ ਖੇਡਿਆ ਗਿਆ। ਫੁੱਟਬਾਲ ਦੇ ਫਾਈਨਲ ਮੈਚ ਦੀ ਸ਼ੁਰੂਆਤ ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਚੇਅਰਮੈਨ ਸਰਦਾਰ ਜਸਵੀਰ ਸਿੰਘ ਗੜ੍ਹੀ ਤੇ ਵਿਧਾਇਕ ਹਲਕਾ ਬਲਾਚੌਰ ਸੰਤੋਸ਼ ਕਟਾਰੀਆ ਵੱਲੋਂ ਕੀਤੀ। ਇਸ ਮੌਕੇ 'ਤੇ ਬਲਾਚੌਰ ਨਗਰ ਕੌਂਸਲ ਦੇ ਪ੍ਰਧਾਨ ਸੁਨੀਲ ਕੌਸ਼ਲ ਲਾਡੀ ਰਾਣਾ, ਧਰਮਿੰਦਰ ਤ੍ਰਿਪਾਠੀ ਐੱਮ ਸੀ, ਧਰਮਿੰਦਰ ਮੇਨਕਾ ਐੱਮ ਸੀ,ਜਸਵਿੰਦਰ ਸਿਆਣਾ, ਐੱਸ ਸੀ ਵਿੰਗ ਦੇ ਤਹਿਸੀਲ ਪ੍ਰਧਾਨ ਕੁਲਦੀਪ ਸਿੰਘ, ਅਜੇ ਕੁਮਾਰ ਐੱਮ ਸੀ, ਰਾਧੇ ਸ਼ਾਮ ਐੱਮ ਸੀ, ਡਾ. ਸੁਨਿਤਾ ਸ਼ਰਮਾ, ਡਾ. ਭੁਪਿੰਦਰ ਜੀਤ ਸਿੰਘ ਸੂਰੀ, ਸਤਨਾਮ ਸਿੰਘ ਐਨ.ਆਰ.ਆਈ, ਸੁਖਵੀਰ ਕੌਰ ਤਹਿਸੀਲਦਾਰ ਬਲਾਚੌਰ ਆਦਿ ਹਾਜ਼ਰ ਸਨ।

ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਚੇਅਰਮੈਨ ਸਰਦਾਰ ਜਸਵੀਰ ਸਿੰਘ ਗੜ੍ਹੀ ਨੇ ਕਿਹਾ ਕਿ ਪੰਜਾਬ ਵਿਚ ਖੇਡ ਸੱਭਿਆਚਾਰ ਨੂੰ ਉਤਸ਼ਾਹਿਤ ਕਰਨ ਅਤੇ ਨੌਜਵਾਨਾਂ ਨੂੰ ਨਸ਼ਿਆਂ ਵਰਗੀਆਂ ਅਲਾਮਤਾਂ ਤੋਂ ਦੂਰ ਰੱਖ ਕੇ ਖੇਡ ਮੈਦਾਨਾਂ ਨਾਲ ਜੋੜਨ ਲਈ ਸੂਬਾ ਸਰਕਾਰ ਵੱਲੋਂ ਵੱਡੇ ਪੱਧਰ ਤੇ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਨੇ ਪਿੰਡ ਗੜ੍ਹੀ ਕਾਨੂੰਗੋ ਦੀ ਟੀਮ ਨੂੰ 5100 ਰੁਪਏ ਦੇਣ ਦਾ ਐਲਾਨ ਕੀਤਾ। ਉਨ੍ਹਾਂ ਕਿਹਾ ਕਿ ਜਿਹੜੀ ਜੇਤੂ ਟੀਮ ਗੋਲ ਕਰੇਗੀ ਉਸ ਨੂੰ ਵੀ 5100 ਰੁਪਏ ਇਨਾਮ ਰਾਸ਼ੀ ਦਿੱਤੀ ਜਾਵੇਗੀ।ਵਿਧਾਇਕ ਹਲਕਾ ਬਲਾਚੌਰ ਸੰਤੋਸ਼ ਕਟਾਰੀਆ ਨੇ ਕਿਹਾ ਕਿ ਨੌਜਵਾਨਾਂ ਨਸ਼ਿਆਂ ਤੋਂ ਦੂਰ ਰੱਖਣ ਅਤੇ ਖੇਡਾਂ ਨਾਲ ਜੋੜਨ ਲਈ ਹਰ ਸੰਭਵ ਕੋਸ਼ਿਸ਼ ਕੀਤੀ ਜਾ ਰਹੀ ਹੈ।

## ਭਾਜਪਾ ਆਗੂ ਗੁਰਬਿੰਦਰ ਭਗਤਾ ਨੇ ਹਲਕਾ ਰਾਮਪੁਰਾ ਫੂਲ ਤੋਂ ਦਾਅਵੇਦਾਰੀ ਠੋਕੀ



**ਬਠਿੰਡਾ, (ਰਾਜੀਵ ਗੋਇਲ) - ਜਿਉਂ-ਜਿਉਂ** ਵਿਧਾਨ ਸਭਾ ਚੋਣਾਂ ਦਾ ਸਮਾਂ ਨੇੜੇ ਆ ਰਿਹਾ ਹੈ,ਤਿਉਂ-ਤਿਉਂ ਆਮ ਲੋਕਾਂ ਦੇ ਨਾਲ-ਨਾਲ ਸਿਆਸੀ ਨੇਤਾਵਾਂ ਦਾ ਜੋਸ਼ ਵੀ ਵਧਦਾ ਨਜ਼ਰ ਆ ਰਿਹਾ ਹੈ ਅਤੇ ਸਿਆਸੀ ਲੀਡਰ ਇਨ੍ਹਾਂ ਵਿਧਾਨ ਸਭਾ ਚੋਣਾਂ ਵਿੱਚ ਆਪਣੀ ਕਿਸਮਤ ਅਜਮਾਉਣ ਲਈ ਤਿਆਰ ਬੈਠੇ ਹਨ ਅਤੇ ਇਸੇ ਹੀ ਲੜੀ ਤਹਿਤ ਹਲਕਾ ਰਾਮਪੁਰਾ ਫੂਲ ਤੋਂ ਵਿਧਾਨ ਸਭਾ ਚੋਣਾਂ ਲਈ ਭਾਜਪਾ ਆਗੂ ਗੁਰਬਿੰਦਰ ਭਗਤਾ ਵੱਲੋਂ ਦਾਅਵੇਦਾਰੀ ਠੋਕੀ ਗਈ ਹੈ। ਭਾਵੇਂ ਹੀ ਇਸ ਵਕਤ ਜ਼ਿਲ੍ਹਾ ਪ੍ਰਧਾਨ ਦੀ ਕੁਰਸੀ 'ਤੇ ਸਾਬਕਾ ਮੰਤਰੀ ਸਿਕੰਦਰ ਸਿੰਘ ਮਲੂਕਾ ਦੇ ਬੇਟੇ ਗੁਰਪ੍ਰੀਤ ਸਿੰਘ ਮਲੂਕਾ ਕਾਬਜ਼ ਹਨ ਪਰ ਜੇਕਰ ਗੱਲ ਗੁਰਬਿੰਦਰ ਭਗਤਾ ਦੀ ਕੀਤੀ ਜਾਵੇ ਤਾਂ ਉਹ ਵੀ ਦੋ ਵਾਰ ਜ਼ਿਲ੍ਹਾ ਪ੍ਰਧਾਨ, ਸਟੇਟ ਦੇ ਜਨਰਲ ਸਕੱਤਰ ਸਮੇਤ ਕਿਸਾਨ ਮੋਰਚੇ ਦੇ ਵੱਖ-ਵੱਖ ਅਹੁਦਿਆਂ 'ਤੇ ਸੇਵਾ ਨਿਭਾਅ ਚੁੱਕੇ ਹਨ ਭਾਵ ਜਵਾਨੀ ਤੋਂ ਲੈ ਕੇ ਹੁਣ ਤੱਕ ਉਹ ਭਾਜਪਾ ਲਈ ਦਿਨ ਰਾਤ ਇੱਕ ਕਰਕੇ ਮਿਹਨਤ ਕਰਦੇ ਆ ਰਹੇ ਹਨ। ਭਾਵੇਂ ਹੀ ਟਿਕਟਾਂ ਦਾ ਫੈਸਲਾ ਪਾਰਟੀ ਹਾਈਕਮਾਨ ਵੱਲੋਂ ਕੀਤਾ ਜਾਣਾ ਹੈ ਪਰ ਇੱਕ ਵਾਰ ਭਗਤਾ ਵੱਲੋਂ ਆਪਣੀ ਦਾਅਵੇਦਾਰੀ ਪੇਸ਼ ਕਰਕੇ ਹਲਕਾ ਰਾਮਪੁਰਾ ਫੂਲ ਵਿੱਚ ਨਵੀਂ ਸਿਆਸੀ ਹਲਚਲ ਪੈਦਾ ਜ਼ਰੂਰ ਕਰ ਦਿੱਤੀ ਹੈ।

## ਕੇ ਐੱਸ ਬੀ 'ਚ ਵਿਦਿਆਰਥੀਆਂ ਦੀ ਮਾਨਸਿਕ ਸਿਹਤ ਸੰਬੰਧੀ ਵਿਚਾਰ-ਚਰਚਾ



**ਪਾਤੜਾਂ (ਭੁਪਿੰਦਰਜੀਤ ਮੌਲਵੀਵਾਲਾ)** : ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਕੇ ਐੱਸ ਬੀ ਵਰਲਡ ਸਕੂਲ ਪਾਤੜਾਂ ਵੱਲੋਂ ਵਿਦਿਆਰਥੀਆਂ ਦੀ ਮਾਨਸਿਕ ਸਿਹਤ ਤੇ ਸੁੱਖ-ਸਮ੍ਰਿੱਧੀ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਸਮਰੱਥਾ ਵਿਕਾਸ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ।ਸਮਾਗਮ ਦੌਰਾਨ ਸੀਬੀਐੱਸਈ ਦੇ ਰਿਸੋਰਸ ਪਰਸਨ ਡੀਏਵੀ ਪਬਲਿਕ ਸਕੂਲ, ਚੀਕਾ ਦੇ ਪ੍ਰਿੰਸੀਪਲ ਮੈਡਮ ਸੰਧਿਆ ਬਾਥਲਾ ਤੇ ਬੁੱਢਾ ਦਲ ਪਬਲਿਕ ਸਕੂਲ, ਸਮਾਣਾ ਦੇ ਅਧਿਆਪਕ ਸ੍ਰੀ ਭੂਸ਼ਨ ਕੁਮਾਰ ਵੱਲੋਂ ਸੰਚਾਲਿਤ ਕੀਤਾ ਗਿਆ।

ਦੋ ਵੱਖ ਵੱਖ ਸ਼ੈਸ਼ਨਾਂ ਵਿੱਚ ਕਰਵਾਏ ਗਏ ਪ੍ਰੋਗਰਾਮ ਦੀ ਸ਼ੁਰੂਆਤ ਕੇ ਐੱਸ ਬੀ ਵਰਲਡ ਸਕੂਲ ਦੇ ਪ੍ਰਿੰਸੀਪਲ ਅਨੀਤਾ ਸਹੂੰਜਾ ਵੱਲੋਂ ਰਿਸੋਰਸ ਪਰਸਨ ਦੇ ਸਵਾਗਤ ਨਾਲ ਹੋਈ।ਸਕੂਲ ਦੇ ਚੇਅਰ ਪਰਸਨ ਮੈਡਮ ਰੀਨਾ ਚੀਮਾ ਨੇ ਆਏ ਅਧਿਆਪਕਾਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਸਿਹਤਮੰਦ ਮਨ ਹੀ ਸਫਲ ਜੀਵਨ ਦੀ ਕੁੰਜੀ ਹੈ।ਇਸ ਲਈ ਸਭ ਮਿਲ ਕੇ ਇੱਕ ਐਸਾ ਮਾਹੌਲ ਬਣਾਉਣਾ ਚਾਹੀਦਾ ਹੈ, ਜਿੱਥੇ ਹਰ ਵਿਦਿਆਰਥੀ ਖੁਸ਼, ਆਤਮਨਿਰਭਰ ਤੇ ਆਤਮਵਿਸ਼ਵਾਸੀ ਹੋ ਕੇ ਆਪਣੇ ਸੁਪਨੇ ਸਾਕਾਰ ਕਰ ਸਕੇ। ਵਰਕਸ਼ਾਪ ਦੇ ਪਹਿਲੇ ਸੈਸ਼ਨ ਵਿੱਚ ਮੈਡਮ ਸੰਧਿਆ ਨੇ ਅਧਿਆਪਕਾਂ ਨੂੰ ਵਿਦਿਆਰਥੀਆਂ ਵਿੱਚ ਵਧ ਰਹੇ ਤਣਾਅ, ਚਿੰਤਾ ਤੇ ਭਾਵਨਾਤਮਕ ਚੁਣੌਤੀਆਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ।ਰਿਸੋਰਸ ਪਰਸਨ ਨੇ ਤਣਾਅ ਪ੍ਰਬੰਧਨ ਤਕਨੀਕਾਂ, ਸੰਵੇਦਨਸ਼ੀਲ ਸੰਚਾਰ ਦੇ ਤਰੀਕੇ ਤੇ ਸਕੂਲ ਵਿੱਚ ਸਕਾਰਾਤਮਕ ਵਾਤਾਵਰਣ ਬਣਾਉਣ ਦੇ ਮੱਦੇਨਜ਼ਰ ਅਹਿਮ ਸੁਝਾਅ ਸਾਂਝੇ ਕੀਤੇ। ਗਰੁੱਪ ਚਰਚਾ, ਕਿਰਿਆਸ਼ੀਲ ਗਤੀਵਿਧੀਆਂ ਤੇ ਪ੍ਰਯੋਗਤਮਕ ਉਦਾਹਰਣਾਂ ਰਾਹੀਂ ਅਧਿਆਪਕਾਂ ਨੂੰ ਵਿਦਿਆਰਥੀਆਂ ਦੀ ਮਾਨਸਿਕ ਸਿਹਤ ਦੀ ਸੰਭਾਲ ਵਿੱਚ ਆਪਣੀ ਭੂਮਿਕਾ ਬਾਰੇ ਜਾਗਰੂਕ ਕੀਤਾ ਗਿਆ।ਵਰਕਸ਼ਾਪ ਦੇ ਦੂਸਰੇ ਸੈਸ਼ਨ ਵਿੱਚ ਭੂਸ਼ਣ ਕੁਮਾਰ ਨੇ ਕਿਹਾ ਕਿ ਅੱਜ ਦੇ ਸਮੇਂ ਵਿੱਚ ਵਿਦਿਆਰਥੀਆਂ ਉੱਤੇ ਅਕਾਦਮਿਕ ਦਬਾਅ, ਪ੍ਰਤੀਯੋਗਤਾ, ਸੋਸ਼ਲ ਮੀਡੀਆ ਤੇ ਪਰਿਵਾਰਕ ਉਮੀਦਾਂ ਦਾ ਬਹੁਤ ਅਸਰ ਹੁੰਦਾ ਹੈ।ਕਈ ਵਾਰ ਬੱਚੇ ਆਪਣੀ ਚਿੰਤਾ, ਡਰ ਜਾਂ ਉਦਾਸੀ ਬਾਰੇ ਖੁੱਲ੍ਹ ਕੇ ਗੱਲ ਨਹੀਂ ਕਰਦੇ।ਇਹ ਚੁੱਪੀ ਹੀ ਸਭ ਤੋਂ ਵੱਡੀ ਸਮੱਸਿਆ ਬਣ ਜਾਂਦੀ ਹੈ।ਇਸ ਲਈ ਸਾਨੂੰ ਐਸਾ ਮਾਹੌਲ ਬਣਾਉਣਾ ਚਾਹੀਦਾ ਹੈ, ਜਿੱਥੇ ਹਰ ਵਿਦਿਆਰਥੀ ਬਿਨਾਂ ਡਰ ਆਪਣੇ ਜਜ਼ਬਾਤ ਸਾਂਝੇ ਕਰ ਸਕੇ।ਉਨ੍ਹਾਂ ਅਧਿਆਪਕਾਂ ਨੂੰ ਕਾਫੀ ਮਨੋਰੰਜਕ ਗਤੀਵਿਧੀਆਂ ਰਾਹੀਂ ਜਮਾਤ ਵਿੱਚ ਇੱਕ ਅਧਿਆਪਕ ਦੇ ਤੌਰ 'ਤੇ ਤਣਾਅ ਰਹਿਤ ਅਧਿਆਪਨ ਕਰਨ ਲਈ ਪ੍ਰੇਰਿਤ ਕੀਤਾ।ਹਾਜ਼ਰੀਨ ਨੇ ਇਨ੍ਹਾਂ ਗਤੀਵਿਧੀਆਂ ਵਿੱਚ ਭਰਪੂਰ ਉਤਸ਼ਾਹ ਨਾਲ ਭਾਗ ਲਿਆ ਤੇ ਇਸ ਨੂੰ ਬਹੁਤ ਹੀ ਲਾਭਕਾਰੀ ਕਰਾਰ ਦਿੱਤਾ।ਸਕੂਲ ਦੇ ਪ੍ਰੈਜ਼ੀਡੈਂਟ ਸ੍ਰੀ ਗੁਰਲਾਡ ਸਿੰਘ ਕਾਹਲੋਂ ਨੇ ਆਪਣੇ ਸੰਦੇਸ਼ ਵਿੱਚ ਕਿਹਾ ਕਿ ਸਕੂਲ ਸਿਰਫ਼ ਅਕਾਦਮਿਕ ਸਫਲਤਾ ਲਈ ਹੀ ਨਹੀਂ, ਸਗੋਂ ਵਿਦਿਆਰਥੀਆਂ ਦੇ ਮਾਨਸਿਕ ਤੇ ਭਾਵਨਾਤਮਕ ਵਿਕਾਸ ਲਈ ਵੀ ਵਚਨਬੱਧ ਹੈ।ਇਸ ਤਰ੍ਹਾਂ ਦੇ ਪ੍ਰੋਗਰਾਮ ਅਧਿਆਪਕਾਂ ਨੂੰ ਵਿਦਿਆਰਥੀਆਂ ਦੀਆਂ ਜ਼ਰੂਰਤਾਂ ਨੂੰ ਸਮਝਣ ਵਿੱਚ ਮਦਦਗਾਰ ਸਾਬਿਤ ਹੁੰਦੇ ਹਨ।ਸਕੂਲ ਅਧਿਆਪਕ ਖੁਸ਼ਵਿੰਦਰ ਸਿੰਘ ਨੇ ਰਿਸੋਰਸ ਪਰਸਨ ਤੇ ਸਮੂਹ ਸਟਾਫ ਦਾ ਧੰਨਵਾਦ ਕੀਤਾ।



## ਕਲਾਸੀਫਾਈਡ ਇਸ਼ਤਿਹਾਰ

### Change of Name

I, Vijay Dutta S/o Kishan Dutt, R/o H. No. 1400, Ward No. 04, Near Hanuman Mandir Adampur, Distt. Jalandhar, have changed my name Vijay Dutta to Vijay Kumar for all future purposes.

I, Sukhwinder Kaur W/o Manjinder Singh R/o Hno 772, Adarsh Nagar, Kot Khalsa ,Amritsar have changed my name From Sukhwinder Kaur to Manjot Kaur Concerned Note.

I, Pawanjot Singh S/o Balbir Singh, Holder of Indian Passport No. R5198329, Issued at Jalandhar on 07/11/2017, Permanent Resident of 1946/8, Near Rest House Adampur Doaba, Jalandhar, Punjab, India 144102 and Presently residing at 12-279 Sandowne Dr. Waterloo, on, N2K2C1 do Hereby change my name from Pawanjot Singh to Pawanjot Singh Badesha.

I, Ramandeep Kaur D/o Harjinder Singh, holder of Indian Passport No. P2159396, issued at Jalandhar on 11/07/2016 permanent resident of 1946/8, Near Rest House Adampur Doaba, Jalandhar, Punjab, India 144102 and presently residing at 12-279 Sandowne Dr. Waterloo, On, N2K2C1 do hereby change my name from Ramandeep Kaur to Ramandeep Kaur Badesha.

I, Pawanjot Singh S/o Balbir Singh solemnly declare that my minor daughter Asees Kaur holder of Indian Passport No. X9196369, issued at Toronto on 12/05/2023, permanent resident of 1946/8, Near Rest House Adampur Doaba, Jalandhar, Punjab, India 144102 and presently residing at 12-279 Sandowne Dr. Waterloo, on, N2K2C1 do hereby change my Minor Daughter name from Asees Kaur To Asees Kaur Badesha.

I, hitherto known as Shanti Devi wife of Gurdip Singh residing at Vill. Mansurpur, PO. Salala, Distt. Jalandhar-144102, Punjab, India have changed my name and shall hereafter be known as Shant Kaur.

I,Gurjant Singh s/o Satnam Singh R/o VPO Kalsian Kalan, Tehsil Patti District Tarn Taran have changed my name from Gurjant Singh to Surname as Singh and my given name is Gurjant. Plz note it.

I, Pappu Shriwas s/o Ayodhyaprasad r/o H.No. 162, Golden Avenue, Phase-2, Garha, Jalandhar-144022, Punjab have changed my name from Pappu Shriwas to Param Parkash. All Please Note.

I, Kiran d/o Bharat Vir Bhandari r/o H.No. 69/2, Gurunanak Nagar, Jalandhar have changed my name from Kiran to Kiran Bhandari. All Please Note.

### ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

### ਬੇਦਖਲੀ ਨੋਟਿਸ

ਮੈਂ, ਬਲਦੇਵ ਸਿੰਘ ਪੁੱਤਰ ਸ੍ਰੀ ਸਵਰਨ ਸਿੰਘ ਵਾਸੀ ਗਲੀ ਨੰਬਰ 2 ਪੁਲਿਸ ਲਾਇਨ ਰੋਡ ਬਟਾਲਾ ਤਹਿਸੀਲ ਬਟਾਲਾ ਜ਼ਿਲ੍ਹਾ ਗੁਰਦਾਸਪੁਰ ਬਿਆਨ ਕਰਦਾ ਹਾਂ ਕਿ ਮੇਰਾ ਵੱਡਾ ਲੜਕਾ ਹਰਪ੍ਰੀਤ ਸਿੰਘ ਅਤੇ ਇਸਦੀ ਪਤਨੀ ਜਸ਼ਨਪ੍ਰੀਤ ਕੌਰ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਕਰਕੇ ਮੈਂ ਆਪਣੇ ਲੜਕੇ ਹਰਪ੍ਰੀਤ ਸਿੰਘ ਅਤੇ ਇਸਦੀ ਪਤਨੀ ਜਸ਼ਨਪ੍ਰੀਤ ਕੌਰ ਅਤੇ ਲੜਕਾ ਇੰਦਰਪ੍ਰਤਾਪ ਸਿੰਘ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਜਿਥੇ ਕਿੱਤੇ ਵੀ ਹੋਵੇ ਤੋਂ ਬੇਦਖਲ ਕਰਦਾ ਹਾਂ। ਮੇਰੇ ਲੜਕੇ ਹਰਪ੍ਰੀਤ ਸਿੰਘ ਅਤੇ ਇਸਦੀ ਪਤਨੀ ਜਸ਼ਨਪ੍ਰੀਤ ਕੌਰ ਨਾਲ ਕੋਈ ਵੀ ਕਿਸੇ ਪ੍ਰਕਾਰ ਦਾ ਲੈਣ ਦੇਣ ਰੱਖਣ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ ਸਰਬਜੀਤ ਸਿੰਘ ਪੁੱਤਰ ਵੱਸਣ ਸਿੰਘ ਵਾਸੀ ਵਾਰਡ ਨ 4, ਪੱਟੀ ਰੋਡ, ਭਿੱਖੀਵਿੰਡ, ਤਹਿਸੀਲ ਪੱਟੀ ਜ਼ਿਲ੍ਹਾ ਤਰਨ ਤਾਰਨ ਸੂਚਿਤ ਕਰਦਾ ਹਾਂ ਕਿ ਮੇਰਾ ਲੜਕਾ ਬਿਕਰਮਜੀਤ ਸਿੰਘ ਅਤੇ ਉਸ ਦੀ ਪਤਨੀ ਸੰਦੀਪ ਕੌਰ ਸਾਡੇ ਕੰਟਰੋਲ ਤੋਂ ਬਾਹਰ ਹਨ । ਮੈਂ ਇਨ੍ਹਾਂ ਨੂੰ ਆਪਣੀ ਸਾਰੀ ਚੱਲ - ਅਚੱਲ ਜਾਇਦਾਦ ਤੋਂ ਬੇਦਖਲ ਕਰ ਦਿੱਤਾ ਹੈ । ਆਪਣੇ ਹਰ ਲੈਣ ਦੇਣ ਅਤੇ ਕਾਰ ਵਿਹਾਰ ਦੇ ਇਹ ਖੁਦ ਜ਼ਿੰਮੇਵਾਰ ਹੋਣਗੇ ।

ਮੈਂ ਰਾਜ ਕੁਮਾਰ ਪੁੱਤਰ ਸੋਹਨ ਲਾਲ ਵਾਸੀ ਨਾਗਰਾ, ਜ਼ਿਲਾ ਜਲੰਧਰ ਇਹ ਬਿਆਨ ਕਰਦਾ ਹਾਂ ਕਿ ਮੇਰੀ ਲੜਕੀ ਪ੍ਰਿਅੰਕਾ ਮੇਰੇ ਕਹਿਣੇ ਤੋਂ ਬਾਹਰ ਹੈ ।ਇਸ ਲਈ ਮੈਂ ਉਸ ਨੂੰ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ, ਜਸਵੰਤ ਸਿੰਘ ਪੁੱਤਰ ਲੇਟ ਚਾਨਣ ਰਾਮ , ਵਾਸੀ ਪਿੰਡ ਚੀਮਾ , ਡਾਕਖਾਨਾ ਕਰਤਾਰਪੁਰ, ਜਲੰਧਰ ਇਹ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਵਰਿੰਦਰ ਸਿੰਘ ਅਤੇ ਉਸਦੀ ਪਤਨੀ ਅਮਰਜੀਤ ਕੌਰ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਹਨਾਂ ਨੂੰ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਹਨਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ ।

### ਆਮ ਸੂਚਨਾ

ਤਸਦੀਕ ਕੀਤਾ ਜਾਂਦਾ ਹੈ ਕਿ ਇਸ ਉਪ ਮੰਡਲ ਦਫ਼ਤਰ ਵਿਚ ਚੱਲਦੇ ਟਿਊਬਵੈੱਲ ਕੁਨੈਕਸ਼ਨ ਖਾਤਾ ਨੰਬਰ 3003372992, ਜੋ ਕਿ ਸ੍ਰੀ ਮਨਜੀਤ ਸਿੰਘ ਪੁੱਤਰ ਅਰਜਨ ਸਿੰਘ ਪਿੰਡ ਧਾਰੀਵਾਲ ਕਲੇਰ ਦੇ ਨਾਂਅ 'ਤੇ ਚੱਲਦਾ ਹੈ, ਨੂੰ ਸ੍ਰੀਮਤੀ ਬਲਜੀਤ ਕੌਰ ਪੁੱਤਰੀ /ਪਤਨੀ ਸੁਖਰਾਜ ਸਿੰਘ, ਪਿੰਡ ਧਾਰੀਵਾਲ ਕਲੇਰ ਦੇ ਨਾਂਅ 'ਤੇ ਬਦਲੀ ਕਰਾਉਣ ਲਈ ਬੇਨਤੀ ਪੱਤਰ ਦਿੱਤਾ ਹੈ। ਜਿਸ ਕਿਸੇ ਨੂੰ ਇਸ ਸੰਬੰਧੀ ਇਤਰਾਜ਼ ਹੋਵੇ ਤਾਂ 15 ਦਿਨਾਂ ਦੇ ਅੰਦਰ-ਅੰਦਰ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਦਫ਼ਤਰ ਅਜਨਾਲਾ ਵਿਖੇ ਉਪ ਮੰਡਲ ਅਫਸਰ ਨੂੰ ਆਪਣਾ ਇਤਰਾਜ਼ ਪੇਸ਼ ਕਰ ਸਕਦਾ ਹੈ।

### PUBLIC NOTICE

I, Parshotam Lal S/O Thakar Dass R/O Vpo Khurla Kingra, Distt. Jalandhar - 144014, Punjab, India Declare That Name Of My Wife Manvinder Kaur Has Been Wrongly Written As Manwinder Kaur In My Passport No.(u9314466), Actual Name Of My Wife Is Manvinder Kaur, Which May Be Amemded Accordingly.

I, Kamajit Singh, S/o Sh. Swaran Singh, R/o House No. 50, Scheme No. 1, Katra Sher Singh, Amritsar, presently residing at House No. 109, Street No. 7C, Jujhar Singh Avenue, Amritsar, hereby declare that the original Sale Deed dated 11/08/2000 bearing Vasika No. 5455, Bahi No. 1011, executed by Gurjeet Singh S/o Jagir Singh in favour of Smt. Ravinder Kaur, has been lost on 07/02/2026 at somewhere in my residence.Regarding this loss, DDR No. 21S dated 14/02/2026 has been lodged at Police Station Cantonment, Amritsar (GD No. 022).

### ਜਨਤਕ ਨੋਟਿਸ

ਹਰ ਆਮ ਤੇ ਖਾਸ ਨੂੰ ਇਸ ਨੋਟਿਸ ਰਾਹੀਂ ਸੂਚਿਤ ਕੀਤਾ ਜਾਂਦਾ ਹੈ ਕਿ (1). ਅਸਲ ਵਿਕਰੀ ਡੀਡ ਨੰ. 3635 ਮਿਤੀ 28.01.2014 ਨੂੰ ਨਾਜ਼ਰ ਸਿੰਘ ਪੁੱਤਰ ਗੁਰਦਿਆਲ ਸਿੰਘ ਵੱਲੋਂ ਟਹਿਲ ਸਿੰਘ (2) ਵਿਕਰੀ ਕਰਾਰ ਚਤਰ ਸਿੰਘ ਪੁੱਤਰ ਰਾਮਚੰਦ ਸਿੰਘ ਵੱਲੋਂ ਟਹਿਲ ਸਿੰਘ ਪੁੱਤਰ ਗੁਰਜੰਟ ਸਿੰਘ, ਨਾਜ਼ਰ ਸਿੰਘ ਪੁੱਤਰ ਗੁਰਦਿਆਲ ਸਿੰਘ, ਰਾਜ ਸਿੰਘ ਪੁੱਤਰ ਮੱਘਰ ਸਿੰਘ, ਹਰਵਿੰਦਰ ਸਿੰਘ ਪੁੱਤਰ ਕਸ਼ਮੀਰ ਸਿੰਘ ਦੇ ਹੱਕ ਵਿੱਚ ਮਿਊਟੇਸ਼ਨ ਨੰ. 5833 ਦੇ ਤਹਿਤ ਕਰਵਾਇਆ ਗਿਆ ਸੀ, ਤਹਿਸੀਲ ਬੁਢਲਾਡਾ, ਜ਼ਿਲ੍ਹਾ ਮਾਨਸਾ ਦੀ ਮਾਲ ਸੀਮਾ ਵਿਚ ਹੈ ਅਤੇ ਉੱਤੇ ਦਿੱਤੀਆਂ 1 ਅਤੇ 2 ਨੰਬਰ ਰਜਿਸਟਰੀਆਂ ਕਿਤੇ ਗੁੰਮ ਹੋ ਗਈਆਂ ਹਨ ਅਤੇ ਕਿਸੇ ਬੈਂਕ ਜਾਂ ਵਿੱਤੀ ਸੰਸਥਾ ਕੋਲ ਗਿਰਵੀ ਨਹੀਂ ਹੈ, ਇਸ ਸੰਬੰਧ ਵਿੱਚ ਡੀਡੀਆਰ ਨੰਬਰ 683274/2026 ਤਰੀਕ 13/02/2026 ਦਰਜ ਕੀਤਾ ਗਿਆ ਹੈ ਇਹ ਕਿ ਮੈਂ ਸ਼ਿਵ ਕੁਮਾਰ ਸ਼ਰਮਾ ਪੁੱਤਰ ਸੱਤਪਾਲ ਸ਼ਰਮਾ ਵਾਸੀ ਹਰਿਆਊ ਜ਼ਿਲ੍ਹਾ ਸੰਗਰੂਰ ਮੌਜੂਦਾ ਮਾਲਕ ਹੈ ਅਤੇ ਮੈਂ ਸ਼ਿਵ ਕੁਮਾਰ ਸ਼ਰਮਾ ਪੁੱਤਰ ਸੱਤਪਾਲ ਸ਼ਰਮਾ ਆਦਿਤਿਆ ਬਿਰਲਾ ਕੈਪੀਟਲ ਲਿਮਟਿਡ ਬ੍ਰਾਂਚ ਮਾਨਸਾ ਤੋਂ ਲੋਨ ਅਤੇ ਮੌਰਗੇਜ ਕਰ ਰਿਹਾ ਹਾਂ। ਜੇਕਰ ਕਿਸੇ ਨੂੰ ਵੀ ਇਤਰਾਜ਼ ਹੋਵੇ ਤਾਂ ਉਹ 15 ਦਿਨਾ ਦੇ ਅੰਦਰ ਸ੍ਰੀ ਤਰਸੇਮ ਚੰਦ ਮਿੱਤਲ, ਐਡਵੋਕੇਟ ਮਾਨਸਾ ਨੂੰ ਸੰਪਰਕ ਕਰ ਸਕਦਾ ਹੈ ਮੋਬਾਈਲ ਨੰਬਰ 9872755236।

### CRIMINAL COURT LUDHIANA

In the Court of
**Ms. Jyoti Kumari**
Judicial Magistrate-1st Class, Ludhiana
CNR No. PBLD03-067375-2022
Peshi :- 05-03-2026

COMA/44435/2022
Publication Notice for Proclamation Under Section 82 CR. PC
Amrit Oil & Chemicals
Vs. Rajan Kumar
Complaint R/W Sec- 138 of N.I ACT
Notice To : Rajan Kumar, Sole Propriter M/S Rajan Trading Co. Asal Uttar Khemkaran, District Tarn Taran

Whereas it has been proved to the satisfaction of the Court that you, the accused above named cannot be served in the ordinary way of service. Hence, this proclamation under section 82 CRPC is hereby issued against you with a direction that you should appear personally before the court on 05-03-2026 at 10.00 a.m. or within 30 days from the date of publication of this proclamation.

Take notice that, in default of your part to apper as directed above, the above said case will be heard and determined as per law, in your absence.

Given under my hand and the seal of the court this 11.02.2026

For details logon to https://highcourtchd.gov.in/?trs=district_notice&district=ludhiana

Judicial Magistrate-1st Class, Ludhiana

### COURT NOTICE

(U/o 5 Rule 20 CPC)
In the Court of
Dr. Jasveer Singh
Civil Judge (Junior Division), Ludhiana
CNR No. PBLD02-005433-2021
Next Date :- 23-03-2026
Punjab State Powar Corporation Ltd.
Vs.
Kulwinder Singh
Publication Issued to :
Kulwinder Singh R/o EWS Colony, Tajpur Road, Ludhiana

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 23.03.2026 at 10:00 a.m.

For details logon to https://highcourtchd.gov.in/?mod=district_notice&district=mogacourt

Civil Judge (Junior Division), Ludhiana
Dated this day of 13-02-2026

### SBI — BRANCH: HLC SANGRUR, DISTRICT : SANGRUR (PB), email : sbi.64793@sbi.co.in

**[ ਰੂਲ-8 (1)] ਕਬਜ਼ਾ ਨੋਟਿਸ (ਅਚੱਲ ਜਾਇਦਾਦ ਵਾਸਤੇ)**

ਜਦੋਂ ਕਿ ਨਿਮਨਹਸਤਾਖਰੀ ਸਕਿਓਰਟਾਈਜੇਸ਼ਨ ਐਂਡ ਰੀਕੰਸਟਰਕਸ਼ਨ ਆਫ ਫਾਇਨੈਂਸ਼ੀਅਲ ਐਸੇਟਸ ਐਂਡ ਇਨਫੋਰਸਮੈਂਟ ਆਫ ਸਕਿਓਰਟੀ ਇੰਟਰੈਸਟ ਐਕਟ 2002 ਅਧੀਨ ਭਾਰਤੀ ਸਟੇਟ ਬੈਂਕ ਐੱਚ ਐੱਲ ਸੀ ਸੰਗਰੂਰ ਦਾ ਅਧਿਕਾਰਤ ਅਫਸਰ ਹੋਣ ਦੇ ਨਾਤੇ ਅਤੇ ਸਕਿਓਰਟੀ ਇੰਟਰੈਸਟ ਇਨਫੋਰਸਮੈਂਟ ਰੂਲਜ਼ 2002 ਦੇ ਰੂਲ 3 ਨਾਲ ਪੜ੍ਹੀ ਜਾਂਦੀ ਧਾਰਾ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਹੇਠਾਂ ਦਰਸਾਈ ਮਿਤੀ ਨੂੰ ਡਿਮਾਂਡ ਨੋਟਿਸ ਜਾਰੀ ਕੀਤਾ ਹੈ, ਜਿਸ ਦੁਆਰਾ ਦੱਸੇ ਨੋਟਿਸ ਦੀ ਪ੍ਰਾਪਤੀ ਦੀ ਮਿਤੀ ਤੋਂ ਕਰਜ਼ਦਾਰਾਂ/ਜਾਮਨਾਂ ਨੂੰ 60 ਦਿਨਾਂ ਦੇ ਅੰਦਰ-ਅੰਦਰ ਨੋਟਿਸ ਵਿੱਚ ਦਰਸਾਈ ਰਾਸ਼ੀ ਅਦਾ ਕਰਨ ਲਈ ਕਿਹਾ ਹੈ।

ਕਰਜ਼ਦਾਰਾਂ/ਜਾਮਨਾਂ ਨੂੰ ਰਾਸ਼ੀ ਅਦਾ ਕਰਨ ਵਿੱਚ ਅਸਫਲ ਰਹੇ ਹਨ। ਕਰਜ਼ਦਾਰ/ਜਾਮਨ ਅਤੇ ਆਮ ਜਨਤਾ ਨੂੰ ਇਸ ਦੁਆਰਾ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨ-ਹਸਤਾਖਰੀ ਨੇ ਦੱਸੇ ਗਏ ਰੂਲਜ਼ ਦੇ ਸਕਿਓਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 8 ਨਾਲ ਪੜ੍ਹੇ ਜਾਂਦੇ ਐਕਟ ਦੀ ਧਾਰਾ 13 (4) ਅਧੀਨ ਉਸ ਨੂੰ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਗਿਰਵੀ ਰੱਖੀ ਹੇਠਾਂ ਦਰਸਾਈ ਜਾਇਦਾਦ ਦਾ ਖਾਤੇ ਵਿਰੁੱਧ ਲਿਖੀਆਂ ਮਿਤੀਆਂ ਨੂੰ ਕਬਜ਼ਾ ਪ੍ਰਾਪਤ ਕਰ ਲਿਆ ਹੈ।

ਵਿਸ਼ੇਸ਼ ਕਰਕੇ ਕਰਜ਼ਦਾਰਾਂ/ਜ਼ਾਮਨ ਅਤੇ ਆਮ ਜਨਤਾ ਨੂੰ ਇਸ ਦੁਆਰਾ ਚੇਤਾਵਨੀ ਦਿੱਤੀ ਜਾਂਦੀ ਹੈ ਕਿ ਉਹ ਜਾਇਦਾਦ ਸੰਬੰਧੀ ਕੋਈ ਲੈਣ-ਦੇਣ ਨਾ ਕਰਨ ਅਤੇ ਜਾਇਦਾਦ ਸੰਬੰਧੀ ਕੀਤਾ ਗਿਆ ਕੋਈ ਵੀ ਲੈਣ-ਦੇਣ ਭਾਰਤੀ ਸਟੇਟ ਬੈਂਕ, ਐੱਚ ਐੱਲ ਸੀ ਸੰਗਰੂਰ ਨੂੰ ਹੇਠਾਂ ਦਰਸਾਈ ਕੁਲ ਰਕਮ ਸਮੇਤ ਭਵਿੱਖਤ ਵਿਆਜ ਅਤੇ ਹੋਰ ਖਰਚਿਆਂ ਅਤੇ ਲਾਗਤਾਂ ਦੀ ਵਸੂਲੀ ਦਾ ਹੱਕਦਾਰ ਬਣਾਵੇਗਾ।

ਕਰਜ਼ਦਾਰਾਂ/ਜਾਮਨਾਂ ਦਾ ਧਿਆਨ ਸਕਿਓਰਡ ਅਸਾਸਿਆਂ ਦੇ ਪੁਨਰਗ੍ਰਹਿਣ ਲਈ ਉਪਲੱਬਧ ਸਮੇਂ ਦੇ ਸੰਬੰਧ ਵਿੱਚ ਐਕਟ ਦੀ ਧਾਰਾ 13 ਦੀ ਉਪ ਧਾਰਾ (8) ਦੀਆਂ ਵਿਵਸਥਾਵਾਂ ਵੱਲ ਦੁਆਇਆ ਜਾਂਦਾ ਹੈ।

| ਲੜੀ ਨੰ. | ਕਰਜ਼ਦਾਰਾਂ/ਜਾਮਨਾਂ ਜਾਇਦਾਦ ਦਾ ਮਾਲਕ | ਰਹਿਣ ਕੀਤੀ ਜਾਇਦਾਦ ਦਾ ਵੇਰਵਾ | ਡਿਮਾਂਡ ਨੋਟਿਸ ਦੀ ਮਿਤੀ | ਕਬਜ਼ੇ ਦੀ ਮਿਤੀ | ਕਬਜ਼ੇ ਦੀ ਕਿਸਮ / ਬਕਾਇਆ ਰਕਮ |
|---|---|---|---|---|---|
| 01. | ਕਰਜ਼ਦਾਰ : ਲੇਟ ਸ੍ਰੀ ਰਾਕੇਸ਼ ਕੁਮਾਰ ਪੁੱਤਰ ਸ੍ਰੀ ਬਾਂਕੇ ਬਿਹਾਰੀ ਵਾਸੀ ਪਰਮਾਨੰਦ ਕੁਟੀਆ, ਸਾਹਮਣੇ ਗੁਰਦੁਆਰਾ ਮੋਰਾਂਵਾਲੀ, ਪਟਿਆਲਾ ਰੋਡ, ਸੁਨਾਮ, ਜ਼ਿਲ੍ਹਾ ਸੰਗਰੂਰ (ਪੰਜਾਬ) 148028 (ਕਰਜ਼ਦਾਰ) ਰਾਹੀਂ ਇਸ ਦੇ ਕਾਨੂੰਨੀ ਵਾਰਸ : ਏ) ਸ੍ਰੀਮਤੀ ਰਾਜ ਦੁਲਾਰੀ ਪਤਨੀ ਲੇਟ ਸ੍ਰੀ ਰਾਕੇਸ਼ ਕੁਮਾਰ ਵਾਸੀ ਪਰਮਾਨੰਦ ਕੁਟੀਆ, ਸਾਹਮਣੇ ਗੁਰਦੁਆਰਾ ਮੋਰਾਂਵਾਲੀ, ਪਟਿਆਲਾ ਰੋਡ, ਸੁਨਾਮ, ਜ਼ਿਲ੍ਹਾ ਸੰਗਰੂਰ (ਪੰਜਾਬ) 148028 (ਸਹਿ-ਕਰਜ਼ਦਾਰ ਅਤੇ ਕਾਨੂੰਨੀ ਵਾਰਸ), ਬੀ) ਸ੍ਰੀ ਅਜੇ ਸਿੰਗਲਾ ਪੁੱਤਰ ਲੇਟ ਸ੍ਰੀ ਰਾਕੇਸ਼ ਕੁਮਾਰ ਵਾਸੀ ਪਰਮਾਨੰਦ ਕੁਟੀਆ, ਸਾਹਮਣੇ ਗੁਰਦੁਆਰਾ ਮੋਰਾਂਵਾਲੀ, ਪਟਿਆਲਾ ਰੋਡ, ਸੁਨਾਮ, ਜ਼ਿਲ੍ਹਾ ਸੰਗਰੂਰ (ਪੰਜਾਬ) 148028, ਸੀ) ਸ੍ਰੀ ਨਿਸ਼ਾਂਤ ਸਿੰਗਲਾ ਪੁੱਤਰ ਲੇਟ ਸ੍ਰੀ ਰਾਕੇਸ਼ ਕੁਮਾਰ ਵਾਸੀ ਪਰਮਾਨੰਦ ਕੁਟੀਆ, ਸਾਹਮਣੇ ਗੁਰਦੁਆਰਾ ਮੋਰਾਂਵਾਲੀ, ਪਟਿਆਲਾ ਰੋਡ, ਸੁਨਾਮ, ਜ਼ਿਲ੍ਹਾ ਸੰਗਰੂਰ (ਪੰਜਾਬ) 148028 ਅਤੇ ਗਰੰਟਰ ਸ੍ਰੀ ਭੂਸ਼ਨ ਲਾਲ ਪੁੱਤਰ ਸ੍ਰੀ ਛੱਜੂ ਰਾਮ ਮਾਰਫਤ ਸੁਨੀਲ ਇਲੈਕਟ੍ਰੀਕਲ ਸਟੋਰ, ਰੇਲਵੇ ਰੋਡ, ਸੁਨਾਮ, ਸੰਗਰੂਰ (ਪੰਜਾਬ) 148028 | ਸਮੁੱਚਾ ਜ਼ਮੀਨ ਤੇ ਬਿਲਡਿੰਗ ਦਾ ਅਟੁੱਟ ਹਿੱਸਾ ਖਾਤਾ ਨੰ. 1054/980 ਮਿਨ, ਖਤੌਨੀ ਨੰ. 1642, ਖਸਰਾ ਨੰ. 202//4/2 ਮਿਨ (1-10), ਖੇਤਰ ਰਕਬਾ 6/30 ਹਿੱਸਾ, ਕੁਲ ਜ਼ਮੀਨ 1 ਕਨਾਲ 10 ਮਰਲਾ ਜੋ ਕਿ 0 ਕਨਾਲ 6 ਮਰਲਾ ਪਤਾ ਪਿੰਡ ਸੁਨਾਮ ਬੀ ਪਰਮਾਨੰਦ ਬਸਤੀ ਵਜੋਂ ਪ੍ਰਸਿੱਧ, ਜਮ੍ਹਾਂਬੰਦੀ ਸਾਲ 15.11.2025 ਤੱਕ 2009-10 ਅਨੁਸਾਰ ਸ੍ਰੀਮਤੀ ਰਾਜ ਦੁਲਾਰੀ ਪਤਨੀ ਲੇਟ ਸ੍ਰੀ ਰਾਕੇਸ਼ ਕੁਮਾਰ ਦੇ ਨਾਂਅ ਰਜਿਸਟਰਡ ਬੈਨਾਮਾ ਵਸੀਕਾ ਨੰ. 2565 ਮਿਤੀ 14.01.2025, ਉਕਤ ਜਾਇਦਾਦ ਦੀ ਹੱਦਬੰਦੀ ਹੇਠਾਂ ਅਨੁਸਾਰ :- ਪੂਰਬ : ਖਾਲੀ ਪਲਾਟ, ਪੱਛਮ : ਘਰ, ਉੱਤਰ : ਹੋਰਨਾਂ ਦਾ ਪਲਾਟ, ਦੱਖਣ : ਗਲੀ | 17.11.2025 | 10.02.2026 | ਸੰਕੇਤਕ ਕਬਜ਼ਾ / ਰੁਪਏ 3,48,631.00 (ਤਿੰਨ ਲੱਖ ਅਠਤਾਲੀ ਹਜ਼ਾਰ ਛੇ ਸੌ ਇਕੱਤੀ ਰੁਪਏ ਕੇਵਲ) ਜਮ੍ਹਾਂ ਉਕਤ ਰਕਮ ਉੱਪਰ ਠੇਕਾ ਦਰ 'ਤੇ ਭਵਿੱਖੀ ਵਿਆਜ਼ ਸਮੇਤ ਅਚਨਚੇਤੀ ਖਰਚੇ, ਲਾਗਤ, ਚਾਰਜਜ਼ ਆਦਿ ਮਨਫੀ ਮੁੜ ਅਦਾਇਗੀ ਜੇ ਕੋਈ ਹੋਵੇ। |

ਮਿਤੀ : 15.02.2026 — ਸਥਾਨ : ਸੰਗਰੂਰ — ਅਧਿਕਾਰਤ ਅਫਸਰ

### ਇੰਡੀਅਨ ਬੈਂਕ / Indian Bank — ਇਲਾਹਾਬਾਦ / ALLAHABAD — Branch: Focal Point, Opposite Aarati Steels Ltd, Shiv Chowk, Focal Point, Ludhiana

**ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 (ਸਰਫੇਸੀ ਐਕਟ) ਦੇ ਸੈਕਸ਼ਨ 13 (2) ਤਹਿਤ ਡਿਮਾਂਡ ਨੋਟਿਸ**

ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਦਰਸਾਏ ਕਰਜ਼ਦਾਰ ਬੈਂਕ ਤੋਂ ਪ੍ਰਾਪਤ ਕੀਤੀਆਂ ਕਰਜ਼ਾ ਸਹੂਲਤਾਂ ਦੀ ਮੂਲ ਮੁੜ ਅਦਾਇਗੀ ਅਤੇ ਵਿਆਜ ਦੀ ਅਦਾਇਗੀ 'ਚ ਅਸਫਲ ਰਹੇ ਹਨ ਅਤੇ ਇਹ ਸਹੂਲਤਾਂ ਨਾਨ-ਪ੍ਰਫਾਰਮਿੰਗ ਐੱਸਟਸ 'ਚ ਤਬਦੀਲ ਹੋ ਗਈਆਂ ਹਨ। ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 ਦੇ ਸੈਕਸ਼ਨ 13 (2) ਤਹਿਤ ਬੈਂਕ ਦੇ ਅਧਿਕਾਰਤ ਅਫਸਰ ਵੱਲੋਂ ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਉਨ੍ਹਾਂ ਦੇ ਆਖਰੀ ਜਾਣਕਾਰੀ ਵਾਲੇ ਪਤਿਆਂ 'ਤੇ ਨੋਟਿਸ ਜਾਰੀ ਕੀਤਾ ਜਾ ਚੁੱਕਾ ਹੈ। ਬੇਸ਼ੱਕ ਕੁਝ ਮਾਮਲਿਆਂ 'ਚ ਨੋਟਿਸ ਬਿਨਾਂ ਤਾਮੀਲ ਵਾਪਸ ਆ ਗਏ ਹਨ ਅਤੇ ਹੋਰ ਮਾਮਲਿਆਂ 'ਚ ਪ੍ਰਾਪਤੀ ਰਸੀਦਾਂ ਹਾਸਲ ਨਹੀਂ ਹੋਈਆਂ। ਇਸ ਲਈ ਕਰਜ਼ਦਾਰਾਂ/ਗਰੰਟਰਾਂ ਨੂੰ ਇਸ ਜਨਤਕ ਨੋਟਿਸ ਰਾਹੀਂ ਉਹੀ ਜਾਣਕਾਰੀ ਦਿੱਤੀ ਗਈ ਹੈ।

| ਲੜੀ ਨੰ. | ਬ੍ਰਾਂਚ/ਕਰਜ਼ਦਾਰਾਂ/ਗਰੰਟਰਾਂ/ਭਾਈਵਾਲਾਂ/ ਰਹਿਣਕਾਰਾਂ ਦਾ ਨਾਂਅ | ਰਹਿਣ ਕੀਤੀਆਂ ਜਾਇਦਾਦਾਂ ਦਾ ਪਤਾ | ਨਾਨ-ਪਰਫਾਰਮਿੰਗ ਐੱਸਟ ਦੀ ਮਿਤੀ (ਐੱਨ ਪੀ ਏ) | ਡਿਮਾਂਡ ਨੋਟਿਸ ਦੀ ਮਿਤੀ | ਬਕਾਇਆ ਰਕਮ |
|---|---|---|---|---|---|
| 1. | ਫੋਕਲ ਪੁਆਇੰਟ, ਲੁਧਿਆਣਾ — (1) ਮੈਸਰਜ਼ ਡਾਇਨਾਮਿਕ (ਕਰਜ਼ਦਾਰ), ਪਤਾ : 1229-ਸੀ, ਇੰਡਸਟਰੀਅਲ ਏਰੀਆ-ਸੀ, ਸ਼ੇਰ ਸ਼ਾਹ ਸੂਰੀ ਮਾਰਗ ਜੀ ਟੀ ਰੋਡ, ਪਿਛਵਾੜੇ ਜੀਪ ਸ਼ੋਅਰੂਮ, ਪਿੰਡ ਢੰਡਾਰੀ ਕਲਾਂ, ਲੁਧਿਆਣਾ, ਪੰਜਾਬ-141014 (2) ਸ੍ਰੀਮਤੀ ਸ਼ੂਚੀ ਜੈਨ ਪਤਨੀ ਸ੍ਰੀ ਰਿਧਮ ਜੈਨ (ਭਾਈਵਾਲ ਮੈਸਰਜ਼ ਡਾਇਨਾਮਿਕ) ਪਤਾ : ਐੱਚ 161-2, ਨੇੜੇ ਮਦਰ ਟੱਚ ਸਕੂਲ, ਅਸ਼ੋਕ ਵਿਹਾਰ, ਰਿਸ਼ੀ ਨਗਰ, ਹੈਬੋਵਾਲ ਖੁਰਦ, ਲੁਧਿਆਣਾ, ਪੰਜਾਬ-141001 (3) ਸ੍ਰੀ ਅਮਿਤ ਜੈਨ ਪੁੱਤਰ ਸ੍ਰੀ ਰਾਜਿੰਦਰ ਕੁਮਾਰ (ਭਾਈਵਾਲ ਮੈਸਰਜ਼ ਡਾਇਨਾਮਿਕ) ਪਤਾ : ਐੱਚ 161-2, ਨੇੜੇ ਮਦਰ ਟੱਚ ਸਕੂਲ, ਅਸ਼ੋਕ ਵਿਹਾਰ, ਰਿਸ਼ੀ ਨਗਰ, ਹੈਬੋਵਾਲ ਖੁਰਦ, ਲੁਧਿਆਣਾ, ਪੰਜਾਬ-141001 (4) ਸ੍ਰੀਮਤੀ ਗੀਤਾ ਜੈਨ ਪਤਨੀ ਸ੍ਰੀ ਰਜਿੰਦਰ ਕੁਮਾਰ ਜੈਨ ਪਤਾ : ਐੱਚ 161-2, ਨੇੜੇ ਮਦਰ ਟੱਚ ਸਕੂਲ, ਅਸ਼ੋਕ ਵਿਹਾਰ, ਰਿਸ਼ੀ ਨਗਰ, ਹੈਬੋਵਾਲ ਖੁਰਦ, ਲੁਧਿਆਣਾ, ਪੰਜਾਬ-141001 (5) ਸ੍ਰੀ ਰਿਧਮ ਜੈਨ ਪੁੱਤਰ ਸ੍ਰੀ ਰਜਿੰਦਰ ਕੁਮਾਰ ਜੈਨ ਪਤਾ : ਐੱਚ 161-2, ਨੇੜੇ ਮਦਨ ਟੱਚ ਸਕੂਲ, ਅਸ਼ੋਕ ਵਿਹਾਰ, ਰਿਸ਼ੀ ਨਗਰ, ਹੈਬੋਵਾਲ ਖੁਰਦ, ਲੁਧਿਆਣਾ, ਪੰਜਾਬ-141001 (6) ਮੈਸਰਜ਼ ਸਿਗਨੈਟ ਮੈਨੂਫੈਕਚਰਿੰਗ ਕੰਪਨੀ ਪਤਾ : 1229-ਸੀ, ਇੰਡਸਟਰੀਅਲ ਏਰੀਆ-ਸੀ, ਸ਼ੇਰ ਸ਼ਾਹ ਸੂਰੀ ਮਾਰਗ, ਜੀ ਟੀ ਰੋਡ, ਪਿਛਵਾੜੇ ਜੀਪ ਸ਼ੋਅ ਰੂਮ, ਪਿੰਡ ਢੰਡਾਰੀ ਕਲਾਂ, ਲੁਧਿਆਣਾ, ਪੰਜਾਬ-141014 | 1. ਰਹਿਣ ਕੀਤੇ ਅਸਾਸੇ : ਫਰਮ ਦੇ ਮੌਜੂਦਾ ਤੇ ਭਵਿੱਖੀ ਸਮੁੱਚੇ ਵਰਤਮਾਨ ਅਸਾਸੇ ਸਮੁੱਚੇ ਫਿਕਸਡ ਅਸਾਸੇ ਦੋਵੇਂ ਮੌਜੂਦਾ ਤੇ ਭਵਿੱਖੀ 2. ਰਹਿਣ ਕੀਤੇ ਅਸਾਸੇ : ਸਮੁੱਚਾ ਜਾਇਦਾਦ ਦਾ ਅਟੁੱਟ ਹਿੱਸਾ, ਪਲਾਟ ਨੰ. 161, ਐੱਮ ਸੀ ਨੰ. ਬੀ-19-161 (ਯੂ ਆਈ ਡੀ ਨੰ. ਬੀ-019-04058) ਰਕਬਾ 530 ਵਰਗ ਗਜ਼, ਖਸਰਾ ਨੰ. 19//5, ਖੱਤਾ ਨੰ. 128/136, ਜਮ੍ਹਾਂਬੰਦੀ ਸਾਲ 2014-2015 ਅਨੁਸਾਰ ਪਤਾ ਪਿੰਡ ਹੈਬੋਵਾਲ ਖੁਰਦ, ਐੱਚ ਬੀ ਨੰ. 158, ਅਬਾਦੀ ਕੇ ਵੀ ਐੱਮ ਕਾਲੋਨੀ (ਅਸ਼ੋਕ ਵਿਹਾਰ) ਵਜੋਂ ਜਾਣੀ ਜਾਂਦੀ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ (ਪੰਜਾਬ)-141001, ਰਜਿਸਟਰਡ ਬੈਨਾਮਾ ਨੰ. ਵਸੀਕਾ ਨੰ. 2022-23/101/1/829 ਮਿਤੀ 19.04.2022 ਦੇ ਨਾਂਅ ਸ੍ਰੀਮਤੀ ਗੀਤਾ ਜੈਨ ਪਤਨੀ ਸ੍ਰੀ ਰਜਿੰਦਰ ਕੁਮਾਰ ਜੈਨ, ਸ੍ਰੀ ਰਿਧਮ ਜੈਨ ਪੁੱਤਰ ਸ੍ਰੀ ਰਜਿੰਦਰ ਕੁਮਾਰ ਜੈਨ, ਸ੍ਰੀਮਤੀ ਸ਼ੂਚੀ ਜੈਨ ਪਤਨੀ ਸ੍ਰੀ ਰਿਧਮ ਜੈਨ, ਸ੍ਰੀ ਅਮਿਤ ਜੈਨ ਪੁੱਤਰ ਸ੍ਰੀ ਰਜਿੰਦਰ ਕੁਮਾਰ ਜੈਨ, ਪੂਰਬ : ਗਲੀ 30' ਚੌੜੀ 68'-00", ਪੱਛਮ : ਗਲੀ 30' ਚੌੜੀ 68'-00", ਉੱਤਰ : ਗਲੀ 30' ਚੌੜੀ 70'-00", ਦੱਖਣ : 30' ਚੌੜੀ 70'-00" ਮਾਲਕੀ ਗੀਤਾ ਜੈਨ ਪਤਨੀ ਰਜਿੰਦਰ ਕੁਮਾਰ ਜੈਨ, ਰਿਧਮ ਜੈਨ ਪੁੱਤਰ ਰਜਿੰਦਰ ਕੁਮਾਰ ਜੈਨ, ਸ਼ੂਚੀ ਜੈਨ ਪਤਨੀ ਰਿਧਮ ਜੈਨ ਅਤੇ ਅਮਿਤ ਜੈਨ ਪੁੱਤਰ ਰਜਿੰਦਰ ਕੁਮਾਰ ਜੈਨ। | 05-02-2026 | 06-02-2026 | ਰੁਪਏ 4,60,40,524/- (ਚਾਰ ਕਰੋੜ ਸੱਠ ਲੱਖ ਚਾਲੀ ਹਜ਼ਾਰ ਪੰਜ ਸੌ ਚੌਵੀ ਰੁਪਏ ਕੇਵਲ) 06.02.2026 ਤੱਕ ਮੂਲ ਰਕਮ 4,50,00,000,00 ਜਮ੍ਹਾਂ ਐੱਮ ਓ ਆਈ : 1040523.162) ਓ ਸੀ ਸੀ ਵਿੱਚ ਅਤੇ ਰੁਪਏ 76,33,611/- (ਛਿਹੱਤਰ ਲੱਖ ਤੇਤੀ ਹਜ਼ਾਰ ਛੇ ਸੌ ਗਿਆਰਾਂ ਰੁਪਏ ਕੇਵਲ) ਮੂਲ ਰਕਮ 74,56,741.62 ਜਮ੍ਹਾਂ ਐੱਮ ਓ ਆਈ 176869.20, ਟਰਮ ਲੋਨ ਅਤੇ ਦੱਸੀ ਰਕਮ 'ਤੇ ਹੋਰ ਵਿਆਜ ਸਹਿਮਤੀ ਵਾਲੀ ਦਰ 'ਤੇ 06.02.2026 ਤੋਂ ਮੁੜ ਅਦਾਇਗੀ ਦੀ ਤਰੀਕ |
| 3. | ਫੋਕਲ ਪੁਆਇੰਟ, ਲੁਧਿਆਣਾ — (ਕਰਜ਼ਦਾਰ/ਸਹਿ-ਕਰਜ਼ਦਾਰ) : (1) ਸ੍ਰੀਮਤੀ ਸ਼ੂਚੀ ਜੈਨ ਪਤਨੀ ਸ੍ਰੀ ਰਿਧਮ ਜੈਨ ਪਤਾ : ਐੱਚ 161-2, ਨੇੜੇ ਮਦਰ ਟੱਚ ਸਕੂਲ, ਅਸ਼ੋਕ ਵਿਹਾਰ, ਰਿਸ਼ੀ ਨਗਰ, ਹੈਬੋਵਾਲ ਖੁਰਦ, ਲੁਧਿਆਣਾ, ਪੰਜਾਬ-141001 (2) ਸ੍ਰੀ ਅਮਿਤ ਜੈਨ ਪੁੱਤਰ ਰਜਿੰਦਰ ਕੁਮਾਰ ਪਤਾ : ਐੱਚ 161-2, ਨੇੜੇ ਮਦਰ ਟੱਚ ਸਕੂਲ, ਅਸ਼ੋਕ ਵਿਹਾਰ, ਰਿਸ਼ੀ ਨਗਰ, ਹੈਬੋਵਾਲ ਖੁਰਦ, ਲੁਧਿਆਣਾ, ਪੰਜਾਬ-141001 (3) ਸ੍ਰੀਮਤੀ ਗੀਤਾ ਜੈਨ ਪਤਨੀ ਸ੍ਰੀ ਰਜਿੰਦਰ ਕੁਮਾਰ ਜੈਨ ਪਤਾ : ਐੱਚ 161-2, ਨੇੜੇ ਮਦਰ ਟੱਚ ਸਕੂਲ, ਅਸ਼ੋਕ ਵਿਹਾਰ, ਰਿਸ਼ੀ ਨਗਰ, ਹੈਬੋਵਾਲ ਖੁਰਦ, ਲੁਧਿਆਣਾ, ਪੰਜਾਬ-141001 (4) ਸ੍ਰੀ ਰਿਧਮ ਜੈਨ ਪੁੱਤਰ ਸ੍ਰੀ ਰਜਿੰਦਰ ਕੁਮਾਰ ਜੈਨ ਪਤਾ : ਐੱਚ 161-2, ਨੇੜੇ ਮਦਰ ਟੱਚ ਸਕੂਲ, ਅਸ਼ੋਕ ਵਿਹਾਰ, ਰਿਸ਼ੀ ਨਗਰ, ਹੈਬੋਵਾਲ ਖੁਰਦ, ਲੁਧਿਆਣਾ, ਪੰਜਾਬ-141001 (5) ਮੈਸਰਜ਼ ਸਿਗਨੈਟ ਮੈਨੂਫੈਕਚਰਿੰਗ ਕੰਪਨੀ, ਪਤਾ : 1229-ਸੀ, ਇੰਡਸਟਰੀਅਲ ਏਰੀਆ-ਸੀ, ਸ਼ੇਰ ਸ਼ਾਹ ਸੂਰੀ ਮਾਰਗ, ਜੀ ਟੀ ਰੋਡ, ਪਿਛਵਾੜੇ ਜੀਪ ਸ਼ੋਅ ਰੂਮ, ਪਿੰਡ ਢੰਡਾਰੀ ਕਲਾਂ, ਲੁਧਿਆਣਾ, ਪੰਜਾਬ-141014 | 1. ਰਹਿਣ ਕੀਤੇ ਅਸਾਸੇ : ਫਰਮ ਦੇ ਮੌਜੂਦਾ ਤੇ ਭਵਿੱਖੀ ਸਮੁੱਚੇ ਵਰਤਮਾਨ ਅਸਾਸੇ ਸਮੁੱਚੇ ਫਿਕਸਡ ਅਸਾਸੇ ਦੋਵੇਂ ਮੌਜੂਦਾ ਤੇ ਭਵਿੱਖੀ 2. ਰਹਿਣ ਕੀਤੇ ਅਸਾਸੇ : ਸਮੁੱਚਾ ਜਾਇਦਾਦ ਦਾ ਅਟੁੱਟ ਹਿੱਸਾ, ਪਲਾਟ ਨੰ. 161, ਐੱਮ ਸੀ ਨੰ. ਬੀ-19-161 (ਯੂ ਆਈ ਡੀ ਨੰ. ਬੀ-019-04058) ਰਕਬਾ 530 ਵਰਗ ਗਜ਼, ਖਸਰਾ ਨੰ. 19//5, ਖੱਤਾ ਨੰ. 128/136, ਜਮ੍ਹਾਂਬੰਦੀ ਸਾਲ 2014-2015 ਅਨੁਸਾਰ ਪਤਾ ਪਿੰਡ ਹੈਬੋਵਾਲ ਖੁਰਦ, ਐੱਚ ਬੀ ਨੰ. 158, ਅਬਾਦੀ ਕੇ ਵੀ ਐੱਮ ਕਾਲੋਨੀ (ਅਸ਼ੋਕ ਵਿਹਾਰ) ਵਜੋਂ ਜਾਣੀ ਜਾਂਦੀ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ (ਪੰਜਾਬ)-141001, ਰਜਿਸਟਰਡ ਬੈਨਾਮਾ ਨੰ. ਵਸੀਕਾ ਨੰ. 2022-23/101/1/829 ਮਿਤੀ 19.04.2022 ਦੇ ਨਾਂਅ ਸ੍ਰੀਮਤੀ ਗੀਤਾ ਜੈਨ ਪਤਨੀ ਸ੍ਰੀ ਰਜਿੰਦਰ ਕੁਮਾਰ ਜੈਨ, ਸ੍ਰੀ ਰਿਧਮ ਜੈਨ ਪੁੱਤਰ ਸ੍ਰੀ ਰਜਿੰਦਰ ਕੁਮਾਰ ਜੈਨ, ਸ੍ਰੀਮਤੀ ਸ਼ੂਚੀ ਜੈਨ ਪਤਨੀ ਸ੍ਰੀ ਰਿਧਮ ਜੈਨ, ਸ੍ਰੀ ਅਮਿਤ ਜੈਨ ਪੁੱਤਰ ਸ੍ਰੀ ਰਜਿੰਦਰ ਕੁਮਾਰ ਜੈਨ, ਪੂਰਬ : ਗਲੀ 30' ਚੌੜੀ 68'-00", ਪੱਛਮ : ਗਲੀ 30' ਚੌੜੀ 68'-00" ਉੱਤਰ : ਗਲੀ 30' ਚੌੜੀ 70'-00" ਦੱਖਣ : 30' ਚੌੜੀ 70'-00" | 05-02-2026 | 06-02-2026 | ਰੁਪਏ 1,96,82,570/- (ਇੱਕ ਕਰੋੜ ਛਿਆਨਵੇਂ ਲੱਖ ਬਿਆਸੀ ਹਜ਼ਾਰ ਪੰਜ ਸੌ ਸੱਤਰ ਰੁਪਏ ਕੇਵਲ) 06.02.2026 ਤੱਕ ਹਾਊਸ ਲੋਨ 'ਚ ਅਤੇ ਦਰਸਾਈ ਰਕਮ 'ਤੇ ਹੋਰ ਵਿਆਜ ਸਹਿਮਤੀ ਵਾਲੀ ਦਰ 'ਤੇ 06.02.2026 ਤੋਂ ਮੁੜ ਅਦਾਇਗੀ ਦੀ ਤਰੀਕ ਤੱਕ |

ਧਿਆਨ ਦਿੱਤਾ ਜਾਵੇ ਕਿ ਐਕਟ ਦੇ ਸੈਕਸ਼ਨ 13 (8) ਦੀਆਂ ਵਿਵਸਥਾਵਾਂ ਤਹਿਤ ਤੁਹਾਨੂੰ ਸਕਿਉਰਡ ਐੱਸਟਸ ਦੀ ਵਿਕਰੀ ਲਈ ਜਨਤਾ ਤੋਂ ਜਨਤਕ ਨਿਲਾਮੀ ਜਾਂ ਕੁਟੇਸ਼ਨਾਂ ਜਾਂ ਟੈਂਡਰ ਸੱਦ ਕੇ ਜਾਂ ਲੀਜ ਰਾਹੀਂ ਤਬਾਦਲੇ ਸੰਬੰਧੀ ਨਿੱਜੀ ਸੰਧੀ ਕਰਨ, ਕਾਰਜਭਾਰ ਸੰਭਾਲਣ ਲਈ ਜਾਰੀ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ ਪਹਿਲਾਂ ਕਿਸੇ ਸਮੇਂ ਵੀ ਬੈਂਕ ਦਾ ਬਕਾਇਆ ਸਮੇਤ ਬੈਂਕ ਵੱਲੋਂ ਸਹਿਣ ਕੀਤੀਆਂ ਗਈਆਂ ਸਾਰੀਆਂ ਲਾਗਤਾਂ, ਚਾਰਜਿਜ ਅਤੇ ਖਰਚੇ ਅਦਾ ਕੀਤੇ ਜਾਣ 'ਤੇ ਪੁਨਰ ਗ੍ਰਹਿਣ ਦਾ ਅਧਿਕਾਰ ਉਪਲੱਬਧ ਹੈ। ਉਪਰੋਕਤ ਕਰਜ਼ਦਾਰਾਂ/ਗਰੰਟਰਾਂ/ਰਹਿਣਕਾਰਾਂ ਨੂੰ ਨੋਟਿਸ 'ਚ ਦਰਸਾਈ ਰਕਮ ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 60 ਦਿਨਾਂ ਦੇ ਅੰਦਰ ਅਦਾ ਕੀਤੇ ਜਾਣ ਦੀ ਹਦਾਇਤ ਕੀਤੀ ਜਾਂਦੀ ਹੈ। ਅਸਫਲ ਰਹਿਣ 'ਤੇ ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 60 ਦਿਨ ਗੁਜ਼ਰ ਜਾਣ ਤੋਂ ਬਾਅਦ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ ਦੀਆਂ ਵਿਵਸਥਾਵਾਂ ਤਹਿਤ ਅਗਲੇ ਕਦਮ ਉਠਾਏ ਜਾਣਗੇ। ਐਕਟ ਦੇ ਸੈਕਸ਼ਨ 13 (13) ਅਨੁਸਾਰ ਇਸ ਨੋਟਿਸ ਦੀ ਪ੍ਰਾਪਤੀ 'ਤੇ ਬੈਂਕ ਦੀ ਮਨਜ਼ੂਰੀ ਤੋਂ ਬਿਨਾਂ ਬਿਜ਼ਨੈੱਸ ਦੇ ਆਮ ਕੋਰਸ ਤੋਂ ਇਲਾਵਾ ਉਪਰੋਕਤ ਸਕਿਉਰਟੀਜ਼ ਦੇ ਨਿਪਟਾਰੇ ਜਾਂ ਸੌਦੇਬਾਜ਼ੀ ਸੰਬੰਧੀ ਤੁਹਾਡੇ 'ਤੇ ਪਾਬੰਦੀ ਹੈ। ਕਿਰਪਾ ਕਰਕੇ ਧਿਆਨ ਦਿੱਤਾ ਜਾਵੇ ਕਿ ਇਸ ਸੈਕਸ਼ਨ ਦੀ ਕਿਸੇ ਤਰ੍ਹਾਂ ਦੀ ਉਲੰਘਣਾ ਦੇ ਗੰਭੀਰ ਨਤੀਜੇ ਹੋ ਸਕਦੇ ਹਨ।

ਕਰਜ਼ਦਾਰਾਂ/ਗਰੰਟਰਾਂ/ਰਹਿਣਕਾਰਾਂ ਨੂੰ ਨੋਟਿਸ ਦੀ ਨਕਲ ਸੰਬੰਧਤ ਬਰਾਂਚ ਤੋਂ ਪ੍ਰਾਪਤ ਕਰਨ ਦੀ ਸਲਾਹ ਦਿੱਤੀ ਜਾਂਦੀ ਹੈ।

ਮਿਤੀ : 15-02-2026 — ਸਥਾਨ : ਲੁਧਿਆਣਾ — ਅਧਿਕਾਰਤ ਅਫਸਰ


# ਟਰੈਫਿਕ ਪੁਲਸ ਨੇ 83 ਵਾਹਨਾਂ ਦੇ ਕੀਤੇ ਚਲਾਨ



**ਮੋਰਿੰਡਾ (ਨਿਹਾਲ ਸਿੰਘ ਕਲਸੀ)**

ਟਰੈਫਿਕ ਪੁਲਸ ਮੋਰਿੰਡਾ ਵੱਲੋਂ ਸ਼ਹਿਰ ਵਿੱਚ ਟਰੈਫਿਕ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਅਤੇ ਖਾਸ ਤੌਰ 'ਤੇ ਸ਼ਹਿਰ ਵਿੱਚ ਵਰਜਿਤ ਥਾਵਾਂ 'ਤੇ ਪਾਰਕਿੰਗ ਕਰਨ ਵਾਲਿਆਂ ਖਿਲਾਫ ਸਖਤ ਕਾਰਵਾਈ ਕਰਦੇ ਹੋਏ 83 ਵਾਹਨਾਂ ਦੇ ਚਲਾਨ ਕੀਤੇ ਗਏ ਜਦ ਕਿ ਸਥਾਨਕ ਟਰੈਫਿਕ ਪੁਲਸ ਵੱਲੋਂ ਇਹ ਵੱਡੀ ਕਾਰਵਾਈ ਕਰਨ ਉਪਰੰਤ ਸ਼ਹਿਰ ਵਿੱਚ ਖਾਸ ਕਰਕੇ ਮੁੱਖ ਮਾਰਗਾਂ 'ਤੇ ਵਾਹਨ ਚਾਲਕਾਂ ਨੂੰ ਜਾਮ ਲੱਗਣ ਦੀ ਮੁਸੀਬਤ ਤੋਂ ਰਾਹਤ ਮਿਲੀ। ਉਧਰ ਸ਼ਹਿਰ ਵਿੱਚ ਟਰੈਫਿਕ ਦੀ ਵਧ ਰਹੀ ਸਮੱਸਿਆ ਨੂੰ ਲੈ ਕੇ ਲੋਕਾਂ ਦਾ ਇਹ ਵੀ ਕਹਿਣਾ ਹੈ ਕਿ ਜਦੋਂ ਸ਼ਹਿਰ ਵਿੱਚ ਟਰੈਫਿਕ ਪੁਲਸ ਤੈਨਾਤ ਨਹੀਂ ਹੁੰਦੀ ਤਾਂ ਸ਼ਹਿਰ ਵਿੱਚ ਜਾਮ ਲੱਗਣ ਕਾਰਨ ਟਰੈਫਿਕ ਦੀ ਵਿਵਸਥਾ ਬਦ ਤੋਂ ਵੀ ਬਦਤਰ ਹੋ ਜਾਂਦੀ ਹੈ ਅਤੇ ਲੋਕਾਂ ਨੂੰ ਕਈ ਵਾਰ ਤਾਂ ਕਈ ਕਈ ਘੰਟੇ ਟਰੈਫਿਕ ਜਾਮ ਵਿੱਚ ਫਸਣਾ ਪੈ ਜਾਂਦਾ ਹੈ। ਕੌਂਸਲਰ ਰਾਜਪ੍ਰੀਤ ਸਿੰਘ ਰਾਜੀ, ਕੌਂਸਲਰ ਹਰਜੀਤ ਸਿੰਘ ਸੋਢੀ, ਸੰਗਤ ਸਿੰਘ ਭਾਮੀਆ, ਸੰਦੀਪ ਕੁਮਾਰ ਸੋਨੂੰ, ਰਾਮਗੜ੍ਹੀਆ ਫੈਡਰੇਸ਼ਨ ਦੇ ਸਰਪ੍ਰਸਤ ਕੁਲਬੀਰ ਸਿੰਘ ਸੋਨੂ, ਜਗਜੀਤ ਸਿੰਘ ਜੱਗਾ, ਅਦਾਕਾਰ ਗੁਰਮੀਤ ਸਿੰਘ ਭੋਲਾ, ਸੁਖਦੀਪ ਸਿੰਘ ਭੰਗੂ, ਰਸ਼ੀਦ ਖਾਨ, ਕਰਮਜੀਤ ਸਿੰਘ ਖੈਰਾ, ਲੱਖੀ ਸ਼ਾਹ, ਜੱਸੀ ਧੀਮਾਨ, ਅਮਨਪ੍ਰੀਤ ਸਿੰਘ ਅਮਨਾ ਆਦਿ ਅਨੇਕਾਂ ਸ਼ਹਿਰ ਵਾਸੀਆਂ ਨੇ ਕਿਹਾ ਕਿ ਸ਼ਹਿਰ ਵਿੱਚ ਟਰੈਫਿਕ ਪੁਲਸ ਅਕਸਰ ਗਾਇਬ ਦਿਖਾਈ ਦਿੰਦੀ ਹੈ। ਉਨ੍ਹਾਂ ਕਿਹਾ ਕਿ ਲਗਭਗ 35 ਹਜਾਰ ਦੀ ਆਬਾਦੀ ਵਾਲੇ ਸ਼ਹਿਰ ਵਿੱਚ ਜਿੱਥੇ ਘੱਟੋ ਘੱਟ 10 ਟਰੈਫਿਕ ਕਰਮਚਾਰੀਆਂ ਦੀ ਲੋੜ ਹੈ ਉੱਥੇ ਸਿਰਫ 2 ਹੀ ਟਰੈਫਿਕ ਮੁਲਾਜ਼ਮ ਡਿਊਟੀ 'ਤੇ ਤੈਨਾਤ ਹਨ ਅਤੇ ਉਹ ਵੀ ਦੂਸਰੇ ਸ਼ਹਿਰਾਂ ਵਿੱਚ ਡਿਊਟੀ ਲੱਗ ਜਾਣ ਕਾਰਨ ਸ਼ਹਿਰ ਵਿੱਚ ਅਕਸਰ ਘੱਟ ਹੀ ਦਿਖਾਈ ਦਿੰਦੇ ਹਨ। ਉਨ੍ਹਾਂ ਡਿਪਟੀ ਕਮਿਸ਼ਨਰ ਰੂਪਨਗਰ ਅਤੇ ਜ਼ਿਲ੍ਹਾ ਪੁਲਸ ਮੁਖੀ ਰੂਪਨਗਰ ਤੋਂ ਜ਼ੋਰਦਾਰ ਮੰਗ ਕੀਤੀ ਹੈ ਕਿ ਮੋਰਿੰਡਾ ਟਰੈਫਿਕ ਪੁਲਸ ਦੀ ਡਿਊਟੀ ਬਾਹਰੀ ਸ਼ਹਿਰਾਂ ਵਿੱਚ ਨਾ ਲਗਾ ਕੇ ਅਤੇ ਮੋਰਿੰਡਾ ਸ਼ਹਿਰ ਵਿੱਚ ਟਰੈਫਿਕ ਕਰਮਚਾਰੀਆਂ ਦੀ ਸੰਖਿਆ ਵਧਾ ਕੇ ਲੋਕਾਂ ਨੂੰ ਇਸ ਸਮੱਸਿਆ ਤੋਂ ਨਿਜਾਤ ਦਵਾਈ ਜਾਵੇ। ਉਧਰ ਟਰੈਫਿਕ ਇੰਚਾਰਜ ਮਲਕੀਤ ਸਿੰਘ ਨੇ ਸ਼ਹਿਰ ਦੇ ਬਾਜ਼ਾਰਾਂ ਵਿੱਚ ਪਾਰਕ ਕੀਤੀਆਂ ਬੇਤਰਤੀਬੀਆਂ ਗੱਡੀਆਂ ਦੇ ਚਲਾਨ ਕੀਤੇ ਉੱਥੇ ਹੀ ਉਹਨਾਂ ਬਾਜ਼ਾਰ ਦੀਆਂ ਸੜਕਾਂ ਵਿੱਚ ਦੁਕਾਨਦਾਰਾਂ ਰੇਹੜੀ ਫੜ੍ਹੀ ਵਾਲਿਆਂ ਵੱਲੋਂ ਦੂਰ ਦੂਰ ਤੱਕ ਕੀਤੇ ਕਬਜ਼ੇ ਹਟਾਉਣ ਲਈ ਪ੍ਰੇਰਤ ਵੀ ਕੀਤਾ। ਉਹਨਾਂ ਦੁਕਾਨਦਾਰਾਂ ਨੂੰ ਨਸੀਹਤ ਦਿੱਤੀ ਕਿ ਸੜਕਾਂ 'ਤੇ ਸਮਾਨ ਨਾ ਸਜਾਇਆ ਜਾਵੇ ਅਤੇ ਨਗਰ ਕੌਂਸਲ ਦੇ ਕਾਨੂੰਨ ਮੁਤਾਬਕ ਹੀ ਚੱਲਿਆ ਜਾਵੇ।

# ਪ੍ਰੋਮੋਸ਼ਨ ਲਈ ਟੈੱਟ ਦੀ ਜਬਰੀ ਠੋਸੀ ਸ਼ਰਤ ਖਿਲਾਫ ਪ੍ਰਧਾਨ ਮੰਤਰੀ ਨੂੰ ਭੇਜਿਆ ਮੰਗ ਪੱਤਰ



**ਗੜ੍ਹਸ਼ੰਕਰ ( ਫੂਲਾ ਸਿੰਘ ਬੀਰਮਪੁਰ)**

ਸੁਪਰੀਮ ਕੋਰਟ ਵੱਲੋਂ 1 ਸਤੰਬਰ 2025 ਦੇ ਦਿੱਤੇ ਫੈਸਲੇ ਤਹਿਤ 2010 ਤੋਂ ਪਹਿਲਾਂ ਦੇ ਅਧਿਆਪਕਾਂ ਨੂੰ ਸਰਵਿਸ ਵਿੱਚ ਬਣੇ ਰਹਿਣ ਲਈ ਅਤੇ ਪ੍ਰੋਮੋਸ਼ਨ ਲਈ ਟੈੱਟ ਦੀ ਜਬਰੀ ਠੋਸੀ ਸ਼ਰਤ ਨੂੰ ਰੱਦ ਕਰਵਾਉਣ ਲਈ ਡੈਮੋਕ੍ਰੈਟਿਕ ਟੀਚਰਜ਼ ਫਰੰਟ ਦੇ ਆਗੂਆਂ ਮੁਕੇਸ਼ ਕੁਮਾਰ ਸੁਖਦੇਵ ਡਾਨਸੀਵਾਲ ਅਤੇ ਗਿਆਨ ਚੰਦ ਨੂਰਪੁਰਬੇਦੀ ਦੀ ਅਗਵਾਈ ਵਿੱਚ ਗੜ੍ਹਸ਼ੰਕਰ ਦੇ ਸਮੂਹ ਅਧਿਆਪਕਾਂ ਵੱਲੋਂ ਗਾਂਧੀ ਪਾਰਕ ਗੜ੍ਹਸ਼ੰਕਰ ਵਿਖੇ ਇਕੱਤਰ ਹੋ ਕੇ ਸਾਬਕਾ ਰਾਜ ਸਭਾ ਮੈਂਬਰ ਅਵਿਨਾਸ਼ ਰਾਏ ਖੰਨਾ ਰਾਹੀ ਪ੍ਰਧਾਨ ਮੰਤਰੀ ਨੂੰ ਇਸ ਫੈਸਲੇ ਦੇ ਅਧਿਆਪਕਾਂ ਦੇ ਪੈਂਦੇ ਪ੍ਰਭਾਵ ਨੂੰ ਖਤਮ ਕਰਨ ਹਿੱਤ ਮੰਗ ਪੱਤਰ ਭੇਜਿਆ ਗਿਆ। ਇਸ ਸਮੇਂ ਵਿਨੇ ਕੁਮਾਰ, ਜਰਨੈਲ ਸਿੰਘ, ਪ੍ਰਦੀਪ ਸਿੰਘ, ਮਨਜੀਤ ਸਿੰਘ ਬੰਗਾ, ਜਸਵਿੰਦਰ ਸਿੰਘ, ਬਲਵਿੰਦਰ ਖਾਨਪੁਰ, ਮਨਜੀਤ ਸਿੰਘ, ਵਿਨੋਦ ਕੁਮਾਰ ਰਮੇਸ਼ ਮਲਕੋਵਾਲ, ਮੈਡਮ ਸਾਰਾ ਸਿੱਧੂ ਮਨਜੀਤ ਕੌਰ, ਗੁਰਬਖ਼ਸ਼ ਕੌਰ, ਮੈਡਮ ਤ੍ਰਿਪਤੀ, ਮੈਡਮ ਨੀਨੂੰ ਘੁਲਾਟੀ, ਮੈਡਮ ਅਮਨਦੀਪ ਵਾਲੀਆ ਨੇ ਕਿਹਾ ਕਿ ਅਧਿਆਪਕ ਸਿੱਖਿਆ ਪ੍ਰਣਾਲੀ ਦੀ ਰੀੜ੍ਹ ਦੀ ਹੱਡੀ ਹਨ। ਜੇਕਰ ਉਨ੍ਹਾਂ ਦੀ ਨੌਕਰੀ ਦੀ ਸੁਰੱਖਿਆ ਅਤੇ ਸੇਵਾ ਸ਼ਰਤਾਂ ਅਸਥਿਰ ਰਹਿਣਗੀਆ ਤਾਂ ਇਸਦਾ ਸਿੱਧਾ ਅਸਰ ਵਿਦਿਆਰਥੀਆਂ ਦੀ ਪੜ੍ਹਾਈ ਅਤੇ ਸਿੱਖਿਆ ਦੇ ਮਿਆਰ 'ਤੇ ਪਵੇਗਾ।ਜੇਕਰ ਇਸ ਸਬੰਧੀ ਸਰਕਾਰ ਵਲੋਂ ਠੋਸ ਕਦਮ ਨਹੀਂ ਚੁੱਕੇ ਜਾਂਦੇ ਤਾਂ ਸਾਰੇ ਦੇਸ਼ ਦੇ ਅਧਿਆਪਕ ਸੰਘਰਸ਼ ਕਰਨ ਲਈ ਮਜਬੂਰ ਹੋਵਾਂਗੇ।ਇਸ ਮੰਗ ਪੱਤਰ ਦੇਣ ਸਮੇਂ ਮੈਡਮ ਵਿਨੇ ਗੁਪਤਾ, ਜੋਤੀ ਖੁਰਾਣਾ,ਕੇਵਲ ਕੌਰ,ਕਾਂਤਾ ਰਾਣੀ, ਅਨੀਤਾ ਰਾਣੀ, ਹਰਜਿੰਦਰ ਕੌਰ, ਕਿਰਨ ਬਾਲਾ, ਬਲਜੀਤ ਸਿੰਘ, ਸੰਜੀਵ ਕੁਮਾਰ, ਨਰਿੰਦਰ ਕੁਮਾਰ, ਰਾਜਦੀਪ ਸਿੰਘ, ਹੰਸ ਰਾਜ ਗੜ੍ਹਸ਼ੰਕਰ ਅਤੇ ਰਜਿੰਦਰ ਸਿੰਘ ਆਦਿ ਹਾਜ਼ਰ ਸਨ।

# ਡਾ. ਰਵਜੋਤ ਸਿੰਘ ਨੇ ਸਰਬਸੰਮਤੀ ਨਾਲ ਚੁਣੀਆਂ ਪੰਚਾਇਤਾਂ ਨੂੰ ਸੌਂਪੇ ਸਨਮਾਨ ਰਾਸ਼ੀ ਦੇ ਚੈੱਕ

**ਹੁਸ਼ਿਆਰਪੁਰ (ਓ ਪੀ ਰਾਣਾ)**

ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਨੇ ਹੁਸ਼ਿਆਰਪੁਰ-1 ਸਥਿਤ ਬੀ.ਡੀ.ਪੀ.ਓ ਦਫ਼ਤਰ ਵਿਖੇ ਸ਼ਾਮ ਚੌਰਾਸੀ ਵਿਧਾਨ ਸਭਾ ਹਲਕੇ ਦੀਆਂ 59 ਗ੍ਰਾਮ ਪੰਚਾਇਤਾਂ ਨੂੰ ਵਿਕਾਸ ਕਾਰਜਾਂ ਲਈ 5-5 ਲੱਖ ਰੁਪਏ ਦੇ ਚੈੱਕ ਵੰਡੇ। ਉਨ੍ਹਾਂ ਕਿਹਾ ਕਿ ਇਹ ਰਕਮ ਉਨ੍ਹਾਂ ਪੰਚਾਇਤਾਂ ਨੂੰ ਪ੍ਰਦਾਨ ਕੀਤੀ ਗਈ ਹੈ ਜਿੱਥੇ ਹਾਲ ਹੀ ਵਿੱਚ ਹੋਈਆਂ ਗ੍ਰਾਮ ਪੰਚਾਇਤ ਚੋਣਾਂ ਵਿੱਚ ਪੰਚਾਇਤਾਂ ਸਰਬਸੰਮਤੀ ਨਾਲ ਚੁਣੀਆਂ ਗਈਆਂ ਸਨ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਐਲਾਨ ਕੀਤਾ ਸੀ ਕਿ ਸਰਬਸੰਮਤੀ ਨਾਲ ਚੁਣੀਆਂ ਗਈਆਂ ਪੰਚਾਇਤਾਂ ਨੂੰ ਪਿੰਡ ਦੇ ਸਮੁੱਚੇ ਵਿਕਾਸ ਲਈ ਵਿਸ਼ੇਸ਼ ਸਨਮਾਨ ਭੱਤਾ ਮਿਲੇਗਾ। ਸਰਕਾਰ ਇਸ ਵਚਨਬੱਧਤਾ ਨੂੰ ਪੂਰਾ ਕਰਦੇ ਹੋਏ, ਇਹ ਰਕਮ ਪੰਚਾਇਤਾਂ ਨੂੰ ਜਾਰੀ ਕੀਤੀ ਗਈ ਹੈ।ਡਾ. ਰਵਜੋਤ ਸਿੰਘ ਨੇ ਦੱਸਿਆ ਕਿ ਸ਼ਾਮਚੌਰਾਸੀ ਵਿਧਾਨ ਸਭਾ ਹਲਕੇ ਵਿੱਚ ਕੁੱਲ 267 ਗ੍ਰਾਮ ਪੰਚਾਇਤਾਂ ਹਨ, ਜਿਨ੍ਹਾਂ ਵਿੱਚੋਂ 59 ਪੰਚਾਇਤਾਂ ਵਿੱਚ ਸਰਬਸੰਮਤੀ ਨਾਲ ਪ੍ਰਤੀਨਿਧੀ ਚੁਣੇ ਗਏ ਹਨ। ਇਨ੍ਹਾਂ ਵਿੱਚੋਂ 15 ਪੰਚਾਇਤਾਂ ਬਲਾਕ ਭੂੰਗਾ ਅਤੇ 44 ਪੰਚਾਇਤਾਂ ਹੁਸ਼ਿਆਰਪੁਰ ਬਲਾਕ-1 ਨਾਲ ਸਬੰਧਤ ਹਨ। ਹਰੇਕ ਪੰਚਾਇਤ ਨੂੰ 5-5 ਲੱਖ ਰੁਪਏ ਦੀ ਰਾਸ਼ੀ ਜਾਰੀ ਕੀਤੀ ਗਈ ਹੈ। ਇਸ ਤਰ੍ਹਾਂ ਸ਼ਾਮਚੌਰਾਸੀ ਵਿਧਾਨ ਸਭਾ ਹਲਕੇ ਦੇ ਵਿਕਾਸ ਲਈ ਕੁੱਲ 2 ਕਰੋੜ 95 ਲੱਖ ਰੁਪਏ ਦੀ ਰਾਸ਼ੀ ਮੁਹੱਈਆ ਕਰਵਾਈ ਗਈ ਹੈ।ਉਨ੍ਹਾਂ ਕਿਹਾ ਕਿ ਇਹ ਸਨਮਾਨ ਰਾਸ਼ੀ ਪਿੰਡ ਦੇ ਬੁਨਿਆਦੀ ਢਾਂਚੇ, ਸਫਾਈ,



ਪੀਣ ਵਾਲੇ ਪਾਣੀ, ਗਲੀਆਂ-ਨਾਲੀਆਂ ਦੀ ਉਸਾਰੀ, ਭਾਈਚਾਰਕ ਸਹੂਲਤਾਂ ਅਤੇ ਹੋਰ ਜਨਤਕ ਭਲਾਈ ਕਾਰਜਾਂ ਵਿੱਚ ਸੁਧਾਰ ਕਰਨ 'ਤੇ ਖਰਚ ਕੀਤੀ ਜਾਵੇਗੀ। ਉਨ੍ਹਾਂ ਪੰਚਾਇਤ ਪ੍ਰਤੀਨਿਧੀਆਂ ਨੂੰ ਫੰਡਾਂ ਦੀ ਪਾਰਦਰਸ਼ੀ ਅਤੇ ਲੋਕ ਭਲਾਈ ਵਰਤੋਂ ਨੂੰ ਯਕੀਨੀ ਬਣਾਉਣ ਦੀ ਅਪੀਲ ਕੀਤੀ।ਇਸ ਮੌਕੇ ਜ਼ਿਲ੍ਹਾ ਪ੍ਰੀਸ਼ਦ ਮੈਂਬਰ, ਬੀ.ਡੀ.ਪੀ.ਓ ਭੂੰਗਾ, ਬੀ.ਡੀ.ਪੀ.ਓ ਹੁਸ਼ਿਆਰਪੁਰ-1 ਅਤੇ ਹੋਰ ਪਤਵੰਤੇ ਹਾਜ਼ਰ ਸਨ।

# ਰਿਸ਼ਤਿਆਂ ਅੰਦਰਲੀ ਸੁਹਿਰਦਾ ਚੰਗੇਰੇ ਸਮਾਜ ਦੀ ਸਿਰਜਣਾ 'ਚ ਸਹਾਈ : ਸ਼ੇਰੋਵਾਲੀਆ



ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ, ਸਰਬਣ ਕੁਮਾਰ ਬਿੱਲਾ, ਐਡਵੋਕੇਟ ਅਰੁਣ ਹੰਸ ਤਰਸੇਮ ਸਿੰਘ ਧੰਜੂ ਸਰਪੰਚ ਤੇ ਹੋਰ

**ਸ਼ਾਹਕੋਟ (ਗਿਆਨ ਸੈਦਪੁਰੀ)**

'ਸਾਡੇ ਸਮਾਜਿਕ ਤੇ ਪਰਿਵਾਰਿਕ ਰਿਸ਼ਤਿਆਂ ਅੰਦਰਲਾ ਨਿੱਘ ਸੁਹਿਰਦਤਾ ਤੇ ਸ਼ਿੱਦਤ ਚੰਗੇਰੇ ਸਮਾਜ ਸਿਰਜਣ 'ਚ ਸਹਾਈ ਹੁੰਦੇ ਹਨ ਤੇ ਇਹਨਾਂ ਅੰਦਰਲੀ ਪਾਕੀਜ਼ਗੀ ਮਨਾਂ ਨੂੰ ਸਕੂਨ ਦਿੰਦੀ ਹੈ'।ਉਕਤ ਵਿਚਾਰਾਂ ਦਾ ਪ੍ਰਗਟਾਵਾ ਹਲਕਾ ਵਿਧਾਇਕ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ ਨੇ ਕੀਤਾ।ਉਹ ਸ਼ੁੱਕਰਵਾਰ ਨੂੰ ਨੇੜਲੇ ਪਿੰਡ ਸੈਦਪੁਰ ਝਿੜੀ ਵਿੱਚ ਕਾਮਰੇਡ ਸਰਬਣ ਕੁਮਾਰ ਬਿੱਲਾ ਦੇ ਬੇਟੇ ਐਡਵੋਕੇਟ ਅਰੁਣ ਕੁਮਾਰ ਹੰਸ ਦੇ ਵਿਆਹ ਸਮਾਗਮ ਵਿੱਚ ਸ਼ਾਮਲ ਹੋਣ ਮੌਕੇ ਇਸ ਪੱਤਰਕਾਰ ਨਾਲ ਗੱਲਬਾਤ ਕਰ ਰਹੇ ਸਨ।ਉਨ੍ਹਾਂ ਕਿਹਾ ਜਿਸ ਦਿਨ ਸਾਡੀ ਸਮਾਜਿਕਤਾ ਦਾ ਮਿਆਰ ਵਧੀਆ ਹੋ ਗਿਆ, ਉਸ ਦਿਨ ਸਾਡੇ ਸਮਾਜਿਕ ਰਿਸ਼ਤੇ ਵਧੇਰੇ ਪਕੇਰੇ ਹੋ ਜਾਣਗੇ।ਇਸੇ ਦੌਰਾਨ ਪੁੱਛੇ ਗਏ ਸਵਾਲ ਦਾ ਜਵਾਬ ਦਿੰਦਿਆਂ ਸ਼ੇਰੋਵਾਲੀਆ ਨੇ ਕਿਹਾ ਕਿ ਸਿਆਸਤ ਵਿੱਚ ਉਹ ਲੋਕ ਬੇਚੈਨ ਹਨ, ਜਿਹੜੇ ਜ਼ਮੀਨੀ ਹਕੀਕਤਾਂ ਨੂੰ ਨਜ਼ਰ ਅੰਦਾਜ਼ ਕਰਕੇ ਹਵਾਈ ਗੱਲਾਂ ਕਰਦੇ।ਸਿਆਸਤ ਵਿੱਚ ਸੱਤਾ ਪ੍ਰਾਪਤ ਕਰਨ ਦੀ ਕੋਸ਼ਿਸ਼ ਕੋਈ ਗੈਰ ਵਾਜ਼ਬ ਵਰਤਾਰਾ ਨਹੀਂ, ਪਰ ਸਿਆਸੀ ਮਰਿਯਾਦਾ ਤਿਆਗ ਕੇ ਦੂਸਰੇ ਦੇ ਪੈਰ ਮਿੱਧਣਾ ਚੰਗੀ ਗੱਲ ਨਹੀਂ ਹੈ।ਮੌਜੂਦਾ ਦੌਰ ਵਿੱਚ ਭਾਜਪਾ ਤੇ ਭਾਜਪਾ ਸਰਕਾਰ ਵੱਲੋਂ ਸੰਵਿਧਾਨਿਕ ਸੰਸਥਾਵਾਂ ਨੂੰ ਸਾਹ ਸਤਹੀਣ ਕਰਨ ਦੇ ਵਰਤਾਰੇ ਬਾਰੇ ਗੱਲ ਕਰਦਿਆਂ ਸ਼ੇਰੋਵਾਲੀਆਂ ਨੇ ਕਿਹਾ ਕਿ ਇਸ ਦਾ ਵਿਰੋਧ ਕਰਨ ਲਈ ਕਾਂਗਰਸ ਪਾਰਟੀ ਸੰਘਰਸ਼ ਕਰ ਰਹੀ ਹੈ।ਕਾਂਗਰਸ ਦੇ ਸਿਖਰਲੇ ਆਗੂ ਰਾਹੁਲ ਗਾਂਧੀ ਸਰਕਾਰ ਦੇ ਲੋਕ ਵਿਰੋਧੀ ਚਿਹਰੇ ਨੂੰ ਲੋਕਾਂ ਸਾਹਮਣੇ ਨੰਗਾ ਕਰ ਰਹੇ ਹਨ।ਉਹ ਭਾਜਪਾ ਸਰਕਾਰ ਦੀਆਂ ਬੇਤੁਕੀਆਂ ਗੱਲਾਂ ਦਾ ਬ-ਦਲੀਲ ਜਵਾਬ ਦੇ ਰਹੇ ਹਨ।ਰਾਹੁਲ ਗਾਂਧੀ ਕੋਲ ਇੱਕ ਸਪੱਸ਼ਟ ਦ੍ਰਿਸ਼ਟੀਕੋਣ ਹੈ, ਜੋ ਦੇਸ਼ ਦੇ ਲੋਕਾਂ ਨੂੰ ਬਿਹਤਰੀ ਵੱਲ ਸੇਧਤ ਹੈ।ਇੱਕ ਹੋਰ ਸਵਾਲ ਦੇ ਜਵਾਬ ਵਿੱਚ ਸ਼ੇਰੋਵਾਲੀਆਂ ਨੇ ਕਿਹਾ ਕਿ ਭਾਰਤ ਸਰਕਾਰ ਵੱਲੋਂ ਅਮਰੀਕਾ ਨਾਲ ਕੀਤਾ ਮੁਕਤ ਵਪਾਰ ਸਮਝੌਤਾ ਇਥੋਂ ਦੇ ਲੋਕਾਂ ਨੂੰ ਆਰਥਿਕ ਤੌਰ 'ਤੇ ਭਾਰੀ ਨੁਕਸਾਨ ਪਹੁੰਚਾਏਗਾ।ਸ਼ੇਰੋਵਾਲੀਆਂ ਨੇ ਇੱਕ ਵਾਰ ਫਿਰ ਰਾਹੁਲ ਗਾਂਧੀ ਦੀ ਸਿਆਸੀ ਕਾਰਜਸ਼ਾਲੀ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਕਾਂਗਰਸ ਪਾਰਟੀ ਕੋਲ ਸਪਸ਼ਟ ਦ੍ਰਿਸ਼ਟੀਕੋਣ ਵਾਲਾ ਆਗੂ ਮੌਜੂਦ ਹੈ।

# ਦੋ ਗੁਰੂ ਘਰਾਂ ਦੇ ਪੰਜ ਵਜ਼ੀਰਾਂ ਨੂੰ ਇੱਕ-ਇੱਕ ਲੱਖ ਰੁਪਏ ਦੇ ਕੇ ਸਨਮਾਨਤ ਕੀਤਾ ਜਾਵੇਗਾ

**ਫਿਲੌਰ (ਨਿਰਮਲ)**-ਫਿਲੌਰ ਦੇ ਨਜ਼ਦੀਕੀ ਪਿੰਡ ਮਨਸੂਰਪੁਰ ਦੇ ਪ੍ਰਵਾਸੀ ਭਾਰਤੀ ਅਤੇ ਸਮਾਜ ਸੇਵਕ ਗੁਰਨਾਮ ਸਿੰਘ ਮੱਲ ਵੱਲੋਂ ਗੁਰਦੁਆਰਾ ਸਾਹਿਬ ਦੇ ਪੰਜ ਵਜ਼ੀਰਾਂ ਨੂੰ 17 ਫਰਵਰੀ ਨੂੰ ਇੱਕ ਸਮਾਰੋਹ ਵਿੱਚ ਇੱਕ ਇੱਕ ਲੱਖ ਰੁਪਏ ਅਤੇ ਇੱਕ ਇਕ ਲੋਈ ਅਤੇ ਸਿਰੋਪਾਓ ਦੇ ਕੇ ਸਨਮਾਨਤ ਕੀਤਾ ਜਾਵੇਗਾ ਅਤੇ ਦੋ ਗੁਰੂ ਘਰ ਸਿੰਘ ਸਭਾ ਮਨਸੂਰਪੁਰ ਅਤੇ ਸ੍ਰੀ ਗੁਰੂ ਰਵਿਦਾਸ ਗੁਰੂ ਘਰ ਨੂੰ 50-50 ਹਜ਼ਾਰ ਰੁਪਏ ਦਿੱਤੇ ਜਾਣਗੇ ਇਹ ਜਾਣਕਾਰੀ ਉਨ੍ਹਾਂ ਸਪੁੱਤਰ ਸਾਂਝ ਕੇਂਦਰ ਫਿਲੌਰ ਇੰਚਾਰਜ ਚਰਨਜੀਤ ਸਿੰਘ ਵੱਲੋਂ ਦਿੱਤੀ ਗਈ।

# ਬਜ਼ੁਰਗ ਜਾਗਰੂਕਤਾ ਕੈਂਪ ਅੱਜ

**ਜਲੰਧਰ, (ਸੁਰਿੰਦਰ ਕੁਮਾਰ)**-ਪ੍ਰਸ਼ਾਸਨ ਵੱਲੋਂ 'ਸਾਡੇ ਬਜ਼ੁਰਗ ਸਾਡਾ ਮਾਣ' ਮੁਹਿੰਮ ਦੀ ਸ਼ੁਰੂਆਤ 16 ਫਰਵਰੀ ਨੂੰ ਸਥਾਨਕ ਰੈੱਡ ਕਰਾਸ ਭਵਨ ਵਿਖੇ ਜ਼ਿਲ੍ਹਾ ਪੱਧਰੀ ਸਿਹਤ ਤੇ ਜਾਗਰੂਕਤਾ ਕੈਂਪ ਨਾਲ ਕੀਤੀ ਜਾ ਰਹੀ ਹੈ।ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਨਰੇਸ਼ ਕੁਮਾਰ ਨੇ ਇਸ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਜ਼ਿਲ੍ਹਾ ਪੱਧਰੀ ਕੈਂਪ ਵਿੱਚ ਬਜ਼ੁਰਗਾਂ ਦੀ ਸਿਹਤ ਜਾਂਚ ਤੋਂ ਇਲਾਵਾ ਆਰਥੋ, ਅੱਖਾਂ ਦੀ ਸਕਰੀਨਿੰਗ ਵੀ ਕੀਤੀ ਜਾਵੇਗੀ। ਬਜ਼ੁਰਗਾਂ ਨਾਲ ਸਿਹਤ ਸੰਭਾਲ ਸਬੰਧੀ ਜਾਣਕਾਰੀ ਸਾਂਝੀ ਕਰਨ ਦੇ ਨਾਲ-ਨਾਲ ਕੈਂਪ ਦੌਰਾਨ ਬਜ਼ੁਰਗਾਂ ਦੀ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਰਜਿਸਟ੍ਰੇਸ਼ਨ ਵੀ ਕੀਤੀ ਜਾਵੇਗੀ।ਉਨ੍ਹਾਂ ਦੱਸਿਆ ਕਿ ਕੈਂਪ ਦੌਰਾਨ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਕਾਨੂੰਨੀ ਜਾਗਰੂਕਤਾ ਤੇ ਬੈਂਕਾਂ ਵੱਲੋਂ ਬਜ਼ੁਰਗਾਂ ਨੂੰ ਦਿੱਤੀਆਂ ਜਾਂਦੀਆਂ ਸਹੂਲਤਾਂ ਬਾਰੇ ਵੀ ਜਾਣੂ ਕਰਵਾਇਆ ਜਾਵੇਗਾ।ਉਨ੍ਹਾਂ ਅੱਗੇ ਦੱਸਿਆ ਕਿ ਇਸ ਮੁਹਿੰਮ ਤਹਿਤ 16 ਮਾਰਚ 2026 ਤੱਕ ਜ਼ਿਲ੍ਹੇ ਵਿੱਚ ਵੱਖ-ਵੱਖ ਥਾਈਂ ਵਿਸ਼ੇਸ਼ ਕੈਂਪ ਲਗਾਏ ਜਾਣਗੇ, ਜਿਨ੍ਹਾਂ ਵਿੱਚ ਸਿਹਤ ਜਾਂਚ ਤੋਂ ਇਲਾਵਾ ਬਜ਼ੁਰਗਾਂ ਦੀ ਬਿਹਤਰੀ ਲਈ ਹੋਰ ਗਤੀਵਿਧੀਆਂ ਵੀ ਕਰਵਾਈਆਂ ਜਾਣਗੀਆਂ।

# ਤਰਕਸ਼ੀਲ ਸੁਸਾਇਟੀ ਪੰਜਾਬ ਵੱਲੋਂ ਵਿਦਿਆਰਥੀਆਂ ਨੂੰ ਪੁਰਸਕਾਰਾਂ ਦੀ ਵੰਡ

**ਸ਼ਾਹਕੋਟ (ਗਿਆਨ ਸੈਦਪੁਰੀ)**

ਤਰਕਸ਼ੀਲ ਸੁਸਾਇਟੀ ਪੰਜਾਬ ਵੱਲੋਂ ਜੋ ਸਤਵੀਂ ਚੇਤਨਾ ਪਰਖ ਪ੍ਰੀਖਿਆ 2025 ਕਰਵਾਈ ਗਈ ਸੀ, ਉਸ ਵਿੱਚ ਭਾਗ ਲੈਣ ਵਾਲੇ ਚਾਰ ਸਕੂਲਾਂ ਵਿੱਚ ਸਨਿੱਚਰਵਾਰ ਨੂੰ ਛੇਵੀਂ ਤੋਂ ਲੈ ਕੇ ਬਾਰ੍ਹਵੀਂ ਤੱਕ ਹਰ ਕਲਾਸ ਵਿੱਚੋਂ ਅੱਵਲ ਰਹਿਣ ਵਾਲੇ ਵਿਦਿਆਰਥੀ ਨੂੰ ਕਿਤਾਬਾਂ ਦੀ ਰੂਪ ਵਿੱਚ ਪੁਰਸਕਾਰ ਦਿੱਤਾ ਗਿਆ ਅਤੇ ਬਾਕੀ ਹਿੱਸਾ ਲੈਣ ਵਾਲੇ ਵਿਦਿਆਰਥੀਆਂ ਨੂੰ ਪਾਰਟੀਸਿਪੇਟ ਸਰਟੀਫਿਕੇਟ ਦਿੱਤੇ ਗਏ। ਏਕਮ ਪਬਲਿਕ ਸਕੂਲ ਮਹਿਤਪੁਰ ਵਿੱਚੋਂ ਹਰ ਕਲਾਸ ਵਿੱਚੋਂ ਪਹਿਲੀ ਪੁਜੀਸ਼ਨ ਪ੍ਰਾਪਤ ਕਰਨ ਵਾਲੇ 7 ਵਿਦਿਆਰਥੀਆਂ ਨੂੰ ਕਿਤਾਬਾਂ ਦੇ ਰੂਪ ਵਿੱਚ ਪੁਰਸਕਾਰ ਦਿੱਤਾ ਗਿਆ ਅਤੇ ਸਾਰੇ ਹਿੱਸਾ ਲੈਣ ਵਾਲੇ ਵਿਦਿਆਰਥੀਆਂ (465) ਨੂੰ ਪਾਰਟੀਸਿਪੇਟ ਸਰਟੀਫਿਕੇਟ ਵੰਡੇ ਗਏ। ਇਸ ਮੌਕੇ ਤਰਕਸ਼ੀਲ ਸੋਸਾਇਟੀ ਪੰਜਾਬ ਦੇ ਮੁਖੀ ਰਜਿੰਦਰ ਭਦੌੜ ਨੇ ਬੱਚਿਆਂ ਨੂੰ ਵੱਖ-ਵੱਖ ਪ੍ਰੇਰਕ ਪ੍ਰਸੰਗਾਂ ਰਾਹੀਂ ਵਿਗਿਆਨਿਕ ਸਿੱਖਿਆ ਨੂੰ ਹਾਸਲ ਕਰਨ ਲਈ ਉਤਸ਼ਾਹਿਤ ਕੀਤਾ । ਸਵੇਰ ਦੀ ਅਸੈਂਬਲੀ ਵਿੱਚ ਸਕੂਲ ਦੇ ਹਜ਼ਾਰਾਂ ਵਿਦਿਆਰਥੀਆਂ ਨੇ ਬਹੁਤ ਹੀ ਇਕਾਗਰਤਾ ਨਾਲ ਤਰਕਸ਼ੀਲ ਆਗੂ ਨੂੰ ਸੁਣਿਆ। ਇਸ ਮੌਕੇ ਸਕੂਲ ਦੇ ਐਮ ਡੀ ਡਾ.ਨਿਰਮਲ ਸਿੰਘ, (ਡਾ) ਅਤੇ ਕੋਆਰਡੀਨੇਟਰ ਡਾ. ਸਵਪਨਦੀਪ ਕੌਰ ਸਮੇਤ ਸਾਰਾ ਸਟਾਫ ਹਾਜ਼ਰ ਸੀ । ਇਸੇ ਤਰ੍ਹਾਂ ਹੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੀਆਂ) ਮਹਿਤਪੁਰ ਦੀਆਂ ਅੱਠ ਵਿਦਿਆਰਥਣਾਂ ਨੂੰ ਕਾਰਜਕਾਰੀ ਪ੍ਰਿੰਸੀਪਲ ਕੁਲਜੀਤ ਕੌਰ ਅਤੇ ਕਰਨਜੀਤ ਸਿੰਘ ਲੈਕਚਰਰ ਦੀ ਅਗਵਾਈ ਹੇਠ ਕਿਤਾਬਾਂ ਦੇ ਰੂਪ ਵਿੱਚ ਪੁਰਸਕਾਰ ਦਿੱਤਾ ਗਿਆ ਅਤੇ ਬਾਕੀ 173 ਦੇ ਕਰੀਬ ਵਿਦਿਆਰਥੀਆਂ ਨੂੰ ਪਾਰਟੀਸਿਪੇਟ ਸਰਟੀਫਿਕੇਟ ਵੰਡੇ ਗਏ। ਇਸੇ ਤਰ੍ਹਾਂ ਐਚ ਪੀ ਮਾਡਲ ਸੀਨੀਅਰ ਸਕੂਲ ਸੰਗੋਵਾਲ ਵਿੱਚ ਸੱਤ ਅੱਵਲ ਰਹਿਣ ਵਾਲੇ ਵਿਦਿਆਰਥੀਆਂ ਨੂੰ ਪੁਰਸਕਾਰ ਦਿੱਤੇ ਗਏ ਤੇ 116 ਦੇ ਕਰੀਬ ਵਿਦਿਆਰਥੀਆਂ ਨੂੰ ਪ੍ਰਤੀਭਾਗੀ ਸਰਟੀਫਿਕੇਟ ਵੰਡੇ ਗਏ। ਇਸ ਸਕੂਲ ਦੀ ਵਿਦਿਆਰਥਣ ਦੀਪਕਾ ਪਾਲ ਨੇ ਜ਼ੋਨ ਜਲੰਧਰ ਵਿੱਚੋਂ ਪਹਿਲੀ ਪੁਜੀਸ਼ਨ ਪ੍ਰਾਪਤ ਕੀਤੀ ਸੀ। ਇਸ ਮੌਕੇ ਹਰਪ੍ਰੀਤ ਸਿੰਘ ਐਮ



ਡੀ ਅਤੇ ਸਮੂਹ ਸਕੂਲ ਸਟਾਫ ਸਮੇਤ ਹਾਜ਼ਰ ਸਨ। ਇਸੇ ਤਰ੍ਹਾਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸੰਗੋਵਾਲ ਵਿੱਚ 6 ਵਿਦਿਆਰਥੀਆਂ ਨੂੰ ਲੈਕਚਰਾਰ ਸਤਿੰਦਰ ਕੌਰ ਦੀ ਰਹਿਨੁਮਾਈ ਹੇਠ ਪੁਰਸਕਾਰ ਦਿੱਤੇ ਗਏ ਅਤੇ ਬਾਕੀ 112 ਪ੍ਰਤਿਭਾਗੀਆਂ ਨੂੰ ਸਰਟੀਫਿਕੇਟ ਵੰਡੇ ਗਏ । ਸਾਰੇ ਸਕੂਲਾਂ ਦੀ ਮੈਨੇਜਮੈਂਟ ਵੱਲੋਂ ਭਰਪੂਰ ਹੁੰਗਾਰਾ ਭਰਿਆ ਗਿਆ ਅਤੇ ਅਗਲੇ ਸਾਲ ਤੋਂ ਵੱਧ ਤੋਂ ਵੱਧ ਵਿਦਿਆਰਥੀ ਤਰਕਸ਼ੀਲ ਚੇਤਨਾ ਪ੍ਰੀਖਿਆ ਲਈ ਰਜਿਸਟਰ ਕਰਨ ਦਾ ਤਹੱਈਆ ਕੀਤਾ ਗਿਆ ।ਇਸ ਮੌਕੇ ਤਰਕਸ਼ੀਲ ਸੋਸਾਇਟੀ ਸ਼ਾਹਕੋਟ ਦੇ ਮੁਖੀ ਪ੍ਰਿੰਸੀਪਲ ਮਨਜੀਤ ਸਿੰਘ, ਪਾਲ ਬਾਗਪੁਰ ਮੈਂਬਰ ਸੰਪਾਦਕੀ ਬੋਰਡ ਤਰਕਸ਼ੀਲ ਅਤੇ ਅਮਨ ਬਾਗਪੁਰ ਵੱਲੋਂ 15 ਫਰਵਰੀ ਨੂੰ ਸ਼ਾਹਕੋਟ ਵਿਖੇ ਕਰਵਾਏ ਜਾ ਰਹੇ ਤਰਕਸ਼ੀਲ ਮੇਲੇ ਵਿੱਚ ਹਿੱਸਾ ਲੈਣ ਦਾ ਸਾਰਿਆਂ ਨੂੰ ਸੱਦਾ ਦਿੱਤਾ ਗਿਆ।

# ਸੀ ਟੀ ਗਰੁੱਪ ਆਫ ਇੰਸਟੀਚਿਊਸ਼ਨਜ਼ ਨੇ ਵਿਗਿਆਨ ਪ੍ਰਦਰਸ਼ਨੀ ਦੀ ਕੀਤੀ ਸਫ਼ਲ ਮੇਜ਼ਬਾਨੀ



**ਜਲੰਧਰ (ਸ਼ੈਲੀ ਐਲਬਰਟ)**

ਸੀ ਟੀ ਗਰੁੱਪ ਆਫ ਇੰਸਟੀਚਿਊਸ਼ਨਜ਼, ਸ਼ਾਹਪੁਰ ਨੇ ਰਾਜ ਪੱਧਰੀ ਵਿਗਿਆਨ ਪ੍ਰਦਰਸ਼ਨੀ 2025-2026 ਰਾਹੀਂ ਨੌਜਵਾਨ ਨਵੋਨਮੇਸ਼ਕਾਂ ਲਈ ਪ੍ਰਤਿਭਾ ਪ੍ਰਦਰਸ਼ਨ ਦਾ ਉਤਸ਼ਾਹਪੂਰਨ ਅਤੇ ਪ੍ਰੇਰਨਾਦਾਇਕ ਮੰਚ ਪ੍ਰਦਾਨ ਕੀਤਾ। ਇਹ ਪ੍ਰਤਿਸ਼ਠਿਤ ਸਮਾਗਮ ਰਾਜ ਵਿੱਦਿਅਕ ਖ਼ੋਜ ਅਤੇ ਸਿਖਲਾਈ ਪ੍ਰੀਸ਼ਦ, ਪੰਜਾਬ ਅਤੇ ਸਕੂਲ ਸਿੱਖਿਆ ਵਿਭਾਗ ਦੇ ਸਹਿਯੋਗ ਨਾਲ ਆਯੋਜਿਤ ਕੀਤਾ ਗਿਆ।ਪ੍ਰਦਰਸ਼ਨੀ ਵਿੱਚ ਪੰਜਾਬ ਦੇ 23 ਜ਼ਿਲ੍ਹਿਆਂ ਤੋਂ 450 ਤੋਂ ਵੱਧ ਹੋਣਹਾਰ ਵਿਦਿਆਰਥੀਆਂ ਨੇ ਭਾਗ ਲਿਆ। ਇਸ ਮਹੱਤਵਪੂਰਨ ਅਕਾਦਮਿਕ ਸਮਾਗਮ ਨੂੰ ਜ਼ਿਲ੍ਹਾ ਸਿੱਖਿਆ ਅਧਿਕਾਰੀ (ਸੈਕੰਡਰੀ ਸਿੱਖਿਆ) ਅਤੇ ਰਾਸ਼ਟਰੀ ਪੁਰਸਕਾਰ ਪ੍ਰਾਪਤ ਡਾ. ਗੁਰਿੰਦਰਜੀਤ ਕੌਰ ਦੀ ਰਹਿਨੁਮਾਈ ਅਤੇ ਉਪ-ਜ਼ਿਲ੍ਹਾ ਨੂੰ ਸਿੱਖਿਆ ਅਧਿਕਾਰੀ (ਸੈਕੰਡਰੀ ਸਿੱਖਿਆ) ਅਤੇ ਰਾਜ ਪੁਰਸਕਾਰ ਪ੍ਰਾਪਤ ਰਾਜੀਵ ਜੋਸ਼ੀ ਦੇ ਪ੍ਰਸ਼ਾਸਕੀ ਸਹਿਯੋਗ ਨਾਲ ਸਫਲਤਾਪੂਰਵਕ ਹੋਇਆ।ਸਮਾਗਮ ਦੀ ਸ਼ੁਰੂਆਤ ਡਾ. ਗੁਰਿੰਦਰਜੀਤ ਕੌਰ ਵੱਲੋਂ ਫੀਤਾ ਕੱਟ ਕੇ ਕੀਤੀ ਗਈ। ਵਿਦਿਆਰਥੀਆਂ ਨੇ ਨਵੀਆਂ ਤਕਨੀਕਾਂ, ਸਿਹਤ ਅਤੇ ਸਫ਼ਾਈ, ਗਣਿਤਕ ਮਾਡਲਿੰਗ, ਟਿਕਾਊ ਖੇਤੀਬਾੜੀ, ਕੂੜਾ ਪ੍ਰਬੰਧਨ, ਹਰਿਤ ਊਰਜਾ ਤੇ ਪਾਣੀ ਸੰਰੱਖਣ ਵਰਗੇ ਵਿਸ਼ਿਆਂ 'ਤੇ ਆਪਣੇ ਰਚਨਾਤਮਕ ਸੋਚ ਤੇ ਵਿਗਿਆਨਕ ਸਮਝ ਦੇ ਨਾਲ-ਨਾਲ ਸਮਾਜਿਕ ਸਮੱਸਿਆਵਾਂ ਦੇ ਹੱਲ ਨਿਕਾਲਣ ਵਾਲੀ ਸੋਚ ਨੂੰ ਦਰਸਾਉਂਦੇ ਸਨ।

# ਉੱਚੀ ਅਵਾਜ਼ 'ਚ ਵੱਜਦੇ ਲਾਊਡ ਸਪੀਕਰਾਂ ਤੋਂ ਲੋਕ ਪ੍ਰੇਸ਼ਾਨ

**ਅਲਾਵਲਪੁਰ (ਮਦਨ ਬੰਗੜ)**

ਮੌਜੂਦਾ ਸਮੇਂ ਇਮਤਿਹਾਨ ਦੇ ਰਹੇ ਵਿਦਿਆਰਥੀਆਂ ਦੀ ਪੜ੍ਹਾਈ 'ਚ ਵਿਘਨ ਪੈਂਦਾ ਹੈ। ਫਿਰ ਵੀ ਲਾਊਡ ਸਪੀਕਰ ਬੰਦ ਨਹੀਂ ਹੁੰਦੇ। ਅਸਲ ਵਿੱਚ ਸਪੀਕਰਾਂ ਦੇ ਰੌਲੇ ਰੱਪੇ ਨੂੰ ਕੋਈ ਪ੍ਰਦੂਸ਼ਣ ਸਮਝਦਾ ਹੀ ਨਹੀਂ ਹੈ। ਅਜੋਕੇ ਸਮੇਂ 'ਚ ਹਰ ਇਨਸਾਨ ਕੋਲ ਮਹਿੰਗਾ ਮੁਬਾਇਲ ਫੋਨ ਹੈ ਜਿਸ ਵਿਚ ਹਰ ਤਰ੍ਹਾਂ ਦੇ ਧਾਰਮਿਕ ਪਾਠ ਭਜਨ ਉਹ ਲੋੜ ਮੁਤਾਬਕ ਖ਼ੁਦ ਸੁਣ ਸਕਦਾ ਹੈ । ਫਿਰ ਵੀ ਲਾਊਡ ਸਪੀਕਰ ਕਿਉਂ ਬੰਦ ਨਹੀਂ ਹੁੰਦੇ ? ਇਸ ਤਰ੍ਹਾਂ ਹੀ ਵਿਆਹ ਸ਼ਾਦੀਆਂ ਮੌਕੇ ਉੱਚੀ ਅਵਾਜ਼ 'ਚ ਵੱਜਦੇ ਡੀ ਜੇ, ਜਿੱਥੇ ਲੋਕਾਂ ਲਈ ਪ੍ਰੇਸ਼ਾਨੀ ਦਾ ਸਬੱਬ ਬਣਦੇ ਹਨ, ਉਥੇ ਉਹ ਪ੍ਰਸ਼ਾਸਨ ਦੇ ਸੁੱਤੇ ਹੋਣ ਵੱਲ ਇਸ਼ਾਰਾ ਵੀ ਕਰਦੇ ਹਨ। ਸਮਾਜਸੇਵੀ ਸੰਸਥਾਵਾਂ ਅਕਸਰ ਪ੍ਰਸ਼ਾਸਨ ਪਾਸੋਂ ਮੰਗ ਕਰਦੀਆਂ ਹਨ ਕਿ ਪੰਜਾਬ ਅਤੇ ਹਰਿਆਣਾ ਹਾਈਕੋਰਟ ਦੀ ਜਜਮੈਂਟ ਇਨ ਰਿੱਟ-ਪਟੀਸ਼ਨ ਨੰਬਰ 6213 ਦੀ ਪਾਲਣਾ ਕਰ ਕੇ ਸ਼ੋਰ ਪ੍ਰਦੂਸ਼ਣ ਬੰਦ ਕਰਵਾਇਆ ਜਾਵੇ । ਵਾਤਾਵਰਣ ਰੱਖਿਅਕ ਕਾਨੂੰਨ 1986 ਦੀ ਧਾਰਾ 25 ਰਾਹੀਂ ਮਿਲੀਆਂ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਭਾਰਤੀ ਸੰਸਦ ਵੱਲੋਂ ਸਾਲ 2000 ਵਿਚ ਸ਼ੋਰ ਪ੍ਰਦੂਸ਼ਣ ਨਿਯਮ ਬਣਾ ਕੇ ਪਾਸ ਕੀਤਾ ਗਿਆ ਹੈ, ਕਿ ਕਿਸੇ ਵੀ ਸਮੇਂ ਕੋਈ ਵੀ ਲਾਊਡ ਸਪੀਕਰ ਜਾਂ ਜਨਤਕ ਸੰਬੋਧਨੀ ਕਲਪੁਰਜ਼ਾ ਨਹੀਂ ਵਰਤਿਆ ਜਾ ਸਕੇਗਾ। ਇਲਾਕੇ ਦੇ ਕੁਝ ਮੋਹਤਬਰ ਵਿਅਕਤੀਆਂ, ਵਿਦਿਆਰਥੀਆਂ ਦੇ ਮਾਪਿਆਂ, ਮੁਲਾਜ਼ਮਾਂ ਨੇ ਦੱਸਿਆ ਕਿ ਉੱਚੀ ਆਵਾਜ਼ ਵਿਚ ਵੱਜਦੇ ਲਾਊਡ ਸਪੀਕਰ ਦੀ ਆਵਾਜ਼ ਲਗਭਗ 2/3 ਕਿਲੋਮੀਟਰ ਦੂਰ ਤੱਕ ਸੁਣਾਈ ਦਿੰਦੀ ਹੈ। ਵੱਖ ਵੱਖ ਸੰਸਥਾਵਾਂ ਵੱਲੋਂ ਪਹਿਲਾਂ ਵੀ ਕਈ ਵਾਰ ਅਪੀਲ ਕੀਤੀ ਜਾਂਦੀ ਰਹੀ ਹੈ ਕਿ ਸਪੀਕਰਾਂ ਦੀ ਆਵਾਜ਼ ਆਪਣੇ ਧਾਰਮਿਕ ਸਥਾਨ ਦੀ ਹਦੂਦ ਦੇ ਅੰਦਰ ਹੀ ਰੱਖਣ। ਸੁਪਰੀਮ ਕੋਰਟ, ਹਾਈ ਕੋਰਟ ਦੇ ਫੈਸਲੇ ਦੇ ਮੁਤਾਬਕ ਅਦਾਲਤਾਂ ਵੀ ਇਸ ਸੰਬੰਧੀ ਅਜਿਹੇ ਹੁਕਮ ਜਾਰੀ ਕਰ ਚੁੱਕੀਆਂ ਹਨ, ਕਈ ਪਿੰਡਾਂ 'ਚ ਪੰਚਾਇਤਾਂ ਵੀ ਫੈਸਲੇ ਕਰ ਚੁੱਕੀਆਂ ਹਨ ਪਰ ਫਿਰ ਵੀ ਉੱਚੀ ਆਵਾਜ਼ ਵਿੱਚ ਵੱਜਦੇ ਲਾਊਡ ਸਪੀਕਰ ਬੰਦ ਨਹੀਂ ਹੁੰਦੇ। ਉਨ੍ਹਾਂ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਉੱਚੀ ਅਵਾਜ਼ 'ਚ ਲਾਊਡ ਸਪੀਕਰ ਅਤੇ ਡੀ ਜੇ ਵਜਾਉਣ ਵਾਲਿਆਂ, ਟਰੈਕਟਰਾਂ ਉਪਰ ਮਿਊਜ਼ਿਕ ਬਕਸੇ ਰੱਖ ਕੇ ਉਚੀ ਅਵਾਜ਼ 'ਚ ਸਪੀਕਰ ਵਜਾਉਣ ਵਾਲਿਆਂ ਉਪਰ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇ।

# 63ਵਾਂ ਪ੍ਰਿੰਸੀਪਲ ਹਰਭਜਨ ਸਿੰਘ ਫੁੱਟਬਾਲ ਟੂਰਨਾਮੈਂਟ ਸ਼ਾਨੋ-ਸ਼ੌਕਤ ਨਾਲ ਸ਼ੁਰੂ



**ਮਾਹਿਲਪੁਰ (ਸ.ਫਰੀ)**

ਸ੍ਰੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਮਾਹਿਲਪੁਰ ਵਿੱਚ ਪ੍ਰਿੰਸੀਪਲ ਹਰਭਜਨ ਸਿੰਘ ਸਪੋਰਟਿੰਗ ਦੇ ਪ੍ਰਧਾਨ ਕੁਲਵੰਤ ਸਿੰਘ ਸੰਘਾ ਦੀ ਅਗਵਾਈ ਹੇਠ ਕਰਵਾਇਆ ਜਾ ਰਿਹਾ 63ਵਾਂ ਪ੍ਰਿੰਸੀਪਲ ਹਰਭਜਨ ਸਿੰਘ ਆਲ ਇੰਡੀਆ ਫੁੱਟਬਾਲ ਟੂਰਨਾਮੈਂਟ ਸ਼ਾਨੋ ਸ਼ੌਕਤ ਨਾਲ ਆਰੰਭ ਹੋ ਗਿਆ। ਟੂਰਨਾਮੈਂਟ ਦੇ ਉਦਘਾਟਨੀ ਮੈਚ ਮੌਕੇ ਮੁੱਖ ਮਹਿਮਾਨ ਵਜੋਂ ਮੈਂਬਰ ਪਾਰਲੀਮੈਂਟ ਡਾ ਰਾਜ ਕੁਮਾਰ ਨੇ ਸ਼ਿਰਕਤ ਕੀਤੀ ਜਦਕਿ ਖੇਡ ਸਮਾਰੋਹ ਦੀ ਪ੍ਰਧਾਨਗੀ ਸਿੱਖ ਐਜੂਕੇਸ਼ਨਲ ਕੌਂਸਲ ਦੇ ਪ੍ਰਧਾਨ ਸੰਤ ਸਾਧੂ ਸਿੰਘ ਕਹਾਰਪੁਰ, ਪੈਟਰਨ ਡਾ ਜੰਗ ਬਹਾਦਰ ਸਿੰਘ ਰਾਏ, ਮੈਨੇਜਰ ਇੰਦਰਜੀਤ ਸਿੰਘ ਭਾਰਟਾ, ਪ੍ਰਿੰਸੀਪਲ ਡਾ ਪਰਵਿੰਦਰ ਸਿੰਘ ਅਤੇ ਸ਼ਵਿੰਦਰਜੀਤ ਸਿੰਘ ਬੈਂਸ ਐੱਸ ਪੀ ਨੇ ਕੀਤੀ। ਕਲੱਬ ਦੇ ਪ੍ਰਧਾਨ ਕੁਲਵੰਤ ਸਿੰਘ ਸੰਘਾ ਨੇ ਪੁੱਜੀਆਂ ਸ਼ਖ਼ਸੀਅਤਾਂ ਲਈ ਸਵਾਗਤੀ ਸ਼ਬਦ ਸਾਂਝੇ ਕੀਤੇ। ਉਨ੍ਹਾਂ ਦੱਸਿਆ ਕਿ 63ਵੇਂ ਸਾਲ ਵਿੱਚ ਪ੍ਰਵੇਸ਼ ਕਰ ਚੁੱਕੇ ਇਸ ਟੂਰਨਾਮੈਂਟ ਵਿੱਚ ਦੇਸ਼ ਦੇ ਨਾਮੀ 12 ਫੁਟਬਾਲ ਕਲੱਬ, 12 ਕਾਲਜ ਵਰਗ, 10 ਅਕੈਡਮੀ ਉਮਰ ਵਰਗ-17 ਦੀਆਂ 10 ਟੀਮਾਂ ਹਿੱਸਾ ਲੈ ਰਹੀਆਂ ਹਨ। ਖੇਡ ਸਮਾਰੋਹ ਦੇ ਮੁੱਖ ਮਹਿਮਾਨ ਡਾ ਰਾਜ ਕੁਮਾਰ ਮੈਂਬਰ ਪਾਰਲੀਮੈਂਟ ਨੇ ਟੂਰਨਾਮੈਂਟ ਦੇ ਵਧੀਆ ਪ੍ਰਬੰਧਾਂ ਲਈ ਸਪੋਰਟਿੰਗ ਕਲੱਬ ਦੇ ਸਮੂਹ ਅਹੁਦੇਦਾਰਾਂ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਇਹ ਟੂਰਨਾਮੈਂਟ ਪ੍ਰਿੰਸੀਪਲ ਹਰਭਜਨ ਸਿੰਘ ਦੀ ਯਾਦ ਨੂੰ ਤਾਜ਼ਾ ਕਰਨ ਦੇ ਨਾਲ ਨਾਲ ਫੁੱਟਬਾਲ ਖੇਡ ਦੇ ਪ੍ਰਚਾਰ ਵਿੱਚ ਵੀ ਅਹਿਮ ਯੋਗਦਾਨ ਪਾ ਰਿਹਾ ਹੈ। ਉਨ੍ਹਾਂ ਆਪਣੇ ਅਖਤਿਆਰੀ ਫੰਡ ਵਿੱਚੋਂ ਪੰਜ ਲੱਖ ਰੁਪਏ ਟੂਰਨਾਮੈਂਟ ਨੂੰ ਸੰਚਾਲਿਤ ਕਰਨ ਵਾਲੇ ਸਪੋਰਟਿੰਗ ਕਲੱਬ ਨੂੰ ਦੇਣ ਦਾ ਐਲਾਨ ਕੀਤਾ। ਅੱਜ ਦੇ ਪਹਿਲੇ ਮੈਚ ਵਿੱਚ ਅੰਡਰ 17 ਅਕੈਡਮੀ ਵਰਗ ਵਿੱਚ ਪੰਜਾਬ ਫੁਟਬਾਲ ਕਲੱਬ ਰਾਊਂਡ ਗਲਾਸ ਨੇ ਫੁੱਟਬਾਲ ਅਕੈਡਮੀ ਬੱਡੋਂ ਨੂੰ 3-0 ਦੇ ਫਰਕ ਨਾਲ ਹਰਾਇਆ, ਦੂਜੇ ਮੈਚ ਵਿੱਚ ਦਿੱਲੀ ਫੁੱਟਬਾਲ ਕਲੱਬ ਨੇ ਹੈਦਰਾਬਾਦ ਕਲੱਬ ਨੂੰ 8-2 ਦੇ ਵੱਡੇ ਅੰਤਰ ਨਾਲ ਹਰਾਇਆ । ਕਲੱਬ ਵਰਗ ਦੇ ਵੱਖਰੇ ਮੈਚ ਵਿੱਚ ਸੀਆਰਪੀਐਫ ਜਲੰਧਰ ਦੀ ਟੀਮ ਨੇ ਨਾਮਧਾਰੀ ਫੁੱਟਬਾਲ ਕਲੱਬ ਨੂੰ 2-1 ਦੇ ਫਰਕ ਨਾਲ ਹਰਾਇਆ। ਇਸ ਮੌਕੇ ਦਲਜੀਤ ਸਿੰਘ ਬੈਂਸ, ਵਿੰਗ ਕਮਾਂਡਰ ਹਰਦੇਵ ਸਿੰਘ ਢਿੱਲੋਂ,ਬਲਰਾਜ ਸਿੰਘ ਸੰਘਾ, ਮਲਕੀਤ ਸਿੰਘ, ਹਰਜੀਤ ਸਿੰਘ ਬੈਂਸ, ਰਾਜਵਿੰਦਰ ਸਿੰਘ, ਹਰਨੰਦਨ ਸਿੰਘ ਖਾਬੜਾ, ਪ੍ਰਿੰਸੀਪਲ ਜਗਮੋਹਨ ਸਿੰਘ, ਸਕੱਤਰ ਡਾ ਪਰਮਪ੍ਰੀਤ ਕੈਂਡੋਵਾਲ, ਪ੍ਰੋ ਸਰਵਣ ਸਿੰਘ, ਰੁਪਿੰਦਰ ਜੋਤ ਬੱਬੂ, ਜਗਜੀਤ ਸਿੰਘ ਗਣੇਸ਼ਪੁਰ, ਬਨਿੰਦਰ ਸਿੰਘ, ਅੱਛਰ ਜੋਸ਼ੀ, ਬਲਜਿੰਦਰ ਮਾਨ, ਆਦਿ ਸਮੇਤ ਅਨੇਕਾਂ ਸ਼ਖਸੀਅਤਾਂ ਅਤੇ ਭਾਰੀ ਗਿਣਤੀ ਵਿੱਚ ਫੁੱਟਬਾਲ ਦੇ ਦਰਸ਼ਕ ਹਾਜ਼ਰ ਸਨ।

## ਮਹਾਂਸ਼ਿਵਰਾਤਰੀ ਸ਼ੋਭਾ ਯਾਤਰਾ 'ਚ ਸ਼ਾਮਲ ਹੋਏ ਵਿਜੇ ਸਾਂਪਲਾ

**ਫਗਵਾੜਾ, (ਡਾ. ਰਮਨ, ਜਸਵਿੰਦਰ ਢੱਡ)**-ਮਹਾਸ਼ਿਵਰਾਤਰੀ ਦੇ ਪਾਵਨ ਮੌਕੇ ਫਗਵਾੜਾ ਵਿਸ਼ਾਲ ਸ਼ੋਭਾ ਯਾਤਰਾ ਸਜਾਈ ਗਈ। ਇਸ ਧਾਰਮਿਕ ਸਮਾਗਮ ਵਿੱਚ ਸਾਬਕਾ ਕੇਂਦਰੀ ਮੰਤਰੀ ਅਤੇ ਰਾਸ਼ਟਰੀ ਅਨੁਸੂਚਿਤ ਜਾਤੀ ਕਮਿਸ਼ਨ ਦੇ ਸਾਬਕਾ ਚੇਅਰਮੈਨ ਵਿਜੇ ਸਾਂਪਲਾ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਉਨ੍ਹਾਂ ਦੇ ਨਾਲ ਸੀਨੀਅਰ ਭਾਜਪਾ ਯੁਵਾ ਨੇਤਾ ਆਸ਼ੂ ਸਾਂਪਲਾ ਤੇ ਰਾਮ ਸਾਂਪਲਾ ਸਮੇਤ ਹੋਰ ਪਤਵੰਤੇ ਹਾਜ਼ਰ ਸਨ। ਸ਼ੋਭਾ ਯਾਤਰਾ ਦੌਰਾਨ ਵਿਜੇ ਸਾਂਪਲਾ ਤੇ ਆਸ਼ੂ ਸਾਂਪਲਾ ਨੇ ਭਗਵਾਨ ਸ਼ਿਵ ਅੱਗੇ ਮੱਥਾ ਟੇਕ ਕੇ ਦੇਸ਼ ਅਤੇ ਰਾਜ ਦੀ ਖੁਸ਼ਹਾਲੀ, ਸ਼ਾਂਤੀ ਅਤੇ ਚੰਗੀ ਸਿਹਤ ਲਈ ਅਰਦਾਸ ਕੀਤੀ। ਉਨ੍ਹਾਂ ਨੇ ਖੇਤਰ ਦੇ ਵਸਨੀਕਾਂ ਨੂੰ ਮਹਾਸ਼ਿਵਰਾਤਰੀ ਦੀਆਂ ਵਧਾਈਆਂ ਵੀ ਦਿੱਤੀਆਂ।ਸੀਨੀਅਰ ਭਾਜਪਾ ਨੇਤਾ ਆਸ਼ੂ ਸਾਂਪਲਾ ਨੇ ਕਿਹਾ ਕਿ ਅਜਿਹੇ ਧਾਰਮਿਕ ਸਮਾਗਮ ਸਮਾਜ ਨੂੰ ਇੱਕਜੁੱਟ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਸ਼ੋਭਾ ਯਾਤਰਾ ਦੇ ਪ੍ਰਬੰਧਕਾਂ ਵੱਲੋਂ ਵਿਜੇ ਸਾਂਪਲਾ ਤੇ ਆਸ਼ੂ ਸਾਂਪਲਾ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ। ਉਨ੍ਹਾਂ ਨੇ ਪ੍ਰਬੰਧਕਾਂ ਦੇ ਯਤਨਾਂ ਦੀ ਸਰਾਹਨਾ ਕਰਦਿਆਂ ਸਫਲ ਆਯੋਜਨ ਲਈ ਵਧਾਈ ਦਿੱਤੀ। ਸ਼ੋਭਾ ਯਾਤਰਾ ਵਿੱਚ ਵੱਖ-ਵੱਖ ਧਾਰਮਿਕ ਝਾਕੀਆਂ ਖਿੱਚ ਦਾ ਕੇਂਦਰ ਸਨ। ਸ਼ਰਧਾਲੂਆਂ ਵੱਲੋਂ ਰਸਤੇ ਵਿੱਚ ਫੁੱਲਾਂ ਦੀ ਵਰਖਾ ਕਰਕੇ ਸ਼ੋਭਾ ਯਾਤਰਾ ਦਾ ਭਰਪੂਰ ਸਵਾਗਤ ਕੀਤਾ ਗਿਆ।

# ਗੁਰੂ ਘਰ ਵਡਮੁੱਲੀਆਂ ਸੇਵਾਵਾਂ ਨਿਭਾਉਣ ਵਾਲੇ ਹਰਪ੍ਰੀਤ ਸਿੰਘ ਹੈਪੀ ਦਾ ਸਨਮਾਨ



**ਜੇਜੋਂ ਦੋਆਬਾ, (ਨਿਰਮਲ ਸਿੰਘ ਮੁੱਗੋਵਾਲ)**

ਗੁ. ਬਾਬਾ ਅੱਘੜ ਸਿੰਘ ਜੀ ਸ਼ਹੀਦ ਟੂਟੋਮਜਾਰਾ ਵਿਖੇ ਕਰਵਾਏ ਧਾਰਮਿਕ ਸਮਾਗਮ ਦੌਰਾਨ ਇਸ ਅਸਥਾਨ ਦੇ ਮੁੱਖ ਸੇਵਾਦਾਰ ਜਥੇਦਾਰ ਬਾਬਾ ਨਾਗਰ ਸਿੰਘ ਵੱਲੋਂ ਗੁਰਦੁਆਰਾ ਸ਼ਹੀਦਾਂ ਲੱਧੇਵਾਲ ਅਤੇ ਧਾਰਮਿਕ ਸਮਾਗਮਾਂ ਵਿੱਚ ਵਡਮੁੱਲੀਆਂ ਸੇਵਾਵਾਂ ਨਿਭਾਉਣ ਵਾਲੇ ਹਰਪ੍ਰੀਤ ਸਿੰਘ ਹੈਪੀ ਦਾ ਵਿਸ਼ੇਸ਼ ਤੌਰ ਤੇ ਸਨਮਾਨ ਕੀਤਾ ਗਿਆ। ਇਸ ਮੌਕੇ ਜਥੇਦਾਰ ਬਾਬਾ ਨਾਗਰ ਸਿੰਘ ਅਤੇ ਪ੍ਰੋਫੈਸਰ ਆਪਿੰਦਰ ਸਿੰਘ ਮਾਹਿਲਪੁਰੀ ਸੰਯੋਜਕ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਨੇ ਦੱਸਿਆ ਕਿ ਹਰਪ੍ਰੀਤ ਸਿੰਘ ਦੀ ਅਗਵਾਈ ਹੇਠ ਗੁਰੂ ਅਮਰਦਾਸ ਸੇਵਾ ਸੋਸਾਇਟੀ ਦੇ ਸਮੂਹ ਸੇਵਾਦਾਰਾਂ ਵੱਲੋਂ ਪਿਛਲੇ ਤਕਰੀਬਨ 17 ਸਾਲਾਂ ਤੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਹੋਰ ਸਹਿਯੋਗੀ ਸੰਗਤਾਂ ਦੇ ਸਹਿਯੋਗ ਨਾਲ ਸਾਹਿਬਜ਼ਾਦਾ ਬਾਬਾ ਅਜੀਤ ਸਿੰਘ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਸਾਲਾਨਾ ਨਗਰ ਕੀਰਤਨ ਸਜਾਇਆ ਜਾਂਦਾ ਹੈ। ਉਹਨਾਂ ਦੱਸਿਆ ਕਿ ਤਖਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਚਾਰ ਸਾਹਿਬਜ਼ਾਦਿਆਂ ਦੇ ਜਨਮ ਦਿਵਸ ਨੂੰ ਸਮਰਪਿਤ ਦਸੰਬਰ ਮਹੀਨੇ ਵਿੱਚ ਤਕਰੀਬਨ 14 ਸਾਲਾਂ ਤੋਂ ਮਾਹਿਲਪੁਰ ਦੇ ਪਿੰਡਾਂ ਤੋਂ ਲਗਭਗ 150 ਬੱਸਾਂ ਵਿੱਚ ਸੰਗਤਾਂ ਨੂੰ ਲਿਜਾ ਕੇ ਸਮਾਗਮ ਕਰਵਾਇਆ ਜਾਂਦਾ ਹੈ। ਇਸੇ ਤਰ੍ਹਾਂ ਪਿਛਲੇ 4 ਸਾਲਾਂ ਤੋਂ ਖਾਲਸੇ ਦੀ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਗੁਰਦੁਆਰਾ ਸ਼ਹੀਦਾਂ ਮਾਹਿਲਪੁਰ ਵਿਖੇ ਬੁੱਢਾ ਦਲ ਤੇ ਸ਼੍ਰੋਮਣੀ ਗੁਰਦੁਆਰਾ ਸ਼੍ਰੋਮਣੀ ਗੁਰਦੁਆਰਾ ਕਮੇਟੀ ਦੇ ਸਹਿਯੋਗ ਨਾਲ ਮੁਹੱਲਾ ਕੱਢਿਆ ਜਾਂਦਾ ਹੈ। ਇਸੇ ਤਰ੍ਹਾਂ ਸਾਹਿਬਜ਼ਾਦਿਆਂ ਦੀ ਲਾਸਾਨੀ ਸ਼ਹਾਦਤ ਨੂੰ ਸਮਰਪਿਤ ਸ਼ਹੀਦੀ ਸਭਾ ਚਮਕੌਰ ਸਾਹਿਬ ਵਿਖੇ ਵੀ ਦਰਬਾਰ ਸਾਹਿਬ ਦੀ ਸਟੇਜ ਦੀ ਸਜਾਵਟ ਕੀਤੀ ਜਾਂਦੀ ਹੈ। ਇਸ ਦੇ ਨਾਲ ਹੀ ਮਾਹਿਲਪੁਰ ਜੇਜੋ ਰੋਡ ਦੇ ਗੇਟ ਤੋਂ ਗੁਰਦੁਆਰਾ ਸ਼ਹੀਦਾਂ ਤੱਕ ਸੜਕ ਬਣਾਉਣ ਦੀ ਸੇਵਾ ਵਿੱਚ ਵਿਸ਼ੇਸ਼ ਸਹਿਯੋਗ ਪਾਇਆ ਗਿਆ ਹੈ। ਜਿਸ ਕਾਰਨ ਇਹਨਾਂ ਵਡਮੁੱਲੀਆਂ ਸੇਵਾਵਾਂ ਨਿਭਾਉਣ ਕਾਰਨ ਉਸ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ ਹੈ। ਇਸ ਮੌਕੇ ਜਗਜੀਤ ਸਿੰਘ ਗਣੇਸ਼ਪੁਰ ਜ਼ੋਨਲ ਸਕੱਤਰ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ, ਪ੍ਰਿੰਸੀਪਲ ਰੁਪਿੰਦਰਜੋਤ ਸਿੰਘ ਬੱਬੂ ਦੋਆਬਾ ਵਾਤਾਵਰਨ ਕਮੇਟੀ, ਜਸਵੀਰ ਸਿੰਘ ਸਰਦੁੱਲਾਪੁਰ ਸਾਬਕਾ ਸਰਪੰਚ, ਸਰਪੰਚ ਦਰਸ਼ਨ ਕੌਰ ਘੁਮਿਆਲਾ, ਜੁਝਾਰ ਸਿੰਘ ਮਹਿਣਾ ਕਿਸਾਨ ਆਗੂ, ਮਾਤਾ ਜਸਪ੍ਰੀਤ ਕੌਰ ਬੁੰਗਾ ਸਾਹਿਬ ਮਾਹਿਲਪਰ, ਹਰਮੇਲ ਸਿੰਘ ਜੱਟਪੁਰ, ਬਾਬਾ ਸੁੱਖਾ ਸਿੰਘ ਗੁਰਦੁਆਰਾ ਪੀਰਬਾਲਾ ਸਾਹਿਬ, ਰਜਿੰਦਰ ਸਿੰਘ, ਕੁਲਵੰਤ ਸਿੰਘ ਗੁਰੂ ਕੀ ਰਸੋਈ, ਅਮਨਪ੍ਰੀਤ ਸਿੰਘ ਬੱਢੋਆਣ, ਅਮਨਦੀਪ ਸਿੰਘ, ਦਿਆਲ ਸਿੰਘ ਬੈਂਸ ਲੰਬੜਦਾਰ, ਪ੍ਰਭਜੀਤ ਸਿੰਘ ਘੁਮਿਆਲਾ, ਲਾਲੀ ਚੱਗਰਾ, ਮਨੀ ਰਸੂਲਪੁਰ, ਪਿੱਦਾ ਬੂੜੋਵਾੜੀ, ਨਿਸ਼ਾਨ ਸਿੰਘ, ਸੁੱਖਾ ਸਿੰਘ ਸਮੇਤ ਗੁਰੂ ਘਰ ਦੇ ਸ਼ਰਧਾਲੂ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

# ਭਾਰਤ ਵਿਕਾਸ ਪ੍ਰੀਸ਼ਦ ਡੇਰਾਬੱਸੀ ਵੱਲੋਂ ਨੇਤਰਦਾਨੀ ਕਮਲਾ ਰਾਣੀ ਦਾ ਪਰਵਾਰ ਸਨਮਾਨਤ

**ਡੇਰਾਬੱਸੀ (ਵਿਨੈ ਕੁਮਾਰ ਜੈਨ)**

ਉੱਘੇ ਸਮਾਜ ਸੇਵੀ ਅਤੇ ਭਾਰਤ ਵਿਕਾਸ ਪ੍ਰੀਸ਼ਦ ਵਿਵੇਕਾਨੰਦ ਸ਼ਾਖਾ ਡੇਰਾਬੱਸੀ ਦੇ ਪ੍ਰਧਾਨ ਡਾਕਟਰ ਬਰਖਾ ਰਾਮ ਦੀ ਸੁਪਤਨੀ ਕਮਲਾ ਰਾਣੀ ਜੋ ਪਿਛਲੇ ਦਿਨੀਂ ਸਵਰਗ ਸਿਧਾਰ ਗਏ ਸਨ, ਦੇ ਭੋਗ ਦੀਆਂ ਅੰਤਿਮ ਰਸਮਾਂ ਅਤੇ ਸ਼ਰਧਾਂਜਲੀ ਸਮਾਰੋਹ ਸਥਾਨਕ ਕੰਟਰੀ ਸਾਈਡ ਪੈਲੇਸ ਵਿਖੇ ਕਰਵਾਇਆ ਗਿਆ ਜਿਥੇ ਵੱਖ ਵੱਖ ਸਮਾਜ ਸੇਵੀ, ਧਾਰਮਿਕ ਅਤੇ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਸਮੇਤ ਵੱਡੀ ਗਿਣਤੀ ਲੋਕਾਂ ਨੇ ਸ਼ਮੂਲੀਅਤ ਕਰਦਿਆਂ ਵਿਛੜੀ ਰੂਹ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ।ਇਸ ਮੌਕੇ ਭਾਰਤ ਵਿਕਾਸ ਪ੍ਰੀਸ਼ਦ ਵਿਵੇਕਾਨੰਦ ਡੇਰਾਬੱਸੀ, ਲਾਇਨਜ਼ ਕਲੱਬ ਸੈਂਟਰਲ ਚੰਡੀਗੜ੍ਹ ਅਤੇ ਨੇਤਰ ਬੈਂਕ ਪੀ ਜੀ ਆਈ ਵੱਲੋਂ ਨੇਤਰਦਾਨੀ ਮਰਹੂਮ ਕਮਲਾ ਰਾਣੀ ਦੇ ਪਰਵਾਰ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ। ਕਮਲਾ ਰਾਣੀ ਦੇ ਦਿਹਾਂਤ ਉਪਰੰਤ ਪਰਵਾਰ ਵੱਲੋਂ ਉਨ੍ਹਾਂ ਦੀਆਂ ਅੱਖਾਂ ਦਾਨ ਕੀਤੀਆਂ ਗਈਆਂ ਸਨ ਜਿਸ ਨਾਲ ਦੋ ਨੇਤਰਹੀਣਾਂ ਦੀ ਜ਼ਿੰਦਗੀ ਵਿਚ ਰੌਸ਼ਨੀ ਆਈ ਹੈ। ਭਾਰਤ ਵਿਕਾਸ ਪ੍ਰੀਸ਼ਦ ਵਿਵੇਕਾਨੰਦ ਡੇਰਾਬੱਸੀ ਤੋਂ ਉਪੇਸ਼ ਬੰਸਲ ਵੱਲੋਂ ਦਿਤੀ ਗਈ ਜਾਣਕਾਰੀ ਅਨੁਸਾਰ ਸਮਾਜ ਸੇਵੀ ਡਾਕਟਰ ਬਰਖਾ ਰਾਮ ਦੀ ਪਤਨੀ ਕਮਲਾ ਰਾਣੀ ਦੇ ਦਿਹਾਂਤ ਤੋਂ ਬਾਅਦ ਪਰਵਾਰ ਨੇ ਉਨ੍ਹਾਂ ਦੀਆਂ ਅੱਖਾਂ ਦਾਨ ਕਰਨ ਦਾ ਫੈਸਲਾ ਲਿਆ ਸੀ। ਉਹ ਪਿਛਲੇ ਕਈ ਦਿਨਾਂ ਤੋਂ ਬਿਮਾਰ ਚੱਲ ਰਹੇ ਸਨ। ਬੀਬੀ ਕਮਲਾ ਰਾਣੀ ਆਪਣੇ ਪਿਛੇ ਹੱਸਦਾ ਵੱਸਦਾ ਪਰਵਾਰ ਛੱਡ ਗਏ ਹਨ। ਉਨ੍ਹਾਂ ਵੱਲੋਂ ਅੱਖਾਂ ਦਾਨ ਕਰਨ ਨਾਲ ਦੋ ਨੇਤਰਹੀਣਾਂ ਦੀ ਜ਼ਿੰਦਗੀ ਵਿੱਚ ਰੌਸ਼ਨੀ ਆਵੇਗੀ। ਉਪੇਸ ਬੰਸਲ ਅਨੁਸਾਰ ਭਾਰਤ ਵਿਕਾਸ ਪ੍ਰੀਸ਼ਦ ਪਿਛਲੇ ਕਾਫੀ ਸਮੇਂ ਤੋਂ ਅੱਖਾਂ ਦਾਨ ਕਰਨ ਲਈ ਲੋਕਾਂ ਨੂੰ ਪ੍ਰੇਰਿਤ ਕਰਦੀ ਆ ਰਹੀ ਹੈ ਅਤੇ ਹੁਣ ਤੱਕ 174 ਲੋਕਾਂ ਦੀਆਂ ਅੱਖਾਂ ਦਾਨ ਕਰਵਾਈਆਂ ਜਾ ਚੁੱਕੀਆਂ ਹਨ ਜਿਸ ਨਾਲ 348 ਲੋਕਾਂ ਦੀ ਹਨੇਰੀ ਜ਼ਿੰਦਗੀ ਵਿੱਚ ਰੌਸ਼ਨੀ ਆਈ ਹੈ। ਭਾਰਤ



ਵਿਕਾਸ ਪ੍ਰੀਸ਼ਦ ਦੇ ਪ੍ਰਧਾਨ ਡਾਕਟਰ ਬਰਖਾ ਰਾਮ ਨੇ ਵੱਖ ਵੱਖ ਸਮਾਜ ਸੇਵੀ, ਧਾਰਮਿਕ ਅਤੇ ਰਾਜਨੀਤਿਕ ਪਾਰਟੀਆਂ ਦੇ ਆਗੂਆਂ ਸਮੇਤ ਵੱਡੀ ਗਿਣਤੀ ਵਿੱਚ ਪੁੱਜੇ ਲੋਕਾਂ ਦਾ ਧੰਨਵਾਦ ਕਰਦਿਆਂ ਕਿਹਾ ਅਪੀਲ ਕੀਤੀ ਗਈ ਕਿ ਵੱਧ ਤੋਂ ਵੱਧ ਲੋਕਾਂ ਨੂੰ ਅੱਖਾਂ ਅਤੇ ਅੰਗ ਦਾਨ ਕਰਨ ਲਈ ਪ੍ਰੇਰਿਤ ਕਰਨ ਤਾਂ ਜੋ ਲੋੜਵੰਦਾਂ ਨੂੰ ਨਵੀਂ ਜ਼ਿੰਦਗੀ ਮਿਲ ਸਕੇ।ਇਸ ਮੌਕੇ ਹਲਕਾ ਵਿਧਾਇਕ ਕੁਲਜੀਤ ਸਿੰਘ ਰੰਧਾਵਾ, ਸਾਬਕਾ ਵਿਧਾਇਕ ਐਨ.ਕੇ. ਸ਼ਰਮਾ, ਨਗਰ ਕੌਂਸਲ ਪ੍ਰਧਾਨ ਆਸ਼ੂ ਉਪਨੇਜਾ, ਆਪ ਆਗੂ ਨਰੇਸ਼ ਉਪਨੇਜਾ, ਭਾਜਪਾ ਆਗੂ ਗੁਰਦਰਸ਼ਨ ਸਿੰਘ ਸੈਣੀ, ਕਾਂਗਰਸ ਦੇ ਆਗੂ ਦੀਪਇੰਦਰ ਸਿੰਘ ਢਿੱਲੋਂ ਅਤੇ ਉਦੈਵੀਰ ਸਿੰਘ ਢਿੱਲੋਂ, ਭਾਜਪਾ ਆਗੂ ਮਨਪ੍ਰੀਤ ਬਨੀ ਸੰਧੂ, ਭਾਜਪਾ ਦੇ ਸੀਨੀਅਰ ਆਗੂ ਅਤੇ ਸਮਾਜ ਸੇਵੀ ਰਵਿੰਦਰ ਵੈਸ਼ਨਵ ਡੇਰਾਬੱਸੀ, ਭਾਗ ਸਿੰਘ ਬੀ ਆਰ ਅੰਬੇਦਕਰ ਸੁਸਾਇਟੀ, ਇੰਦਰਜੀਤ ਸਿੰਘ ਅਤੇ ਐਡਵੋਕੇਟ ਅਨਮੋਲ ਸਿੰਘ ਮਾਰਨਿੰਗ ਵਾਕ ਕਲੱਬ, ਇਸ ਮੌਕੇ ਚੰਡੀਗੜ੍ਹ, ਪਟਿਆਲਾ, ਮੋਹਾਲੀ, ਡੇਰਾਬੱਸੀ, ਜ਼ੀਰਕਪੁਰ ਅਤੇ ਲਾਲੜੂ ਦੀਆਂ ਵੱਖ ਵੱਖ ਸਿਆਸੀ ਪਾਰਟੀਆਂ, ਸਮਾਜ ਸੇਵੀ, ਧਾਰਮਿਕ ਸੰਸਥਾਵਾਂ ਅਤੇ ਸਿਵਲ ਸਰਜਨ ਮੋਹਾਲੀ ਡਾਕਟਰ ਸੰਗੀਤਾ ਜੈਨ, ਡਾਕਟਰ ਸੁਨੀਲ ਸਾਦਿਕ ਡਾਇਰੈਕਟਰ ਮਿਸ਼ਨ ਹਸਪਤਾਲ ਅੰਬਾਲਾ, ਡਾਕਟਰ ਰਵਨੀਤ ਕੌਰ ਇੰਚਾਰਜ ਬਲੱਡ ਬੈਂਕ ਸੈਕਟਰ 32, ਚੰਡੀਗੜ੍ਹ, ਸੇਵਾ ਭਾਰਤੀ, ਲਾਇਨਜ ਕਲੱਬ, ਬੀ ਆਰ ਅੰਬੇਦਕਰ ਸੁਸਾਇਟੀ, ਮਾਰਨਿੰਗ ਵਾਕ ਕਲੱਬ ਮ, ਮੈਡੀਕਲ ਲੈਬ ਐਸੋਸੀਏਸ਼ਨ ਅਤੇ ਡੇਰਾਬੱਸੀ ਇੰਡਸਟਰੀ ਐਸੋਸੀਏਸ਼ਨ ਵੱਲੋਂ ਸ਼ੋਕ ਸੰਦੇਸ਼ ਭੇਜੇ ਗਏ।

# ਖ਼ਾਲਸਾ ਕਾਲਜ 'ਚ ਬਲਬੀਰ ਸਿੰਘ ਦੀ 8ਵੀਂ ਬਰਸੀ ਮਨਾਈ

**ਜਲੰਧਰ (ਸ਼ੈਲੀ ਐਲਬਰਟ)**

ਲਾਇਲਪੁਰ ਖ਼ਾਲਸਾ ਕਾਲਜ ਵਿੱਦਿਅਕ ਸੰਸਥਾਵਾਂ ਨੂੰ ਉੱਚੀਆਂ ਬੁਲੰਦੀਆਂ ਤੇ ਪਹੁੰਚਾਉਣ ਵਾਲੀ ਪਰਉਪਕਾਰੀ ਤੇ ਅਮਰ ਸ਼ਖ਼ਸੀਅਤ ਸਵ. ਬਲਬੀਰ ਸਿੰਘ, ਸਾਬਕਾ ਪ੍ਰਧਾਨ ਗਵਰਨਿੰਗ ਕੌਂਸਲ ਦੀ 18ਵੀਂ ਬਰਸੀ ਲਾਇਲਪੁਰ ਖ਼ਾਲਸਾ ਕਾਲਜ ਦੇ ਗੁਰਦੁਆਰਾ ਸਾਹਿਬ ਵਿਖੇ ਮਨਾਈ ਗਈ। ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਸਹਿਜ ਪਾਠ ਦੇ ਭੋਗ ਉਪਰੰਤ ਭਾਈ ਵਰੁਣਜੀਤ ਸਿੰਘ , ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਦੇ ਰਾਗੀ ਜਥੇ ਨੇ ਵੈਰਾਗਮਈ ਕੀਰਤਨ ਨਾਲ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਿਆ। ਗਵਰਨਿੰਗ ਕੌਂਸਲ ਦੀ ਪ੍ਰਧਾਨ ਸਰਦਾਰਨੀ ਬਲਬੀਰ ਕੌਰ, ਸੰਯੁਕਤ ਸਕੱਤਰ ਜਸਪਾਲ ਸਿੰਘ ਵੜੈਚ, ਗਵਰਨਿੰਗ ਕੌਂਸਲ ਦੇ ਮੀਤ ਪ੍ਰਧਾਨ ਦੀਪਇੰਦਰ ਸਿੰਘ ਪੁਰੇਵਾਲ ਅਤੇ ਪ੍ਰਿੰਸੀਪਲ ਡਾ. ਰਛਪਾਲ ਸਿੰਘ ਸੰਧੂ ਨੇ ਭਾਈ ਵਰੁਣਜੀਤ ਸਿੰਘ ਅਤੇ ਉਹਨਾਂ ਦੇ ਰਾਗੀ ਜਥੇ ਨੂੰ ਸਿਰੋਪਾਓ ਦੇ ਕੇ ਸਨਮਾਨਤ ਕੀਤਾ। ਇਸ ਮੌਕੇ ਜਗਦੀਪ ਸਿੰਘ ਸ਼ੇਰਗਿੱਲ, ਮੈਂਬਰ ਗਵਰਨਿੰਗ ਕੌਂਸਲ, ਪਰਮਪਾਲ ਸਿੰਘ ਮੈਂਬਰ ਮੈਨੇਜਿੰਗ ਕਮੇਟੀ, ਪ੍ਰਭਪਾਲ ਸਿੰਘ ਪੰਨੂੰ ਮੈਂਬਰ ਮੈਨੇਜਿੰਗ ਕਮੇਟੀ, ਅਜੈਪਾਲ ਸਿੰਘ ਢਿਲੋਂ ਤੋਂ ਇਲਾਵਾ ਸਰਦਾਰਨੀ ਬਲਬੀਰ ਕੌਰ ਪ੍ਰਧਾਨ ਗਵਰਨਿੰਗ ਕੌਂਸਲ ਦੇ ਪਰਵਾਰਕ ਮੈਂਬਰ, ਅਤੇ ਰਿਸ਼ਤੇਦਾਰਾਂ ਨੇ ਦੇਸ਼-ਵਿਦੇਸ਼ ਤੋਂ ਪਹੁੰਚ ਕੇ ਸਵ. ਬਲਬੀਰ ਸਿੰਘ ਨੂੰ ਸ਼ਰਧਾ ਦੇ ਫੁੱਲ ਅਰਪਣ ਕੀਤੇ। ਪ੍ਰਿੰਸੀਪਲ ਡਾ. ਰਛਪਾਲ ਸਿੰਘ ਸੰਧੂ ਨੇ ਬਲਬੀਰ ਸਿੰਘ ਦੀ ਸ਼ਖ਼ਸੀਅਤ ਬਾਰੇ ਦੱਸਦਿਆਂ ਕਿਹਾ ਕਿ ਉਨ੍ਹਾਂ ਰਾਜਨੀਤੀ ਦੇ ਨਾਲ-ਨਾਲ ਖੇਡਾਂ ਅਤੇ ਵਿੱਦਿਆ ਦੇ ਖੇਤਰ ਵਿਚ ਵਿਲੱਖਣ ਕਾਰਜ ਕੀਤੇ। ਦੁਆਬੇ ਦੇ ਵਿਦਿਆਰਥੀਆਂ ਨੂੰ ਉੱਚ ਵਿੱਦਿਆ ਦੇਣ ਲਈ ਉਨ੍ਹਾਂ ਲਾਇਲਪੁਰ ਖ਼ਾਲਸਾ ਕਾਲਜ ਵਿਚ ਕੰਪਿਊਟਰ ਕੋਰਸ ਸ਼ੁਰੂ ਕਰਾਏ ਅਤੇ ਮਿਆਰੀ ਵਿੱਦਿਆ ਨਾਲ ਸਮਾਜ ਦਾ ਰਾਹ ਰੁਸ਼ਨਾਇਆ। ਉਹਨਾਂ ਨੇ ਆਪਣੀ ਦੂਰਅੰਦੇਸ਼ੀ ਸੋਚ ਸਦਕਾ ਫਿਜ਼ੀਓਥਰੈਪੀ ਅਤੇ ਬਾਇਓਟੈਕਨਾਲੋਜੀ ਵਰਗੇ ਪ੍ਰੋਫੈਸ਼ਨਲ ਕੋਰਸ ਵੀ ਕਾਲਜ ਵਿਚ ਲਿਆਂਦੇ ਤਾਂ ਜੋ ਦੁਆਬੇ ਦੇ ਵਿਦਿਆਰਥੀ ਵੀ ਇਨ੍ਹਾਂ ਕੋਰਸਾਂ ਦੀ ਪੜ੍ਹਾਈ ਰਾਹੀ ਆਪਣੇ ਭਵਿੱਖ ਨੂੰ ਉਜਵੱਲ ਕਰ ਸਕਣ। ਇਸ ਤਰ੍ਹਾਂ ਉਨ੍ਹਾਂ ਆਪਣੀ ਜ਼ਿੰਦਗੀ ਦਾ ਵੱਡਾ ਹਿੱਸਾ ਇਨ੍ਹਾਂ ਵਿੱਦਿਅਕ ਸੰਸਥਾਵਾਂ ਦੀ ਬਿਹਤਰੀ ਲਈ ਲਗਾਇਆ। ਰਾਜਨੀਤੀ ਦੇ ਖੇਤਰ ਵਿੱਚ ਸੇਵਾ ਕਰਦਿਆਂ ਉਨ੍ਹਾਂ ਨੇ ਬਿਨਾਂ ਕਿਸੇ ਪੱਖਪਾਤ ਤੋਂ ਇਲਾਕੇ ਦਾ ਤੇ ਪੰਜਾਬ ਦਾ ਵਿਕਾਸ ਕੀਤਾ। ਇਸ ਮੌਕੇ ਸਮੂਹ ਗਵਰਨਿੰਗ ਕੌਂਸਲ ਮੈਂਬਰ, ਮੈਨੇਜਿੰਗ ਕਮੇਟੀ, ਸਾਕ ਸੰਬੰਧੀ, ਡਾਇਰੈਕਟਰ ਟੈਕਨੀਕਲ ਕੈਂਪਸ, ਐਡਵਾਇਜ਼ਰ, ਵੱਖ-ਵੱਖ ਕਾਲਜਾਂ ਦੇ ਪ੍ਰਿੰਸੀਪਲ, ਸਮੂਹ ਸਟਾਫ ਅਤੇ ਵਿਦਿਆਰਥੀਆਂ ਨੇ ਭਾਰੀ ਗਿਣਤੀ ਵਿੱਚ ਹਾਜ਼ਰੀਆਂ ਭਰ ਕੇ ਸਰਦਾਰ ਬਲਬੀਰ ਸਿੰਘ ਦੀਆਂ ਯਾਦਾਂ ਨੂੰ ਤਾਜ਼ਾ ਕੀਤਾ। ਗੁਰੂ ਕਾ ਅਤੁੱਟ ਲੰਗਰ ਵਰਤਾਇਆ ਗਿਆ।



# ਦੁਰਘਟਨਾ 'ਚ ਮਾਰੇ ਗਏ ਵਿਅਕਤੀ ਦੇ ਪਰਵਾਰ ਨੂੰ 20 ਲੱਖ ਰੁਪਏ ਦਾ ਐਕਸੀਡੈਂਟਲ ਕਲੇਮ

**ਅੱਡਾ ਸਰਾਂ (ਜਸਵੀਰ ਕਾਜਲ)**

ਸਟੇਟ ਬੈਂਕ ਆਫ ਇੰਡੀਆ ਬਰਾਂਚ ਮਿਆਣੀ ਨੇ ਦੁਰਘਟਨਾ ਵਿੱਚ ਮਾਰੇ ਗਏ ਪਰਮਿੰਦਰ ਸਿੰਘ ਕਧਾਲੀ ਨਾਰੰਗਪੁਰ ਦੇ ਪਰਵਾਰ ਨੂੰ 20 ਲੱਖ ਰੁਪਏ ਦਾ ਐਕਸੀਡੈਂਟਲ ਕਲੇਮ ਦਿੱਤਾ ਗਿਆ। ਇਸ ਸਬੰਧੀ ਮਿਆਣੀ ਸ਼ਾਖਾ ਵਿੱਚ ਕਰਵਾਏ ਗਏ ਸਮਾਗਮ ਦੌਰਾਨ ਬੈਂਕ ਦੇ ਰੀਜਨਲ ਮੈਨੇਜਰ ਕੁੰਦਰ ਕੁਮਾਰ ਦੇ ਨਿਰਦੇਸ਼ਾਂ ਤੇ ਚੀਫ ਮੈਨੇਜਰ ਦੀਪਕ ਪਠਾਣੀਆਂ ਨੇ 20 ਲੱਖ ਰੁਪਏ ਦਾ ਚੈੱਕ ਭਾਰਤੀ ਸਟੇਟ ਬੈਂਕ ਮਿਆਣੀ ਵਿਖੇ ਐਸ.ਬੀ.ਆਈ.ਦੇ ਹਿਊਮਨ ਰਿਸੋਰਸਸ ਵਿਭਾਗ ਦੇ ਪ੍ਰੇਮ ਮੰਗਲਾ, ਬਰਾਂਚ ਮੈਨੇਜਰ ਸੰਦੀਪ ਕੌਰ, ਗੌਰਵ ਮਲਹੋਤਰਾ ਸੀਨੀਅਰ ਇੰਸ਼ੋਰੈਂਸ ਅਧਿਕਾਰੀ, ਰਜਤ ਜੈਨ ਇੰਸ਼ੋਰੈਂਸ ਅਧਿਕਾਰੀ ਅਤੇ ਬੈਂਕ ਦੇ ਗ੍ਰਾਹਕਾਂ ਦੀ ਹਾਜ਼ਰੀ ਵਿੱਚ ਮ੍ਰਿਤਕ ਦੀ ਪਤਨੀ ਗੀਨਾ ਕੁਮਾਰੀ ਨੂੰ ਦਿੱਤਾ।ਉਹਨਾਂ ਕਿਹਾ ਕਿ ਮ੍ਰਿਤਕ ਪਰਮਿੰਦਰ ਨੇ ਆਪਣੇ ਮੌਤ ਤੋਂ ਦੋ ਦਿਨ ਪਹਿਲਾਂ ਹੀ ਸਟੇਟ ਬੈਂਕ ਆਫ ਇੰਡੀਆ ਬਰਾਂਚ ਮਿਆਣੀ ਵਿਖੇ ਬਰਾਂਚ ਮੈਨੇਜਰ ਹੇਮੰਤ ਕੁਮਾਰ ਪਾਸੋਂ ਇੱਕ ਹਜ਼ਾਰ ਰੁਪਏ ਸਲਾਨਾ ਐਕਸੀਡੈਂਟਲ ਇੰਸ਼ੋਰੈਂਸ ਕਰਵਾਈ ਸੀ।ਪਰ ਇੱਕ ਦੁਰਘਟਨਾ ਵਿੱਚ ਤੀਸਰੇ ਦਿਨ ਹੀ ਉਸ ਦੀ ਮੌਤ ਹੋ ਗਈ।ਬੈਂਕ ਨੇ ਇਸ ਕੇਸ ਨੂੰ ਪਹਿਲ ਦੇ ਅਧਾਰ 'ਤੇ ਪਾਸ ਕਰਵਾ ਕੇ ਇਹ 20 ਲੱਖ ਰੁਪਏ ਦੀ ਰਕਮ ਗੀਨਾ ਕੁਮਾਰੀ ਨੂੰ ਦਿੱਤੀ ਗਈ। ਇਹ ਸਕੀਮ ਸਟੇਟ ਬੈਂਕ ਆਫ ਇੰਡੀਆ ਦੇ ਖਾਤਾ ਧਾਰਕਾਂ ਅਤੇ ਗ੍ਰਾਹਕਾਂ ਲਈ ਹੀ ਹੈ ਜਿਸ ਵਿੱਚ ਉਹਨਾਂ ਨੂੰ ਸੋਸ਼ਲ ਸਿਕਿਉਰਟੀ ਦਿੱਤੀ ਜਾਂਦੀ ਹੈ



18 ਤੋਂ 65 ਸਾਲ ਦੇ ਹਰੇਕ ਵਿਅਕਤੀ ਨੂੰ ਇਹ ਲਾਭ ਮਿਲ ਸਕਦਾ ਹੈ।ਮੈਨੇਜਰ ਸੰਦੀਪ ਕੌਰ ਨੇ ਬੈਂਕ ਅਧਿਕਾਰੀਆਂ ਦਾ ਧੰਨਵਾਦ ਕੀਤਾ ਅਤੇ ਬੈਂਕ ਦੇ ਗ੍ਰਾਹਕਾਂ ਨੂੰ ਅਪੀਲ ਕੀਤੀ ਕਿ ਇਹੋ ਜਿਹੀਆਂ ਪਾਲਸੀਆਂ ਜ਼ਰੂਰ ਅਪਣਾਉਣ ਤਾਂ ਜੋ ਕਿਸੇ ਦੇ ਮਾੜੇ ਸਮੇਂ ਵਿੱਚ ਉਹਨਾਂ ਨੂੰ ਆਰਥਿਕ ਲਾਭ ਮਿਲ ਸਕੇ। ਇਸ ਮੌਕੇ ਸਰਪੰਚ ਗੁਰਪ੍ਰੀਤ ਸਿੰਘ, ਸ਼ਾਖਾ ਪ੍ਰਬੰਧਕ ਏਕਤਾ ਭਗਤ, ਪਵਨਦੀਪ ਸਿੰਘ ਕੈਸ਼ੀਅਰ, ਸ੍ਰੀਜਨ ਭਾਟੀਆ ਕਲੈਰੀਕਲ ਸਟਾਫ, ਸੁਰਜੀਤ ਸਿੰਘ ਟੌਨੂੰ ਹਾਜ਼ਰ ਸਨ।

# ਸੁਖਵਿੰਦਰ ਕੁਮਾਰ ਸੁੱਖੀ ਨਮਿਤ ਪਾਠ ਦੇ ਭੋਗ ਤੇ ਸ਼ਰਧਾਂਜਲੀਆਂ

**ਨਵਾਂਸ਼ਹਿਰ (ਮਨੋਜ ਲਾਡੀ)**

ਨਵਾਂਸ਼ਹਿਰ ਹਲਕਾ ਦੇ ਬਸਪਾ ਦੇ ਵਿਧਾਇਕ ਨਛੱਤਰ ਪਾਲ ਦੇ ਛੋਟੇ ਭਰਾ ਸੁਖਵਿੰਦਰ ਕੁਮਾਰ ਸੁੱਖੀ ਜੋ ਪਿਛਲੇ ਦਿਨੀ ਅਕਾਲ ਚਲਾਣਾ ਕਰ ਗਏ ਸਨ। ਅੱਜ ਉਨ੍ਹਾਂ ਦੇ ਨਿਵਾਸ ਸਥਾਨ ਮਹੱਲਾ ਮਕਬਰਾ ਵਿਖੇ ਨਛੱਤਰ ਪਾਲ ਵਿਧਾਇਕ ਦੇ ਨਿਵਾਸ ਸਥਾਨ ਤੇ ਪਾਠ ਦੇ ਭੋਗ ਉਪਰੰਤ ਭਾਈ ਜੋਗਿੰਦਰ ਸਿੰਘ ਦੇ ਰਾਗੀ ਜਥੇ ਵੱਲੋਂ ਵੈਰਾਗਮਈ ਕੀਰਤਨ ਕਰਕੇ ਸੰਗਤਾਂ ਨੂੰ ਗੁਰਬਾਣੀ ਨਾਲ ਜੋੜਿਆ।ਇਸ ਮੌਕੇ ਬਸਪਾ ਪੰਜਾਬ ਦੇ ਪ੍ਰਧਾਨ ਅਵਤਾਰ ਸਿੰਘ ਕਰੀਮਪੁਰੀ, ਆਪ ਦੇ ਹਲਕਾ ਇੰਚਾਰਜ ਲਲਿਤ ਮੋਹਨ ਪਾਠਕ, ਵਿਧਾਇਕ ਡਾ. ਸੁਖਵਿੰਦਰ ਕੁਮਾਰ ਸੁੱਖੀ, ਵਿਧਾਇਕ ਮਨਜੀਤ ਸਿੰਘ ਬਿਲਾਸਪੁਰ ਵੱਲੋਂ ਸੁਖਵਿੰਦਰ ਕੁਮਾਰ ਸੁੱਖੀ ਨੂੰ ਅੰਤਿਮ ਸ਼ਰਧਾਂਜਲੀ ਦਿੱਤੀ। ਇਸ ਮੌਕੇ ਅਵਤਾਰ ਸਿੰਘ ਕਰੀਮਪੁਰੀ ਨੇ ਦੱਸਿਆ ਕਿ ਸਾਡੇ ਦੇਸ਼ ਵਿਚ ਅੱਜ ਵੀ ਹੈਲਥ ਪੱਖੋਂ ਅਸੀਂ ਬਹੁਤ ਕਮਜ਼ੋਰ ਹਾਂ ਅਤੇ ਜਾਪਾਨ ਦੇਸ਼ ਵਿਚ ਔਸਤਨ ਵਿਅਕਤੀ ਦੀ ਉਮਰ 80 ਸਾਲ ਹੈ ਤੇ ਸਾਡੇ ਦੇਸ਼ ਵਿਚ 60 ਸਾਲ ਦੀ ਔਸਤ ਉਮਰ ਮਾਪੀ ਗਈ ਹੈ।ਪਿਛਲੀਆਂ ਸਰਕਾਰਾਂ ਵੱਲੋਂ ਲੋਕਾਂ ਦੀ ਸਿਹਤ ਸਹੂਲਤ ਦਾ ਖਿਆਲ ਨਹੀਂ ਰੱਖਿਆ ਅਤੇ ਭ੍ਰਿਸ਼ਟਾਚਾਰ ਦਾ ਬੋਲਬਾਲਾ ਰਿਹਾ। ਇਸ ਮੌਕੇ ਆਪ ਦੇ ਹਲਕਾ ਇੰਚਾਰਜ ਲਲਿਤ ਮੋਹਨ ਪਾਠਕ, ਬੰਗਾ ਦੇ ਵਿਧਾਇਕ ਡਾ. ਸੁਖਵਿੰਦਰ ਕੁਮਾਰ ਸੁੱਖੀ ਵੱਲੋਂ ਨਛੱਤਰ ਪਾਲ ਵਿਧਾਇਕ ਦੇ ਪਰਵਾਰ ਦੀ ਸ਼ਲਾਘਾ ਕੀਤੀ ਅਤੇ ਪਰਵਾਰ ਨਾਲ ਦੁੱਖ ਵੰਡਾਇਆ। ਇਸ ਮੌਕੇ ਨਛੱਤਰ ਪਾਲ ਐਮ ਐਲ ਏ ਦੇ ਪਿਤਾ ਅਮਰਨਾਥ, ਪੂਨਮ ਮਾਨਿਕ, ਬਸਪਾ ਦੇ ਜ਼ਿਲ੍ਹਾ ਪ੍ਰਧਾਨ ਸਰਬਜੀਤ ਸਿੰਘ ਜਾਫਰਪੁਰ, ਤਰਸੇਮ ਚੁੰਬਰ, ਰਣਧੀਰ ਬੈਨੀਪਾਲ, ਬੂਟਾ ਸਿੰਘ, ਸਤਪਾਲ ਸਰੋਆ, ਜਸਵੀਰ ਸਿੰਘ ਖਾਲਸਾ, ਅਜੀਤ ਸਿੰਘ ਭੈਣੀ, ਆਪ ਆਗੂ ਕਰਨ ਦੱਤਾ, ਮਾਰਕੀਟ ਕਮੇਟੀ ਦੇ ਚੇਅਰਮੈਨ ਗਗਨ ਅਗਨੀਹੋਤਰੀ, ਸ਼ਹਿਰੀ ਪ੍ਰਧਾਨ ਯੁਗੇਸ਼ ਕੁਮਾਰ ਜੋਗਾ, ਰਾਹੋਂ ਯੂਥ ਪ੍ਰਧਾਨ ਜੋਧਵੀਰ ਕੰਗ, ਭਗਤ ਰਾਮ, ਜਸਪਾਲ ਸਿੰਘ, ਹੇਮੰਤ ਕੁਮਾਰ ਰਣਦੇਵ ਬੌਬੀ ਸਾਬਕਾ ਪ੍ਰਧਾਨ ਨਗਰ ਕੌਂਸਲ ਰਾਹੋਂ, ਕਾਨੂੰਗੋ ਪਲਵਿੰਦਰ ਸੂਦ, ਬਾਬਾ ਪਰਮਜੀਤ, ਆਪ ਪੰਜਾਬ ਦੇ ਚੇਅਰਮੈਨ ਰਛਪਾਲ ਰਾਜੂ, ਜਥੇਦਾਰ ਮਹਿੰਦਰ ਸਿੰਘ ਹੁਸੈਨਪੁਰ ਮੈਂਬਰ ਐੱਸਜੀਪੀਸੀ, ਰਮਨਦੀਪ ਸਿੰਘ ਥਿਆੜਾ ਆਗੂ ਸ਼੍ਰੋਮਣੀ ਅਕਾਲੀ ਦਲ, ਹਰਵੇਲ ਸਿੰਘ ਭਾਰਟਾ, ਭਾਗ ਸਿੰਘ ਸਰੀਨ, ਸਤਪਾਲ ਭਾਟੀਆ, ਵਿਮਲ ਕੁਮਾਰ, ਸਤਪਾਲ ਸਰੋਆ, ਲਖਵਿੰਦਰ ਲੱਖਾ, ਪਰਵੀਨ ਬੰਗਾ, ਮਾਸਟਰ ਕਰਨੈਲ ਸਿੰਘ, ਸੁਖਦੇਵ ਸਿੰਘ, ਬਲਵਿੰਦਰ ਸਿੰਘ ਸੋਨੂੰ, ਦੀਪੂ ਕੁਮਾਰ ਸਮੂਹ ਰਿਸ਼ਤੇਦਾਰ ਤੇ ਵੱਖ-ਵੱਖ ਧਾਰਮਿਕ ਤੇ ਸਿਆਸੀ ਜਥੇਬੰਦੀਆਂ ਦੇ ਆਗੂ ਪਹੁੰਚੇ ਅਤੇ ਪਰਿਵਾਰ ਨਾਲ ਦੁੱਖ ਵੰਡਾਇਆ। ਇਸ ਮੌਕੇ ਵਿਧਾਇਕ ਨਛੱਤਰ ਪਾਲ ਵੱਲੋਂ ਸਮੂਹ ਰਿਸ਼ਤੇਦਾਰਾਂ, ਸੱਜਣਾਂ-ਮਿੱਤਰਾਂ ਪਾਰਟੀ ਅਹੁਦੇਦਾਰਾਂ ਦਾ ਧੰਨਵਾਦ ਕੀਤਾ।

16-Feb-PAGE--9.qxd 2/15/2026 9:55 PM Page 1



# ਐਨ ਐਸ ਡੀ ਦੇ 25ਵੇਂ ਭਾਰਤ ਰੰਗ ਮਹੋਤਸਵ ਦਾ ਜਲੰਧਰ ਚੈਪਟਰ ਅੱਜ ਤੋਂ ਐੱਲ ਪੀ ਯੂ ਵਿਖੇ ਸ਼ੁਰੂ



**ਜਲੰਧਰ (ਸ਼ੈਲੀ ਐਲਬਰਟ)**

ਨੈਸ਼ਨਲ ਸਕੂਲ ਆਫ਼ ਡਰਾਮਾ (ਐਨ ਐਸ ਡੀ) ਦੁਆਰਾ ਤਿਆਰ ਕੀਤਾ ਗਿਆ ਦੁਨੀਆ ਦਾ ਸਭ ਤੋਂ ਵੱਡਾ ਅੰਤਰਰਾਸ਼ਟਰੀ ਥੀਏਟਰ ਫੈਸਟੀਵਲ, ਭਾਰਤ ਰੰਗ ਮਹੋਤਸਵ (ਬੀਆਰਐਮ) 2026 ਦਾ 25ਵਾਂ ਐਡੀਸ਼ਨ, ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਦੇ ਸਹਿਯੋਗ ਨਾਲ ਭਾਰਤ ਦੇ ਸਭ ਤੋਂ ਮਸ਼ਹੂਰ ਥੀਏਟਰ ਸੰਗਮ ਨੂੰ ਜਲੰਧਰ ਸ਼ਹਿਰ ਵਿੱਚ ਲਿਆਉਣ ਲਈ ਤਿਆਰ ਹੈ। ਬੀਆਰਐਮ 2026 ਜਲੰਧਰ ਚੈਪਟਰ ਭਾਰਤ ਦੀਆਂ ਅਮੀਰ ਲੋਕ ਪਰੰਪਰਾਵਾਂ ਦੇ ਸੁਆਦ ਦੇ ਨਾਲ, ਰਾਸ਼ਟਰੀ ਅਤੇ ਅੰਤਰਰਾਸ਼ਟਰੀ ਸਾਹਿਤਕ ਟੁਕੜਿਆਂ ਦਾ ਮਿਸ਼ਰਣ ਮੰਚ 'ਤੇ ਲਿਆਉਣ ਲਈ ਤਿਆਰ ਹੈ। ਇੱਕ ਪ੍ਰੈਸ ਕਾਨਫਰੰਸ ਵਿੱਚ, ਐੱਲ ਪੀ ਯੂ ਦੇ ਕਾਰਜਕਾਰੀ ਡੀਨ ਡਾ. ਸੌਰਭ ਲਖਨਪਾਲ ਨੇ, ਐਨ ਐਸ ਡੀ ਤੋਂ ਬੀ ਆਰ ਐਮ 2026 ਜਲੰਧਰ ਚੈਪਟਰ ਦੇ ਤਕਨੀਕੀ ਕੋਆਰਡੀਨੇਟਰ, ਰਾਜਿੰਦਰ ਸਿੰਘ ਦੇ ਨਾਲ, ਐਲਪੀਯੂ ਕੈਂਪਸ ਦੇ ਸ਼ਾਂਤੀ ਦੇਵੀ ਮਿੱਤਲ ਆਡੀਟੋਰੀਅਮ ਵਿੱਚ ਆਯੋਜਿਤ ਤਿੰਨ ਦਿਨਾਂ ਫੈਸਟੀਵਲ ਬਾਰੇ ਗੱਲ ਕੀਤੀ।ਬੀ ਆਰ ਐਮ 2026 ਜਲੰਧਰ ਚੈਪਟਰ 16 ਫਰਵਰੀ ਨੂੰ ਪ੍ਰਸਿੱਧ ਹਿੰਦੀ ਤੇ ਉਰਦੂ ਲੇਖਕ ਸ਼੍ਰੀ ਕ੍ਰਿਸ਼ਨ ਚੰਦਰ ਦੀ ਕਹਾਣੀ 'ਤੇ ਅਧਾਰਤ ਅਤੇ ਪ੍ਰਸਿੱਧ ਥੀਏਟਰ ਨਿਰਦੇਸ਼ਕ ਮੁਸ਼ਕ ਕਾਕਦੁਆਰਾ ਨਿਰਦੇਸ਼ਤ ਨਾਟਕ 'ਲਾਹੌਰ ਕੀ ਮੁਲਾਕਾਤ' ਨਾਲ ਸ਼ੁਰੂ ਹੋਵੇਗਾ। ਇਹ ਫੈਸਟੀਵਲ ਅਗਲੇ ਦਿਨ ਆਰਥਰ ਮਿਲਰ ਦੁਆਰਾ ਲਿਖਿਆ ਅਤੇ ਸ਼੍ਰੀ ਚੈਨਲਨੀ ਦੁਆਰਾ ਨਿਰਦੇਸ਼ਤ, ਸਾਂਝ ਬਾਤੀ ਫਾਊਂਡੇਸ਼ਨ, ਦਿੱਲੀ ਦੁਆਰਾ ਪੇਸ਼ ਕੀਤਾ ਗਿਆ 'ਦ ਪ੍ਰਾਈਸ' ਨਾਲ ਜਾਰੀ ਰਹੇਗਾ। ਬੀਆਰਐਮ 2026 ਜਲੰਧਰ ਚੈਪਟਰ 18 ਫਰਵਰੀ ਨੂੰ 'ਪੰਚਨੋ ਵੇਸ਼' ਨਾਲ ਸਮਾਪਤ ਹੋਵੇਗਾ, ਜੋ ਗੁਜਰਾਤ ਦੇ ਭਵਾਈ ਰੂਪ ਵਿੱਚ ਅਮੀਰ ਪ੍ਰਦਰਸ਼ਨ ਹੈ, ਜੋ ਅਹਿਮਦਾਬਾਦ ਥੀਏਟਰ ਗਰੁੱਪ ਦੁਆਰਾ ਬਣਾਇਆ ਗਿਆ ਹੈ ਅਤੇ ਰਾਜੂ ਬਾਰੋਟ ਦੁਆਰਾ ਨਿਰਦੇਸ਼ਤ ਕੀਤਾ ਗਿਆ ਹੈ।

# ਹਰਸ਼ਾਨ ਸਿੰਘ ਨੇ ਵਿਗਿਆਨ ਪ੍ਰਦਰਸ਼ਨੀ 'ਚ ਪ੍ਰਾਪਤ ਕੀਤਾ ਪਹਿਲਾ ਸਥਾਨ



**ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**

ਜਲੰਧਰ ਵਿਖੇ ਹੋਈ ਵਿਗਿਆਨ ਪ੍ਰਦਰਸ਼ਨੀ ਵਿੱਚ ਸਰਕਾਰੀ ਹਾਈ ਸਕੂਲ, ਦਸਗਰਾਈਂ (ਤਹਿਸੀਲ ਸ੍ਰੀ ਅਨੰਦਪੁਰ ਸਾਹਿਬ, ਜ਼ਿਲ੍ਹਾ ਰੋਪੜ) ਦੇ ਸੱਤਵੀਂ ਜਮਾਤ ਦੇ ਵਿਦਿਆਰਥੀ ਹਰਸ਼ਾਨ ਸਿੰਘ ਬਡਿਆਲ ਨੇ ਰਾਜ ਪੱਧਰੀ ਵਿਗਿਆਨ ਪ੍ਰਦਰਸ਼ਨੀ ਵਿੱਚ ਪੰਜਾਬ ਭਰ ਵਿੱਚੋਂ ਪਹਿਲਾ ਸਥਾਨ ਹਾਸਲ ਕਰਕੇ ਇੱਕ ਇਤਿਹਾਸਕ ਪ੍ਰਾਪਤੀ ਕੀਤੀ ਹੈ। ਉਨ੍ਹਾਂ ਦੀ ਇਸ ਸ਼ਾਨਦਾਰ ਸਫਲਤਾ ਨਾਲ ਸਕੂਲ, ਇਲਾਕੇ ਤੇ ਪਿੰਡ ਦਾ ਨਾਂਅ ਸੂਬਾ ਪੱਧਰ 'ਤੇ ਰੌਸ਼ਨ ਹੋਇਆ ਹੈ।ਇਸ ਸੂਬਾ ਪੱਧਰੀ ਮੁਕਾਬਲੇ ਵਿੱਚ ਹਰਸ਼ਾਨ ਸਿੰਘ ਨੇ 'ਪਾਣੀ ਦੀ ਸੰਭਾਲ' ਵਿਸ਼ੇ 'ਤੇ ਆਪਣਾ ਮਾਡਲ ਪੇਸ਼ ਕੀਤਾ। ਜ਼ਿਕਰਯੋਗ ਹੈ ਕਿ ਹਰਸ਼ਾਨ ਦੇ ਦਾਦਾ ਹਰਜਾਪ ਸਿੰਘ ਬਡਿਆਲ, ਪਿਛਲੇ 25 ਸਾਲਾਂ ਤੋਂ ਕੁਦਰਤੀ ਖੇਤੀ ਦੇ ਤਰੀਕਿਆਂ 'ਤੇ ਲਗਾਤਾਰ ਕੰਮ ਕਰ ਰਹੇ ਹਨ। ਦਾਦਾ ਜੀ ਦੀ ਵਾਤਾਵਰਣ ਪ੍ਰਤੀ ਸਮਰਪਣ ਭਾਵਨਾ ਤੇ ਕੁਦਰਤੀ ਸਰੋਤਾਂ ਨੂੰ ਬਚਾਉਣ ਦੀ ਸਿੱਖਿਆ ਦਾ ਹੀ ਅਸਰ ਹੈ ਕਿ ਹਰਸ਼ਾਨ ਨੇ ਇੰਨੇ ਮਹੱਤਵਪੂਰਨ ਵਿਸ਼ੇ ਨੂੰ ਚੁਣਿਆ ਅਤੇ ਉਸ ਨੂੰ ਇੰਨੀ ਖ਼ੂਬਸੂਰਤੀ ਨਾਲ ਪੇਸ਼ ਕੀਤਾ।ਸੀ ਟੀ ਗਰੁੱਪ ਆਫ ਇੰਸਟੀਚਿਊਸ਼ਨਜ਼, ਸ਼ਾਹਪੁਰ ਕੈਂਪਸ, ਜਲੰਧਰ ਵਿਖੇ ਆਯੋਜਿਤ ਇਸ ਪ੍ਰਦਰਸ਼ਨੀ ਦੌਰਾਨ, ਜੱਜਾਂ ਨੇ ਹਰਸ਼ਾਨ ਦੇ ਮਾਡਲ ਦੀ ਅਤਿਅੰਤ ਪ੍ਰਸ਼ੰਸਾ ਕੀਤੀ। ਉਨ੍ਹਾਂ ਦੇ ਮਾਡਲ ਵਿੱਚ ਪਾਣੀ ਬਚਾਉਣ ਦੇ ਤਰੀਕਿਆਂ ਨੂੰ ਬਹੁਤ ਹੀ ਸਰਲ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਦਰਸਾਇਆ ਗਿਆ ਸੀ, ਜਿਸ ਨੂੰ ਜੱਜਾਂ ਨੇ ਮੌਜੂਦਾ ਸਮੇਂ ਦੀ ਵੱਡੀ ਲੋੜ ਦੱਸਿਆ।ਇਸ ਵੱਡੀ ਪ੍ਰਾਪਤੀ ਪਿੱਛੇ ਸਕੂਲ ਦੀ ਸਾਇੰਸ ਮਿਸਟਰੈਸ ਸ਼ਾਲੂ ਸੋਨੀ ਦੀ ਯੋਗ ਅਗਵਾਈ ਦਾ ਵੱਡਾ ਯੋਗਦਾਨ ਰਿਹਾ, ਜਿਨ੍ਹਾਂ ਨੇ ਵਿਦਿਆਰਥੀ ਨੂੰ ਬਹੁਤ ਬਾਰੀਕੀ ਨਾਲ ਮਾਰਗਦਰਸ਼ਨ ਕੀਤਾ। ਜ਼ਿਕਰ ਯੋਗ ਹੈ ਕਿ ਬਿਹਤਰੀਨ ਸੇਵਾਵਾਂ ਨਿਭਾ ਰਹੇ ਸਕੂਲ ਇੰਚਾਰਜ ਗੁਰਪ੍ਰੀਤ ਕੌਰ ਤੇ ਸਮੂਹ ਸਟਾਫ ਨੇ ਹਰਸ਼ਾਨ ਨੂੰ ਹਰ ਤਰ੍ਹਾਂ ਦਾ ਸਹਿਯੋਗ ਦਿੱਤਾ।

# ਡਾ. ਰਾਜ ਕੁਮਾਰ ਚੱਬੇਵਾਲ ਨੇ ਨੇਚਰ ਫੈਸਟ ਦਾ ਕੀਤਾ ਰਸਮੀ ਉਦਘਾਟਨ



**ਹੁਸ਼ਿਆਰਪੁਰ, (ਓ ਪੀ ਰਾਣਾ)**

ਹੁਸ਼ਿਆਰਪੁਰ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ 17 ਫਰਵਰੀ ਤੱਕ ਸਰਕਾਰ ਨਾਜਾਵੰਤੀ ਸਪੋਰਟਸ ਸਟੇਡੀਅਮ ਵਿਖੇ ਆਯੋਜਿਤ ਕੀਤਾ ਜਾ ਰਿਹਾ ਪੰਜ ਰੋਜ਼ਾ ਨੇਚਰ ਫੈਸਟ ਅੱਜ ਪੂਰੇ ਉਤਸ਼ਾਹ ਨਾਲ ਸ਼ੁਰੂ ਹੋਇਆ। ਸੰਸਦ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਨੇ ਮਸ਼ਾਲ ਰੋਸ਼ਨ ਕਰਕੇ ਫੈਸਟ ਦਾ ਰਸਮੀ ਉਦਘਾਟਨ ਕਰਦੇ ਹੋਏ ਇਸ ਨੂੰ ਜ਼ਿਲ੍ਹੇ ਦੀ ਕੁਦਰਤੀ, ਸੱਭਿਆਚਾਰਕ ਅਤੇ ਸੈਰ-ਸਪਾਟਾ ਸੰਭਾਵਨਾ ਨੂੰ ਪ੍ਰਦਰਸ਼ਿਤ ਕਰਨ ਲਈ ਇੱਕ ਸ਼ਕਤੀਸ਼ਾਲੀ ਪਲੇਟਫਾਰਮ ਦੱਸਿਆ। ਉਨ੍ਹਾਂ ਦੇ ਨਾਲ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਅਤੇ ਮੇਅਰ ਸੁਰਿੰਦਰ ਕੁਮਾਰ ਵੀ ਸਨ।ਸੰਸਦ ਮੈਂਬਰ ਡਾ. ਰਾਜ ਕੁਮਾਰ ਨੇ ਦੱਸਿਆ ਕਿ ਇਸ ਫੈਸਟੀਵਲ ਦਾ ਮੁੱਖ ਉਦੇਸ਼ ਜ਼ਿਲ੍ਹੇ ਦੇ ਅਮੀਰ ਕੁਦਰਤੀ ਵਿਰਸੇ, ਪ੍ਰਮੁੱਖ ਸੈਰ-ਸਪਾਟਾ ਸਥਾਨਾਂ, ਸੱਭਿਆਚਾਰਕ ਵਿਰਾਸਤ ਅਤੇ ਵਾਤਾਵਰਣ ਸੰਭਾਲ ਬਾਰੇ ਜਾਗਰੂਕਤਾ ਨੂੰ ਉਤਸ਼ਾਹਿਤ ਕਰਨਾ ਹੈ। ਉਨ੍ਹਾਂ ਕਿਹਾ ਕਿ ਨੇਚਰ ਫੈਸਟ ਜਨਤਾ, ਖਾਸ ਕਰਕੇ ਨੌਜਵਾਨਾਂ ਨੂੰ ਜ਼ਿਲ੍ਹੇ ਦੇ ਕੁਦਰਤੀ ਸਰੋਤਾਂ ਤੋਂ ਜਾਣੂ ਕਰਵਾਉਣ ਅਤੇ ਸੈਰ-ਸਪਾਟਾ ਗਤੀਵਿਧੀਆਂ ਲਈ ਇੱਕ ਨਵੀਂ ਦਿਸ਼ਾ ਪ੍ਰਦਾਨ ਕਰੇਗਾ।ਉਨ੍ਹਾਂ ਅੱਗੇ ਕਿਹਾ ਕਿ ਇਸ ਫੈਸਟੀਵਲ ਵਿੱਚ ਕਈ ਤਰ੍ਹਾਂ ਦੀਆਂ ਦਿਲਚਸਪ ਗਤੀਵਿਧੀਆਂ ਪੇਸ਼ ਕੀਤੀਆਂ ਜਾਣਗੀਆਂ, ਜਿਨ੍ਹਾਂ ਵਿੱਚ ਪੰਜਾਬ ਦੇ ਲੋਕ ਨਾਚ, ਰਵਾਇਤੀ ਨਾਚ, ਵਿਦਿਆਰਥੀਆਂ ਦਾ ਰੰਗਾਰੰਗ ਪ੍ਰੋਗਰਾਮ , ਦਸਤਕਾਰੀ ਪ੍ਰਦਰਸ਼ਨੀਆਂ, ਸਵੈ-ਸਹਾਇਤਾ ਸਮੂਹਾਂ ਦੁਆਰਾ ਤਿਆਰ ਕੀਤੇ ਗਏ ਉਤਪਾਦਾਂ ਦੀ ਪ੍ਰਦਰਸ਼ਨੀ, ਇੱਕ ਭੋਜਨ ਬਾਜ਼ਾਰ, ਇੱਕ ਕਿਸਾਨ ਬਾਜ਼ਾਰ, ਪਤੰਗ ਉਡਾਉਣ ਅਤੇ ਸੰਗੀਤਕ ਸ਼ਾਮ ਸ਼ਾਮਲ ਹਨ।ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਜ਼ਿਲ੍ਹੇ ਦੇ ਵਸਨੀਕਾਂ ਨੂੰ ਅਪੀਲ ਕੀਤੀ ਕਿ ਉਹ ਵਾਤਾਵਰਣ ਦੀ ਰੱਖਿਆ ਅਤੇ ਸਥਾਨਕ ਸੈਰ-ਸਪਾਟੇ ਨੂੰ ਉਤਸ਼ਾਹਿਤ ਕਰਨ ਦੇ ਇਸ ਯਤਨ ਨੂੰ ਸਫਲ ਬਣਾਉਣ ਲਈ ਆਪਣੇ ਪਰਿਵਾਰਾਂ ਨਾਲ ਇਸ ਵਿਲੱਖਣ ਸਮਾਗਮ ਵਿੱਚ ਹਿੱਸਾ ਲੈਣ।ਇਸ ਮੌਕੇ ਚੇਅਰਮੈਨ ਬੈਕਫਿੰਕੋ ਸੰਦੀਪ ਸੈਣੀ, ਚੇਅਰਪਰਸਨ ਜ਼ਿਲ੍ਹਾ ਯੋਜਨਾ ਕਮੇਟੀ ਕਰਮਜੀਤ ਕੌਰ, ਚੇਅਰਮੈਨ ਮਾਰਕੀਟ ਕਮੇਟੀ ਹੁਸ਼ਿਆਰਪੁਰ ਜਸਪਾਲ ਸਿੰਘ ਚੇਚੀ, ਚੇਅਰਮੈਨ ਨਗਰ ਸੁਧਾਰ ਟਰੱਸਟ ਗੁਰਵਿੰਦਰ ਸਿੰਘ ਪਾਬਲਾ, ਚੇਅਰਮੈਨ ਹੁਸ਼ਿਆਰਪੁਰ ਸਹਿਕਾਰੀ ਬੈਂਕ ਵਿਕਰਮ ਸ਼ਰਮਾ, ਸੀਨੀਅਰ ਡਿਪਟੀ ਮੇਅਰ ਪ੍ਰਵੀਨ ਸੈਣੀ, ਡਿਪਟੀ ਮੇਅਰ ਰਣਜੀਤ ਚੌਧਰੀ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਨਿਕਾਸ ਕੁਮਾਰ, ਵਧੀਕ ਡਿਪਟੀ ਕਮਿਸ਼ਨਰ (ਜਨਰਲ) ਅਮਰਬੀਰ ਕੌਰ ਭੁੱਲਰ, ਐਸ.ਡੀ.ਐਮ ਮੁਕੇਰੀਆਂ ਊਸ਼ੀ ਮੰਡਲ, ਕਮਿਸ਼ਨਰ ਨਗਰ ਨਿਗਮ ਜੋਤੀ ਬਾਲਾ, ਐਸ.ਡੀ.ਐਮ ਹੁਸ਼ਿਆਰਪੁਰ ਗੁਰਸਿਮਰਨਜੀਤ ਕੌਰ, ਸਹਾਇਕ ਕਮਿਸ਼ਨਰ ਪਰਮਪ੍ਰੀਤ ਸਿੰਘ, ਪੀ.ਸੀ.ਐਸ ਗੁਰਪ੍ਰੀਤ ਕੌਰ ਅਤੇ ਹੋਰ ਪਤਵੰਤੇ ਵੀ ਮੌਜੂਦ ਸਨ।

# ਡਿਪਟੀ ਕਮਿਸ਼ਨਰ ਨੇ 'ਮੁੱਖ ਮੰਤਰੀ ਸਿਹਤ ਯੋਜਨਾ' ਕਾਰਡ ਜਾਰੀ ਕਰਨ ਲਈ ਲਗਾਏ ਗਏ ਕੈਂਪਾਂ ਦਾ ਕੀਤਾ ਦੌਰਾ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**

ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਜ਼ਿਲ੍ਹੇ ਵਿੱਚ 'ਮੁੱਖ ਮੰਤਰੀ ਸਿਹਤ ਯੋਜਨਾ' ਕਾਰਡ ਜਾਰੀ ਕਰਨ ਲਈ ਲਗਾਏ ਜਾ ਰਹੇ ਵਿਸ਼ੇਸ਼ ਕੈਂਪਾਂ ਦਾ ਦੌਰਾ ਕੀਤਾ ਅਤੇ ਪ੍ਰਬੰਧਾਂ ਦਾ ਜਾਇਜ਼ਾ ਲਿਆ।ਕੈਂਪਾਂ ਦੌਰਾਨ ਉਨ੍ਹਾਂ ਨੇ ਰਜਿਸਟ੍ਰੇਸ਼ਨ ਪ੍ਰਕਿਰਿਆ, ਲਾਭਪਾਤਰੀਆਂ ਲਈ ਸਹੂਲਤਾਂ ਅਤੇ ਸਟਾਫ ਦੁਆਰਾ ਪ੍ਰਦਾਨ ਕੀਤੀਆਂ ਜਾਣ ਵਾਲੀਆਂ ਸੇਵਾਵਾਂ ਦਾ ਜਾਇਜ਼ਾ ਲਿਆ ਅਤੇ ਮੌਜੂਦ ਨਾਗਰਿਕਾਂ ਨਾਲ ਵੀ ਗੱਲਬਾਤ ਕੀਤੀ।ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਦੁਆਰਾ ਲਾਗੂ ਕੀਤੀ ਜਾ ਰਹੀ 'ਮੁੱਖ ਮੰਤਰੀ ਸਿਹਤ ਯੋਜਨਾ' ਦਾ ਉਦੇਸ਼ ਹਰੇਕ ਨਾਗਰਿਕ ਨੂੰ ਮਿਆਰੀ ਸਿਹਤ ਸੰਭਾਲ ਸੇਵਾਵਾਂ ਪ੍ਰਦਾਨ ਕਰਨਾ ਹੈ।ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿੱਚ ਇਸ ਵੇਲੇ 343 ਕੈਂਪ ਚੱਲ ਰਹੇ ਹਨ।ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਸਿਹਤ ਕਾਰਡ ਬਣਾਉਣ ਲਈ ਇਨ੍ਹਾਂ ਕੈਂਪਾਂ ਵਿੱਚ ਜਾਣ ਅਤੇ ਰਾਜ ਸਰਕਾਰ ਦੀ ਇਸ ਲੋਕ ਭਲਾਈ ਯੋਜਨਾ ਦਾ ਵੱਧ ਤੋਂ ਵੱਧ ਲਾਭ ਉਠਾਉਣ।

# 12 ਦੀ ਸਫਲ ਦੇਸ਼-ਵਿਆਪੀ ਹੜਤਾਲ ਨੇ ਨਵਾਂ ਇਤਿਹਾਸ ਸਿਰਜਿਆ : ਰਾਣਾ

**ਪੋਜੇਵਾਲ (ਰਾਮ ਲਾਲ)**-12 ਫਰਵਰੀ ਦੀ ਸਫਲ ਦੇਸ਼ ਵਿਆਪੀ ਹੜਤਾਲ ਨੇ ਨਵਾਂ ਇਤਿਹਾਸ ਸਿਰਜਿਆ ਹੈ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਸਾਥੀ ਕਰਨ ਸਿੰਘ ਰਾਣਾ ਜਨਰਲ ਸਕੱਤਰ ਸਾਂਝਾ ਕਿਸਾਨ ਮਜ਼ਦੂਰ ਮੋਰਚਾ ਸਬੰਧਤ ਭਾਈ ਲਾਲੋ ਲੋਕ ਮੰਚ ਪੰਜਾਬ ਨੇ ਇੱਥੇ ਪ੍ਰੈਸ ਨਾਲ ਗੱਲਬਾਤ ਕਰਦੇ ਹੋਏ ਕੀਤਾ। ਉਹਨਾਂ ਕਿਹਾ ਕਿ ਇਸ ਹੜਤਾਲ ਨੇ ਸਾਬਤ ਕਰ ਦਿੱਤਾ ਹੈ ਕਿ ਭਾਰਤ ਦੀ ਕਿਰਤੀ ਧਿਰ ਆਪਣੇ ਲੋਕਾਂ ਦੇ ਹਿੱਤ ਵਿੱਚ ਖੜ੍ਹੀ ਹੈ ਅਤੇ ਕੇਂਦਰ ਦੀ ਸਰਕਾਰ ਦੇ ਹਰ ਲੋਕ ਵਿਰੋਧੀ ਫੈਸਲੇ ਦਾ ਡਟ ਕੇ ਵਿਰੋਧ ਕਰਨ ਦੇ ਸਮਰੱਥ ਹੈ। ਉਹਨਾਂ ਕਿਹਾ ਕਿ ਭਾਰਤੀ ਹਾਕਮਾਂ ਨੂੰ ਸਾਮਰਾਜ ਨਿਰਦੇਸ਼ਤ ਕਾਰਪੋਰੇਟ ਦੇ ਹਿੱਤ ਦੀਆਂ ਨੀਤੀਆਂ ਨੂੰ ਵਿਰਾਮ ਲਗਾਉਣਾ ਪਵੇਗਾ। ਭਾਰਤ ਅਮਰੀਕਾ ਵਪਾਰ ਡੀਲ ਦਾ ਜ਼ਿਕਰ ਕਰਦੇ ਹੋਏ ਸਾਥੀ ਰਾਣਾ ਨੇ ਕਿਹਾ ਕਿ ਇਹ ਡੀਲ ਅਮਰੀਕਨ ਸਾਮਰਾਜ ਦੇ ਹਿੱਤ ਵਿੱਚ ਹੈ ਅਤੇ ਭਾਰਤ ਦੇ ਕਿਸਾਨ ਮਜ਼ਦੂਰ ਅਤੇ ਮੁਲਾਜ਼ਮ ਵਰਗ ਦੇ ਵਿਰੋਧ ਵਿੱਚ ਹੈ। 12 ਫਰਵਰੀ ਦੀ ਆਮ ਹੜਤਾਲ ਨੇ ਅਮਰੀਕਨ ਸਾਮਰਾਜ ਨੂੰ ਵੀ ਸਾਵਧਾਨ ਕੀਤਾ ਹੈ ਜਿਸ ਸਦਕਾ ਅਮਰੀਕਾ ਨੇ ਆਪਣੀ ਦੂਜੀ ਫੈਕਟ



ਫਾਇਡਿੰਗ ਸੂਚੀ ਜਾਰੀ ਕਰਕੇ ਸਮਝੌਤੇ ਦੀਆਂ ਸ਼ਰਤਾਂ ਵਿੱਚ ਕੁਝ ਨਰਮੀ ਕੀਤੀ ਹੈ। ਪਹਿਲੀ ਸੂਚੀ ਵਿੱਚ ਕਿਹਾ ਗਿਆ ਸੀ ਕਿ ਭਾਰਤ ਭਾਰਤ ਨੇ ਪੰਜ ਸਾਲਾਂ ਵਿੱਚ 45 ਲੱਖ ਕਰੋੜ ਰੁਪਏ ਦਾ ਸਮਾਨ ਆਯਾਤ ਕਰਨ ਦਾ ਵਾਅਦਾ ਕੀਤਾ ਹੈ, ਹੁਣ 12 ਤਰੀਕ ਦੀ ਫੈਕਟ ਸੂਚੀ ਵਿੱਚ ਕਿਹਾ ਗਿਆ ਹੈ ਕਿ ਭਾਰਤ ਨੇ ਇੱਛਾ ਜ਼ਾਹਰ ਕੀਤੀ। ਇਸੇ ਤਰ੍ਹਾਂ ਨਵੀਂ ਸੂਚੀ ਵਿੱਚ ਦਾਲਾਂ ਦਾ ਜ਼ਿਕਰ ਵੀ ਹਟਾ ਦਿੱਤਾ ਗਿਆ ਹੈ। ਹੜਤਾਲ ਦਾ ਹੀ ਅਸਰ ਹੈ ਕਿ ਡਿਜੀਟਲ ਸਰਵਿਸ ਟੈਕਸ ਹਟਾਉਣ ਵਾਲੀ ਗੱਲ ਵੀ ਨਵੀਂ ਫੈਕਟ ਸੂਚੀ ਵਿੱਚ ਖਤਮ ਕਰ ਦਿੱਤੀ ਹੈ। ਸਾਥੀ ਰਾਣਾ ਨੇ ਮੰਗ ਕੀਤੀ ਕਿ ਕੇਂਦਰ ਸਰਕਾਰ ਸਾਮਰਾਜੀ ਦਬਾਅ ਹੇਠ ਲਏ ਗਏ ਸਾਰੇ ਫੈਸਲੇ ਵਾਪਸ ਕਰੇ ਨਹੀ ਤਾਂ ਇੱਕ ਵਿਸ਼ਾਲ ਇਕਮੁੱਠ ਸੰਘਰਸ਼ ਦਾ ਸਾਹਮਣਾ ਕਰਨ ਲਈ ਤਿਆਰ ਰਹੇ।

# ਜਸਵੀਰ ਗੜ੍ਹੀ ਡੇਰਾ ਸੱਚਖੰਡ ਬੱਲਾਂ ਵਿਖੇ ਬਾਬਾ ਨਿਰੰਜਨ ਦਾਸ ਦਾ ਆਸ਼ੀਰਵਾਦ ਲੈਣ ਪਹੁੰਚੇ

**ਜਲੰਧਰ (ਸੁਰਿੰਦਰ ਕੁਮਾਰ)**-ਅਨੁਸੂਚਿਤ ਜਾਤੀ ਕਮਿਸ਼ਨ ਦੇ ਚੇਅਰਮੈਨ ਜਸਵੀਰ ਸਿੰਘ ਨੇ ਦੱਸਿਆ ਕਿ ਉਹ ਡੇਰਾ ਸੱਚਖੰਡ ਬੱਲਾਂ ਵਿਖੇ ਬਾਬਾ ਨਿਰੰਜਨ ਦਾਸ ਜੀ ਦਾ ਆਸ਼ੀਰਵਾਦ ਲੈਣ ਪਹੁੰਚੇ ਹਨ ਤੇ ਉਨ੍ਹਾਂ ਨੂੰ ਗੁਲਾਬ ਦੇ ਫੁੱਲ ਭੇਟ ਕੀਤੇ ਹਨ। ਇਸ ਤੋਂ ਇਲਾਵਾ ਉਹ ਅੰਬੇਡਕਰ ਭਵਨ ਵਿਖੇ ਸੀ ਪੀ ਐੱਫ. ਯੂਨੀਅਨ ਦੇ ਪ੍ਰਧਾਨ ਨਾਲ ਭਾਰਤੀ ਸੰਵਿਧਾਨ ਦਿਵਸ ਸਬੰਧੀ ਚਰਚਾ ਕਰਨ ਲਈ ਵੀ ਪਹੁੰਚੇ।ਪ੍ਰਤਾਪ ਸਿੰਘ ਬਾਜਵਾ ਨੂੰ ਜਾਰੀ ਕੀਤੇ ਗਏ ਨੋਟਿਸ ਬਾਰੇ ਗੱਲ ਕਰਦਿਆਂ ਚੇਅਰਮੈਨ ਗੜ੍ਹੀ ਨੇ ਕਿਹਾ ਕਿ ਉਨ੍ਹਾਂ ਨੂੰ 16 ਤਰੀਕ ਨੂੰ ਪੇਸ਼ ਹੋਣ ਲਈ ਕਿਹਾ ਗਿਆ ਹੈ। ਉਨ੍ਹਾਂ ਨੇ ਕਿਹਾ ਕਿ ਦੇਸ਼ ਦੇ ਸੰਵਿਧਾਨ ਅਤੇ ਕਾਨੂੰਨ ਦੇ ਦਾਇਰੇ ਵਿੱਚ ਰਹਿ ਕੇ ਜੇਕਰ ਕੋਈ ਵੀ ਵਿਅਕਤੀ ਉਲੰਘਣਾ ਕਰੇਗਾ, ਤਾਂ ਐੱਸ ਸੀ ਕਮਿਸ਼ਨ ਉਸ ਵਿਰੁੱਧ ਸਖ਼ਤ ਕਾਰਵਾਈ ਕਰੇਗਾ।

# ਵਿਕਸਿਤ ਭਾਰਤ 'ਚ ਹਰਿਆਣਾ ਦੀ ਮਹੱਤਵਪੂਰਨ ਭੂਮਿਕਾ : ਮੁੱਖ ਮੰਤਰੀ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**-ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ 2047 ਵਿੱਚ ਵਿਕਸਿਤ ਭਾਰਤ ਬਣਾਉਣ ਦਾ ਟੀਚਾ ਰੱਖਿਆ ਹੈ ਇਸ ਨੂੰ ਪੂਰਾ ਕਰਨ ਵਿੱਚ ਹਰਿਆਣਾ ਦੀ ਮਹੱਤਵਪੂਰਨ ਭੂਮਿਕਾ ਰਵੇਗੀ। ਇਸ ਟੀਚੇ ਨੂੰ ਪੂਰਾ ਕਰਨ ਲਈ ਸੂਬਾ ਸਰਕਾਰ ਲਗਾਤਾਰ ਕੰਮ ਕਰ ਰਹੀ ਹੈ। ਨਵੀ-ਨਵੀ ਯੋਜਨਾਵਾਂ ਬਣਾਈ ਜਾ ਰਹੀਆਂ ਹਨ। ਮੁੱਖ ਮੰਤਰੀ ਨਵੀਂ ਦਿੱਲੀ ਵਿੱਚ ਇੱਕ ਪ੍ਰੋਗਰਾਮ ਵਿੱਚ ਸੰਬੋਧਿਤ ਕਰ ਰਹੇ ਸਨ।

# ਅਧਿਆਪਕ ਜਥੇਬੰਦੀਆਂ ਨੇ 22 ਦੇ ਟੈੱਟ ਵਿਰੋਧੀ ਮਹਾਂ ਰੋਸ ਪ੍ਰਦਰਸ਼ਨ ਦੀ ਤਿਆਰੀ ਆਰੰਭੀ

**ਜਲੰਧਰ,ਫਗਵਾੜਾ (ਰਾਜੇਸ਼ ਥਾਪਾ, ਡਾ. ਰਮਨ)**

ਸਮੂਹ ਅਧਿਆਪਕ ਜਥੇਬੰਦੀਆਂ ਦੀ ਸਾਂਝੀ ਮੀਟਿੰਗ ਸੁਖਵਿੰਦਰ ਸਿੰਘ ਚਾਹਲ ਦੀ ਪ੍ਰਧਾਨਗੀ ਹੇਠ ਹੋਈ। ਜਿਸ ਵਿੱਚ ਸੁਰਿੰਦਰ ਕੰਬੋਜ, ਸੁਰਿੰਦਰ ਕੁਮਾਰ ਪੁਆਰੀ, ਦਿਗਵਿਜੇ ਪਾਲ ਸ਼ਰਮਾ, ਵਿਕਰਮ ਦੇਵ ਸਿੰਘ, ਲਛਮਣ ਸਿੰਘ ਨਬੀਪੁਰ, ਬਾਜ ਸਿੰਘ ਖਹਿਰਾ, ਹਰਵਿੰਦਰ ਸਿੰਘ ਬਿਲਗਾ, ਹਰਜੰਟ ਸਿੰਘ ਬੋਡੇ, ਪ੍ਰਗਟਜੀਤ ਸਿੰਘ ਕਿਸ਼ਨਪੁਰਾ, ਸੁਖਜਿੰਦਰ ਸਿੰਘ ਹਰੀਕਾ, ਗੁਰਿੰਦਰ ਸਿੰਘ ਸਿੱਧੂ, ਪਤਵੰਤ ਸਿੰਘ, ਜਗਜੀਤ ਸਿੰਘ ਲੁਧਿਆਣਾ, ਗੁਰਬਿੰਦਰ ਸਿੰਘ ਸਸਕੌਰ, ਨਵਪ੍ਰੀਤ ਬੱਲੀ, ਰੇਸ਼ਮ ਸਿੰਘ, ਤੇਜਿੰਦਰ ਸਿੰਘ ਸ਼ਾਹ, ਸਤਨਾਮ ਸਿੰਘ ਰੰਧਾਵਾ ਆਦਿ ਸ਼ਾਮਿਲ ਸਨ। ਸਮੂਹ ਜਥੇਬੰਦੀਆਂ ਨੇ ਜਬਰੀ ਥੋਪੇ ਜਾ ਰਹੇ ਟੈੱਟ ਦੇ ਵਿਰੋਧ ਵਿੱਚ 10-11 ਫਰਵਰੀ ਨੂੰ ਬਲਾਕ / ਜ਼ਿਲ੍ਹਾ ਪੱਧਰੀ ਧਰਨੇ /ਰੈਲੀਆਂ ਕਰਕੇ ਪਦਉਨਤੀਆਂ ਲਈ ਟੈੱਟ ਲਾਜ਼ਮੀ ਕਰਨ ਦੇ ਪੱਤਰ ਦੀਆਂ ਕਾਪੀਆਂ ਫੂਕਣ ਲਈ ਪੰਜਾਬ ਦੇ ਅਧਿਆਪਕ ਵਰਗ ਦਾ ਧੰਨਵਾਦ ਕੀਤਾ ਗਿਆ।ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਕਿ 22 ਫਰਵਰੀ ਦੇ ਸ੍ਰੀ ਆਨੰਦਪੁਰ ਸਾਹਿਬ ਵਿਖੇ ਕੀਤੇ ਜਾਣ ਵਾਲੇ ਮਹਾਂ ਰੋਸ ਪ੍ਰਦਰਸ਼ਨ ਦੀ ਤਿਆਰੀ ਲਈ 14-15 ਫਰਵਰੀ ਨੂੰ ਸਮੂਹ ਜਥੇਬੰਦੀਆਂ ਆਪਣੀਆਂ ਸੂਬਾ ਕਮੇਟੀਆਂ ਦੀਆਂ ਮੀਟਿੰਗਾਂ ਕਰਨਗੀਆਂ। ਇਸੇ ਤਰ੍ਹਾਂ 16-17 ਫਰਵਰੀ



ਨੂੰ ਜ਼ਿਲ੍ਹਿਆਂ ਵਿੱਚ ਬਲਾਕ / ਤਹਿਸੀਲ ਪੱਧਰੀ ਸਾਂਝੀਆਂ ਤਿਆਰੀ ਮੀਟਿੰਗਾਂ ਕੀਤੀਆਂ ਜਾਣਗੀਆਂ।ਪੰਜਾਬ ਦੀਆਂ ਸਮੂਹ ਅਧਿਆਪਕ ਜਥੇਬੰਦੀਆਂ ਦੇ ਆਗੂਆਂ ਨੇ ਪੰਜਾਬ ਦੇ ਅਧਿਆਪਕ ਵਰਗ ਨੂੰ ਜਬਰੀ ਥੋਪੇ ਜਾ ਰਹੇ ਟੈੱਟ ਦਾ ਹਿੱਸਾ ਬਣਨ ਦੀ ਬਜਾਏ ਟੈੱਟ ਨੂੰ ਰੋਕਣ ਲਈ 22 ਫਰਵਰੀ ਨੂੰ ਸ੍ਰੀ ਆਨੰਦਪੁਰ ਸਾਹਿਬ ਵਿਖੇ ਕੀਤੇ ਜਾ ਰਹੇ ਮਹਾਂ ਰੋਸ ਪ੍ਰਦਰਸ਼ਨ ਵਿੱਚ ਸ਼ਾਮਿਲ ਹੋ ਕੇ ਸੰਘਰਸ਼ ਦਾ ਹਿੱਸਾ ਬਣਨ ਦੀ ਅਪੀਲ ਕੀਤੀ।

# ਰੈਲ ਮਾਜਰਾ 'ਚ ਤਿੰਨ ਦਿਨਾ ਆਧਿਆਤਮਕ ਸਮਾਗਮ



**ਬਲਾਚੌਰ (ਜਸਵਿੰਦਰ ਬੈਂਸ)**-ਦਿਵਯ ਜਯੋਤੀ ਜਾਗ੍ਰਤੀ ਸੰਸਥਾਨ ਵੱਲੋਂ ਕਮਿਊਨਿਟੀ ਸੈਂਟਰ, ਪਿੰਡ ਰੈਲ ਮਾਜਰਾ ਨਵਾਂਸ਼ਹਿਰ ਵਿੱਖੇ ਤਿੰਨ ਦਿਨਾਂ ਦਾ ਆਧਿਆਤਮਕ ਪ੍ਰਵਚਨ ਅਤੇ ਭਜਨ ਸੰਕੀਰਤਨ ਸਮਾਗਮ ਕਰਵਾਇਆ ਗਿਆ। ਇਸ ਸਮਾਗਮ ਦੌਰਾਨ ਦਿਵਯ ਗੁਰੂ ਆਸ਼ੂਤੋਸ਼ ਮਹਾਰਾਜ ਦੀ ਸ਼ਿਸ਼ਿਆ ਸਾਧਵੀ ਗਾਇਤ੍ਰੀ ਭਾਰਤੀ ਨੇ ਗੁਰੂ ਭਗਤੀ ਨਾਲ ਜੁੜੇ ਕੁਝ ਗੂੜ੍ਹੇ ਸੂਤਰਾਂ ਨੂੰ ਉਜਾਗਰ ਕਰਦੇ ਹੋਏ ਕਿਹਾ ਕਿ ਇੱਕ ਸ਼ਿਸ਼ ਦੇ ਜੀਵਨ ਵਿੱਚ ਗੁਰੂ ਦੀ ਬਹੁਤ ਵੱਡੀ ਮਹੱਤਤਾ ਹੁੰਦੀ ਹੈ। ਜਦੋਂ ਇੱਕ ਆਮ ਜਿਹਾ ਦਿੱਖਣ ਵਾਲਾ ਵਿਅਕਤੀ ਆਪਣੇ ਪੂਰਵ ਜਨਮਾਂ ਦੇ ਕੁਝ ਪੁੰਨ ਕਰਮ ਸੰਸਕਾਰ ਅਤੇ ਪਰਮਾਤਮਾ ਦੀ ਅਸੀਮ ਕਿਰਪਾ ਕਾਰਨ ਪੂਰਨ ਗੁਰੂ ਦੀ ਸ਼ਰਨ ਵਿੱਚ ਜਾਂਦਾ ਹੈ ਅਤੇ ਬ੍ਰਹਮ ਗਿਆਨ ਦੀ ਦੀਕਸ਼ਾ ਲੈ ਕੇ ਭਗਤੀ ਮਾਰਗ ਵੱਲ ਅੱਗੇ ਵਧਦਾ ਹੈ, ਤਾਂ ਉਹ ਸ਼ਿਸ਼ ਹੀ ਸਾਧਕ ਕਹਿਲਾਉਂਦਾ ਹੈ।ਸਾਡੇ ਸ਼ਾਸਤਰ ਅਤੇ ਇਤਿਹਾਸ ਇਸ ਗੱਲ ਦੇ ਸਾਕਸ਼ੀ ਹਨ, ਜਿੱਥੇ ਕਈ ਗੁਰੂ ਭਗਤਾਂ ਦੇ ਜੀਵਨ ਵਰਣਿਤ ਹਨ ਕਿ ਕਿਸ ਤਰ੍ਹਾਂ ਉਨ੍ਹਾਂ ਨੇ ਆਪਣੇ ਅਸਤਿਤਵ ਨੂੰ ਦਾਅ 'ਤੇ ਲਗਾ ਕੇ ਆਪਣੇ ਆਪ ਨੂੰ ਗੁਰੂ ਭਗਤੀ ਵਿੱਚ ਅਰਪਿਤ ਕਰ ਦਿੱਤਾ।ਸਮਾਗਮ ਦੌਰਾਨ ਸਾਧਵੀ ਮੰਜੀਤ ਭਾਰਤੀ ਅਤੇ ਸਾਧਵੀ ਮਨਪ੍ਰੀਤ ਭਾਰਤੀ ਨੇ ਮਿੱਠੇ ਭਜਨਾਂ ਦਾ ਗਾਇਨ ਕਰ ਕੇ ਹਾਜ਼ਰ ਭਗਤਾਂ ਨੂੰ ਨਿਹਾਲ ਕਰ ਦਿੱਤਾ। ਅੰਤ ਵਿੱਚ ਸੰਗਤਾਂ ਵਿੱਚ ਪ੍ਰਸਾਦ ਵਰਤਾਇਆ ਗਿਆ।

# ਸੰਤ ਗੁਰਮੇਲ ਸਿੰਘ ਦੀ ਬਰਸੀ ਮੌਕੇ ਵਿਸ਼ੇਸ਼ ਪ੍ਰਾਰਥਨਾ ਸਭਾ

**ਗੁਰਾਇਆ (ਬਿੰਦਰ ਸੁਮਨ)**

ਐਸ.ਟੀ.ਐਸ ਵਰਲਡ ਸਕੂਲ ਵਿੱਚ ਸੰਤ ਗੁਰਮੇਲ ਸਿੰਘ ਦੀ ਬਰਸੀ 'ਤੇ ਵਿਸ਼ੇਸ਼ ਪ੍ਰਾਰਥਨਾ ਸਭਾ ਦਾ ਆਯੋਜਨ ਕੀਤਾ ਗਿਆ। ਸਭਾ ਦਾ ਆਰੰਭ ਗੁਰਬਾਣੀ ਉਚਾਰਨ ਨਾਲ ਹੋਇਆ। ਮੰਚ ਦਾ ਸੰਚਾਲਨ ਜਮਾਤ ਪਹਿਲੀ 'ਏ' ਦੀ ਵਿਦਿਆਰਥਣ ਦਰਿਤੀ ਅਰੋੜਾ ਨੇ ਕੀਤਾ। ਅੱਜ ਦਾ ਵਿਚਾਰ ਕਰਮਨ ਸਿੰਘ ਵੱਲੋਂ ਪੇਸ਼ ਕੀਤਾ ਗਿਆ । ਮਨਰੀਤ ਕੌਰ ਨੇ ਨਵਾਂ ਸ਼ਬਦ ਸਾਂਝਾ ਕਰਕੇ ਸਭ ਦੇ ਗਿਆਨ ਵਿੱਚ ਵਾਧਾ ਕੀਤਾ, ਜਦਕਿ ਅਮਾਨਿਆਂ ਦੀਪ ਸਿੰਘ ਨੇ ਅੱਜ ਦੀਆਂ ਸੁਰਖੀਆਂ ਪੇਸ਼ ਕੀਤੀਆਂ।ਸੰਤ ਗੁਰਮੇਲ ਸਿੰਘ ਦੀਆਂ ਪ੍ਰੇਰਨਾਦਾਇਕ ਸਿੱਖਿਆਵਾਂ ਸਹਿਜ ਕੌਰ, ਹਰੀਦੇ ਸ਼ਰਮਾ, ਸਾਰਾ ਸੁਨੀਲ ਅਤੇ ਦਿਲਜਾਨ ਸਿੰਘ ਵੱਲੋਂ ਪੇਸ਼ ਕੀਤੀਆਂ ਗਈਆਂ। ਇਸ ਤੋਂ ਇਲਾਵਾ ਸੰਤ ਗੁਰਮੇਲ ਸਿੰਘ ਦੀ ਬਰਸੀ ਮੌਕੇ ਪਹਿਲੀ 'ਏ' ਦੇ ਵਿਦਿਆਰਥੀਆਂ ਵੱਲੋਂ ਭਾਵਪੂਰਨ ਸ਼ਬਦ ਗਾਇਨ ਕੀਤਾ ਗਿਆ। ਪ੍ਰਭਲੀਨ ਕੌਰ ਦੁਆਰਾ ਸੰਤ ਗੁਰਮੇਲ ਸਿੰਘ ਦੀ ਬਰਸੀ ਉੱਤੇ ਭਾਸ਼ਣ ਪੇਸ਼ ਕੀਤਾ ਗਿਆ । ਐਸ.ਡੀ.ਜੀ. ਗੋਲ ਬਾਰੇ ਜਾਣਕਾਰੀ



ਗੁਰਮਨ ਸਿੰਘ ਅਤੇ ਅਵਨੀਤ ਕੌਰ ਵੱਲੋਂ ਸਾਂਝੀ ਕੀਤੀ ਗਈ। ਇਸ ਸਮੂਹ ਪ੍ਰੋਗਰਾਮ ਦੀ ਅਗਵਾਈ ਜਮਾਤ ਇੰਚਾਰਜ ਮੈਡਮ ਗੀਮਾ ਕਾਲਰਾ ਵੱਲੋਂ ਕੀਤੀ ਗਈ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਮੈਡਮ ਪ੍ਰਭਜੋਤ ਕੌਰ ਗਿੱਲ ਨੇ ਕਿਹਾ ਕਿ ਸੰਤ ਗੁਰਮੇਲ ਸਿੰਘ ਜੀ ਦੀਆਂ ਸਿੱਖਿਆਵਾਂ ਜੀਵਨ ਵਿੱਚ ਸਫਲਤਾ ਪ੍ਰਾਪਤ ਕਰਨ ਲਈ ਮਾਰਗਦਰਸ਼ਕ ਹਨ।

# ਏ ਡੀ ਸੀ ਵੱਲੋਂ ਐੱਸ ਟੀ ਪੀ ਦੇ ਨਿਰਮਾਣ ਕੰਮ ਦੀ ਰਫ਼ਤਾਰ ਤੇਜ਼ ਕਰਨ ਦੇ ਹੁਕਮ

**ਮੋਹਾਲੀ (ਗੁਰਜੀਤ ਬਿੱਲਾ)**

ਮਾਣਯੋਗ ਹਾਈ ਕੋਰਟ ਦੇ ਹੁਕਮਾਂ ਅਨੁਸਾਰ ਫ਼ਰਵਰੀ ਮਹੀਨੇ ਵਿੱਚ ਸੀਵੇਰੇਜ ਟ੍ਰੀਟਮੈਂਟ ਪਲਾਂਟ (ਐਸ ਟੀ ਪੀ) ਦੀ ਉਸਾਰੀ ਪੂਰੀ ਕਰਨ ਨੂੰ ਯਕੀਨੀ ਬਣਾਉਣ ਲਈ, ਏ ਡੀ ਸੀ (ਸ਼ਹਿਰੀ ਵਿਕਾਸ) ਅਨਮੋਲ ਸਿੰਘ ਧਾਲੀਵਾਲ ਨੇ ਨਵਾਂ ਗਾਉਂ ਵਿਖੇ ਐਸ ਟੀ ਪੀ ਸਾਈਟ 'ਤੇ ਹਫ਼ਤਾਵਾਰੀ ਸਮੀਖਿਆ ਮੀਟਿੰਗ ਕਰਕੇ ਚੱਲ ਰਹੇ ਨਿਰਮਾਣ ਕਾਰਜ ਦੀ ਪ੍ਰਗਤੀ ਦਾ ਜਾਇਜ਼ਾ ਲਿਆ।ਦੌਰੇ ਦੌਰਾਨ, ਏ ਡੀ ਸੀ ਨੇ ਸਿਵਲ, ਮਕੈਨੀਕਲ ਤੇ ਇਲੈਕਟ੍ਰਿਕਲ ਕੰਮਾਂ ਦੀ ਸਥਿਤੀ ਦੀ ਸਮੀਖਿਆ ਕੀਤੀ ਤੇ ਸੰਬੰਧਿਤ ਵਿਭਾਗਾਂ ਨੂੰ ਬਾਕੀ ਰਹਿੰਦੇ ਕੰਮ ਤੁਰੰਤ ਮੁਕੰਮਲ ਕਰਨ ਲਈ ਕਿਹਾ ਤਾਂ ਜੋ ਪ੍ਰੋਜੈਕਟ ਸਮੇਂ ਸਿਰ ਪੂਰਾ ਹੋ ਸਕੇ। ਉਨ੍ਹਾਂ ਜ਼ੋਰ ਦਿੱਤਾ ਕਿ ਸਾਰੇ ਕੰਮ ਨਿਰਧਾਰਿਤ ਮਿਆਰਾਂ ਅਤੇ ਮਾਣਯੋਗ ਅਦਾਲਤ ਵੱਲੋਂ ਤੈਅ ਸਮਾਂ ਸੀਮਾ ਅਨੁਸਾਰ ਹੀ ਕੀਤੇ ਜਾਣ।ਮੀਟਿੰਗ ਵਿੱਚ ਪੰਜਾਬ ਵਾਟਰ ਸਪਲਾਈ ਐਂਡ ਸੀਵਰੇਜ ਬੋਰਡ, ਨਗਰ ਕੌਂਸਲ ਨਵਾਂ ਗਾਉਂ, ਜਨ



ਸਿਹਤ ਵਿਭਾਗ, ਜ਼ਿਲ੍ਹਾ ਪ੍ਰਸ਼ਾਸਨ ਅਤੇ ਪੰਜਾਬ ਸਰਕਾਰ ਦੇ ਨੁਮਾਇੰਦਿਆਂ ਨੇ ਹਿੱਸਾ ਲਿਆ। ਮੀਟਿੰਗ ਦੇ ਅੰਤ ਵਿੱਚ ਸਾਰੇ ਸੰਬੰਧਿਤ ਵਿਭਾਗਾਂ ਵੱਲੋਂ ਆਪਸੀ ਸਹਿਯੋਗ ਨਾਲ ਨਿਰਧਾਰਿਤ ਸਮੇਂ ਅੰਦਰ ਪ੍ਰੋਜੈਕਟ ਨੂੰ ਪੂਰਾ ਕਰਨ ਦਾ ਭਰੋਸਾ ਦਿਵਾਇਆ ਗਿਆ।

# ਪੈਨਸ਼ਨਰਜ਼ ਫਰੰਟ ਨੇ ਡਿਪਟੀ ਕਮਿਸ਼ਨਰ ਰਾਹੀਂ ਮੁੱਖ ਮੰਤਰੀ ਤੇ ਵਿੱਤ ਮੰਤਰੀ ਪੰਜਾਬ ਨੂੰ ਭੇਜਿਆ ਮੰਗ ਪੱਤਰ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**

ਪੰਜਾਬ ਗੌਰਮਿੰਟ ਪੈਨਸ਼ਨਰ ਜੁਆਇੰਟ ਫਰੰਟ ਦੀ ਲੁਧਿਆਣਾ ਵਿਖੇ ਹੋਈ 27 ਜਨਵਰੀ ਦੀ ਮੀਟਿੰਗ ਦੇ ਫੈਸਲੇ ਅਨੁਸਾਰ ਮਿਤੀ 13 ਫਰਵਰੀ ਨੂੰ ਪੰਜਾਬ ਪੈਨਸ਼ਨਰ ਵੈਲਫੇਅਰ ਐਸੋਸੀਏਸ਼ਨ ਵੱਲੋਂ ਕੁਲਵਰਨ ਸਿੰਘ, ਪੰਜਾਬ ਗੌਰਮਿੰਟ ਪੈਨਸ਼ਨਰ ਐਸੋਸੀਏਸ਼ਨ ਦੇ ਬਹਾਦਰ ਸਿੰਘ, ਪੰਜਾਬ ਪਾਵਰਕਾਮ ਪੈਨਸ਼ਨਰ ਐਸੋਸੀਏਸ਼ਨ ਦੇ ਪ੍ਰਵੇਸ਼ ਕੁਮਾਰ, ਮਿਊਂਸਿਪਲ ਪੈਨਸ਼ਨਰ ਐਸੋਸੀਏਸ਼ਨ ਦੇ ਕੁਲਵੰਤ ਸਿੰਘ ਸੈਣੀ ਅਤੇ ਪੰਜਾਬ ਪੈਨਸ਼ਨਰ ਯੂਨੀਅਨ ਦੇ ਉਕਾਰ ਸਿੰਘ ਦੀ ਅਗਵਾਈ ਵਿੱਚ ਵੱਡੀ ਗਿਣਤੀ ਵਿੱਚ ਪੈਨਸ਼ਨਰਾਂ ਨੇ ਹੁਸ਼ਿਆਰਪੁਰ ਵਿਖੇ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੂੰ ਪੈਨਸ਼ਨਰਾਂ ਦੀਆਂ ਹੱਕੀ ਤੇ ਲਟਕਦੀਆਂ ਮੰਗਾਂ ਲਈ ਮੰਗ ਪੱਤਰ ਮੁੱਖ ਮੰਤਰੀ ਤੇ ਵਿੱਤ ਮੰਤਰੀ, ਪੰਜਾਬ ਨੂੰ ਭੇਜਿਆ ਗਿਆ ਜਿਸ ਵਿੱਚ ਮੰਗ ਕੀਤੀ ਗਈ ਹੈ ਕਿ ਛੇਵੇਂ ਤਨਖਾਹ ਕਮਿਸ਼ਨ ਦੀਆਂ ਸਿਫਾਰਸ਼ਾਂ ਅਨੁਸਾਰ ਪੈਨਸ਼ਨ ਸੋਧ ਦਾ 2.59 ਗੁਣਾਂਕ ਅਤੇ ਨੋਸ਼ਨਲ ਫਿਕਸੇਸ਼ਨ ਦੀ ਮੰਗ ਪੂਰਤੀ ਕੀਤੀ ਜਾਵੇ। 28 ਨਵੰਬਰ, 25 ਦਾ ਪੈਨਸ਼ਨ ਸੋਧ ਦਾ ਨੋਟੀਫਿਕੇਸ਼ਨ ਤੁਰੰਤ ਪ੍ਰਭਾਵ ਤੋਂ ਵਾਪਸ ਲਿਆ ਜਾਵੇ। 1-1-16 ਤੋਂ 30-06-21 ਤੱਕ ਦੇ ਪੇ ਕਮਿਸ਼ਨ ਦੇ ਬਕਾਏ ਯਕਮੁਸ਼ਤ ਦਿੱਤੇ ਜਾਣ। ਡੀ ਏ ਦੀਆਂ ਰਹਿੰਦੀਆਂ ਕਿਸ਼ਤਾਂ ਜਲਦ ਰਿਲੀਜ਼ ਕੀਤੀਆਂ ਜਾਣ। ਬੱਝਵਾ ਮੈਡੀਕਲ ਭੱਤਾ



2000 ਰੁਪਏ ਪ੍ਰਤੀ ਮਹੀਨਾ ਕੀਤਾ ਜਾਵੇ। ਅਰਧ ਸਰਕਾਰੀ ਅਦਾਰਿਆਂ ਦੇ ਉਪਰੋਕਤ ਬਕਾਏ ਨਿਯਮਿਤ ਰੂਪ ਵਿੱਚ ਦਿੱਤੇ ਜਾਣ। ਰਹਿੰਦੀ ਰਿਵਾਈਜ਼ਡ ਲੀਵ ਇਨਕੈਸ਼ਮੈਂਟ ਯ ?ਕਮੁਸ਼ਤ ਦਿੱਤੀ ਜਾਵੇ ਆਦਿ ਉਪਰੋਕਤ ਮੰਗਾਂ ਦਾ ਨਿਪਟਾਰਾ ਜਲਦ ਕਰਨ ਲਈ ਪੈਨਸ਼ਨਰ ਫਰੰਟ ਨੂੰ ਮੀਟਿੰਗ ਦਿੱਤੀ ਜਾਵੇ, ਨਹੀਂ ਤਾਂ ਪੰਜਾਬ ਦੇ ਪੈਨਸ਼ਨਰ ਬਜਟ ਸੈਸ਼ਨ ਤੋਂ ਪਹਿਲਾਂ ਸੰਗਰੂਰ ਵਿਖੇ ਵਿਸ਼ਾਲ ਰੈਲੀ ਕਰਨ ਲਈ ਮਜਬੂਰ ਹੋਣਗੇ।

# ਨਿਯਮਾਂ ਦੀ ਉਲੰਘਣਾ ਕਰਨ 'ਤੇ ਸਕੂਲ ਬੱਸਾਂ ਦੇ ਚਲਾਨ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**

ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਜ਼ਿਲ੍ਹਾ ਸੜਕ ਸੁਰੱਖਿਆ ਕਮੇਟੀ ਦੀ ਮੀਟਿੰਗ ਵਿੱਚ ਲਏ ਗਏ ਫੈਸਲਿਆਂ ਅਨੁਸਾਰ ਆਰ ਟੀ ਓ ਅਮਨਦੀਪ ਕੌਰ ਘੁੰਮਣ ਵੱਲੋਂ ਜ਼ਿਲ੍ਹੇ ਵਿੱਚ ਸਕੂਲ ਬੱਸਾਂ ਦੀ ਵਿਸ਼ੇਸ਼ ਜਾਂਚ ਮੁਹਿੰਮ ਚਲਾਈ ਗਈ। ਇਸ ਮੁਹਿੰਮ ਦਾ ਉਦੇਸ਼ 'ਸੇਫ਼ ਸਕੂਲ ਵਾਹਨ ਯੋਜਨਾ' ਦੇ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਨੂੰ ਯਕੀਨੀ ਬਣਾਉਣਾ ਅਤੇ ਵਿਦਿਆਰਥੀਆਂ ਲਈ ਸੁਰੱਖਿਅਤ ਆਵਾਜਾਈ ਪ੍ਰਣਾਲੀ ਨੂੰ ਮਜ਼ਬੂਤ ਕਰਨਾ ਹੈ। ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵਿਦਿਆਰਥੀਆਂ ਦੀ ਸੁਰੱਖਿਅਤ ਆਵਾਜਾਈ ਲਈ ਵਚਨਬੱਧ ਹੈ ਅਤੇ ਭਵਿੱਖ ਵਿੱਚ ਵੀ ਅਜਿਹੀਆਂ ਵਿਸ਼ੇਸ਼ ਚੈਕਿੰਗ ਮੁਹਿੰਮਾਂ ਜਾਰੀ ਰਹਿਣਗੀਆਂ। ਆਰ ਟੀ ਓ ਅਮਨਦੀਪ ਕੌਰ ਘੁੰਮਣ ਨੇ ਦੱਸਿਆ ਕਿ ਮੁਹਿੰਮ ਦੌਰਾਨ ਵੱਖ-ਵੱਖ ਸਕੂਲਾਂ ਦੀਆਂ ਬੱਸਾਂ ਦੀ ਚੰਗੀ ਤਰ੍ਹਾਂ ਜਾਂਚ ਕੀਤੀ ਗਈ, ਜਿਸ ਵਿੱਚ ਬੱਸਾਂ ਦੇ ਫਿਟਨੈਸ ਸਰਟੀਫਿਕੇਟ, ਡਰਾਈਵਰ ਲਾਇਸੈਂਸ, ਕੰਡਕਟਰਾਂ ਦੀ ਮੌਜੂਦਗੀ, ਫਸਟ ਏਡ ਬਾਕਸ, ਅੱਗ ਬੁਝਾਉਣ ਵਾਲੇ ਯੰਤਰ, ਸਪੀਡ ਗਵਰਨਰ, ਸੀ ਸੀ ਟੀ ਵੀ ਕੈਮਰੇ ਅਤੇ ਜੀ ਪੀ ਐਸ ਸਿਸਟਮ ਆਦਿ ਦੀ ਜਾਂਚ ਕੀਤੀ ਗਈ। ਨਿਯਮਾਂ ਦੀ ਉਲੰਘਣਾ ਕਰਨ ਵਾਲੇ ਵਾਹਨਾਂ ਵਿਰੁੱਧ ਮੋਟਰ ਵਹੀਕਲ ਐਕਟ ਤਹਿਤ ਚਲਾਨ ਜਾਰੀ ਕਰਕੇ ਲੋੜੀਂਦੀ ਕਾਰਵਾਈ ਕੀਤੀ ਗਈ। ਸਾਰੇ ਸਕੂਲ ਪ੍ਰਬੰਧਕਾਂ ਨੂੰ ਹਦਾਇਤ ਕੀਤੀ ਗਈ ਹੈ ਕਿ ਉਹ ਆਪਣੇ ਵਾਹਨਾਂ ਨੂੰ ਸੇਫ਼ ਸਕੂਲ ਵਾਹਨ ਯੋਜਨਾ ਦੇ ਅਨੁਸਾਰ ਰੱਖਣ ਅਤੇ ਸਮੇਂ-ਸਮੇਂ 'ਤੇ ਨਿਰਧਾਰਤ ਮਾਪਦੰਡਾਂ ਦੀ ਜਾਂਚ ਯਕੀਨੀ ਬਣਾਉਣ।




# ਐੱਸ ਐੱਸ ਪੀ ਵੱਲੋਂ ਆਦਮਪੁਰ ਰੇਲਵੇ ਸਟੇਸ਼ਨ ਦੀ ਚੈਕਿੰਗ



**ਆਦਮਪੁਰ, (ਪਰਮਜੀਤ ਸਿੰਘ)**

ਐਸ ਐਸ ਪੀ ਹਰਵਿੰਦਰ ਸਿੰਘ ਵਿਰਕ ਜਲੰਧਰ ਦਿਹਾਤੀ ਵੱਲੋਂ ਡੀ ਐਸ ਪੀ ਰਾਜੀਵ ਕੁਮਾਰ ਆਦਮਪੁਰ ਦੀ ਅਗਵਾਈ ਹੇਠ ਰੇਲਵੇ ਸਟੇਸ਼ਨ ਆਦਮਪੁਰ ਦੀ ਚੈਕਿੰਗ ਕੀਤੀ ਗਈ। ਇਸ ਮੌਕੇ ਐਸ ਐਸ ਪੀ ਜਲੰਧਰ ਨੇ ਦੱਸਿਆ ਕਿ ਪੰਜਾਬ ਦੇ ਡੀ ਜੀ ਪੀ ਗੌਰਵ ਯਾਦਵ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਪੰਜਾਬ ਦੇ ਸਮੂਹ ਰੇਲਵੇ ਸਟੇਸ਼ਨਾਂ ਦਾ ਆਪਰੇਸ਼ਨ ਕਾਸੋ ਦੇ ਤਹਿਤ ਆਪਰੇਸ਼ਨ ਉਲੀਕਿਆ ਗਿਆ ਸੀ ਅਤੇ ਜਲੰਧਰ ਦਿਹਾਤੀ ਦੇ ਅਧੀਨ ਆਉਂਦੇ ਕਰੀਬ 12 ਰੇਲਵੇ ਸਟੇਸ਼ਨਾਂ ਉੱਤੇ ਸਮੂਹ ਡੀ ਐਸ ਪੀ ਤੇ ਐਸ ਐਚ ਓ ਦੀ ਹਾਜ਼ਰੀ ਵਿੱਚ ਚੈਕਿੰਗ ਕੀਤੀ ਗਈ । ਇਸ ਓਪਰੇਸ਼ਨ ਦੇ ਤਹਿਤ ਆਦਮਪੁਰ ਰੇਲਵੇ ਸਟੇਸ਼ਨ ਦੀ ਵਿਸ਼ੇਸ਼ ਚੈਕਿੰਗ ਡੀ ਐਸ ਪੀ ਰਾਜੀਵ ਕੁਮਾਰ ਦੀ ਅਗਵਾਈ ਹੇਠ ਕਰਦਿਆਂ ਦੱਸਿਆ ਅਸਲ ਚੈਕਿੰਗ ਕਰਨ ਦਾ ਮੁੱਖ ਮਕਸਦ ਰੇਲ ਗੱਡੀ ਵਿੱਚ ਸਫਰ ਕਰਦਿਆਂ ਯਾਤਰੀਆਂ ਦੀ ਸਿਕਿਓਰਟੀ ਦੀ ਭਾਵਨਾ ਹੋਣੀ ਚਾਹੀਦੀ ਹੈ ਜੇਕਰ ਸਿਕਿਓਰਟੀ ਵਿੱਚ ਕਮੀ ਪੇਸ਼ੀ ਦੀ ਸੰਭਾਵਨਾ ਹੋਵੇ ਤਾਂ ਸਾਨੂੰ ਪਤਾ ਲੱਗ ਜਾਂਦੀ ਹੈ। ਜਿਸ ਕਰਕੇ ਅਸੀਂ ਇਹੋ ਜਿਹੇ ਸਰਚ ਆਪਰੇਸ਼ਨ ਰਾਹੀਂ ਚੈਕਿੰਗ ਕਰਦੇ ਹਾਂ। ਇਸ ਦੇ ਨਾਲ ਜੋ ਮਾੜੇ ਅਨਸਰ ਹੁੰਦੇ ਹਨ ਜਾਂ ਫਿਰ ਕੋਈ ਗੈਰ ਕਾਨੂੰਨੀ ਗਤੀਵਿਧੀਆਂ ਦੇ ਵਿੱਚ ਕੋਈ ਸ਼ਾਮਿਲ ਹੁੰਦਾ ਤਾਂ ਉਹਦੇ ਖਿਲਾਫ ਸਖਤ ਅਸੀਂ ਐਕਸ਼ਨ ਲੈਂਦੇ ਹਾਂ। ਇਸੇ ਕਾਸੋ ਆਪਰੇਸ਼ਨ ਦੇ ਚਲਦਿਆਂ ਆਦਮਪੁਰ ਦੇ ਰੇਲਵੇ ਸਟੇਸ਼ਨ ਵਿਖੇ ਡੀ ਐਸ ਪੀ ਰਜੀਵ ਕੁਮਾਰ ਆਦਮਪੁਰ ਦੀ ਅਗਵਾਈ ਹੇਠ ਇੱਕ ਵਿਸ਼ੇਸ਼ ਚੈਕਿੰਗ ਅਭਿਮਾਨ ਚਲਾਇਆ ਗਿਆ ਜਿਸ ਵਿੱਚ ਯਾਤਰੀਆਂ ਦੀ ਚੈਕਿੰਗ ਕੀਤੀ ਗਈ। ਇਸ ਮੌਕੇ ਐਸ ਐਸ ਪੀ ਹਰਵਿੰਦਰ ਸਿੰਘ ਵਿਰਕ, ਡੀ ਐਸ ਪੀ ਰਾਜੀਵ ਕੁਮਾਰ, ਥਾਣਾ ਮੁਖੀ ਰਾਮ ਕਿਸ਼ਨ ਪਤਾਰਾ, ਥਾਣਾ ਮੁਖੀ ਆਦਮਪੁਰ, ਏ ਐਸ ਆਈ ਕੁਲਦੀਪ ਕੁਮਾਰ ਚੌਂਕੀ ਜੰਡੂਸਿੰਘਾ ਸਮੇਤ ਪੁਲਸ ਮੁਲਾਜ਼ਮ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

# ਕੁਲਵੰਤ ਸਿੰਘ ਵੱਲੋਂ ਕੱਚੇ ਮਕਾਨ ਪੱਕੇ ਕਰਨ ਲਈ ਇੱਕ ਕਰੋੜ ਰੁਪਏ ਦੇ ਮਨਜ਼ੂਰੀ ਪੱਤਰਾਂ ਦੀ ਵੰਡ

**ਮੋਹਾਲੀ, (ਗੁਰਜੀਤ ਬਿੱਲਾ)**-ਹਲਕਾ ਮੋਹਾਲੀ ਦੇ ਵਿਧਾਇਕ ਕੁਲਵੰਤ ਸਿੰਘ ਵੱਲੋਂ ਕੱਚੇ ਮਕਾਨ ਪੱਕੇ ਕਰਨ ਲਈ ਕਰੀਬ ਇੱਕ ਕਰੋੜ ਰੁਪਏ ਦੇ ਮਨਜ਼ੂਰੀ ਪੱਤਰ ਲਾਭਪਾਤਰੀ ਪਰਵਾਰਾਂ ਨੂੰ ਵੰਡੇ ਗਏ।ਉਨ੍ਹਾਂ ਦੱਸਿਆ ਕਿ ਅੱਜ ਰੰਗਲਾ ਪੰਜਾਬ ਸਕੀਮ ਤਹਿਤ 18 ਪਰਵਾਰਾਂ ਨੂੰ 36 ਲੱਖ ਰੁਪਏ ਅਤੇ ਪ੍ਰਧਾਨ ਮੰਤਰੀ ਅਵਾਸ ਯੋਜਨਾ ਤਹਿਤ 39 ਪਰਿਵਾਰਾਂ ਨੂੰ ਲਗਭੱਗ 64 ਲੱਖ ਰੁਪਏ ਦੀ ਵਿੱਤੀ ਸਹਾਇਤਾ ਦਿੱਤੀ ਗਈ ਹੈ। ਦੋਨਾਂ ਯੋਜਨਾਵਾਂ ਤਹਿਤ ਕੁੱਲ ਰਕਮ ਕਰੀਬ ਇੱਕ ਕਰੋੜ ਰੁਪਏ ਬਣਦੀ ਹੈ।ਵਿਧਾਇਕ ਨੇ ਦੱਸਿਆ ਕਿ ਰੰਗਲਾ ਪੰਜਾਬ ਸਕੀਮ ਅਧੀਨ ਮੋਹਾਲੀ ਹਲਕੇ ਦੇ 32 ਲੋੜਵੰਦ ਪਰਵਾਰਾਂ ਨੂੰ ਕੱਚੇ ਮਕਾਨ ਪੱਕੇ ਕਰਨ ਲਈ ਵਿੱਤੀ ਸਹਾਇਤਾ ਦਿੱਤੀ ਜਾਵੇਗੀ, ਜਿਸ ਵਿੱਚੋਂ 18 ਪਰਵਾਰਾਂ ਨੂੰ 2-2 ਲੱਖ ਰੁਪਏ ਦੇ ਮਨਜ਼ੂਰੀ ਪੱਤਰ ਅੱਜ ਜਾਰੀ ਕੀਤੇ ਗਏ ਹਨ।ਬਾਕੀ ਰਹਿੰਦੇ 14 ਪਰਵਾਰਾਂ ਨੂੰ ਵੀ ਜਲਦ ਹੀ ਇਹ ਸਹਾਇਤਾ ਮੁਹੱਈਆ ਕਰਵਾ ਦਿੱਤੀ ਜਾਵੇਗੀ। ਇਹ ਰਕਮ ਪੰਚਾਇਤ ਦੇ ਖਾਤਿਆਂ ਵਿੱਚ ਤਬਦੀਲ ਕੀਤੀ ਜਾਵੇਗੀ ਅਤੇ ਮਕਾਨਾਂ ਦੀ ਉਸਾਰੀ ਬੀ.ਡੀ.ਪੀ.ਓ. ਦਫ਼ਤਰ ਦੀ ਦੇਖ-ਰੇਖ ਹੇਠ ਕਰਵਾਈ ਜਾਵੇਗੀ।



# ਸੰਸਦ ਮੈਂਬਰ ਡਾ. ਰਾਜ ਨੇ ਬਜਟ 'ਚ ਕਮੀਆਂ ਦਾ ਮੁੱਦਾ ਉਠਾਇਆ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**-ਹੁਸ਼ਿਆਰਪੁਰ ਦੇ ਸੰਸਦ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਨੇ ਸੰਸਦ ਸੈਸ਼ਨ ਦੇ ਸਿਫ਼ਰ ਕਾਲ ਦੌਰਾਨ ਕੇਂਦਰੀ ਬਜਟ 'ਤੇ ਆਪਣੇ ਵਿਚਾਰ ਪ੍ਰਗਟ ਕਰਦੇ ਹੋਏ ਕਿਹਾ ਕਿ ਸਿਹਤ, ਸਿੱਖਿਆ ਅਤੇ ਖੇਤੀਬਾੜੀ ਵਰਗੇ ਮੁੱਖ ਖੇਤਰਾਂ ਨੂੰ ਦੇਸ਼ ਦੀ ਆਰਥਿਕ ਸਮਰੱਥਾ ਦੇ ਅਨੁਸਾਰ ਢੁਕਵੀਂ ਅਲਾਟਮੈਂਟ ਨਹੀਂ ਮਿਲੀ। ਉਨ੍ਹਾਂ ਨੇ ਦੇਸ਼ ਦੀ ਵਿਗੜਦੀ ਸਥਿਤੀ, ਖਾਸ ਕਰਕੇ ਪੰਜਾਬ ਦੇ ਕਿਸਾਨਾਂ ਦੀ ਦੁਰਦਸ਼ਾ 'ਤੇ ਵੀ ਕਵਿਤਾ ਵਿੱਚ ਟਿੱਪਣੀ ਕੀਤੀ, ਪੁੱਛਿਆ, ਸਾਡਾ ਦੇਸ਼ ਕਿੱਥੇ ਜਾ ਰਿਹਾ ਹੈ ? ਬਜਟ 'ਤੇ ਬੋਲਦੇ ਹੋਏ ਡਾ. ਚੱਬੇਵਾਲ ਨੇ ਕਿਹਾ ਕਿ ਭਾਰਤ ਦੇ ਜੀ ਡੀ ਪੀ ਦਾ ਅਨੁਮਾਨ ਲਗਭਗ ?4 ਲੱਖ ਕਰੋੜ ਹੋਣ ਦੇ ਨਾਲ, ਸਿਹਤ ਖੇਤਰ ਨੂੰ ਜੀ ਡੀ ਪੀ ਦਾ ਲਗਭਗ 2.5 ਪ੍ਰਤੀਸ਼ਤ - ਲਗਭਗ ?1 ਲੱਖ ਕਰੋੜ ਮਿਲਣਾ ਚਾਹੀਦਾ ਸੀ। ਉਨ੍ਹਾਂ ਕਿਹਾ ਕਿ ਅਸਲ ਅਲਾਟਮੈਂਟ ਇਸ ਉਮੀਦ ਨਾਲੋਂ ਕਾਫ਼ੀ ਘੱਟ ਹੈ।ਇਸੇ ਤਰ੍ਹਾਂ, ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਦੇਸ਼ ਦੀਆਂ ਵਿਕਾਸ ਤਰਜੀਹਾਂ ਨੂੰ ਧਿਆਨ ਵਿੱਚ ਰੱਖਦੇ ਹੋਏ, ਸਿੱਖਿਆ ਖੇਤਰ ਨੂੰ ਲਗਭਗ ?1.39 ਲੱਖ ਕਰੋੜ ਮਿਲਣੇ ਚਾਹੀਦੇ ਸਨ।ਪੰਜਾਬ ਦੇ ਕਿਸਾਨਾਂ ਦੀਆਂ ਸਮੱਸਿਆਵਾਂ ਨੂੰ ਉਜਾਗਰ ਕਰਦੇ ਹੋਏ ਸੰਸਦ ਮੈਂਬਰ ਨੇ ਵਿੱਤੀ ਸੰਕਟ ਦਾ ਸਾਹਮਣਾ ਕਰ ਰਹੇ ਕਿਸਾਨਾਂ ਲਈ ਪ੍ਰਤੀ ਏਕੜ 7,500 ਰੁਪਏ ਤੋਂ 15,000 ਰੁਪਏ ਤੱਕ ਦੇ ਮੁਆਵਜ਼ੇ ਦੀ ਮੰਗ ਕੀਤੀ। ਉਨ੍ਹਾਂ ਨੇ ਪੰਜਾਬ ਦੇ ਲਗਭਗ 6,000 ਕਰੋੜ ਰੁਪਏ ਦੇ ਜੀ ਐਸ ਟੀ ਨੁਕਸਾਨ ਲਈ ਮੁਆਵਜ਼ੇ ਦੀ ਵੀ ਮੰਗ ਕੀਤੀ। ਡਾ. ਚੱਬੇਵਾਲ ਨੇ ਕੇਂਦਰ ਸਰਕਾਰ ਨੂੰ ਪੰਜਾਬ ਦੇ ਬਕਾਏ ਤੁਰੰਤ ਜਾਰੀ ਕਰਨ ਦੀ ਅਪੀਲ ਕੀਤੀ, ਜਿਸ ਵਿੱਚ ਪੇਂਡੂ ਵਿਕਾਸ ਫੰਡ (ਆਰ ਡੀ ਐਫ) ਅਧੀਨ 7,700 ਕਰੋੜ ਰੁਪਏ ਅਤੇ ਹੜ੍ਹ ਰਾਹਤ ਪੈਕੇਜ ਵਜੋਂ 12,905 ਕਰੋੜ ਰੁਪਏ ਸ਼ਾਮਲ ਹਨ।

# ਪੰਜਾਬ ਤੇ ਮਿਜ਼ੋਰਮ ਬਾਲ ਅਧਿਕਾਰ ਕਮਿਸ਼ਨਾਂ ਵਿਚਾਲੇ ਅਧਿਐਨ ਦੌਰੇ ਦੌਰਾਨ ਅਰਥਪੂਰਨ ਚਰਚਾ

**ਚੰਡੀਗੜ੍ਹ (ਗੁਰਜੀਤ ਬਿੱਲਾ)**

ਬੱਚਿਆਂ ਦੀ ਸੁਰੱਖਿਆ ਅਤੇ ਭਲਾਈ ਲਈ ਮੌਜੂਦਾ ਸੰਵਿਧਾਨਕ ਪ੍ਰਣਾਲੀਆਂ ਨੂੰ ਹੋਰ ਮਜ਼ਬੂਤ ਬਣਾਉਣ ਦੇ ਉਦੇਸ਼ ਨਾਲ ਮਿਜ਼ੋਰਮ ਰਾਜ ਬਾਲ ਅਧਿਕਾਰ ਸੁਰੱਖਿਆ ਕਮਿਸ਼ਨ ਦਾ ਇੱਕ ਵਫਦ ਪੰਜਾਬ ਰਾਜ ਬਾਲ ਅਧਿਕਾਰ ਸੁਰੱਖਿਆ ਕਮਿਸ਼ਨ ਦੇ ਦਫ਼ਤਰ ਦੇ ਅਧਿਐਨ ਦੌਰੇ 'ਤੇ ਪਹੁੰਚਿਆ। ਇਸ ਡੈਲੀਗੇਸ਼ਨ ਵਿੱਚ ਜਿੰਮੀ ਲਾਲਤਲਨਮਾਵੀਆ, ਚੇਅਰਪਰਸਨ; ਦਰਥਾਕੁੰਗਾ, ਮੈਂਬਰ ਅਤੇ ਲਾਲਿਆਨਜ਼ੁਆਲਾ ਚਾਵੰਗਥਾਕ, ਸੁਪਰਡੈਂਟ ਸ਼ਾਮਲ ਸਨ।ਡੈਲੀਗੇਸ਼ਨ ਨੇ ਪੰਜਾਬ ਰਾਜ ਬਾਲ ਅਧਿਕਾਰ ਸੁਰੱਖਿਆ ਕਮਿਸ਼ਨ ਦੀ ਉਪ ਚੇਅਰਪਰਸਨ ਗੁੰਜੀਤ ਰੁਚੀ ਬਾਵਾ ਅਤੇ ਡਿਪਟੀ ਡਾਇਰੈਕਟਰ ਗੁਲਬਹਾਰ ਸਿੰਘ ਤੂਰ ਨਾਲ ਵਿਸਥਾਰਪੂਰਵਕ ਅਤੇ ਅਰਥਪੂਰਨ ਚਰਚਾ ਕੀਤੀ। ਇਸ ਦੌਰਾਨ ਦੋਵੇਂ ਕਮਿਸ਼ਨਾਂ ਵੱਲੋਂ ਆਪਣੀਆਂ ਕਾਰਜ-ਪ੍ਰਣਾਲੀਆਂ, ਪ੍ਰਸ਼ਾਸਨਿਕ ਢਾਂਚਿਆਂ ਅਤੇ ਸਰਵੋਤਮ ਅਭਿਆਸਾਂ ਬਾਰੇ ਵਿਚਾਰ ਸਾਂਝੇ ਕੀਤੇ ਗਏ। ਬਾਲ ਅਧਿਕਾਰ ਸੁਰੱਖਿਆ, ਸ਼ਿਕਾਇਤ ਨਿਵਾਰਣ ਪ੍ਰਣਾਲੀਆਂ, ਹਿੱਸੇਦਾਰਾਂ ਨਾਲ ਸਹਿਯੋਗ ਅਤੇ ਪ੍ਰਭਾਵਸ਼ਾਲੀ ਨੀਤੀ ਲਾਗੂ ਕਰਨ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ।ਮਿਜ਼ੋਰਮ ਡੈਲੀਗੇਸ਼ਨ ਨੇ ਪੰਜਾਬ ਸਰਕਾਰ ਅਤੇ ਪੰਜਾਬ ਬਾਲ ਅਧਿਕਾਰ ਕਮਿਸ਼ਨ ਵੱਲੋਂ ਕੀਤੀਆਂ ਸਾਕਾਰਾਤਮਕ ਪਹਿਲਕਦਮੀਆਂ ਦੀ ਸਰਾਹਨਾ ਕੀਤੀ, ਖਾਸ ਕਰਕੇ ਸੇਫ ਸਕੂਲ ਵਾਹਨ ਸਕੀਮ ਅਤੇ ਹੋਰ ਬਾਲ ਭਲਾਈ ਸੰਬੰਧੀ ਪ੍ਰੋਗਰਾਮਾਂ ਦੀ। ਉਨ੍ਹਾਂ ਨੇ ਇਨ੍ਹਾਂ ਸਫਲ ਪਹਿਲਕਦਮੀਆਂ ਨੂੰ ਮਿਜ਼ੋਰਮ ਵਿੱਚ ਵੀ ਅਪਣਾਉਣ ਅਤੇ ਲਾਗੂ ਕਰਨ ਵਿੱਚ ਰੁਚੀ ਦਿਖਾਈ।ਵਫਦ ਵੱਲੋਂ ਪੰਜਾਬ ਬਾਲ ਅਧਿਕਾਰ ਕਮਿਸ਼ਨ ਨੂੰ ਅਗਲੇ ਪੜਾਅ ਦੇ ਗਿਆਨ ਸਾਂਝੇ ਕਰਨ ਅਤੇ ਸਹਿਯੋਗੀ ਸਿੱਖਣ ਲਈ ਮਿਜ਼ੋਰਮ ਦੌਰੇ ਦਾ ਸੱਦਾ ਵੀ ਦਿੱਤਾ ਗਿਆ।ਦਫ਼ਤਰੀ ਮੀਟਿੰਗ ਤੋਂ ਬਾਅਦ ਡੈਲੀਗੇਸ਼ਨ ਨੇ ਗੁਰ ਆਸਰਾ ਟਰੱਸਟ, ਸੈਕਟਰ 78, ਮੋਹਾਲੀ ਦਾ ਦੌਰਾ ਕਰਕੇ ਜ਼ਮੀਨੀ ਪੱਧਰ 'ਤੇ ਚੱਲ ਰਹੀਆਂ ਪਹਿਲਕਦਮੀਆਂ ਦਾ ਅਧਿਐਨ ਕੀਤਾ ਅਤੇ ਬੱਚਿਆਂ ਦੀ ਦੇਖਭਾਲ ਅਤੇ ਸੁਰੱਖਿਆ ਸੇਵਾਵਾਂ ਬਾਰੇ ਵਿਵਹਾਰਿਕ ਜਾਣਕਾਰੀ ਪ੍ਰਾਪਤ ਕੀਤੀ।ਵਾਈਸ ਚੇਅਰਪਰਸਨ, ਪੰਜਾਬ ਰਾਜ ਬਾਲ ਅਧਿਕਾਰ ਸੁਰੱਖਿਆ ਕਮਿਸ਼ਨ ਗੁੰਜੀਤ ਰੁਚੀ ਬਾਵਾ ਨੇ ਕਿਹਾ, ਇਸ ਤਰ੍ਹਾਂ ਦੇ ਅਧਿਐਨ ਦੌਰੇ ਸਾਨੂੰ ਇਕ-ਦੂਜੇ ਦੇ ਅਨੁਭਵਾਂ ਤੋਂ ਸਿੱਖਣ ਅਤੇ ਆਪਣੀਆਂ ਪ੍ਰਣਾਲੀਆਂ ਨੂੰ ਮਜ਼ਬੂਤ ਬਣਾਉਣ ਵਿੱਚ ਮਦਦ ਕਰਦੇ ਹਨ। ਗਿਆਨ ਸਾਂਝਾ ਕਰਕੇ ਅਤੇ ਇਕੱਠੇ ਕੰਮ ਕਰਕੇ ਅਸੀਂ ਹਰ ਬੱਚੇ ਦੀ ਬਿਹਤਰ ਸੁਰੱਖਿਆ, ਸਨਮਾਨ ਅਤੇ ਸਮੁੱਚੇ ਵਿਕਾਸ ਨੂੰ ਯਕੀਨੀ ਬਣਾ ਸਕਦੇ ਹਾਂ।

# ਛਿੰਝ ਮੇਲਾ ਅਮਿੱਟ ਯਾਦਾਂ ਛੱਡਦਾ ਸਮਾਪਤ

## ਪਟਕੇ ਦੀ ਕੁਸ਼ਤੀ ਦਾਦਾ ਸੇਲਕਾ ਮਹਾਰਾਸ਼ਟਰ ਨੇ ਹਾਦੀ ਈਰਾਨ ਨੂੰ ਚਿੱਤ ਕਰਕੇ ਜਿੱਤੀ

**ਕਾਲਾ ਸੰਘਿਆਂ, (ਮਨਜੀਤ ਮਾਨ)**

ਕਾਲਾ ਸੰਘਿਆਂ ਦਾ ਦੋ ਰੋਜਾ ਸਾਲਾਨਾ ਛਿੰਝ ਮੇਲੇ ਵਿੱਚ ਐਤਕੀਂ ਦਾਦਾ ਸ਼ੇਲਕਾ ਮਹਾਂਰਾਸ਼ਟਰ ਨੇ ਹਾਦੀ ਇਰਾਨ ਨੂੰ ਕਰੀਬ 12 ਮਿੰਟਾਂ ਵਿੱਚ ਚਿੱਤ ਕਰਕੇ ਪਟਕਾ ਜਿੱਤਣ ਦਾ ਮਾਣ ਆਪਣੇ ਨਾਂਅ ਕਰ ਲਿਆ। ਦਾਦਾ ਸ਼ੇਲਕਾ ਮਹਾਂਰਾਸ਼ਟਰ ਨੂੰ ਪਟਕੇ ਦੀ ਕੁਸ਼ਤੀ ਜਿੱਤਣ 'ਤੇ ਪ੍ਰਬੰਧਕ ਕਮੇਟੀ ਵੱਲੋਂ ਗੁਰਪ੍ਰੀਤ ਸਿੰਘ ਸੰਘਾ ਵੱਲੋਂ ਸਪਾਂਸਰ ਬੁਲਿਟ ਮੋਟਰਸਾਈਕਲ ਨਾਲ ਜਿੱਥੇ ਨਿਵਾਜਿਆ ਗਿਆ, ਉੱਥੇ ਹੀ ਪਟਕੇ ਦੀ ਕੁਸ਼ਤੀ ਦੇ ਪਹਿਲਵਾਨਾਂ ਨੂੰ ਕਬੱਡੀ ਦੇ ਬਾਬਾ ਬੋਹੜ ਸਵ. ਮਹਿੰਦਰ ਸਿੰਘ ਮੌੜ ਦੀ ਯਾਦ ਵਿੱਚ 21000 ਰੁਪਏ ਤੇ ਦੋਹਾਂ ਪੰਚਾਇਤਾਂ ਵੱਲੋਂ ਵੀ ਨਕਦ ਇਨਾਮ ਸਨਮਾਨ ਦੇ ਨਾਲ ਨਿਵਾਜਿਆ ਗਿਆ। ਇਸ ਮੌਕੇ ਦੂਸਰੀਆਂ ਹੋਈਆਂ ਪ੍ਰਮੁੱਖ ਕੁਸ਼ਤੀਆਂ 'ਚ ਹਮੀਦ ਇਰਾਨ ਨੇ ਛੋਟਾ ਸੁਦਾਮ ਹੁਸ਼ਿਆਰਪੁਰ ਨੂੰ ਮਾਤ ਦੇ ਕੇ ਆਪਣੀ ਜਿੱਤ ਦਰਜ ਕਰਵਾਈ। ਖੇਡ ਮੇਲੇ ਦੌਰਾਨ ਭਾਈ ਘਨੱਈਆ ਜੀ ਸੇਵਾ ਦਲ ਕਾਲਾ ਸੰਘਿਆਂ ਵੱਲੋਂ ਹਰ ਸਾਲ ਦੀ ਤਰ੍ਹਾਂ ਪਹਿਲਵਾਨਾਂ ਤੇ ਸੰਗਤ ਲਈ ਦੁੱਧ ਦਾ ਲੰਗਰ ਲਗਾਇਆ ਗਿਆ। ਖੇਡ ਮੇਲੇ ਦੌਰਾਨ ਪ੍ਰਸਿੱਧ ਕਮੈਂਟੇਟਰ ਮੰਗਾ ਅਲੀ ਤੇ ਹਰਿੰਦਰ ਰਾਮਪੁਰ ਵੱਲੋਂ ਕਮੈਂਟਰੀ ਦੇ ਫਰਜਾਂ ਨੂੰ ਤੇ ਮੰਚ ਸੰਚਾਲਨ ਦੇ ਫਰਜਾਂ ਨੂੰ ਡਾ. ਪਰਮਜੀਤ ਸਿੰਘ ਪੰਮਾ ਤੇ ਡਾ. ਰਾਮ ਲੁਭਾਇਆ ਵੱਲੋਂ ਬਖ਼ੂਬੀ ਅਦਾ ਕੀਤਾ ਗਿਆ। ਸਫਲਤਾ ਪੂਰਵਕ ਸ਼ਿੰਝ ਮੇਲਾ ਸੰਪਨ ਹੋਣ 'ਤੇ ਛਿੰਝ ਮੇਲਾ ਕਮੇਟੀ ਦੇ ਪ੍ਰਧਾਨ ਪਰਮਜੀਤ ਸਿੰਘ ਬੱਸਣ ਨੇ ਸਮੂਹ ਨਗਰ ਨਿਵਾਸੀਆਂ, ਐਨ ਆਰ ਆਈਜ਼ ਤੇ ਇਲਾਕਾ ਨਿਵਾਸੀ ਦਰਸ਼ਕਾਂ ਨੂੰ ਮੇਲੇ ਦੀ ਵਧਾਈ ਪੇਸ਼ ਕੀਤੀ। ਇਸ ਖੇਡ ਮੇਲੇ ਦਾ ਆਨੰਦ ਮਾਨਣ ਵਾਲੀਆਂ ਪ੍ਰਮੁੱਖ ਸ਼ਖ਼ਸ਼ੀਅਤਾਂ ਵਿੱਚ ਕਾਲਾ ਸੰਘਿਆਂ ਦੇ ਸਰਪੰਚ ਮਨਿੰਦਰਪਾਲ ਸਿੰਘ ਮੰਨਾ ਤੇ ਆਲਮਗੀਰ ਦੇ ਸਰਪੰਚ ਬੀਬੀ ਜਸਵਿੰਦਰ ਕੌਰ ਦੇ ਸਪੁੱਤਰ ਗੁਰਪ੍ਰੀਤ ਸਿੰਘ ਗੋਪੀ, ਜਤਿੰਦਰ ਸਿੰਘ ਤੋਚੀ, ਦਲਜੀਤ ਸਿੰਘ ਮੋਹਣਾ, ਸਰਪੰਚ ਮਨਿੰਦਰਪਾਲ ਸਿੰਘ ਮੰਨਾ, ਗੁਰਪ੍ਰੀਤ ਸਿੰਘ ਗੋਪੀ, ਸੁਰਜਨ ਸਿੰਘ ਚੱਠਾ ਪ੍ਰਧਾਨ ਨੌਰਥ ਇੰਡੀਆ ਕਬੱਡੀ ਫੈਡਰੇਸ਼ਨ, ਕਬੱਡੀ ਦੇ ਨਾਮਵਾਰ ਖਿਡਾਰੀ ਜਤਿੰਦਰ ਸਿੰਘ ਤੋਚੀ ਕਾਲਾ ਸੰਘਿਆਂ ਵੀ ਹਾਜ਼ਰ ਸਨ।



# ਸੁਖਬੀਰ ਸਿੰਘ ਬਾਦਲ ਨੇ ਕੁਲਵੰਤ ਸਿੰਘ ਧੀਰੋਵਾਲ ਤੇ ਪਰਵਾਰ ਨਾਲ ਕੀਤਾ ਦੁੱਖ ਸਾਂਝਾ

**ਆਦਮਪੁਰ (ਪਰਮਜੀਤ ਸਿੰਘ)**

ਆਦਮਪੁਰ ਦੀ ਸਿਆਸਤ ਦੇ ਬਾਬਾ ਬੋਹੜ ਸੀਨੀਅਰ ਅਕਾਲੀ ਆਗੂ ਤੇ ਟਰੱਕ ਯੂਨੀਅਨ ਆਦਮਪੁਰ ਦੇ ਪ੍ਰਧਾਨ ਜਥੇਦਾਰ ਦਲਬੀਰ ਸਿੰਘ ਧੀਰੋਵਾਲ, ਜੋ ਬੀਤੇ ਦਿਨੀਂ ਅਕਾਲ ਚਲਾਣਾ ਕਰ ਗਏ ਸਨ, ਉਨ੍ਹਾਂ ਦੇ ਪੁੱਤਰ ਕੁਲਵੰਤ ਸਿੰਘ ਧੀਰੋਵਾਲ ਪ੍ਰਧਾਨ ਟਰੱਕ ਯੂਨੀਅਨ ਆਦਮਪੁਰ ਤੇ ਪਰਿਵਾਰ ਨਾਲ ਦੁੱਖ ਸਾਂਝਾ ਕਰਨ ਅੱਜ ਉਨ੍ਹਾਂ ਦੇ ਗ੍ਰਹਿ ਪਿੰਡ ਧੀਰੋਵਾਲ ਵਿਖੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ, ਪੰਜਾਬ ਦੇ ਸਾਬਕਾ ਉੱਪ ਮੁੱਖ ਮੰਤਰੀ ਸੁਖਬੀਰ ਸਿੰਘ ਬਾਦਲ ਪਹੁੰਚੇ । ਸੁਖਬੀਰ ਸਿੰਘ ਬਾਦਲ ਨੇ ਜਥੇ. ਦਲਬੀਰ ਸਿੰਘ ਧੀਰੋਵਾਲ ਦੇ ਪੁੱਤਰ ਕੁਲਵੰਤ ਸਿੰਘ ਧੀਰੋਵਾਲ ਨਾਲ ਦੁੱਖ ਸਾਂਝਾ ਕੀਤਾ ਤੇ ਕਿਹਾ ਕਿ ਧੀਰੋਵਾਲ ਪਰਵਾਰ ਦੀ ਆਦਮਪੁਰ ਹਲਕੇ ਨੂੰ ਬਹੁਤ ਵੱਡੀ ਦੇਣ ਹੈ ਕਿਉਂਕਿ ਦਲਬੀਰ ਸਿੰਘ ਧੀਰੋਵਾਲ ਨੇ ਆਪਣੀ ਸਾਰੀ ਜ਼ਿੰਦਗੀ ਵਫਾਦਾਰ ਸਿਪਾਹੀ ਬਣ ਸ਼੍ਰੋਮਣੀ ਅਕਾਲੀ ਦਲ ਦੀ ਇਮਾਨਦਾਰੀ ਨਾਲ ਸੇਵਾ ਕੀਤੀ ਹੈ ਉਨ੍ਹਾਂ ਦੇ ਜਾਣ ਨਾਲ ਪਾਰਟੀ ਨੂੰ ਬਹੁਤ ਵੱਡਾ ਘਾਟਾ ਪਿਆ ਹੈ। ਉਹ ਦੁੱਖ ਦੀ ਘੜੀ 'ਚ ਪਰਿਵਾਰ ਨਾਲ ਖੜ੍ਹੇ ਹਨ। ਪਿਛਲੇ ਡੇਢ ਸਾਲ ਤੋਂ ਆਦਮਪੁਰ 'ਚ ਹਲਕਾ ਇੰਚਾਰਜ ਨਾ ਲਾਉਣ ਦੇ ਪੁੱਛਣ 'ਤੇ ਉਨ੍ਹਾਂ ਕਿਹਾ ਕਿ ਹਲਕੇ ਦੀ ਕਮਾਂਡ, ਜਿਸ ਨੂੰ ਵੀ ਸੌਂਪੀ ਜਾਏਗੀ ਉਹ ਹਲਕੇ ਦੇ ਵਰਕਰਾਂ ਨਾਲ ਸਲਾਹ ਮਸ਼ਵਰਾ ਕਰਕੇ ਹੀ ਕੀਤਾ ਜਾਵੇਗਾ। ਇਸ ਮੌਕੇ ਹਰਿੰਦਰ ਸਿੰਘ ਢੀਂਡਸਾ ਇੰਚਾਰਜ ਜਲੰਧਰ ਹਲਕਾ ਉੱਤਰੀ, ਗੁਰਮੀਤ ਸਿੰਘ ਦਾਦੂਵਾਲ ਸੀਨੀਅਰ ਅਕਾਲੀ ਆਗੂ ਜਥੇਦਾਰ ਗੁਰਦਿਆਲ ਸਿੰਘ ਨਿੱਝਰ, ਜਥੇਦਾਰ ਮਨੋਹਰ ਸਿੰਘ ਡਰੋਲੀ ਕਲਾਂ, ਜਥੇਦਾਰ ਬਲਵਿੰਦਰ ਸਿੰਘ ਕਾਲਰਾ, ਧਰਮਪਾਲ ਲੇਸੜੀਵਾਲ, ਇੰਸਪੈਕਟਰ ਪਰਸ਼ੋਤਮ ਸਿੰਘ ਮਾਣਕੋ, ਅਮਰਜੀਤ ਸਿੰਘ



ਪਧਿਆਣਾ, ਵਿਪਨਦੀਪ ਸਿੰਘ ਸਨੀ ਢਿੱਲੋਂ ਅਲਾਵਲਪੁਰ, ਜਰਨੈਲ ਸਿੰਘ ਡਰੋਲੀ, ਗ੍ਰਹਿ ਵਿਖੇ ਕੁਲਵਿੰਦਰ ਸਿੰਘ ਟੋਨੀ, ਮੈਂਬਰਾਂ ਨਾਲ ਦਲਜੀਤ ਸਿੰਘ ਭੱਟੀ, ਨਿੱਝਰ, ਗੁਰਮਿੰਦਰ ਸਿੰਘ ਕਿਸ਼ਨਪੁਰ, ਕੰਦੋਲਾ, ਤੀਰਥ ਰਾਮ ਪੰਡੋਰੀ ਨਿੱਝਰਾਂ, ਬਲਦੇਵ ਸਿੰਘ ਸਾਬਕਾ ਸਰਪੰਚ, ਗੁਰਵਿੰਦਰ ਸਿੰਘ ਪੰਡੋਰੀ ਨਿੱਝਰਾਂ, ਅੰਮ੍ਰਿਤ ਪਾਲ ਸਿੰਘ ਨੰਗਲ ਰੰਧਾਵਾ, ਹਰਮਿੰਦਰ ਸਿੰਘ ਸਰਪੰਚ ਕਾਲਰਾ, ਗੁਰਦੇਵ ਸਿੰਘ ਲਵਲੀ, ਰਜਿੰਦਰ ਸਿੰਘ ਸੰਘਾ, ਨੰਬੜਦਾਰ ਬਰਜਿੰਦਰ ਸਿੰਘ ਮੰਟੀ, ਕੁਲਜੀਤ ਸਿੰਘ ਰੰਧਾਵਾ, ਗੁਰਜੋਤ ਸਿੰਘ ਰੰਧਾਵਾ, ਜਸਵੰਤ ਸਿੰਘ ਰੰਧਾਵਾ, ਗਗਨ ਬੁੱਟਰ ਤੇ ਹੋਰ ਅਕਾਲੀ ਵਰਕਰ ਹਾਜ਼ਰ ਸਨ।

16 Feb Page 10.qxd 2/15/2026 9:32 PM Page 1



# 81.80 ਕਰੋੜ ਨਾਲ ਰਾਜਿੰਦਰਾ ਹਸਪਤਾਲ 'ਚ ਬਣੇਗਾ 256 ਬੈੱਡਾਂ ਵਾਲਾ ਅਧੁਨਿਕ ਟਰੋਮਾ ਸੈਂਟਰ : ਡਾ. ਬਲਬੀਰ ਸਿੰਘ

**56 ਲੱਖ ਨਾਲ ਬਣ ਰਿਹੈ ਸੈਂਟਰਲ ਫੈਸਿਲਟੀ ਸੈਂਟਰ, ਨਵੇਂ ਰਿਹਾਇਸ਼ੀ ਹੋਸਟਲ ਲਈ 13.53 ਕਰੋੜ ਦੀ ਰਕਮ ਜਾਰੀ**

**ਪਟਿਆਲਾ (ਰਾਜਿੰਦਰ ਸਿੰਘ ਥਿੰਦ)** ਪੰਜਾਬ ਦੇ ਸਿਹਤ ਖੇਤਰ ਲਈ ਅੱਜ ਇੱਕ ਨਵਾਂ ਇਤਿਹਾਸਿਕ ਕਦਮ ਚੁੱਕਦਿਆਂ ਤੇ ਸੂਬੇ ਦੇ ਸਰਕਾਰੀ ਸਿਹਤ ਢਾਂਚੇ ਨੂੰ ਹੋਰ ਮਜ਼ਬੂਤ ਬਣਾਉਂਦਿਆਂ ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਰਾਜਿੰਦਰਾ ਹਸਪਤਾਲ ਵਿਖੇ 81 ਕਰੋੜ 80 ਲੱਖ ਰੁਪਏ ਦੀ ਲਾਗਤ ਨਾਲ 256 ਬੈੱਡਾਂ ਦੀ ਸਮਰੱਥਾ ਵਾਲੇ ਆਧੁਨਿਕ ਟ੍ਰੋਮਾ ਸੈਂਟਰ ਦਾ ਉਦਘਾਟਨ ਕੀਤਾ।ਇਹ ਟ੍ਰੋਮਾ ਸੈਂਟਰ ਗੰਭੀਰ ਹਾਦਸਿਆਂ ਤੇ ਐਮਰਜੈਂਸੀ ਮਾਮਲਿਆਂ ਵਿੱਚ ਮਰੀਜ਼ਾਂ ਲਈ ਜੀਵਨ-ਰੱਖਿਆ ਸਾਬਿਤ ਹੋਵੇਗਾ। ਇਸ ਮੌਕੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਕਿ ਸਰਕਾਰ ਲੋਕਾਂ ਨੂੰ ਉੱਚ-ਪੱਧਰੀ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ।ਉਨ੍ਹਾਂ ਦੱਸਿਆ ਕਿ ਇਹ ਨਵੀਂ ਇਮਾਰਤ ਪੂਰੀ ਤਰ੍ਹਾਂ ਕੇਂਦਰੀ ਏਅਰ ਕੰਡੀਸ਼ਨ ਪ੍ਰਣਾਲੀ ਨਾਲ ਲੈਸ ਹੋਏਗੀ ਤੇ ਟ੍ਰੋਮਾ ਸੈਂਟਰ ਵਿੱਚ ਆਧੁਨਿਕ ਮੈਡੀਕਲ ਉਪਕਰਣ ਸਥਾਪਤ ਕੀਤੇ ਜਾਣਗੇ।ਹੁਣ ਕਿਸੇ ਵੀ ਗੰਭੀਰ ਮਰੀਜ਼ ਨੂੰ ਵੈਂਟੀਲੇਟਰ ਦੀ ਘਾਟ ਕਾਰਨ



ਵਾਪਸ ਨਹੀਂ ਮੋੜਨਾ ਪਵੇਗਾ।ਸਿਹਤ ਮੰਤਰੀ ਨੇ ਕਿਹਾ ਕਿ ਇਸ ਪ੍ਰਾਜੈਕਟ ਨਾਲ ਨਾ ਸਿਰਫ ਪਟਿਆਲਾ, ਸਗੋਂ ਆਸ-ਪਾਸ ਦੇ ਜ਼ਿਲ੍ਹਿਆਂ ਦੇ ਲੋਕਾਂ ਨੂੰ ਵੀ ਤੁਰੰਤ ਤੇ ਮਿਆਰੀ ਇਲਾਜ ਦੀ ਸਹੂਲਤ ਮਿਲੇਗੀ।ਟ੍ਰੋਮਾ ਸੈਂਟਰ ਦੇ ਚਾਲੂ ਹੋਣ ਨਾਲ ਐਮਰਜੈਂਸੀ ਸੇਵਾਵਾਂ ਦੀ ਗੁਣਵੱਤਾ ਵਿੱਚ ਵੱਡਾ ਸੁਧਾਰ ਆਵੇਗਾ ਤੇ ਜਾਨਾਂ ਬਚਾਉਣ ਦੀ ਸੰਭਾਵਨਾ ਵਧੇਗੀ। ਇਸ ਦੇ ਨਾਲ ਹੀ ਮਰੀਜ਼ਾਂ ਦੀ ਸੁਵਿਧਾ ਲਈ 56 ਲੱਖ ਰੁਪਏ ਦੀ ਲਾਗਤ ਨਾਲ ਇੱਕ ਨਵਾਂ ਸੈਂਟਰਲ ਫੈਸਿਲਟੀ ਸੈਂਟਰ ਵੀ ਤਿਆਰ ਕੀਤਾ ਜਾ ਰਿਹਾ ਹੈ।ਇਸ ਕੇਂਦਰ ਵਿੱਚ ਬਿਲਿੰਗ ਸੈਕਸ਼ਨ, ਐਡਮਿਸ਼ਨ ਸੈਕਸ਼ਨ ਤੇ ਮਿਨੀ ਲੈਬੋਰਟਰੀ ਦੀ ਸਹੂਲਤ ਹੋਵੇਗੀ।ਐਮਰਜੈਂਸੀ ਵਿੱਚ ਦਾਖਲ ਮਰੀਜ਼ਾਂ ਲਈ ਜ਼ਰੂਰੀ ਲੈਬ ਟੈਸਟ ਤੁਰੰਤ ਉਪਲਬਧ ਹੋਣਗੇ, ਜਿਸ ਨਾਲ ਇਲਾਜ ਵਿੱਚ ਦੇਰੀ ਨਹੀਂ ਆਵੇਗੀ।ਇਹ ਉਪਰਾਲਾ ਮਰੀਜ਼ਾਂ ਅਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਦੀ ਸਹੂਲਤ ਨੂੰ ਧਿਆਨ ਵਿੱਚ ਰੱਖ ਕੇ ਕੀਤਾ ਗਿਆ ਹੈ।ਇਸ ਦੇ ਨਾਲ ਹੀ ਉਨ੍ਹਾਂ ਜੂਨੀਅਰ ਰਿਹਾਇਸ਼ੀ ਡਾਕਟਰਾਂ ਲਈ ਹੋਸਟਲ ਦੇ ਨਿਰਮਾਣ ਵਾਸਤੇ 13 ਕਰੋੜ 53 ਲੱਖ ਰੁਪਏ ਦੇ ਵਿਕਾਸ ਕਾਰਜ ਜਾਰੀ ਕੀਤੇ।ਇਸ ਮੌਕੇ ਉਨ੍ਹਾਂ ਨਾਲ ਮੈਡੀਕਲ ਸੁਪਰਡੈਂਟ ਡਾ. ਵਿਸ਼ਾਲ ਚੋਪੜਾ, ਸੁਪਰਡੈਂਟ ਸਰਕਾਰੀ ਰਾਜਿੰਦਰਾ ਹਸਪਤਾਲ ਡਾ. ਸੀਬੀਆ ਤੋਂ ਇਲਾਵਾ ਸਿਹਤ ਵਿਭਾਗ ਦੇ ਅਧਿਕਾਰੀ ਮੌਜੂਦ ਸਨ।

# ਪੰਜਾਬ ਸਖੀ ਸ਼ਕਤੀ ਮੇਲਾ ਸਫਲਤਾ-ਪੂਰਵਕ ਸੰਪੰਨ

**ਫਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**- ਪੰਜਾਬ ਸਰਕਾਰ ਦੇ ਯਤਨਾਂ ਸਦਕਾ ਜ਼ਿਲ੍ਹਾ ਪ੍ਰਸ਼ਾਸਨ ਫਤਹਿਗੜ੍ਹ ਸਾਹਿਬ ਵੱਲੋਂ ਪੰਜਾਬ ਸਖੀ ਸ਼ਕਤੀ ਮੇਲਾ ਆਮ ਖਾਸ ਬਾਗ ਸਰਹਿੰਦ ਵਿਖੇ 10 ਤੋਂ 13 ਫਰਵਰੀ ਤੱਕ ਕਰਵਾਇਆ ਗਿਆ।ਮੇਲੇ ਦੇ ਆਖੀਰਲੇ ਦਿਨ ਵੱਡੀ ਗਿਣਤੀ ਵਿੱਚ ਵੱਖ-ਵੱਖ ਜ਼ਿਲ੍ਹਿਆਂ ਵਿੱਚੋਂ ਸ਼ਿਲਕਾਰ ਤੇ ਸੈੱਲਫ਼ ਹੈੱਲਪ ਗਰੁੱਪ ਤੇ ਸ਼ਿਲਪਕਾਰ ਆਪਣੇ ਉਤਪਾਦ ਲੈ ਕੇ ਸ਼ਾਮਲ ਹੋਏ ਸਨ, ਜਿਨ੍ਹਾਂ ਵਿੱਚ ਕਸ਼ਮੀਰ ਦੀਆਂ ਖਾਣ-ਪੀਣ ਦੀਆਂ ਵਸਤਾਂ ਸਮੇਤ, ਕੱਪੜੇ ਤੇ ਫਰਨੀਚਰ ਦੀਆਂ ਸਟਾਲਾਂ ਦਾ ਜ਼ਿਲ੍ਹਾ ਵਾਸੀਆਂ ਨੇ ਖਰੀਦਦਾਰੀ ਦੇ ਨਾਲ





ਨਾਲ ਮੇਲੇ ਦਾ ਆਨੰਦ ਮਾਣਿਆ। ਸੁਰਿੰਦਰ ਧਾਲੀਵਾਲ ਨੇ ਦੱਸਿਆ ਕਿ ਜਿਹੜੀਆਂ ਔਰਤਾਂ ਪਿੰਡਾਂ ਵਿੱਚ ਘਰਾਂ ਵਿੱਚ ਬੈਠ ਕੇ ਹੱਥੀਂ ਕਲਾਕਾਰੀ ਦਾ ਕੰਮ ਕਰਦੀਆਂ ਹਨ, ਉਨ੍ਹਾਂ ਲਈ ਇਹ ਮੇਲਾ ਆਪਣਾ ਹੁਨਰ ਦਿਖਾਉਣ ਲਈ ਬਹੁਤ ਵਧੀਆ ਰਿਹਾ, ਜਿਸ ਦਾ ਫਾਈਦਾ ਹੱਥੀ ਕੰਮ ਕਰਨ ਵਾਲੀਆਂ ਔਰਤਾਂ ਨੇ ਉਠਾਇਆ।ਉਨ੍ਹਾਂ ਕਿਹਾ ਕਿ ਇਸ ਮੇਲੇ ਦੇ ਅਖੀਰਲੇ ਦਿਨ ਲੋਕਾਂ ਦਾ ਭਾਰੀ ਇੱਕਠ ਤੇ ਉਤਸ਼ਾਹ ਦੇਖਣ ਨੂੰ ਮਿਲਿਆ।ਇਸ ਮੇਲੇ ਵਿੱਚ ਲੋਕਾਂ ਨੂੰ ਆਪਣੇ ਕਿੱਤਿਆਂ ਨੂੰ ਹੋਰ ਨਿਖਾਰਨ ਲਈ ਸੁਝਾਅ ਵੀ ਮਿਲੇ।ਇਸ ਮੌਕੇ ਸਕੂਲੀ ਵਿਦਿਆਰਥੀਆਂ ਨੇ ਪੰਜਾਬ ਦੇ ਸੱਭਿਆਚਾਰ ਦੀਆਂ ਵੱਖ ਵੱਖ ਵੰਨਗੀਆਂ ਪੇਸ਼ ਕੀਤੀਆਂ। ਜ਼ਿਲ੍ਹਾ ਵਾਸੀਆਂ ਨੇ ਮੇਲੇ ਦਾ ਆਨੰਦ ਮਾਣਿਆ ਤੇ ਇਹ ਮੇਲਾ ਅਮਿੱਟ ਯਾਦਾਂ ਛੱਡਦਾ ਹੋਇਆ ਸਫਲਤਾਪੂਰਵਕ ਸੰਪੰਨ ਹੋਇਆ। ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸੁਰਿੰਦਰ ਸਿੰਘ ਧਾਲੀਵਾਲ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਇਸ ਮੇਲੇ ਲਈ ਬਹੁਤ ਵਧੀਆ ਪ੍ਰਬੰਧ ਕੀਤੇ ਗਏ ਸਨ, ਜਿਸ ਸਦਕਾ ਪੰਜਾਬ ਸਖੀ ਸ਼ਕਤੀ ਮੇਲਾ ਆਪਣੇ ਸਿਖਰ 'ਤੇ ਪਹੁੰਚਿਆ।ਇਸ ਮੇਲੇ ਵਿੱਚ ਜਿੱਥੇ ਸੂਬੇ ਦੇ

# ਸਰਬ-ਸੰਮਤੀ ਨਾਲ ਚੁਣੀਆਂ ਪੰਚਾਇਤਾਂ ਨੂੰ ਪੰਜ-ਪੰਜ ਲੱਖ ਦੇ ਗਰਾਂਟ ਦੇ ਸੈਕਸ਼ਨ ਪੱਤਰ ਸੌਂਪੇ

**ਬੁਢਲਾਡਾ (ਅਸ਼ੋਕ ਲਾਕੜਾ)**- ਹਲਕਾ ਵਿਧਾਇਕ ਪ੍ਰਿੰਸੀਪਲ ਬੁੱਧ ਰਾਮ ਵੱਲੋਂ ਸਰਬ-ਸੰਮਤੀ ਨਾਲ ਚੁਣੀਆਂ ਗਈਆਂ ਪੰਚਾਇਤਾਂ ਨੂੰ ਪੰਜ-ਪੰਜ ਲੱਖ ਰੁਪਏ ਦੀ ਗਰਾਂਟ ਦੇ ਸੈਕਸ਼ਨ ਲੈਟਰ ਸੌਂਪੇ ਗਏ। ਵਿਧਾਇਕ ਬੁੱਧ ਰਾਮ ਨੇ ਦੱਸਿਆ ਗਿਆ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਲੋਕਾਂ ਨਾਲ ਕੀਤੇ ਹਰ ਵਾਅਦੇ ਨੂੰ ਪੂਰਾ ਕੀਤਾ ਜਾ ਰਿਹਾ ਹੈ, ਜਿਸ ਤਹਿਤ ਸਰਬ-ਸੰਮਤੀ ਨਾਲ ਚੁਣੀਆਂ ਗਈਆਂ ਪੰਚਾਇਤਾਂ ਬੀਰੇ ਵਾਲਾ ਡੋਗਰਾ, ਚੱਕ ਅਲੀ ਸ਼ੇਰ, ਤਾਲਬ ਵਾਲਾ, ਸਮਪਾਲੀ ਤੇ ਖੀਵਾ ਮੀਹਾਂ ਸਿੰਘ ਵਾਲਾ ਨੂੰ ਪੰਜ-ਪੰਜ ਲੱਖ ਰੁਪਏ ਦੀ ਗਰਾਂਟ ਜਾਰੀ ਕੀਤੀ ਗਈ ਹੈ।ਉਨ੍ਹਾਂ ਦੱਸਿਆ ਕਿ ਮਾਨ ਸਰਕਾਰ ਪਿੰਡਾਂ ਦੇ ਵਿਕਾਸ ਲਈ ਹਮੇਸ਼ਾ ਹੀ ਮੋਹਰੀ ਰਹੀ ਹੈ।ਇਸ ਤੋਂ ਪਹਿਲਾਂ ਵੀ ਪੰਜ ਪਿੰਡ ਰਾਮਗੜ੍ਹ, ਦਰੀਆਪੁਰ ਕਲਾਂ, ਜੁਗਲਾਣ, ਗੁਰਨੇ ਖੁਰਦ ਤੇ ਅਚਾਨਕ ਨੂੰ ਵੀ ਪੰਜ-ਪੰਜ ਲੱਖ ਰੁਪਏ ਦੀ ਗਰਾਂਟ ਜਾਰੀ ਕੀਤੀ ਜਾ ਚੁੱਕੀ ਹੈ।ਇਸ ਮੌਕੇ ਸਰਪੰਚ ਬਿਕਰਮਜੀਤ ਸਿੰਘ ਸਮਪਾਲੀ, ਸਰਪੰਚ ਸਰੋਜਪਾਲ ਕੌਰ ਬੀਰੇ ਵਾਲਾ ਡੋਗਰਾ, ਬਿੰਦਰ ਸਿੰਘ ਨੰਬਰਦਾਰ ਬੀਰੇ ਵਾਲਾ ਡੋਗਰਾ, ਸਰਪੰਚ ਬੱਲਮ ਸਿੰਘ ਚੱਕ ਅਲੀ ਸ਼ੇਰ, ਸਰਪੰਚ ਤਾਲਬ ਵਾਲਾ ਤੇ ਨਿਰਮਲ ਸਿੰਘ ਖੀਵਾ ਮੀਹਾਂ ਸਿੰਘ ਵਾਲਾ ਤੋਂ ਇਲਾਵਾ ਇਨ੍ਹਾਂ ਪਿੰਡਾਂ ਦੇ ਪੰਚ ਤੇ ਮੋਹਤਬਰ ਵਿਅਕਤੀ ਹਾਜ਼ਰ ਸਨ।



# ਅਧਿਆਪਕਾ ਮਮਤਾ ਰਾਣੀ ਸੂਬਾ ਪੱਧਰੀ ਅਧਿਆਪਕ ਫੈਸਟ 'ਚ ਅੱਵਲ

**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**- ਸਕੂਲ ਸਿੱਖਿਆ ਵਿਭਾਗ ਪੰਜਾਬ ਵੱਲੋਂ ਸ੍ਰੀ ਬਾਬਾ ਬੰਦਾ ਸਿੰਘ ਬਹਾਦਰ ਇੰਜਨੀਅਰ ਕਾਲਜ ਫਤਿਹਗੜ੍ਹ ਸਾਹਿਬ ਵਿਖੇ ਸੂਬਾ ਪੱਧਰੀ ਅਧਿਆਪਕ ਫੈਸਟ 2025-26 'ਚ ਜ਼ਿਲ੍ਹਾ ਸੰਗਰੂਰ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ, ਜ਼ਿਲ੍ਹਾ ਸਿੱਖਿਆ ਅਧਿਕਾਰੀ ਸੈਕੰਡਰੀ ਤਰਵਿੰਦਰ ਕੌਰ ਦੀ ਅਗਵਾਈ ਤੇ ਮਾਰਗ ਦਰਸ਼ਕ 'ਚ ਸੰਗਰੂਰ ਦੀ ਟੀਮ ਨੇ ਰਾਜ ਪੱਧਰੀ ਉਪਲਬਧੀਆਂ ਹਾਸਲ ਕੀਤੀਆਂ। ਇਸ ਮੌਕੇ ਸੁਨਾਮ ਦੇ ਪੀ ਐੱਮ ਸ਼੍ਰੀ ਸਰਕਾਰੀ ਸੀਨੀਅਰ ਸੈਕੰਡਰੀ





ਸਕੂਲ (ਲੜਕੀਆਂ) ਦੀ ਕਾਮਰਸ ਲੈਕਚਰਾਰ ਮਮਤਾ ਰਾਣੀ ਨੇ ਸਿੱਖਿਆ ਨੂੰ ਸੌਖੇ ਤੇ ਪ੍ਰਭਾਵੀ ਬਣਾਉਣ ਵਾਲੀ ਸਪੈਸ਼ਲਲਾਈਜ਼ ਕਿੱਟ 'ਚ ਸੂਬੇ ਭਰ 'ਚ ਪਹਿਲਾ ਸਥਾਨ ਪ੍ਰਾਪਤ ਕੀਤਾ।ਉਨ੍ਹਾਂ ਨੂੰ ਰਾਜ ਪੱਧਰੀ ਸਮਾਗਮ ਵਿੱਚ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।

# ਬਿਜਲੀ ਗਰਿੱਡ ਕੁਲਾਰਾਂ ਵਿਖੇ ਸੁਖਮਨੀ ਸਾਹਿਬ ਦੇ ਪਾਠ ਕਰਵਾਏ

**ਸਮਾਣਾ (ਇਕਬਾਲ ਸਿੰਘ ਬੱਲ)**- ਸਮੂਹ ਗਰਿੱਡ ਤੇ ਫੀਲਡ ਸਟਾਫ 66 ਕੇ ਵੀ ਗਰਿੱਡ ਕੁਲਾਰਾਂ ਦੇ ਸਮੂਹ ਮੁਲਾਜ਼ਮਾਂ ਵੱਲੋਂ ਕੁਲਾਰਾਂ 66 ਕੇ ਵੀ ਗਰਿੱਡ ਵਿਖੇ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਕਰਵਾਏ ਗਏ।ਇਸ ਮੌਕੇ ਮੁਲਾਜ਼ਮਾਂ ਨੇ ਦੱਸਿਆ ਕਿ ਉਹ ਸਰਬੱਤ ਦੇ ਭਲੇ ਲਈ ਹਰ ਸਾਲ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਓਟ ਆਸਰਾ ਲੈਂਦੇ ਹਨ ਤਾਂ ਕਿ ਸਮਾਜ ਵਿੱਚ ਕੋਈ ਅਣਸੁਖਾਵੀਂ ਘਟਨਾ ਨਾ ਵਾਪਰੇ। ਇਸ ਸਾਲ ਵੀ ਹਾੜ੍ਹੀ ਦੇ ਸੀਜ਼ਨ ਨੂੰ ਮੁੱਖ ਰੱਖਦਿਆਂ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਆਸ਼ੀਰਵਾਦ ਲਿਆ ਹੈ। ਸੁਖਮਨੀ ਸਾਹਿਬ ਦੇ ਪਾਠ ਕਰਵਾਏ ਗਏ ਹਨ ਤਾਂ ਜੋ ਹਾੜ੍ਹੀ



ਦੀ ਫਸਲ ਦਰਮਿਆਨ ਕਿਸੇ ਵੀ ਕਿਤੇ ਵੀ ਅਣਸੁਖਾਵੀਂ ਘਟਨਾ ਨਾ ਵਾਪਰੇ।ਬਿਜਲੀ ਬੋਰਡ ਦੇ ਸਾਰੇ ਫੀਲਡ ਮੁਲਾਜ਼ਮ ਤੇ ਕਰਮਚਾਰੀ ਸੁਰੱਖਿਅਤ ਸੇਵਾਵਾਂ ਪ੍ਰਦਾਨ ਕਰਦੇ ਰਹਿਣ।ਇਸ ਮੌਕੇ ਭਾਈ ਜਗਜੀਤ ਸਿੰਘ ਦੇ ਜਥੇ ਨੇ ਰਸਭਿੰਨਾ ਕੀਰਤਨ ਕੀਤਾ ਤੇ ਉਨ੍ਹਾਂ ਸੰਗਤਾਂ ਨੂੰ ਗੁਰੂ ਗ੍ਰੰਥ ਸਾਹਿਬ ਨਾਲ ਜੋੜਨ ਲਈ ਪ੍ਰੇਰਣਾ ਦਿੱਤੀ।ਇਸ ਮੌਕੇ ਇਲਾਕੇ ਦੇ ਸਮੂਹ ਅਧਿਕਾਰੀ ਤੇ ਕਰਮਚਾਰੀ, ਪੰਚ, ਸਰਪੰਚ, ਕਿਸਾਨ ਯੂਨੀਅਨਾਂ ਤੇ ਸੰਗਤਾਂ ਵੱਡੀ ਗਿਣਤੀ ਵਿੱਚ ਹਾਜ਼ਰ ਸਨ।ਇਸ ਮੌਕੇ ਗੁਰੂ ਜੀ ਦਾ ਅਤੁੱਟ ਲੰਗਰ ਵਰਤਾਇਆ ਗਿਆ।

# ਰਾਏ ਨੇ ਸੜਕ ਦੇ ਨਵੀਨੀਕਰਨ ਦਾ ਕੰਮ ਸ਼ੁਰੂ ਕਰਵਾਇਆ

**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**- ਫ਼ਤਹਿਗੜ੍ਹ ਸਾਹਿਬ ਦੇ ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ ਵੱਲੋਂ ਸਰਹਿੰਦ-ਪਟਿਆਲਾ ਰੋਡ ਤੋਂ ਸੇਹਰਾ ਸੇਹਰੀ ਤੱਕ ਬਣਨ ਵਾਲੀ 10.18 ਕਿਲੋਮੀਟਰ ਸੜਕ ਦੇ ਨਵੀਨੀਕਰਨ ਦਾ ਕੰਮ ਸ਼ੁਰੂ ਕਰਵਾਇਆ ਗਿਆ।ਇਸ ਸੜਕ ਦੇ ਬਣਨ ਨਾਲ ਜਿੱਥੇ ਰਾਜਪੁਰਾ ਬਹਾਦਰਗੜ੍ਹ ਜਾਣ ਵਾਲੇ ਰਾਹਗੀਰਾਂ ਨੂੰ ਆਸਾਨੀ ਹੋਵੇਗੀ, ਉੱਥੇ ਹੀ ਇਲਾਕੇ ਦੇ ਲੋਕਾਂ ਨੂੰ ਵੀ ਆਉਣ-ਜਾਣ ਵਿੱਚ ਸੌਖ ਹੋਵੇਗੀ।ਵਿਧਾਇਕ ਲਖਬੀਰ ਸਿੰਘ ਰਾਏ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਹਲਕੇ ਦਾ ਸਰਬਪੱਖੀ ਵਿਕਾਸ ਕਰਵਾਇਆ ਜਾ ਰਿਹਾ ਹੈ, ਜਿੱਥੇ ਸੂਬੇ ਨੂੰ ਰੰਗਲਾ ਪੰਜਾਬ ਬਣਾਉਣ ਲਈ ਸਿੱਖਿਆ ਕ੍ਰਾਂਤੀ ਦਾ ਕੰਮ ਵੱਡੇ ਪੱਧਰ 'ਤੇ ਚਲਾਇਆ ਜਾ ਰਿਹਾ ਹੈ, ਉੱਥੇ ਹੀ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦੇ ਕਾਰਡ ਬਣਾ ਕੇ ਲੋਕਾਂ ਨੂੰ ਇਲਾਜ ਵਿੱਚ ਵੱਡੀ ਰਾਹਤ ਦਿੱਤੀ ਜਾ ਰਹੀ ਹੈ।ਪੰਜਾਬ ਸਰਕਾਰ ਵੱਲੋਂ ਸੂਬੇ ਦੀਆਂ ਸੜਕਾਂ ਨੂੰ ਨਵੀਆਂ ਬਣਾਉਣ ਦੇ ਲਈ ਕੰਮ ਜੰਗੀ ਪੱਧਰ 'ਤੇ ਜਾਰੀ ਹੈ।ਇਸੇ ਦੇ ਤਹਿਤ ਅੱਜ ਪਟਿਆਲਾ ਸਰਹਿੰਦ ਰੋਡ ਤੋਂ ਸੇਹਰਾ ਸੇਹਰੀ (ਵਾਇਆ ਨਲੀਨੀ, ਮੂਲੇਪੁਰ ਸੈਪਲਪੁਰ, ਮੁਹੰਮਦੀਪੁਰ) ਸੜਕ ਦੇ ਨਵੀਨੀਕਰਨ ਦਾ ਕੰਮ ਸ਼ੁਰੂ ਕਰਵਾਇਆ ਗਿਆ ਹੈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਜ਼ਿਲਾ ਪਰਿਸ਼ਦ ਮੈਂਬਰ ਬਲਜਿੰਦਰ ਸਿੰਘ, ਬਲਾਕ ਸੰਮਤੀ ਮੈਂਬਰ ਹਰਮੇਸ਼ ਸਿੰਘ ਛੰਨਾ, ਸਰਪੰਚ ਰਾਜਦੀਪ ਰਾਜੂ, ਸਰਪੰਚ ਅਰਸ਼ਦੀਪ ਸ਼ਰਮਾ, ਸਰਪੰਚ ਗੁਰਦੀਪ ਲਾਲਾ, ਸਾਬਕਾ ਸਰਪੰਚ ਸ਼ਿੰਗਾਰਾ ਸਿੰਘ ਨਲੀਨੀ, ਮੂਲੇਪੁਰ ਦੇ ਸਰਪੰਚ ਦਿਲਦਾਰ ਮੁਹੰਮਦ, ਬੱਗਾ ਨਲੀਨੀ, ਗੁਰਪ੍ਰੀਤ ਭਿੰਡਰ, ਬਹਾਦਰ ਖਾਨ ਦਫਤਰ ਸਕੱਤਰ, ਹਰਭਜਨ ਸਿੰਘ, ਦਰਸ਼ਨ ਸਿੰਘ ਪੰਡਰਾਲੀ, ਲਖਵਿੰਦਰ ਸਿੰਘ ਜਾਗੋ, ਜੋਤੀ ਸਾਧੂਗੜ, ਬਲਵਿੰਦਰ ਸਰਪੰਚ ਨੌਲਖਾ, ਹਾਕਮ ਸਿੰਘ ਮੂਲੇਪੁਰ ਆਦਿ ਹਾਜ਼ਰ ਸਨ।



# ਸੁਖਾਨੰਦ ਦੀ ਅਗਵਾਈ ਹੇਠ ਹਲਕੇ 'ਚ ਤੇਜ਼ੀ ਨਾਲ ਹੋ ਰਿਹੈ ਸਰਬਪੱਖੀ ਵਿਕਾਸ : ਕੌਂਸਲਰ

**ਬਾਘਾ ਪੁਰਾਣਾ (ਮਨੀ ਸਿੰਗਲਾ)**- ਬਾਘਾ ਪੁਰਾਣਾ ਹਲਕੇ ਵਿੱਚ ਵਿਕਾਸ ਕਾਰਜਾਂ ਨੂੰ ਨਵੀਂ ਰਫ਼ਤਾਰ ਮਿਲੀ ਹੋਈ ਹੈ ਤੇ ਲੋਕ-ਹਿੱਤ ਨਾਲ ਜੁੜੀਆਂ ਯੋਜਨਾਵਾਂ ਨੂੰ ਪਾਰਦਰਸ਼ੀ ਢੰਗ ਨਾਲ ਲਾਗੂ ਕੀਤਾ ਜਾ ਰਿਹਾ ਹੈ।ਇਹ ਗੱਲ ਸਮਾਜ ਸੇਵੀ ਤੇ ਕੌਂਸਲਰ ਮਨਦੀਪ ਕੱਕੜ ਅਤੇ ਕੌਂਸਲਰ ਧਰਮਿੰਦਰ ਸਿੰਘ ਰੱਖਰਾ ਨੇ ਸਾਂਝੇ ਤੌਰ 'ਤੇ ਕਹੀ।ਉਨ੍ਹਾਂ ਦੱਸਿਆ ਕਿ ਹਲਕੇ ਦੇ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਦੀ ਅਗਵਾਈ ਹੇਠ ਹਲਕੇ ਦਾ ਸਰਬੱਖੀ ਵਿਕਾਸ ਯਕੀਨੀ ਬਣਾਇਆ ਜਾ ਰਿਹਾ ਹੈ।ਕੌਂਸਲਰ ਮਨਦੀਪ ਕੱਕੜ ਨੇ ਕਿਹਾ ਕਿ ਪਿਛਲੇ ਕੁਝ ਸਮੇਂ ਦੌਰਾਨ ਹਲਕੇ ਵਿੱਚ ਸੜਕਾਂ, ਨਾਲੀਆਂ, ਸਟ੍ਰੀਟ ਲਾਈਟਾਂ, ਪਾਣੀ ਸਪਲਾਈ ਤੇ ਸਾਫ਼-ਸਫ਼ਾਈ ਵਰਗੇ ਮੁੱਢਲੇ ਢਾਂਚਾਗਤ ਵਿਕਾਸ ਕੰਮ ਤੇਜ਼ੀ ਨਾਲ ਹੋਏ ਹਨ।ਉਨ੍ਹਾਂ ਦੱਸਿਆ ਕਿ ਵਿਕਾਸ ਕਾਰਜਾਂ ਵਿੱਚ ਕਿਸੇ ਕਿਸਮ ਦੀ ਪਾਰਟੀਬਾਜ਼ੀ ਨਹੀਂ ਕੀਤੀ ਜਾ ਰਹੀ ਤੇ ਹਰ ਵਾਰਡ ਨੂੰ ਬਰਾਬਰੀ ਦੇ ਅਧਿਕਾਰ ਨਾਲ ਸੁਵਿਧਾਵਾਂ ਦਿੱਤੀਆਂ ਜਾ ਰਹੀਆਂ ਹਨ।ਕੌਂਸਲਰ ਧਰਮਿੰਦਰ ਸਿੰਘ ਰੱਖਰਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ 10 ਲੱਖ ਰੁਪਏ ਤੱਕ ਦੀ ਸਿਹਤ ਬੀਮਾ ਕਵਰੇਜ ਵਾਲੀ ਯੋਜਨਾ ਤਹਿਤ ਬਣਾਏ ਜਾ ਰਹੇ ਸਿਹਤ ਬੀਮਾ ਕਾਰਡ ਵੀ ਬਿਨਾਂ ਕਿਸੇ ਭੇਦਭਾਵ ਦੇ ਲੋਕਾਂ ਤੱਕ ਪਹੁੰਚਾਏ ਜਾ ਰਹੇ ਹਨ।ਉਨ੍ਹਾਂ ਆਖਿਆ ਕਿ ਕੈਂਪਾਂ ਦੌਰਾਨ ਹਰ ਵਰਗ ਦੇ ਲੋਕਾਂ ਦੇ ਕਾਰਡ ਬਣਾਏ ਜਾ ਰਹੇ ਹਨ ਤੇ ਕਿਸੇ ਨਾਲ ਵੀ ਪਾਰਟੀ ਆਧਾਰ 'ਤੇ ਕੋਈ ਭੇਦਭਾਵ ਨਹੀਂ ਕੀਤਾ ਜਾ ਰਿਹਾ। ਦੋਵਾਂ ਕੌਂਸਲਰਾਂ ਨੇ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਵੀ ਹਲਕੇ 'ਚ ਹੋਰ ਵੱਡੇ ਵਿਕਾਸ ਪ੍ਰੋਜੈਕਟ ਲਿਆਂਦੇ ਜਾਣਗੇ, ਤਾਂ ਜੋ ਬਾਘਾ ਪੁਰਾਣਾ ਨੂੰ ਇੱਕ ਮਾਡਲ ਹਲਕੇ ਵਜੋਂ ਵਿਕਸਤ ਕੀਤਾ ਜਾ ਸਕੇ।ਅੰਤ ਵਿੱਚ ਦੋਵਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਸਰਕਾਰ ਦੀਆਂ ਲੋਕ-ਹਿੱਤ ਯੋਜਨਾਵਾਂ ਦਾ ਲਾਭ ਲੈਣ ਤੇ ਵਿਕਾਸ ਦੀ ਇਸ ਯਾਤਰਾ ਵਿੱਚ ਸਹਿਯੋਗ ਦੇਣ।



# ਬਸਪਾ 'ਪੰਜਾਬ ਸੰਭਾਲੋ' ਮੁਹਿੰਮ ਤਹਿਤ ਹਰ ਪਿੰਡ 'ਚ ਯੂਨਿਟ ਕਾਇਮ ਕਰੇਗੀ : ਗੁਰਪ੍ਰੀਤ ਮੂੰਮ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**- ਬਹੁਜਨ ਸਮਾਜ ਪਾਰਟੀ ਦੇ ਸੂਬਾਈ ਪ੍ਰਧਾਨ ਅਵਤਾਰ ਸਿੰਘ ਕਰੀਮਪੁਰੀ ਦੇ ਦਿਸ਼ਾ ਨਿਰਦੇਸ਼ ਅਨੁਸਾਰ ਪੰਜਾਬ ਭਰ ਅੰਦਰ ਸ਼ੁਰੂ ਕੀਤੀ 'ਪੰਜਾਬ ਸੰਭਾਲੋ' ਮੁਹਿੰਮ ਤਹਿਤ ਸੂਬੇ ਅੰਦਰ ਪਿੰਡ ਪਿੰਡ ਬਸਪਾ ਇਕਾਈਆਂ ਦਾ ਗਠਨ ਕਰਕੇ ਹਰ ਵਰਗ ਦੇ ਲੋਕਾਂ ਖਾਸ ਤੌਰ 'ਤੇ ਨੌਜਵਾਨ ਵਰਗ ਨੂੰ ਸਮਾਜ ਸੇਵੀ ਕਾਰਜਾਂ ਪ੍ਰਤੀ ਲਾਮਬੰਦ ਕੀਤਾ ਜਾ ਰਿਹਾ ਹੈ।ਇਹ ਜਾਣਕਾਰੀ ਬਹੁਜਨ ਸਮਾਜ ਪਾਰਟੀ ਦੇ ਕੋਆਰਡੀਨੇਟਰ ਗੁਰਪ੍ਰੀਤ ਸਿੰਘ ਮੂੰਮ ਨੇ ਗੱਲਬਾਤ ਦੌਰਾਨ ਦਿੱਤੀ।ਉਨ੍ਹਾਂ ਦੱਸਿਆ ਕਿ ਬਸਪਾ ਜ਼ਿਲ੍ਹਾ ਬਰਨਾਲਾ ਦੇ ਪ੍ਰਧਾਨ ਸਰਬਜੀਤ ਸਿੰਘ ਖੇੜੀ ਦੀ ਅਗਵਾਈ ਹੇਠ ਸਾਰੇ ਪਿੰਡਾਂ ਅੰਦਰ ਪੰਜਾਬ ਸੰਭਾਲੋ ਮੁਹਿੰਮ ਤਹਿਤ ਬਸਪਾ ਯੂਨਿਟ ਕਾਇਮ ਕਰਕੇ ਆ ਰਹੀਆਂ ਵਿਧਾਨ ਸਭਾ ਚੋਣਾਂ ਦੀਆਂ ਤਿਆਰੀਆਂ ਹੁਣੇ ਤੋਂ ਹੀ ਸ਼ੁਰੂ ਕਰਨ ਲਈ ਡਿਊਟੀਆਂ ਵੰਡ ਕੇ ਜ਼ਿੰਮੇਵਾਰੀ ਸੌਂਪੀ ਜਾ ਰਹੀ ਹੈ। ਉਨ੍ਹਾਂ ਸੂਬਾ ਸਰਕਾਰ ਨੂੰ ਹਰ ਮੁਹਾਜ਼ 'ਤੇ ਫੇਲ੍ਹ ਕਰਾਰ ਦਿੰਦਿਆਂ ਕਿਹਾ ਕਿ ਇਸ ਸਰਕਾਰ ਦੇ ਰਾਜ ਪ੍ਰਬੰਧ ਦੌਰਾਨ ਆਪਣੀਆਂ ਭਖਦੀਆਂ ਮੰਗਾਂ ਲਈ ਸੰਘਰਸ਼ ਕਰ ਰਹੇ ਲੋਕਾਂ ਉੱਪਰ ਜਬਰ ਦਾ ਕੁਹਾੜਾ ਤੇਜ਼ ਹੋਇਆ ਹੈ।ਇਸ ਧੱਕੇਸ਼ਾਹੀ ਖਿਲਾਫ ਮੂੰਹ ਤੋੜਵਾਂ ਜੁਆਬ ਦੇਣ ਲਈ ਸਮੂਹ ਲੋਕਾਂ ਨੂੰ ਬਸਪਾ ਦੇ ਝੰਡੇ ਹੇਠ ਲਾਮਬੰਦ ਹੋਣਾ ਸਮੇਂ ਦੀ ਮੁੱਖ ਲੋੜ ਹੈ।

# ਸੋਢੀ ਇਲੈਕਟ੍ਰੋ ਹੋਮਿਉਪੈਥਿਕ ਸੈਂਟਰ ਤਲਵੰਡੀ ਸਾਬੋ ਦਾ ਉਦਘਾਟਨ

**ਮੋਗਾ (ਇਕਬਾਲ ਸਿੰਘ ਖਹਿਰਾ)**- ਡਾ ਗੁਰਪ੍ਰੀਤ ਸਿੰਘ ਦੇ ਨਵੇਂ ਕਲੀਨਿਕ 'ਸੋਢੀ ਇਲੈਕਟ੍ਰੋ ਹੋਮਿਉਪੈਥਿਕ ਸੈਂਟਰ' ਤਲਵੰਡੀ ਸਾਬੋ ਦਾ ਉਦਘਾਟਨ ਇਲੈਕਟ੍ਰੋ ਹੋਮਿਓਪੈਥਿਕ ਡਾਕਟਰਜ਼ ਮੈਡੀਕਲ ਐਸੋਸੀਏਸ਼ਨ ਦੇ ਚੇਅਰਮੈਨ ਡਾ. ਜਗਤਾਰ ਸਿੰਘ ਸੇਖੋਂ, ਡਾ. ਕਮਲਜੀਤ ਕੌਰ ਸੇਖੋਂ, ਡਾ. ਜਗਜੀਤ ਸਿੰਘ ਗਿੱਲ, ਡਾ. ਜਗਮੋਹਣ ਸਿੰਘ ਧੂੜਕੋਟ, ਡਾ. ਐੱਸ ਕੇ ਕਟਾਰੀਆ ਦੀ ਰਹਿਨੁਮਾਈ ਹੇਠ ਕੀਤਾ ਗਿਆ।ਇਸ ਸਮੇਂ ਗੱਲਬਾਤ ਕਰਦਿਆਂ ਐਸੋਸੀਏਸ਼ਨ ਦੇ ਚੇਅਰਮੈਨ ਡਾ. ਜਗਤਾਰ ਸਿੰਘ ਸੇਖੋਂ ਨੇ ਕਿਹਾ ਕਿ ਕੁਦਰਤੀ ਪੌਦਿਆਂ ਦੇ ਅਰਕ ਤੋਂ ਤਿਆਰ ਦਵਾਈਆਂ ਦਾ ਕੋਈ ਸਾਈਡ ਇਫੈਕਟ ਨਹੀਂ ਹੁੰਦਾ, ਇਹ ਪੂਰੀ ਤਰ੍ਹਾਂ ਸੁਰੱਖਿਅਤ ਹਨ।ਇਸ ਸਮੇਂ ਡਾ. ਰਾਜੇਸ਼ ਕੁਮਾਰ, ਡਾ. ਅੰਮ੍ਰਿਤਪਾਲ ਸਿੰਘ, ਡਾ. ਮਨਦੀਪ ਸਿੰਘ, ਡਾ. ਰਾਮੇਸ਼ ਕੁਮਾਰ, ਡਾ. ਨਵਦੀਪ ਸਿੰਘ ਆਦਿ ਹਾਜ਼ਰ ਸਨ।



# ਭਾਕਿਯੂ ਸਿੱਧੂਪੁਰ ਦੀ ਬਲਾਕ ਪੱਧਰੀ ਮੀਟਿੰਗ 'ਚ ਅਹਿਮ ਵਿਚਾਰਾਂ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**- ਭਾਰਤੀ ਕਿਸਾਨ ਯੂਨੀਅਨ ਸਿੱਧੂਪੁਰ ਦੀ ਬਲਾਕ ਪੱਧਰੀ ਮੀਟਿੰਗ ਇਤਿਹਾਸਕ ਗੁਰਦੁਆਰਾ ਸਾਹਿਬ ਛੇਵੀਂ ਪਾਤਸ਼ਾਹੀ ਮਹਿਲ ਕਲਾਂ ਵਿਖੇ ਹੋਈ। ਇਸ ਮੌਕੇ ਕਰਨੈਲ ਸਿੰਘ ਗਾਂਧੀ, ਨਛੱਤਰ ਸਿੰਘ ਸਹੌਰ, ਗਿਆਨ ਸਿੰਘ ਬਾਜਵਾ, ਸੁਖਵਿੰਦਰ ਸਿੰਘ ਖਿਆਲੀ, ਜਗਪਾਲ ਸਿੰਘ ਸਹਿਜੜਾ ਨੇ ਦੱਸਿਆ ਕਿ ਜਥੇਬੰਦੀ ਦੇ ਸੂਬਾ ਪ੍ਰਧਾਨ ਜਗਜੀਤ ਸਿੰਘ ਡੱਲੇਵਾਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਕੰਨਿਆ ਕੁਮਾਰੀ ਤੋਂ ਜੰਮੂ ਕਸ਼ਮੀਰ ਤੱਕ ਚੱਲ ਰਹੀ ਕਿਸਾਨ ਯਾਤਰਾ ਇੱਕ ਮਾਰਚ ਤੋਂ ਚਾਰ ਮਾਰਚ ਤੱਕ ਪੰਜਾਬ ਵਿੱਚ ਪਹੁੰਚੇਗੀ, ਜਿਸ ਦਾ ਵੱਖ-ਵੱਖ ਥਾਵਾਂ 'ਤੇ ਜ਼ੋਰਦਾਰ ਸਵਾਗਤ ਕੀਤਾ ਜਾਵੇਗਾ।ਉਨ੍ਹਾਂ ਦੱਸਿਆ ਕਿ ਇਹ ਯਾਤਰਾ 19 ਮਾਰਚ ਨੂੰ ਦਿੱਲੀ ਦੇ ਰਾਮਲੀਲਾ ਗਰਾਊਂਡ ਵਿੱਚ ਸਮਾਪਤ ਹੋਵੇਗੀ, ਜਿੱਥੇ ਦੇਸ਼ ਭਰ ਤੋਂ ਲੱਖਾਂ ਦੀ ਗਿਣਤੀ ਵਿੱਚ ਕਿਸਾਨ ਕਾਫਲਿਆਂ ਸਮੇਤ ਸ਼ਮੂਲੀਅਤ ਕਰਨਗੇ।ਮੀਟਿੰਗ ਦੌਰਾਨ ਆਗੂਆਂ ਨੇ ਕਿਹਾ ਕਿ ਲੰਮੇ ਸਮੇਂ ਤੋਂ ਖੇਤੀਬਾੜੀ ਖੇਤਰ ਨੂੰ ਅਣਦੇਖਿਆ ਕੀਤਾ ਜਾ ਰਿਹਾ ਹੈ, ਜਿਸ ਕਾਰਨ ਕਿਸਾਨ ਕਰਜ਼ੇ ਤੇ ਆਰਥਿਕ ਸੰਕਟ ਵਿੱਚ ਫਸੇ ਹੋਏ ਹਨ।ਉਨ੍ਹਾਂ ਕਿਹਾ ਕਿ ਕੋਵਿਡ ਦੌਰਾਨ ਵੀ ਖੇਤੀਬਾੜੀ ਨੇ ਦੇਸ਼ ਦੀ ਆਰਥਿਕਤਾ ਨੂੰ ਸੰਭਾਲਿਆ, ਇਸ ਲਈ ਕਿਸਾਨਾਂ ਲਈ ਪੱਕੀ ਨੀਤੀ ਬਣਾਉਣੀ ਲਾਜ਼ਮੀ ਹੈ।ਆਗੂਆਂ ਨੇ ਕਿਹਾ ਕਿ ਮੌਸਮੀ ਤਬਦੀਲੀ ਕਾਰਨ ਹੋ ਰਹੇ ਨੁਕਸਾਨ ਲਈ ਕੌਮੀ ਨੀਤੀ ਬਣਾਈ ਜਾਵੇ ਤੇ ਫਸਲ ਬੀਮਾ ਯੋਜਨਾ ਵਿੱਚ ਕਿਸਾਨ ਹਿਤੈਸ਼ੀ ਸੋਧ ਕੀਤੇ ਜਾਣ।ਬਿਜਲੀ ਦੀਆਂ ਹਾਈ ਟੈਂਸ਼ਨ ਲਾਈਨਾਂ ਲਈ ਮਾਰਕੀਟ ਮੁੱਲ ਤੋਂ ਚਾਰ ਗੁਣਾ ਮੁਆਵਜ਼ਾ ਦੇਣ ਤੇ ਬੀਜ ਤੇ ਬਿਜਲੀ ਸੋਧ ਬਿੱਲ ਕਿਸਾਨਾਂ ਦੀ ਸਹਿਮਤੀ ਬਿਨਾਂ ਲਾਗੂ ਨਾ ਕਰਨ ਦੀ ਮੰਗ ਵੀ ਰੱਖੀ ਗਈ।ਇਸ ਮੌਕੇ ਯਾਦਵਿੰਦਰ ਸਿੰਘ ਚੁਹਾਣਕੇ, ਦਰਸ਼ਨ ਸਿੰਘ ਗੰਗੋਹਰ, ਗੁਰਮੇਲ ਸਿੰਘ ਭੁੱਲਰ, ਗੁਰਚਰਨ ਸਿੰਘ ਕਲਾਲਾ ਆਦਿ ਹਾਜ਼ਰ ਸਨ।



# ਪਿੰਡਾਂ 'ਚ ਨੌਜਵਾਨ ਭਾਰਤ ਸਭਾ ਦਾ ਵਿਸਥਾਰ ਜਾਰੀ

**● ਅੱਜ ਮੋਗਾ 'ਚ ਹੋਵੇਗਾ ਜ਼ਿਲ੍ਹਾ ਪੱਧਰੀ ਅਜਲਾਸ**



**ਮੋਗਾ (ਇਕਬਾਲ ਸਿੰਘ ਖਹਿਰਾ)**- ਨੌਜਵਾਨ ਭਾਰਤ ਸਭਾ ਵੱਲੋਂ ਪਿੰਡ ਮਹਿਣਾ ਤੇ ਮੱਦੋਕੇ ਵਿਖੇ ਨੌਜਵਾਨਾਂ ਦੀ ਮੀਟਿੰਗ ਕਰਕੇ ਕਮੇਟੀਆਂ ਦੀ ਚੋਣ ਕੀਤੀ ਗਈ।ਪਿੰਡ ਮਹਿਣਾ ਵਿਖੇ ਨੌਜਵਾਨ ਭਾਰਤ ਸਭਾ ਦੀ 9 ਮੈਂਬਰੀ ਚੁਣੀ ਗਈ।ਬੂਟਾ ਸਿੰਘ ਨੂੰ ਪ੍ਰਧਾਨ, ਜਗਦੀਸ਼ ਸਿੰਘ ਨੂੰ ਸਕੱਤਰ, ਜਗਤ ਸਿੰਘ ਨੂੰ ਮੀਤ ਪ੍ਰਧਾਨ, ਨੰਦ ਸਿੰਘ ਨੂੰ ਖਜ਼ਾਨਚੀ ਤੇ ਬਲਦੇਵ ਸਿੰਘ ਆਦਿ ਨੂੰ ਮੈਂਬਰ ਚੁਣਿਆ ਗਿਆ।ਪਿੰਡ ਮੱਦੋਕੇ ਵਿਖੇ 13 ਮੈਂਬਰੀ ਐਡਹਾਕ ਕਮੇਟੀ ਚੁਣੀ ਗਈ।ਦਿਲਬਾਗ ਸਿੰਘ ਨੂੰ ਕਨਵੀਨਰ ਚੁਣਿਆ ਗਿਆ।ਗੁਰਮੀਤ ਸਿੰਘ, ਕਮਲ, ਅੰਮ੍ਰਿਤ ਸਿੰਘ, ਜਸ਼ਨਪਰੀਤ ਸਿੰਘ, ਸਤਨਾਮ ਸਿੰਘ, ਹੈਪੀ, ਬਲਜੀਤ ਸਿੰਘ, ਸਦੁਰਾਜ ਸਿੰਘ, ਮੱਗਰ ਸਿੰਘ, ਗਗਨਦੀਪ ਸਿੰਘ ਨੂੰ ਮੈਂਬਰ ਚੁਣਿਆ ਗਿਆ।ਨੌਜਵਾਨ ਭਾਰਤ ਸਭਾ ਵੱਲੋਂ 16 ਫਰਵਰੀ ਨੂੰ ਜ਼ਿਲ੍ਹਾ ਅਜਲਾਸ ਸੁਤੰਤਰਤਾ ਸੈਨਾਨੀ ਹਾਲ ਮੋਗਾ ਵਿਖੇ ਹੋ ਰਿਹਾ ਹੈ। ਨੌਜਵਾਨ ਭਾਰਤ ਸਭਾ ਦੇ ਸੂਬਾ ਮੀਤ ਪ੍ਰਧਾਨ ਕਰਮਜੀਤ ਮਾਣੂੰਕੇ, ਜ਼ਿਲ੍ਹਾ ਪ੍ਰਧਾਨ ਰਾਜਦੀਪ ਸਿੰਘ, ਜ਼ਿਲ੍ਹਾ ਸਕੱਤਰ ਬ੍ਰਿਜ ਰਾਜਿਆਣਾ ਨੇ ਦੱਸਿਆ ਕਿ ਨੌਜਵਾਨਾਂ ਦਰਪੇਸ਼ ਸਮੱਸਿਆ ਬੇਰੁਜ਼ਗਾਰੀ ਕਰਕੇ ਨਸ਼ਾ, ਗੈਂਗਸਟਰ ਵਾਦ ਦਾ ਸ਼ਿਕਾਰ ਹਨ।ਰੁਜ਼ਗਾਰ ਖਾਤਰ ਹੀ ਮਜਬੂਰੀ ਵੱਸ ਵਿਦੇਸ਼ਾਂ ਨੂੰ ਪ੍ਰਵਾਸ ਹੋ ਰਿਹਾ ਹੈ।ਸਾਡੇ ਜੁਝਾਰੂ ਵਿਰਸੇ ਤੋਂ ਸੇਧ ਲੈ ਕੇ ਇਨ੍ਹਾਂ ਸਮੱਸਿਆਵਾਂ ਖਿਲਾਫ ਨੌਜਵਾਨ ਲਹਿਰ ਖੜੀ ਕਰਨੀ ਜ਼ਰੂਰੀ ਹੈ।ਨੌਜਵਾਨ ਭਾਰਤ ਸਭਾ ਜੁਝਾਰੂ ਵਿਰਸੇ ਦੀਆਂ ਗਵਾਹ ਇਤਿਹਾਸਕ ਇਮਾਰਤਾਂ ਦੀ ਸੰਭਾਲ ਲਈ ਲਾਮਬੰਦੀ ਕਰ ਰਹੀ ਹੈ।ਉਨ੍ਹਾਂ ਵੱਧ ਤੋਂ ਵੱਧ ਨੌਜਵਾਨਾਂ ਨੂੰ ਨੌਜਵਾਨ ਭਾਰਤ ਸਭਾ ਨਾਲ ਜੁੜਨ ਦਾ ਸੁਨੇਹਾ ਦਿੱਤਾ।

# ਸਾਬਕਾ ਪੱਤਰਕਾਰ ਲਾਪਤਾ, ਪਰਵਾਰ ਪ੍ਰੇਸ਼ਾਨ

**ਭਗਤਾ ਭਾਈ ਕਾ (ਰਾਜੀਵ ਗੋਇਲ)** ਨੇੜਲੇ ਪਿੰਡ ਹਮੀਰਗੜ੍ਹ ਦੇ ਵਸਨੀਕ ਤੇ ਇੱਕ ਪੰਜਾਬੀ ਅਖਬਾਰ ਦੇ ਸਾਬਕਾ ਪੱਤਰਕਾਰ ਦੀਪਕ ਸ਼ਰਮਾ ਦੇ ਅਚਾਨਕ ਲਾਪਤਾ ਹੋਣ ਨਾਲ ਪਿੰਡ ਤੇ ਇਲਾਕੇ ਵਿੱਚ ਸਨਸਨੀ ਫੈਲ ਗਈ ਹੈ ਅਤੇ ਪਰਵਾਰ ਪ੍ਰੇਸ਼ਾਨੀ ਦੇ ਆਲਮ ਵਿੱਚੋਂ ਗੁਜ਼ਰਦਾ ਹੋਇਆ ਜਿੱਥੇ ਪ੍ਰਸ਼ਾਸਨ ਨੂੰ ਮਦਦ ਦੀ ਗੁਹਾਰ ਲਗਾ ਰਿਹਾ ਹੈ, ਉੱਥੇ ਹੀ ਲਾਪਤਾ ਪੱਤਰਕਾਰ ਨੂੰ ਲੱਭਣ ਲਈ ਦਰ-ਦਰ ਦੀਆਂ ਠੋਕਰਾਂ ਖਾ ਰਿਹਾ ਹੈ।ਪਰਵਾਰਕ ਮੈਂਬਰਾਂ ਦੇ ਦੱਸਣ ਮੁਤਾਬਿਕ ਬੀਤੀ 9 ਫਰਵਰੀ ਦੀ ਸ਼ਾਮ ਕਰੀਬ 4 ਵਜੇ ਪੱਤਰਕਾਰ ਦੀਪਕ ਸ਼ਰਮਾ ਘਰੋਂ ਗਿਆ, ਜਿਸ ਤੋਂ ਬਾਅਦ ਉਹ ਘਰ ਨਹੀਂ ਪਰਤਿਆ ਤੇ ਮੋਬਾਇਲ ਫੋਨ ਵੀ ਬੰਦ ਆ ਰਿਹਾ ਹੈ।ਫਿਲਹਾਲ ਪਰਵਾਰ ਵੱਲੋਂ ਥਾਣਾ ਭਗਤਾ ਭਾਈ ਕਾ ਵਿਖੇ ਸੰਪਰਕ ਕਰਕੇ ਪੱਤਰਕਾਰ ਨੂੰ ਲੱਭਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ।



# ਮਹਾਂ-ਸ਼ਿਵਰਾਤਰੀ ਦੇ ਸੰਬੰਧ 'ਚ ਲਗਾਇਆ ਲੰਗਰ

**ਕੋਟ ਈਸੇ ਖਾਂ (ਅਰੋੜਾ)**- ਸਥਾਨਕ ਕਸਬੇ ਦੀ ਪੁਰਾਣੀ ਨਾਮਵਰ ਧਾਰਮਿਕ ਸੰਸਥਾ ਸ੍ਰੀ ਸੀਤਲਾ ਮਾਤਾ ਲੰਗਰ ਕਮੇਟੀ (ਰਜਿ:) ਕੋਟ ਈਸੇ ਖਾਂ ਵੱਲੋਂ ਸ੍ਰੀ ਸ਼ਿਵ ਸ਼ਕਤੀ ਮੰਦਰ ਦਾਤਾ ਰੋਡ ਤੇ ਮਹਾ- ਸ਼ਿਵਰਾਤਰੀ ਦੇ ਸਬੰਧ 'ਚ ਪੂੜੀਆਂ, ਛੋਲੇ, ਕੜਾਹ ਪ੍ਰਸ਼ਾਦ ਆਦਿ ਦਾ ਲੰਗਰ ਬੜੀ ਸ਼ਰਧਾ ਨਾਲ ਲਗਾਇਆ ਗਿਆ।ਇਸ ਮੌਕੇ ਹੋਰ ਜਾਣਕਾਰੀ ਦਿੰਦੇ ਹੋਏ ਲੰਗਰ ਕਮੇਟੀ ਦੇ ਸੇਵਾਦਾਰਾਂ ਨੇ ਦੱਸਿਆ ਕਿ ਲੰਗਰ ਕਮੇਟੀ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਮਹਾ-ਸ਼ਿਵਰਾਤਰੀ ਦੇ ਸਬੰਧ ਵਿੱਚ ਸ਼ਿਵਰਾਤਰੀ ਤੋਂ ਇੱਕ ਦਿਨ ਪਹਿਲਾਂ ਸ੍ਰੀ ਸ਼ਿਵ ਸ਼ਕਤੀ ਮੰਦਰ ਵਿੱਚ ਪੂੜੀਆਂ ਛੋਲੇ ਆਦਿ ਦਾ ਲੰਗਰ ਲਗਾਇਆ ਜਾਂਦਾ ਹੈ।ਉਨ੍ਹਾਂ ਕਿਹਾ ਕਿ ਇਸ ਦੇ ਨਾਲ ਹੀ ਅੱਜ ਮਹਾਂ ਸ਼ਿਵਰਾਤਰੀ ਵਾਲੇ ਦਿਨ ਚਾਰ ਪਹਿਰ ਦੀ ਪੂਜਾ ਵੀ ਕੀਤੀ ਗਈ, ਜਿਸ ਵਿੱਚ ਪਹਿਲੀ ਪੂਜਾ ਸਵੇਰੇ ਸ਼ੁਰੂ ਹੋਈ।ਉਨ੍ਹਾਂ ਕਿਹਾ ਕਿ ਸ੍ਰੀ ਸ਼ੀਤਲਾ ਮਾਤਾ ਲੰਗਰ ਕਮੇਟੀ (ਰਜਿ:) ਕੋਟ ਈਸੇ ਖਾਂ ਵੱਲੋਂ ਇਲਾਕਾ ਨਿਵਾਸੀਆਂ ਦੇ ਸਹਿਯੋਗ ਨਾਲ ਹਰ ਸਾਲ ਸਾਉਣ ਦੇ ਮਹੀਨੇ ਵਿੱਚ ਹਿਮਾਚਲ ਪ੍ਰਦੇਸ਼ ਵਿੱਚ ਮਾਤਾ ਸ਼ੀਤਲਾ ਜੀ ਦੇ ਦਰਬਾਰ 'ਤੇ ਸਾਲਾਨਾ ਲੰਗਰ ਵੀ ਲਗਾਇਆ ਜਾਂਦਾ ਹੈ।ਉਨ੍ਹਾਂ ਕਿਹਾ ਕਿ ਇਸ ਮੌਕੇ ਸ੍ਰੀ ਸ਼ੀਤਲਾ ਮਾਤਾ ਲੰਗਰ ਕਮੇਟੀ ਦੇ ਸਮੂਹ ਸੇਵਾਦਾਰ, ਮੁਹਤਬਰ ਤੇ ਪਤਵੰਤੇ ਹਾਜ਼ਰ ਸਨ।



# ਹੋਲੀ ਹਾਰਟ ਸਕੂਲ 'ਚ ਦਇਆਨੰਦ ਸਰਸਵਤੀ ਜਯੰਤੀ ਮਨਾਈ

**ਅਜੀਤਵਾਲ (ਨਛੱਤਰ ਸੰਧੂ)**- ਇਲਾਕੇ ਦੀ ਪ੍ਰਸਿੱਧ ਵਿੱਦਿਅਕ ਸੰਸਥਾ ਹੋਲੀ ਹਾਰਟ ਸਕੂਲ ਅਜੀਤਵਾਲ ਵਿਖੇ ਮਹਾਨ ਸਮਾਜ ਸੁਧਾਰਕ, ਦਰਸ਼ਨਿਕ ਤੇ ਆਰਿਆ ਸਮਾਜ ਦੇ ਸੰਸਥਾਪਕ ਸਵਾਮੀ ਦਇਆਨੰਦ ਸਰਸਵਤੀ ਦੀ ਜਯੰਤੀ ਬੜੀ ਹੀ ਸ਼ਰਧਾ, ਉਤਸ਼ਾਹ ਤੇ ਸਿੱਖਿਆਤਮਕ ਮਾਹੌਲ ਵਿੱਚ ਮਨਾਈ ਗਈ।ਇਸ ਸਮਾਗਮ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਸਵਾਮੀ ਜੀ ਦੇ ਜੀਵਨ, ਉਨ੍ਹਾਂ ਦੇ ਉੱਚ ਵਿਚਾਰਾਂ ਤੇ ਸਮਾਜ ਲਈ ਕੀਤੇ ਮਹਾਨ ਯੋਗਦਾਨ ਬਾਰੇ ਜਾਣੂ ਕਰਵਾਉਣਾ ਸੀ।ਸਮਾਗਮ ਦੀ ਸ਼ੁਰੂਆਤ ਸਵਾਮੀ ਦਇਆਨੰਦ ਸਰਸਵਤੀ ਜੀ ਦੇ ਚਿੱਤਰ ਅੱਗੇ ਫੁੱਲ ਅਰਪਣ ਕਰਕੇ ਤੇ ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕਰਕੇ ਕੀਤੀ ਗਈ।ਇਸ ਮੌਕੇ ਸਕੂਲ ਦੇ ਅਧਿਆਪਕਾਂ ਵੱਲੋਂ ਵਿਦਿਆਰਥੀਆਂ ਨੂੰ ਦੱਸਿਆ ਗਿਆ ਕਿ ਸਵਾਮੀ ਜੀ ਨੇ ਆਪਣੇ ਸਮੇਂ ਵਿੱਚ ਸਮਾਜ ਵਿੱਚ ਫੈਲੀਆਂ ਬੁਰਾਈਆਂ, ਅੰਧਵਿਸ਼ਵਾਸ ਅਤੇ ਕੁਰੀਤੀਆਂ ਦਾ ਡਟ ਕੇ ਵਿਰੋਧ ਕੀਤਾ ਅਤੇ ਲੋਕਾਂ ਨੂੰ ਸੱਚਾਈ, ਸਿੱਖਿਆ ਅਤੇ ਨੈਤਿਕਤਾ ਦੇ ਰਸਤੇ ਤੇ ਚਲਣ ਦੀ ਪ੍ਰੇਰਣਾ ਦਿੱਤੀ। ਸਮਾਗਮ ਦੌਰਾਨ ਵਿਦਿਆਰਥੀਆਂ ਵੱਲੋਂ ਭਾਸ਼ਣ, ਕਵਿਤਾਵਾਂ ਤੇ ਵਿਚਾਰ ਪੇਸ਼ ਵੀ ਕੀਤੇ ਗਏ। ਬੱਚਿਆਂ ਨੇ ਸਵਾਮੀ ਜੀ ਦੇ ਜੀਵਨ ਤੋਂ ਪ੍ਰੇਰਿਤ ਹੋ ਕੇ ਸੱਚ, ਸੇਵਾ ਤੇ ਅਨੁਸ਼ਾਸਨ ਨੂੰ ਆਪਣੇ ਜੀਵਨ ਦਾ ਹਿੱਸਾ ਬਣਾਉਣ ਦਾ ਸੰਕਲਪ ਲਿਆ।ਸਕੂਲ ਦੇ ਪ੍ਰਿੰਸੀਪਲ ਸਾਕਸ਼ੀ ਗੁਲੇਰੀਆ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਅਜਿਹੇ ਮਹਾਨ ਵਿਅਕਤੀਆਂ ਦੀ ਜਯੰਤੀ ਮਨਾਉਣ ਨਾਲ ਬੱਚਿਆਂ ਵਿੱਚ ਚੰਗੇ ਸੰਸਕਾਰ, ਨੈਤਿਕ ਮੁੱਲ ਤੇ ਸਮਾਜਿਕ ਜ਼ਿੰਮੇਵਾਰੀ ਦੀ ਭਾਵਨਾ ਪੈਦਾ ਹੁੰਦੀ ਹੈ।ਅੰਤ ਵਿੱਚ ਸਕੂਲ ਚੇਅਰਮੈਨ ਸੁਭਾਸ਼ ਪਲਤਾ, ਡਾਇਰੈਕਟਰ ਅਮਿਤ ਪਲਤਾ, ਸ੍ਰੀਆ ਪਲਤਾ ਤੇ ਸਕੂਲ ਪ੍ਰਿੰਸੀਪਲ ਸ਼ਾਕਸ਼ੀ ਗੁਲੇਰੀਆ ਵੱਲੋਂ ਸਮਾਗਮ ਨੂੰ ਸਫਲ ਬਣਾਉਣ ਲਈ ਅਧਿਆਪਕਾਂ ਤੇ ਵਿਦਿਆਰਥੀਆਂ ਦਾ ਧੰਨਵਾਦ ਕੀਤਾ ਗਿਆ।

# ਵਰਲਡ 'ਵਰਸਿਟੀ ਵਿਖੇ ਦੋ ਦਿਨਾ ਸਕਿੱਲ ਵਿਕਾਸ ਵਰਕਸ਼ਾਪ ਸਫਲਤਾਪੂਰਵਕ ਸਮਾਪਤ

**ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**- ਹਾਈਡ੍ਰੋਪੋਨਿਕਸ ਫਾਰ ਸਸਟੇਨੇਬਲ ਫੂਡ ਪ੍ਰੋਡਕਸ਼ਨ : ਏ ਗ੍ਰੀਨ ਟੈਕਨਾਲੋਜੀ ਫਾਰ ਦਿ ਫਿਊਚਰ ਵਿਸ਼ੇ 'ਤੇ ਦੋ ਦਿਨਾ ਸਕਿੱਲ ਵਿਕਾਸ ਵਰਕਸ਼ਾਪ ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਫਤਿਹਗੜ੍ਹ ਸਾਹਿਬ ਵਿਖੇ ਸਫਲਤਾਪੂਰਵਕ ਸਮਾਪਤ ਹੋ ਗਈ। ਕੈਨੋਪੀ ਈਕੋ ਕਲੱਬ ਤੇ ਵਿਭਾਗ ਆਫ਼ ਬਾਟਨੀ ਐਂਡ ਐਨਵਾਇਰਨਮੈਂਟਲ ਸਾਇੰਸਿਜ਼ ਦੇ ਸਹਿਯੋਗ ਨਾਲ ਕਰਵਾਏ ਇਸ ਸਮਾਗਮ ਨੂੰ ਭਾਰਤ ਸਰਕਾਰ ਦੇ ਵਾਤਾਵਰਣ, ਜੰਗਲ ਤੇ ਜਲਵਾਯੂ ਪਰਿਵਰਤਨ ਮੰਤਰਾਲੇ ਤੇ ਪੰਜਾਬ ਸਟੇਟ ਕੌਂਸਲ ਫਾਰ ਸਾਇੰਸ ਐਂਡ ਟੈਕਨਾਲੋਜੀ ਵੱਲੋਂ ਸਹਿਯੋਗ ਪ੍ਰਾਪਤ ਸੀ।ਵਰਕਸ਼ਾਪ ਵਿੱਚ 108 ਉਤਸ਼ਾਹੀ ਪ੍ਰਤੀਭਾਗੀਆਂ ਨੇ ਹਿੱਸਾ ਲਿਆ, ਜਿਨ੍ਹਾਂ ਵਿੱਚ ਪੋਸਟ-ਗ੍ਰੈਜੂਏਟ ਤੇ ਅੰਡਰ-ਗ੍ਰੈਜੂਏਟ ਵਿਦਿਆਰਥੀ, ਸੀਨੀਅਰ ਸੈਕੰਡਰੀ (+2) ਵਿਦਿਆਰਥੀ, ਖੋਜ ਵਿਦਵਾਨ ਤੇ ਅਧਿਆਪਕ ਸ਼ਾਮਲ ਸਨ। ਇਹ ਪ੍ਰਤੀਭਾਗੀ ਗਵਰਨਮੈਂਟ ਮੋਹਿੰਦਰਾ ਕਾਲਜ ਪਟਿਆਲਾ, ਐੱਮ. ਐੱਮ. ਮੋਦੀ ਕਾਲਜ ਪਟਿਆਲਾ, ਮਾਤਾ ਗੁਜਰੀ ਕਾਲਜ ਫਤਿਹਗੜ੍ਹ ਸਾਹਿਬ, ਬਾਬਾ ਬੰਦਾ ਸਿੰਘ ਬਹਾਦਰ ਇੰਜੀਨੀਅਰਿੰਗ ਕਾਲਜ ਫਤਿਹਗੜ੍ਹ ਸਾਹਿਬ, ਕੰਨ੍ਹਿਆ ਮਹਾਂਵਿਦਿਆਲਾ ਜਲੰਧਰ, ਰਾਏਤ ਬਹਿਰਾ ਯੂਨੀਵਰਸਿਟੀ ਖਰੜ, ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਖੁਦ ਤੇ ਫਤਿਹਗੜ੍ਹ ਸਾਹਿਬ ਦੇ ਨੇੜਲੇ ਖੇਤਰਾਂ ਦੇ ਕਈ ਸਕੂਲਾਂ ਤੋਂ ਸਨ। ਦੂਜੇ ਦਿਨ ਵਰਕਸ਼ਾਪ ਵਿੱਚ ਡਾ. ਅਸ਼ੀਸ਼ ਆਰ ਵਰਘਟ ਪ੍ਰਿੰਸੀਪਲ ਸਾਇੰਟਿਸਟ ਸੀਐੱਸਆਈਆਰ-ਇੰਸਟੀਚਿਊਟ ਆਫ਼ ਹਿਮਾਲੀਅਨ ਬਾਇਓਰਿਸੋਰਸ ਟੈਕਨਾਲੋਜੀ ਪਲੰਪੁਰ (ਹਿਮਾਚਲ ਪ੍ਰਦੇਸ਼) ਵੱਲੋਂ ਇੱਕ ਤੀਬਰ ਹੈਂਡਜ਼-ਆਨ ਟ੍ਰੇਨਿੰਗ ਸੈਸ਼ਨ ਆਯੋਜਿਤ ਕੀਤਾ ਗਿਆ। ਪ੍ਰਤੀਭਾਗੀਆਂ ਨੇ ਹਾਈਡ੍ਰੋਪੋਨਿਕ ਯੂਨਿਟਾਂ ਦੀ ਸਥਾਪਨਾ ਤੇ ਨਿਯਮਤ ਰੱਖ-ਰਖਾਅ, ਸੰਤੁਲਿਤ ਪੋਸ਼ਕ ਤੱਤਾਂ ਵਾਲੇ ਘੋਲ ਦੀ ਤਿਆਰੀ ਅਤੇ ਆਮ ਕਾਸ਼ਤ ਸਮੱਸਿਆਵਾਂ ਦੀ ਰੀਅਲ-ਟਾਈਮ ਪਛਾਣ ਤੇ ਨਿਵਾਰਨ ਬਾਰੇ ਵਿਹਾਰਕ ਅਨੁਭਵ ਪ੍ਰਾਪਤ ਕੀਤਾ, ਜਿਸ ਨਾਲ ਉਨ੍ਹਾਂ ਨੂੰ ਇਸ ਤਕਨੀਕ ਦਾ ਸਿੱਧਾ ਤੇ ਵਿਹਾਰਕ ਗਿਆਨ ਮਿਲਿਆ। ਵੈਲੇਡਿਕਟਰੀ ਸਮਾਰੋਹ ਦੌਰਾਨ ਵਰਕਸ਼ਾਪ ਕਨਵੀਨਰ ਤੇ ਵਿਭਾਗ ਆਫ਼ ਬਾਟਨੀ ਐਂਡ ਇਨਵਾਇਰਨਮੈਂਟਲ ਸਾਇੰਸਿਜ਼ ਦੇ ਇੰਚਾਰਜ ਡਾ. ਨਵਦੀਪ ਕੌਰ ਨੇ ਪ੍ਰਤੀਭਾਗੀਆਂ ਦੇ ਮੁੱਖ ਨਤੀਜਿਆਂ ਤੇ ਸਿੱਖਣ ਦੇ ਅਨੁਭਵਾਂ ਬਾਰੇ ਸੰਖੇਪ ਰਿਪੋਰਟ ਪੇਸ਼ ਕੀਤੀ। ਆਪਣੇ ਵਿਦਾਇਗੀ ਸੰਬੋਧਨ ਵਿੱਚ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ. (ਡਾ.) ਪਰਿਤ ਪਾਲ ਸਿੰਘ ਨੇ ਜਲਵਾਯੂ ਪਰਿਵਰਤਨ ਦੇ ਸੰਦਰਭ ਵਿੱਚ ਜ਼ਮੀਨ ਦੀ ਕਮੀ, ਪਾਣੀ ਦੀ ਬਚਤ ਤੇ ਭੋਜਨ ਸੁਰੱਖਿਆ ਵਰਗੀਆਂ ਚੁਣੌਤੀਆਂ ਨੂੰ ਹੱਲ ਕਰਨ ਵਿੱਚ ਹਾਈਡ੍ਰੋਪੋਨਿਕਸ ਦੀ ਵਧਦੀ ਮਹੱਤਤਾ 'ਤੇ ਜ਼ੋਰ ਦਿੱਤਾ ਤੇ ਨੌਜਵਾਨ ਪ੍ਰਤੀਭਾਗੀਆਂ ਨੂੰ ਸਸਟੇਨੇਬਲ ਖੇਤੀਬਾੜੀ ਵਿੱਚ ਖੋਜ ਤੇ ਉੱਦਮੀ ਮੌਕਿਆਂ ਦੀ ਪੜਤਾਲ ਕਰਨ ਲਈ ਪ੍ਰੇਰਿਤ ਕੀਤਾ।ਇਸ ਮੌਕੇ ਡੀਨ ਅਕਾਦਮਿਕ ਮਾਮਲੇ ਪ੍ਰੋ. (ਡਾ.) ਸੁਖਵਿੰਦਰ ਸਿੰਘ ਬਿਲਿੰਗ ਅਤੇ ਰਜਿਸਟਰਾਰ ਪ੍ਰੋ. (ਡਾ.) ਤੇਜਬੀਰ ਸਿੰਘ ਨੇ ਵੀ ਵਰਕਸ਼ਾਪ ਦੀ ਪ੍ਰਸ਼ੰਸਾ ਕਰਦੇ ਹੋਏ ਇਸ ਨੂੰ ਯੂਨੀਵਰਸਿਟੀ ਦੇ ਸਸਟੇਨੇਬਲ ਵਿਕਾਸ ਲਕਸ਼ਾਂ ਨਾਲ ਜੋੜਿਆ। ਸਾਰੇ ਰਜਿਸਟਰਡ ਪ੍ਰਤੀਭਾਗੀਆਂ ਨੂੰ ਪ੍ਰੋਗਰਾਮ ਨੂੰ ਸਫਲਤਾਪੂਰਵਕ ਪੂਰਾ ਕਰਨ ਦੇ ਮਾਣ ਵਜੋਂ ਪਾਰਟੀਸੀਪੇਸ਼ਨ ਸਰਟੀਫਿਕੇਟ ਵੰਡੇ ਗਏ। ਸਮਾਗਮ ਦਾ ਸਮਾਪਨ ਆਰਗੇਨਾਈਜ਼ਿੰਗ ਸੈਕਟਰੀ ਡਾ. ਸ਼ਵੇਤਾ ਵੱਲੋਂ ਧੰਨਵਾਦ ਪ੍ਰਸਤਾਵ ਨਾਲ ਹੋਇਆ।



# ਪੁਲਸ ਵੱਲੋਂ ਲੋਕਾਂ ਦੀ ਸੁਰੱਖਿਆ ਲਈ ਰੇਲਵੇ ਸਟੇਸ਼ਨਾਂ ਦੀ ਸਪੈਸ਼ਲ ਚੈਕਿੰਗ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ਪੂਜਾ)**- ਪੰਜਾਬ ਸਰਕਾਰ ਤੇ ਡੀ.ਜੀ.ਪੀ. ਪੰਜਾਬ ਵੱਲੋਂ ਚਲਾਈ ਜਾ ਰਹੀ ਮੁਹਿੰਮ 'ਗੈਂਗਸਟਰਾਂ 'ਤੇ ਵਾਰ' ਤਹਿਤ ਜ਼ਿਲ੍ਹੇ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਸ੍ਰੀ ਅਭਿਮੰਨਿਊ ਰਾਣਾ ਐਸ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਦੀ ਨਿਗਰਾਨੀ ਹੇਠ ਇੱਕ ਵਿਸਥਾਰਪੂਰਕ ਚੈਕਿੰਗ ਮੁਹਿੰਮ ਚਲਾਈ ਗਈ।ਇਸ ਚੈਕਿੰਗ ਦੌਰਾਨ ਜ਼ਿਲ੍ਹਾ ਅੰਦਰ ਵੱਖ-ਵੱਖ ਥਾਵਾਂ 'ਤੇ ਨਾਕਿਆਂ ਤੋਂ ਇਲਾਵਾ ਰੇਲਵੇ ਸਟੇਸ਼ਨ 'ਤੇ ਜਾਂਚ ਕੀਤੀ ਗਈ। ਇਹ ਸਰਚ ਆਪ੍ਰੇਸ਼ਨ ਸ੍ਰੀ ਮੁਕਤਸਰ ਸਾਹਿਬ ਜ਼ਿਲ੍ਹੇ ਦੀਆਂ ਚਾਰੇ ਸਬ ਡਵੀਜ਼ਨ ਸ੍ਰੀ ਮੁਕਤਸਰ ਸਾਹਿਬ, ਗਿੱਦੜਬਾਹ, ਲੰਬੀ ਤੇ ਮਲੋਟ ਵਿਖੇ ਚਲਾਇਆ ਗਿਆ। ਇਸ ਮੌਕੇ ਬਚਨ ਸਿੰਘ ਡੀ.ਐੱਸ.ਪੀ. ਸ੍ਰੀ ਮੁਕਤਸਰ ਸਾਹਿਬ, ਅਰੁਣ ਮੁੰਡਨ ਡੀ.ਐੱਸ.ਪੀ. ਗਿੱਦੜਬਾਹਾ, ਹਰਬੰਸ ਸਿੰਘ ਡੀ.ਐੱਸ.ਪੀ. ਲੰਬੀ, ਨਵੀਨਪਾਲ ਸਿੰਘ ਡੀ.ਐੱਸ.ਪੀ. ਮਲੋਟ ਵੱਲੋਂ ਅਲੱਗ ਅਲੱਗ ਪੁਲਸ ਟੀਮਾਂ ਮੌਜੂਦ ਰਹੀਆਂ।ਜਿੱਥੇ ਵੀ ਪੁਲਸ ਨੂੰ ਕੋਈ ਵਾਹਨ ਜਾਂ ਵਿਅਕਤੀ ਸ਼ੱਕੀ ਲੱਗਾ, ਉੱਥੇ ਉਨ੍ਹਾਂ ਦੇ ਵਾਹਨ ਦੇ ਕਾਗਜ਼, ਡਰਾਇਵਿੰਗ ਲਾਇਸੈਂਸ, ਨੰਬਰ ਪਲੇਟ ਜਾਂ ਵਾਧੂ ਐਕਸੈਸਰੀਜ਼ ਜਾਂਚੀਆਂ ਗਈਆਂ।ਬਿਨਾਂ ਨੰਬਰ, ਡਿੰਮ ਲਾਈਟ, ਮੋਡੀਫਾਈਡ ਸਿਲੈਂਸਰ ਜਾਂ ਹੋਰ ਟ੍ਰੈਫਿਕ ਦੀ ਉਲੰਘਣਾ ਕਰਨ ਵਾਲਿਆਂ ਨੂੰ ਰੋਕ ਕੇ ਉਨ੍ਹਾਂ ਉੱਤੇ ਕਾਰਵਾਈ ਕੀਤੀ ਗਈ।



# ਸੂਬੇ ਦੇ ਵਿਕਾਸ 'ਚ ਕੋਈ ਕਮੀ ਨਹੀਂ ਰਹਿਣ ਦਿੱਤੀ ਜਾਵੇਗੀ : ਬਰਸਟ

**● ਲੋਕ ਮਿਲਣੀ ਪ੍ਰੋਗਰਾਮ ਦੌਰਾਨ ਲੋਕਾਂ ਦੀਆਂ ਸਮੱਸਿਆਵਾਂ ਦਾ ਕੀਤਾ ਨਿਪਟਾਰਾ**

**ਪਟਿਆਲਾ/ਸਮਾਣਾ (ਰਾਜਿੰਦਰ ਸਿੰਘ ਥਿੰਦ/ਗੁਰਪਿਆਰ ਸਿੰਘ ਬੱਲ)**- ਆਮ ਆਦਮੀ ਪਾਰਟੀ ਪੰਜਾਬ ਦੇ ਸੂਬਾ ਜਨਰਲ ਸਕੱਤਰ ਤੇ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਸ. ਹਰਚੰਦ ਸਿੰਘ ਬਰਸਟ ਵੱਲੋਂ ਪਟਿਆਲਾ ਦਫ਼ਤਰ ਵਿਖੇ ਲੋਕ ਮਿਲਣੀ ਪ੍ਰੋਗਰਾਮ ਦੌਰਾਨ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ ਗਈਆਂ ਤੇ ਮੌਕੇ 'ਤੇ ਹੀ ਨਿਪਟਾਰਾ ਕੀਤਾ ਗਿਆ।ਇਸ ਲੋਕ ਮਿਲਣੀ ਪ੍ਰੋਗਰਾਮ ਦੌਰਾਨ ਵਿਧਾਨ ਸਭਾ ਹਲਕਾ ਸਮਾਣਾ ਦੇ ਵੱਖ-ਵੱਖ ਪਿੰਡਾਂ ਦੀਆਂ ਪੰਚਾਇਤਾਂ ਤੇ ਹੋਰ ਮੋਹਤਬਰ ਸੱਜਣਾਂ ਵੱਲੋਂ ਸ੍ਰ. ਹਰਚੰਦ ਸਿੰਘ ਬਰਸਟ ਨਾਲ ਮੁਲਾਕਾਤ ਕੀਤੀ ਗਈ।ਇਸ ਮੌਕੇ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਪਿੰਡਾਂ ਵਿੱਚ ਕੀਤੇ ਜਾ ਰਹੇ ਵਿਕਾਸ ਕਾਰਜਾਂ ਬਾਰੇ ਵਿਚਾਰ-ਵਟਾਂਦਰਾ ਕੀਤਾ ਗਿਆ ਤੇ ਪੰਚਾਇਤਾਂ ਨੇ ਸਰਕਾਰ ਵੱਲੋਂ ਸੂਬੇ ਦੀ ਤਰੱਕੀ ਲਈ ਕੀਤੇ ਜਾ ਰਹੇ ਕਾਰਜਾਂ ਦੀ ਸ਼ਲਾਘਾ ਕੀਤੀ। ਸ੍ਰ. ਬਰਸਟ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ ਸਰਬਪੱਖੀ ਵਿਕਾਸ ਤੇ ਤਰੱਕੀ ਲਈ ਵਚਨਬੱਧ ਹੈ।ਲੋਕਾਂ ਨੂੰ ਚੰਗੀਆਂ ਸਹੂਲਤਾਂ ਮੁਹੱਈਆ ਕਰਵਾਉਣ ਲਈ ਲਗਾਤਾਰ ਕਾਰਜ ਕੀਤੇ ਜਾ ਰਹੇ ਹਨ।ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਆਪਣੇ ਸਾਢੇ ਤਿੰਨ ਸਾਲਾਂ ਦੇ ਕਾਰਜਕਾਲ ਦੌਰਾਨ ਹਰ ਖੇਤਰ ਵਿੱਚ ਮਿਸਾਲੀ ਕਾਰਜ ਕੀਤੇ ਗਏ ਹਨ।ਉਨ੍ਹਾਂ ਵਿਸ਼ਵਾਸ ਦਿਵਾਇਆ ਕਿ ਪੰਜਾਬ ਤੇ ਹਲਕਾ ਸਮਾਣਾ ਦੇ ਵਿਕਾਸ ਵਿੱਚ ਕਿਸੇ ਕਿਸਮ ਦੀ ਕਮੀ ਨਹੀਂ ਰਹਿਣ ਦਿੱਤੀ ਜਾਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਸੂਬੇ ਨੂੰ ਰੰਗਲਾ ਤੇ ਖੁਸ਼ਹਾਲ ਪੰਜਾਬ ਬਣਾਉਣ ਲਈ ਲਗਾਤਾਰ ਕਾਰਜ ਕੀਤੇ ਜਾ ਰਹੇ ਹਨ।ਸਿਹਤ, ਸਿੱਖਿਆ, ਰੁਜ਼ਗਾਰ ਸਮੇਤ ਹਰ ਖੇਤਰ ਵਿੱਚ ਲਗਾਤਾਰ ਵਿਕਾਸ ਕੀਤਾ ਜਾ ਰਿਹਾ ਹੈ। ਇਸ ਮੌਕੇ ਪਰਗਟ ਸਿੰਘ ਸਰਪੰਚ ਢਕੜੱਬਾ, ਜਗਦੀਪ ਸਿੰਘ ਸਰਪੰਚ ਪਹਾੜਪੁਰ, ਸਤਗੁਰ ਸਿੰਘ ਸਰਪੰਚ ਤਰੋੜਾਂ ਕਲਾਂ, ਜ਼ੋਰਾ ਸਿੰਘ ਸਰਪੰਚ ਬੇਲੂਮਾਜਰਾ, ਸਰਪੰਚ ਹਰਜਿੰਦਰ ਸਿੰਘ ਸਰਾਜਪੁਰ, ਗੁਰਪ੍ਰੀਤ ਸਿੰਘ ਸਰਪੰਚ ਘਮੜੌਦਾ, ਕੁਲਵਿੰਦਰ ਸਿੰਘ ਸਰਪੰਚ ਲਾਲੌਡਾ, ਸ਼ਾਮ ਲਾਲ ਦੱਤ, ਨਾਇਬ ਸਿੰਘ ਸਾਬਕਾ ਸਰਪੰਚ ਕਾਦਰਾਬਾਦ, ਹੇਮਰਾਜ ਚੁਪਕੀ, ਡਾ. ਹਰਮੇਸ਼ ਆਲਮਪੁਰ, ਹੇਮਇੰਦਰ ਸਿੰਘ ਮਾਲੋਮਾਜਰਾ, ਦੀਪਕ ਬਾਜੀਗਰ, ਜੋਬਨ ਸੰਧੂ, ਗੁਰਪ੍ਰੀਤ ਸਿੰਘ, ਗੁਰਪਿੰਦਰ ਸਿੰਘ ਅਮਰਿੰਦਰ ਸਿੰਘ, ਗੁਰਧਿਆਨ ਸਿੰਘ, ਹਰਦੀਪ ਸਿੰਘ ਸਮੇਤ ਹੋਰ ਲੋਕ ਮੌਜੂਦ ਸਨ।



# ਡਾ. ਗੁਰਸ਼ਰਨ ਕੌਰ ਜੱਗੀ ਤੇ ਮਾਲਵਿੰਦਰ ਸਿੰਘ ਜੱਗੀ ਦੀ ਪੰਜਾਬੀ ਭਵਨ ਲੁਧਿਆਣਾ ਵਿਖੇ ਫੇਰੀ

**ਲੁਧਿਆਣਾ (ਸਤੀਸ਼ ਸਚਦੇਵਾ)**- ਪ੍ਰਸਿੱਧ ਵਿਦਵਾਨ ਪਦਮਸ੍ਰੀ ਸਵ. ਡਾ. ਰਤਨ ਸਿੰਘ ਜੱਗੀ ਦੀ ਸੁਪਤਨੀ ਡਾ. ਗੁਰਸ਼ਰਨ ਕੌਰ ਜੱਗੀ ਤੇ ਉਨ੍ਹਾਂ ਦੇ ਹੋਣਹਾਰ ਸਪੁੱਤਰ ਸ. ਮਾਲਵਿੰਦਰ ਸਿੰਘ ਜੱਗੀ ਸਾਬਕਾ ਆਈ ਏ ਐੱਸ ਅਤੇ ਡਾ. ਰਤਨ ਸਿੰਘ ਦਾ ਪੋਤਰਾ ਸ੍ਰ. ਦਿਗਜੀਤ ਸਿੰਘ ਜੱਗੀ ਪੰਜਾਬੀ ਸਾਹਿਤ ਅਕਾਦਮੀ ਪੰਜਾਬੀ ਭਵਨ ਲੁਧਿਆਣਾ ਵਿਖੇ ਪਹੁੰਚੇ। ਅਕਾਦਮੀ ਦੇ ਜਨਰਲ ਸਕੱਤਰ ਡਾ. ਗੁਲਜ਼ਾਰ ਸਿੰਘ ਪੰਧੇਰ, ਵਿੱਤ ਪ੍ਰਬੰਧਕ ਸੁਰਿੰਦਰ ਕੈਲੇ, ਸਕੱਤਰ ਸਾਹਿਤਕ ਸਰਗਰਮੀਆਂ ਡਾ. ਹਰੀ ਸਿੰਘ ਜਾਚਕ, ਦਫ਼ਤਰ ਇੰਚਾਰਜ ਸ੍ਰੀਮਤੀ ਸੁਰਿੰਦਰ ਦੀਪ, ਜਨਮੇਜਾ ਸਿੰਘ ਜੌਹਲ ਤੇ ਮਿੱਤਰ ਸੈਨ ਮੀਤ ਨੇ ਉਨ੍ਹਾਂ ਨੂੰ ਜੀ ਆਇਆਂ ਨੂੰ ਕਿਹਾ।ਉਪਰੰਤ ਡਾ. ਗੁਰਸ਼ਰਨ ਕੌਰ ਜੱਗੀ ਤੇ ਮਾਲਵਿੰਦਰ ਸਿੰਘ ਨੂੰ ਅਕਾਡਦੀ ਦੇ ਦਫ਼ਤਰ, ਰੈਫ਼ਰੈਂਸ ਲਾਇਬ੍ਰੇਰੀ, ਡਾ. ਮਹਿੰਦਰ ਸਿੰਘ ਰੰਧਾਵਾ ਹਾਲ, ਡਾ. ਪਰਮਿੰਦਰ ਸਿੰਘ ਹਾਲ, ਡਾ. ਦਲਜੀਤ ਸਿੰਘ ਹਾਲ, ਸ੍ਰੀ ਬਲਰਾਜ ਸਾਹਨੀ ਖੁੱਲ੍ਹਾ ਰੰਗਮੰਚ ਤੇ ਪੁਸਤਕ ਬਾਜ਼ਾਰ 'ਚ ਫੇਰੀ ਪਵਾਈ ਅਤੇ ਅਕਾਦਮੀ ਵੱਲੋਂ ਕੀਤੀਆਂ ਜਾ ਰਹੀਆਂ ਗਤੀਆਂ ਵਿਧੀਆਂ ਤੇ ਇਤਿਹਾਸ ਬਾਰੇ ਸੰਖੇਪ ਜਾਣਕਾਰੀ ਦਿੱਤੀ। ਪੰਜਾਬੀ ਸਾਹਿਤ ਅਕਾਦਮੀ ਲੁਧਿਆਣਾ ਦੇ ਪ੍ਰਧਾਨ ਡਾ. ਸਰਬਜੀਤ ਸਿੰਘ ਨੂੰ ਚੰਡੀਗੜ੍ਹ ਵਿਖੇ ਵਿਸ਼ੇਸ਼ ਤੌਰ 'ਤੇ ਮਿਲ ਕੇ ਉਪਰੋਕਤ ਪ੍ਰੋਜੈਕਟ ਬਾਰੇ ਵਿਸਥਾਰਪੂਰਵਕ ਵਿਚਾਰ ਵਟਾਂਦਰਾ ਕੀਤਾ।ਡਾ. ਗੁਰਸ਼ਰਨ ਕੌਰ ਜੱਗੀ ਤੇ ਸ੍ਰ. ਮਾਲਵਿੰਦਰ ਸਿੰਘ ਜੱਗੀ ਨੇ ਪਦਮਸ੍ਰੀ ਡਾ. ਰਤਨ ਸਿੰਘ ਜੱਗੀ ਦੀ ਯਾਦ ਵਿੱਚ ਲਾਇਬ੍ਰੇਰੀ ਦੇ ਨਾਲ ਰੀਡਿੰਗ ਰੂਮ ਦੀ ਉਸਾਰੀ ਕਰਨ, ਯਾਦਗਾਰੀ ਸਨਮਾਨ ਸਥਾਪਤ ਕਰਨ ਤੇ ਲਾਇਬ੍ਰੇਰੀ ਵਿਖੇ ਉਨ੍ਹਾਂ ਦੀਆਂ ਸਮੁੱਚੀਆਂ ਪੁਸਤਕਾਂ ਦਾ ਕਾਰਨਰ ਸਥਾਪਤ ਕਰਨ ਦੇ ਪ੍ਰੋਜੈਕਟ ਬਾਰੇ ਵਿਚਾਰ ਵਟਾਂਦਰਾ ਕੀਤਾ। ਅਕਾਦਮੀ ਦੇ ਜਨਰਲ ਸਕੱਤਰ ਡਾ. ਗੁਲਜ਼ਾਰ ਸਿੰਘ ਪੰਧੇਰ ਨੇ ਦੱਸਿਆ ਕਿ ਇਸ ਬਾਰੇ ਚੋਣ ਉਪਰੰਤ ਨਵੇਂ ਪ੍ਰਬੰਧਕੀ ਬੋਰਡ ਵੱਲੋਂ ਵਿਚਾਰ ਵਟਾਂਦਰਾ ਕਰਨ ਉਪਰੰਤ ਫ਼ੈਸਲਾ ਲਿਆ ਜਾਵੇਗਾ।

# ਐੱਮ ਏ ਐੱਮ ਪਬਲਿਕ ਸਕੂਲ ਵੱਲੋਂ ਵਿਦਾਇਗੀ ਸਮਾਰੋਹ



**ਸਮਰਾਲਾ (ਸੁਰਜੀਤ ਸਿੰਘ)**- ਸਥਾਨਕ ਮੈਕਸ ਆਰਥਰ ਮੈਕਾਲਿਫ ਪਬਲਿਕ ਸਕੂਲ ਵੱਲੋਂ ਰੈਸਟੋਰੈਂਟ ਗਿੱਲ ਰਿਜ਼ੋਰਟ ਵਿੱਚ ਬਾਰਵੀਂ ਜਮਾਤ ਦੇ ਵਿਦਿਆਰਥੀਆਂ ਲਈ ਇੱਕ ਸ਼ਾਨਦਾਰ ਵਿਦਾਇਗੀ ਸਮਾਰੋਹ ਕੀਤਾ ਗਿਆ।ਪ੍ਰੋਗਰਾਮ ਦੇ ਸ਼ੁਰੂਆਤ 'ਚ ਵਿਦਿਆਰਥੀਆਂ ਦੇ ਭਵਿੱਖ ਲਈ ਅਰਦਾਸ ਕੀਤੀ ਗਈ। ਪ੍ਰਿੰਸੀਪਲ ਡਾ. ਮੋਨਿਕਾ ਮਲਹੋਤਰਾ ਨੇ ਰੀਬਨ ਕੱਟਣ ਦੀ ਰਸਮ ਅਦਾ ਕੀਤੀ।ਇਸ ਮੌਕੇ ਖੁਸ਼ਹਾਲੀ ਦੇ ਪ੍ਰਤੀਕ ਰੰਗ-ਬਰੰਗੇ ਗੁਬਾਰੇ ਛੱਡੇ ਗਏ ਤੇ ਕੇਕ ਕੱਟਣ ਦੀ ਰਸਮ ਵੀ ਅਦਾ ਕੀਤੀ ਗਈ। ਵਿਦਿਆਰਥੀਆਂ ਨੇ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤੇ।ਬਾਰਵੀਂ ਜਮਾਤ ਦੀ ਵਿਦਿਆਰਥਣ ਅਰਸ਼ਨੂਰ ਵੱਲੋਂ ਭਾਵੁਕਤਾ ਭਰੀ ਕਵਿਤਾ ਵੀ ਪੇਸ਼ ਕੀਤੀ ਗਈ।ਇਸੇ ਤਰ੍ਹਾਂ ਰੈਂਪ ਵਾਕ ਤੇ ਰੰਗਾ-ਰੰਗ ਨ੍ਰਿਤ ਪੇਸ਼ ਕੀਤਾ।ਪ੍ਰੋਗਰਾਮ ਦੌਰਾਨ ਮਿਸਟਰ ਤੇ ਮਿਸ ਮੈਕਸੀਅਨ ਦਾ ਖਿਤਾਬ ਕ੍ਰਮਵਾਰ ਸਮਰਦੀਪ ਸਿੰਘ ਤੇ ਰਵਨੀਤ ਕੌਰ ਦੇ ਹਿੱਸੇ ਆਇਆ ਅਤੇ ਮਿਸਟਰ ਤੇ ਮਿਸ ਸਟਾਈਲ ਆਈਕਨ ਖਿਤਾਬ ਗੁਰਮਨ ਸਿੰਘ ਕੁਲਾਰ ਤੇ ਹਰਲੀਨ ਕੌਰ, ਮਿਸਟਰ ਤੇ ਮਿਸ ਐਲੀਗੈਂਸ ਖਿਤਾਬ ਜਸਕਰਨ ਸਿੰਘ ਸਿੱਧੂ ਤੇ ਅਰਸ਼ਨੂਰ ਕੌਰ ਅਤੇ ਮਿਸ ਫੇਅਰਵੈੱਲ ਗਲੋਅ ਖਿਤਾਬ ਅਨਿਤਾ ਨੇ ਜਿੱਤੇ। ਇਸ ਮੌਕੇ ਸਕੂਲ ਚੇਅਰਪਰਸਨ ਕੁਲਵਿੰਦਰ ਕੌਰ ਬੈਨੀਪਾਲ, ਵਿਸ਼ੇਸ਼ ਮਹਿਮਾਨ ਮਿਸ ਸੁਖਮਨੀ ਕੌਰ ਬੈਨੀਪਾਲ ਤੇ ਸਕੂਲ ਮੈਨੇਜਰ ਰਮਨਦੀਪ ਸਿੰਘ ਨੇ ਸ਼ਿਰਕਤ ਕਰਦਿਆਂ ਪ੍ਰੋਗਰਾਮ ਦੀ ਰੌਣਕ ਨੂੰ ਹੋਰ ਵਧਾਇਆ।ਅੰਤ ਵਿੱਚ ਸਕੂਲ ਪ੍ਰਿੰਸੀਪਲ ਡਾ. ਮੋਨਿਕਾ ਮਲਹੋਤਰਾ ਨੇ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਉੱਜਲੇ ਭਵਿੱਖ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ।

# ਵਿਧਾਇਕ ਰੰਧਾਵਾ ਨੇ ਵੱਖ-ਵੱਖ ਪਿੰਡਾਂ 'ਚ ਕੀਤੇ ਵਿਕਾਸ ਕਾਰਜਾਂ ਦੇ ਉਦਘਾਟਨ



ਡੇਰਾ ਬਾਬਾ ਨਾਨਕ, (ਰਮੇਸ਼ ਸ਼ਰਮਾ)-ਵਿਧਾਇਕ ਗੁਰਦੀਪ ਸਿੰਘ ਰੰਧਾਵਾ ਵੱਲੋਂ ਬੀਡੀਪੀਓ ਬਲਾਕ ਡੇਰਾ ਬਾਬਾ ਨਾਨਕ ਅਧੀਨ ਆਉਂਦੇ ਪਿੰਡ ਸਿੰਘਪੁਰਾ, ਤਲਵੰਡੀ ਹਿੰਦੂਆਂ, ਗੁਰਚੱਕ, ਗਾਜੀਨੰਗਲ ਤੇ ਜੀਵਨ ਨੰਗਲ ਵਿਖੇ ਵੱਖ-ਵੱਖ ਵਿਕਾਸ ਕਾਰਜਾਂ ਦੇ ਉਦਘਾਟਨ ਕੀਤੇ ਗਏ। ਇਸ ਮੌਕੇ ਉਨ੍ਹਾਂ ਪਿੰਡ ਵਾਸੀਆਂ ਨਾਲ ਮਿਲ ਬੈਠ ਕੇ ਹੋਰ ਵਿਕਾਸ ਕੰਮਾਂ ਬਾਰੇ ਵੀ ਚਰਚਾ ਕੀਤੀ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣੀਆਂ।ਉਨ੍ਹਾਂ ਕਿਹਾ ਕਿ ਮੇਰੀ ਹਮੇਸ਼ਾ ਕੋਸ਼ਿਸ਼ ਰਹੀ ਹੈ ਕਿ ਹਰ ਪਿੰਡ ਤੱਕ ਵਿਕਾਸ ਦੇ ਕੰਮ ਤੇਜ਼ੀ ਨਾਲ ਪਹੁੰਚਣ ਅਤੇ ਲੋਕਾਂ ਨੂੰ ਸੁਵਿਧਾਵਾਂ ਮਿਲਣ।ਉਨ੍ਹਾਂ ਕਿਹਾ ਕਿ ਲੋਕਾਂ ਦੀ ਆਵਾਜਾਈ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਪਿੰਡਾਂ ਦੀਆਂ ਸੜਕਾਂ ਦਾ ਨਵੀਨੀਕਰਨ ਕੀਤਾ ਜਾ ਰਿਹਾ ਹੈ ਤਾਂ ਜੋ ਰਾਹਗੀਰਾਂ ਨੂੰ ਕੋਈ ਦਿੱਕਤ ਨਾ ਆਵੇ।

ਉਨ੍ਹਾਂ ਕਿਹਾ ਕਿ ਪਿੰਡਾਂ ਦੇ ਸਰਬਪੱਖੀ ਵਿਕਾਸ ਲਈ ਪੰਜਾਬ ਸਰਕਾਰ ਲਗਾਤਾਰ ਯਤਨਸ਼ੀਲ ਹੈ।ਉਨ੍ਹਾਂ ਕਿਹਾ ਕਿ ਪਿੰਡਾਂ ਵਿਖੇ ਮੁੱਢਲੀਆਂ ਸਹੂਲਤਾਂ ਦੀ ਪੂਰਤੀ ਕਰਨ ਲਈ ਵਿਸ਼ੇਸ਼ ਉਪਰਾਲੇ ਕੀਤੇ ਗਏ ਹਨ।ਮੁੱਖ ਮੰਤਰੀ ਪੰਜਾਬ ਦੀ ਸੋਚ ਹੈ ਕਿ ਪਿੰਡਾਂ ਤੇ ਸ਼ਹਿਰਾਂ ਵਿਚ ਵੱਧ ਤੋਂ ਵੱਧ ਵਿਕਾਸ ਪ੍ਰੋਜੈਕਟ ਉਲੀਕੇ ਜਾਣ ਤਾਂ ਜੋ ਪਿੰਡਾਂ ਤੇ ਸ਼ਹਿਰ ਵਿਕਾਸ ਦੀਆਂ ਲੀਹਾਂ ਤੋਂ ਵਾਂਝੇ ਨਾ ਰਹਿਣ।ਉਨ੍ਹਾਂ ਕਿਹਾ ਕਿ ਪਿੰਡਾਂ ਅੰਦਰ ਸੜਕਾਂ, ਗਲੀਆਂ ਅਤੇ ਨਾਲੀਆਂ ਨੂੰ ਹਰ ਪੱਖੋਂ ਸਹੂਲਤਾਂ ਦੀ ਪੂਰਤੀ ਨਾਲ ਲੈਸ ਕੀਤਾ ਜਾ ਰਿਹਾ ਹੈ।

ਉਨ੍ਹਾਂ ਕਿਹਾ ਕਿ ਉਹ ਦਿਨ ਰਾਤ ਲੋਕ ਭਲਾਈ ਕਾਰਜਾਂ ਵਿਚ ਲੱਗੇ ਹੋਏ ਹਨ ਤਾਂ ਜੋ ਲੋਕਾਂ ਨੂੰ ਸਰਕਾਰ ਦੀਆਂ ਸਕੀਮਾਂ ਤੇ ਯੋਜਨਾਵਾਂ ਦਾ ਲਾਹਾ ਮੁਹੱਈਆ ਕਰਵਾਇਆ ਜਾ ਸਕੇ।ਇਸ ਮੌਕੇ ਪਿੰਡਾਂ ਦੇ ਪੰਚ-ਸਰਪੰਚ ਅਤੇ ਮੋਹਤਬਰ ਸ਼ਖਸੀਅਤਾਂ ਮੌਜੂਦ ਸਨ।

# ਸ਼ਿਵਰਾਤਰੀ ਮੌਕੇ ਕਟਾਰੂਚੱਕ ਚਟਪਟ ਬਨੀ ਸ਼ਿਵ ਮੰਦਰ 'ਚ ਹੋਏ ਨਤਮਸਤਕ



ਪਠਾਨਕੋਟ (ਦਵਿੰਦਰ ਸਿੰਘ)-ਮਹਾ-ਸ਼ਿਵਰਾਤਰੀ ਮੌਕੇ ਕੈਬਨਿਟ ਮੰਤਰੀ ਕਟਾਰੂਚੱਕ ਚਟਪਟ ਬਨੀ ਮੰਦਰ ਵਿਖੇ ਨਤਮਸਤਕ ਹੋਏ।ਇਸ ਮੌਕੇ ਉਨ੍ਹਾਂ ਦੀ ਧਰਮ ਪਤਨੀ ਉਰਮਿਲਾ ਦੇਵੀ ਅਤੇ ਉਨ੍ਹਾਂ ਦੇ ਪਰਿਵਾਰਕ ਮੈਂਬਰ ਵੀ ਨਾਲ ਸਨ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਰੋਬਿਨ ਸਿੰਘ, ਪਵਨ ਕੁਮਾਰ ਫੌਜੀ ਸੰਗਠਨ ਇੰਚਾਰਜ, ਠਾਕੁਰ ਭੁਪਿੰਦਰ ਸਿੰਘ ਮੈਂਬਰ ਜ਼ਿਲ੍ਹਾ ਪ੍ਰੀਸ਼ਦ, ਸਰਪੰਚ ਲਵਲੀ ਮੰਨੇਰੀ, ਸਰਪੰਚ ਵਿਕਾਸ ਨੰਗਲ ਫਰੀਦਾ, ਮਿੱਠੂ ਧੋਬੜਾ, ਪੰਕਜ ਕਟਾਰੂਚੱਕ, ਹੇਮਰਾਜ ਮੈਂਬਰ, ਭੁਪਿੰਦਰ ਸਿੰਘ ਮੈਂਬਰ, ਸੁਮਿਤ ਕਟਾਰੂਚੱਕ ਅਤੇ ਹੋਰ ਪਾਰਟੀ ਕਾਰਜਕਰਤਾ ਹਾਜ਼ਰ ਸਨ।ਇਸ ਮੌਕੇ ਕਟਾਰੂਚੱਕ ਨੇ ਕਿਹਾ ਕਿ ਧਰਮ ਚਾਹੇ ਕੋਈ ਵੀ ਹੋਵੇ ਉਹ ਜੋੜਨ ਦਾ ਕੰਮ ਕਰਦਾ ਹੈ ਅਤੇ ਕਿਸੇ ਇੱਕ ਵਰਗ ਲਈ ਕੋਈ ਧਰਮ ਨਹੀਂ ਹੈ। ਸਾਡੇ ਧਾਰਮਿਕ ਤਿਉਹਾਰ ਸਾਂਝੇ ਹਨ। ਉਨ੍ਹਾਂ ਇਸ ਪਵਿੱਤਰ ਦਿਹਾੜੇ ਤੇ ਸਾਰੇ ਜ਼ਿਲ੍ਹਾ ਨਿਵਾਸੀਆਂ ਨੂੰ ਹਾਰਦਿਕ ਸ਼ੁਭਕਾਮਨਾਵਾਂ ਦਿੱਤੀਆਂ।ਇਸ ਮੌਕੇ ਮਹੰਤ ਜੋਗੀ ਸ਼ੰਕਰ ਨਾਥ ਨੇ ਕੈਬਨਿਟ ਮੰਤਰੀ ਅਤੇ ਹੋਰ ਜ਼ਿਲ੍ਹਾ ਅਹੁਦੇਦਾਰਾਂ ਨੂੰ ਯਾਦਗਾਰ ਚਿਨ੍ਹ ਭੇਟ ਕਰਕੇ ਸਨਮਾਨਤ ਕੀਤਾ।ਜ਼ਿਕਰਯੋਗ ਹੈ ਕਿ ਚਟਪਟ ਬਨੀ ਨਾਮਕ ਪ੍ਰਾਚੀਨ ਧਾਰਮਿਕ ਸਥਾਨ ਜ਼ਿਲ੍ਹਾ ਪਠਾਨਕੋਟ ਦੇ ਵਿਧਾਨ ਸਭਾ ਹਲਕਾ ਭੋਆ ਦੇ ਪਿੰਡ ਕਟਾਰੂਚੱਕ ਨਜ਼ਦੀਕ ਸਥਿਤ ਹੈ।ਇੱਥ ਹਰ ਸਾਲ ਸ਼ਿਵਰਾਤਰੀ ਦੇ ਪਵਿੱਤਰ ਦਿਹਾੜੇ 'ਤੇ ਭਾਰੀ ਲੋਕਾਂ ਦਾ ਇਕੱਠ ਹੁੰਦਾ ਹੈ ਅਤੇ ਦੂਰ ਦੂਰ ਤੋਂ ਲੋਕ ਭਗਵਾਨ ਭੋਲੇ ਸ਼ੰਕਰ ਦੇ ਦਰਸ਼ਨਾਂ ਲਈ ਆਉਂਦੇ ਹਨ।ਮੰਦਰ ਕਮੇਟੀ ਵੱਲੋਂ ਵਿਸ਼ਾਲ ਲੰਗਰ ਭੰਡਾਰਾ ਵੀ ਲਗਾਇਆ ਜਾਂਦਾ ਹੈ।

# ਅੰਗਹੀਣ ਪੈਨਸ਼ਨ ਨਹੀਂ ਮਿਲੀ : ਕਾਮਰੇਡ ਦਦੇਹਰ



ਸਰਹਾਲੀ ਕਲਾਂ/ਚੋਹਲਾ ਸਾਹਿਬ (ਰਮਨ ਚੱਢਾ)-ਸਰਕਾਰ ਵੱਲੋਂ ਅੰਗਹੀਣ, ਵਿਧਵਾ ਤੇ ਬੁਢਾਪਾ ਪੈਨਸ਼ਨ ਮਾਮੂਲੀ ਜਿਹੀ ਮਿਲਦੀ ਹੈ ਤਾਂ ਕਿ ਇਨ੍ਹਾਂ ਕੈਟੇਗਰੀਆਂ ਦੇ ਵਿਅਕਤੀਆਂ ਨੂੰ ਕੁੱਝ ਸਹੂਲਤ ਮਿਲਦੀ ਰਹੇ।ਇਹ ਰਾਸ਼ੀ ਸਿਰਫ਼ ਪੰਦਰਾਂ ਸੌ ਰੁਪਏ ਪ੍ਰਤੀ ਮਹੀਨਾ ਹੈ।ਇਸ ਮਹਿੰਗਾਈ ਦੇ ਦੌਰ ਵਿੱਚ ਜੇਕਰ ਇਹ ਵੀ ਸਮੇਂ ਸਿਰ ਨਾ ਮਿਲੇ ਤਾਂ ਪੈਨਸ਼ਨਰਾਂ ਦੀ ਕੀ ਹਾਲਤ ਹੋ ਸਕਦੀ ਹੈ ? ਅੰਦਾਜ਼ਾ ਲਾਉਣਾ ਕੋਈ ਔਖਾ ਨਹੀਂ।ਇਹ ਪ੍ਰਗਟਾਵਾ ਪਿੰਡ ਦਦੇਹਰ, ਪੰਜਾਬ ਐਂਡ ਸਿੰਧ ਬੈਂਕ, ਖਾਤਾ ਨੰਬਰ 6439, ਬ੍ਰਾਂਚ ਸਰਹਾਲੀ ਵਿੱਚ ਪੈਨਸ਼ਨ ਨਹੀਂ ਆਈ।

ਉਨ੍ਹਾਂ ਸਮਾਜ ਭਲਾਈ ਵਿਭਾਗ ਜ਼ਿਲ੍ਹਾ ਤਰਨ ਤਾਰਨ ਦੇ ਅਧਿਕਾਰੀਆਂ ਤੋਂ ਮੰਗ ਕੀਤੀ ਹੈ ਕਿ ਕਿਸੇ ਵੀ ਪੈਨਸ਼ਨਰ ਦੀ ਪੈਨਸ਼ਨ ਬੰਦ ਨਹੀਂ ਹੋਣੀ ਚਾਹੀਦੀ।ਜੇਕਰ ਕੋਈ ਤਕਨੀਕੀ ਜਾਂ ਹੋਰ ਮਜਬੂਰੀ ਹੋਵੇ ਤਾਂ ਸਬੰਧਤ ਵਿਅਕਤੀ ਨੂੰ ਅਗਾਊਂ ਦੱਸਿਆ ਜਾਵੇ।ਜਿਨ੍ਹਾਂ ਵੀ ਪੈਨਸ਼ਨਰਾਂ ਦੇ ਖਾਤਿਆਂ ਵਿੱਚ ਹੁਣ ਤੱਕ ਪੈਨਸ਼ਨ ਨਹੀਂ ਪਈ ਤੁਰੰਤ ਪਾਈ ਜਾਵੇ।

# 22 ਨੂੰ ਭਾਜਪਾ ਆਗੂਆਂ ਤੇ ਮੰਤਰੀਆਂ ਦਾ ਕਰਾਂਗੇ ਘਿਰਾਓ : ਕਾਮਰੇਡ ਅਜਨਾਲਾ




ਛੇਹਰਟਾ/ਖਾਸਾ, (ਮਨੋਜ ਕੁਮਾਰ/ਸ਼ਸ਼ਪਾਲ ਸਿੰਘ)-ਸੀਟੂ ਤੇ ਕਿਸਾਨ ਸਭਾ ਦੀ ਸਾਂਝੀ ਮੀਟਿੰਗ ਸੀਟੂ ਦਫ਼ਤਰ, ਪੁਤਲੀਘਰ ਅੰਮ੍ਰਿਤਸਰ ਵਿੱਚ ਹੋਈ। ਮੀਟਿੰਗ ਦੇ ਫ਼ੈਸਲੇ ਜਾਰੀ ਕਰਦਿਆਂ ਜ਼ਿਲ੍ਹਾ ਸਕੱਤਰ ਸੀਟੂ ਕਾਮਰੇਡ ਸੁੱਚਾ ਸਿੰਘ ਅਜਨਾਲਾ ਨੇ ਦੱਸਿਆ ਕਿ 22 ਫਰਵਰੀ ਨੂੰ ਭੰਡਾਰੀ ਪੁਲ ਅੰਮ੍ਰਿਤਸਰ 'ਤੇ ਇਕੱਠ ਕਰਕੇ ਭਾਜਪਾ ਦੇ ਕੌਮੀ ਆਗੂ ਤਰਨ ਚੁੱਘ ਦੀ ਕੋਠੀ ਦਾ ਘਿਰਾਓ ਕਰਨ ਲਈ ਵਰਕਰ ਜਾਣਗੇ। ਇਹ ਪ੍ਰੋਗਰਾਮ ਸੰਯੁਕਤ ਕਿਸਾਨ ਮੋਰਚਾ ਤੇ ਵੱਖ-ਵੱਖ ਟਰੇਡ ਯੂਨੀਅਨ ਵੱਲੋਂ ਸਾਂਝੇ ਤੌਰ 'ਤੇ ਬਣਾਇਆ ਗਿਆ ਹੈ। ਇਸ ਮੌਕੇ ਮੰਗ ਕੀਤੀ ਜਾਵੇਗੀ ਕਿ ਚਾਰ ਲੇਬਰ ਕੋਡ, ਮਨਰੇਗਾ ਦੀ ਨਵੀਂ ਸਕੀਮ ਅਤੇ ਬਿਜਲੀ ਬਿੱਲ 2025 ਤੇ ਬੀਜ ਬਿੱਲ 2025 ਤੁਰੰਤ ਰੱਦ ਕੀਤੇ ਜਾਣ, ਅਮਰੀਕਾ ਨਾਲ ਭਾਰਤ ਵੱਲੋਂ ਕੀਤੀ ਗਈ ਡੀਲ ਵਾਪਸ ਲਈ ਜਾਵੇ। ਮੀਟਿੰਗ ਵਿਚ ਕਾਮਰੇਡ ਗੁਰਦੀਪ ਬੁਤਾਲਾ, ਕਿਰਪਾ ਰਾਮ, ਵਿਜੇ ਕੁਮਾਰ, ਧਰਮਪਾਲ, ਮਨਜੀਤ ਸਿੰਘ, ਵਾਸੂਦੇਵ, ਭਗਵੰਤ ਸਿੰਘ, ਜੁਗਰਾਜ ਸਿੰਘ, ਪ੍ਰੇਮ ਬਿਲਾਸ, ਕਿਸਾਨ ਆਗੂ ਸਵਿੰਦਰ ਸਿੰਘ ਮੀਰਾਂਕੋਟ, ਭੁਪਿੰਦਰ ਛੀਨਾ, ਐਡਵੋਕੇਟ ਕਵਲਜੀਤ ਕੌਰ, ਪੂਜਾ ਰਾਣੀ, ਕਾਮਰੇਡ ਜਗੀਰ ਸਿੰਘ, ਤਰਸੇਮ ਟਪਿਆਲਾ, ਸੁਖਦੇਵ ਬਰੀਕੀ, ਪ੍ਰਤਾਪ ਸਿੰਘ ਖਾਪੜਖੇੜੀ ਆਦਿ ਹਾਜ਼ਰ ਸਨ।

## ਸੰਤ ਬਾਬਾ ਮਾਣਾ ਜੀ ਦਾ ਸਾਲਾਨਾ ਜੋੜ ਮੇਲਾ ਮਨਾਇਆ



**ਮਜੀਠਾ (ਸੋਇਮ ਆਨੰਦ)**-ਛੋਟੀ ਉਮਰ ਦੇ ਮਹਾਨ ਸੰਤ ਬਾਬਾ ਮਾਣਾ ਜੀ ਦਾ ਸਾਲਾਨਾ ਜੋੜ ਮੇਲਾ ਪਿੰਡ ਤਲਵੰਡੀ ਖੁੰਮਣ ਵਿਖੇ ਬੜੀ ਧੂਮ ਧਾਮ ਨਾਲ ਮਨਾਇਆ ਗਿਆ ਜਿਸ ਵਿੱਚ ਪੰਥ ਪ੍ਰਸਿੱਧ ਸ਼ਖਸੀਅਤਾਂ ਵੱਲੋਂ ਸਿੱਖੀ ਦਾ ਪ੍ਰਚਾਰ ਕਰਕੇ ਹਾਜ਼ਰੀਆਂ ਲਵਾਈਆਂ ਗਈਆਂ। ਇਸ ਵਿੱਚ ਭਾਈ ਲਖਬੀਰ ਸਿੰਘ ਤੇੜੀ, ਭਾਈ ਗੁਪਿੰਦਰ ਸਿੰਘ ਰੂਪ, ਗਿਆਨੀ ਕਿਰਪਾਲ ਸਿੰਘ, ਬਾਬਾ ਜੀਵਨ ਸਿੰਘ, ਸਰਵਣ ਸਿੰਘ ਭੰਗਾਲੀ, ਭਾਈ ਰਵਿੰਦਰ ਸਿੰਘ, ਭਾਈ ਸੁਖਚੈਨ ਸਿੰਘ ਤਲਵੰਡੀ ਭਾਈ, ਪੰਜਾਬ ਸਿੰਘ ਭੰਗਾਲੀ ਅਤੇ ਹੋਰ ਪ੍ਰਚਾਰਕਾਂ ਵੱਲੋਂ ਉਚੇਚੇ ਤੌਰ 'ਤੇ ਹਾਜ਼ਰੀਆਂ ਲਵਾਈਆਂ ਗਈਆਂ ਅਤੇ ਸ਼ਾਮ ਨੂੰ ਕਬੱਡੀ ਦਾ ਮੈਚ ਕਰਵਾਇਆ ਗਿਆ ਜਿਸ ਵਿੱਚ ਲੜਕੀਆਂ ਦੀ ਟੀਮ ਵਿੱਚ ਅੰਮ੍ਰਿਤਸਰ ਤੇ ਗੁਰਦਾਸਪੁਰ ਦਾ ਬੜਾ ਦਿਲਚਸਪ ਮੈਚ ਹੋਇਆ ਜਿਸ ਵਿੱਚ ਅੰਮ੍ਰਿਤਸਰ ਦੀ ਟੀਮ ਜੇਤੂ ਰਹੀ ਅਤੇ ਉਸ ਤੋਂ ਬਾਅਦ ਪੰਜਾਬ ਦੇ ਨੌਜਵਾਨਾਂ ਦੇ ਮੈਚ ਹੋਏ ਜਿਸ ਵਿੱਚ ਰਮਦਾਸ ਅਤੇ ਬੱਦੋਵਾਲ ਦੇ ਖਿਡਾਰੀਆਂ ਵਿੱਚ ਕਾਂਟੇ ਦੀ ਟੱਕਰ ਹੋਈ। ਇਸ ਵਿੱਚ ਬੱਦੋਵਾਲ ਦੀ ਟੀਮ ਜੇਤੂ ਰਹੀ ਅਤੇ ਕਬੱਡੀ ਮੈਚ ਦੇ ਬੈਸਟ ਜਾਫੀ ਦੀਨੂ ਗੁੱਜਰ ਅਤੇ ਬੇਸਬੈਟ ਧਾਵੀ ਕਰਨ ਅਜੈਬ ਵਾਲੀ ਅਤੇ ਘੱਲ ਰਮਦਾਸ ਰਹੇ।ਰੈਫਰੀ ਹੈਪੀ ਬੱਦੋਵਾਲ, ਬੰਟੀ ਮਰੜੀ, ਹਰਮਨ ਮਰੜੀ ਸਨ।

## ਡੀ ਆਰ ਹੈਰੀਟੇਜ ਪਬਲਿਕ ਸਕੂਲ 'ਚ ਸ਼ਿਵਰਾਤਰੀ ਮਨਾਈ



**ਬਟਾਲਾ: (ਡਾ. ਮਲਵਿੰਦਰ ਸਿੰਘ)**-ਡੀ. ਆਰ. ਹੈਰੀਟੇਜ ਪਬਲਿਕ ਸਕੂਲ ਵਿਖੇ ਮਹਾਂ ਸ਼ਿਵਰਾਤਰੀ ਮਨਾਈ ਗਈ !ਜਿਸ ਵਿੱਚ ਸਕੂਲ ਦੀ ਪ੍ਰਿੰਸੀਪਲ ਹਰਪ੍ਰੀਤ ਕੌਰ ਸਮੂਹ ਅਧਿਆਪਕ ਅਤੇ ਵਿਦਿਆਰਥੀ ਸ਼ਾਮਲ ਸਨ! ਇਸ ਮੌਕੇ ਵਿਦਿਆਰਥੀਆਂ ਨੂੰ ਇਸ ਦਿਨ ਦੇ ਤਿਉਹਾਰ ਤੋਂ ਜਾਣੂ ਕਰਵਾਇਆ ਗਿਆ।ਇਸ ਤਿਉਹਾਰ ਦਾ ਮੰਤਵ ਵਿਦਿਆਰਥੀਆਂ ਦਾ ਪਰਮਾਤਮਾ ਵਿੱਚ ਵਿਸ਼ਵਾਸ ਪੈਦਾ ਕਰਨਾ ਸੀ।ਇਸ ਮੌਕੇ ਵਿਦਿਆਰਥੀਆਂ ਵੱਲੋਂ ਮਹਾਂ ਸ਼ਿਵਰਾਤਰੀ ਨਾਲ ਸਬੰਧਤ ਐਕਟ ਪੇਸ਼ ਕੀਤਾ ਗਿਆ।ਪ੍ਰਿੰਸੀਪਲ ਹਰਪ੍ਰੀਤ ਕੌਰ ਨੇ ਇਸ ਮੌਕੇ ਭਾਸ਼ਣ ਰਾਹੀਂ ਕਿਹਾ ਕਿ ਮਹਾਂ ਸ਼ਿਵਰਾਤਰੀ ਸਿਰਫ ਇੱਕ ਤਿਉਹਾਰ ਹੀ ਨਹੀਂ ਸਗੋਂ ਹਰ ਦੇਸ਼ ਵਾਸੀਆਂ ਦੀ ਧਰਮ ਪ੍ਰਤੀ ਅਟੁੱਟ ਆਸਥਾ ਦਾ ਪ੍ਰਤੀਕ ਹੈ।ਇਸ ਨਾਲ ਬੱਚਿਆਂ ਵਿੱਚ ਈਸ਼ਵਰਵਾਦ ਦੀ ਭਾਵਨਾ ਪੈਦਾ ਹੁੰਦੀ ਹੈ ਅਤੇ ਰੱਬ ਪ੍ਰਤੀ ਵਿਸ਼ਵਾਸ ਸ਼ਰਧਾ ਅਤੇ ਰੂਹਾਨੀਅਤ ਵਿਕਸਿਤ ਹੁੰਦੀ ਹੈ।

## ਅੱਠਵੀਂ ਤੇ ਬਾਰ੍ਹਵੀਂ ਦੀ ਸਾਲਾਨਾ ਪ੍ਰੀਖਿਆ ਭਲਕ ਤੋਂ, ਸਾਰੇ ਪ੍ਰਬੰਧ ਮੁਕੰਮਲ: ਡੀ.ਈ.ਓ. ਬਾਠ



ਤਰਨ ਤਾਰਨ (ਪ੍ਰਿਤਪਾਲ ਸਿੰਘ)-ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਕਰਵਾਈਆਂ ਜਾ ਰਹੀਆਂ 2025-26 ਸੈਸ਼ਨ ਦੀਆਂ ਅੱਠਵੀਂ, ਦਸਵੀਂ ਅਤੇ ਬਾਰ੍ਹਵੀਂ ਜਮਾਤ ਦੀਆਂ ਸਾਲਾਨਾ ਪ੍ਰੀਖਿਆਵਾਂ ਲਈ ਸਾਰੇ ਪ੍ਰਬੰਧ ਮੁਕੰਮਲ ਕਰ ਲਏ ਗਏ ਹਨ।ਇਹ ਪ੍ਰਗਟਾਵਾ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ) ਸਤਨਾਮ ਸਿੰਘ ਬਾਠ ਨੇ ਗੱਲਬਾਤ ਦੌਰਾਨ ਕੀਤਾ।ਉਨ੍ਹਾਂ ਕਿਹਾ ਕਿ ਅੱਠਵੀਂ ਜਮਾਤ ਦਾ ਅੰਗਰੇਜ਼ੀ ਅਤੇ ਬਾਰ੍ਹਵੀਂ ਦਾ ਹੋਮ ਸਾਇੰਸ ਦਾ ਪੇਪਰ 17 ਫਰਵਰੀ ਤੋਂ ਸ਼ੁਰੂ ਹੋ ਰਿਹਾ ਹੈ,ਜਿਸ ਸਬੰਧੀ ਸੁਪਰਡੈਂਟ, ਡਿਪਟੀ ਸੁਪਰਡੈਂਟ ਅਤੇ ਨਿਗਰਾਨ ਅਮਲੇ ਦੀਆਂ ਡਿਊਟੀਆਂ ਲਗਾਈਆਂ ਜਾ ਚੁੱਕੀਆਂ ਹਨ।ਇਥੇ ਇਹ ਵਰਨਣਯੋਗ ਹੈ ਕਿ ਦਸਵੀਂ ਸ਼੍ਰੇਣੀ ਦੇ ਪੇਪਰ 6 ਮਾਰਚ ਤੋਂ ਆਰੰਭ ਹੋ ਰਹੇ ਹਨ । ਉਨ੍ਹਾਂ ਕਿਹਾ ਕਿ ਪੰਜਾਬ ਸਕੂਲ ਸਿੱਖਿਆ ਬੋਰਡ ਦੀਆਂ ਸਾਲਾਨਾ ਪ੍ਰੀਖਿਆਵਾਂ ਦੌਰਾਨ ਜ਼ਿਲ੍ਹਾ ਤਰਨ ਤਾਰਨ ਦੇ ਬਾਰ੍ਹਵੀਂ ਜਮਾਤ ਦੇ 11957, ਦਸਵੀਂ ਜਮਾਤ ਦੇ 12786 ਅਤੇ ਅੱਠਵੀਂ ਜਮਾਤ ਦੇ 12827 ਵਿਦਿਆਰਥੀ ਪ੍ਰੀਖਿਆ ਵਿੱਚ ਬੈਠਣਗੇ।ਉਨ੍ਹਾਂ ਕਿਹਾ ਕਿ ਜ਼ਿਲ੍ਹੇ ਵਿੱਚ 118 ਪ੍ਰੀਖਿਆ ਕੇਂਦਰ ਬਣਾਏ ਗਏ ਹਨ, ਜਿਨ੍ਹਾਂ ਵਿੱਚ 118 ਸੁਪਰਡੈਂਟ ਅਤੇ 150 ਡਿਪਟੀ ਸੁਪਰਡੈਂਟ ਲਗਾਏ ਗਏ ਹਨ।ਉਨ੍ਹਾਂ ਕਿਹਾ ਕਿ ਨਕਲ ਰਹਿਤ ਪ੍ਰੀਖਿਆਵਾਂ ਕਰਵਾਉਣ ਲਈ ਜ਼ਿਲ੍ਹੇ ਵਿੱਚ 12 ਉਡਣ ਦਸਤੇ ਲਗਾਏ ਗਏ ਹਨ ।ਡਿਊਟੀ ਦੌਰਾਨ ਗੈਰ ਸੰਜੀਦਗੀ ਵਰਤਣ ਵਾਲੇ ਕਰਮਚਾਰੀਆਂ ਵਿਰੁੱਧ ਸਿੱਖਿਆ ਵਿਭਾਗ ਸਖ਼ਤ ਕਾਰਵਾਈ ਕਰੇਗਾ।ਉਨ੍ਹਾਂ ਜ਼ਿਲ੍ਹੇ ਦੇ ਸਮੂਹ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਨਕਲ ਰਹਿਤ ਪ੍ਰੀਖਿਆਵਾਂ ਕਰਵਾਉਣ ਲਈ ਪ੍ਰੇਰਿਤ ਕਰਦਿਆਂ ਪੇਪਰਾਂ ਲਈ ਸ਼ੁੱਭ ਇੱਛਾਵਾਂ ਦਿੱਤੀਆਂ।ਇਥੇ ਜ਼ਿਕਰਯੋਗ ਹੈ ਕਿ ਜ਼ਿਲ੍ਹਾ ਤਰਨ ਤਾਰਨ ਅੰਦਰ ਪ੍ਰੀਖਿਆਵਾਂ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਜ਼ਿਲ੍ਹਾ ਸਿੱਖਿਆ ਦਫ਼ਤਰ ਤਰਨ ਤਾਰਨ ਵਿਖੇ ਕੰਟਰੋਲ ਰੂਮ ਅਤੇ ਸ਼ਿਕਾਇਤ ਸੈਲ ਵੀ ਸਥਾਪਿਤ ਕੀਤਾ ਗਿਆ ਹੈ।

## ਪੰਜਾਬ ਦੇ ਲੋਕ ਦੇਸ਼ ਦੇ 'ਅੰਨਦਾਤਾ' ਦੀ ਸ਼ਾਨ ਤੇ ਭਵਿੱਖ 'ਤੇ ਕੋਈ ਵੀ ਹਮਲਾ ਬਰਦਾਸ਼ਤ ਨਹੀਂ ਕਰਨਗੇ: ਸੰਧਵਾਂ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਭਾਰਤ-ਅਮਰੀਕਾ ਵਪਾਰ ਸਮਝੌਤੇ ਨੂੰ ਦੇਸ਼ ਵਿਰੋਧੀ ਐਲਾਨਦਿਆਂ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਭਾਰਤ-ਅਮਰੀਕਾ ਵਪਾਰ ਸਮਝੌਤੇ ਰਾਹੀਂ ਪੰਜਾਬ ਦੇ ਕਿਸਾਨਾਂ ਨੂੰ ਬਰਬਾਦ ਕਰਨ ਅਤੇ ਭਾਰਤ ਦੀ ਖੇਤੀਬਾੜੀ ਨੂੰ ਅਮਰੀਕਾ ਕੋਲ ਵੇਚਣ ਦੀ ਸਾਜ਼ਿਸ਼ ਰਚੀ ਜਾ ਰਹੀ ਹੈ।ਅੰਮ੍ਰਿਤਸਰ ਵਿਖੇ ਇੱਕ ਨਿੱਜੀ ਪ੍ਰੋਗਰਾਮ ਵਿੱਚ ਸ਼ਾਮਿਲ ਹੋਣ ਤੋਂ ਬਾਅਦ ਪੱਤਰਕਾਰਾਂ ਨਾਲ ਗੱਲ ਕਰਦਿਆਂ ਸਪੀਕਰ ਸ. ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਕਿ ਜੇ ਅਮਰੀਕਾ ਤੋਂ ਸਸਤਾ ਦੁੱਧ ਪਾਊਡਰ, ਪਨੀਰ, ਅਨਾਜ ਅਤੇ ਹੋਰ ਖੇਤੀ ਉਤਪਾਦ ਘੱਟ ਕੀਮਤਾਂ 'ਤੇ ਭਾਰਤ ਵਿੱਚ ਆਉਣੇ ਸ਼ੁਰੂ ਹੋ ਗਏ ਤਾਂ ਪੰਜਾਬ ਦਾ ਕਿਸਾਨ ਕਿੱਧਰ ਜਾਵੇਗਾ।ਉਨ੍ਹਾਂ ਕਿਹਾ ਕਿ ਪੰਜਾਬ ਦਾ ਕਿਸਾਨ ਕਈ ਦਹਾਕਿਆਂ ਤੋਂ ਕਣਕ ਅਤੇ ਝੋਨੇ ਰਾਹੀਂ ਭਾਰਤ ਦੇ ਰਾਸ਼ਟਰੀ ਅੰਨ ਭੰਡਾਰ ਵਿੱਚ ਵੱਡਾ ਯੋਗਦਾਨ ਪਾ ਰਿਹਾ ਹੈ।ਇਸ ਦੇ ਬਾਵਜੂਦ ਕੇਂਦਰ ਸਰਕਾਰ ਵੱਲੋਂ ਕਿਸਾਨੀ ਨੂੰ ਤਬਾਹ ਕਰਨ ਦੀ ਸਾਜ਼ਿਸ਼ ਰਚੀ ਜਾ ਰਹੀ ਹੈ।ਸਪੀਕਰ ਸ. ਸੰਧਵਾਂ ਨੇ ਦੋਸ਼ ਲਾਇਆ ਕਿ ਭਾਜਪਾ ਦੀ ਅਗਵਾਈ ਹੇਠਲੀ ਕੇਂਦਰ ਸਰਕਾਰ ਨੇ ਅਮਰੀਕਾ ਅੱਗੇ ਗੋਡੇ ਟੇਕ ਦਿੱਤੇ ਹਨ ਅਤੇ ਭਾਰਤ ਦੇ ਹਿੱਤ ਵੇਚ ਦਿੱਤੇ ਹਨ।ਉਨ੍ਹਾਂ ਕਿਹਾ ਕਿ ਇਹ ਸਮਝੌਤਾ ਭਾਰਤ ਦੇ ਵਿਸ਼ਾਲ ਬਾਜ਼ਾਰ ਵਿੱਚ ਅਮਰੀਕੀ ਖੇਤੀ ਉਤਪਾਦਾਂ ਦੀ ਬਰਾਮਦ ਵਧਾਏਗਾ, ਅਮਰੀਕੀ ਕੀਮਤਾਂ ਨੂੰ ਉਚਾ ਚੁੱਕੇਗਾ, ਅਮਰੀਕਾ ਵਿੱਚ ਨਕਦੀ ਪਹੁੰਚਾਏਗਾ ਅਤੇ ਅਮਰੀਕੀ ਆਰਥਿਕਤਾ ਨੂੰ ਮਜ਼ਬੂਤ ਕਰੇਗਾ ਜਦਕਿ ਭਾਰਤ ਨੂੰ ਇਸ ਦਾ ਨੁਕਸਾਨ ਹੋਵੇਗਾ।ਉਨ੍ਹਾਂ ਭਾਜਪਾ ਨੂੰ ਚਿਤਾਵਨੀ ਦਿੱਤੀ ਕਿ ਪੰਜਾਬ ਦੇ ਲੋਕ ਦੇਸ਼ ਦੇ 'ਅੰਨਦਾਤਾ' ਦੀ ਸ਼ਾਨ ਤੇ ਭਵਿੱਖ 'ਤੇ ਕੋਈ ਵੀ ਹਮਲਾ ਬਰਦਾਸ਼ਤ ਨਹੀਂ ਕਰਨਗੇ ਅਤੇ ਸੱਚਾਈ ਨੂੰ ਹਰ ਪਿੰਡ ਅਤੇ ਹਰ ਘਰ ਤੱਕ ਪਹੁੰਚਾਇਆ ਜਾਵੇਗਾ।ਉਨ੍ਹਾਂ ਨੇ ਕਿਹਾ ਕਿ ਪੰਜਾਬ ਦੇ ਲੋਕ ਕਿਸਾਨ ਮਾਰੂ ਇਸ ਸਮਝੌਤੇ ਦੀ ਡਟ ਕੇ ਵਿਰੋਧਤਾ ਕਰਦੇ ਹਨ ਅਤੇ ਕੇਂਦਰ ਸਰਕਾਰ ਦੀ ਇਸ ਕੋਝੀ ਸਾਜ਼ਿਸ਼ ਨੂੰ ਰੋਕਣ ਲਈ ਹਰ ਹੀਲਾ ਵਰਤਣਗੇ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਇਸ ਦੇਸ਼ ਵਿਰੋਧੀ ਸਮਝੌਤੇ ਦਾ ਡਟ ਕੇ ਵਿਰੋਧ ਕਰਦੀ ਹੈ।



**ਬਟਾਲਾ-ਡੀ. ਆਰ. ਹੈਰੀਟੇਜ ਪਬਲਿਕ ਸਕੂਲ ਬਟਾਲਾ ਵਿਖੇ ਵਿਦਾਇਗੀ ਪਾਰਟੀ ਮੌਕੇ ਬੱਚਿਆਂ ਦੀ ਮਾਡਲਿੰਗ ਕਰਵਾਈ ਗਈ ਜਿਸ ਵਿੱਚ ਦਸਵੀਂ ਜਮਾਤ ਦਾ ਸਿਮਰਜੀਤ ਸਿੰਘ ਮਿਸਟਰ ਡੀ. ਆਰ. ਹੈਰੀਟੇਜ ਅਤੇ ਸਹਿਜ ਪ੍ਰੀਤ ਕੌਰ ਮਿਸ ਡੀ. ਆਰ. ਹੈਰੀਟੇਜ ਚੁਣਿਆ ਗਿਆ ।ਇਸ ਤੋਂ ਇਲਾਵਾ ਮਿਸ ਵਰਸ ਟਾਇਲ ਰੋਜਲ ਕੁਮਾਰੀ, ਮਿਸ ਚਾਰਮਿੰਗ ਦ੍ਰਿਸ਼ਟੀ, ਮਿਸ ਆਗਿਆਕਾਰੀ ਸਾਹਨੀ ਅਤੇ ਮਿਸਵੈੱਲ ਮੈਨ ਅਲੀਸ਼ਾ ਨੂੰ ਚੁਣਿਆ ਗਿਆ ।ਇਸ ਚੋਣ 'ਤੇ ਪ੍ਰਿੰਸੀਪਲ ਹਰਪ੍ਰੀਤ ਕੌਰ ਵੱਲੋਂ ਵਿਦਿਆਰਥੀਆਂ ਨੂੰ ਹੋਰ ਮਿਹਨਤ ਕਰਨ ਲਈ ਉਤਸ਼ਾਹਤ ਕੀਤਾ ਗਿਆ। (ਫੋਟੋ ਤੇ ਵੇਰਵਾ: ਡਾ. ਮਲਵਿੰਦਰ ਸਿੰਘ)**

# ਸ਼ਰਧਾ ਨਾਲ ਸਜਾਈ ਭੋਲੇ ਸ਼ੰਕਰ ਦੀ ਬਰਾਤ



ਛੇਹਰਟਾ, (ਮਨੋਜ ਕੁਮਾਰ)-ਮਹਾਬੀਰ ਦਲ ਮੰਦਰ, ਪੁਤਲੀਘਰ ਤੋਂ ਹਰ ਸਾਲ ਦੀ ਤਰ੍ਹਾਂ ਮਹਾਸ਼ਿਵਰਾਤਰੀ ਦੇ ਸਬੰਧ ਵਿਚ ਸ਼ਿਵ ਬਰਾਤ ਸਜਾਈ ਗਈ। ਮੰਦਰ ਦੇ ਪੰਡਤ ਰਾਮ ਬਾਬੂ ਦੇ ਸਹਿਯੋਗ ਨਾਲ ਸਜਾਈ ਗਈ ਸ਼ਿਵ ਬਰਾਤ ਦੀ ਅਗਵਾਈ ਕੁਮਾਰ ਗੌਰਵ ਨੇ ਕੀਤੀ, ਜਿਸਦਾ ਪੁਤਲੀਘਰ, ਸੇਵਾ ਨਗਰ, ਰਣਜੀਤਪੁਰਾ ਤੇ ਗੁਰੂ ਨਾਨਕ ਵਾੜਾ ਵਿਚ ਸ਼ਰਧਾਲੂਆਂ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਭਜਨ ਗਾਇਕਾਂ ਪਵਨ ਕੁਮਾਰ, ਰਾਜੂ ਤੇ ਬੂਰਾ ਨੇ ਭਗਵਾਨ ਭੋਲੇ ਸ਼ੰਕਰ ਦੇ ਭਜਨ ਗਾ ਕੇ ਸੰਗਤ ਨੂੰ ਝੂਮਣ ਲਗਾ ਦਿੱਤਾ। ਜ਼ਿਕਰਯੋਗ ਹੈ ਕਿ ਜਦੋਂ ਤੋਂ ਮਹਾਬੀਰ ਦਲ ਮੰਦਰ ਦਾ ਨਿਰਮਾਣ ਹੋਇਆ ਹੈ, ਉਸ ਸਮੇਂ ਤੋਂ ਹੀ ਮਹਾਸ਼ਿਵਰਾਤਰੀ ਤੋਂ 10 ਦਿਨ ਪਹਿਲਾਂ ਇਲਾਕੇ ਵਿਚ ਪ੍ਰਭਾਤ ਫੇਰੀ ਤੇ 11ਵੇਂ ਦਿਨ ਮਹਾਸ਼ਿਵਰਾਤਰੀ ਮੌਕੇ ਭਗਵਾਨ ਭੋਲੇ ਸ਼ੰਕਰ ਦੀ ਬਰਾਤ ਸਜਾਈ ਜਾਣ ਦੀ ਪਰੰਪਰਾ ਚਲੀ ਆ ਰਹੀ ਹੈ। ਜ਼ਿਕਰਯੋਗ ਹੈ ਕਿ ਇਸ ਤੋਂ ਪਹਿਲਾਂ ਮਰਹੂਮ ਕੈਪਟਨ ਰਾਜਿੰਦਰ ਕੁਮਾਰ ਦੀ ਅਗਵਾਈ ਵਿਚ ਮਹਾਸ਼ਿਵਰਾਤਰੀ ਦੇ ਸਬੰਧ ਵਿਚ ਹਰ ਸਾਲ ਪ੍ਰਭਾਤ ਫੇਰੀ ਤੇ ਸ਼ਿਵ ਬਰਾਤ ਸਜਾਈ ਜਾਂਦੀ ਰਹੀ ਹੈ। ਕੈਪਟਨ ਰਾਜਿੰਦਰ ਕੁਮਾਰ ਦਾ ਪਿਛਲੇ ਸਾਲ ਦਿਹਾਂਤ ਹੋ ਜਾਣ ਤੋਂ ਬਾਅਦ ਇਸ ਵਰ੍ਹੇ ਉਨ੍ਹਾਂ ਦੇ ਲੜਕੇ ਕੁਮਾਰ ਗੌਰਵ ਦੀ ਅਗਵਾਈ ਵਿਚ ਇਹ ਪਰੰਪਰਾ ਨਿਭਾਈ ਗਈ।

ਐਤਵਾਰ ਨੂੰ ਸਜਾਈ ਗਈ ਸ਼ਿਵ ਬਰਾਤ ਵਿਚ ਮਦਨ ਲਾਲ ਕਾਲਾ, ਦਵਿੰਦਰ ਕੁਮਾਰ, ਕੁਮਾਰ ਰੰਜਨ, ਸੰਜੀਵ ਕੁਮਾਰ, ਦੀਪਾਂਸ਼ੂ, ਰਿਤਿਸ਼, ਸ਼ੈਂਕੀ, ਰਘੁਰਾਜਾ, ਵਿਸ਼ਾਲ ਸ਼ਾਲੂ, ਅਨਮੋਲ, ਕਰਨ (ਸਿੰਘ ਪੱਗੜੀ ਹਾਊਸ), ਜਸਬੀਰ ਸਿੰਘ ਕੁੱਕੂ ਆਦਿ ਹਾਜ਼ਰ ਸਨ।

# ਐੱਚ ਡੀ ਐੱਫ ਸੀ ਬੈਂਕ ਵੱਲੋਂ ਪੰਜਾਬ 'ਚ ਮੈਗਾ ਆਟੋ ਲੋਨ ਮੇਲਾ ਕਰਵਾਉਣ ਦਾ ਐਲਾਨ

ਅੰਮ੍ਰਿਤਸਰ : ਐੱਚ ਡੀ ਐੱਫ ਸੀ ਬੈਂਕ 16 ਫਰਵਰੀ ਨੂੰ ਪੰਜਾਬ ਵਿੱਚ ਆਪਣੀਆਂ 500 ਤੋਂ ਵੱਧ ਸ਼ਾਖਾਵਾਂ ਵਿੱਚ ਮੈਗਾ ਆਟੋ ਲੋਨ ਮੇਲਾ ਆਯੋਜਿਤ ਕਰੇਗਾ।ਪ੍ਰਮੁੱਖ ਆਟੋਮੋਬਾਈਲ ਬ੍ਰਾਂਡ ਅਤੇ ਖੇਤਰੀ ਡੀਲਰਸ਼ਿਪ ਗਾਹਕਾਂ ਨੂੰ ਆਪਣੀਆਂ ਕਾਰ ਮਾਡਲਾਂ ਦਾ ਪ੍ਰਦਰਸ਼ਨ ਕਰਨ ਲਈ ਸ਼ਾਖਾਵਾਂ ਵਿੱਚ ਮੌਜੂਦ ਰਹਿਣਗੇ।ਬੈਂਕ ਯੋਗ ਗਾਹਕਾਂ ਲਈ ਮੌਕੇ 'ਤੇ ਕਰਜ਼ਾ ਮਨਜ਼ੂਰੀ ਪ੍ਰਦਾਨ ਕਰੇਗਾ।ਗਾਹਕ ਬੈਂਕ ਦੀ ਐਕਸਪ੍ਰੈੱਸ ਕਾਰ ਲੋਨ ਸਹੂਲਤ ਦਾ ਵੀ ਲਾਭ ਉਠਾ ਸਕਦੇ ਹਨ ।

ਉਦਘਾਟਨੀ ਸਮਾਰੋਹ ਵਿੱਚ ਬੋਲਦੇ ਹੋਏ ਬ੍ਰਾਂਚ ਬੈਂਕਿੰਗ ਮੁਖੀ ਦਿਨੇਸ਼ ਲੂਥਰਾ ਨੇ ਕਿਹਾ ਕਿ ਮੈਗਾ ਆਟੋ ਲੋਨ ਮੇਲਾ ਗਾਹਕਾਂ ਨੂੰ ਆਪਣੀ ਮਨਪਸੰਦ ਕਾਰ ਲਈ ਆਸਾਨੀ ਨਾਲ ਵਿੱਤ ਪ੍ਰਾਪਤ ਕਰਨ ਦਾ ਇੱਕ ਵਧੀਆ ਮੌਕਾ ਪ੍ਰਦਾਨ ਕਰਦਾ ਹੈ।

ਅਸੀਂ ਪ੍ਰਮੁੱਖ ਕਾਰ ਨਿਰਮਾਤਾਵਾਂ ਅਤੇ ਆਟੋ ਡੀਲਰਾਂ ਨੂੰ ਆਪਣੀਆਂ ਸ਼ਾਖਾਵਾਂ ਵਿੱਚ ਆਪਣੇ ਚੋਟੀ ਦੇ ਮਾਡਲਾਂ ਦਾ ਪ੍ਰਦਰਸ਼ਨ ਕਰਨ ਲਈ ਸੱਦਾ ਦਿੱਤਾ ਹੈ।ਮੈਗਾ ਆਟੋ ਲੋਨ ਮੇਲਾ ਮੁਹਿੰਮ ਦਾ ਉਦੇਸ਼ ਗਾਹਕਾਂ ਨੂੰ ਆਟੋਮੋਬਾਈਲ ਵਿੱਤ ਤੱਕ ਆਸਾਨ ਪਹੁੰਚ ਪ੍ਰਦਾਨ ਕਰਨਾ ਹੈ, ਖਾਸ ਕਰਕੇ ਐੱਸਯੂਆਰਯੂ (ਅਰਧ-ਸ਼ਹਿਰੀ ਅਤੇ ਪੇਂਡੂ) ਖੇਤਰਾਂ ਵਿੱਚ।

# ਪ੍ਰੀਖਿਆਵਾਂ 'ਚ ਸਫਲਤਾ ਲਈ ਸ੍ਰੀ ਸੁਖਮਨੀ ਸਾਹਿਬ ਦਾ ਪਾਠ ਕਰਵਾਇਆ



ਤਰਨ ਤਾਰਨ (ਪ੍ਰਿਤਪਾਲ ਸਿੰਘ)-ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ, ਤਰਨ ਤਾਰਨ ਵੱਲੋਂ ਆਉਣ ਵਾਲੀਆਂ ਬੋਰਡ ਪ੍ਰੀਖਿਆਵਾਂ ਵਿੱਚ ਬੈਠਣ ਵਾਲੇ ਵਿਦਿਆਰਥੀਆਂ ਦੀ ਚੰਗੀ ਸਿਹਤ, ਉਚੇ ਮਨੋਬਲ ਅਤੇ ਸ਼ਾਨਦਾਰ ਨਤੀਜਿਆਂ ਲਈ ਪਰਮਾਤਮਾ ਦੇ ਚਰਨਾਂ ਵਿੱਚ ਅਰਦਾਸ ਕਰਦਿਆਂ ਸ਼ਰਧਾ ਭਾਵਨਾ ਨਾਲ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਦੇ ਭੋਗ ਪਾਏ ਗਏ।ਇਸ ਪਾਵਨ ਅਵਸਰ ਤੇ ਚੀਫ਼ ਖਾਲਸਾ ਦੀਵਾਨ ਦੀ ਲੋਕਲ ਕਮੇਟੀ ਦੇ ਪ੍ਰਧਾਨ ਅਤੇ ਮੈਂਬਰ ਇੰਚਾਰਜ ਹਰਜੀਤ ਸਿੰਘ, ਸਥਾਨਕ ਕਮੇਟੀ ਦੇ ਮੀਤ ਪ੍ਰਧਾਨ ਅਤੇ ਮੈਂਬਰ ਇੰਚਾਰਜ ਸ. ਗੁਰਿੰਦਰ ਸਿੰਘ, ਸਕੂਲ ਦੇ ਮੈਂਬਰ ਇੰਚਾਰਜ ਨਵਜੋਤ ਸਿੰਘ, ਰਣਦੀਪ ਸਿੰਘ, ਸਕੂਲ ਦੇ ਪ੍ਰਿੰਸੀਪਲ ਸ. ਸਤਵੰਤ ਸਿੰਘ ਬੈਂਸ, ਸਟਾਫ਼ ਮੈਂਬਰਾਂ ਅਤੇ ਵਿਦਿਆਰਥੀਆਂ ਨੇ ਭਾਗ ਲਿਆ।ਸਥਾਨਕ ਕਮੇਟੀ ਦੇ ਪ੍ਰਧਾਨ ਅਤੇ ਸਕੂਲ ਦੇ ਮੈਂਬਰ ਇੰਚਾਰਜ ਸ. ਹਰਜੀਤ ਸਿੰਘ ਨੇ ਵਿਦਿਆਰਥੀਆਂ ਦੀ ਕਾਮਯਾਬੀ ਲਈ ਬ੍ਰਹਮ ਅਸੀਸਾਂ ਦੀ ਅਰਦਾਸ ਕਰਦਿਆਂ ਉਨ੍ਹਾਂ ਨੂੰ ਆਪਣੀਆਂ ਜੜ੍ਹਾਂ, ਸੰਸਕਾਰਾਂ ਅਤੇ ਕਦਰਾਂ-ਕੀਮਤਾਂ ਨਾਲ ਜੁੜੇ ਰਹਿਣ ਦੀ ਪ੍ਰੇਰਣਾ ਦਿੱਤੀ।ਲੋਕਲ ਕਮੇਟੀ ਦੇ ਮੀਤ ਪ੍ਰਧਾਨ ਤੇ ਮੈਂਬਰ ਇੰਚਾਰਜ ਗੁਰਿੰਦਰ ਸਿੰਘ ਨੇ ਕਿਹਾ ਕਿ ਸਫਲਤਾ ਲਈ ਮਿਹਨਤ ਦੇ ਨਾਲ-ਨਾਲ ਵਿਸ਼ਵਾਸ ਅਤੇ ਅਟੱਲ ਹੌਸਲੇ ਦੀ ਵੀ ਬਹੁਤ ਮਹੱਤਤਾ ਹੁੰਦੀ ਹੈ।ਸਕੂਲ ਦੇ ਮੈਂਬਰ ਇੰਚਾਰਜ ਨਵਜੋਤ ਸਿੰਘ ਅਤੇ ਰਣਦੀਪ ਸਿੰਘ ਨੇ ਸਕੂਲ ਵੱਲੋਂ ਅਜਿਹੇ ਅਧਿਆਤਮਕ ਸਮਾਗਮਾਂ ਦੀ ਸਰਾਹਨਾ ਕੀਤੀ।

ਪ੍ਰਿੰ. ਸਤਵੰਤ ਸਿੰਘ ਬੈਂਸ ਨੇ ਸਮੂਹ ਹਾਜ਼ਰੀਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਅਧਿਆਤਮਕਤਾ ਵਿਦਿਆਰਥੀਆਂ ਵਿੱਚ ਸਕਾਰਾਤਮਕ ਸੋਚ, ਆਤਮਵਿਸ਼ਵਾਸ ਅਤੇ ਨੈਤਿਕ ਮੁੱਲਾਂ ਨੂੰ ਮਜ਼ਬੂਤ ਬਣਾਉਂਦੀ ਹੈ ਜੋ ਉਨ੍ਹਾਂ ਦੀ ਸਫਲਤਾ ਲਈ ਅਹਿਮ ਹੈ।

# ਦਸਮੇਸ਼ ਹੈਰੀਟੇਜ ਪਬਲਿਕ ਸਕੂਲ 'ਚ ਕਰਵਾਇਆ ਸਾਲਾਨਾ ਇਨਾਮ ਵੰਡ ਸਮਾਗਮ



ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-ਦਸਮੇਸ਼ ਹੈਰੀਟੇਜ ਪਬਲਿਕ ਸਕੂਲ ਮਹਿਤਾ ਚੌਕ ਵੱਲੋਂ ਸਾਲਾਨਾ ਇਨਾਮ ਵੰਡ ਸਮਾਗਮ ਕਰਵਾਇਆ ਗਿਆ।

ਬਤੌਰ ਮੁੱਖ ਮਹਿਮਾਨ ਸ਼੍ਰੀ.ਸਿਰੀ ਵਨੇਲਾ ਵਧੀਕ ਡਿਪਟੀ ਕਮਿਸ਼ਨਰ ਪੁਲਸ, ਅੰਮ੍ਰਿਤਸਰ ਅਤੇ ਵਿਸ਼ੇਸ਼ ਮਹਿਮਾਨ ਵਜੋਂ ਅਰੁਣ ਸ਼ਰਮਾ ਡੀਐੱਸਪੀ ਬਾਬਾ ਬਕਾਲਾ ਨੇ ਸ਼ਿਰਕਤ ਕੀਤੀ।ਸਕੂਲ ਦੇ ਚੇਅਰਮੈਨ ਗੁਰਦੀਪ ਸਿੰਘ ਰੰਧਾਵਾ, ਮੈਨੇਜਿੰਗ ਡਾਇਰੈਕਟਰ ਹਰਸ਼ਦੀਪ ਸਿੰਘ ਰੰਧਾਵਾ ਨੇ ਉਨ੍ਹਾਂ ਦਾ ਸਕੂਲ ਪਹੁੰਚਣ ਤੇ ਹਾਰਦਿਕ ਸਵਾਗਤ ਕੀਤਾ।

ਵਿਦਿਆਰਥੀਆਂ ਦੁਆਰਾ ਰੰਗਾਰੰਗ ਪ੍ਰੋਗਰਾਮ ਪੇਸ਼ ਕੀਤਾ ਗਿਆ ਜਿਸ ਵਿੱਚ ਪੰਜਾਬੀ ਗਿੱਧਾ, ਭੰਗੜਾ, ਲੁੱਡੀ ਅਤੇ ਪੰਜਾਬੀ ਮਾਂ ਬੋਲੀ ਨਾਲ ਸੰਬੰਧਿਤ ਆਈਟਮਾਂ ਪੇਸ਼ ਕੀਤੀਆਂ ਗਈਆਂ। ਮੈਨੇਜਿੰਗ ਡਾਇਰੈਕਟਰ ਹਰਸ਼ਦੀਪ ਸਿੰਘ ਰੰਧਾਵਾ ਨੇ ਆਏ ਹੋਏ ਮੁੱਖ ਮਹਿਮਾਨ ਨੂੰ ਸਨਮਾਨ ਚਿੰਨ ਦੇ ਕੇ ਸਨਮਾਨਿਤ ਕੀਤਾ। ਸ਼ਾਮਲ ਹੋਏ ਮਾਪਿਆਂ ਨੂੰ ਜੀ ਆਇਆਂ ਕਿਹਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਪਰਮਜੀਤ ਸਿੰਘ ਬਾਜਵਾ ਐਡੀਸ਼ਨਲ ਐੱਸਐੱਚਓ ਮਹਿਤਾ, ਸ: ਅਵਤਾਰ ਸਿੰਘ ਬੁੱਟਰ ਮੈਂਬਰ ਚੀਫ ਖਾਲਸਾ ਦੀਵਾਨ, ਪ੍ਰਿੰ: ਕੁਲਬੀਰ ਸਿੰਘ ਮਾਨ, ਪ੍ਰਿੰ. ਕੁਲਵੰਤ ਸਿੰਘ ਕੋਹਾੜ, ਪ੍ਰਿੰ: ਜਤਿੰਦਰ ਸ਼ਰਮਾ, ਪ੍ਰਿੰ: ਗੁਰਦੀਪ ਸਿੰਘ ਜਲਾਲ ਉਸਮਾ, ਪ੍ਰਿੰ. ਗੌਰਵਜੀਤ ਸਿੰਘ, ਪ੍ਰਿੰ. ਹਰਜੋਤ ਸਿੰਘ, ਪ੍ਰਿੰ. ਤੇਜਬੀਰ ਸਿੰਘ ਸੋਹਲ, ਬਲਕਾਰ ਸਿੰਘ, ਸੁਖਨਪਾਲ ਸਿੰਘ ਬੱਲ, ਅਮਰ ਰਾਵਤ, ਬਲਜਿੰਦਰ ਸਿੰਘ ਰਾਜੂ, ਕੈਪਟਨ ਜੋਗਿੰਦਰ ਸਿੰਘ, ਪ੍ਰਿੰ. ਗੁਰਬੀਰ ਕੌਰ, ਹਰਪ੍ਰੀਤ ਕੌਰ, ਲਕਸ਼ਮਣ ਸਿੰਘ ਰਾਵਤ, ਸਮੂਹ ਸਟਾਫ ਤੇ ਵਿਦਿਆਰਥੀ ਹਾਜ਼ਰ ਸਨ।

# ਸ਼ਿਵ ਮੰਦਰ 'ਚ ਨਤਮਸਤਕ ਹੋਏ ਡਾ. ਇੰਦਰ ਪਾਲ



ਛੇਹਰਟਾ/ਖਾਸਾ, (ਮਨੋਜ ਕੁਮਾਰ/ਸ਼ਸ਼ਪਾਲ ਸਿੰਘ)-ਹਲਕਾ ਪੱਛਮੀ ਵਿਚ ਸ਼ਿਵ ਮੰਦਰ ਤਾਬੋਵਾਲੀ ਰੋਡ ਅਰਬਨ ਅਸਟੇਟ ਵਿਖੇ ਮਹਾ-ਸ਼ਿਵਰਾਤਰੀ ਦਾ ਤਿਓਹਾਰ ਗੁਲਸ਼ਨ ਪ੍ਰਧਾਨ ਦੀ ਅਗਵਾਈ ਹੇਠ ਬੜੀ ਸ਼ਰਧਾ ਨਾਲ ਮਨਾਇਆ ਗਿਆ। ਇਸ ਮੌਕੇ ਆਮ ਆਦਮੀ ਪਾਰਟੀ ਐੱਸ. ਸੀ. ਵਿੰਗ ਅੰਮ੍ਰਿਤਸਰ ਦੇ ਜ਼ਿਲ੍ਹਾ ਪ੍ਰਧਾਨ ਡਾਕਟਰ ਇੰਦਰ ਪਾਲ, ਸਾਹਿਬ ਸਿੰਘ ਤੇ ਰਾਮੇਸ਼ ਥਾਪਾ ਵਿਸ਼ੇਸ਼ ਤੌਰ 'ਤੇ ਪੁੱਜੇ ਅਤੇ ਮੰਦਰ ਵਿਚ ਨਤਮਸਤਕ ਹੋਏ। ਮੰਦਰ ਕਮੇਟੀ ਵੱਲੋਂ ਉਨ੍ਹਾਂ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਡਾ. ਇੰਦਰ ਪਾਲ ਨੇ ਕਿਹਾ ਕਿ ਸਾਨੂੰ ਸਾਰਿਆਂ ਨੂੰ ਆਪਣੇ ਤਿਓਹਾਰ ਰਲ ਮਿਲ ਕੇ ਮਨਾਉਣੇ ਚਾਹੀਦੇ ਹਨ। ਇਸ ਮੌਕੇ ਅਮਨ ਭਨੋਟ, ਸੌਰਵ ਸਾਹਨੀ, ਵਿਕਾਸ ਸਾਹਨੀ, ਰਾਜੇਸ਼, ਪਵਨ, ਜਤਿੰਦਰ ਉੱਪਲ, ਸੰਦੀਪ ਕੋਹਲੀ, ਕੁੱਕੂ ਪ੍ਰਧਾਨ, ਮਨਦੇਵ ਤੇ ਇਲਾਕਾ ਵਾਸੀ ਵੱਡੀ ਗਿਣਤੀ ਵਿਚ ਹਾਜ਼ਰ ਸਨ।

# ਮਹਾਂ-ਸ਼ਿਵਰਾਤਰੀ ਨੂੰ ਸਮਰਪਿਤ ਵਿਸ਼ਾਲ ਸ਼ੋਭਾ ਯਾਤਰਾ ਸਜਾਈ



ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਮਹਾਂ ਸ਼ਿਵਰਾਤਰੀ ਦੇ ਪਵਿੱਤਰ ਤਿਉਹਾਰ ਨੂੰ ਲੈ ਕੇ ਸ਼ਹਿਰ ਵਿੱਚ ਧਾਰਮਿਕ ਉਤਸ਼ਾਹ ਵੇਖਣ ਨੂੰ ਮਿਲ ਰਿਹਾ ਹੈ।ਕਾਦੀਆਂ ਸ਼ਹਿਰ ਵਿੱਚ ਇੱਕ ਵਿਸ਼ਾਲ ਸ਼ੋਭਾ ਯਾਤਰਾ ਸਜਾਈ ਗਈ, ਜਿਸ ਨੇ ਸ਼ਹਿਰ ਦੇ ਮਾਹੌਲ ਨੂੰ ਧਾਰਮਿਕ ਰੰਗ ਵਿੱਚ ਰੰਗ ਦਿੱਤਾ।ਇਹ ਵਿਸ਼ਾਲ ਸ਼ੋਭਾ ਯਾਤਰਾ ਸ਼ਿਵਾਲਾ ਮੰਦਰ ਤੋਂ ਸ਼ੁਰੂ ਹੋ ਕੇ ਮੇਨ ਬਾਜ਼ਾਰ, ਰੇਲਵੇ ਰੋਡ ਅਤੇ ਥਾਣੇ ਵਾਲੇ ਚੌਂਕ ਸਮੇਤ ਸ਼ਹਿਰ ਦੇ ਵੱਖ-ਵੱਖ ਹਿੱਸਿਆਂ ਵਿੱਚੋਂ ਗੁਜ਼ਰੀ ਅਤੇ ਅੰਤ ਵਿੱਚ ਵਾਪਸ ਸ਼ਿਵਾਲਾ ਮੰਦਰ ਵਿਖੇ ਸਮਾਪਤ ਹੋਈ।ਸ਼ੋਭਾ ਯਾਤਰਾ ਦੌਰਾਨ ਭਜਨ-ਕੀਰਤਨ, ਢੋਲ-ਨਗਾਰੇ ਅਤੇ ਧਾਰਮਿਕ ਝਾਕੀਆਂ ਵਿਸ਼ੇਸ਼ ਆਕਰਸ਼ਣ ਦਾ ਕੇਂਦਰ ਰਹੀਆਂ।ਝਾਕੀਆਂ ਵਿੱਚ ਭਗਵਾਨ ਸ਼ਿਵ ਅਤੇ ਮਾਤਾ ਪਾਰਵਤੀ ਦੇ ਜੀਵਨ ਨਾਲ ਸੰਬੰਧਿਤ ਦ੍ਰਿਸ਼ ਪੇਸ਼ ਕੀਤੇ ਗਏ, ਜਿਨ੍ਹਾਂ ਨੂੰ ਦੇਖਣ ਲਈ ਰਸਤੇ ਦੇ ਦੋਹਾਂ ਪਾਸਿਆਂ ਵੱਡੀ ਗਿਣਤੀ ਵਿੱਚ ਲੋਕ ਇਕੱਠੇ ਹੋਏ।ਬੱਚਿਆਂ, ਨੌਜਵਾਨਾਂ ਅਤੇ ਬਜ਼ੁਰਗਾਂ ਨੇ ਵੀ ਉਤਸ਼ਾਹ ਨਾਲ ਸ਼ਮੂਲੀਅਤ ਕੀਤੀ।ਵੱਖ-ਵੱਖ ਧਾਰਮਿਕ ਅਤੇ ਸਿਆਸੀ ਜਥੇਬੰਦੀਆਂ ਵੱਲੋਂ ਸ਼ੋਭਾ ਯਾਤਰਾ ਦਾ ਜਗ੍ਹਾ-ਜਗ੍ਹਾ ਫੁੱਲਾਂ ਦੀ ਵਰਖਾ ਕਰਕੇ ਸਵਾਗਤ ਕੀਤਾ ਗਿਆ।ਕਈ ਥਾਵਾਂ ਤੇ ਸੰਗਤਾਂ ਲਈ ਜਲਪਾਨ, ਚਾਹ ਅਤੇ ਪ੍ਰਸ਼ਾਦ ਦੇ ਸਟਾਲ ਵੀ ਲਗਾਏ ਗਏ, ਜਿੱਥੇ ਸੇਵਾਦਾਰਾਂ ਨੇ ਨਿਸ਼ਕਾਮ ਸੇਵਾ ਨਿਭਾਈ।ਇਸ ਮੌਕੇ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਵਿਸ਼ੇਸ਼ ਤੌਰ 'ਤੇ ਪਹੁੰਚੇ।ਉਨ੍ਹਾਂ ਨਾਲ ਤ੍ਰਿਪਤ ਰਾਜਿੰਦਰ ਸਿੰਘ ਬਾਜਵਾ ਅਤੇ ਹੋਰ ਕਈ ਮਾਣਯੋਗ ਸ਼ਖਸੀਅਤਾਂ ਵੀ ਮੌਜੂਦ ਰਹੀਆਂ।ਆਗੂਆਂ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਕਾਦੀਆਂ ਦੀ ਧਰਤੀ ਦੀ ਖ਼ਾਸੀਅਤ ਹੈ ਕਿ ਇੱਥੇ ਹਰ ਤਿਉਹਾਰ ਮਿਲ-ਜੁਲ ਕੇ ਮਨਾਇਆ ਜਾਂਦਾ ਹੈ।ਉਨ੍ਹਾਂ ਕਿਹਾ ਕਿ ਅਜਿਹੇ ਪ੍ਰੋਗਰਾਮ ਆਪਸੀ ਭਾਈਚਾਰੇ, ਪਿਆਰ ਅਤੇ ਧਾਰਮਿਕ ਸਾਂਝ ਨੂੰ ਮਜ਼ਬੂਤ ਕਰਦੇ ਹਨ।ਉਨ੍ਹਾਂ ਹੋਰ ਕਿਹਾ ਕਿ ਜਦੋਂ ਹਰ ਧਰਮ ਅਤੇ ਹਰ ਵਰਗ ਦੇ ਲੋਕ ਇਕੱਠੇ ਹੋ ਕੇ ਤਿਉਹਾਰ ਮਨਾਉਂਦੇ ਹਨ ਤਾਂ ਸਮਾਜ ਵਿੱਚ ਏਕਤਾ ਅਤੇ ਸਦਭਾਵਨਾ ਦਾ ਸੰਦੇਸ਼ ਜਾਂਦਾ ਹੈ, ਜੋ ਅੱਜ ਦੇ ਸਮੇਂ ਦੀ ਸਭ ਤੋਂ ਵੱਡੀ ਲੋੜ ਹੈ।ਸ਼ੋਭਾ ਯਾਤਰਾ ਦੌਰਾਨ ਪ੍ਰਸ਼ਾਸਨ ਵੱਲੋਂ ਸੁਰੱਖਿਆ ਅਤੇ ਟ੍ਰੈਫਿਕ ਦੇ ਪੂਰੇ ਪ੍ਰਬੰਧ ਕੀਤੇ ਗਏ ਸਨ, ਜਿਸ ਨਾਲ ਯਾਤਰਾ ਸ਼ਾਂਤੀਪੂਰਵਕ ਢੰਗ ਨਾਲ ਸੰਪੰਨ ਹੋਈ।ਸਮਾਗਮ ਦੇ ਅੰਤ ਵਿੱਚ ਸ਼ਹਿਰ ਦੀ ਖੁਸ਼ਹਾਲੀ, ਅਮਨ-ਸ਼ਾਂਤੀ ਅਤੇ ਲੋਕਾਂ ਦੀ ਚੜ੍ਹਦੀ ਕਲਾ ਲਈ ਅਰਦਾਸ ਕੀਤੀ ਗਈ।

# ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ 'ਚ ਅਧਿਆਪਕ-ਮਾਪੇ ਮਿਲਣੀ



**ਧਾਰੀਵਾਲ, (ਮਨਦੀਪ ਵਿੱਕੀ)**-ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ ਵਿਖੇ ਡਾਇਰੈਕਟਰ ਸਰਦਾਰ ਅਮਰਜੀਤ ਸਿੰਘ ਚਾਹਲ ਸਕੱਤਰ ਮੈਡਮ ਪਰਮਿੰਦਰ ਕੌਰ ਚਾਹਲ ਅਤੇ ਪ੍ਰਿੰਸੀਪਲ ਕਿਰਨ ਕੇਸਰ ਦੀ ਯੋਗ ਅਗਵਾਈ ਹੇਠ ਸਕੂਲ ਵਿੱਚ ਅਧਿਆਪਕ ਮਾਪੇ ਮਿਲਣੀ ਕਰਵਾਈ ਗਈ ਜਿਸ ਵਿੱਚ ਵਿਦਿਆਰਥੀਆਂ ਦੀ ਕਾਰਗੁਜ਼ਾਰੀ ਉਨ੍ਹਾਂ ਦੇ ਮਾਪਿਆਂ ਨਾਲ ਸਾਂਝੀ ਕੀਤੀ ਗਈ।ਸਕੂਲ ਵਿੱਚ ਰਵਾਇਤੀ ਤੌਰ ਤੇ ਹਰ ਮਹੀਨੇ ਇਹ ਮੀਟਿੰਗ ਕਰਵਾਈ ਜਾਂਦੀ ਹੈ ਜਿਸ ਵਿੱਚ ਅਧਿਆਪਕਾਂ ਦੁਆਰਾ ਮਾਪਿਆਂ ਨਾਲ ਵਿਦਿਆਰਥੀਆਂ ਦੇ ਸਿੱਖਿਆਤਮਕ ਅਤੇ ਵਿਵਹਾਰਿਕ ਵਿਕਾਸ ਲਈ ਵਾਰਤਾਲਾਪ ਕੀਤੀ ਗਈ।ਇਸ ਵਾਰਤਾਲਾਪ ਵਿੱਚ ਅਧਿਆਪਕਾਂ ਦੁਆਰਾ ਫਾਈਨਲ ਟਰਮ ਦੀਆਂ ਹੋਣ ਵਾਲੀਆਂ ਪ੍ਰੀਖਿਆਵਾਂ ਅਤੇ ਸਿਲੇਬਸ ਬਾਰੇ ਜਾਣਕਾਰੀ ਦਿੱਤੀ ਗਈ।ਅਧਿਆਪਕਾਂ ਦੁਆਰਾ ਮਾਪਿਆਂ ਅਤੇ ਵਿਦਿਆਰਥੀਆਂ ਦੀਆਂ ਸਿਲੇਬਸ ਨਾਲ ਸੰਬੰਧਿਤ ਆਉਣ ਵਾਲੀਆਂ ਮੁਸ਼ਕਿਲਾਂ ਦਾ ਹੱਲ ਕੀਤਾ ਗਿਆ। ਇਸ ਮੀਟਿੰਗ ਵਿੱਚ ਵਿਦਿਆਰਥੀਆਂ ਦੇ ਮਾਪਿਆਂ ਨੇ ਬਹੁਤ ਹੀ ਉਤਸ਼ਾਹ ਪੂਰਵਕ ਹਿੱਸਾ ਲਿਆ ਅਤੇ ਅਧਿਆਪਕਾਂ ਦੁਆਰਾ ਦਿੱਤੀ ਜਾਣਕਾਰੀ ਨੂੰ ਧਿਆਨ ਨਾਲ ਸੁਣਦੇ ਹੋਏ ਦਿਲਚਸਪੀ ਦਿਖਾਈ ।ਮਾਪਿਆਂ ਨੇ ਵੀ ਵਧੀਆ ਮਾਤਾ-ਪਿਤਾ ਹੋਣ ਦਾ ਸਬੂਤ ਦਿੱਤਾ ।ਸਕੂਲ ਦੇ ਪ੍ਰਿੰ. ਕਿਰਨ ਕੇਸਰ ਦੁਆਰਾ ਮਾਪਿਆਂ ਦਾ ਸਕੂਲ ਵਿੱਚ ਆਉਣ ਤੇ ਅਤੇ ਇਸ ਵਾਰਤਾਲਾਪ ਨੂੰ ਪੂਰਨ ਤੌਰ ਤੇ ਸਫਲ ਬਣਾਉਣ ਤੇ ਧੰਨਵਾਦ ਕੀਤਾ ਗਿਆ।ਅੱਗੋਂ ਵੀ ਇਸੇ ਤਰ੍ਹਾਂ ਹੀ ਅਧਿਆਪਕ ਮਾਪੇ ਮਿਲਣੀ ਨੂੰ ਸਾਰਥਕ ਕਰਨ ਦੀ ਅਪੀਲ ਕੀਤੀ ਗਈ। ਉਨ੍ਹਾਂ ਨੇ ਕਿਹਾ ਕਿ ਮਾਪਿਆਂ ਨੂੰ ਆਪਣੇ ਰੁਝੇਵੇਂ ਭਰੀ ਜ਼ਿੰਦਗੀ ਵਿੱਚੋਂ ਕੁਝ ਪਲ ਆਪਣੇ ਬੱਚਿਆਂ ਦੇ ਵਿਕਾਸ ਲਈ ਜ਼ਰੂਰ ਕੱਢਣੇ ਚਾਹੀਦੇ ਹਨ ਅਤੇ ਸਕੂਲ ਦੀ ਹਰ ਮੀਟਿੰਗ ਵਿੱਚ ਜ਼ਰੂਰ ਸ਼ਾਮਿਲ ਹੋਣਾ ਚਾਹੀਦਾ ਹੈ।

# 'ਚੁੱਪ ਦਾ ਅਨੁਵਾਦ' ਲੋਕ-ਅਰਪਣ



ਪਠਾਨਕੋਟ (ਦਵਿੰਦਰ ਸਿੰਘ)-ਪਿਛਲੇ ਦਿਨ ਆਪਣੇ ਬਚਪਨ ਦੇ ਦੋਸਤ ਅਤੇ ਜਮਾਤੀ ਕੁਲਦੀਪ ਚੰਦ ਦੀ ਹੋਣਹਾਰ ਬੇਟੀ ਡਾ. ਪੱਲਵੀ ਦੇ ਡਿਪਟੀ ਕਮਿਸ਼ਨਰ ਬਣ ਕੇ ਜ਼ਿਲ੍ਹਾ ਪਠਾਨਕੋਟ ਵਿਖੇ ਆਉਣ ਤੇ ਉਨ੍ਹਾਂ ਨੂੰ ਜੀ ਆਇਆਂ ਆਖਣ ਅਤੇ ਖੁਸ਼ੀ ਸਾਂਝੀ ਕਰਨ ਹਿੱਤ ਮੰਗਤ ਚੰਚਲ, ਜੋਗਿੰਦਰ ਪਾਲ, ਰਛਪਾਲ ਸਿੰਘ ਅਤੇ ਡਾ. ਲੇਖ ਰਾਜ ਉਨ੍ਹਾਂ ਦੇ ਦਫ਼ਤਰ ਪਠਾਨਕੋਟ ਵਿਖੇ ਪਹੁੰਚੇ।

ਇਸ ਸੁਭਾਗੀ ਮਿਲਣੀ ਦੌਰਾਨ ਵਧਾਈਆਂ ਅਤੇ ਸ਼ੁਭਕਾਮਨਾਵਾਂ ਦਾ ਅਦਾਨ-ਪ੍ਰਦਾਨ ਗਰਮਜੋਸ਼ੀ ਨਾਲ ਹੋਇਆ।

ਇਸ ਮੌਕੇ ਡਾ. ਪੱਲਵੀ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ।ਇਸ ਮੁਬਾਰਕ ਘੜੀ 'ਤੇ ਮੰਗਤ ਚੰਚਲ ਦੀ ਨਵੀਂ ਛਪ ਕੇ ਆਈ ਪੁਸਤਕ 'ਚੁੱਪ ਦਾ ਅਨੁਵਾਦ' ਦਾ ਲੋਕ ਅਰਪਣ ਡਾ. ਪੱਲਵੀ ਵੱਲੋਂ ਕੀਤਾ ਗਿਆ ਅਤੇ ਮੰਗਤ ਚੰਚਲ ਨੂੰ ਵਧਾਈਆਂ ਵੀ ਦਿੱਤੀਆਂ ਗਈਆਂ।ਇਸ ਸਮੇਂ ਮੰਗਤ ਚੰਚਲ ਵੱਲੋਂ ਆਪਣੀਆਂ ਪੁਸਤਕਾਂ ਦਾ ਇਕ ਸੈੱਟ ਵੀ ਡਾ. ਪੱਲਵੀ ਨੂੰ ਭੇਟ ਕੀਤਾ ਗਿਆ। ਇਹ ਮਿਲਣੀ ਖੁਸ਼ਗਵਾਰ ਅਤੇ ਅਮਿੱਟ ਯਾਦਗਾਰ ਹੋ ਨਿੱਬੜੀ।

# ਸ਼ਿਵਰਾਤਰੀ ਨੂੰ ਸਮਰਪਿਤ ਵਿਸ਼ਾਲ ਲੰਗਰ ਭੰਡਾਰਾ ਲਗਾਇਆ



ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ)-ਸ਼ਿਵਰਾਤਰੀ ਦੇ ਤਿਉਹਾਰ ਨੂੰ ਮੁੱਖ ਰੱਖਦਿਆਂ ਪਿੰਡ ਚਵਿੰਡਾ ਦੇਵੀ ਦੇ ਸੇਵਾਦਾਰਾ ਵਲੋਂ ਪ੍ਰਾਚੀਨ ਸ਼ਿਵਾਲਾ ਮੰਦਰ ਦੇ ਨੇੜੇ ਵਿਸ਼ਾਲ ਲੰਗਰ ਲ ਗ ਾ ਿ ਇ ਅ ਾ ਗਿਆ।ਇਹ ਲੰਗਰ ਭੰਡਾਰਾ ਸਾਰਾ ਦਿਨ ਅਟੁੱਟ ਵਰਤਾਇਆ ਗਿਆ।ਇਸ ਲੰਗਰ ਭੰਡਾਰੇ ਦੇ ਮੁੱਖ ਸੇਵਾਦਾਰ ਸ਼ਿਵ ਕੁਮਾਰ ਬਾਵਾ ਨੇ ਇਲਾਕਾ ਨਿਵਾਸੀਆਂ ਨੂੰ ਮਹਾ-ਸ਼ਿਵਾਰਤਰੀ ਦੀ ਲੱਖ-ਲੱਖ ਵਧਾਈ ਦਿੱਤੀ ਅਤੇ ਕਿਹਾ ਕਿ ਪਿੰਡ ਚਵਿੰਡਾ ਦੇਵੀ 'ਚ ਮਹਾ-ਸ਼ਿਵਰਾਤਰੀ ਬਹਤ ਹੀ ਧੂਮ-ਧਾਮ ਨਾਲ ਮਨਾਈ ਜਾਂਦੀ ਅਤੇ ਨੇੜਲੇ ਪਿੰਡਾਂ ਤੋਂ ਵੀ ਲੱਖਾ ਦੀ ਗਿਣਤੀ 'ਚ ਲੋਕ ਪਿੰਡ ਚਵਿੰਡਾ ਦੇਵੀ ਦੇ ਸ਼ਿਵਾਲਾ ਮੰਦਰ ਮਥਾ ਟੇਕਣ ਲਈ ਆਉਂਦੇ ਹਨ ਜੋ ਪਿੰਡ ਦੀ ਰੌਣਕ ਨੂੰ ਹੋਰ ਵਧਾਉਂਦੇ ਹਨ।ਉਨ੍ਹਾਂ ਕਿਹਾ ਕਿ ਉਹ ਲੰਗਰ ਦੀ ਸੇਵਾ ਪਿਛਲੇ 08 ਸਾਲਾਂ ਤੋਂ ਕਰ ਰਹੇ ਹਨ।ਇਹ ਲੰਗਰ ਭੰਡਾਰਾ ਸਾਰੇ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਲਗਾਉਂਦੇ ਆਏ ਹਾਂ ਅਤੇ ਲਗਾਉਂਦੇ ਰਹਾਂਗੇ।ਇਸ ਮੌਕੇ ਸ਼ਿਵ ਕੁਮਾਰ ਬਾਵਾ, ਬਲਵਿੰਦਰ ਬਾਵਾ, ਖਾਲਸਾ ਬਾਵਾ ਸਿੰਘ, ਸਾਹਿਲ ਸੁੰਦਰ, ਅਜੇ ਸਿੰਘ, ਰੌਕੀ ਸਿੰਘ, ਵਿਸ਼ਾਲ ਸੁੰਦਰ, ਪ੍ਰਦੀਪ ਕੁਮਾਰ ਬਾਵਾ, ਹਰੀਸ਼ ਭੰਡਾਰੀ, ਪੰਕੂ ਬਾਵਾ, ਬਲਦੇਵ ਸਿੰਘ, ਰਾਜ ਕੁਮਾਰ ਅਤੇ ਜਸ਼ਨ ਆਦਿ ਹਾਜ਼ਰ ਸਨ।


# ਬ੍ਰਹਮ ਰੂਪੀ ਟੀਚੇ ਨੂੰ ਪ੍ਰਾਪਤ ਕਰਨ ਦਾ ਆਤਮਿਕ ਅਨੁਸ਼ਾਸਨ ਹੀ ਸਾਧਨਾ: ਸਵਾਮੀ ਵਿਗਿਆਨਾਨੰਦ



**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**-ਦਿਵਯ ਜਯੋਤੀ ਜਾਗ੍ਰਤੀ ਸੰਸਥਾਨ ਨੇ ਦੋ ਦਿਨਾ ਦਿਵਯ ਧਿਆਨ ਅਤੇ ਵਿਲੱਖਣ ਯੋਗ ਕੈਂਪ ਲਗਾਇਆ ਜਿਸਦੇ ਪਹਿਲੇ ਦਿਨ ਆਸ਼ੂਤੋਸ਼ ਮਹਾਰਾਜ ਦੇ ਸ਼ਿਸ਼ ਸਵਾਮੀ ਵਿਗਿਆਨਾਨੰਦ ਨੇ ਕਿਹਾ ਕਿ ਜੀਵਨ ਇੱਕ ਯਾਤਰਾ ਹੈ ਜੋ ਝੂਠ ਤੋਂ ਸੱਚ ਵੱਲ, ਹਨੇਰੇ ਤੋਂ ਪ੍ਰਕਾਸ਼ ਵੱਲ, ਮੌਤ ਤੋਂ ਅਮਰਤਾ ਵੱਲ, ਅਗਿਆਨਤਾ ਤੋਂ ਗਿਆਨ ਵੱਲ ਜਾਣ ਦਾ ਸ਼ੰਖਵਾਦ ਹੈ ਪਰ ਇਹ ਦੁੱਖ ਦੀ ਗੱਲ ਹੈ ਕਿ ਇਸਦੇ ਉਲਟ ਵਿਕਾਸ ਦੀ ਅੰਨ੍ਹੀ ਦੌੜ ਵਿੱਚ ਮਨੁੱਖ ਆਪਣੀ ਯਾਤਰਾ ਨੂੰ ਭੁੱਲ ਗਿਆ ਹੈ ਅਤੇ ਸ਼ਾਂਤੀ ਦੀ ਭਾਲ ਵਿੱਚ ਇੱਧਰ-ਉੱਧਰ ਭਟਕ ਰਿਹਾ ਹੈ ਪਰ ਸ਼ਾਂਤੀ ਪ੍ਰਾਪਤ ਨਾ ਕਰ ਸਕਣ ਕਾਰਨ ਉਹ ਪਹਿਲਾਂ ਨਾਲੋਂ ਵੀ ਜ਼ਿਆਦਾ ਧਿਆਨ ਪ੍ਰਾਪਤੀ ਲਈ ਲਾਲਚੀ ਹੁੰਦਾ ਜਾ ਰਿਹਾ ਹੈ। ਨਤੀਜੇ ਵਜੋਂ ਅਸ਼ਾਂਤੀ, ਉਦਾਸੀ, ਅਗਿਆਨਤਾ, ਅਨਿਆਂ, ਸ਼ੋਸ਼ਣ ਅਤੇ ਅਨੈਤਿਕ ਦੀ ਖੱਡ ਵਿੱਚ ਡਿੱਗ ਰਿਹਾ ਹੈ।ਜ਼ਮੀਰ ਦੇ ਹਨੇਰੇ ਅਤੇ ਗਿਆਨ ਦੀ ਅਣਹੋਂਦ ਕਾਰਨ ਮਨੁੱਖ ਅਸ਼ਾਂਤੀ ਨਾਲ ਭਰਿਆ ਹੋਇਆ।ਉਨ੍ਹਾਂ ਕਿਹਾ ਕਿ ਇਹ ਜ਼ਰੂਰੀ ਹੈ ਕਿ ਗੋਸਵਾਮੀ ਤੁਲਸੀ ਦਾਸ ਦੇ ਕਥਨ ਅਨੁਸਾਰ ਪੂਰਨ ਗੁਰੂਦੇਵ ਦੀ ਕਿਰਪਾ ਨਾਲ ਬ੍ਰਹਮਗਿਆਨ ਦੇ ਪ੍ਰਕਾਸ਼ ਵਿੱਚ ਅੰਦਰੂਨੀ ਅੰਤਹਕਰਣ ਤੋਂ ਪ੍ਰਕਾਸ਼ਮਾਨ ਹੋ ਕੇ ਮਾਨਸਿਕ ਸ਼ਾਂਤੀ ਪ੍ਰਾਪਤ ਕੀਤੀ ਜਾਵੇ।ਉਨ੍ਹਾਂ ਕਿਹਾ ਕਿ ਬ੍ਰਹਮ ਰੂਪੀ ਲਕਸ਼ ਨੂੰ ਪ੍ਰਾਪਤ ਕਰਨ ਦਾ ਆਤਮਿਕ ਅਨੁਸ਼ਾਸਨ ਹੀ ਸਾਧਨਾ ਹੈ।ਪ੍ਰੋਗਰਾਮ ਵਿੱਚ ਮਹਾਤਮਾ ਬਲਦੇਵ, ਰਾਜੇਸ਼ ਅਤੇ ਚਰਨਜੀਤ ਨੇ ਵੈਦਿਕ ਮੰਤਰਾਂ ਦਾ ਜਾਪ ਕੀਤਾ ਅਤੇ ਵਿਸ਼ਵ ਸ਼ਾਂਤੀ ਲਈ ਪ੍ਰਾਰਥਨਾ ਕੀਤੀ।ਪ੍ਰੋਗਰਾਮ ਵਿੱਚ ਸਾਰੇ ਹੀ ਸਾਧਕਾਂ ਨੇ ਵਿਸ਼ਵ ਸ਼ਾਂਤੀ ਲਈ ਸਮੂਹਿਕ ਸਾਧਨਾ ਕਰਕੇ ਆਤਮਿਕ ਸ਼ਾਂਤੀ ਅਤੇ ਅਲੌਕਿਕ ਅਨੁਭਵ ਪ੍ਰਾਪਤ ਕੀਤੇ ।

# ਮੰਗਲਾ ਕਾਲੀ ਮਾਤਾ ਮੰਦਰ 'ਚ ਸ਼ਿਵਰਾਤਰੀ ਬੜੀ ਸ਼ਰਧਾ ਨਾਲ ਮਨਾਈ

**ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)**:-ਮਹਾ-ਸ਼ਿਵਰਾਤਰੀ ਦਾ ਤਿਉਹਾਰ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਜੰਡਿਆਲਾ ਗੁਰੂ ਸਥਿਤ ਮੁਹੱਲਾ ਸ਼ੇਖੂਪੁਰਾ ਦੇ ਮੰਗਲਾ ਕਾਲੀ ਮਾਤਾ ਦੇ ਮੰਦਰ ਵਿੱਚ ਬੜੀ ਸ਼ਰਧਾ ਤੇ ਧੂਮ ਧਾਮ ਨਾਲ ਮਨਇਆ ਗਿਆ।ਮੰਦਰ ਵਿੱਚ ਸਾਧਵੀ ਮਹੰਤ ਗੁਰਮੀਤ ਗਿਰੀ ਵੱਲੋਂ ਸ਼ਿਵ ਆਰਤੀ ਕੀਤੀ ਗਈ।ਇਸ ਮੌਕੇ ਵਿਸ਼ੇਸ਼ ਤੌਰ ਤੇ ਕਾਂਗਰਸ ਪਾਰਟੀ ਦੇ ਏਆਈਸੀਸੀ ਸਕੱਤਰ ਸਾਬਕਾ ਵਿਧਾਇਕ ਸੁਖਵਿੰਦਰ ਸਿੰਘ ਡੈਨੀ ਬੰਡਾਲਾ ਮੰਦਰ ਵਿੱਚ ਵਿਸ਼ੇਸ਼ ਤੌਰ 'ਤੇ ਨਤਮਸਤਕ ਹੋਏ। ਸੁਖਵਿੰਦਰ ਸਿੰਘ ਡੈਨੀ ਬੰਡਾਲਾ ਨੇ ਵਿਸ਼ਵ ਸ਼ਾਂਤੀ ਲਈ ਸ਼ਿਵ ਜੀ ਅੱਗੇ ਅਰਦਾਸ ਕੀਤੀ ਤੇ ਆਈਆਂ ਹੋਈਆਂ ਸੰਗਤਾਂ ਨੂੰ ਮਹਾ-ਸ਼ਿਵਰਾਤਰੀ ਦੀਆਂ ਵਧਾਈਆਂ ਦਿੱਤੀਆਂ।ਮੰਦਰ ਵਿੱਚ ਵੱਖ-ਵੱਖ ਪਕਵਾਨਾਂ ਦੇ ਲੰਗਰ ਲਗਾਏ ਗਏ।ਇਸ ਮੌਕੇ ਸਾਬਕਾ ਵਿਧਾਇਕ ਸੁਖਵਿੰਦਰ ਸਿੰਘ ਡੈਨੀ ਬੰਡਾਲਾ, ਬਲਵਿੰਦਰ ਸਿੰਘ ਗਿੱਲ, ਗੁਰਪਿੰਦਰ ਸਿੰਘ ਰੋਬਿਨ, ਮਨਜਿੰਦਰ ਸਿੰਘ ਹੈਪੀ, ਚਰਨਜੀਤ ਸਿੰਘ ਟੀਟੋ, ਹਰਦੇਵ ਸਿੰਘ ਰਿੰਕੂ ਕੌਂਸਲਰ, ਸੁਖਵਿੰਦਰ ਸਿੰਘ ਗੋਲਡੀ ਕੌਂਸਲਰ, ਭੁਪਿੰਦਰ ਸਿੰਘ ਭਿੰਦਾ, ਰੌਕੀ ਜੈਨ, ਕਵਲਜੀਤ ਸਿੰਘ ਲਾਡੀ, ਸ਼ਨੀ, ਪ੍ਰਗਟ ਸਿੰਘ, ਹਰਵਿੰਦਰ, ਹਰਪ੍ਰੀਤ ਸਿੰਘ ਅਤੇ ਸੁਖਦੇਵ ਸਿੰਘ ਹਾਜ਼ਰ ਸਨ।



# ਰਮਨ ਬਹਿਲ ਵੱਲੋਂ ਸਰਾਵਾਂ 'ਚ 45 ਲੱਖ ਰੁਪਏ ਦੇ ਵਿਕਾਸ ਕਾਰਜਾਂ ਦਾ ਉਦਘਾਟਨ



ਗੁਰਦਾਸਪੁਰ, (ਜਨਕ ਮਹਾਜਨ)-ਹਲਕਾ ਇੰਚਾਰਜ ਗੁਰਦਾਸਪੁਰ ਰਮਨ ਬਹਿਲ ਨੇ ਪਿੰਡ ਸਰਾਵਾਂ ਵਿੱਚ 45 ਲੱਖ ਰੁਪਏ ਦੀ ਲਾਗਤ ਨਾਲ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ।ਰਮਨ ਬਹਿਲ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਹਰ ਖੇਤਰ ਵਿੱਚ ਬਿਨਾਂ ਕਿਸੇ ਭੇਦਭਾਵ ਦੇ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ ਅਤੇ ਪੰਜਾਬ ਮੁੜ ਤੋਂ ਵਿਕਾਸ ਦੇ ਰਾਹ 'ਤੇ ਤੇਜ਼ੀ ਨਾਲ ਅੱਗੇ ਵੱਧ ਰਿਹਾ ਹੈ।ਉਨ੍ਹਾਂ ਦੱਸਿਆ ਕਿ ਪਿੰਡ ਸਰਾਵਾਂ ਵਿੱਚ ਸੜਕ, ਲਾਕਿੰਗ ਟਾਇਲ ਅਤੇ ਪਿੰਡ ਵਾਸੀਆਂ ਦੀ ਮੰਗ 'ਤੇ ਧਰਮਸ਼ਾਲਾ ਬਣਾਈ ਜਾਵੇਗੀ।ਉਨ੍ਹਾਂ ਕਿਹਾ ਕਿ ਹਲਕੇ ਦੇ ਪਿੰਡਾਂ ਵਿੱਚ ਲੋਕਾਂ ਦੀ ਸਹੂਲਤਾਂ ਨੂੰ ਮੁੱਖ ਰੱਖਦਿਆਂ ਪਾਰਦਰਸ਼ੀ ਢੰਗ ਨਾਲ ਵਿਕਾਸ ਕਾਰਜ ਨਿਰੰਤਰ ਜਾਰੀ ਹਨ ਅਤੇ ਉਹ 24 ਘੰਟੇ ਲੋਕਾਂ ਦੀ ਸੇਵਾ ਵਿੱਚ ਹਾਜ਼ਰ ਹਨ।ਉਨ੍ਹਾਂ ਵਿਕਾਸ ਕਾਰਜਾਂ ਲਈ ਮੁੱਖ ਮੰਤਰੀ ਮਾਨ ਦਾ ਤਹਿ ਦਿਲੋਂ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਵੱਲੋਂ ਲੋਕਹਿਤ ਵਿੱਚ ਵੱਖ-ਵੱਖ ਲੋਕ ਭਲਾਈ ਸਕੀਮਾਂ ਲਾਗੂ ਕੀਤੀਆਂ ਗਈਆਂ ਹਨ ਅਤੇ ਲੋਕਾਂ ਦੀ ਸਿਹਤ ਸੇਵਾਵਾਂ ਨੂੰ ਮੁੱਖ ਰੱਖਦਿਆਂ ਮੁੱਖ ਮੰਤਰੀ ਸਿਹਤ ਯੋਜਨਾ ਲਾਗੂ ਕੀਤੀ ਗਈ ਹੈ ਜਿਸ ਵਿੱਚ ਪੰਜਾਬ ਦੇ ਹਰ ਨਾਗਰਿਕ ਨੂੰ ਲੋੜ ਪੈਣ ਤੇ ਬਿਮਾਰੀ ਦੇ ਇਲਾਜ ਲਈ 10 ਲੱਖ ਰੁਪਏ ਤੱਕ ਦੀ ਕੈਸ਼ਲੈੱਸ ਸਹੂਲਤ ਮੁਹੱਈਆ ਕਰਵਾਈ ਗਈ ਹੈ।

ਇਸ ਮੌਕੇ ਸਰਪੰਚ ਮਲਕੀਤ ਸਿੰਘ, ਸਰਪੰਚ ਮਨਦੀਪ ਸਿੰਘ ਚੱਗੂਵਾਲ ਰਾਕੇਸ਼ ਸ਼ਰਮਾ, ਹੈਪੀ ਲੋਂਗੀਆ ਸਾਬਕਾ ਸਰਪੰਚ ਸਤਨਾਮ ਸਿੰਘ ਸਰਾਵਾਂ, ਨਿਸ਼ਾਨ ਸਿੰਘ ਅਤੇ ਪੰਚਾਇਤ ਸਕੱਤਰ ਅਭਿਸ਼ੇਕ ਸ਼ਰਮਾ ਵੀ ਮੌਜੂਦ ਸਨ।

16-Feb-PAGE-12.qxd 2/15/2026 9:53 PM Page 1



## ਜਨਮ ਦਿਨ ਮੁਬਾਰਕ



ਜਸਕੀਰਤ ਕੌਰ, ਮਾਨਸਾ

## ਵਰ੍ਹੇਗੰਢ ਮੁਬਾਰਕ



ਹਰਜੀਤ ਸਿੰਘ ਢਿੱਲੋਂ ਅਤੇ ਬਲਬੀਰ ਕੌਰ ਵਾਸੀ ਪਿੰਡ ਦੌਲੋਂ ਨੰਗਲ ਨੇ ਆਪਣੇ ਵਿਆਹ ਦੀ ਵਰ੍ਹੇਗੰਢ ਮਨਾਈ।



ਪਲਵੀ ਵਰਮਾ ਅਤੇ ਰਾਜਨ ਨਿਸਚਲ ਨੇ ਆਪਣੇ ਵਿਆਹ ਦੀ ਵਰ੍ਹੇਗੰਢ ਮਨਾਈ

# 4 ਲੁਟੇਰੇ 80 ਹਜ਼ਾਰ ਦੀ ਨਗਦੀ ਤੇ ਮੋਬਾਇਲ ਫੋਨ ਖੋਹ ਕੇ ਫਰਾਰ

**ਕਪੂਰਥਲਾ (ਮਨਜੀਤ ਮਾਨ , ਪ੍ਰੀਤ ਸੰਗੋਜਲਾ)**

ਇਕ ਕਾਰ 'ਤੇ ਸਵਾਰ ਹੋ ਕੇ ਆਏ 4 ਹਥਿਆਰਬੰਦ ਲੁਟੇਰੇ 1 ਮੋਟਰ ਸਾਈਕਲ ਸਵਾਰ ਪਾਸੋਂ ਦਾਤਰ ਦੀ ਨੋਕ ਤੇ ਨਗਦੀ ਅਤੇ ਉਸਦਾ ਮੋਬਾਇਲ ਫੋਨ ਖੋਹ ਕੇ ਫਰਾਰ ਹੋ ਗਏ । ਘਟਨਾ ਸਬੰਧੀ ਜਾਣਕਾਰੀ ਦਿੰਦੇ ਹੋਏ ਲੁੱਟ ਦਾ ਸ਼ਿਕਾਰ ਹੋਏ। ਪਿੰਡ ਸਿੱਧਵਾਂ ਦੋਨਾਂ ਨਿਵਾਸੀ ਤੀਰਥ ਸਿੰਘ ਨੇ ਦੱਸਿਆ ਕਿ ਉਹ ਰਾਤ ਕਰੀਬ 7 ਵਜੇ ਪਿੰਡ ਬਿਗੋਲੀ ਤੋਂ ਆਪਣੇ ਘਰ ਸਿੱਧਵਾਂ ਦੋਨਾਂ ਮੋਟਰ ਸਾਈਕਲ 'ਤੇ ਸਵਾਰ ਹੋ ਕੇ ਜਾ ਰਿਹਾ ਸੀ ਕਿ ਰਸਤੇ ਵਿਚ ਇਕ ਚਿੱਟੇ ਰੰਗ ਦੀ ਸਕਾਰਪੀਓ ਗੱਡੀ ਆਈ ਜਿਸ ਵਿਚੋਂ 4 ਨੌਜਵਾਨ ਉਤਰੇ ਅਤੇ ਉਸ 'ਤੇ ਪੁੱਠੇ ਦਾਤਰਾਂ ਨਾਲ ਵਾਰ ਕੀਤਾ ਤੇ ਉਸ ਪਾਸੋਂ ਮੋਬਾਇਲ ਫੋਨ ਅਤੇ 80 ਹਜ਼ਾਰ ਰੁਪਏ ਦੀ ਨਗਦੀ ਖੋਹ ਕੇ ਫਰਾਰ ਹੋ ਗਏ । ਇਸ ਸੰਬੰਧੀ ਉਸ ਵੱਲੋਂ ਆਪਣੇ ਸਾਥੀਆਂ ਨੂੰ ਘਟਨਾ ਦੀ ਸੂਚਨਾ ਦਿੱਤੀ ਤਾਂ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਦਲਵਿੰਦਰ ਸਿੰਘ ਸਿੱਧੂ ਅਤੇ ਹੋਰ ਉਸਦੇ ਪਿੰਡ ਵਾਸੀ ਮੌਕਾ ਸਥਾਨ 'ਤੇ ਪੁੱਜੇ। ਇਸ ਮੌਕੇ ਦਲਵਿੰਦਰ ਸਿੰਘ ਸਿੱਧੂ ਨੇ ਦੱਸਿਆ ਕਿ ਉਨ੍ਹਾਂ ਨੇ ਘਟਨਾ ਸਥਾਨ 'ਤੇ ਪਹੁੰਚ ਕੇ ਕਰੀਬ 5 ਵਾਰ ਐੱਸ ਐੱਚ ਓ ਸਦਰ ਨੂੰ ਫੋਨ ਕਰਕੇ ਘਟਨਾ ਬਾਰੇ ਜਾਣਕਾਰੀ ਦੇਣ ਦੀ ਕੋਸ਼ਿਸ਼ ਕੀਤੀ ਪਰ ਐੱਸ ਐੱਚ ਓ. ਸਦਰ ਨੇ ਫੋਨ ਚੁੱਕਣਾ ਮੁਨਾਸਿਬ ਨਹੀਂ ਸਮਝਿਆ। ਦਲਵਿੰਦਰ ਸਿੰਘ ਸਿੱਧੂ ਨੇ ਦੱਸਿਆ ਕਿ ਮੇਰੇ ਵੱਲੋਂ ਥਾਣਾ ਸਦਰ ਦੇ ਮੁਨਸ਼ੀ ਨੂੰ ਵੀ ਫੋਨ ਕੀਤਾ ਗਿਆ ਜਿਸ ਤੋਂ ਬਾਅਦ ਵਿਚ ਡੀ ਐੱਸ ਪੀ ਸਬ ਡਵੀਜ਼ਨ ਸ਼ੀਤਲ ਸਿੰਘ ਨੂੰ ਘਟਨਾ ਬਾਰੇ ਦੱਸਿਆ ਗਿਆ ਤਾਂ ਉਨ੍ਹਾਂ ਨੇ ਕਿਹਾ ਕਿ ਉਹ ਛੁੱਟੀ 'ਤੇ ਹਨ ਪਰ ਫਿਰ ਵੀ ਮੁਲਾਜ਼ਮਾਂ ਨੂੰ ਮੌਕੇ 'ਤੇ ਭੇਜਦੇ ਹਨ । ਸਿੱਧੂ ਨੇ ਕਿਹਾ ਕਿ ਆਏ ਦਿਨ ਸ਼ਹਿਰ ਭਰ ਵਿਚ ਲਾਅ ਐਂਡ ਆਰਡਰ ਦੀ ਸਥਿਤੀ ਬਦਤਰ ਹੁੰਦੀ ਜਾ ਰਹੀ ਹੈ। ਥਾਣਾ ਸਦਰ ਅਧੀਨ ਪੈਂਦੇ ਇਲਾਕੇ ਦੇ ਮੋਹਤਬਰ ਵਿਅਕਤੀਆਂ ਤੇ ਹੋਰ ਲੋਕਾਂ ਨੇ ਕਿਹਾ ਕਿ ਉਹ ਕਈ ਵਾਰ ਥਾਣਾ ਸਦਰ ਦੇ ਐੱਸ ਐੱਚ ਓ ਨੂੰ ਕਹਿ ਚੁੱਕੇ ਹਨ ਕਿ ਇਨ੍ਹਾਂ ਚੋਰੀ ਦੀਆਂ ਵਾਰਦਾਤਾਂ ਨੂੰ ਠੱਲ੍ਹ ਪਾਉਣ ਲਈ ਉਨ੍ਹਾਂ ਦੇ ਇਲਾਕੇ ਵਿਚ ਪੁਲਸ ਦੀ ਗਸ਼ਤ ਵਧਾਈ ਜਾਵੇ ਪਰ ਦਿਨੋਂ ਦਿਨ ਵੱਧ ਰਹੀਆਂ ਘਟਨਾਵਾਂ ਨੂੰ ਦੇਖ ਕੇ ਲੱਗਦਾ ਹੈ ਕਿ ਪੁਲਿਸ ਕਿਸੇ ਵੱਡੀ ਘਟਨਾ ਦੀ ਉਡੀਕ ਕਰ ਰਹੀ ਹੈ ।

# ਭਗਵੰਤ ਮਾਨ ਸਰਕਾਰ ਦੀ ਨਸ਼ਾ ਵਿਰੋਧੀ ਮੁਹਿੰਮ ਇੱਕ ਕਾਫ਼ਲਾ ਬਣ ਗਿਆ : ਚੀਮਾ

**ਚੰਡੀਗੜ੍ਹ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**- ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਪੰਜਾਬ ਸਰਕਾਰ ਦੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਨੂੰ ਇੱਕ ਹੋਰ ਵੱਡੀ ਸਫ਼ਲਤਾ ਮਿਲੀ ਹੈ, ਜਦੋਂ ਗੁਰਦਾਸਪੁਰ ਜ਼ਿਲ੍ਹੇ ਦੇ ਕਲਾਨੌਰ ਦੇ ਰਹਿਣ ਵਾਲਾ ਗੁਰਕੀਰਤ ਸਿੰਘ ਕਥਿਤ ਤੌਰ 'ਤੇ ਸ਼ਮਸ਼ਾਨਘਾਟ ਦੇ ਅੰਦਰ ਨਸ਼ੇ ਕਰਦਾ ਫੜਿਆ ਗਿਆ। ਚੀਮਾ ਨੇ ਕਿਹਾ ਕਿ ਇਸ ਮੁਲਜ਼ਮ ਦਾ ਸਿੱਧਾ ਸਬੰਧ ਕਾਂਗਰਸ ਪਾਰਟੀ ਨਾਲ ਜੁੜਦਾ ਹੈ ਅਤੇ ਫੜੇ ਗਏ ਵਿਅਕਤੀ ਦੀਆਂ ਕਾਂਗਰਸ ਦੇ ਵੱਖ-ਵੱਖ ਵੱਡੇ ਲੀਡਰਾਂ ਨਾਲ ਫ਼ੋਟੋਆਂ ਵੀ ਸਾਹਮਣੇ ਆਈਆਂ ਹਨ।ਚੀਮਾ ਨੇ ਕਿਹਾ ਕਿ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਦੀ ਸਰਕਾਰ ਵੱਲੋਂ ਨਸ਼ਿਆਂ ਦੇ ਖ਼ਿਲਾਫ਼ ਲਗਾਤਾਰ ਚਲਾਈ ਜਾ ਰਹੀ ਮੁਹਿੰਮ ਨੂੰ ਕਾਮਯਾਬੀ ਮਿਲ ਰਹੀ ਹੈ। ਨਸ਼ਾ ਤਸਕਰ ਜਾਂ ਤਾਂ ਪੰਜਾਬ ਵਿੱਚੋਂ ਭੱਜ ਰਹੇ ਹਨ ਜਾਂ ਫਿਰ ਜੇਲ੍ਹਾਂ ਦੇ ਅੰਦਰ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਜਿਹੜਾ ਵੀ ਵਿਅਕਤੀ ਨਸ਼ਾ ਕਰਦਾ ਫੜਿਆ ਜਾ ਰਿਹਾ ਹੈ, ਸਰਕਾਰ ਉਸ ਦਾ ਇਲਾਜ ਕਰ ਕੇ ਉਸ ਨੂੰ ਠੀਕ ਕਰ ਰਹੀ ਹੈ।

# ਬਾਸ ਦੀ ਸੜਕ ਦੇ ਨਵੀਨੀਕਰਨ ਤੇ ਗੰਦੇ ਪਾਣੀ ਦੀ ਨਿਕਾਸੀ ਸਮੱਸਿਆ ਦਾ ਹੋਇਆ ਹੱਲ



**ਨੰਗਲ ਭਲਾਣ (ਹਰਭਜਨ ਸਿੰਘ ਢਿੱਲੋਂ)**

50 ਸਾਲ ਪੁਰਾਣੀ ਪਿੰਡ ਬਾਸ ਦੇ ਵਾਸੀਆਂ ਦੀ ਮੰਗ ਨੂੰ ਬੂਰ ਪੈ ਗਿਆ ਹੈ। ਕੈਬਨਿਟ ਮੰਤਰੀ ਹਰਜੋਤ ਬੈਂਸ ਦੇ ਯਤਨਾਂ ਨਾਲ ਪਿੰਡ ਬਾਸ ਦੀ ਸੜਕ ਅਤੇ ਗੰਦੇ ਪਾਣੀ ਦੇ ਨਿਕਾਸੀ ਦਾ ਕੰਮ ਸ਼ੁਰੂ ਹੋ ਗਿਆ ਹੈ। ਬਾਸ ਤੋਂ ਪੰਜਾਬ ਸਰਕਾਰ ਦੀ ਪਹਿਲਕਦਮੀ ਨਾਲ ਗੰਦੇ ਪਾਣੀ ਨੂੰ ਅੰਡਰਗਰਾਊਂਡ ਕਰਨ ਦਾ ਕੰਮ ਪੂਰਾ ਹੋ ਚੁੱਕਾ ਹੈ ਅਤੇ ਮੁੱਖ ਸੜਕ ਨੂੰ ਦੋਨਾਂ ਪਾਸਿਆਂ ਤੋਂ ਚੌੜਾ ਕਰਨ ਦਾ ਕੰਮ ਵੀ ਮੁਕੰਮਲ ਹੋ ਗਿਆ ਹੈ। ਬਾਸ ਤੋਂ ਸਵਾਮੀਪੁਰ ਤੱਕ ਸੜਕ ਨੂੰ ਦੋਨਾਂ ਪਾਸਿਆਂ ਤੋਂ 4 ਤੋਂ 6 ਫੁੱਟ ਤੱਕ ਵਧਾ ਕੇ 18 ਫੁੱਟ ਚੌੜੀ ਕੀਤਾ ਜਾ ਰਿਹਾ ਹੈ। ਜਿੱਥੇ ਬਰਸਾਤਾਂ ਦੌਰਾਨ ਸੜਕ ਟੁੱਟਦੀ ਸੀ, ਉਥੇ ਮਜ਼ਬੂਤੀ ਲਈ ਪੇਵਰ ਲਗਾਉਣ ਦਾ ਫੈਸਲਾ ਕੀਤਾ ਗਿਆ ਹੈ। ਇਸ ਤਹਿਤ ਪਿੰਡ ਬਾਸ ਵਿੱਚ ਗੁੱਗਾ ਜਾਹਰ ਪੀਰ ਦੇ ਮੰਦਰ ਤੋਂ ਭਗਤ ਸ੍ਰੀ ਗੁਲਜਾਰੀ ਲਾਲ ਦੇ ਘਰ ਤੱਕ ਪੇਵਰ ਲਗਾਉਣ ਦਾ ਕੰਮ ਸ਼ੁਰੂ ਹੋ ਚੁੱਕਾ ਹੈ।ਸੜਕ ਬਣਨ ਤੋਂ ਬਾਅਦ ਪੂਰੇ ਰਸਤੇ 'ਤੇ ਗਲੋਇੰਗ ਰਿਫਲੈਕਟਰ, ਥਾਂ-ਥਾਂ ਸਾਈਨ ਬੋਰਡ ਅਤੇ ਤਿੱਖੇ ਮੋੜਾਂ 'ਤੇ ਕਨਵੈਕਸ ਮਿਰਰ ਲਗਾਏ ਜਾਣਗੇ। ਪਿੰਡ ਵਿੱਚੋਂ ਲੰਘਣ ਵਾਲੇ ਯਾਤਰੀਆਂ ਨੂੰ ਅਪੀਲ ਕੀਤੀ ਗਈ ਹੈ ਕਿ 4-5 ਦਿਨ ਲਈ ਬਦਲਵੇਂ ਰਸਤੇ ਦੀ ਵਰਤੋਂ ਕਰਨ ਤਾਂ ਜੋ ਕੰਮ ਸੁਚਾਰੂ ਤਰੀਕੇ ਨਾਲ ਪੂਰਾ ਹੋ ਸਕੇ। ਸੜਕ ਤਿਆਰ ਹੋਣ ਤੋਂ ਬਾਅਦ ਵਾਹਨਾਂ ਦੀ ਗਤੀ 15-20 ਕਿਮੀ ਪ੍ਰਤੀ ਘੰਟਾ ਤੋਂ ਵੱਧ ਨਾ ਰੱਖਣ ਦੀ ਵੀ ਅਪੀਲ ਕੀਤੀ ਗਈ ਹੈ।ਇਸ ਮੌਕੇ ਪਿੰਡ ਵਾਸੀਆਂ ਅਤੇ ਪੰਚਾਇਤ ਵੱਲੋਂ ਮੁੱਖ ਮੰਤਰੀ ਭਗਵੰਤ ਮਾਨ ਅਤੇ ਪੰਜਾਬ ਸਰਕਾਰ ਦੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਦਾ ਦਿਲੋਂ ਧੰਨਵਾਦ ਕੀਤਾ ਗਿਆ। ਸ੍ਰੀ ਅਨੰਦਪੁਰ ਸਾਹਿਬ ਵਿਧਾਨ ਸਭਾ ਤੋਂ ਯੁੱਧ ਨਸ਼ਿਆਂ ਵਿਰੁੱਧ ਕੋਆਰਡੀਨੇਟਰ ਹਿਤੇਸ਼ ਦੀਪੂ ਨੇ ਕਿਹਾ ਕਿ ਕੈਬਨਿਟ ਮੰਤਰੀ ਵੱਲੋਂ ਪਿੰਡ ਅਤੇ ਇਲਾਕੇ ਦੇ ਸਰਵਪੱਖੀ ਵਿਕਾਸ ਲਈ ਪੂਰਾ ਆਸ਼ਵਾਸਨ ਦਿੱਤਾ ਗਿਆ ਹੈ।

# ਸੜਕ ਕਿਨਾਰੇ ਖਿਲਰਿਆ ਕਚਰਾ ਬਿਮਾਰੀਆਂ ਨੂੰ ਦੇ ਰਿਹਾ ਸੱਦਾ : ਧੀਮਾਨ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**-ਲੇਬਰ ਪਾਰਟੀ ਦੇ ਪ੍ਰਧਾਨ ਜੈ ਗੋਪਾਲ ਧੀਮਾਨ ਅਤੇ ਜ਼ਿਲ੍ਹਾ ਸਕੱਤਰ ਧਰਮ ਵੀਰ ਨੇ ਹੁਸ਼ਿਆਰਪੁਰ ਜ਼ਿਲ੍ਹਾ ਕਚਿਹਰੀਆਂ ਦੇ ਬਾਹਰਲੇ ਪਾਸੇ ਪਲਾਸਟਿਕ ਦੇ ਲਿਫਾਫੇ ਤੇ ਬਦਬੂ ਮਾਰਦੇ ਖਿਲਰੇ ਕਚਰੇ ਪ੍ਰਤੀ ਨਗਰ ਨਿਗਮ ਹੁਸ਼ਿਆਰਪੁਰ ਵੱਲੋਂ ਨਾ ਧਿਆਨ ਦੇਣ ਤੇ ਸਖਤ ਸ਼ਬਦਾਂ ਵਿਚ ਨਿੰਦਾ ਕਰਦਿਆਂ ਕਿਹਾ ਕਿ ਕਚਰਾ ਭਾਵੇਂ ਵੇਖਣ ਨੂੰ ਕਚਰਾ ਦਿਸ ਰਿਹਾ ਹੈ ਪਰ ਉਸ ਦੇ ਮਾੜੇ ਪ੍ਰਭਾਵ ਅਤੇ ਉਸ ਵਿਚੋਂ ਪੈਦਾ ਹੋ ਰਿਹਾ ਮਾਈਕਰੋ ਬੈਕਟਰੀਆ—ਮੱਖੀਆਂ ਤੇ ਮਛੱਰ ਤੇ ਹੋਰ ਜਹਿਰੀਲੇ ਜੀਵ ਵਾਤਾਵਰਣ ਅਤੇ ਮਨੁੱਖ ਲਈ ਅਤਿ ਘਾਤਕ ਹਨ ਜਿਸ ਦਾ ਸਿੱਧਾ ਅਸਰ ਬੱਚਿਆਂ ਉਤੇ ਬੁਹੁਤ ਜਲਦੀ ਹੁੰਦਾ ਹੈ।

# ਕੌਮੀ ਲੋਕ ਅਦਾਲਤ 14 ਮਾਰਚ ਨੂੰ

**ਸ਼ਹੀਦ ਭਗਤ ਸਿੰਘ ਨਗਰ, (ਮਨੋਜ ਲਾਡੀ)**-ਜ਼ਿਲ੍ਹਾ ਅਤੇ ਸੈਸ਼ਨ ਜੱਜ-ਕਮ-ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਸ਼ਹੀਦ ਭਗਤ ਸਿੰਘ ਨਗਰ ਪ੍ਰਿਆ ਸੂਦ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜ਼ਿਲ੍ਹੇ ਵਿੱਚ 14 ਮਾਰਚ 2026 ਨੂੰ ਕੌਮੀ ਲੋਕ ਅਦਾਲਤ ਲਗਾਈ ਜਾ ਰਹੀ ਹੈ।ਜ਼ਿਲ੍ਹਾ ਤੇ ਸੈਸ਼ਨ ਜੱਜ-ਕਮ-ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਨੇ ਅੱਗੇ ਦੱਸਿਆ ਕਿ ਕੌਮੀ ਲੋਕ ਅਦਾਲਤ ਦੌਰਾਨ ਸਾਰੇ ਤਰ੍ਹਾਂ ਦੇ ਸਿਵਲ ਅਤੇ ਕੰਪਾਊਂਡੇਬਲ ਕ੍ਰਿਮੀਨਲ ਕੇਸ ਜਿਨ੍ਹਾਂ ਵਿੱਚ ਕ੍ਰਿਮੀਨਲ ਕੰਪਾਊਂਡੇਸਲ ਜੁਰਮ, ਧਾਰਾ 138 ਅਧੀਨ ਐੱਨ ਆਈ ਕੇਸ, ਪੈਸੇ ਵਸੂਲੀ, ਵਾਹਨ ਦੁਰਘਟਨਾ ਕਲੇਮ ਕੇਸ, ਕਿਰਤ ਸਬੰਧੀ ਕੇਸ, ਬਿਜਲੀ ਅਤੇ ਪਾਣੀ ਸਬੰਧੀ ਕੇਸ, ਵਿਆਹੁਤਾ ਸੰਬੰਧੀ ਕੇਸ (ਸਿਵਾਏ ਤਲਾਕ ਦੇ), ਜ਼ਮੀਨ ਐਕੁਆਇਰ ਸਬੰਧੀ ਕੇਸ, ਸਰਵਿਸ ਮੈਟਰ ਸਮੇਤ ਵਿਚਾਰੇ ਜਾ ਸਕਦੇ ਹਨ ਨੂੰ ਸੁਣਿਆ ਜਾਵੇਗਾ।

# ਸੁਖਦੀਪ ਸਿੰਘ ਸ਼ੁਕਾਰ ਹਲਕਾ ਨਵਾਂਸ਼ਹਿਰ ਦੇ ਇੰਚਾਰਜ ਨਿਯੁਕਤ



**ਬੰਗਾ (ਅਵਤਾਰ ਕਲੇਰ)**- ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵਲੋਂ ਪਾਰਟੀ ਨੂੰ ਮਜ਼ਬੂਤ ਕਰਨ ਲਈ ਹਰ ਹਲਕੇ 'ਚ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ ਤੇ ਹਲਕਿਆਂ ਦੇ ਪਾਰਟੀ ਇੰਚਾਰਜ ਨਿਯੁਕਤ ਕੀਤੇ ਜਾ ਰਹੇ ਹਨ। ਇਸ ਲੜੀ ਨੂੰ ਅੱਗੇ ਤੋਰਦੇ ਹੋਏ ਸੁਖਦੀਪ ਸਿੰਘ ਸ਼ੁਕਾਰ ਨੂੰ ਨਵਾਂਸ਼ਹਿਰ ਵਿਧਾਨ ਸਭਾ ਦਾ ਇੰਚਾਰਜ ਨਿਯੁਕਤ ਕੀਤਾ ਗਿਆ ਹੈ। ਸੁਖਦੀਪ ਸਿੰਘ ਸ਼ੁਕਾਰ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਜ਼ਿਲ੍ਹਾ ਪ੍ਰਧਾਨ ਵਜੋਂ ਮਿਹਨਤ ਕਰ ਰਹੇ ਹਨ ਤੇ ਪਾਰਟੀ ਨੂੰ ਜ਼ਮੀਨੀ ਪੱਧਰ 'ਤੇ ਕਾਫ਼ੀ ਮਜ਼ਬੂਤ ਕੀਤਾ ਹੈ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸੁਖਦੀਪ ਸਿੰਘ ਸ਼ੁਕਾਰ ਨੇ ਕਿਹਾ ਕਿ ਜੋ ਜ਼ਿੰਮੇਵਾਰੀ ਮੈਨੂੰ ਪਾਰਟੀ ਨੇ ਦਿੱਤੀ ਹੈ ਮੈਂ ਉਸ ਨੂੰ ਪੂਰੇ ਜੋਸ਼ ਨਾਲ ਨਿਭਾਵਾਂਗਾ ਤੇ ਆਪਣੇ ਹਲਕੇ ਵਿੱਚ ਸ਼੍ਰੋਮਣੀ ਅਕਾਲੀ ਦਲ ਨੂੰ ਮਜ਼ਬੂਤ ਕਰਨ ਲਈ ਹੋਰ ਵੀ ਮਿਹਨਤ ਕਰਾਂਗੇ।

# ਮਹਾਂਸ਼ਿਵਰਾਤਰੀ ਮੌਕੇ ਧਾਰਮਿਕ ਸਮਾਗਮ ਕਰਵਾਇਆ

**ਡੇਰਾਬੱਸੀ, (ਵਿਨੈ ਕੁਮਾਰ ਜੈਨ)**

ਮਹਾਸ਼ਿਵਰਾਤਰੀ ਦੇ ਪਾਵਨ ਮੌਕੇ 'ਤੇ ਡੇਰਾਬੱਸੀ ਵਿਖੇ ਸਥਿਤ ਗੁੱਗਾ ਮਾੜੀ ਮੰਦਰ ਵਿੱਚ ਭਗਤੀ, ਉਤਸ਼ਾਹ ਅਤੇ ਆਨੰਦ ਨਾਲ ਭਰਪੂਰ ਵਿਸ਼ੇਸ਼ ਧਾਰਮਿਕ ਸਮਾਗਮ ਕਰਵਾਇਆ ਗਿਆ। ਇਹ ਸਮਾਗਮ 'ਸ਼ਿਵ ਸ਼ਕਤੀ ਕੀ ਫੌਜ' ਮਹਿਲਾ ਮੰਡਲ ਵੱਲੋਂ ਪ੍ਰਧਾਨ ਸਪਨਾ ਮਹਿਤਾ ਦੀ ਅਗਵਾਈ ਹੇਠ ਆਯੋਜਿਤ ਕੀਤਾ ਗਿਆ, ਜਿਸ ਵਿੱਚ ਸ਼ਹਿਰ ਦੀਆਂ ਵੱਡੀ ਗਿਣਤੀ ਮਹਿਲਾਵਾਂ ਤੇ ਸ਼ਰਧਾਲੂਆਂ ਨੇ ਭਾਗ ਲਿਆ। ਸਮਾਗਮ ਦਾ ਮਾਹੌਲ ਭਗਵਾਨ ਸ਼ਿਵ ਦੇ ਦਿਵਿਆ ਵਿਆਹ ਵਰਗਾ ਰੰਗੀਨ ਅਤੇ ਆਧਿਆਤਮਿਕ ਬਣ ਗਿਆ।ਸਮਾਗਮ ਦੀ ਸ਼ੁਰੂਆਤ ਮਹਿੰਦੀ ਦੀ ਰਸਮ ਨਾਲ ਕੀਤੀ ਗਈ, ਜਿਸ ਵਿੱਚ ਮਹਿਲਾਵਾਂ ਨੇ ਭਗਤੀ ਭਾਵ ਨਾਲ ਭਾਗ ਲੈਂਦੇ ਹੋਏ ਆਪਣੇ ਹੱਥਾਂ 'ਤੇ ਦੀ ਲਗਵਾਈ। ਮੰਦਰ ਪ੍ਰੰਗਣ ਵਿੱਚ ਸਜਾਵਟ, ਫੁੱਲਾਂ ਦੀ ਖੁਸ਼ਬੂ ਤੇ ਭਜਨਾਂ ਦੀਆਂ ਧੁਨਾਂ ਨੇ ਪੂਰੇ ਵਾਤਾਵਰਣ ਨੂੰ ਆਧਿਆਤਮਿਕ ਰੰਗ ਵਿੱਚ ਰੰਗ ਦਿੱਤਾ। 'ਬਮ-ਬਮ ਭੋਲੇ' ਦੇ ਜੈਕਾਰਿਆਂ ਨਾਲ ਮੰਦਰ ਗੂੰਜ ਉਠਿਆ।ਇਸ ਮੌਕੇ ਵਿਸ਼ੇਸ਼ ਆਕਰਸ਼ਣ ਸਾਧੂ ਨਗਰ ਸਥਿਤ ਸ੍ਰੀ ਅਰਧਨਾਰੀਸ਼ਵਰ ਮੰਦਰ ਤੋਂ ਸ਼ੋਭਾ ਯਾਤਰਾ ਸ਼ੁਰੂ ਹੋਈ।ਸ਼ੋਭਾ ਯਾਤਰਾ ਨੱਚਦੇ-ਗਾਉਂਦੇ ਅਤੇ ਬੈਂਡ ਦੀਆਂ ਧੁਨਾਂ 'ਤੇ ਅੱਗੇ ਵਧਦੀ ਹੋਈ ਗੁੱਗਾ ਮਾੜੀ ਮੰਦਰ ਪਹੁੰਚੀ। ਰਸਤੇ ਵਿੱਚ ਸ਼ਰਧਾਲੂਆਂ ਵੱਲੋਂ ਫੁੱਲਾਂ ਦੀ ਵਰਖਾ ਅਤੇ ਗੁਲਾਲ ਨਾਲ ਯਾਤਰਾ ਦਾ ਗਰਮਜੋਸ਼ੀ ਨਾਲ ਸਵਾਗਤ ਕੀਤਾ ਗਿਆ। ਮਹਿਲਾਵਾਂ ਨੇ ਭਗਵਾਨ ਸ਼ਿਵ ਦੀ ਮੂਰਤੀ ਅੱਗੇ ਨਤਮਸਤਕ ਹੋ ਕੇ ਫੁੱਲ ਭੇਟ ਕੀਤੇ ਅਤੇ ਖੁਸ਼ਹਾਲੀ ਦੀ ਅਰਦਾਸ ਕੀਤੀ।ਸਮਾਗਮ ਦੌਰਾਨ ਸ਼ਹਿਰ ਦੇ ਕਈ ਪ੍ਰਮੁੱਖ ਵਿਅਕਤੀਆਂ ਨੇ ਵੀ ਹਾਜ਼ਰੀ ਭਰੀ। ਨਗਰ ਕੌਂਸਲ ਪ੍ਰਧਾਨ ਆਸ਼ੂ ਉਪਨੇਜਾ ਅਤੇ ਨਰੇਸ਼ ਉਪਨੇਜਾ ਨੇ ਮੰਦਰ ਪਹੁੰਚ ਕੇ ਭਗਵਾਨ ਭੋਲੇ ਨਾਥ ਦਾ ਆਸ਼ੀਰਵਾਦ ਲਿਆ ਅਤੇ ਪ੍ਰਬੰਧਕਾਂ ਨੂੰ ਇਸ ਸ਼ਾਨਦਾਰ ਆਯੋਜਨ ਲਈ ਵਧਾਈ ਦਿੱਤੀ। ਇਸ ਤੋਂ ਇਲਾਵਾ ਭਾਜਪਾ ਓ ਬੀ ਸੀ ਸੈੱਲ ਦੇ ਉਪ-ਪ੍ਰਧਾਨ ਰਵਿੰਦਰ ਵੈਸ਼ਨਵ ਤੇ ਬ੍ਰਾਹਮਣ ਸਭਾ ਦੇ ਸਾਬਕਾ ਜਨਰਲ ਸਕੱਤਰ ਨਰਿੰਦਰ ਮੋਹਨ ਸ਼ਰਮਾ ਨੇ ਵੀ ਸਮਾਗਮ ਵਿੱਚ ਸ਼ਮੂਲੀਅਤ ਕੀਤੀ।ਸਮਾਗਮ ਦੇ ਅੰਤ ਵਿੱਚ ਪ੍ਰਸਾਦ ਵੰਡਿਆ ਗਿਆ। ਇਸ ਮੌਕੇ ਸਪਨਾ ਗੋਇਲ, ਸੁਨੀਤਾ ਗਰੋਵਰ, ਸੁਸ਼ੀਲਾ ਵਰਮਾ ਸਮੇਤ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।



# ਕਿਰਤੀ ਕਿਸਾਨ ਯੂਨੀਅਨ ਵੱਲੋਂ ਧਰਨਾ 22 ਨੂੰ



**ਬੰਗਾ (ਅਵਤਾਰ ਕਲੇਰ)**

ਕਿਰਤੀ ਕਿਸਾਨ ਯੂਨੀਅਨ ਇਲਾਕਾ ਔੜ ਦੀ ਮੀਟਿੰਗ ਸੁਰਿੰਦਰ ਸਿੰਘ ਮਹਿਰਮਪੁਰ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਯੂਨੀਅਨ ਦੇ ਸੂਬਾ ਕਮੇਟੀ ਸੂਬਾ ਕਮੇਟੀ ਮੈਂਬਰ ਭੁਪਿੰਦਰ ਸਿੰਘ ਵੜੈਚ ਨੇ ਕਿਹਾ ਕਿ ਬਿਜਲੀ ਸੋਧ ਬਿੱਲ 2025, ਸੀਡ ਸੋਧ ਬਿੱਲ 2025,ਅਮਰੀਕਾ ਨਾਲ ਕੀਤੇ ਮੁਕਤ ਵਪਾਰ ਸਮਝੌਤੇ ਤੇ ਹੋਰ ਮੰਗਾਂ ਨੂੰ ਲੈ ਕੇ ਸੰਯੁਕਤ ਕਿਸਾਨ ਮੋਰਚੇ ਦੇ ਪ੍ਰੋਗਰਾਮ ਅਨੁਸਾਰ 22 ਫਰਵਰੀ ਨੂੰ ਆਮ ਆਦਮੀ ਪਾਰਟੀ ਦੇ ਹਲਕਾ ਬੰਗਾ ਦੇ ਵਿਧਾਇਕ ਸੁਖਵਿੰਦਰ ਕੁਮਾਰ ਸੁੱਖੀ ਦੇ ਘਰ ਅੱਗੇ 11 ਵਜੇ ਤੋਂ 3 ਵਜੇ ਤੱਕ ਦਿੱਤੇ ਜਾ ਰਹੇ ਧਰਨੇ ਦੀ ਤਿਆਰੀ ਪੂਰੇ ਜ਼ੋਰਾਂ ਸ਼ੋਰਾਂ ਨਾਲ ਕਰਨੀ ਚਾਹੀਦੀ ਹੈ। ਮੀਟਿੰਗ ਵਿੱਚ ਇਲਾਕੇ ਭਰ ਵਿੱਚ ਯੂਨੀਅਨ ਦੀ ਮੈਂਬਰਸ਼ਿਪ ਕਰਨ ਦਾ ਫ਼ੈਸਲਾ ਕੀਤਾ ਗਿਆ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਨੇ ਅਮਰੀਕਾ ਨਾਲ ਮੁਕਤ ਸਮਝੌਤਾ ਕਰਕੇ ਭਾਰਤ ਦੇ ਲੋਕਾਂ ਨਾਲ ਵੱਡਾ ਧੋਖਾ ਕੀਤਾ ਹੈ। ਇਸੇ ਤਰ੍ਹਾਂ ਬਿਜਲੀ ਸੋਧ ਅਤੇ ਸੀਡ ਸੋਧ ਬਿੱਲ ਵੀ ਬਿਜਲੀ ਅਤੇ ਸੀਡ ਨੂੰ ਕਾਰਪੋਰੇਟਾਂ ਹਵਾਲੇ ਕਰਕੇ ਰਹਿੰਦੀ ਕਸਰ ਪੂਰੀ ਕਰ ਦਿੱਤੀ ਹੈ। ਮੀਟਿੰਗ ਵਿੱਚ ਅਵਤਾਰ ਸਿੰਘ ਸਕੋਹਪੁਰ, ਬਲਵੀਰ ਸਿੰਘ ਸਕੋਹਪੁਰ, ਗੁਰਦੀਪ ਸਿੰਘ, ਉਂਕਾਰ ਸਿੰਘ, ਬਲਿਹਾਰ ਸਿੰਘ ਮਹਿਰਮਪੁਰ, ਚਰਨਜੀਤ ਸਿੰਘ, ਅਯੋਧ ਸਿੰਘ, ਕਸ਼ਮੀਰ ਸਿੰਘ ਬੇਗੋਵਾਲ, ਹਰਜੀਤ ਸਿੰਘ, ਬਲਿਹਾਰ ਸਿੰਘ ਫਾਂਬੜਾ, ਕਰਨੈਲ ਸਿੰਘ, ਅਵਤਾਰ ਸਿੰਘ, ਬਲਦੇਵ ਸਿੰਘ ਅਤੇ ਚਰਨ ਸਿੰਘ ਉੜਾਪੜ ਤੋਂ ਇਲਾਵਾ ਹੋਰ ਬਹੁਤ ਸਾਰੇ ਕਿਸਾਨ ਮੈਂਬਰ ਸ਼ਾਮਲ ਹੋਏ।

# ਗੋਬਿੰਦਪੁਰ ਸਕੂਲ 'ਚ ਕਰਵਾਇਆ ਜਾਗਰੂਕਤਾ ਲੈਕਚਰ ਸੈਸ਼ਨ

**ਬਲਾਚੌਰ( ਜਸਵਿੰਦਰ ਬੈਂਸ)**

ਦੇਸ਼ ਭਗਤ ਮਾਸਟਰ ਕਾਬਲ ਸਿੰਘ ਮੈਮੋਰੀਅਲ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਗੋਬਿੰਦਪੁਰ ਵਿਖੇ ਐਨ ਐਸ ਕਿਊ ਐਫ ਅਧੀਨ ਚੱਲ ਰਹੇ ਪ੍ਰਾਈਵੇਟ ਸਕਿਉਰਟੀ ਟਰੇਡ ਦੇ ਵਿਦਿਆਰਥੀਆਂ ਲਈ ਇੱਕ ਵਿਸ਼ੇਸ਼ ਜਾਗਰੂਕਤਾ ਲੈਕਚਰ ਸੈਸ਼ਨ ਕਰਵਾਇਆ ਗਿਆ।ਸਭ ਤੋਂ ਪਹਿਲਾਂ ਵੋਕੇਸ਼ਨ ਟਰੇਨਰ ਸੂਬੇਦਾਰ ਫਤਿਹ ਸਿੰਘ ਨੇ ਮਹਿਮਾਨਾਂ ਨੂੰ ਜੀ ਆਇਆ ਆਖਦੇ ਹੋਏ ਜਾਣ ਪਹਿਚਾਣ ਕਰਵਾਈ।ਇਸ ਦੌਰਾਨ ਪਹਿਲਾਂ ਹਰਦੀਪ ਸਿੰਘ ਕਲਮ ਗਹੂੰਣ ਨੇ ਸੰਬੋਧਨ ਕਰਦੇ ਹੋਏ ਵਿਦਿਆਰਥੀਆਂ ਨੂੰ ਵਿਦਿਅਕ ਖੇਤਰ ਵਿੱਚ ਇਮਤਿਹਾਨਾਂ ਦੀ ਮਹੱਤਤਾ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੰਦੇ ਹੋਏ ਚੰਗੇ ਨਤੀਜਿਆਂ ਲਈ ਕੇਈ ਨੁਕਤੇ ਵੀ ਸਾਂਝੇ ਕੀਤੇ।ਇਸ ਮੌਕੇ ਡਾ. ਕਸ਼ਮੀਰ ਸਿੰਘ ਢਿੱਲੋਂ ਨੇ ਵਿਦਿਆਰਥੀਆਂ ਨੂੰ ਤੰਦਰੁਸਤ ਜੀਵਨਸ਼ੈਲੀ ਲਈ ਦੇਸੀ ਅਤੇ ਆਪ ਹੱਥੀਂ ਤਿਆਰ ਕੀਤੀ ਖੁਰਾਕ ਖਾਣ ਲਈ ਉਤਸ਼ਾਹਿਤ ਕੀਤਾ ਅਤੇ ਵਾਤਾਵਰਣ ਦੀ ਸ਼ੁੱਧਤਾ ਲਈ ਵੀ ਵਿਦਿਆਰਥੀਆਂ ਨੂੰ ਪ੍ਰੇਰਿਆ।ਸਕੂਲ ਇੰਚਾਰਜ ਮੈਡਮ ਮਨਜੀਤ ਕੌਰ ਨੇ ਮਹਿਮਾਨਾਂ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਅਜਿਹੇ ਲੈਕਚਰ ਵਿਦਿਆਰਥੀਆਂ ਦੇ ਵਿਅਕਤੀਗਤ ਵਿਕਾਸ ਅਤੇ ਰੋਜ਼ਗਾਰ ਯੋਗਤਾ ਵਧਾਉਣ ਵਿੱਚ ਮਹੱਤਵਪੂਰਣ ਭੂਮਿਕਾ ਨਿਭਾਉਂਦੇ ਹਨ। ਇਸ ਮੌਕੇ ਸੁਭਾਸ਼ ਸੱਲਵੀ, ਸੰਜੀਵ ਕੁਮਾਰ ਸੇਠੀ, ਜਸਵੀਰ ਸਿੰਘ, ਹਰਦੀਪ ਰਾਏ, ਹਰਮੇਸ਼ ਗੁਰੂ, ਦਲਜੀਤ ਸਿੰਘ, ਸੰਜੀਵ ਕੁਮਾਰ, ਮੈਡਮ ਤਾਰੋ, ਨੀਲਮ ਰਾਣੀ, ਸਤਵਿੰਦਰ ਕੌਰ, ਮੈਡਮ ਨੇਹਾ, ਗੁਰਮੀਤ ਕੌਰ ਅਤੇ ਮੈਡਮ ਗੁਰਪ੍ਰੀਤ ਕੌਰ ਵੀ ਹਾਜ਼ਰ ਸਨ। ਵਿਦਿਆਰਥੀਆਂ ਨੇ ਲੈਕਚਰ ਦੌਰਾਨ ਪੂਰਾ ਉਤਸ਼ਾਹ ਦਿਖਾਇਆ ਅਤੇ ਸਵਾਲ ਪੁੱਛ ਕੇ ਆਪਣੀ ਸਮਝ ਦੇ ਘੇਰੇ ਨੂੰ ਹੋਰ ਮਜ਼ਬੂਤ ਕੀਤਾ।



# ਨਸ਼ਾ ਤਸਕਰ ਤੋਂ ਹੈਰੋਇਨ ਬਰਾਮਦ

**ਗੁਰਾਇਆ (ਬਿੰਦਰ ਸੁਮਨ)**- ਥਾਣਾ ਗੁਰਾਇਆ ਪੁਲਿਸ ਨੇ ਇਕ ਨਸ਼ਾ ਤਸਕਰ ਨੂੰ ਗ੍ਰਿਫ਼ਤਾਰ ਕਰਕੇ ਉਸ ਦੇ ਕਬਜ਼ੇ ਵਿੱਚੋਂ 30 ਗ੍ਰਾਮ ਹੈਰੋਇਨ ਅਤੇ ਇਕ ਮੋਟਰਸਾਈਕਲ ਬਰਾਮਦ ਕੀਤਾ ਹੈ। ਉਪ ਪੁਲਿਸ ਕਪਤਾਨ ਸਬ-ਡਿਵੀਜ਼ਨ ਫਿਲੌਰ ਭਾਰਤ ਮਸੀਹ ਲੱਧੜ, ਪੀ.ਪੀ.ਐਸ. ਨੇ ਦੱਸਿਆ ਕਿ ਸੀਨੀਅਰ ਪੁਲਿਸ ਕਪਤਾਨ ਜਲੰਧਰ (ਦਿਹਾਤੀ) ਹਰਵਿੰਦਰ ਸਿੰਘ ਵਿਰਕ, ਪੀ.ਪੀ.ਐਸ. ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਨਸ਼ਾ ਤਸਕਰਾਂ ਖ਼ਿਲਾਫ਼ ਵਿਸ਼ੇਸ਼ ਮੁਹਿੰਮ ਚਲਾਈ ਜਾ ਰਹੀ ਹੈ।ਉਨ੍ਹਾਂ ਦੱਸਿਆ ਕਿ 13 ਫਰਵਰੀ ਨੂੰ ਇੰਸਪੈਕਟਰ ਸਿਕੰਦਰ ਸਿੰਘ ਵਿਰਕ, ਮੁੱਖ ਅਫਸਰ ਥਾਣਾ ਗੁਰਾਇਆ ਦੀ ਅਗਵਾਈ ਹੇਠ ਏ.ਐਸ.ਆਈ. ਬਾਵਾ ਸਿੰਘ ਅਤੇ ਪੁਲਿਸ ਪਾਰਟੀ ਵੱਲੋਂ ਗਸ਼ਤ ਦੌਰਾਨ ਮਾਹਲਾ ਗੇਟ ਗੁਰਾਇਆ ਨੇੜੇ ਇਕ ਵਿਅਕਤੀ ਨੂੰ ਸ਼ੱਕ ਦੇ ਆਧਾਰ 'ਤੇ ਕਾਬੂ ਕੀਤਾ ਗਿਆ। ਤਲਾਸ਼ੀ ਦੌਰਾਨ ਦੋਸ਼ੀ ਦੀ ਪਛਾਣ ਬਘੇਲੂ ਰਾਮ ਉਰਫ਼ ਬਘੇਲੂ ਪੁੱਤਰ ਪੋਲਨ ਰਾਮ ਵਾਸੀ ਮਾਹਲਾ ਰੋਡ ਗੁਰਾਇਆ ਵਜੋਂ ਹੋਈ, ਜਿਸ ਦੇ ਪਾਸੋਂ 30 ਗ੍ਰਾਮ ਹੈਰੋਇਨ ਅਤੇ ਮੋਟਰਸਾਈਕਲ ਮਾਰਕਾ ਸਪਲੈਂਡਰ ਬਰਾਮਦ ਹੋਇਆ।ਇਸ ਸਬੰਧ ਵਿੱਚ ਥਾਣਾ ਗੁਰਾਇਆ ਵਿਖੇ ਮੁਕੱਦਮਾ ਦਰਜ ਕਰਕੇ ਅਗਲੀ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ।



# ਮਿਸਲ ਸਤਲੁਜ ਵੱਲੋਂ ਪੂਰਾ ਪੰਜਾਬ ਲਹਿਰ ਮੁਹਿੰਮ ਦੀ ਸ਼ੁਰੂਆਤ ਭਲਕੇ

**ਮੋਹਾਲੀ (ਗੁਰਜੀਤ ਬਿੱਲਾ)**

ਮਿਸਲ ਸਤਲੁਜ, ਜੋ ਇੱਕ ਸਮਾਜਿਕ ਅਤੇ ਰਾਜਨੀਤਿਕ ਜਥੇਬੰਦੀ ਹੈ ਤੇ ਪੰਜਾਬ-ਕੇਂਦਰਿਤ ਰਾਜਨੀਤੀ ਖੜੀ ਕਰਨ ਲਈ ਵਚਨਬੱਧ ਹੈ, ਵੱਲੋਂ ਪੂਰਾ ਪੰਜਾਬ ਲਹਿਰ ਮੁਹਿੰਮ ਦੀ ਸ਼ੁਰੂਆਤ 17 ਫਰਵਰੀ ਨੂੰ ਸਵੇਰੇ 11:00 ਵਜੇ ਗੁਰਦੁਆਰਾ ਅੰਬ ਸਾਹਿਬ, ਮੋਹਾਲੀ ਤੋਂ ਕੀਤੀ ਜਾਵੇਗੀ। ਮਿਸਲ ਸਤਲੁਜ ਦੇ ਪ੍ਰਧਾਨ ਸਰਦਾਰ ਅਜੇਪਾਲ ਸਿੰਘ ਬਰਾੜ ਨੇ ਦੱਸਿਆ ਕਿ ਇਸ ਪੂਰਾ ਪੰਜਾਬ ਲਹਿਰ ਮੁਹਿੰਮ ਦੇ ਮੌਕੇ ਦੋ ਹਫ਼ਤਿਆਂ ਲਈ ਇੱਕ ਵਿਚਾਰ-ਕੈਂਪ ਲਗਾਇਆ ਜਾਵੇਗਾ। ਉਨ੍ਹਾਂ ਨੇ ਇਸ ਸੰਦੇਸ਼ ਵਿੱਚ ਵੱਖ-ਵੱਖ ਖੇਤਰਾਂ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ, ਪੰਜਾਬ ਦਰਦੀ, ਬੁੱਧੀਜੀਵੀ ਅਤੇ ਸਰਗਰਮ ਕਾਰਕੁਨ ਚਾਹੇ ਉਹ ਕਿਸੇ ਵੀ ਰਾਜਨੀਤਿਕ ਪਾਰਟੀ ਜਾਂ ਕਿਸੇ ਵੀ ਜਥੇਬੰਦੀ ਨਾਲ ਸੰਬੰਧਿਤ ਹੋਣ ਨੂੰ ਇਸ ਮੁਹਿੰਮ ਵਿੱਚ ਸ਼ਾਮਲ ਹੋਣ ਲਈ ਸੱਦਾ ਦਿੱਤਾ ਹੈ । ਉਨ੍ਹਾਂ ਅੱਗੇ ਕਿਹਾ ਕਿ ਸਭਨਾਂ ਦੇ ਵਿਚਾਰ ਸੁਣੇ ਜਾਣਗੇ, ਲੋਕਾਂ ਦੀ ਕਚਹਿਰੀ ਤੱਕ ਪਹੁੰਚਾਏ ਜਾਣਗੇ ਤੇ ਅਹਿਮ ਮੁੱਦਿਆਂ ਨੂੰ ਚਰਚਾ ਦੇ ਕੇਂਦਰ ਵਿੱਚ ਲਿਆਂਦਾ ਜਾਵੇਗਾ।ਅਜੇਪਾਲ ਸਿੰਘ ਬਰਾੜ ਨੇ ਕਿਹਾ ਕਿ ਪਿਛਲੇ ਚਾਰ-ਪੰਜ ਸਾਲਾਂ ਦੌਰਾਨ ਮਿਸਲ ਸਤਲੁਜ ਵੱਲੋਂ ਪੰਜ ਅਹਿਮ ਮੁੱਦਿਆਂ 'ਤੇ ਸੰਘਰਸ਼ ਕੀਤਾ ਗਿਆ ਹੈ। ਉਨ੍ਹਾਂ ਵਿੱਚ ਪੰਜਾਬ ਯੂਨੀਵਰਸਿਟੀ ਸੈਨੇਟ ਦਾ ਮੁੱਦਾ ਵੀ ਸ਼ਾਮਲ ਹੈ, ਜੋ ਮੁੱਢਲੇ ਤੌਰ 'ਤੇ ਚੰਡੀਗੜ੍ਹ ਪੰਜਾਬ ਦੇ ਹੱਕ ਵਿੱਚ ਨਾ ਹੋਣ ਨਾਲ ਜੁੜਿਆ ਹੈ। ਉਨ੍ਹਾਂ ਜ਼ੋਰ ਦਿੱਤਾ ਕਿ ਚੰਡੀਗੜ੍ਹ ਪੰਜਾਬ ਦੀ ਰਾਜਧਾਨੀ ਹੈ ਤੇ ਇਸ ਨੂੰ ਪੰਜਾਬ ਨੂੰ ਸੌਂਪਿਆ ਜਾਣਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਡੈਮਾਂ ਅਤੇ ਦਰਿਆਵਾਂ 'ਤੇ ਪੰਜਾਬ ਦਾ ਪੂਰਾ ਕਾਬੂ ਨਾ ਹੋਣ ਕਾਰਨ ਕਦੇ ਪੰਜਾਬ ਦਾ ਪਾਣੀ ਬਾਹਰ ਭੇਜਿਆ ਜਾਂਦਾ ਹੈ ਤੇ ਕਦੇ ਪੰਜਾਬ ਨੂੰ ਹੜ੍ਹਾਂ ਦੀ ਮਾਰ ਸਹਿਣੀ ਪੈਂਦੀ ਹੈ। ਇਸ ਲਈ ਪੰਜਾਬ ਨੂੰ ਮਜ਼ਬੂਤ ਸੰਘੀ (ਫੈਡਰਲ) ਢਾਂਚਾ ਮਿਲਣਾ ਚਾਹੀਦਾ ਹੈ, ਤਾਂ ਜੋ ਸੂਬਾ ਆਪਣੇ ਫ਼ੈਸਲੇ ਆਪ ਕਰ ਸਕੇ ਅਤੇ ਆਪਣੇ ਨੌਜਵਾਨਾਂ ਲਈ ਰੁਜ਼ਗਾਰ ਦੇ ਮੌਕੇ ਪੈਦਾ ਕਰ ਸਕੇ।

# ਕਿਸਾਨਾਂ ਨੂੰ ਸਬਸਿਡੀ ਨਾ ਮਿਲਣ ਕਾਰਨ ਗੰਨੇ ਦੀ ਬਿਜਾਈ ਪ੍ਰਭਾਵਤ ਹੋ ਸਕਦੀ : ਲਾਚੋਵਾਲ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਇਸ ਵਾਰ ਗੰਨਾ ਘੱਟ ਹੋਣ ਕਾਰਨ ਮਿੱਲਾਂ ਦੀ ਗੰਨੇ ਦੀ ਪਿੜਾਈ ਸਮਰੱਥਾ ਬਹੁਤ ਘਟ ਗਈ ਹੈ ਅਤੇ ਪੰਜਾਬ ਸਰਕਾਰ ਵੱਲੋਂ ਕਿਸਾਨਾਂ ਨੂੰ 68.50 ਰੁਪਏ ਸਬਸਿਡੀ ਦਾ ਪੈਸਾ ਨਾ ਮਿਲਣ ਕਾਰਨ ਗੰਨੇ ਦੀ ਨਵੀਂ ਬਿਜਾਈ ਹੋਰ ਵੀ ਪ੍ਰਭਾਵਤ ਹੋਵੇਗੀ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਆਜ਼ਾਦ ਕਿਸਾਨ ਸੰਘਰਸ਼ ਕਮੇਟੀ ਲਾਚੋਵਾਲ ਦੀ ਗੁਰਦੀਪ ਸਿੰਘ ਖੁਣਖੁਣ ਦੀ ਪ੍ਰਧਾਨਗੀ ਹੇਠ ਹੋਈ ਇੱਕ ਵਿਸ਼ੇਸ਼ ਮੀਟਿੰਗ ਕਰਨ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਪ੍ਰਧਾਨ ਪਰਮਿੰਦਰ ਸਿੰਘ ਲਾਚੋਵਾਲ ਨੇ ਕੀਤਾ। ਇਸ ਸਮੇਂ ਉਨ੍ਹਾ ਕਿਹਾ ਕਿ ਗੰਨੇ ਦੀ ਬਕਾਇਆ ਰਕਮ ਜਲਦ ਕਿਸਾਨਾਂ ਦੇ ਖਾਤਿਆਂ ਵਿੱਚ ਨਾ ਆਉਣ 'ਤੇ ਇਸ ਦਾ ਸਖਤੀ ਨਾਲ ਵਿਰੋਧ ਕੀਤਾ ਜਾਵੇਗਾ। ਇਸ ਸਮੇਂ ਗੁਰਦੀਪ ਸਿੰਘ ਖੁਣਖੁਣ ਨੇ ਕਿਹਾ ਕਿ ਸਰਕਾਰਾਂ ਦੀਆਂ ਕਿਸਾਨ ਮਾਰੂ ਨੀਤੀਆਂ ਤਹਿਤ ਯੂਰੀਏ ਵਿੱਚ ਨਾਈਟ੍ਰੋਜਨ ਦੀ ਮਾਤਰਾ ਅਤੇ ਤੋਲ ਵਿੱਚ ਕਟੌਤੀ ਦਾ ਸਖਤ ਵਿਰੋਧ ਕੀਤਾ ਜਾਵੇਗਾ ਅਤੇ ਕਿਹਾ ਕਿ ਇਸ ਨੂੰ ਪਹਿਲਾਂ ਦੀ ਤਰ੍ਹਾਂ ਜਾਰੀ ਰੱਖਿਆ ਜਾਵੇ ਅਤੇ ਉਦਯੋਗਿਕ ਧੰਦਿਆਂ ਵਿੱਚ ਯੂਰੀਏ ਦੀ ਨਜਾਇਜ਼ ਸਪਲਾਈ ਨੂੰ ਸਖਤੀ ਨਾਲ ਰੋਕਿਆ ਜਾਵੇ। ਇਸ ਸਮੇਂ ਮੋਦੀ ਸਰਕਾਰ ਵੱਲੋਂ ਟਰੰਪ ਸਰਕਾਰ ਨਾਲ ਕੀਤੇ ਗਏ ਸਮਝੌਤਿਆਂ ਨੂੰ ਕਿਸਾਨ ਮਾਰੂ ਦੱਸਦਿਆਂ ਇਸ ਦਾ ਸਖਤੀ ਨਾਲ ਵਿਰੋਧ ਕੀਤਾ ਜਾਵੇਗਾ। ਇਸ ਸਮੇਂ ਹਰਪ੍ਰੀਤ ਸਿੰਘ ਲਾਲੀ, ਲੰਬੜਦਾਰ ਮਨਜੀਤ ਸਿੰਘ ਖੁਣਖੁਣ, ਮਨਦੀਪ ਸਿੰਘ ਅਸਲਪੁਰ, ਬਿੱਕਰ ਸਿੰਘ ਸ਼ੇਰਪੁਰ ਪੱਕਾ, ਗੁਰਨਾਮ ਸਿੰਘ ਸਿੰਗੜੀਵਾਲਾ, ਕਿਰਪਾਲ ਸਿੰਘ ਪੰਡੋਰੀ ਖਜੂਰ, ਅਕਬਰ ਸਿੰਘ ਬੂਰੇ ਜੱਟਾਂ, ਪ੍ਰੀਤਮ ਸਿੰਘ ਨੰਗਲ ਕਲਾਲਾ, ਨਰਿੰਦਰ ਸਿੰਘ ਪੰਡੋਰੀ, ਮਲਕੀਅਤ ਸਿੰਘ ਆਲੋਵਾਲ, ਜਸਪਾਲ ਸਿੰਘ ਰਾਜਾ, ਸਤਵੰਤ ਸਿੰਘ ਮੁਰਾਦਪੁਰ, ਕੁਲਦੀਪ ਸਿੰਘ ਦੇਹਰੀਵਾਲ, ਅਵਤਾਰ ਸਿੰਘ ਖੜਿਆਲਾ ਸੈਣੀਆਂ, ਜਗਤਾਰ ਸਿੰਘ ਖੁਣਖੁਣ ਆਦਿ ਹਾਜ਼ਰ ਸਨ।

# ਸ੍ਰੀ ਗੁਰੂ ਰਵਿਦਾਸ ਮਹਾਰਾਜ ਦੇ ਪ੍ਰਕਾਸ਼ ਦਿਹਾੜੇ 'ਤੇ ਧਾਰਮਿਕ ਸਮਾਗਮ

**ਜੇਜੋਂ ਦੋਆਬਾ, (ਨਿਰਮਲ ਸਿੰਘ ਮੁੱਗੋਵਾਲ)**

ਡਾਕਟਰ ਅੰਬੇਡਕਰ ਵੈਲਫੇਅਰ ਸੁਸਾਇਟੀ ਮਾਹਿਲਪੁਰ ਵੱਲੋਂ ਧੰਨ- ਧੰਨ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 649ਵੇਂ ਪ੍ਰਕਾਸ਼ ਉਤਸਵ ਦੇ ਸਬੰਧ ਵਿੱਚ ਵਿਸ਼ੇਸ਼ ਸਮਾਗਮ ਵਾਰਡ ਨੰਬਰ 2-3 ਧਰਮਸ਼ਾਲਾ ਮਾਹਿਲਪੁਰ ਵਿਖੇ ਸ਼ਰਧਾ ਤੇ ਉਤਸ਼ਾਹ ਪੂਰਵਕ ਢੰਗ ਨਾਲ ਕਰਵਾਇਆ ਗਿਆ। ਇਸ ਮੌਕੇ ਸਭ ਤੋਂ ਪਹਿਲਾਂ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਦੇ ਭੋਗ ਪਾਏ ਗਏ। ਉਸ ਤੋਂ ਬਾਅਦ ਗਿਆਨੀ ਹਰਪਾਲ ਸਿੰਘ ਦੇ ਕੀਰਤਨੀ ਜਥੇ ਨੇ ਕਥਾ ਕੀਰਤਨ ਰਾਹੀ ਸੰਗਤਾਂ ਨੂੰ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੀ ਇਨਕਲਾਬੀ ਵਿਚਾਰਧਾਰਾ ਤੋਂ ਜਾਣੂ ਕਰਵਾਇਆ। ਸਮਾਗਮ ਵਿੱਚ ਪ੍ਰਿੰਸ ਚੌਧਰੀ ਯੂਥ ਪ੍ਰਧਾਨ ਹਲਕਾ ਗੜਸ਼ੰਕਰ ਆਮ ਆਦਮੀ ਪਾਰਟੀ, ਸ਼ਸ਼ੀ ਬੰਗੜ ਸੀਨੀਅਰ ਮੀਤ ਪ੍ਰਧਾਨ ਨਗਰ ਪੰਚਾਇਤ ਮਾਹਿਲਪੁਰ, ਪ੍ਰੋਫੈਸਰ ਬਲਦੇਵ ਸਿੰਘ ਐਮ.ਸੀ, ਰਾਜੀਵ ਬੰਗੜ, ਸਰਦਾਰ ਅਜਮੇਰ ਸਿੰਘ ਢਿੱਲੋਂ, ਜਤਿੰਦਰ ਸੋਨੂ, ਪੱਤਰਕਾਰ ਚੰਚਲ ਵਰਮਾ, ਰੇਖਾ ਰਾਣੀ ਪ੍ਰਧਾਨ ਜੈ ਭੀਮ ਕਾਰਵਾਂ ਚੈਰੀਟੇਬਲ ਸੁਸਾਇਟੀ ਮਾਹਿਲਪੁਰ ਸਮੇਤ ਪ੍ਰਮੁੱਖ ਸ਼ਖਸ਼ੀਅਤਾਂ ਹਾਜ਼ਰ ਸਨ। ਇਸ ਮੌਕੇ ਕਮੇਟੀ ਦੀ ਪ੍ਰਧਾਨ ਗੀਨਾ ਰਾਣੀ ਵੱਲੋਂ ਸਮਾਗਮ ਦੀਆਂ ਸਹਿਯੋਗੀ ਸ਼ਖਸ਼ੀਅਤਾਂ ਨੂੰ ਸਿਰੋਪਾਓ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਸੱਤਿਆ ਦੇਵੀ, ਤਰਸੇਮ ਲਾਲ, ਨਿਰਮਲਾ ਦੇਵੀ, ਮਲਕੀਤ ਸਿੰਘ, ਕਸ਼ਮੀਰ ਕੌਰ, ਨਿਰਮਲ ਦਾਸ, ਰਾਮ ਲਾਲ, ਸਰਵਣ ਸਿੰਘ, ਭਗਵੰਤ ਰਾਏ, ਕਿਰਨਾਂ ਦੇਵੀ, ਆਸ਼ਾ, ਹਰਮਨ, ਨੀਰਜ, ਸੰਨੀ, ਸੋਨੂ, ਸੁਖਵਿੰਦਰ ਕੁਮਾਰ, ਤਰਸੇਮ ਕੌਰ, ਸੀਮਾ ਰਾਣੀ, ਮਾਸਟਰ ਜੈ ਰਾਮ ਬਾੜੀਆਂ, ਪਰਮਜੀਤ ਕੌਰ ਮੁੱਗੋਵਾਲ, ਹੰਸ ਰਾਜ ਕਨੇਡਾ, ਸੰਤੋਸ਼ ਕੁਮਾਰੀ, ਨਿਰਮਲ ਸਿੰਘ ਮੁੱਗੋਵਾਲ ਸੰਚਾਲਕ ਨਿਰਵਾਣੁ ਕੁਟੀਆ ਮਾਹਿਲਪੁਰ, ਰਣਜੀਤ ਰਾਣੀ, ਜਗਤਾਰ ਸਿੰਘ ਸਾਬਕਾ ਐਸ.ਡੀ.ਓ ਬਿਜਲੀ ਬੋਰਡ, ਸੁਨੀਤਾ, ਰਿੰਪੀ ਸਮੇਤ ਸ੍ਰੀ ਗੁਰੂ ਰਵਿਦਾਸ ਨਾਮ ਲੇਵਾ ਸੰਗਤਾਂ ਵੱਡੀ ਗਿਣਤੀ ਵਿੱਚ ਹਾਜ਼ਰ ਸਨ। ਚਾਹ ਪਕੌੜੇ ਅਤੇ ਗੁਰੂ ਕਾ ਲੰਗਰ ਅਟੁੱਟ ਚੱਲਿਆ।



# ਪ੍ਰਕਾਸ਼ ਪੁਰਬ ਨੂੰ ਸਮਰਪਿਤ ਕੀਰਤਨ ਦਰਬਾਰ ਕਰਵਾਇਆ

**ਅੱਡਾ ਸਰਾਂ (ਜਸਵੀਰ ਕਾਜਲ)**-ਅੱਡਾ ਸਰਾਂ ਨਜਦੀਕ ਪਿੰਡ ਸੰਧਰਾਂ ਵਿਖੇ ਧੰਨ ਧੰਨ ਸਾਹਿਬ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 649ਵੇਂ, ਪ੍ਰਕਾਸ਼ ਪੁਰਬ ਨੂੰ ਸਮਰਪਿਤ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅਖੰਡ ਪਾਠ ਦੇ ਭੋਗ ਉਪਰੰਤ ਮਹਾਨ ਕੀਰਤਨ ਦਰਬਾਰ ਸਜਾਇਆ। ਇਸ ਮੌਕੇ ਪੰਥ ਦੇ ਪ੍ਰਸਿੱਧ ਕੀਰਤਨੀਏ ਜਥਾ ਭਾਈ ਹਰਮਨਪ੍ਰੀਤ ਸਿੰਘ ਖਾਨਪੁਰ ਨੇ ਸੰਗਤਾਂ ਨੂੰ ਗੁਰਬਾਣੀ ਨਾਲ ਨਿਹਾਲ ਕੀਤਾ ਤੇ ਗੁਰੂ ਇਤਿਹਾਸ ਨਾਲ ਜੋੜਿਆ। ਇਸ ਮੌਕੇ ਗੁਰੂਦੁਆਰਾ ਪ੍ਰਬੰਧਕ ਕਮੇਟੀ ਵਲੋਂ ਪ੍ਰਕਾਸ ਪੂਰਬ ਦੀਆਂ ਲੱਖ ਲੱਖ ਵਧਾਈਆਂ ਦਿਤੀਆ ਗਈਆਂ ਤੇ ਉਨ੍ਹਾਂ ਕਿਹਾ ਅਗਲੇ ਸਾਲ 650,ਵੇ, ਪ੍ਰਕਾਸ਼ ਪੂਰਬ ਦੀਆਂ ਤਿਆਰੀਆਂ ਹੁਣ ਤੋ ਆਰੰਭੀਆਂ ਜਾ ਚੁੱਕੀਆਂ ਹਨ। ਇਸੇ ਤਰ੍ਹਾਂ ਸੰਗਤਾਂ ਦੇ ਪ੍ਰੇਮ ਪਿਆਰ ਨਾਲ ਮੇਲ ਜੋਲ ਕਰਕੇ ਸਰਧਾ ਤੇ ਸਤਿਕਾਰ ਤੇ ਸਤਿਕਾਰ ਨਾਲ ਮਨਾਇਆ ਜਾਵੇਗਾ। ਸੇਵਾਦਾਰ ਹਰਿ ਮਿੱਤਰ ਸਿੰਘ, ਪ੍ਰਧਾਨ ਸੂਬੇਦਾਰ ਮੇਜਰ ਸਰਬਜੀਤ ਸਿੰਘ, ਕੈਪਟਨ ਪਰਮ ਜੀਤ ਸਿੰਘ, ਏ ਐੱਸ ਆਈ ਜਸਪਾਲ ਸਿੰਘ, ਦਲਵੀਰ ਸਿੰਘ, ਸਰਪੰਚ ਹਰਜੀਤ ਸਿੰਘ, ਹਰਦੀਸ਼ ਕੁਮਾਰ, ਦਿਲਬਾਗ ਸਿੰਘ, ਕਰਮ ਜੀਤ ਸਿੰਘ, ਜਰਨੈਲ ਸਿੰਘ ਬਿਲਾ, ਅਮਰਜੀਤ ਸਿੰਘ, ਜਸਵਿੰਦਰ ਸਿੰਘ, ਕੁਲਦੀਪ ਸਿੰਘ, ਮਹਿਦਰ ਸਿੰਘ, ਸਤਨਾਮ ਸਿੰਘ, ਸਰਵਨ ਸਿੰਘ, ਮਨੂੰ ਦੁਬਾਈ, ਸਨੀਲ ਕੁਮਾਰ, ਜਸਵੰਤ ਸਿੰਘ, ਤੋਂ ਇਲਾਵਾ ਨਗਰ ਦੀਆਂ ਸੰਗਤਾ ਹਾਜ਼ਰ ਸਨ।



# ਹੋਲਾ-ਮੁਹੱਲਾ 27 ਤੋਂ 3 ਮਾਰਚ ਤੱਕ ਮਨਾਇਆ ਜਾਵੇਗਾ

**ਰੋਪੜ (ਬਿੰਦਰਾ)**-ਖਾਲਸੇ ਦੀ ਜਨਮਭੂਮੀ ਸ੍ਰੀ ਅਨੰਦਪੁਰ ਸਾਹਿਬ ਸਾਲਾਨਾ ਜੋੜ ਮੇਲਾ 'ਹੋਲਾ-ਮੁਹਲਾ' ਇਸ ਵਾਰ 27 ਫ਼ਰਵਰੀ ਤੋਂ 3 ਮਾਰਚ ਤੱਕ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਜਾਵੇਗਾ। ਪੰਜਾਬ ਸਰਕਾਰ ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਪ੍ਰਬੰਧਾਂ ਨੂੰ ਨੇਪਰੇ ਚਾੜ੍ਹਨ ਲਈ ਜੁਟੀਆਂ ਹੋਈਆਂ ਹਨ। ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਜ਼ਿਲ੍ਹਾ ਅਧਿਕਾਰੀਆਂ ਨਾਲ ਮੀਟਿੰਗ ਕਰਦਿਆਂ ਸ਼ਰਧਾਲੂਆਂ ਦੀ ਸਹੂਲਤ ਲਈ ਵੱਡੇ ਐਲਾਨ ਕੀਤੇ ਹਨ। ਉਨ੍ਹਾਂ ਦਸਿਆ ਕਿ ਸੰਗਤਾਂ ਦੇ ਰਹਿਣ ਲਈ 8 ਏਕੜ ਵਿੱਚ ਇੱਕ 'ਟੈਂਟ ਸਿਟੀ' ਤੇ ਇਕ ' ਟਰਾਲੀ' ਸਥਾਪਤ ਕੀਤੀ ਜਾਵੇਗੀ।ਇਸ ਤੋਂ ਇਲਾਵਾ 25 ਪਾਰਕਿੰਗ ਜੋਨ ਬਣਾਏ ਜਾਣਗੇ। ਸ਼ਰਧਾਲੂਆਂ ਨੂੰ ਲਿਆਉਣ ਲਿਜਾਣ ਲਈ 60 ਸ਼ਟਲ ਬੱਸਾਂ ਤੇ 100 ਈ ਰਿਕਸ਼ਾ ਚਲਾਏ ਜਾਣਗੇ। ਰੋਪੜ ਦੇ ਡਿਪਟੀ ਕਮਿਸ਼ਨਰ ਆਦਿਤਿਆ ਦਾਚਵਾਲ ਨੇ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਨਾਲ ਮੀਟਿੰਗ ਕਰਕੇ ਪ੍ਰਸ਼ਾਸ਼ਨਿਕ ਤੇ ਧਾਰਮਿਕ ਤਾਲਮੇਲ ਦਾ ਭਰੋਸਾ ਦਿੱਤਾ ਹੈ । ਅਗਲੇ ਸਾਲ ਪੰਜਾਬ ਵਿੱਚ ਵਿਧਾਨ ਸਭਾ ਚੋਣਾਂ ਹੋਣੀਆਂ ਹਨ ਜਿਸ ਕਾਰਨ ਇਸ ਵਾਰ ਇਹ ਸਮਾਗਮ ਸਿਆਸੀ ਤੌਰ ਤੇ ਵੀ ਸੰਵੇਦਨਸ਼ੀਲ ਮੰਨਿਆ ਜਾ ਰਿਹਾ ਹੈ।ਲੇਕਿਨ ਪ੍ਰਸ਼ਾਸਨ ਇਸ ਨੂੰ ਸਿਰਫ ਧਾਰਮਿਕ ਅਤੇ ਅਧਿਆਤਮਿਕ ਰੰਗ ਵਿੱਚ ਰੱਖਣਾ ਚਾਹੁੰਦਾ ਹੈ । ਹੋਲਾ-ਮੁਹੱਲਾ ਦੀ ਸ਼ੁਰੂਆਤ 1701 ਵਿਚ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਕੀਤੀ ਸੀ।ਇਹ ਤਿਉਹਾਰ ਖਾਲਸੇ ਦੀ ਮਾਰਸ਼ਲ ਸਪਿਰਿਟ ਦਾ ਪ੍ਰਤੀਕ ਹੈ। ਚਰਨ ਗੰਗਾ ਸਟੇਡੀਅਮ ਵਿੱਚ ਨਿਹੰਗ ਫੌਜਾਂ ਹੁਨਰ ਵਿਖਾਉਣਗੀਆਂ ਤੇ ਵਿਸ਼ਾਲ ਮੁਹੱਲਾ ਕੱਢਿਆ ਜਾਵੇਗਾ।ਇਸੇ ਦੌਰਾਨ ਡਿਪਟੀ ਕਮਿਸ਼ਨਰ ਨੇ ਸ੍ਰੀ ਕੀਰਤਪੁਰ ਸਾਹਿਬ ਤੇ ਸ੍ਰੀ ਅਨੰਦਪੁਰ ਸਾਹਿਬ ਦੇ ਤਿੰਨ ਕਿਲੋਮੀਟਰ ਅੰਦਰ ਸ਼ਰਾਬ ਦੇ ਠੇਕੇ 27 ਫ਼ਰਵਰੀ ਤੋਂ 4 ਮਾਰਚ ਤੱਕ ਬੰਦ ਰੱਖਣ ਦੇ ਹੁਕਮ ਜਾਰੀ ਕੀਤੇ ਹਨ।

# ਹਰਜੋਤ ਬੈਂਸ ਨੇ ਮਹਾਂਸ਼ਿਵਰਾਤਰੀ ਮੌਕੇ ਦਿੱਤੀਆਂ ਸ਼ੁੱਭਕਾਮਨਾਵਾਂ

**ਨੰਗਲ, ਭਲਾਣ (ਹਰਭਜਨ ਸਿੰਘ ਢਿੱਲੋਂ)**-ਪੰਜਾਬ ਦੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਮਹਾਸ਼ਿਵਰਾਤਰੀ ਦੇ ਪਾਵਨ ਅਵਸਰ 'ਤੇ ਨੰਗਲ ਵਿੱਚ ਆਯੋਜਿਤ ਸ਼ੋਭਾ ਯਾਤਰਾ ਵਿੱਚ ਹਿੱਸਾ ਲਿਆ। ਇਸ ਸ਼ੋਭਾ ਯਾਤਰਾ ਵਿੱਚ ਸ਼ਰਧਾਲੂਆਂ, ਸਥਾਨਕ ਨਿਵਾਸੀਆਂ ਅਤੇ ਵੱਖ-ਵੱਖ ਸਮਾਜਿਕ ਤੇ ਧਾਰਮਿਕ ਸੰਸਥਾਵਾਂ ਦੇ ਮੈਂਬਰਾਂ ਨੇ ਉਤਸ਼ਾਹ ਨਾਲ ਭਾਗ ਲਿਆ। ਨੰਗਲ ਦੇ ਬਾਜ਼ਾਰ ਹਰ-ਹਰ ਮਹਾਦੇਵ ਦੇ ਜੈਕਾਰਿਆਂ ਨਾਲ ਗੂੰਜ ਉਠਿਆ। ਸਜਾਈਆਂ ਹੋਈਆਂ ਝਾਕੀਆਂ, ਭਗਤੀ ਸੰਗੀਤ ਅਤੇ ਪਰੰਪਰਾਗਤ ਪ੍ਰਸਤੁਤੀਆਂ ਨੇ ਭਗਵਾਨ ਸ਼ਿਵ ਨੂੰ ਸਮਰਪਤ ਇਸ ਪਵਿੱਤਰ ਤਿਉਹਾਰ ਨੂੰ ਹੋਰ ਵੀ ਵਿਸ਼ੇਸ਼ ਬਣਾ ਦਿੱਤਾ। ਕੈਬਨਿਟ ਮੰਤਰੀ ਨੇ ਦੁਨੀਆ ਭਰ ਦੇ ਲੋਕਾਂ ਅਤੇ ਵਿਸ਼ੇਸ਼ ਤੌਰ 'ਤੇ ਨੰਗਲ ਦੇ ਨਿਵਾਸੀਆਂ ਨੂੰ ਇਸ ਪਾਵਨ ਤਿਉਹਾਰ ਦੀਆਂ ਮੁਬਾਰਕਾਂ ਦਿੱਤੀਆਂ। ਉਨ੍ਹਾਂ ਕਿਹਾ ਕਿ ਮਹਾਸ਼ਿਵਰਾਤਰੀ ਭਗਤੀ, ਅਨੁਸ਼ਾਸਨ ਅਤੇ ਆਤਮਿਕ ਸ਼ਕਤੀ ਦਾ ਪ੍ਰਤੀਕ ਹੈ, ਜੋ ਸਾਨੂੰ ਧਰਮ ਅਤੇ ਸੇਵਾ ਦੇ ਮਾਰਗ 'ਤੇ ਚੱਲਣ ਲਈ ਪ੍ਰੇਰਿਤ ਕਰਦੀ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਰਾਜ ਦੀਆਂ ਸਮ੍ਰਿੱਧ ਪਰੰਪਰਾਵਾਂ ਨੂੰ ਸੰਭਾਲਦਿਆਂ ਸੂਬੇ ਦੇ ਸਮੱਗਰੀ ਵਿਕਾਸ ਅਤੇ ਤਰੱਕੀ ਲਈ ਲਗਾਤਾਰ ਕੰਮ ਕਰ ਰਹੀ ਹੈ।



# ਸੀਨੀਅਰ ਪੱਤਰਕਾਰ ਜਗਤਾਰ ਸਿੰਘ ਭੁੰਗਰਨੀ ਨੂੰ ਸਦਮਾ, ਭਰਾ ਦਾ ਦੇਹਾਂਤ

**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)**

ਪਿੰਡ ਭੁੰਗਰਨੀ ਦੇ ਉਘੇ ਸਮਾਜ ਸੇਵਕ, ਸੀਨੀਅਰ ਪੱਤਰਕਾਰ ਜਗਤਾਰ ਸਿੰਘ ਭੁੰਗਰਨੀ ਨੂੰ ਉਸ ਵਕਤ ਗਹਿਰਾ ਸਦਮਾ ਲੱਗਾ ਕਿ ਜਦੋਂ ਉਨ੍ਹਾਂ ਦੇ ਭਰਾ ਜਗਦੇਵ ਸਿੰਘ ਪੱਪੇ ਦਾ ਬੀਤੀ ਦਿਨੀਂ ਦੇਹਾਂਤ ਹੋ ਗਿਆ। ਇਸ ਮੌਕੇ ਦੁੱਖ ਦੀ ਘੜੀ ਵਿੱਚ ਇਲਾਕੇ ਭਰ ਤੋਂ ਵੱਖ ਵੱਖ ਰਾਜਨੀਤਿਕ ਪਾਰਟੀਆਂ, ਧਾਰਮਿਕ ਜਥੇਬੰਦੀਆਂ, ਸਮਾਜਿਕ ਸੰਸਥਾਵਾਂ, ਸੰਤ ਸਮਾਜ, ਨਿਹੰਗ ਜਥੇਬੰਦੀਆਂ, ਪੱਤਰਕਾਰ ਭਾਈਚਾਰਾ ਅਤੇ ਸਿਆਸੀ ਆਗੂਆਂ ਨੇ ਪਰਵਾਰ ਨਾਲ ਦੁੱਖ ਸਾਂਝਾ ਕੀਤਾ। ਇਸ ਮੌਕੇ ਉਨ੍ਹਾਂ ਦੇ ਵੱਡੇ ਭਰਾ ਸੀਨੀਅਰ ਪੱਤਰਕਾਰ ਜਗਤਾਰ ਸਿੰਘ ਭੁੰਗਰਨੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਜਗਦੇਵ ਸਿੰਘ ਪੱਪੇ ਦਾ 16 ਫਰਵਰੀ ਨੂੰ 12 ਵਜੇ ਉਨ੍ਹਾਂ ਦੇ ਖੇਤਾਂ ਵਿੱਚ ਅੰਤਿਮ ਸੰਸਕਾਰ ਕੀਤਾ ਜਾਵੇਗਾ। ਇਸ ਮੌਕੇ ਦੁੱਖ ਦੀ ਘੜੀ ਵਿੱਚ ਜਥੇਦਾਰ ਬਾਬਾ ਗੁਰਦੇਵ ਸਿੰਘ ਮੁਖੀ ਸਾਹਿਬਜ਼ਾਦਾ ਬਾਬਾ ਫਤਿਹ ਸਿੰਘ ਜੀ ਤਰਨਾ ਦਲ ਬਜਵਾੜਾ ਕਲਾਂ, ਜਥੇਦਾਰ ਬਲਵੀਰ ਸਿੰਘ ਫੁਗਲਾਣਾ, ਜਥੇਦਾਰ ਸੁਰਜੀਤ ਸਿੰਘ ਮਸੂਤਾ, ਬਲਵੀਰ ਸਿੰਘ ਤੰਬੜ, ਲੰਬੜਦਾਰ ਰਾਜਵੀਰ ਸਿੰਘ ਭੁੰਗਰਨੀ, ਪੱਤਰਕਾਰ ਨਰਿੰਦਰ ਸਿੰਘ ਬੱਡਲਾ, ਪੱਤਰਕਾਰ ਸੰਜੀਵ ਕੁਮਾਰ ਅੱਟੋਵਾਲ, ਪੱਤਰਕਾਰ ਦਿਲਬਾਗ ਸਿੰਘ ਹਾਰਟਾ, ਪੱਤਰਕਾਰ ਮਲਕੀਅਤ ਸਿੰਘ ਹਾਰਟਾ, ਪੱਤਰਕਾਰ ਮਨਵੀਰ ਸਿੰਘ ਬੱਡਲਾ, ਪੱਤਰਕਾਰ ਪਰਮਜੀਤ ਸਿੰਘ ਹਾਰਟਾ, ਪੱਤਰਕਾਰ ਹਰਵਿੰਦਰ ਸਿੰਘ ਭੁੰਗਰਨੀ, ਪੱਤਰਕਾਰ ਡਾਕਟਰ ਗੋਪੀ ਚੰਦ ਰਾਜਪੁਰ ਭਾਈਆਂ, ਪੱਤਰਕਾਰ ਜਸਵੀਰ ਸਿੰਘ ਹੇੜੀਆਂ, ਪੱਤਰਕਾਰ ਗੁਰਪਾਲ ਸਿੰਘ ਮੇਹਟੀਆਣਾ, ਪੱਤਰਕਾਰ ਕੁਲਦੀਪ ਸਿੰਘ ਨੂਰ ਫਗਵਾੜਾ, ਪੱਤਰਕਾਰ ਜੋਗਿੰਦਰ ਸਿੰਘ ਫਗਵਾੜਾ, ਪੱਤਰਕਾਰ ਮਨਿੰਦਰ ਸਿੰਘ ਸਹਿਗਲ ਭੁੰਗਰਨੀ, ਜਸਵਿੰਦਰ ਸਿੰਘ ਮੋਨਾ ਕਲਾਂ, ਗੁਰਦਿਆਲ ਸਿੰਘ ਜਲਵੇਹੜਾ, ਮੰਗਲ ਸਿੰਘ ਜਲਵੇਹੜਾ, ਹਰਮਨਜੋਤ ਸਿੰਘ ਮਿਨਹਾਸ ਆਦਿ ਨੇ ਪਰਵਾਰ ਨਾਲ ਦੁੱਖ ਸਾਂਝਾ ਕੀਤਾ।



# ਇਨੋਸੈਂਟ ਹਾਰਟਸ ਦੇ ਨੰਨੇ ਬੱਚਿਆਂ ਨੇ ਮਨਾਇਆ ਮਹਾਂਸ਼ਿਵਰਾਤਰੀ ਦਾ ਤਿਉਹਾਰ




**ਜਲੰਧਰ (ਸ਼ੈਲੀ ਐਲਬਰਟ)**-ਇਨੋਸੈਂਟ ਹਾਰਟਸ ਦੇ ਪੰਜ ਸਕੂਲਾਂ (ਗ੍ਰੀਨ ਮਾਡਲ ਟਾਊਨ, ਲੋਹਾਰਾਂ, ਨੂਰਪੁਰ ਰੋਡ, ਕੈਂਟ ਜੰਡਿਆਲਾ ਰੋਡ ਤੇ ਕਪੂਰਥਲਾ ਰੋਡ) ਵਿੱਚ ਮਹਾਂਸ਼ਿਵਰਾਤਰੀ ਦਾ ਤਿਉਹਾਰ ਭਗਤੀ ਤੇ ਸ਼ਰਧਾ ਭਾਵ ਨਾਲ ਮਨਾਇਆ ਗਿਆ। ਇਸ ਤਿਉਹਾਰ ਦਾ ਉਦੇਸ਼ ਵਿਦਿਆਰਥੀਆਂ ਵਿੱਚ ਪਰਮਾਤਮਾ ਪ੍ਰਤੀ ਆਸਥਾ ਭਾਵ ਪੈਦਾ ਕਰਨਾ ਤੇ ਉਨ੍ਹਾਂ ਵਿੱਚ ਆਧਿਆਤਮਿਕ ਗੁਣਾਂ ਦਾ ਵਿਕਾਸ ਕਰਨਾ ਸੀ।ਨੰਨੇ ਮੁੰਨੇ ਬੱਚੇ ਸ਼ਿਵ ਪਰਵਾਰ ਸ੍ਰੀ ਗਣੇਸ਼, ਭਗਵਾਨ ਸ਼ਿਵ ਤੇ ਮਾਤਾ ਪਾਰਵਤੀ ਜੀ ਦੀ ਵੇਸ਼ਭੂਸ਼ਾ ਵਿੱਚ ਸਜੇ ਹੋਏ ਆਏ ਅਤੇ ਉਨ੍ਹਾਂ ਨੇ ਪਰਮਾਤਮਾ ਪ੍ਰਤੀ ਆਪਣੀ ਸ਼ਰਧਾ, ਵਿਸ਼ਵਾਸ ਅਤੇ ਭਗਤੀ ਦਾ ਪ੍ਰਗਟਾਵਾ ਕੀਤਾ।ਇਸ ਮੌਕੇ 'ਤੇ ਸਕੂਲ ਵਿੱਚ ਵਿਸ਼ੇਸ਼ ਪ੍ਰਾਰਥਨਾ ਸਭਾ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਬੱਚਿਆਂ ਨੂੰ ਮਹਾਂਸ਼ਿਵਰਾਤਰੀ ਦੇ ਮਹੱਤਵ ਬਾਰੇ ਜਾਣਕਾਰੀ ਦਿੱਤੀ ਗਈ। ਬੱਚਿਆਂ ਨੇ 'ਓਮ ਨਮੋ ਸ਼ਿਵਾਇ' ਮੰਤਰ ਦਾ ਉਚਾਰਣ ਕੀਤਾ।

# ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ 'ਚ ਬਸੰਤ ਮੇਲਾ ਮਨਾਇਆ

**ਕਪੂਰਥਲਾ, (ਹਨੀ)**-ਰੇਲ ਕੋਚ ਫੈਕਟਰੀ ਸਾਹਮਣੇ ਸਥਿਤ ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਵਿਖੇ ਬਸੰਤ ਮੇਲਾ ਧੂਮਧਾਮ ਨਾਲ ਮਨਾਇਆ ਗਿਆ। ਇੰਜ. ਸਵਰਨ ਸਿੰਘ ਪ੍ਰਧਾਨ ਗੁਰੂ ਨਾਨਕ ਖਾਲਸਾ ਕਾਲਜ ਸੁਲਤਾਨਪੁਰ ਲੋਧੀ ਮੁੱਖ ਮਹਿਮਾਨ ਤੇ ਸਕੂਲ ਦੇ ਪ੍ਰਧਾਨ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਕਮੇਟੀ ਵਿਸ਼ੇਸ਼ ਮਹਿਮਾਨ ਵਜੋਂ ਸਮਾਗਮ ਵਿੱਚ ਸ਼ਾਮਿਲ ਹੋਏ ਜਿਨਾਂ ਦਾ ਸਕੂਲ ਡਾਇਰੈਕਟਰ ਇੰਜੀਨੀਅਰ ਹਰਨਿਆਮਤ ਕੌਰ, ਪ੍ਰਸਾਸ਼ਕ ਇੰਜੀਨੀਅਰ ਨਿਮਰਤਾ ਕੌਰ, ਪ੍ਰਿੰਸੀਪਲ ਡਿੰਪਲ ਸ਼ਰਮਾ ਅਤੇ ਸਟਾਫ ਮੈਂਬਰਾਂ ਵੱਲੋ ਨਿੱਘਾ ਸਵਾਗਤ ਕੀਤਾ ਗਿਆ। ਪਹੁੰਚੇ ਮਹਿਮਾਨਾਂ ਵੱਲੋਂ ਰਿਬਨ ਕਟਾਈ ਤੋਂ ਬਾਅਦ ਮੇਲੇ ਦਾ ਆਰੰਭ ਕੀਤਾ ਗਿਆ। ਵਿਦਿਆਰਥੀਆਂ ਨੇ ਬਸੰਤ ਮੇਲੇ ਦਾ ਭਰਪੂਰ ਆਨੰਦ ਮਾਣਿਆ। ਬੱਚਿਆਂ ਦੇ ਮਨੋਰੰਜਨ ਲਈ ਵੱਖ ਵੱਖ ਖੇਡਾਂ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਬੱਚਿਆਂ ਨੇ ਵੱਧ ਚੜ ਕੇ ਹਿੱਸਾ ਲਿਆ ਅਤੇ ਕਈ ਇਨਾਮ ਵੀ ਜਿੱਤੇ। ਮੇਲੇ ਦਾ ਮੁੱਖ ਆਕਰਸ਼ਣ ਖਾਣ ਪੀਣ ਦੇ ਵੱਖਰੇ- ਵੱਖਰੇ ਸਟਾਲ ਅਤੇ ਝੂਲੇ ਰਹੇ, ਜਿੱਥੇ ਬੱਚਿਆਂ ਅਤੇ ਅਧਿਆਪਕਾਂ ਨੇ ਖੂਬ ਆਨੰਦ ਮਾਣਿਆ।



# ਸ਼ਿਵਰਾਤਰੀ 'ਤੇ ਵਿਸ਼ਾਲ ਸ਼ੋਭਾ ਯਾਤਰਾ

**ਬਲਾਚੌਰ (ਜਸਵਿੰਦਰ ਬੈਂਸ)**

ਸ਼ਿਵ ਸ਼ਕਤੀ ਸੇਵਾਦਾਰ ਮੰਡਲੀ ਪ੍ਰਬੰਧਕ ਕਮੇਟੀ ਪਿੰਡ ਮਹਿੰਦੀਪੁਰ (ਬਲਾਚੌਰ) ਵੱਲੋਂ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਸ਼ਿਵਰਾਤਰੀ ਦੇ ਪਾਵਨ ਪੂਰਬ ਨੂੰ ਸਮਰਪਤ ਇੱਕ ਵਿਸ਼ਾਲ ਸ਼ੋਭਾ ਯਾਤਰਾ ਦਾ ਆਰੰਭ ਕੀਤਾ ਗਿਆ। ਸ਼ੋਭਾ ਯਾਤਰਾ ਸ਼ਿਵ ਮੰਦਰ ਪਿੰਡ ਮਹਿੰਦੀਪੁਰ (ਬਲਾਚੌਰ) ਤੋਂ ਬੈਂਡ ਵਾਜਿਆਂ ਨਾਲ ਆਰੰਭ ਕੀਤੀ ਗਈ । ਸਥਾਨਕ ਨਗਰ ਕੌਂਸਲ ਬਲਾਚੌਰ ਦੇ ਵੱਖ-ਵੱਖ ਸਥਾਨਾ ਉਪਰ ਪੁਜਣ ਉਪਰੰਤ ਵਾਪਸ ਮੇਨ ਚੌਕ ਤੋਂ ਹੁੰਦੀ ਹੋਈ ਮਹਿੰਦੀਪੁਰ ਸ਼ਿਵ ਮੰਦਰ ਵਿਖੇ ਸਮਾਪਤ ਹੋਈ। ਸ਼ੋਭਾ ਯਾਤਰਾ ਵਿਚ ਸਜਾਈਆਂ ਵੱਖ-ਵੱਖ ਝਾਕੀਆਂ ਸੰਗਤਾਂ ਵਿੱਚ ਖਿੱਚ ਦਾ ਕੇਂਦਰ ਰਹੀਆਂ। ਸ਼ਿਵ ਭੋਲੇ ਨਾਥ ਜੀ ਦੀ ਪਾਲਕੀ ਫੁੱਲ ਮਾਲਾਵਾਂ ਨਾਲ ਸੁੰਦਰ ਢੰਗ ਨਾਲ ਸਜਾਈ ਹੋਈ ਸੀ। ਸ਼ਹਿਰ ਅੰਦਰ ਵੱਖ ਵੱਖ ਸਥਾਨਾਂ 'ਤੇ ਸ਼ਰਧਾਲੂਆਂ ਵੱਲੋਂ ਸੰਗਤਾਂ ਲਈ ਲੰਗਰ ਵੀ ਲਗਾਏ ਹੋਏ ਸਨ। ਸ਼ਿਵ ਮੰਦਰ ਤੋਂ ਪ੍ਰਭਾਤ ਫੇਰੀਆਂ ਵੀ ਕੱਢੀਆਂ ਗਈਆਂ। 16 ਫਰਵਰੀ ਨੂੰ ਸ਼ਿਵ ਮੰਦਰ ਪਿੰਡ ਮਹਿੰਦੀਪੁਰ ਵਿਖੇ ਸ੍ਰੀ ਰਮਾਇਣ ਪਾਠ ਦੇ ਭੋਗ ਪਾਏ ਜਾਣਗੇ ਉਪਰੰਤ ਅਟੁੱਟ ਲੰਗਰ ਵੀ ਵਰਤਾਇਆ ਜਾਵੇਗਾ। ਇਸ ਸ਼ੋਭਾ ਯਾਤਰਾ ਵਿੱਚ ਵਿਧਾਇਕ ਸੰਤੋਸ਼ ਕਟਾਰੀਆ, ਸਤਨਾਮ ਜਲਾਲਪੁਰ, ਨਗਰ ਕੌਂਸਲ ਬਲਾਚੌਰ ਦੇ ਪ੍ਰਧਾਨ ਸੁਨੀਲ ਕੌਸ਼ਲ, ਕਾਂਗਰਸ ਦੇ ਜ਼ਿਲ੍ਹਾ ਪ੍ਰਧਾਨ ਅਜੇ ਮੰਗੂਪੁਰ, ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਐਡਵੋਕੇਟ ਰਾਜਵਿੰਦਰ ਲੱਕੀ, ਬਲਜੀਤ ਕੌਰ, ਮਨਜੀਤ ਭੋਲਾ, ਕੌਂਸਲਰ ਨਰੇਸ਼ ਚੇਚੀ, ਕੌਂਸਲਰ ਪਰਮਿੰਦਰ ਪੰਮਾ ਸਮੇਤ ਵੱਡੀ ਗਿਣਤੀ ਵਿੱਚ ਸੰਗਤਾਂ ਮੌਜੂਦ ਸਨ।

